ਵੀਰਵਾਰ, 10 ਸਤੰਬਰ, 2026
25 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 100

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 10 SEPTEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਨੋਟਿਸ ਵਾਪਸ ਹੋਣਗੇ, ਹੜਤਾਲ ਖਤਮ

## ਮੁਲਾਜ਼ਮ ਆਗੂਆਂ ਦੀ ਛੇਤੀ ਹੀ ਹੋਵੇਗੀ ਮੁੱਖ ਮੰਤਰੀ ਨਾਲ ਮੀਟਿੰਗ



**ਚੰਡੀਗੜ੍ਹ (ਸੁਰਜੀਤ ਸੁਮਨ)**

ਪੰਜਾਬ ਸਰਕਾਰ ਅਤੇ ਸੂਬੇ ਦੇ ਮੁਲਾਜ਼ਮਾਂ ਦਰਮਿਆਨ ਚੱਲ ਰਿਹਾ ਰੇੜਕਾ ਬੁੱਧਵਾਰ ਖਤਮ ਹੋਣ ਵੱਲ ਵਧਿਆ, ਜਦੋਂ ਮੁੱਖ ਸਕੱਤਰ ਕੇ ਏ ਪੀ ਸਿਨਹਾ ਨਾਲ ਇੱਕ ਘੰਟਾ ਚੱਲੀ ਮੀਟਿੰਗ ਤੋਂ ਬਾਅਦ ਸਾਂਝਾ ਮੁਲਾਜ਼ਮ ਮੰਚ ਦੇ ਆਗੂਆਂ ਨੇ ਹੜਤਾਲ ਖਤਮ ਕਰਨ ਦਾ ਰਸਮੀ ਐਲਾਨ ਕੀਤਾ।

ਮੀਟਿੰਗ ਵਿੱਚ ਮੰਚ ਦੇ ਕਨਵੀਨਰ ਸੁਖਚੈਨ ਸਿੰਘ ਖਹਿਰਾ, ਸੁਸ਼ੀਲ ਕੁਮਾਰ ਫੌਜੀ, ਸਾਹਿਲ ਸ਼ਰਮਾ, ਮਨਜੀਤ ਸਿੰਘ ਰੰਧਾਵਾ, ਮਲਕੀਅਤ ਸਿੰਘ ਔਜਲਾ, ਕੁਲਵੰਤ ਸਿੰਘ, ਅਲਕਾ ਚੋਪੜਾ ਤੇ ਬਲਰਾਜ ਸਿੰਘ ਦਾਊਂ ਅਤੇ ਪੈਨਸ਼ਨਰਾਂ ਦੇ ਆਗੂ ਸ਼ਾਮ ਲਾਲ ਸ਼ਰਮਾ ਨੇ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਮੁੱਖ ਸਕੱਤਰ ਨੇ ਛੇਤੀ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਗੱਲਬਾਤ ਕਰਾਉਣ ਦਾ ਭਰੋਸਾ ਦਿਵਾਇਆ।

ਇਸ ਤੋਂ ਪਹਿਲਾਂ ਮੁੱਖ ਮੰਤਰੀ ਮਾਨ ਨੇ ਕਿਹਾ ਸੀ ਕਿ ਹੜਤਾਲ ਅਤੇ ਗੱਲਬਾਤ ਦੋਵੇਂ ਇਕੱਠਿਆਂ ਨਹੀਂ ਚੱਲ ਸਕਦੀਆਂ, ਪਰ ਮੁਲਾਜ਼ਮਾਂ ਦੀ ਮੁੱਖ ਸਕੱਤਰ ਨਾਲ ਮੀਟਿੰਗ ਸੁਖਾਵੇਂ ਮਾਹੌਲ ਵਿੱਚ ਹੋਈ ਜਾਪਦੀ ਹੈ, ਜਿਸ ਤੋਂ ਬਾਅਦ ਮੁਲਾਜ਼ਮਾਂ ਨੇ ਹੜਤਾਲ ਵਾਪਸ ਲੈਣ ਦਾ ਫੈਸਲਾ ਲਿਆ। ਮੁਲਾਜ਼ਮ ਆਗੂਆਂ ਨਾਲ ਮੀਟਿੰਗ 'ਚ ਮੁੱਖ ਸਕੱਤਰ ਮੁਲਾਜ਼ਮਾਂ ਖਿਲਾਫ ਜਾਰੀ ਪੱਤਰ ਵਾਪਸ ਲੈਣ ਲਈ ਸਹਿਮਤ ਹੋਏ, ਜਿਨ੍ਹਾਂ 'ਚ ਹੜਤਾਲੀ ਮੁਲਾਜ਼ਮਾਂ ਨੂੰ ਦਿੱਤੇ 'ਕਾਰਨ ਦੱਸੋ ਨੋਟਿਸ' ਅਤੇ ਦੂਸਰਾ 'ਕੰਮ ਨਹੀਂ ਤਾਂ ਤਨਖਾਹ ਨਹੀਂ' ਬਾਰੇ ਜਾਰੀ ਪੱਤਰ ਸ਼ਾਮਲ ਹਨ।

ਮੁੱਖ ਸਕੱਤਰ ਨੇ ਮੁਲਾਜ਼ਮ ਮੰਗਾਂ 'ਤੇ ਹਮਦਰਦੀ ਨਾਲ ਵਿਚਾਰ ਕਰਨ ਦਾ ਭਰੋਸਾ ਵੀ ਦਿਵਾਇਆ। ਸਾਂਝਾ ਮੁਲਾਜ਼ਮ ਮੰਚ ਵੱਲੋਂ ਮੰਗਲਵਾਰ ਕਲਮ ਛੋੜ ਹੜਤਾਲ ਨੂੰ 11 ਸਤੰਬਰ ਤੱਕ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ ਸੀ।

# ਸ਼ਹਾਦਤ ਵਾਲੇ ਖੇਤਾਂ 'ਚ ਗੂੰਜੇ ਪਾਸ਼ ਦੇ ਗੀਤ-ਕਵਿਤਾਵਾਂ

## ਪਾਸ਼ ਯਾਦਗਾਰੀ ਕੰਪਲੈਕਸ ਨੂੰ ਬਕਾਇਦਾ ਯਾਦਗਾਰ ਐਲਾਨਣ ਦੀ ਮੰਗ



**ਸ਼ਾਹਕੋਟ (ਗਿਆਨ ਸੈਦਪੁਰੀ)**

ਪੰਜਾਬੀ ਦੇ ਉੱਘੇ ਇਨਕਲਾਬੀ ਕਵੀ ਪਾਸ਼ ਦੇ ਜਨਮ ਦਿਹਾੜੇ ਮੌਕੇ ਪਾਸ਼ ਤੇ ਹੰਸ ਰਾਜ ਦੀ ਸ਼ਹਾਦਤ ਵਾਲੀ ਥਾਂ 'ਤੇ ਲੱਗੇ ਵਿਸ਼ਾਲ ਪੰਡਾਲ 'ਚ ਬੁੱਧਵਾਰ ਪੰਜਾਬ ਦੇ ਕੋਨੇ-ਕੋਨੇ ਤੋਂ ਪਹੁੰਚੇ ਹਜ਼ਾਰਾਂ ਕਿਰਤੀ ਲੋਕ ਤੇ ਸਾਹਿਤਕਾਰ, ਕਲਾਕਾਰ ਜੁੜੇ ਤੇ ਪਾਸ਼ ਦੇ ਗੀਤਾਂ-ਕਵਿਤਾਵਾਂ ਦੀ ਗੂੰਜ ਪਈ। ਸਮਾਗਮ ਦੀ ਸਿਖਰ 'ਤੇ ਹੋਈ ਨਾਟਕ ਦੀ ਪੇਸ਼ਕਾਰੀ ਨਾਲ ਲਹੂ ਡੁੱਲ੍ਹੀ ਮਿੱਟੀ 'ਚੋਂ ਪਾਸ਼ ਦੇ ਅਮਰ ਹੋਣ ਦੀ ਧੁਨ ਗੂੰਜ ਉੱਠੀ।

ਸਮਾਗਮ 'ਚ ਜੁੜੀ ਪੰਜਾਬ ਦੇ ਕਿਰਤੀ ਵਰਗਾਂ ਅਤੇ ਲੋਕ ਪੱਖੀ ਸਾਹਿਤਕਾਰਾਂ, ਕਲਾਕਾਰਾਂ ਦੀ ਵਿਸ਼ਾਲ ਇਕੱਤਰਤਾ ਨੂੰ ਅੱਧੀ ਦਰਜਨ ਤੋਂ ਉੱਪਰ ਬੁਲਾਰਿਆਂ ਨੇ ਸੰਬੋਧਨ ਕੀਤਾ। ਸੰਬੋਧਨ ਕਰਨ ਵਾਲਿਆਂ 'ਚ ਪਾਸ਼ ਯਾਦਗਾਰੀ ਟਰੱਸਟ ਦੇ ਮੈਂਬਰ ਅਤੇ ਸਲਾਮ ਕਾਫ਼ਲਾ ਦੇ ਕਨਵੀਨਰ ਜਸਪਾਲ ਜੱਸੀ, ਉੱਘੇ ਲੇਖਕ ਡਾ. ਸਵਰਾਜਬੀਰ, ਕਿਸਾਨ ਆਗੂ ਜੋਗਿੰਦਰ ਸਿੰਘ ਉਗਰਾਹਾਂ, ਤਰਕਸ਼ੀਲ ਲਹਿਰ ਦੇ ਆਗੂ ਮਾਸਟਰ ਰਜਿੰਦਰ ਭਦੌੜ, ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਦੀ ਮੈਂਬਰ ਡਾ. ਅਰੀਤ, ਪਾਸ਼ ਹੰਸਰਾਜ ਸ਼ਹੀਦੀ ਯਾਦਗਾਰ ਕਮੇਟੀ ਦੇ ਆਗੂ ਹਰਮੇਸ਼ ਮਾਲੜੀ, ਖੇਤ ਮਜ਼ਦੂਰ ਆਗੂ ਦਰਸ਼ਨ ਨਾਹਰ ਤੇ ਜਮਹੂਰੀ ਹੱਕਾਂ ਦੀ ਲਹਿਰ ਦੇ ਆਗੂ ਪ੍ਰੋਫੈਸਰ ਜਗਮੋਹਨ ਸਿੰਘ ਸ਼ਾਮਲ ਸਨ।ਸਭਨਾਂ ਬੁਲਾਰਿਆਂ ਨੇ ਜਿੱਥੇ ਪਾਸ਼ ਦੀ ਸਾਹਿਤਕ ਦੇਣ ਤੇ ਕਵਿਤਾ ਦੀ ਤਾਕਤ ਤੇ ਪ੍ਰਸੰਗਿਕਤਾ ਬਾਰੇ ਚਰਚਾ ਕੀਤੀ, ਉੱਥੇ ਨਾਲ ਹੀ ਉਹਨਾਂ ਨੇ ਪਾਸ਼ ਯਾਦਗਾਰੀ ਕੰਪਲੈਕਸ 'ਤੇ ਕਬਜ਼ਾ ਕਰਨ ਦੇ ਮਨਸੂਬਿਆਂ ਨੂੰ ਪਛਾੜਨ ਦਾ ਸੱਦਾ ਦਿੱਤਾ।ਸਭਨਾਂ ਬੁਲਾਰਿਆਂ ਨੇ ਇੱਕ ਸੁਰ ਹੋ ਕੇ ਕਿਹਾ ਕਿ ਪਾਸ਼ ਦੀ ਯਾਦ ਲੋਕ ਮਨਾਂ 'ਚ ਬਹੁਤ ਡੂੰਘੀ ਵੱਸਦੀ ਹੈ, ਇਸ ਨੂੰ ਮਿਟਾ ਸਕਣਾ ਅਸੰਭਵ ਹੈ। ਲੋਕ ਪਾਸ਼ ਦੀਆਂ ਯਾਦਾਂ ਨੂੰ ਬੁਲੰਦ ਕਰਦੇ ਚਿੰਨ੍ਹਾਂ ਨੂੰ ਮਿਟਾਉਣ ਦੀ ਤੇ ਹਰ ਕੋਸ਼ਿਸ਼ ਨੂੰ ਨਾਕਾਮ ਕਰ ਦੇਣਗੇ।ਇਕੱਠ ਨੇ ਪਿੰਡ ਦੇ ਸਰਪੰਚ ਤੇ ਹਮਾਇਤੀਆਂ ਵੱਲੋਂ

• ਬਾਕੀ ਸਫਾ 2 'ਤੇ

## ਬੇਅਦਬੀ ਖਿਲਾਫ ਲੁਧਿਆਣਾ ਬੰਦ



**ਲੁਧਿਆਣਾ (ਰਾਜ ਸਿੰਗਲਾ)**-

ਲੁਧਿਆਣਾ ਦੇ ਜਲੰਧਰ ਬਾਈਪਾਸ ਚੌਂਕ ਵਿਖੇ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਡਕਰ ਦੀ ਮੂਰਤੀ ਨਾਲ ਛੇੜਛਾੜ ਮਗਰੋਂ ਬੁੱਧਵਾਰ ਨੂੰ ਐਸ.ਸੀ. ਭਾਈਚਾਰੇ ਵੱਲੋਂ ਰੋਸ ਵਜੋਂ ਲੁਧਿਆਣਾ ਬੰਦ ਦੌਰਾਨ ਧਰਨਾ ਦਿੱਤਾ ਗਿਆ।ਇਹ ਬੰਦ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਦਾ ਰੱਖਿਆ ਗਿਆ ਅਤੇ ਬੰਦ ਦੇ ਸੱਦੇ ਨੂੰ ਭਰਵਾਂ ਹੁੰਗਾਰਾ ਮਿਲਿਆ। ਸੜਕ 'ਤੇ ਲੱਗਭਗ 6 ਘੰਟੇ ਜਾਮ ਲੱਗਾ ਰਿਹਾ, ਜਿਸ ਕਾਰਨ ਆਉਣ ਜਾਣ ਵਾਲੇ ਰਾਹਗੀਰਾਂ ਨੂੰ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ।ਇਸ ਮੌਕੇ ਆਗੂਆਂ ਨੇ ਕਿਹਾ ਕਿ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਗ੍ਰਿਫਤਾਰ ਕੀਤਾ ਜਾਵੇ।

# ਸਾਊਦੀ ਸ਼ਹਿਜ਼ਾਦਾ ਮੋਦੀ ਦਾ ਭਰਾ, ਦੇਸ਼ ਦੇ ਮੁਸਲਮਾਨ ਭਾਜਪਾ ਦੇ ਦੁਸ਼ਮਣ : ਸੰਜੇ ਰਾਉਤ

**ਮੁੰਬਈ (ਨਵਾਂ ਜ਼ਮਾਨਾ ਸਰਵਿਸ)**

ਮਹਾਰਾਸ਼ਟਰ ਦੇ ਨਵਰਾਤਰੀ ਗਰਬਾ ਅਤੇ ਡਾਂਡੀਆ ਪ੍ਰੋਗਰਾਮਾਂ ਵਿੱਚ ਕੌਣ ਸ਼ਾਮਲ ਹੋ ਸਕਦਾ ਹੈ, ਇਸ ਬਾਰੇ ਵਿਸ਼ਵ ਹਿੰਦੂ ਪ੍ਰੀਸ਼ਦ (ਵੀ ਐੱਚ ਪੀ) ਦੇ ਐਲਾਨਾਂ ਨਾਲ ਸਿਆਸੀ ਵਿਵਾਦ ਪੈਦਾ ਹੋ ਗਿਆ ਹੈ। ਵੀ ਐੱਚ ਪੀ ਨੇ ਕੁਝ ਦਿਨ ਪਹਿਲਾਂ ਕਿਹਾ ਸੀ ਕਿ 11 ਅਕਤੂਬਰ ਤੋਂ ਸ਼ੁਰੂ ਹੋਣ ਵਾਲੇ ਨਵਰਾਤਰਿਆਂ ਦੌਰਾਨ ਮਹਾਰਾਸ਼ਟਰ ਭਰ ਵਿੱਚ ਮੁਸਲਮਾਨਾਂ ਨੂੰ ਗਰਬਾ ਅਤੇ ਡਾਂਡੀਆ ਸਮਾਗਮਾਂ ਵਿੱਚ ਹਿੱਸਾ ਲੈਣ ਦੀ ਇਜਾਜ਼ਤ ਨਹੀਂ ਹੈ। ਇਸ ਨੇ ਪ੍ਰਬੰਧਕਾਂ ਲਈ ਭਾਗੀਦਾਰਾਂ ਦੀ ਪਛਾਣ ਦੀ ਪੁਸ਼ਟੀ ਕਰਨ ਲਈ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ ਹਨ, ਜਿਸ ਵਿੱਚ ਆਧਾਰ ਕਾਰਡਾਂ ਦੀ ਜਾਂਚ ਕਰਨਾ ਅਤੇ ਉਨ੍ਹਾਂ ਦੇ ਮੱਥੇ 'ਤੇ ਤਿਲਕ ਲਗਾਉਣਾ ਸ਼ਾਮਲ ਹੈ।

ਸ਼ਿਵ ਸੈਨਾ (ਯੂ ਬੀ ਟੀ) ਦੇ ਸੰਸਦ ਮੈਂਬਰ ਸੰਜੇ ਰਾਉਤ ਨੇ ਕਿਹਾ ਹੈ, "ਦੇਸ਼ ਦਾ ਪ੍ਰਧਾਨ ਮੰਤਰੀ ਵਿਦੇਸ਼ ਜਾਂਦਾ ਹੈ ਅਤੇ ਮਸਜਿਦਾਂ ਦਾ ਦੌਰਾ ਕਰਦਾ ਹੈ। ਉੱਥੇ ਉਹ ਇਸਲਾਮੀ ਰਾਜਾਂ ਦੇ ਮੁਖੀਆਂ ਨੂੰ ਜੱਫੀ ਪਾਉਂਦਾ ਹੈ ਅਤੇ ਉਨ੍ਹਾਂ ਨੂੰ ਕਹਿੰਦਾ ਹੈ, 'ਮੇਰਾ ਭਰਾ'। ਉਹ ਸਾਊਦੀ ਅਰਬ ਦੇ ਸ਼ਹਿਜ਼ਾਦੇ ਨੂੰ 'ਮੇਰਾ ਭਰਾ' ਕਹਿੰਦਾ ਹੈ। ਇਸ ਲਈ, ਇੱਥੇ ਵੀ ਭਰਾ ਹਨ। ਫਿਰ ਇੱਥੇ ਉਸ ਭਰਾ ਨੂੰ ਵੀ ਨਹੀਂ ਰੋਕਿਆ ਜਾਣਾ ਚਾਹੀਦਾ। ਉੱਥੇ, ਉਹ ਭਰਾ ਹਨ ਅਤੇ ਇੱਥੇ ਉਹ ਦੁਸ਼ਮਣ ਹਨ, ਇਹ ਕਿਵੇਂ ਹੋ ਸਕਦਾ ਹੈ?" ਰਾਉਤ ਨੇ ਆਰ ਐੱਸ ਐੱਸ ਮੁਖੀ ਮੋਹਨ ਭਾਗਵਤ ਦੇ ਹਿੰਦੂ-ਮੁਸਲਿਮ ਏਕਤਾ ਬਾਰੇ ਰੁਖ 'ਤੇ ਵੀ ਸਵਾਲ ਉਠਾਉਂਦਿਆਂ ਕਿਹਾ ਕਿ ਭਾਗਵਤ ਨੂੰ ਵੀ ਐੱਚ ਪੀ ਦੀ ਮੰਗ 'ਤੇ ਆਪਣਾ ਸਟੈਂਡ ਸਪੱਸ਼ਟ ਕਰਨਾ ਚਾਹੀਦਾ ਹੈ। ਹਾਲਾਂਕਿ, ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੀ

• ਬਾਕੀ ਸਫਾ 2 'ਤੇ

## ਤਿੰਨ ਦਿਨਾਂ 'ਚ ਦੂਜੀ ਵਾਰ ਉਡਾਣ ਰੱਦ

**ਰਾਏਕੋਟ (ਸੰਤੋਖ ਗਿੱਲ)**

ਕੌਮਾਂਤਰੀ ਹਵਾਈ ਅੱਡਾ ਹਲਵਾਰਾ ਤੋਂ ਤਿੰਨ ਦਿਨਾਂ ਵਿੱਚ ਦੂਜੀ ਵਾਰ ਏਅਰ ਇੰਡੀਆ ਦੀ ਦਿੱਲੀ-ਹਲਵਾਰਾ-ਦਿੱਲੀ ਉਡਾਣ ਰੱਦ ਹੋਣ ਕਾਰਨ ਬੁੱਧਵਾਰ ਸਵੇਰੇ 110 ਤੋਂ ਵੱਧ ਯਾਤਰੀ ਏਅਰਪੋਰਟ 'ਤੇ ਪ੍ਰੇਸ਼ਾਨ ਰਹੇ। ਦਿੱਲੀ ਤੋਂ ਹਲਵਾਰਾ ਆਉਣ ਵਾਲੀ ਏਅਰ ਇੰਡੀਆ ਦੀ ਏ ਆਈ-481 ਉਡਾਣ ਹਲਵਾਰਾ ਨਹੀਂ ਪਹੁੰਚੀ, ਇਸੇ ਕਾਰਨ ਹਲਵਾਰਾ ਤੋਂ ਦਿੱਲੀ ਲਈ ਏ ਆਈ-482 ਉਡਾਣ ਵੀ ਰੱਦ ਕਰਨੀ ਪੈ ਗਈ। ਯਾਤਰੀਆਂ ਨੂੰ ਹਵਾਈ ਅੱਡੇ 'ਤੇ ਪਹੁੰਚਣ ਬਾਅਦ ਹੀ ਉਡਾਣ ਰੱਦ ਹੋਣ ਦੀ ਜਾਣਕਾਰੀ ਮਿਲੀ, ਜਿਸ ਕਰ ਕੇ ਉਨ੍ਹਾਂ ਨੂੰ ਭਾਰੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪਿਆ। ਕੁਝ ਯਾਤਰੀਆਂ ਨੂੰ ਸੜਕ ਰਸਤੇ 11 ਹਜ਼ਾਰ ਰੁਪਏ ਤੱਕ ਕਿਰਾਇਆ ਦੇ ਕੇ ਟੈਕਸੀ ਰਾਹੀਂ ਦਿੱਲੀ ਜਾਣਾ ਪਿਆ।

ਕੁਝ ਯਾਤਰੀਆਂ ਨੇ ਬਾਅਦ ਦੁਪਹਿਰ ਦੀ ਏਅਰ ਇੰਡੀਆ ਦੀ ਏ ਆਈ-484 ਉਡਾਣ ਵਿੱਚ ਸੀਟ ਹਾਸਲ ਕੀਤੀ ਅਤੇ ਕਈ ਘੰਟੇ ਹਾਲ ਵਿੱਚ ਹੀ ਅਗਲੀ ਉਡਾਣ ਦੀ ਉਡੀਕ ਕਰਨੀ ਪਈ। 7 ਸਤੰਬਰ ਨੂੰ ਵੀ ਇਹ ਉਡਾਣ ਤਕਨੀਕੀ ਕਾਰਨਾਂ ਕਰ ਕੇ ਰੱਦ ਹੋਈ ਸੀ। ਇਸ ਤੋਂ ਪਹਿਲਾਂ ਤਕਨੀਕੀ ਕਾਰਨਾਂ ਕਰਕੇ ਉਡਾਣਾਂ ਵਿੱਚ ਦੇਰੀ ਹੋਣ ਕਾਰਨ ਵੀ ਯਾਤਰੀਆਂ ਨੂੰ ਘੰਟਿਆਂਬੱਧੀ ਹਵਾਈ ਅੱਡੇ ਉਪਰ ਉਡੀਕ ਕਰਨੀ ਪਈ ਸੀ। ਯਾਤਰੀਆਂ ਨੇ ਹਵਾਈ ਕੰਪਨੀ ਅਤੇ ਸੰਬੰਧਤ ਅਧਿਕਾਰੀਆਂ ਤੋਂ ਉਡਾਣਾਂ ਦੀ ਭਰੋਸੇਯੋਗਤਾ ਯਕੀਨੀ ਬਣਾਉਣ ਦੀ ਮੰਗ ਕੀਤੀ ਹੈ।

## ਐੱਲ ਪੀ ਜੀ ਡਿਸਟ੍ਰੀਬਿਊਟਰ ਜੰਤਰ-ਮੰਤਰ 'ਤੇ ਪ੍ਰੋਟੈੱਸਟ ਕਰਨਗੇ

**ਨਵੀਂ ਦਿੱਲੀ** : ਐੱਲ ਪੀ ਜੀ ਡਿਸਟ੍ਰੀਬਿਊਟਰਜ਼ ਐਸੋਸੀਏਸ਼ਨ ਆਫ ਇੰਡੀਆ ਨੇ ਕੇਂਦਰ ਸਰਕਾਰ ਦੀਆਂ ਨੀਤੀਆਂ ਵਿਰੁੱਧ 26 ਅਕਤੂਬਰ ਨੂੰ ਨਵੀਂ ਦਿੱਲੀ ਦੇ ਜੰਤਰ-ਮੰਤਰ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਦਾ ਦੋਸ਼ ਹੈ ਕਿ ਸਰਕਾਰੀ ਖੇਤਰ ਦੀਆਂ ਕੰਪਨੀਆਂ ਦੀ ਥਾਂ ਨਿੱਜੀ ਕੰਪਨੀਆਂ ਰਾਹੀਂ ਪਾਈਪਡ ਨੈਚੁਰਲ ਗੈਸ (ਪੀ ਐੱਨ ਜੀ) ਕੁਨੈਕਸ਼ਨਾਂ ਨੂੰ ਉਤਸ਼ਾਹਤ ਕੀਤਾ ਜਾ ਰਿਹਾ ਹੈ ਅਤੇ ਗਾਹਕਾਂ 'ਤੇ ਐੱਲ ਪੀ ਜੀ ਕੁਨੈਕਸ਼ਨ ਸਰੰਡਰ ਕਰਨ ਲਈ ਬੇਲੋੜਾ ਦਬਾਅ ਪਾਇਆ ਜਾ ਰਿਹਾ ਹੈ, ਜਿਸ ਨਾਲ ਉਨ੍ਹਾਂ ਦਾ ਕਾਰੋਬਾਰ ਤਬਾਹੀ ਦੇ ਕੰਢੇ ਪਹੁੰਚ ਗਿਆ ਹੈ।

ਐਸੋਸੀਏਸ਼ਨ ਦੇ ਕੌਮੀ ਮੀਤ ਪ੍ਰਧਾਨ ਗੁਰਪਾਲ ਸਿੰਘ ਮਾਨ ਨੇ ਦੱਸਿਆ ਕਿ ਇੱਕ ਪੀ ਐੱਨ ਜੀ ਕੁਨੈਕਸ਼ਨ ਲੈਣ ਲਈ ਖਪਤਕਾਰਾਂ ਨੂੰ 8,000 ਤੋਂ 10,000 ਰੁਪਏ ਤੱਕ ਦਾ ਵਾਧੂ ਖਰਚਾ ਚੁੱਕਣਾ ਪਵੇਗਾ। ਉਨ੍ਹਾ ਚੇਤਾਵਨੀ ਦਿੱਤੀ ਕਿ ਕਿਸੇ ਇੱਕ ਹੀ ਈਂਧਨ ਪ੍ਰਣਾਲੀ 'ਤੇ ਨਿਰਭਰਤਾ ਵਧਣ ਨਾਲ ਭਵਿੱਖ ਵਿੱਚ ਨਿੱਜੀ ਕੰਪਨੀਆਂ ਦੀ ਇਜਾਰੇਦਾਰੀ ਕਾਇਮ ਹੋ ਜਾਵੇਗੀ, ਜਿਸ ਨਾਲ ਕੀਮਤਾਂ ਅਸਮਾਨੀ

• ਬਾਕੀ ਸਫਾ 2 'ਤੇ

### ਭਾਜਪਾਈ ਮੋਦੀ ਲਈ ਦੀਵੇ ਜਗਾਉਣਗੇ

**ਨਵੀਂ ਦਿੱਲੀ** : ਭਾਜਪਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਤਕ ਜੀਵਨ ਦੇ 25 ਸਾਲ ਪੂਰੇ ਹੋਣ 'ਤੇ ਪੂਰੇ ਭਾਰਤ ਵਿੱਚ ਵਿਸ਼ਾਲ ਜਨਤਕ ਮੁਹਿੰਮ ਚਲਾਏਗੀ ਅਤੇ ਪ੍ਰਧਾਨ ਮੰਤਰੀ ਦੇ 'ਸੇਵਾ ਭਾਵ ਵਾਲੇ ਜੀਵਨ' ਪ੍ਰਤੀ ਸ਼ੁਕਰਗੁਜ਼ਾਰੀ ਵਜੋਂ ਦੀਵੇ ਜਗਾਏਗੀ। ਭਾਜਪਾ ਪ੍ਰਧਾਨ ਨਿਤਿਨ ਨਬੀਨ ਨੇ ਦੱਸਿਆ ਕਿ ਇਹ ਮੁਹਿੰਮ 17 ਸਤੰਬਰ (ਪ੍ਰਧਾਨ ਮੰਤਰੀ ਦੇ ਜਨਮ ਦਿਨ) ਤੋਂ ਸ਼ੁਰੂ ਹੋ ਕੇ 7 ਅਕਤੂਬਰ ਤੱਕ ਚੱਲੇਗੀ, ਜਿਸ ਦਿਨ ਮੋਦੀ ਨੇ 2001 ਵਿੱਚ ਪਹਿਲੀ ਵਾਰ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਜਨਤਕ ਅਹੁਦੇ ਦੀ ਸਹੁੰ ਚੁੱਕੀ ਸੀ। ਪ੍ਰੋਗਰਾਮ ਦੀ ਸ਼ੁਰੂਆਤ 'ਆਸ਼ੀਰਵਾਦ ਕਾ ਦੀਆ' ਨਾਲ ਹੋਵੇਗੀ, ਜਿਸ ਵਿੱਚ ਪੂਰੇ ਭਾਰਤ ਵਿੱਚ ਭਾਜਪਾ ਦੇ ਬੂਥ ਪੱਧਰੀ ਵਰਕਰ ਸਰਕਾਰੀ ਯੋਜਨਾਵਾਂ ਦੇ ਲਾਭਪਾਤਰੀਆਂ ਨਾਲ ਜੁੜਨਗੇ ਅਤੇ ਪ੍ਰਧਾਨ ਮੰਤਰੀ ਪ੍ਰਤੀ ਧੰਨਵਾਦ ਪ੍ਰਗਟ ਕਰਨ ਲਈ ਦੀਵੇ ਜਗਾਉਣਗੇ। ਮੋਦੀ ਦੇ ਜਨਮ ਸਥਾਨ ਗੁਜਰਾਤ ਦੇ ਵਡਨਗਰ ਅਤੇ ਲੋਕ ਸਭਾ ਹਲਕੇ ਵਾਰਾਨਸੀ ਵਿਚਕਾਰ 'ਸੇਵਾ ਕਲਸ਼ ਯਾਤਰਾ' ਕੱਢੀ ਜਾਵੇਗੀ।

### ਚੌਹਾਨ ਨੇ ਕਿਸਾਨ ਆਗੂਆਂ ਦੀ ਮੀਟਿੰਗ ਸੱਦੀ

**ਨਵੀਂ ਦਿੱਲੀ** : ਨਕਲੀ ਅਤੇ ਘਟੀਆ ਮਿਆਰ ਦੇ ਬੀਜਾਂ ਦੀ ਵਿਕਰੀ 'ਤੇ ਨੱਥ ਪਾਉਣ ਦੇ ਮਕਸਦ ਨਾਲ ਕੇਂਦਰ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਸਖਤ 'ਸੀਡ ਐਕਟ' ਸੰਬੰਧੀ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ 10 ਸਤੰਬਰ ਨੂੰ ਦੇਸ਼ ਭਰ ਦੇ ਕਿਸਾਨ ਆਗੂਆਂ ਦੀ ਮੀਟਿੰਗ ਬੁਲਾਈ ਹੈ। ਸੂਤਰਾਂ ਮੁਤਾਬਕ ਇਸ ਵਿੱਚ ਭਾਰਤੀ ਕਿਸਾਨ ਸੰਘ, ਭਾਰਤੀ ਕਿਸਾਨ ਯੂਨੀਅਨ, ਆਲ ਇੰਡੀਆ ਕਿਸਾਨ ਕੋਆਰਡੀਨੇਸ਼ਨ ਕਮੇਟੀ ਅਤੇ ਸਾਊਥ ਇੰਡੀਅਨ ਫਾਰਮਰਜ਼ ਐਸੋਸੀਏਸ਼ਨ ਸਮੇਤ ਕਈ ਪ੍ਰਮੁੱਖ ਕਿਸਾਨ ਜਥੇਬੰਦੀਆਂ ਦੇ ਨੁਮਾਇੰਦੇ ਸ਼ਾਮਲ ਹੋਣਗੇ।

### ਕੱਚੇ ਤੇਲ ਨੂੰ ਅੱਗ

**ਵਾਸ਼ਿੰਗਟਨ** : ਪੱਛਮੀ ਏਸ਼ੀਆ ਵਿੱਚ ਲਗਾਤਾਰ ਵਧ ਰਹੇ ਗੰਭੀਰ ਸੰਕਟ ਅਤੇ ਖੇਤਰ ਤੋਂ ਤੇਲ ਦੀ ਸਪਲਾਈ ਠੱਪ ਹੋਣ ਦੇ ਡਰੋਂ ਬੁੱਧਵਾਰ ਨੂੰ ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ 24 ਜੁਲਾਈ ਤੋਂ ਬਾਅਦ ਪਹਿਲੀ ਵਾਰ 100 ਅਮਰੀਕੀ ਡਾਲਰ ਪ੍ਰਤੀ ਬੈਰਲ ਦੇ ਅੰਕੜੇ ਨੂੰ ਪਾਰ ਕਰ ਗਈਆਂ। ਅਮਰੀਕਾ ਅਤੇ ਈਰਾਨ ਵਿਚਾਲੇ ਪਿਛਲੇ ਛੇ ਮਹੀਨਿਆਂ ਤੋਂ ਚੱਲ ਰਹੇ ਟਕਰਾਅ ਦੇ ਪੱਕੇ ਹੱਲ ਦੀਆਂ ਉਮੀਦਾਂ ਧੁੰਦਲੀਆਂ ਪੈਣ ਨਾਲ ਪਿਛਲੇ ਮਹੀਨੇ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਕੀਮਤਾਂ ਵਿੱਚ ਲਗਭਗ 25 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ।

# ਸੁਪਰੀਮ ਕੋਰਟ ਵਿਦਿਆਰਥੀ ਨੂੰ ਨੋਟਿਸ ਕੱਢਣ ਵਾਲੀ ਐਗਜ਼ੈਕਟਿਵ ਮੈਜਿਸਟ੍ਰੇਟ ਦੀ ਜਵਾਬ-ਤਲਬੀ ਕਰੇਗੀ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਬੁੱਧਵਾਰ ਕਿਹਾ ਕਿ ਉਹ ਗ੍ਰੇਟਰ ਨੋਇਡਾ ਦੇ ਐਗਜ਼ੈਕਟਿਵ ਮੈਜਿਸਟ੍ਰੇਟ ਤੋਂ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੀ ਅਗਵਾਈ ਵਾਲੇ ਜੰਤਰ-ਮੰਤਰ ਪ੍ਰਦਰਸ਼ਨ ਵਿੱਚ ਹਿੱਸਾ ਲੈਣ 'ਤੇ ਇੱਕ ਵਿਦਿਆਰਥੀ ਨੂੰ ਨੋਟਿਸ ਜਾਰੀ ਕਰਨ ਲਈ ਸਪੱਸ਼ਟੀਕਰਨ ਮੰਗੇਗੀ। ਚੀਫ ਜਸਟਿਸ ਸੂਰੀਆ ਕਾਂਤ ਨੇ ਬੁੱਧਵਾਰ ਸਵਾਲ ਕੀਤਾ ਕਿ ਐਗਜ਼ੈਕਟਿਵ ਮੈਜਿਸਟਰੇਟ ਅਜਿਹਾ ਨੋਟਿਸ ਕਿਵੇਂ ਜਾਰੀ ਕਰ ਸਕਦੀ ਹੈ, ਜਦੋਂ ਕਿ ਸਿਖਰਲੀ ਅਦਾਲਤ ਪਹਿਲਾਂ ਨਿਰਦੇਸ਼ ਦੇ ਚੁੱਕੀ ਹੈ ਕਿ ਵਿਦਿਆਰਥੀਆਂ ਵਿਰੁੱਧ ਕੋਈ ਸਜ਼ਾਯੋਗ ਕਾਰਵਾਈ ਨਹੀਂ ਕੀਤੀ ਜਾਵੇਗੀ। ਇੱਕ ਵਕੀਲ ਨੇ ਚੀਫ ਜਸਟਿਸ ਦੀ ਅਗਵਾਈ ਵਾਲੀ ਤਿੰਨ ਜੱਜਾਂ ਦੀ ਬੈਂਚ ਦੇ ਸਾਹਮਣੇ ਇਸ ਮਾਮਲੇ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਵਿਦਿਆਰਥੀਆਂ 'ਤੇ ਪ੍ਰਯੋਗ ਕੀਤਾ ਜਾ ਰਿਹਾ ਹੈ, ਅਤੇ ਇਹ ਨੋਟਿਸ, ਜਿਸ ਨੂੰ ਬਾਅਦ ਵਿੱਚ ਰੱਦ ਵੀ ਕਰ ਦਿੱਤਾ ਗਿਆ, ਸਿਖਰਲੀ ਅਦਾਲਤ ਦੇ ਹੁਕਮਾਂ ਦੇ ਉਲਟ ਸੀ। ਚੀਫ ਜਸਟਿਸ ਨੇ ਕਿਹਾ, 'ਤੁਸੀਂ ਬਿਲਕੁਲ ਸਹੀ ਹੋ। ਸਾਡੇ ਨੌਜਵਾਨਾਂ ਵਿਰੁੱਧ ਕਾਰਵਾਈ ਕਰਨ ਦਾ ਕੋਈ ਸਵਾਲ ਹੀ ਪੈਦਾ ਨਹੀਂ ਹੁੰਦਾ.. ਅਸੀਂ ਇੱਕ ਸਪੱਸ਼ਟ ਹੁਕਮ ਪਾਸ ਕੀਤਾ ਹੈ। ਅਸੀਂ ਹੈਰਾਨ ਹਾਂ ਕਿ ਮੈਜਿਸਟ੍ਰੇਟ ਨੋਟਿਸ ਕਿਵੇਂ ਜਾਰੀ ਕਰ ਸਕਦੀ ਹੈ ਜਦੋਂ ਅਸੀਂ ਪਹਿਲਾਂ ਹੀ ਕਹਿ ਚੁੱਕੇ ਹਾਂ.. ਕਿਸੇ ਵੀ ਵਿਦਿਆਰਥੀ ਵਿਰੁੱਧ ਕੋਈ ਸਜ਼ਾਯੋਗ ਕਾਰਵਾਈ ਨਹੀਂ। ਇਹ ਇੱਕ ਸਪੱਸ਼ਟ ਹੁਕਮ ਸੀ।' ਗੌਤਮ ਬੁੱਧ ਯੂਨੀਵਰਸਿਟੀ ਦੇ ਇੱਕ ਵਿਦਿਆਰਥੀ, ਜਿਸ ਨੇ ਕਥਿਤ ਤੌਰ 'ਤੇ ਦਿੱਲੀ ਦੇ ਜੰਤਰ-ਮੰਤਰ 'ਤੇ ਪ੍ਰੋਟੈੱਸਟ ਵਿੱਚ ਹਿੱਸਾ ਲਿਆ ਸੀ, ਨੂੰ ਗ੍ਰੇਟਰ ਨੋਇਡਾ ਦੇ ਐਗਜ਼ੈਕਟਿਵ ਮੈਜਿਸਟ੍ਰੇਟ ਮੇਧਾ ਰੂਪਮ ਨੇ ਸ਼ਾਂਤੀ ਬਣਾਈ ਰੱਖਣ ਲਈ 5 ਲੱਖ ਰੁਪਏ ਦੇ ਨਿੱਜੀ ਮੁਚਲਕੇ ਦੀ ਮੰਗ ਕਰਦੇ ਹੋਏ ਇੱਕ ਨੋਟਿਸ ਭੇਜਿਆ। ਅਧਿਕਾਰੀਆਂ ਨੇ ਮੰਗਲਵਾਰ ਨੂੰ ਕਿਹਾ ਕਿ ਬਾਅਦ ਵਿੱਚ ਇਹ ਹੁਕਮ ਰੱਦ ਕਰ ਦਿੱਤਾ ਗਿਆ। ਹਾਲਾਂਕਿ, ਵਿਦਿਆਰਥੀ ਅਕਸ਼ਿਤ ਤ੍ਰਿਪਾਠੀ ਨੇ ਦੋਸ਼ਾਂ ਤੋਂ ਇਨਕਾਰ ਕੀਤਾ ਅਤੇ ਦਾਅਵਾ ਕੀਤਾ ਕਿ ਉਸ ਨੇ ਸ਼ਾਂਤੀਪੂਰਵਕ ਪ੍ਰੋਟੈੱਸਟ ਵਿੱਚ ਹਿੱਸਾ ਲਿਆ ਸੀ ਤੇ ਉਸ ਸਮੇਂ ਯੂਨੀਵਰਸਿਟੀ ਦੀਆਂ ਕਲਾਸਾਂ ਵਿੱਚ ਨਹੀਂ ਜਾ ਰਿਹਾ ਸੀ। ਇਹ ਨੋਟਿਸ 4 ਸਤੰਬਰ ਨੂੰ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 130 ਤਹਿਤ ਜਾਰੀ ਕੀਤਾ ਗਿਆ ਸੀ।

# ਸਰਕਾਰ ਪੰਜਾਬ ਨੂੰ ਦੇਸ਼ ਦਾ ਮੋਹਰੀ ਉਦਯੋਗਿਕ ਕੇਂਦਰ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ : ਮਾਨ



**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਫਸਲੀ ਰਹਿੰਦ-ਖੂੰਹਦ ਦੇ ਸਥਾਈ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ, ਗਿਆਨ ਅਤੇ ਤਕਨਾਲੋਜੀ ਦੇ ਆਦਾਨ-ਪ੍ਰਦਾਨ ਰਾਹੀਂ ਬਾਗਬਾਨੀ ਨੂੰ ਮਜ਼ਬੂਤ ਕਰਨ ਅਤੇ ਸੂਬੇ ਵਿੱਚ ਉਦਯੋਗਿਕ ਵਿਕਾਸ ਨੂੰ ਨਵੀਆਂ ਬੁਲੰਦੀਆਂ 'ਤੇ ਲੈ ਜਾਣ ਲਈ ਨੌਜਵਾਨਾਂ ਨੂੰ ਹੁਨਰਮੰਦ ਬਣਾਉਣ ਵਾਸਤੇ ਕਨਫੈਡਰੇਸ਼ਨ ਆਫ ਇੰਡੀਅਨ ਇੰਡਸਟਰੀ (ਸੀ.ਆਈ.ਆਈ.) ਨਾਲ ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ। ਸੀ.ਆਈ.ਆਈ. ਦੇ ਵਫ਼ਦ ਨਾਲ ਮੁਲਾਕਾਤ ਦੌਰਾਨ ਮੁੱਖ ਮੰਤਰੀ ਨੇ ਕਿਸਾਨਾਂ ਨੂੰ ਲਾਭ ਪਹੁੰਚਾਉਣ ਲਈ ਸਰੋਤ ਦੀ ਸੁਚੱਜੀ ਵਰਤੋਂ, ਜਲਵਾਯੂ ਪਰਿਵਰਤਨ ਨਾਲ ਨਜਿੱਠਣ ਅਤੇ ਸਾਫ਼-ਸੁਥਰੀ ਤਕਨਾਲੋਜੀ 'ਤੇ ਜ਼ੋਰ ਦਿੱਤਾ। ਉਨ੍ਹਾਂ ਮਾਲਵਾ ਖੇਤਰ, ਖਾਸ ਕਰਕੇ ਸੰਗਰੂਰ ਅਤੇ ਬਰਨਾਲਾ ਵਿੱਚ ਸ਼ੁਰੂ ਕੀਤੀਆਂ ਪਹਿਲਕਦਮੀਆਂ ਦੇ ਨਾਲ-ਨਾਲ ਲੁਧਿਆਣਾ ਵਿੱਚ ਪ੍ਰਸਤਾਵਿਤ ਮਲਟੀ-ਸਕਿੱਲ ਟ੍ਰੇਨਿੰਗ ਇੰਸਟੀਚਿਊਟ ਅਤੇ ਜਲੰਧਰ ਵਿੱਚ ਇੱਕ ਅਤਿ-ਆਧੁਨਿਕ ਲੈਬਾਰਟਰੀ ਵਾਲਾ ਸੈਂਟਰ ਆਫ਼ ਐਕਸੀਲੈਂਸ ਫਾਰ ਟੈਕਨੀਕਲ ਟੈਕਸਟਾਈਲਜ਼ ਤਿਆਰ ਕਰਨ ਸਮੇਤ ਨਵੀਆਂ ਹੁਨਰ ਨਿਰਮਾਣ ਅਤੇ ਤਕਨਾਲੋਜੀ ਅਧਾਰਤ ਪਹਿਲਕਦਮੀਆਂ ਬਾਰੇ

• ਬਾਕੀ ਸਫਾ 2 'ਤੇ

# ਕੋਰਟ ਨੇ ਡਾ. ਗੁਰਪ੍ਰੀਤ ਕੌਰ ਖਿਲਾਫ ਪੋਸਟਾਂ ਪਾਉਣ ਤੋਂ ਰੋਕਿਆ

**ਚੰਡੀਗੜ੍ਹ (ਨ ਜ਼ ਸ)**

ਸਿਵਲ ਜੱਜ ਜੂਨੀਅਰ ਡਵੀਜ਼ਨ ਡਾ. ਪ੍ਰੀਕਸ਼ਿਤ ਨੇ ਸੇਵਾ-ਮੁਕਤ ਜਸਟਿਸ ਰਣਜੀਤ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਅਤੇ ਕਾਂਗਰਸ ਆਗੂ ਸੁਖਪਾਲ ਸਿੰਘ ਖਹਿਰਾ ਨੂੰ ਪੰਜਾਬ ਦੇ ਮੁੱਖ ਮੰਤਰੀ ਦੀ ਪਤਨੀ ਗੁਰਪ੍ਰੀਤ ਕੌਰ ਖਿਲਾਫ ਰਿਸ਼ਵਤ ਦੀ ਮੰਗ ਦੇ ਕਥਿਤ ਦੋਸ਼ਾਂ ਨਾਲ ਜੁੜੀ ਕੋਈ ਵੀ ਬੇਬੁਨਿਆਦ ਅਤੇ ਬਦਨਾਮ ਕਰਨ ਵਾਲੀ ਸਮੱਗਰੀ ਸੋਸ਼ਲ ਮੀਡੀਆ ਪਲੇਟਫਾਰਮਾਂ ਜਾਂ ਕਿਸੇ ਹੋਰ ਮਾਧਿਅਮ ਰਾਹੀਂ ਪ੍ਰਕਾਸ਼ਤ ਕਰਨ, ਫੈਲਾਉਣ ਜਾਂ ਜਾਰੀ ਕਰਨ ਤੋਂ ਅਦਾਲਤ ਦੇ ਅਗਲੇ ਹੁਕਮਾਂ ਤੱਕ ਆਰਜ਼ੀ ਤੌਰ 'ਤੇ ਰੋਕ ਦਿੱਤਾ ਹੈ।

ਡਾ. ਪ੍ਰੀਕਸ਼ਿਤ ਨੇ ਗੁਰਪ੍ਰੀਤ ਕੌਰ ਵੱਲੋਂ ਹਰਜਾਨੇ ਅਤੇ ਹੁਕਮ (ਹੁਕਮਨਾਮੇ) ਲਈ ਦਾਇਰ ਮੁਕੱਦਮੇ 'ਤੇ ਇਹ ਹੁਕਮ ਪਾਸ ਕੀਤਾ ਹੈ। ਅਦਾਲਤ ਨੇ ਮੁਕੱਦਮੇ ਅਤੇ ਸਟੇਅ ਅਰਜ਼ੀ ਦੇ ਨੋਟਿਸ ਪ੍ਰਤੀਵਾਦੀਆਂ ਨੂੰ 30 ਸਤੰਬਰ ਲਈ ਜਾਰੀ ਕੀਤੇ ਹਨ।

ਪਟੀਸ਼ਨਰ ਦੇ ਵਕੀਲ ਨੇ ਅਰਜ਼ੀ 'ਤੇ ਐਕਸ-ਪਾਰਟੀ (ਇੱਕਤਰਫਾ) ਸੁਣਵਾਈ ਅਤੇ ਅਗਲੀ ਤਰੀਕ ਤੱਕ ਆਰਜ਼ੀ ਹੁਕਮ ਦੇਣ ਦੀ ਅਪੀਲ ਕੀਤੀ ਸੀ। ਵਕੀਲ ਨੇ ਦਲੀਲ ਦਿੱਤੀ ਕਿ ਪਟੀਸ਼ਨਰ ਦੇ ਹੱਕ ਵਿੱਚ ਮਜ਼ਬੂਤ ਮੁੱਢਲਾ ਕੇਸ ਬਣਦਾ ਹੈ ਅਤੇ ਸਹੂਲਤ ਦਾ ਸੰਤੁਲਨ ਵੀ ਉਸ ਦੇ ਪੱਖ ਵਿੱਚ ਹੈ। ਜੇ ਹੁਕਮ ਜਾਰੀ ਨਹੀਂ ਕੀਤਾ ਜਾਂਦਾ ਹੈ, ਤਾਂ ਪਟੀਸ਼ਨਰ ਨੂੰ ਨੁਕਸਾਨ ਹੋਵੇਗਾ ਅਤੇ ਸੱਟ ਪਹੁੰਚੇਗੀ, ਜਿਸ ਦੀ ਕਿਸੇ ਵੀ ਤਰ੍ਹਾਂ ਭਰਪਾਈ ਨਹੀਂ ਕੀਤੀ ਜਾ ਸਕਦੀ।

ਅਦਾਲਤ ਨੇ ਆਪਣੇ ਹੁਕਮਾਂ ਵਿੱਚ ਕਿਹਾ ਕਿ ਪਟੀਸ਼ਨਰ ਪੰਜਾਬ ਸੂਬੇ ਦੇ ਮੁੱਖ ਮੰਤਰੀ ਦੀ ਪਤਨੀ ਹੈ ਅਤੇ ਇੱਕ ਯੋਗ ਮੈਡੀਕਲ ਪੇਸ਼ੇਵਰ ਵੀ ਹੈ। ਉਸ ਨੇ ਦੋਸ਼ ਲਾਇਆ ਹੈ ਕਿ ਪ੍ਰਤੀਵਾਦੀ ਨੰਬਰ 2, ਸਾਬਕਾ ਜੱਜ ਜਸਟਿਸ ਰਣਜੀਤ ਸਿੰਘ ਨੇ 20 ਅਗਸਤ ਨੂੰ ਜਬਰ-ਜ਼ਨਾਹ ਦੇ ਇੱਕ ਕੇਸ ਵਿੱਚ ਮੁਲਜ਼ਮ ਤੋਂ 5 ਕਰੋੜ ਰੁਪਏ ਦੀ ਰਿਸ਼ਵਤ ਮੰਗਣ ਸੰਬੰਧੀ ਉਸ ਵਿਰੁੱਧ ਬੇਬੁਨਿਆਦ ਦੋਸ਼ ਲਾਏ ਸਨ ਅਤੇ ਇਸ ਨੂੰ 'ਡੀ ਡੀ ਨਿਊਜ਼ ਲਾਈਵ' ਦੇ ਐੱਕਸ ਹੈਂਡਲ 'ਤੇ ਉਸ ਦੇ ਅਕਸ ਨੂੰ ਢਾਹ ਲਾਉਣ ਦੇ ਇਰਾਦੇ ਨਾਲ ਪੋਸਟ ਕੀਤਾ ਗਿਆ ਸੀ। ਜਸਟਿਸ ਰਣਜੀਤ ਸਿੰਘ ਪ੍ਰਤੀਵਾਦੀ ਨੰਬਰ 4, ਸੁਖਪਾਲ ਸਿੰਘ ਖਹਿਰਾ (ਜੋ ਉਸ ਦੇ ਪਤੀ ਦੇ ਸਿਆਸੀ ਵਿਰੋਧੀ ਹਨ) ਨਾਲ ਕਰੀਬੀ ਰਿਸ਼ਤਾ ਰੱਖਦੇ ਹਨ।

ਇਸ ਤੋਂ ਇਲਾਵਾ ਪ੍ਰਤੀਵਾਦੀ ਨੰਬਰ 1 ਭਾਵਨਾ ਨਾਇਰ ਨੇ ਨਿਊਜ਼ ਚੈਨਲਾਂ 'ਤੇ ਸਨਸਨੀਖੇਜ਼ ਅਤੇ ਤਾਜ਼ਾ ਖਬਰਾਂ ਵਜੋਂ ਝੂਠੇ ਦੋਸ਼ ਲਾਏ, ਜਿਨ੍ਹਾਂ ਨੂੰ ਬਾਅਦ ਵਿੱਚ ਹੈਂਡਲ @DDNewsLive ਰਾਹੀਂ ਐੱਕਸ 'ਤੇ ਪ੍ਰਕਾਸ਼ਤ ਕੀਤਾ ਗਿਆ, ਜਿਸ ਨੂੰ 74,000 ਤੋਂ ਵੱਧ ਵਿਅਕਤੀਆਂ ਨੇ ਦੇਖਿਆ ਅਤੇ ਲਗਭਗ 75 ਵਾਰ ਸ਼ੇਅਰ ਕੀਤਾ ਗਿਆ। ਇਸੇ ਤਰ੍ਹਾਂ ਬਿਕਰਮ ਸਿੰਘ ਮਜੀਠੀਆ

• ਬਾਕੀ ਸਫਾ 2 'ਤੇ

# ਕਿਸੇ ਮੰਤਰੀ-ਵਿਧਾਇਕ ਦਾ ਗੁਲਜ਼ਾਰ ਸਿੰਘ ਦੀ ਮੌਤ ਨਾਲ ਕੋਈ ਲੈਣਾ-ਦੇਣਾ ਨਹੀਂ : ਕੇਜਰੀਵਾਲ

## ਰਾਹੁਲ ਲਾਸ਼ਾਂ 'ਤੇ ਰਾਜਨੀਤੀ ਨਾ ਕਰਨ : ਭਗਵੰਤ ਮਾਨ

**ਨਵੀਂ ਦਿੱਲੀ (ਨ ਜ਼ ਸ)**

ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਮਜ਼ਦੂਰ ਗੁਲਜ਼ਾਰ ਸਿੰਘ ਦੀ ਦੁਖਦ ਮੌਤ 'ਤੇ ਝੂਠ ਫੈਲਾਉਣ ਦਾ ਦੋਸ਼ ਲਾਉਂਦਿਆਂ ਕਾਂਗਰਸ ਆਗੂ ਰਾਹੁਲ ਗਾਂਧੀ 'ਤੇ ਪਲਟਵਾਰ ਕੀਤਾ ਹੈ।'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ 'ਆਪ' ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਨੇ ਰਾਹੁਲ ਗਾਂਧੀ 'ਤੇ ਤਿੱਖੇ ਹਮਲੇ ਕੀਤੇ। ਕੇਜਰੀਵਾਲ ਨੇ ਕਿਹਾ ਕਿ ਪੂਰੇ ਦੇਸ਼ ਵਿੱਚ ਪੰਜਾਬ ਇਕਲੌਤਾ ਰਾਜ ਹੈ, ਜੋ ਨਸ਼ੇ ਖ਼ਿਲਾਫ਼ ਫੈਸਲਾਕੁੰਨ ਜੰਗ ਲੜ ਰਿਹਾ ਹੈ।ਭਗਵੰਤ ਮਾਨ ਦੀ ਸਰਕਾਰ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਵੱਲੋਂ ਪੰਜਾਬ ਵਿੱਚ ਫੈਲਾਏ ਨਸ਼ੇ ਨੂੰ ਸਾਫ਼ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।ਸਰਕਾਰ ਦੇ ਕਿਸੇ ਮੰਤਰੀ ਜਾਂ ਵਿਧਾਇਕ ਦਾ ਗੁਲਜ਼ਾਰ ਸਿੰਘ ਦੀ ਮੌਤ ਨਾਲ ਕੋਈ ਲੈਣਾ-ਦੇਣਾ ਨਹੀਂ। ਇਸ ਲਈ ਰਾਹੁਲ ਗਾਂਧੀ ਨੂੰ ਅਜਿਹੀ ਗੰਦੀ ਰਾਜਨੀਤੀ ਨਹੀਂ ਕਰਨੀ ਚਾਹੀਦੀ।

ਕੇਜਰੀਵਾਲ ਨੇ ਸੋਸ਼ਲ ਮੀਡੀਆ 'ਐੱਕਸ' 'ਤੇ ਗੁਲਜ਼ਾਰ ਸਿੰਘ ਦੇ ਪਿੰਡ ਜਾ ਕੇ ਗੰਦੀ ਰਾਜਨੀਤੀ ਕਰ ਰਹੇ ਕਾਂਗਰਸ ਨੇਤਾਵਾਂ ਦੀ ਇੱਕ ਵੀਡੀਓ ਵੀ ਸਾਂਝੀ ਕੀਤੀ ਹੈ।ਉਨ੍ਹਾ ਰਾਹੁਲ ਗਾਂਧੀ ਨੂੰ ਕਿਹਾ ਕਿ ਪੰਜਾਬ ਸਰਕਾਰ ਨਸ਼ੇ ਵਿਰੁੱਧ ਨਿਰਣਾਇਕ ਜੰਗ ਲੜ ਰਹੀ ਹੈ। ਉਨ੍ਹਾ ਰਾਹੁਲ ਤੋਂ ਪੁੱਛਿਆ ਕਿ ਪੰਜਾਬ ਵਿੱਚ ਨਸ਼ਾ ਕੌਣ ਲੈ ਕੇ ਆਇਆ? ਤੁਹਾਡੀ ਕਾਂਗਰਸ ਸਰਕਾਰ ਲਿਆਈ।ਅਕਾਲੀ ਦਲ ਅਤੇ ਭਾਜਪਾ ਦੀ ਸਰਕਾਰ ਲਿਆਈ। ਉਨ੍ਹਾ ਕਿਹਾ ਕਿ ਪਹਿਲੀ ਵਾਰ ਪੂਰੇ ਦੇਸ਼ ਵਿੱਚ ਕੋਈ ਰਾਜ ਨਸ਼ੇ ਦੇ ਖ਼ਿਲਾਫ਼ ਇਸ ਤਰ੍ਹਾਂ ਜੰਗ ਛੇੜ ਰਿਹਾ ਹੈ।ਅੱਜ ਪੰਜਾਬ ਸਰਕਾਰ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਦੇ ਫੈਲਾਏ ਨਸ਼ੇ ਨੂੰ ਸਾਫ਼ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

ਕੇਜਰੀਵਾਲ ਨੇ ਰਾਹੁਲ ਗਾਂਧੀ ਨੂੰ ਕਿਹਾ ਕਿ ਮੈਨੂੰ ਬਹੁਤ ਦੁੱਖ ਹੈ ਕਿ ਤੁਹਾਡੇ ਵਰਗਾ ਨੇਤਾ ਲਾਸ਼ਾਂ 'ਤੇ ਗੰਦੀ ਰਾਜਨੀਤੀ ਕਰ ਰਿਹਾ ਹੈ।ਇਸ ਵਿਅਕਤੀ ਦੀ ਮੌਤ 'ਤੇ ਰਾਜਨੀਤੀ ਕਰਨ ਲਈ ਮੰਗਲਵਾਰ ਨੂੰ ਤੁਹਾਡੇ ਵਿਧਾਇਕ ਵੀ ਜਦੋਂ ਉਸ ਪਿੰਡ ਗਏ ਤਾਂ ਪਿੰਡ ਵਾਲਿਆਂ ਨੇ ਉਨ੍ਹਾਂ ਨੂੰ ਭਜਾ ਦਿੱਤਾ।ਉਹ ਇਸ ਲਈ, ਕਿਉਂਕਿ ਜੋ ਤੁਸੀਂ ਲਿਖਿਆ ਹੈ ਉਹ ਸਰਾਸਰ ਝੂਠ ਹੈ।ਮੇਰੀ ਤੁਹਾਡੇ ਅੱਗੇ ਬੇਨਤੀ ਹੈ ਕਿ ਤੁਸੀਂ ਵੀ ਇੱਕ ਗੇੜਾ ਇਸ ਪਿੰਡ ਦਾ ਲਗਾ ਕੇ ਆ ਜਾਓ।ਸਾਡੀ ਸਰਕਾਰ ਦੇ ਕਿਸੇ ਮੰਤਰੀ, ਕਿਸੇ ਵਿਧਾਇਕ ਦਾ ਇਸ

• ਬਾਕੀ ਸਫਾ 2 'ਤੇ

### ਨਸ਼ੇ ਕਾਂਗਰਸ, ਅਕਾਲੀ ਤੇ ਭਾਜਪਾ ਦੀ ਦੇਣ : ਗੋਇਲ

**ਚੰਡੀਗੜ੍ਹ (ਨ ਜ਼ ਸ)**-ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਅਤੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਜੇਕਰ ਪੰਜਾਬ ਵਿੱਚ ਨਸ਼ਿਆਂ ਖ਼ਿਲਾਫ਼ ਕਿਸੇ ਸਰਕਾਰ ਨੇ ਫ਼ੈਸਲਾਕੁੰਨ ਕਾਰਵਾਈ ਕੀਤੀ ਹੈ, ਤਾਂ ਉਹ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਹੈ। ਕਾਂਗਰਸ 2017 ਵਿੱਚ ਚਾਰ ਹਫ਼ਤਿਆਂ ਦੇ ਅੰਦਰ ਨਸ਼ਾ ਖ਼ਤਮ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਸੀ, ਪਰ ਉਸ ਨੇ ਪੰਜ ਸਾਲਾਂ ਦੌਰਾਨ ਕੀ ਕੀਤਾ?

ਗੋਇਲ ਨੇ ਕਿਹਾ ਕਿ ਪੀੜਤ ਪਰਵਾਰ ਨੇ ਗੁਲਜ਼ਾਰ ਸਿੰਘ ਦਾ ਅੰਤਮ ਸੰਸਕਾਰ ਆਪਣੀ ਮਰਜ਼ੀ

• ਬਾਕੀ ਸਫਾ 2 'ਤੇ


## ਅੱਜ-ਨਾਮਾ

ਪਹੁੰਚੀ ਰੂਸ ਦੀ ਖਬਰ ਨਾਲ ਸਾਹ ਸੌਖਾ,
ਲੱਗੇ ਈ ਫਸੇ ਹੋਏ ਮੁੜਨ ਜਵਾਨ ਬੇਲੀ।
ਦੁਹਾਈ ਪੈਂਦੀ ਸੀ ਓਥੇ ਆ ਗਏ ਜਿਹੜੇ,
ਲੱਭਦਾ ਨਾ ਉਨ੍ਹਾਂ ਦਾ ਪਤਾ ਸਥਾਨ ਬੇਲੀ।
ਲੈ ਕੇ ਦਲਾਲ ਪੰਜਾਬੋਂ ਸਨ ਗਏ ਜਿਹੜੇ,
ਕਰਿਆ ਉਨ੍ਹਾਂ ਨੇ ਸਾਰਾ ਨੁਕਸਾਨ ਬੇਲੀ।
ਰੂਸੀ ਫੌਜ ਜਦ ਮੁੰਡੇ ਕਈ ਫੜ ਲਏ ਤਾਂ,
ਦਿੱਤੇ ਸਨ ਭੇਜ ਫਿਰ ਜੰਗ ਮੈਦਾਨ ਬੇਲੀ।
ਪਈ ਦੁਹਾਈ ਤਾਂ ਭਾਰਤ ਸਰਕਾਰ ਜਾਗੀ,
ਖੋਲ੍ਹਤੀ ਰੂਸ ਨਾਲ ਕੁੱਲ ਜਦ ਗੱਲ ਬੇਲੀ।
ਮੰਨ ਗਿਆ ਰੂਸ ਕਿ ਦੇਵਾਂਗੇ ਭੇਜ ਏਧਰ,
ਨਿਕਲਿਆ ਜਾਪਦਾ ਮੁੱਦੇ ਦਾ ਹੱਲ ਬੇਲੀ।

-ਤੀਸ ਮਾਰ ਖਾਂ

# ਦੇਸ਼ ਹਿੰਦੂ ਨਹੀਂ, ਕਾਰਪੋਰੇਟ ਰਾਸ਼ਟਰ ਬਣ ਰਿਹੈ : ਮਹੇਸਰੀ

## ਭਾਜਪਾ ਨੇ ਮਨਰੇਗਾ ਤੋੜਿਆ, ਅਸੀਂ ਬਨੇਗਾ ਲਈ ਇਕਜੁੱਟ ਹੋਈਏ : ਸਿਨਹਾ



**ਯਾਦਗਿਰੀਗੁੱਟਾ (ਨਵਾਂ ਜ਼ਮਾਨਾ ਸਰਵਿਸ)**

ਸਰਬ ਭਾਰਤ ਨੌਜਵਾਨ ਸਭਾ ਤੇਲੰਗਾਨਾ ਦੀ ਸੂਬਾਈ ਕਾਨਫਰੰਸ ਦੌਰਾਨ ਸੰਬੋਧਨ ਕਰਦਿਆਂ ਜਥੇਬੰਦੀ ਦੇ ਜਨਰਲ ਸਕੱਤਰ ਸੁਖਜਿੰਦਰ ਮਹੇਸਰੀ ਨੇ ਕਿਹਾ ਕਿ ਭਾਜਪਾ ਦੇਸ਼ ਦੀ ਬਹੁਗਿਣਤੀ ਹਿੰਦੂ ਆਬਾਦੀ ਦਾ ਮਾਨਸਿਕ ਸ਼ੋਸ਼ਣ ਕਰਕੇ ਨਾ ਕੇਵਲ ਸੱਤਾ ਹਥਿਆ ਰਹੀ ਹੈ, ਅਸਲ ਵਿੱਚ ਹਕੂਮਤੀ ਸ਼ਕਤੀ ਨਾਲ ਦੇਸ਼ ਦੀ ਸਮੁੱਚੀ ਵਸੋਂ ਨੂੰ ਆਰਥਿਕ ਕੰਗਾਲੀ ਵਿੱਚ ਸੁੱਟ ਰਹੀ ਹੈ।ਭਾਜਪਾ-ਪੱਖੀ ਗੋਦੀ ਮੀਡੀਆ ਤੇ ਆਈ ਟੀ ਸੈੱਲ ਦੇ ਨਫ਼ਰਤੀ ਅਤੇ ਗੁੰਮਰਾਹਕੁੰਨ ਪ੍ਰਚਾਰ ਦੇ ਪਰਦੇ ਓਹਲੇ ਦੇਸ਼ ਹਿੰਦੂ ਰਾਸ਼ਟਰ ਨਹੀਂ, ਕਾਰਪੋਰਾਸ਼ਟਰ ਬਣ ਰਿਹੈ। ਦੇਸ਼ ਦੀ ਸਮੁੱਚੀ ਪ੍ਰਗਤੀਸ਼ੀਲ ਧਿਰ ਨੂੰ ਇਹ ਚੇਤਨ ਦ੍ਰਿਸ਼ਟੀ ਨਾਲ ਦੇਖਣ ਦੀ ਲੋੜ ਹੈ।

ਉਨ੍ਹਾ ਕਿਹਾ ਕਿ ਦੇਸ਼ ਵਿੱਚ ਧਾਰਮਿਕ ਤੌਰ ਉੱਤੇ ਇਹ ਗੱਲ ਨੋਟ ਕਰਨ ਵਾਲੀ ਹੈ ਕਿ ਸਭ ਤੋਂ ਵੱਡੀ ਬੇਰੁਜ਼ਗਾਰ ਆਬਾਦੀ ਨੌਜਵਾਨ ਹਿੰਦੂਆਂ ਦੀ ਹੈ, ਫੀਸਾਂ ਨਾ ਦੇ ਸਕਣ ਕਾਰਨ ਸਕੂਲ ਅਤੇ ਕਾਲਜ ਦੀ ਪੜ੍ਹਾਈ ਅੱਧ-ਵਿਚਾਲੇ ਛੱਡਣ ਵਾਲੇ ਵਿਦਿਆਰਥੀਆਂ ਵਿੱਚੋਂ ਵੱਡੀ ਆਬਾਦੀ ਹਿੰਦੂ ਹਨ, ਕਰਜ਼ੇ, ਫੁੱਟਪਾਥਾਂ, ਜੇਲ੍ਹਾਂ ਤੇ ਆਰਥਿਕ ਤੰਗੀਆਂ ਵਿੱਚ ਘਿਰੀ ਇਸ ਆਬਾਦੀ ਨੂੰ ਧਾਰਮਿਕ ਤੌਰ ਉੱਤੇ ਕੇਵਲ ਗੁੰਮਰਾਹ ਕਰਕੇ ਭਾਜਪਾ ਸਿਰਫ਼ ਵੋਟਾਂ ਹਥਿਆਉਂਦੀ ਹੈ ਅਤੇ ਸੱਤਾ ਦੀ ਤਾਕਤ ਦੇ ਇਵਜ਼ਾਨੇ ਵਜੋਂ ਅਡਾਨੀਆਂ, ਅੰਬਾਨੀਆਂ ਨੂੰ ਹੀ ਦੌਲਤਾਂ ਦੇ ਅੰਬਾਰ ਭੇਟ ਕਰਦੀ ਹੈ। ਅਜਿਹੀ ਸਿਆਸਤ ਦੇ ਸਾਜ਼ਿਸ਼ੀ ਮਾਹੌਲ ਵਿੱਚ ਦੇਸ਼ ਦੇ ਸਭਨਾਂ ਧਾਰਮਿਕ ਫਿਰਕਿਆਂ ਦੀ ਨੌਜਵਾਨ ਪੀੜ੍ਹੀ ਨੂੰ ਵਿੱਦਿਆ ਅਤੇ ਰੁਜ਼ਗਾਰ ਲਈ ਇੱਕਜੁੱਟ ਹੋਣਾ ਪਵੇਗਾ।ਅਜਿਹੀ ਇੱਕਜੁੱਟਤਾ ਨਾਲ ਹੀ ਸਰਕਾਰ ਦੀਆਂ ਫੁੱਟਪਾਊ ਨੀਤੀਆਂ ਨੂੰ ਜ਼ਮੀਨੀ ਪੱਧਰ ਉਤੇ ਖਦੇੜਿਆ ਜਾ ਸਕਦਾ, ਅਜਿਹੀ ਇਕਜੁੱਟਤਾ ਨੇ ਵਿਸ਼ਵ ਗੁਰੂ ਨੂੰ ਜੈੱਨ ਜ਼ੀ ਨੇ ਝੁਕਾਇਆ ਹੈ।

ਜਥੇਬੰਦੀ ਦੇ ਕੌਮੀ ਪ੍ਰਧਾਨ ਰੌਸ਼ਨ ਕੁਮਾਰ ਸਿਨਹਾ ਨੇ ਕਿਹਾ ਕਿ ਦੇਸ਼ ਵਿੱਚ ਫੈਲੀ ਬੇਰੁਜ਼ਗਾਰੀ ਦਾ ਦੇਸ਼ ਦੇ ਮੁਖੀ ਕੋਲ ਕੋਈ ਹੱਲ ਨਹੀਂ। ਪ੍ਰਧਾਨ ਮੰਤਰੀ ਨੇ ਦੇਸ਼ ਦੀਆਂ ਸਭ ਸਰਕਾਰੀ ਸੰਸਥਾਵਾਂ ਅਤੇ ਜਾਇਦਾਦਾਂ ਨੂੰ ਕਾਰਪੋਰੇਟ ਘਰਾਣਿਆਂ ਹਵਾਲੇ ਕਰ ਦਿੱਤਾ ਹੈ।ਰੁਜ਼ਗਾਰ ਲਈ ਕੇਂਦਰੀ ਮਹਿਕਮਿਆਂ ਵਿੱਚ ਨਵੀਆਂ ਰੈਗੂਲਰ ਭਰਤੀਆਂ ਨਹੀਂ ਹਨ। ਹਰ ਸੂਬੇ ਵਿੱਚ ਬੇਰੁਜ਼ਗਾਰਾਂ ਦੀ ਫੌਜ ਹੈ, ਅਸੀਂ ਇਸ ਫ਼ੌਜ ਨੂੰ ਜੱਥੇਬੰਦ ਕਰਨਾ ਹੈ, ਭਾਜਪਾ ਨੇ ਮਨਰੇਗਾ ਵੀ ਤੋੜਿਆ ਹੈ, ਨੌਜਵਾਨਾਂ ਦੀ ਲੋੜ ਹੈ ਕੇ ਅਸੀਂ ਬਨੇਗਾ ਲਈ

• ਬਾਕੀ ਸਫਾ 2 'ਤੇ

## ਸਾਖਰਤਾ ਸਮਾਜ ਤੇ ਦੇਸ਼ ਦੀ ਤਰੱਕੀ ਦੀ ਬੁਨਿਆਦ : ਪ੍ਰੋ. ਅਸ਼ਵਨੀ ਕੁਮਾਰ



**ਭਵਾਨੀਗੜ੍ਹ (ਰਾਜ ਖੁਰਮੀ)**-ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਸਰਕਾਰੀ ਕਾਲਜ ਰੋਸ਼ਨਵਾਲਾ ਵਿਖੇ ਡਾਇਰੈਕਟਰ ਯੁਵਕ ਸੇਵਾਵਾਂ ਦੇ ਆਦੇਸ਼ਾਂ ਤੇ ਕਾਲਜ ਦੇ ਪ੍ਰਿੰਸੀਪਲ ਰੋਮੀ ਗਰਗ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅੰਤਰਰਾਸ਼ਟਰੀ ਸਾਖਰਤਾ ਦਿਵਸ ਮਨਾਇਆ ਗਿਆ।ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਮਾਜ ਵਿੱਚ ਸਿੱਖਿਆ ਤੇ ਸਾਖਰਤਾ ਦੀ ਮਹੱਤਤਾ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਸਮਾਗਮ ਦਾ ਪ੍ਰਬੰਧ ਪ੍ਰੋਗਰਾਮ ਕੋਆਰਡੀਨੇਟਰ ਅਸਿਸਟੈਂਟ ਅਵਤਾਰ ਸਿੰਘ ਦੀ ਦੇਖ-ਰੇਖ ਹੇਠ ਕੀਤਾ ਗਿਆ।ਕਾਲਜ ਦੇ ਵਾਇਸ ਪ੍ਰਿੰਸੀਪਲ ਅਸਿਸਟੈਂਟ ਅਸ਼ਵਨੀ ਕੁਮਾਰ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ।ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕਰਦਿਆਂ ਅਸਿ. ਅਸ਼ਵਨੀ ਕੁਮਾਰ ਨੇ ਕਿਹਾ ਕਿ ਸਾਖਰਤਾ ਕਿਸੇ ਵੀ ਸਮਾਜ ਤੇ ਦੇਸ਼ ਦੀ ਤਰੱਕੀ ਦੀ ਬੁਨਿਆਦ ਹੁੰਦੀ ਹੈ।ਸਿੱਖਿਆ ਤੋਂ ਬਿਨਾਂ ਇੱਕ ਚੰਗੇ, ਜਾਗਰੂਕ ਤੇ ਅਨੁਸ਼ਾਸਿਤ ਸਮਾਜ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ।ਉਨ੍ਹਾਂ ਕਿਹਾ ਕਿ ਸਿੱਖਿਆ ਮਨੁੱਖ ਨੂੰ ਆਪਣੇ ਅਧਿਕਾਰਾਂ ਤੇ ਫਰਜ਼ਾਂ ਪ੍ਰਤੀ ਜਾਗਰੂਕ ਕਰਨ ਦੇ ਨਾਲ-ਨਾਲ ਉਸ ਦੇ ਜੀਵਨ ਪੱਧਰ ਨੂੰ ਵੀ ਉੱਚਾ ਚੁੱਕਣ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਖੁਦ ਵੱਧ ਤੋਂ ਵੱਧ ਸਿੱਖਿਆ ਹਾਸਲ ਕਰਨ ਦੇ ਨਾਲ-ਨਾਲ ਆਪਣੇ ਆਲੇ-ਦੁਆਲੇ ਸਿੱਖਿਆ ਤੋਂ ਵਾਂਝੇ ਲੋਕਾਂ ਨੂੰ ਵੀ ਅੱਖਰ-ਗਿਆਨ ਦੇਣ ਲਈ ਅੱਗੇ ਆਉਣ।ਉਨ੍ਹਾਂ ਕਿਹਾ ਕਿ ਸਮਾਜ ਵਿੱਚੋਂ ਅਨਪੜ੍ਹਤਾ ਨੂੰ ਦੂਰ ਕਰਨ ਲਈ ਨੌਜਵਾਨ ਵਰਗ ਆਪਣੀ ਅਹਿਮ ਭੂਮਿਕਾ ਨਿਭਾਅ ਸਕਦਾ ਹੈ।

## ਸੇਂਟ ਜੋਸਫ਼ ਕਾਨਵੈਂਟ ਸਕੂਲ ਨੇ ਤਾਈਕਵਾਂਡੋ 'ਚ ਜਿੱਤੀ ਓਵਰਆਲ ਫਸਟ ਟਰਾਫੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੇਂਟ ਜੋਸਫ਼ ਕਾਨਵੈਂਟ ਸਕੂਲ ਬੱਧਨੀ ਮੋਮਲ ਸਿੰਘ ਵਾਲਾ ਦੇ ਵਿਦਿਆਰਥੀਆਂ ਨੇ ਆਪਣੀ ਖੇਡ ਪ੍ਰਤਿਭਾ, ਮਿਹਨਤ ਤੇ ਦ੍ਰਿੜ੍ਹਤਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸ਼ਾਨਦਾਰ ਤਰੀਕੇ ਨਾਲ ਕਰਵਾਏ ਗਏ ਸਟੇਟ ਪੱਧਰੀ ਤਾਈਕਵਾਂਡੋ ਮੁਕਾਬਲੇ ਵਿੱਚ ਓਵਰਆਲ ਫਸਟ ਟਰਾਫੀ 'ਤੇ ਕਬਜ਼ਾ ਕਰਕੇ ਫਿਰੋਜ਼ਪੁਰ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਨਾਲ ਸਕੂਲ ਵਿਚ ਖੁਸ਼ੀ ਦਾ ਮਾਹੌਲ ਬਣ ਗਿਆ।ਮੁਕਾਬਲੇ ਦੌਰਾਨ ਸਕੂਲ ਦੇ ਖਿਡਾਰੀਆਂ ਨੇ ਪੂਰੇ ਜੋਸ਼, ਆਤਮ-ਵਿਸ਼ਵਾਸ ਤੇ ਖੇਡ ਭਾਵਨਾ ਨਾਲ ਆਪਣੀ ਕਾਬਲੀਅਤ ਦਾ ਪ੍ਰਦਰਸ਼ਨ ਕੀਤਾ।ਉਨ੍ਹਾਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਟੀਮ ਨੂੰ ਓਵਰਆਲ ਪਹਿਲਾ ਸਥਾਨ ਦਿਵਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਵਿਦਿਆਰਥੀਆਂ ਦੀ ਲਗਨ ਤੇ ਮਿਹਨਤ ਦੇ ਸਾਹਮਣੇ ਹੋਰ ਟੀਮਾਂ ਪਿੱਛੇ ਰਹਿ ਗਈਆਂ। ਇਸ ਮਾਣਮੱਤੀ ਪ੍ਰਾਪਤੀ 'ਤੇ ਸਕੂਲ ਦੇ ਡਾਇਰੈਕਟਰ ਫਾਦਰ ਅਜੇ ਪਾਲ ਤੇ ਪ੍ਰਿੰਸੀਪਲ ਸਿਸਟਰ ਕੀਰਤੀ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਖਿਡਾਰੀਆਂ ਦੀ ਮਿਹਨਤ, ਅਨੁਸ਼ਾਸਨ ਤੇ ਖੇਡ ਪ੍ਰਤੀ ਸਮਰਪਣ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਸਕੂਲ ਦੇ ਸਪੋਰਟਸ ਅਧਿਆਪਕ ਗੁਰਸਭ ਸਿੰਘ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ ਗਈ, ਜਿਨ੍ਹਾਂ ਦੀ ਲਗਾਤਾਰ ਸਿਖਲਾਈ, ਮਾਰਗਦਰਸ਼ਨ ਤੇ ਹੌਸਲਾ-ਅਫ਼ਜ਼ਾਈ ਸਦਕਾ ਵਿਦਿਆਰਥੀਆਂ ਨੇ ਸਟੇਟ ਪੱਧਰ ਦੇ ਮੁਕਾਬਲੇ ਲਈ ਬਿਹਤਰ ਤਿਆਰੀ ਕੀਤੀ। ਸਕੂਲ ਪ੍ਰਬੰਧਨ ਨੇ ਕਿਹਾ ਕਿ ਇਹ ਜਿੱਤ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਅਨੁਸ਼ਾਸਨ, ਆਤਮ-ਵਿਸ਼ਵਾਸ ਤੇ ਖੇਡ ਭਾਵਨਾ ਦਾ ਨਤੀਜਾ ਹੈ। ਇਸ ਪ੍ਰਾਪਤੀ ਨਾਲ ਸੇਂਟ ਜੋਸਫ਼ ਕਾਨਵੈਂਟ ਸਕੂਲ ਦੇ ਨਾਲ-ਨਾਲ ਪੂਰੇ ਫਿਰੋਜ਼ਪੁਰ ਇਲਾਕੇ ਦਾ ਮਾਣ ਵਧਿਆ ਹੈ।

## ਵਿਕਾਸ ਕਾਰਜਾਂ 'ਚ ਕੋਈ ਤੋਟ ਨਹੀਂ ਆਉਣ ਦਿੱਤੀ ਜਾਵੇਗੀ : ਸਰਪੰਚ



**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਨਾਲ ਦੇ ਪਿੰਡ ਛਾਜਲੀ ਵਿਚ ਜਿੰਨੇ ਕੰਮ ਮੌਜੂਦਾ ਸਰਪੰਚ ਗੁਰਬਿਆਸ ਸਿੰਘ ਦੇ ਸਮੇਂ ਵਿੱਚ ਹੋ ਰਹੇ ਹਨ ਸ਼ਾਇਦ ਹੀ ਕਿਸੇ ਪੰਚਾਇਤ ਦੇ ਕਾਰਜਕਾਲ ਵਿੱਚ ਹੋਏ ਹੋਣ।ਜਦੋਂ ਦੀ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਤੇ ਹਲਕੇ ਦਿੜ੍ਹਬਾ ਦਾ ਵਿਧਾਇਕ ਹਰਪਾਲ ਸਿੰਘ ਚੀਮਾ ਪੰਜਾਬ ਦਾ ਵਿੱਤ ਮੰਤਰੀ ਬਣਾਇਆ ਹੈ ਅਤੇ ਪਿੰਡ ਦੀ ਪੰਚਾਇਤ ਦਾ ਸਰਪੰਚ ਗੁਰਬਿਆਸ ਸਿੰਘ ਹੈ, ਉਸ ਵੇਲੇ ਤੋਂ ਹਲਕੇ ਵਿਚ ਸਭ ਤੋਂ ਵੱਡੇ ਪਿੰਡ ਛਾਜਲੀ ਦੇ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਕੋਈ ਤੋਟ ਨਹੀਂ ਆਈ ਤੇ ਸਰਪੰਚ ਨੇ ਕਿਹਾ ਹੈ ਕਿ ਅਗੇ ਵੀ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਰਹਿਣਗੇ।ਪਿੰਡ ਦੀਆਂ ਗਲੀਆਂ ਨਾਲੀਆਂ ਦਾ ਕੰਮ ਹਰ ਵਾਰਡ ਵਿੱਚ ਲੱਗਭੱਗ ਮੁਕੰਮਲ ਹੋ ਚੁੱਕਿਆ ਹੈ।ਇਸੇ ਦੌਰਾਨ ਵਾਰਡ ਨੰਬਰ 12 ਦੇ ਐਸ ਸੀ ਭਾਈਚਾਰਾ ਪੱਤੀ ਕਾਹਲ ਦੇ ਸਮੂਹ ਮੈਂਬਰ ਆਪਣੀਆਂ ਦੋ ਸਮੱਸਿਆਵਾਂ ਨੂੰ ਲੈ ਕੇ ਸਰਪੰਚ ਨੂੰ ਮਿਲੇ।ਇੱਕ ਗਲੀ ਪੱਕੀ ਕਰਵਾਉਣੀ ਅਤੇ ਦੂਜੀ ਬਿਜਲੀ ਦੀ ਘੱਟ ਵੋਲਟੇਜ ਆਉਣ ਦੀ ਸਮੱਸਿਆ ਦੇ ਸਬੰਧ ਵਿੱਚ ਮਿਲੇ ਜਿਸ 'ਤੇ ਸਰਪੰਚ ਗੁਰਬਿਆਸ ਸਿੰਘ ਨੇ ਪੂਰਾ ਭਰੋਸਾ ਦਿੱਤਾ ਹੈ ਕਿ ਜਲਦੀ ਹੀ ਬਿਜਲੀ ਦੀ ਸਮੱਸਿਆ ਦੂਰ ਹੋ ਜਾਵੇਗੀ ਅਤੇ ਗਲੀ ਪੱਕੀ ਵੀ ਪਹਿਲ ਦੇ ਅਧਾਰ 'ਤੇ ਹੋਵੇਗੀ।ਇਸ ਮੌਕੇ ਪੰਚ ਸਿਮਰਨ ਜਿੰਦਲ, ਰਜੇਸ਼ ਕੁਮਾਰ, ਸਤਿਗੁਰ ਸਿੰਘ, ਜਸਪਾਲ ਸਿੰਘ, ਕੁਲਵਿੰਦਰ ਸਿੰਘ, ਕਾਲਾ ਸਿੰਘ, ਬੂਟਾ ਸਿੰਘ, ਮਨਪ੍ਰੀਤ ਸਿੰਘ, ਹਰਮਨਦੀਪ ਸਿੰਘ, ਦੇਵਰਾਜ, ਸੇਵਾ ਸਿੰਘ ਅਤੇ ਹੋਰ ਹਾਜ਼ਰ ਸਨ।

## ਗੈਂਗਸਟਰਵਾਦ ਨੂੰ ਸਿਆਸੀ ਸਰਪ੍ਰਸਤੀ ਪੰਜਾਬ ਬਰਦਾਸ਼ਤ ਨਹੀਂ ਕਰੇਗਾ : ਬਿੱਟੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੀ ਵਿਗੜ ਰਹੀ ਕਾਨੂੰਨ-ਵਿਵਸਥਾ, ਗੈਂਗਸਟਰਵਾਦ ਅਤੇ ਅਪਰਾਧਿਕ ਤੱਤਾਂ ਨੂੰ ਸਿਆਸੀ ਸਰਪ੍ਰਸਤੀ ਦੇਣ ਦੇ ਵਿਰੋਧ ਵਿੱਚ ਪੰਜਾਬ ਕਾਂਗਰਸ ਪ੍ਰਧਾਨ ਸ. ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਚੰਡੀਗੜ੍ਹ ਵਿਖੇ ਕੀਤੇ ਗਏ ਜ਼ਬਰਦਸਤ ਰੋਸ ਪ੍ਰਦਰਸ਼ਨ ਵਿੱਚ ਪਟਿਆਲਾ ਤੋਂ ਸੰਜੀਵ ਸ਼ਰਮਾ ਬਿੱਟੂ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ ਨੇ ਸ਼ਮੂਲੀਅਤ ਕੀਤੀ।ਇਸ ਦੌਰਾਨ ਪੁਲਿਸ ਵੱਲੋਂ ਲਾਠੀਚਾਰਜ ਅਤੇ ਪਾਣੀ ਦੀਆਂ ਬੁਛਾੜਾਂ ਮਾਰਨ ਦੇ ਨਾਲ ਕਈ ਆਗੂਆਂ ਅਤੇ ਵਰਕਰਾਂ ਨੂੰ ਹਿਰਾਸਤ ਵਿੱਚ ਲੈ ਕੇ ਸੈਕਟਰ-3 ਦੇ ਥਾਣੇ 'ਚ ਲਿਜਾਇਆ ਗਿਆ।ਥਾਣੇ ਵਿੱਚ ਵਰਕਰਾਂ ਨੂੰ ਸੰਬੋਧਨ ਕਰਦਿਆਂ ਸੰਜੀਵ ਸ਼ਰਮਾ ਬਿੱਟੂ ਨੇ ਕਿਹਾ ਕਿ ਇਹ ਸਿਰਫ਼ ਕਾਂਗਰਸ ਦਾ ਪ੍ਰਦਰਸ਼ਨ ਨਹੀਂ ਹੈ ਬਲ ਕਿ ਇਹ ਪੰਜਾਬ ਦੀ ਅਮਨ-ਸ਼ਾਂਤੀ ਅਤੇ ਸਾਫ਼-ਸੁਥਰੀ ਸਿਆਸਤ ਲਈ ਪੰਜਾਬੀਆਂ ਦੀ ਲੜਾਈ ਹੈ।ਉਨ੍ਹਾਂ ਕਿਹਾ ਕਿ ਗੁਰਪ੍ਰੀਤ ਸਿੰਘ ਸੇਖੋਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਨਾ ਅਤੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਉਸ ਦਾ ਜਨਤਕ ਸਵਾਗਤ ਕਰਨਾ ਪੰਜਾਬ ਦੀ ਸਿਆਸਤ ਲਈ ਗੰਭੀਰ ਸਵਾਲ ਖੜ੍ਹੇ ਕਰਦਾ ਹੈ।ਪੁਲਸ ਰਿਕਾਰਡਾਂ ਅਨੁਸਾਰ ਸੇਖੋਂ ਖ਼ਿਲਾਫ਼ ਕਤਲ, ਕਤਲ ਦੀ ਕੋਸ਼ਿਸ਼, ਫਿਰੌਤੀ, ਅਗਵਾ, ਲੁੱਟ ਅਤੇ ਹਥਿਆਰਾਂ ਨਾਲ ਸਬੰਧਤ ਕਰੀਬ 49 ਅਪਰਾਧਿਕ ਮਾਮਲਿਆਂ ਦਾ ਜ਼ਿਕਰ ਮਿਲਦਾ ਹੈ।ਨਾਭਾ ਜੇਲ੍ਹ ਬ੍ਰੇਕ ਮਾਮਲੇ ਵਿੱਚ ਉਸ ਨੂੰ ਸਜ਼ਾ ਵੀ ਹੋ ਚੁੱਕੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਗੈਂਗਸਟਰਵਾਦ, ਨਸ਼ਿਆਂ ਅਤੇ ਅਪਰਾਧ ਦੀ ਸਿਆਸਤ ਵਿਰੁੱਧ ਆਖ਼ਰੀ ਸਾਹ ਤੱਕ ਲੜੇਗੀ।

## ਅਧਿਆਪਕਾਂ ਦੇ ਸਨਮਾਨ 'ਚ ਸਮਾਗਮਾਂ ਦਾ ਅਯੋਜਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਅਧਿਆਪਕ ਦਿਵਸ ਮੌਕੇ ਸਰਾਫ਼ ਐਜੂਬੀਕਨਜ਼ ਗਲੋਬਲ ਡਿਸਕਵਰੀ ਸਕੂਲ, ਰਾਮਪੁਰਾ ਫੂਲ ਵਿੱਚ ਅਧਿਆਪਕਾਂ ਦੇ ਸਨਮਾਨ ਵਿੱਚ ਵਿਭਿੰਨ ਪ੍ਰੋਗਰਾਮਾਂ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਪ੍ਰਿੰਸੀਪਲ ਸ਼੍ਰੀਮਤੀ ਕਾਵਿਆ ਅਸੀਜਾ ਦੀ ਰਹਿਨੁਮਾਈ ਹੇਠ ਵਿਦਿਆਰਥੀਆਂ ਨੇ ਡਾਂਸ, ਭਾਵਪੂਰਨ ਕਵਿਤਾਵਾਂ, ਪ੍ਰੇਰਨਾਦਾਇਕ ਨਾਟਕ, ਮਨਮੋਹਕ ਮਿਮਿਕਰੀ ਅਤੇ ਮਨੋਰੰਜਕ ਖੇਡਾਂ ਰਾਹੀਂ ਆਪਣੇ ਅਧਿਆਪਕਾਂ ਪ੍ਰਤੀ ਸ਼ਰਧਾ, ਸਤਿਕਾਰ ਅਤੇ ਧੰਨਵਾਦ ਦੀ ਭਾਵਨਾ ਪ੍ਰਗਟ ਕੀਤੀ।ਇਸੇ ਲੜੀ ਤਹਿਤ ਸਕੂਲ ਪ੍ਰਬੰਧਕਾਂ ਵੱਲੋਂ ਸਿਗਨੇਟ ਰੋਇਲ, ਬਠਿੰਡਾ ਵਿਖੇ ਅਧਿਆਪਕਾਂ ਦੇ ਸਨਮਾਨ ਵਿੱਚ ਇੱਕ ਵਿਸ਼ੇਸ਼ ਸੱਭਿਆਚਾਰਕ ਸ਼ਾਮ ਮਹਿਫ਼ਿਲ-ਏ-ਮੈਂਟਰਜ਼ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਜੋਤ ਪ੍ਰਜਵਲਿਤ ਕਰਕੇ ਅਤੇ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਨੂੰ ਸ਼ਰਧਾ ਦੇ ਫੁੱਲ ਭੇਟ ਕਰਕੇ ਕੀਤੀ ਗਈ। ਪ੍ਰਿੰਸੀਪਲ ਸ਼੍ਰੀਮਤੀ ਕਾਵਿਆ ਅਸੀਜਾ ਨੇ ਅਧਿਆਪਕਾਂ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ, ਅਧਿਆਪਕ ਦੀ ਸਮਰਪਣ ਭਾਵਨਾ ਦੇਸ਼ ਦੇ ਉੱਜਵਲ ਭਵਿੱਖ ਦੀ ਸਭ ਤੋਂ ਮਜ਼ਬੂਤ ਨੀਂਹ ਹੁੰਦੀ ਹੈ।ਸਕੂਲ ਦੇ ਵਾਇਸ ਚੇਅਰਮੈਨ ਅਮਿਤ ਸਰਾਫ਼ ਨੇ ਆਪਣੇ ਪ੍ਰੇਰਨਾਦਾਇਕ ਭਾਸ਼ਣ ਵਿੱਚ ਅਧਿਆਪਕਾਂ ਦੀ ਮਹੱਤਤਾ 'ਤੇ ਚਾਨਣਾ ਪਾਇਆ। ਮਹਿਫ਼ਿਲ-ਏ-ਮੈਂਟਰਜ਼ ਯਕੀਨਨ ਸਤਿਕਾਰ, ਹੁਨਰ ਅਤੇ ਪ੍ਰੇਰਨਾ ਨਾਲ ਸਜੀ ਇੱਕ ਅਭੁੱਲ ਸ਼ਾਮ ਵਜੋਂ ਸਭ ਦੇ ਦਿਲਾਂ ਵਿੱਚ ਵਸ ਗਈ।

## 18 ਬਾਲ ਭਿਖਾਰੀਆਂ ਨੂੰ ਸਿੱਖਿਆ ਨਾਲ ਜੋੜਿਆ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਡਾਇਰੈਕਟਰ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਪ੍ਰਾਪਤ ਨਿਰਦੇਸ਼ਾਂ ਅਨੁਸਾਰ ਡਿਪਟੀ ਕਮਿਸ਼ਨਰ ਫਾਜ਼ਿਲਕਾ ਅਮਰਪ੍ਰੀਤ ਕੌਰ ਸੰਧੂ ਦੀਆਂ ਹਦਾਇਤਾਂ ਅਨੁਸਾਰ ਬਾਲ ਭਿੱਖਿਆ ਖਿਲਾਫ ਪ੍ਰੋਜੈਕਟ ਜੀਵਨ ਜੋਤ 2.0 ਨੂੰ ਜ਼ਿਲ੍ਹੇ ਵਿਖੇ ਸਖ਼ਤੀ ਨਾਲ ਲਾਗੂ ਕੀਤਾ ਜਾ ਰਿਹਾ ਹੈ।ਜ਼ਿਲ੍ਹਾ ਪ੍ਰੋਗਰਾਮ ਅਫਸਰ ਫਾਜ਼ਿਲਕਾ ਨਵਦੀਪ ਕੌਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ, ਫਾਜ਼ਿਲਕਾ ਵੱਲੋਂ ਸਬ-ਡਵੀਜਨਲ ਪੱਧਰੀ ਟੀਮ ਦੇ ਸਹਿਯੋਗ ਨਾਲ ਮਿਲ ਕੇ ਬਾਲ ਭਿੱਖਿਆ ਨੂੰ ਜੜ ਤੋਂ ਖਤਮ ਕਰਨ ਲਈ ਲਗਾਤਾਰ ਚੈਕਿੰਗਾਂ ਕੀਤੀਆਂ ਜਾ ਰਹੀਆਂ ਹਨ।ਫਾਜ਼ਿਲਕਾ ਵਿਚ ਬਾਲ ਭਿਖਾਰੀਆਂ ਨੂੰ ਰੈਸਕਿਊ ਕਰਨ ਲਈ ਗਊਸ਼ਾਲਾ ਰੋਡ, ਬੱਸ ਸਟੈਂਡ, ਘੰਟਾ ਘਰ ਚੌਕ, ਰੇਲਵੇ ਸਟੇਸ਼ਨ ਰੋਡ, ਸਬਜ਼ੀ ਮੰਡੀ, ਸ਼ਾਸਤਰੀ ਚੌਕ, ਨਹਿਰੂ ਪਾਰਕ, ਮੇਨ ਬਜ਼ਾਰ ਵਿਖੇ ਭਿਖਿਆ ਮੰਗ ਰਹੇ ਬੱਚਿਆਂ ਦੀ ਭਾਲ ਕੀਤੀ ਗਈ।ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਰੀਤੂ ਬਾਲਾ ਨੇ ਦੱਸਿਆ ਕਿ ਪ੍ਰੋਜੈਕਟ ਜੀਵਨ ਕੇ ਜੋਤ 2.0 ਤਹਿਤ ਹੁਣ ਤੱਕ ਕੁੱਲ 18 ਬੱਚਿਆਂ ਨੂੰ ਬਾਲ ਭਿੱਖਿਆ ਤੋਂ ਹਟਾ ਕੇ ਸਿੱਖਿਆ ਨਾਲ ਜੋੜਿਆ ਜਾ ਚੁੱਕਿਆ ਹੈ।ਚੈਕਿੰਗ ਦੌਰਾਨ ਜਿਲਾ ਬਾਲ ਸੁਰੱਖਿਆ ਯੂਨਿਟ ਦੀ ਟੀਮ ਵੱਲੋਂ ਆਮ ਜਨਤਾ ਨੂੰ ਦੱਸਿਆ ਗਿਆ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੋਂ ਭੀਖ ਨਾ ਮੰਗਵਾਉਣ ਤੇ ਮਜ਼ਦੂਰੀ ਨਾ ਕਰਵਾਉਣ, ਜੇ ਕੋਈ ਬੱਚਾ ਬਾਲ ਭਿੱਖਿਆ ਕਰਦੇ ਹੋਏ ਪਾਇਆ ਜਾਂਦਾ ਹੈ ਤਾਂ ਜ਼ਿਲਾ ਬਾਲ ਸੁਰੱਖਿਆ ਦਫਤਰ ਫਾਜ਼ਿਲਕਾ ਨੂੰ ਸੂਚਿਤ ਕੀਤਾ ਜਾਵੇ।

## ਝ਼ੋਰੜ ਕਾਂਡ ਦੇ ਦੋਸ਼ੀਆਂ ਦੀਆਂ ਅਗਾਊਂ ਜ਼ਮਾਨਤਾਂ ਰੱਦ

**ਮਲੋਟ (ਰਜਿੰਦਰ ਜੁਨੇਜਾ)**-ਮਲੋਟ ਸਬ-ਡਵੀਜ਼ਨ ਦੇ ਪਿੰਡ ਝੋਰੜ ਵਿਖੇ 6 ਜੂਨ ਦੀ ਦੁਪਹਿਰ ਨੂੰ ਦੋ ਐਸ ਸੀ ਨੌਜਵਾਨਾਂ ਨੂੰ ਕੁਚਲਣ ਦੀ ਕੋਸ਼ਿਸ਼ ਕਰਨ, ਬੇਰਹਿਮੀ ਨਾਲ ਕੁੱਟਮਾਰ ਕਰਨ, ਜਾਤੀ ਸੂਚਕ ਤਰੀਕੇ ਨਾਲ ਜਲੀਲ ਕਰਨ ਅਤੇ ਖੇਤਾਂ ਵਿੱਚ ਨੰਗੀ ਹਾਲਤ ਵਿੱਚ ਘਸੀਟਣ ਦੇ ਮਾਮਲੇ ਵਿੱਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਆਰੋਪੀਆਂ ਨੂੰ ਵੱਡਾ ਝਟਕਾ ਦਿੰਦਿਆਂ ਉਨ੍ਹਾਂ ਦੀਆਂ ਅਗਾਊਂ ਜ਼ਮਾਨਤ ਦੀਆਂ ਅਰਜ਼ੀਆਂ ਰੱਦ ਕਰ ਦਿੱਤੀਆਂ ਗਈਆਂ ਹਨ।ਮਾਮਲੇ ਵਿੱਚ ਗੁਰਮੀਤ ਪਾਲ ਸਿੰਘ ਉਰਫ਼ ਬੱਗਾ ਦੀ ਮਾਤਾ ਜਸਪਾਲ ਕੌਰ ਦੇ ਬਿਆਨਾਂ 'ਤੇ ਥਾਣਾ ਸਦਰ ਮਲੋਟ ਪੁਲਿਸ ਵੱਲੋਂ ਹਰਦੀਪ ਸਿੰਘ, ਅਵਤਾਰ ਸਿੰਘ, ਰਿੰਪਾ ਸਿੰਘ ਅਤੇ ਮਨਦੀਪ ਸਿੰਘ ਉਰਫ਼ ਬੱਗਾ ਸਮੇਤ ਖੇਤਾਂ ਵਿੱਚ ਝੋਨਾ ਲਾ ਰਹੇ ਸੱਤ ਪ੍ਰਵਾਸੀ ਮਜ਼ਦੂਰਾਂ ਸਮੇਤ ਕੁੱਲ 11 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਸੀ।ਵੀਡੀਓ ਵਾਇਰਲ ਹੋਣ ਤੋਂ ਬਾਅਦ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਮਾਮਲੇ ਦਾ ਨੋਟਿਸ ਲੈਂਦਿਆਂ ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਪੁਲਿਸ ਮੁਖੀ ਨੂੰ 9 ਜੂਨ ਨੂੰ ਆਪਣੇ ਕੋਲ ਤਲਬ ਕੀਤਾ ਗਿਆ ਸੀ। ਇਸ ਤੋਂ ਬਾਅਦ ਪੁਲਿਸ ਵੱਲੋਂ ਸੱਤ ਪ੍ਰਵਾਸੀ ਮਜ਼ਦੂਰਾਂ ਦੀ ਗ੍ਰਿਫ਼ਤਾਰੀ ਦਿਖਾਈ ਗਈ ਸੀ।

# ਸਾਂਝਾ ਮੁਲਾਜ਼ਮ ਮੰਚ ਵੱਲੋਂ 12-13 ਨੂੰ ਕੈਬਨਿਟ ਮੰਤਰੀਆਂ ਦਾ ਘਿਰਾਓ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਪੰਜਾਬ ਦੇ ਲੱਖਾਂ ਮੁਲਾਜ਼ਮਾਂ ਵੱਲੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪੂਰਤੀ ਲਈ ਵਿੱਢਿਆ ਗਿਆ ਸੰਘਰਸ਼ ਦਿਨ ਪ੍ਰਤੀਦਿਨ ਹੋਰ ਤਿੱਖਾ ਹੁੰਦਾ ਜਾ ਰਿਹਾ ਹੈ, ਜਿਸ ਦੇ ਚਲਦਿਆਂ ਆਉਣ ਵਾਲੇ ਸਮੇਂ ਵਿੱਚ ਵੱਡੇ ਐਕਸ਼ਨ ਦੇਖਣ ਨੂੰ ਮਿਲਣਗੇ। ਸਾਂਝਾ ਮੁਲਾਜ਼ਮ ਮੰਚ ਅਤੇ ਸਾਂਝੀ ਤਾਲਮੇਲ ਕਮੇਟੀ ਵੱਲੋਂ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕਰਨ, ਤਨਖਾਹ ਕਮਿਸ਼ਨ ਦੇ ਬਕਾਏ ਅਦਾ ਕਰਨ ਆਦਿ ਮੰਗਾਂ ਦੀ ਪੂਰਤੀ ਲਈ ਆਉਣ ਵਾਲੇ 2 ਮਹੀਨਿਆਂ ਦੇ ਸੰਘਰਸ਼ ਦੀ ਰੂਪ ਰੇਖਾ ਉਲੀਕ ਲਈ ਹੈ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਰਾਜ ਮਨਿਸਟਰੀਅਲ ਸਰਵਿਸਜ਼ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਖੁਸ਼ਕਰਨਜੀਤ ਸਿੰਘ, ਜਨਰਲ ਸਕੱਤਰ ਪੁਸ਼ਪਿੰਦਰ ਸਿੰਘ ਅਤੇ ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਹਰਜਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਪੰਜਾਬ ਦੀਆਂ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਵੱਲੋਂ ਸਾਂਝਾ ਮੁਲਾਜ਼ਮ ਮੰਚ ਦੇ ਝੰਡੇ ਹੇਠ 12 ਅਤੇ 13 ਸਤੰਬਰ ਨੂੰ ਪੰਜਾਬ ਕੈਬਨਿਟ ਦੇ ਮੰਤਰੀਆਂ ਦੇ ਘਿਰਾਓ ਕੀਤੇ ਜਾਣਗੇ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਮੁਲਾਜ਼ਮ ਸ਼ਾਮਲ ਹੋਣਗੇ। ਇਸ ਤੋਂ ਇਲਾਵਾ 19 ਅਤੇ 20 ਸਤੰਬਰ ਨੂੰ ਵੀ ਰਹਿੰਦੇ ਮੰਤਰੀਆਂ ਦੇ ਘਿਰਾਓ ਕੀਤੇ ਜਾਣਗੇ ਜਦ ਕਿ 30 ਸਤੰਬਰ ਨੂੰ ਚੰਡੀਗੜ੍ਹ ਵਿਖੇ ਮੁਲਾਜ਼ਮ ਸੈਸ਼ਨ ਲਗਾਇਆ ਜਾਵੇਗਾ, ਜਿਸ ਵਿੱਚ ਪੰਜਾਬ ਵਿਧਾਨ ਸਭਾ ਦੇ ਸਮੂਹ ਮੈਂਬਰਾਂ ਨੂੰ ਬਕਾਇਦਾ ਸੱਦਾ ਪੱਤਰ ਭੇਜਿਆ ਜਾਵੇਗਾ, ਇਸ ਤੋਂ ਇਲਾਵਾ 10 ਅਕਤੂਬਰ ਨੂੰ ਸੰਗਰੂਰ ਵਿਖੇ ਸੂਬਾ ਪੱਧਰੀ ਮਹਾ ਰੈਲੀ ਕੀਤੀ ਜਾਵੇਗਾ, ਜਿਸ ਵਿੱਚ ਲੱਖਾਂ ਮੁਲਾਜ਼ਮ ਅਤੇ ਪੈਨਸ਼ਨਰ ਸ਼ਾਮਲ ਹੋਣਗੇ। ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਨੇ ਮੁਲਾਜ਼ਮਾਂ ਦੀਆਂ ਮੰਗਾਂ ਫਿਰ ਵੀ ਪੂਰੀਆਂ ਨਾ ਕੀਤੀਆਂ ਤਾਂ 21 ਅਤੇ 22 ਅਕਤੂਬਰ ਨੂੰ ਸਮੁੱਚੇ ਪੰਜਾਬ ਦੇ ਮੁਲਾਜ਼ਮ ਸਮੂਹਿਕ ਛੁੱਟੀ ਲੈ ਕੇ ਆਰ ਪਾਰ ਦੀ ਲੜਾਈ ਸ਼ੁਰੂ ਕਰਨ ਲਈ ਮਜਬੂਰ ਹੋਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨੋਹਰ ਲਾਲ ਸ਼ਰਮਾ (ਗੌਰਮਿੰਟ ਟੀਚਰਜ਼ ਯੂਨੀਅਨ, ਕਰਮਜੀਤ ਸ਼ਰਮਾ (ਗੌਰਮਿੰਟ ਪੈਨਸ਼ਨ ਯੂਨੀਅਨ), ਸੁਖਵਿੰਦਰ ਸਿੰਘ ਦੋਦਾ, ਪਰਮਜੀਤ ਸਿੰਘ ਜੀ.ਟੀ.ਯੂ., ਸੁਖਦੇਵ ਮੁਹੰਮਦ, ਕਾਨੂੰਗੋ ਐਸੋਸੀਏਸ਼ਨ, ਹਰਜਿੰਦਰ ਸਿੰਘ ਪਟਵਾਰ ਯੂਨੀਅਨ, ਕੁਲਦੀਪ ਸਿੰਘ ਡਰਾਈਵਰ ਯੂਨੀਅਨ, ਓਂਕਾਰ ਸਿੰਘ, ਮੇਜਰ ਸਿੰਘ ਪੰਜਾਬ ਰੋਡਵੇਜ਼, ਮੇਜਰ ਸਿੰਘ ਬਿਜਲੀ ਬੋਰਡ, ਬਲਵੰਤ ਸਿੰਘ ਅਤੇ ਹੋਰ ਬਹੁਤ ਸਾਰੇ ਰਿਟਾਇਰਡ ਅਤੇ ਵਿਭਾਗਾਂ ਦੇ ਸਾਥੀ ਮੌਜੂਦ ਸਨ।

# ਪੁਲਸ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ , ਪੂਜਾ)**-ਪੰਜਾਬ ਸਰਕਾਰ ਅਤੇ ਡੀ.ਜੀ.ਪੀ. ਪੰਜਾਬ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸ੍ਰੀ ਅਭਿਮੰਨਿਊ ਰਾਣਾ, ਆਈ.ਪੀ.ਐੱਸ., ਸੀਨੀਅਰ ਕਪਤਾਨ ਪੁਲਿਸ, ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿੱਥੇ ਨਸ਼ਾ ਤਸਕਰਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ ਉਥੇ ਹੀ ਲੋਕਾਂ ਨੂੰ ਅਤੇ ਵਿਦਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਲਗਾਤਾਰ ਜਾਗਰੂਕਤਾ ਸੈਮੀਨਾਰ ਅਤੇ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ।

ਇਸੇ ਲੜੀ ਤਹਿਤ ਗੁਰੂ ਨਾਨਕ ਕਾਲਜ, ਸ੍ਰੀ ਮੁਕਤਸਰ ਸਾਹਿਬ ਵਿਖੇ ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਵਿੱਚ ਸ੍ਰੀ ਬਚਨ ਸਿੰਘ, ਡੀ.ਐਸ.ਪੀ. ਸ੍ਰੀ ਮੁਕਤਸਰ ਸਾਹਿਬ, ਇੰਸਪੈਕਟਰ ਇੰਦਰਜੀਤ ਕੌਰ, ਇੰਚਾਰਜ ਸੀ.ਪੀ.ਆਰ.ਸੀ. ਅਤੇ ਏ.ਐਸ.ਆਈ. ਹਰਿਮੰਦਰ ਸਿੰਘ, ਇੰਚਾਰਜ ਅਵੇਅਰਨੈੱਸ ਟੀਮ ਵੱਲੋਂ ਸ਼ਿਰਕਤ ਕੀਤੀ ਗਈ।ਇਸ ਮੌਕੇ ਗੁਰੂ ਨਾਨਕ ਕਾਲਜ ਦੇ ਵਿਦਆਰਥੀਆਂ ਅਤੇ ਸਟਾਫ਼ ਤੋਂ ਇਲਾਵਾ ਵੱਖ-ਵੱਖ ਪਿੰਡਾਂ ਤੋਂ ਆਏ ਸਰਪੰਚਾਂ, ਪੰਚਾਇਤ ਮੈਂਬਰਾਂ, ਸਮਾਜ ਸੇਵਕਾਂ ਅਤੇ ਪੁਲਿਸ ਕਰਮਚਾਰੀਆਂ ਨੇ ਭਾਗ ਲਿਆ।ਸੈਮੀਨਾਰ ਨੂੰ ਸੰਬੋਧਨ ਕਰਦਿਆਂ ਡੀ.ਐਸ.ਪੀ. ਸ੍ਰੀ ਬਚਨ ਸਿੰਘ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਪੁਲਿਸ ਜਾਂ ਸਰਕਾਰ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਮਾਜ ਦੇ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਵਿਦਆਰਥੀਆਂ ਨੂੰ ਮਾੜੀ ਸੰਗਤ ਤੋਂ ਦੂਰ ਰਹਿਣ, ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਹੋਰ ਰਚਨਾਤਮਕ ਗਤੀਵਿਧੀਆਂ ਵਿੱਚ ਭਾਗ ਲੈਣ ਅਤੇ ਆਪਣੇ ਸੁਨਹਿਰੀ ਭਵਿੱਖ ਲਈ ਨਸ਼ਿਆਂ ਤੋਂ ਪੂਰੀ ਤਰ੍ਹਾਂ ਦੂਰ ਰਹਿਣ ਦੀ ਅਪੀਲ ਕੀਤੀ।

ਇਸ ਮੌਕੇ ਏ.ਐਸ.ਆਈ. ਨਾਇਬ ਸਿੰਘ ਨੂਰੀ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਵਾਲਾ ਗੀਤ ਪੇਸ਼ ਕੀਤਾ ਗਿਆ।

ਇਸ ਮੌਕੇ ਮੁਰਾਰੀ ਲਾਲ ਮਾਸਟਰ, ਏ.ਐਸ.ਆਈ. ਸੁਖਮਿੰਦਰ ਸਿੰਘ, ਹੌਲਦਾਰ ਗੁਰਮੀਤ ਸਿੰਘ, ਹੌਲਦਾਰ ਜਗਸੀਰ ਸਿੰਘ, ਹੌਲਦਾਰ ਸੁਖਪਾਲ ਸਿੰਘ ਅਤੇ ਹੌਲਦਾਰ ਗੁਰਸੇਵਕ ਸਿੰਘ ਸਮੇਤ ਹੋਰ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਸ਼ਹਾਦਤ ਵਾਲੇ ਖੇਤਾਂ...



ਵਿਧਾਇਕ ਦੀ ਸ਼ਹਿ 'ਤੇ ਪਾਸ਼ ਯਾਦਗਾਰ 'ਤੇ ਕਬਜ਼ਾ ਜਮਾਉਣ ਦੀਆਂ ਕੋਸ਼ਿਸ਼ਾਂ ਦੀ ਨਿੰਦਾ ਕਰਦਾ ਤੇ ਯਾਦਗਾਰੀ ਕੰਪਲੈਕਸ ਨੂੰ ਪੰਜਾਬ ਸਰਕਾਰ ਵੱਲੋਂ ਬਕਾਇਦਾ ਯਾਦਗਾਰ ਐਲਾਨਣ ਦੀ ਕਾਨੂੰਨੀ ਪੇਸ਼ਬੰਦੀ ਕਰਨ ਦੀ ਮੰਗ ਕਰਦਾ ਮਤਾ ਪਾਸ ਕੀਤਾ। ਇਹ ਮਤਾ ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਦੇ ਮੈਂਬਰ ਡਾ. ਪਰਮਿੰਦਰ ਸਿੰਘ ਨੇ ਪੇਸ਼ ਕੀਤਾ। ਇਸ ਮਤੇ ਵਿੱਚ ਕਿਸਾਨ-ਮਜ਼ਦੂਰ ਕਾਰਕੁੰਨਾਂ 'ਤੇ ਹਮਲਾ ਬੋਲਣ ਤੇ ਜਾਤੀ ਸੂਚਕ ਸ਼ਬਦ ਵਰਤਣ ਵਾਲੇ ਵਿਅਕਤੀਆਂ ਖਿਲਾਫ ਐੱਸ ਸੀ/ਐੱਸ ਟੀ ਐਕਟ ਤਹਿਤ ਕੇਸ ਦਰਜ ਕਰਨ ਦੀ ਮੰਗ ਵੀ ਕੀਤੀ ਗਈ।ਉੱਘੇ ਕਵੀ ਸੁਰਜੀਤ ਜੱਜ ਤੇ ਪਾਸ਼ ਦੇ ਸੰਗੀ ਰਹੇ ਦੀਪ ਕਲੇਰ ਨੇ ਪਾਸ਼ ਦੀ ਯਾਦ ਨਾਲ ਜੁੜੀਆਂ ਨਜ਼ਮਾਂ ਪੇਸ਼ ਕੀਤੀਆਂ।ਅਮੋਲਕ ਸਿੰਘ ਦੀ ਮੰਚ ਸੰਚਾਲਨਾ 'ਚ ਹੋਏ ਸਮਾਗਮ ਦੀ ਸ਼ੁਰੂਆਤ ਪਾਸ਼ ਨਾਲ ਜੁੜੇ ਗੀਤਾਂ-ਕਵਿਤਾਵਾਂ ਰਾਹੀਂ ਹੋਈ।ਸੰਤ ਰਾਮ ਉਦਾਸੀ ਦੀ ਧੀ ਇਕਬਾਲ ਉਦਾਸੀ ਨੇ ਆਪਣੇ ਪਿਤਾ ਦਾ ਗੀਤ ਪੇਸ਼ ਕੀਤਾ।ਸਮਾਗਮ ਦੀ ਸਿਖਰ 'ਤੇ ਉੱਘੇ ਨਾਟਕਕਾਰ ਸਵਰਾਜਬੀਰ ਦਾ ਲਿਖਿਆ ਤੇ ਕੇਵਲ ਧਾਲੀਵਾਲ ਵੱਲੋਂ ਨਿਰਦੇਸ਼ਿਤ ਕੀਤਾ ਨਾਟਕ ਮੰਚ ਰੰਗ ਮੰਚ ਅੰਮ੍ਰਿਤਸਰ ਦੀ ਟੀਮ ਵੱਲੋਂ 'ਅਸੀਂ ਲੜਾਂਗੇ ਸਾਥੀ' ਪੇਸ਼ ਕੀਤਾ ਗਿਆ।ਪਾਸ਼ ਦੀਆਂ ਕਵਿਤਾਵਾਂ 'ਤੇ ਅਧਾਰਤ ਇਸ ਨਾਟਕ ਨੇ ਪਾਸ਼ ਦੀ ਅਜੋਕੇ ਦੌਰ ਅੰਦਰ ਪ੍ਰਸੰਗਿਕਤਾ ਦਾ ਕਲਾਮਈ ਦ੍ਰਿਸ਼ ਚਿੱਤਰ ਦਿੱਤਾ। ਇਸ ਨਾਟਕ ਨੇ ਸਮੁੱਚੇ ਇਕੱਠ ਨੂੰ ਆਪਣੇ ਨਾਲ ਜੋੜ ਲਿਆ। ਇਸ ਇਕੱਤਰਤਾ ਵਿੱਚ ਪੰਜਾਬ ਦੀਆਂ ਦਰਜਨਾਂ ਜਨਤਕ ਜਮਹੂਰੀ ਜਥੇਬੰਦੀਆਂ ਦੇ ਕਾਰਕੁੰਨ ਤੇ ਆਗੂ ਅਤੇ ਸਾਹਿਤਕ, ਸੱਭਿਆਚਾਰਕ ਸੰਸਥਾਵਾਂ ਦੇ ਨੁਮਾਇੰਦੇ ਪੁੱਜੇ ਹੋਏ ਸਨ।

### ਐੱਲ ਪੀ ਜੀ...

ਛੁਹਣਗੀਆਂ ਅਤੇ ਆਸਾਨੀ ਨਾਲ ਮਿਲਣ ਵਾਲੀ ਐੱਲ ਪੀ ਜੀ ਪ੍ਰਣਾਲੀ ਖ਼ਤਮ ਹੋ ਜਾਵੇਗੀ। ਮਾਨ ਨੇ ਕਿਹਾ ਕਿ ਦੇਸ਼ ਭਰ ਵਿੱਚ ਲਗਭਗ 33 ਕਰੋੜ ਐੱਲ ਪੀ ਜੀ ਖਪਤਕਾਰ ਹਨ ਅਤੇ ਕੇਂਦਰ ਸਰਕਾਰ ਨੇ ਹਾਲ ਹੀ ਵਿੱਚ 'ਪ੍ਰਧਾਨ ਮੰਤਰੀ ਉੱਜਵਲਾ ਯੋਜਨਾ' 'ਤੇ ਲਗਭਗ 45,000 ਕਰੋੜ ਰੁਪਏ ਖਰਚ ਕੀਤੇ ਹਨ। ਪੀ ਐੱਨ ਜੀ ਵੱਲ ਜ਼ਬਰਦਸਤੀ ਧੱਕੇ ਜਾਣ ਨਾਲ ਇਹ ਕਰੋੜਾਂ ਰੁਪਏ ਦਾ ਕੌਮੀ ਸਰਮਾਇਆ ਬਰਬਾਦ ਹੋ ਜਾਵੇਗਾ। ਇਸ ਤੋਂ ਇਲਾਵਾ ਐੱਲ ਪੀ ਜੀ ਪਲਾਂਟਾਂ, ਟਰਾਂਸਪੋਰਟੇਸ਼ਨ ਅਤੇ ਵੰਡ ਪ੍ਰਣਾਲੀ ਵਿੱਚ ਲੱਗੇ ਲੱਖਾਂ ਲੋਕ ਬੇਰੁਜ਼ਗਾਰ ਹੋ ਜਾਣਗੇ ਅਤੇ ਖਾਲੀ ਸਿਲੰਡਰਾਂ ਦੇ ਢੇਰ ਲੱਗ ਜਾਣਗੇ। ਮਾਨ ਨੇ ਦੱਸਿਆ ਕਿ ਲਗਭਗ 50 ਫੀਸਦੀ ਐੱਲ ਪੀ ਜੀ ਡਿਸਟ੍ਰੀਬਿਊਟਰ ਜੰਗੀ ਵਿਧਵਾਵਾਂ, ਦੇਸ਼ ਭਗਤਾਂ ਦੇ ਪਰਵਾਰਾਂ, ਅਪਾਹਜ ਸੈਨਿਕਾਂ ਅਤੇ ਸ਼ਹੀਦਾਂ ਦੇ ਵਾਰਸ ਹਨ, ਜਿਨ੍ਹਾਂ ਨੂੰ ਇਹ ਗੈਸ ਏਜੰਸੀਆਂ ਉਨ੍ਹਾਂ ਦੀਆਂ ਕੁਰਬਾਨੀਆਂ ਦੇ ਸਨਮਾਨ ਵਜੋਂ ਦਿੱਤੀਆਂ ਗਈਆਂ ਸਨ। ਸਰਕਾਰ ਦੇ ਇਸ ਕਦਮ ਨਾਲ ਨਾ ਕੇਵਲ ਉਨ੍ਹਾਂ ਦੀ ਰੋਜ਼ੀ-ਰੋਟੀ ਖੋਹੀ ਜਾ ਰਹੀ ਹੈ, ਸਗੋਂ ਇਹ ਉਨ੍ਹਾਂ ਦੀਆਂ ਦੇਸ਼ ਪ੍ਰਤੀ ਸੇਵਾਵਾਂ ਦਾ ਵੀ ਅਪਮਾਨ ਹੈ।

### ਸਾਉਦੀ ਸ਼ਹਿਜ਼ਾਦਾ...

ਪਤਨੀ ਅੰਮ੍ਰਿਤਾ ਫੜਨਵੀਸ ਨੇ ਕਿਹਾ ਕਿ ਉਸ ਨੂੰ ਤਿਉਹਾਰਾਂ ਵਿੱਚ ਮੁਸਲਮਾਨਾਂ ਦੇ ਸ਼ਾਮਲ ਹੋਣ ਵਿੱਚ ਕੋਈ ਸਮੱਸਿਆ ਨਹੀਂ ਦਿਖਾਈ ਦਿੰਦੀ। ਉਸ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ, 'ਮੈਨੂੰ ਲੱਗਦਾ ਹੈ ਕਿ ਸਾਡਾ ਤਿਉਹਾਰ ਸਭ ਨੂੰ ਸ਼ਾਮਲ ਕਰਦਾ ਹੈ... ਜੇ ਕੋਈ ਮੁਸਲਮਾਨ ਗਰਬਾ ਦਾ ਆਨੰਦ ਮਾਣਨਾ ਚਾਹੁੰਦਾ ਹੈ ਤਾਂ ਕੋਈ ਸਮੱਸਿਆ ਨਹੀਂ ਹੋਣੀ ਚਾਹੀਦੀ।' ਰਾਉਤ ਨੇ ਅੰਮ੍ਰਿਤਾ ਦੇ ਸਟੈਂਡ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਉਨ੍ਹਾ ਨੂੰ ਮੁੱਖ ਮੰਤਰੀ ਦੇ ਮੰਤਰੀ ਮੰਡਲ ਵਿੱਚ ਨਵ-ਹਿੰਦੂਤਵ ਲੋਕਾਂ ਨੂੰ ਸਲਾਹ ਦੇਣੀ ਚਾਹੀਦੀ ਹੈ। ਵੀ ਐੱਚ ਪੀ ਦੇ ਬੁਲਾਰੇ ਸ੍ਰੀਰਾਜ ਨਾਇਰ ਨੇ ਕਿਹਾ ਕਿ ਨਵਰਾਤਰੀ ਇੱਕ ਧਾਰਮਿਕ ਤਿਉਹਾਰ ਹੈ, ਜੋ ਦੇਵੀ ਪੂਜਾ 'ਤੇ ਕੇਂਦਰਤ ਹੈ ਅਤੇ ਹਿੰਦੂ ਸੱਭਿਆਚਾਰਕ ਪਰੰਪਰਾਵਾਂ ਨੂੰ ਕਮਜ਼ੋਰ ਹੋਣ ਤੋਂ ਰੋਕਣ ਲਈ ਅਜਿਹਾ ਫੈਸਲਾ ਜ਼ਰੂਰੀ ਸੀ। ਮੁਸਲਮਾਨ, ਜੋ ਮੂਰਤੀ ਪੂਜਾ ਦੇ ਵਿਰੁੱਧ ਹਨ, ਤਿਉਹਾਰ ਵਿੱਚ ਕਿਉਂ ਹਿੱਸਾ ਲੈਣ?

ਭਾਜਪਾ ਨੇਤਾ ਨਿਤੇਸ਼ ਰਾਣੇ ਨੇ ਵੀ ਐੱਚ ਪੀ ਦੇ ਸਟੈਂਡ ਦਾ ਸਮਰਥਨ ਕਰਦਿਆਂ ਕਿਹਾ ਕਿ ਅਜਿਹੇ ਤਿਉਹਾਰਾਂ ਦੌਰਾਨ ਲਵ ਜੇਹਾਦ ਦੇ ਮਾਮਲੇ ਵਧ ਜਾਂਦੇ ਹਨ ਅਤੇ ਉਨ੍ਹਾਂ ਨੇ ਹਾਜ਼ਰੀਨ ਨੂੰ ਪ੍ਰਵੇਸ਼ ਤੋਂ ਪਹਿਲਾਂ ਹਨੂੰਮਾਨ ਚਾਲੀਸਾ ਦਾ ਪਾਠ ਕਰਨ ਦਾ ਸੁਝਾਅ ਵੀ ਦਿੱਤਾ ਹੈ।

### ਦੇਸ਼ ਹਿੰਦੂ ਨਹੀਂ,...

ਇੱਕਜੁੱਟ ਹੋਈਏ।ਬਨੇਗਾ (ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਨੂੰਨ) ਜੋ ਦੇਸ਼ ਦੀ ਪਾਰਲੀਮੈਂਟ ਵਿੱਚ ਕਾਨੂੰਨੀ ਰੁਜ਼ਗਾਰ ਦੀ ਸਭਨਾਂ ਲੋੜਵੰਦਾਂ ਨੂੰ ਗਰੰਟੀ ਕਰੇ। ਪਾਰਟੀ ਦੇ ਐੱਮ ਐੱਲ ਸੀ ਨੇਲੀਕਾਂਤੀ ਸਤਯਮ ਨੇ ਕਿਹਾ ਜਨਤਕ ਖੇਤਰ ਦੇ ਅਦਾਰਿਆਂ ਦੇ ਨਿੱਜੀਕਰਨ ਨੂੰ ਖਤਮ ਕਰਨ ਦੀ ਮੰਗ ਕੀਤੀ ਅਤੇ ਰੇਲਵੇ, ਬੈਂਕਿੰਗ, ਰੱਖਿਆ, ਸਿੱਖਿਆ, ਸਿਹਤ ਸੰਭਾਲ, ਆਵਾਜਾਈ ਅਤੇ ਉਦਯੋਗਾਂ ਵਿੱਚ ਵੱਡੀ ਗਿਣਤੀ ਵਿੱਚ ਸਥਾਈ ਨੌਕਰੀਆਂ ਪੈਦਾ ਕਰਨ ਦੀ ਮੰਗ ਕੀਤੀ।ਤੇਲੰਗਾਨਾ ਦੇ ਸੂਬਾ ਪ੍ਰਧਾਨ ਵਲੀ ਉੱਲਾ ਕਾਦਰੀ ਅਤੇ ਸਕੱਤਰ ਕਲੂਰੂ ਧਰਮਿੰਦਰ ਨੇ ਕਿਹਾ ਕਿ ਮੌਜੂਦਾ ਪੀੜ੍ਹੀ ਨੇ ਭਾਵੇਂ 1947 ਦੇ ਆਜ਼ਾਦੀ ਸੰਗਰਾਮ ਨੂੰ ਨਹੀਂ ਦੇਖਿਆ ਜਾਂ ਹਿੱਸਾ ਨਹੀਂ ਲਿਆ, ਪਰ 2026 ਵਿੱਚ ਰਾਸ਼ਟਰੀ ਰਾਜਧਾਨੀ ਦਿੱਲੀ ਵਿੱਚ ਹੋਏ ਸੰਘਰਸ਼ ਨੇ ਲੋਕਾਂ ਨੂੰ ਇੱਕ ਹੋਰ ਆਜ਼ਾਦੀ ਸੰਗਰਾਮ ਦੀ ਯਾਦ ਦਿਵਾਈ।ਉਨ੍ਹਾ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਜਿਨ੍ਹਾ 12 ਸਾਲਾਂ ਤੱਕ ਆਪਣੀ 56 ਇੰਚ ਦੀ ਛਾਤੀ ਅਤੇ ਭਾਰਤ ਦੇ ਵਿਸ਼ਵ ਗੁਰੂ ਵਜੋਂ ਉਭਰਨ ਦਾ ਮਾਣ ਕੀਤਾ ਸੀ, ਨੂੰ ਸੜਕਾਂ 'ਤੇ ਉਤਰਨ ਵਾਲੇ ਵਿਦਿਆਰਥੀਆਂ ਅਤੇ ਨੌਜਵਾਨਾਂ ਦੇ ਵਧਦੇ ਗੁੱਸੇ ਦਾ ਸਾਹਮਣਾ ਕਰਨ ਲਈ ਮਜਬੂਰ ਹੋਣਾ ਪਿਆ।ਹੋਰਨਾਂ ਤੋਂ ਇਲਾਵਾ ਨੇਰਲਕਾਂਤੀ, ਨਾਨਾਬਾਲਾ ਰਾਮਕ੍ਰਿਸ਼ਨ, ਲਿੰਗਮ ਰਵੀ, ਤ੍ਰਿਪਤੀ ਵੈਂਕਟੇਸ਼ਵਰਲੂ, ਕੁਨੰਥਲਾ ਸ਼ੰਕਰ, ਟੀ. ਸੱਤਿਆ ਪ੍ਰਸਾਦ, ਸ਼੍ਰੀਮਾਨ, ਯੁਗੰਧਰ ਅਤੇ ਚੇਪੁਰੀ ਕੋਂਡਲ ਨੇ ਵੀ ਸੰਬੋਧਨ ਕੀਤਾ।

### ਕੋਰਟ ਨੇ ਡਾ. ਗੁਰਪ੍ਰੀਤ ਕੌਰ...

ਨੇ ਵੀ ਚੰਡੀਗੜ੍ਹ ਵਿੱਚ ਆਪਣੇ ਵੱਲੋਂ ਬੁਲਾਈ ਗਈ ਪ੍ਰੈੱਸ ਕਾਨਫਰੰਸ ਵਿੱਚ ਪਟੀਸ਼ਨਰ ਦੇ ਅਕਸ ਨੂੰ ਖਰਾਬ ਕਰਨ ਲਈ ਮੁਹਿੰਮ ਸ਼ੁਰੂ ਕੀਤੀ ਸੀ, ਜਿਸ ਦਾ ਪ੍ਰਸਾਰਨ ਐੱਕਸ, ਫੇਸਬੁਕ, ਇੰਸਟਾਗ੍ਰਾਮ ਅਤੇ ਯੂਟਿਊਬ 'ਤੇ ਵੀ ਅਪਲੋਡ ਕੀਤਾ ਗਿਆ ਹੈ। ਉਸ ਨੇ ਆਪਣੇ ਵਕੀਲ ਰਾਹੀਂ ਪ੍ਰਤੀਵਾਦੀਆਂ ਨੂੰ ਕਾਨੂੰਨੀ ਨੋਟਿਸ ਵੀ ਭੇਜਿਆ ਸੀ, ਪਰ ਬਦਨਾਮ ਕਰਨ ਵਾਲੇ ਬਿਆਨਾਂ ਨੂੰ ਵਾਪਸ ਨਹੀਂ ਲਿਆ ਗਿਆ। ਅਦਾਲਤ ਨੇ ਹੁਕਮਾਂ ਵਿੱਚ ਕਿਹਾ ਕਿ ਅਦਾਲਤ ਇਸ ਵਿਚਾਰ ਦੀ ਹੈ ਕਿ ਪਟੀਸ਼ਨਰ ਆਪਣੇ ਹੱਕ ਵਿੱਚ ਮੁੱਢਲਾ ਕੇਸ ਬਣਾਉਣ ਵਿੱਚ ਕਾਮਯਾਬ ਰਹੀ ਹੈ। ਮੌਜੂਦਾ ਸਮੇਂ ਵਿੱਚ ਪ੍ਰਤੀਵਾਦੀਆਂ ਵੱਲੋਂ ਪਟੀਸ਼ਨਰ ਖਿਲਾਫ ਪਾਏ ਗਏ ਸਾਰੇ ਪੋਸਟ, ਵੀਡੀਓ ਅਤੇ ਤਸਵੀਰਾਂ ਕਿਸੇ ਵੀ ਠੋਸ ਸਬੂਤ 'ਤੇ ਅਧਾਰਤ ਨਹੀਂ ਜਾਪਦੇ। ਇਸ ਲਈ ਅਦਾਲਤ ਮੁੱਢਲੇ ਤੌਰ 'ਤੇ ਮੰਨਦੀ ਹੈ ਕਿ ਪ੍ਰਤੀਵਾਦੀਆਂ ਨੇ ਪੋਸਟਾਂ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕੀਤੇ ਬਿਨਾਂ ਪੂਰੀ ਤਰ੍ਹਾਂ ਅਸਵੀਕਾਰਨਯੋਗ ਸਮੱਗਰੀ 'ਤੇ ਆਧਰਤ ਜਾਣਕਾਰੀ ਪੋਸਟ ਕਰਨ ਦੀ ਚੋਣ ਕੀਤੀ, ਕਿਉਂਕਿ ਜਿਸ ਵਿਅਕਤੀ 'ਤੇ ਪਟੀਸ਼ਨਰ ਨਾਲ ਵਿਚੋਲਗੀ ਕਰਨ ਦਾ ਦੋਸ਼ ਲਾਇਆ ਗਿਆ ਸੀ, ਉਹ ਵੀ ਬਾਅਦ ਵਿੱਚ ਹੁਣ ਹੋਸਟਾਈਲ (ਮੁੱਕਰ) ਹੋ ਚੁੱਕਾ ਹੈ। ਇਨ੍ਹਾਂ ਪੋਸਟਾਂ 'ਤੇ ਕਈ ਵਿਊਜ਼ ਪਹਿਲਾਂ ਹੀ ਆ ਚੁੱਕੇ ਹੋਣਗੇ। ਇਹ ਗੱਲ ਚੰਗੀ ਤਰ੍ਹਾਂ ਤੈਅ ਹੈ ਕਿ ਇੱਜ਼ਤ ਹਰ ਵਿਅਕਤੀ ਦੀ ਮਾਣ-ਮਰਿਆਦਾ ਦਾ ਅਨਿੱਖੜਵਾਂ ਅੰਗ ਹੈ ਅਤੇ ਬੋਲਣ ਦੀ ਆਜ਼ਾਦੀ ਅਤੇ ਪ੍ਰਗਟਾਵੇ ਦੀ ਆਜ਼ਾਦੀ ਦੇ ਅਧਿਕਾਰ ਨੂੰ ਇੱਜ਼ਤ ਦੇ ਅਧਿਕਾਰ ਦੇ ਨਾਲ ਸੰਤੁਲਤ ਕਰਨ ਦੀ ਲੋੜ ਹੈ। ਮੌਜੂਦਾ ਮਾਮਲੇ ਵਿੱਚ, ਜੇ ਪ੍ਰਤੀਵਾਦੀਆਂ ਦੀ ਬੋਲਣ ਅਤੇ ਪ੍ਰਗਟਾਵੇ ਦੀ ਆਜ਼ਾਦੀ ਨੂੰ ਪਟੀਸ਼ਨਰ ਦੀ ਬਦਨਾਮੀ ਨੂੰ ਰੋਕਣ ਲਈ ਨਿਯੰਤਰਤ ਨਹੀਂ ਕੀਤਾ ਜਾਂਦਾ ਹੈ, ਤਾਂ ਉਸ ਨੂੰ ਇਸ ਤੱਥ ਦੇ ਕਾਰਨ ਅਪੂਰਵ ਨੁਕਸਾਨ ਉਠਾਉਣਾ ਪਵੇਗਾ ਕਿ ਉਹ ਮੁੱਖ ਮੰਤਰੀ ਦੀ ਪਤਨੀ ਵਜੋਂ ਇੱਕ ਉੱਘੀ ਜਨਤਕ ਸ਼ਖ਼ਸੀਅਤ ਹੈ ਅਤੇ ਪ੍ਰਤੀਵਾਦੀਆਂ ਨੂੰ ਨੋਟਿਸ ਜਾਰੀ ਕਰਨ ਨਾਲ ਉਸ ਨੂੰ ਹੋਰ ਨੁਕਸਾਨ ਹੋਵੇਗਾ। ਇਸ ਲਈ ਸਹੂਲਤ ਦਾ ਸੰਤੁਲਨ ਉਸ ਦੇ ਪੱਖ ਵਿੱਚ ਹੈ। ਇਸ ਤੋਂ ਇਲਾਵਾ, ਜੇ ਪ੍ਰਤੀਵਾਦੀਆਂ ਨੂੰ ਬਲਾਤਕਾਰ ਦੇ ਕੇਸ ਵਿੱਚ ਬਿਨਾਂ ਕਿਸੇ ਪੁਸ਼ਟੀ ਦੇ ਰਿਸ਼ਵਤ ਦੀ ਮੰਗ ਦੇ ਕਥਿਤ ਦੋਸ਼ਾਂ ਨਾਲ ਸੰਬੰਧਤ ਪਟੀਸ਼ਨਰ ਖਿਲਾਫ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਬਦਨਾਮੀ ਵਾਲੀਆਂ ਟਿੱਪਣੀਆਂ ਪੋਸਟ ਕਰਨ ਤੋਂ ਰੋਕਿਆ ਜਾਂਦਾ ਹੈ, ਤਾਂ ਉਨ੍ਹਾਂ ਨੂੰ ਕੋਈ ਅਪੂਰਨ ਨੁਕਸਾਨ ਨਹੀਂ ਹੋਵੇਗਾ। ਇਸ ਤਰ੍ਹਾਂ ਉਪਰੋਕਤ ਸਿੱਟੇ ਵਜੋਂ, ਪ੍ਰਤੀਵਾਦੀਆਂ ਨੂੰ ਅਦਾਲਤ ਦੇ ਅਗਲੇ ਹੁਕਮਾਂ ਤੱਕ ਸੋਸ਼ਲ ਮੀਡੀਆ ਪਲੇਟਫਾਰਮਾਂ ਜਾਂ ਕਿਸੇ ਹੋਰ ਮਾਧਿਅਮ 'ਤੇ ਪਟੀਸ਼ਨਰ ਦੇ ਹਿੱਤਾਂ ਨੂੰ ਨੁਕਸਾਨ ਪਹੁੰਚਾਉਣ ਵਾਲੀ ਰਿਸ਼ਵਤ ਦੀ ਕਥਿਤ ਮੰਗ ਨਾਲ ਸੰਬੰਧਤ ਕੋਈ ਵੀ ਅਸਵੀਕਾਰਨਯੋਗ ਬਦਨਾਮੀ ਵਾਲੀ ਸਮੱਗਰੀ ਪ੍ਰਕਾਸ਼ਤ ਕਰਨ, ਫੈਲਾਉਣ ਜਾਂ ਬਣਾਉਣ ਤੋਂ ਆਰਜ਼ੀ ਤੌਰ 'ਤੇ ਰੋਕਿਆ ਜਾਂਦਾ ਹੈ। ਜਿੱਥੋਂ ਤੱਕ ਉਕਤ ਸਾਰੀਆਂ ਪੋਸਟਾਂ, ਵੀਡੀਓ ਅਤੇ ਤਸਵੀਰਾਂ ਨੂੰ ਹਟਾਉਣ, ਡਿਲੀਟ ਕਰਨ ਅਤੇ ਹਟਾਉਣ ਦੀਆਂ ਹੋਰ ਅਰਜ਼ੀਆਂ ਦਾ ਸੰਬੰਧ ਹੈ, ਅਦਾਲਤ ਅੱਗੇ ਦੀ ਕਾਰਵਾਈ ਲਈ ਪਹਿਲਾਂ ਪ੍ਰਤੀਵਾਦੀਆਂ ਨੂੰ ਨੋਟਿਸ ਜਾਰੀ ਕਰਨਾ ਉਚਿਤ ਸਮਝਦੀ ਹੈ। ਇਸ ਤੋਂ ਇਲਾਵਾ, ਜੇ ਇਹ ਹੁਕਮ ਅਦਾਲਤ ਵੱਲੋਂ ਪ੍ਰਤੀਵਾਦੀਆਂ ਦੀ ਗਵਾਹੀ ਸੁਣੇ ਬਿਨਾਂ ਸ਼ੁਰੂ ਵਿੱਚ ਹੀ ਪਾਸ ਕਰ ਦਿੱਤਾ ਜਾਂਦਾ, ਤਾਂ ਇਹ ਮੁੱਖ ਮੁਕੱਦਮੇ ਵਿੱਚ ਮੰਗੀ ਗਈ ਮੁੱਖ ਰਾਹਤ ਦੇਣ ਦੇ ਬਰਾਬਰ ਹੁੰਦਾ, ਜੋ ਕਿ ਜਾਇਜ਼ ਨਹੀਂ ਹੈ।

### ਨਸ਼ੇ ਕਾਂਗਰਸ, ਅਕਾਲੀ...

ਅਨੁਸਾਰ ਕਰਨ ਦਾ ਫ਼ੈਸਲਾ ਕੀਤਾ ਸੀ, ਫਿਰ ਵੀ ਵਿਰੋਧੀ ਧਿਰ ਦੇ ਆਗੂ ਮੌਕੇ 'ਤੇ ਪਹੁੰਚ ਗਏ ਅਤੇ ਸਥਿਤੀ ਨੂੰ ਸਿਆਸੀ ਰੰਗਤ ਦੇਣ ਦੀ ਕੋਸ਼ਿਸ਼ ਕੀਤੀ। ਉਨ੍ਹਾ ਦੱਸਿਆ ਕਿ ਸਥਾਨਕ ਲੋਕਾਂ ਨੇ ਖ਼ੁਦ ਸਿਆਸੀ ਆਗੂਆਂ ਦੀ ਮੌਜੂਦਗੀ ਦਾ ਵਿਰੋਧ ਕੀਤਾ ਅਤੇ ਉਨ੍ਹਾਂ ਨੂੰ ਉੱਥੋਂ ਜਾਣ ਲਈ ਕਿਹਾ। ਲੋਕਾਂ ਨੇ ਸਾਫ਼ ਕਰ ਦਿੱਤਾ ਕਿ ਉਨ੍ਹਾਂ ਦੀ ਆਪਣੀ ਕਮੇਟੀ ਬਣ ਚੁੱਕੀ ਹੈ ਅਤੇ ਉਹ ਮਾਮਲੇ ਨੂੰ ਆਪ ਨਜਿੱਠਣਗੇ।ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਪਿਛਲੀਆਂ ਕਾਂਗਰਸ ਅਤੇ ਅਕਾਲੀ-ਬੀ ਜੇ ਪੀ ਸਰਕਾਰਾਂ ਦੀ ਦੇਣ ਹੈ, ਜਦਕਿ ਮੌਜੂਦਾ 'ਆਪ' ਸਰਕਾਰ ਨਸ਼ਾ ਤਸਕਰਾਂ ਦੇ ਨੈੱਟਵਰਕ ਨੂੰ ਤਬਾਹ ਕਰਨ ਲਈ ਕੰਮ ਕਰ ਰਹੀ ਹੈ। ਉਨ੍ਹਾ ਕਿਹਾ, 'ਰਾਹੁਲ ਗਾਂਧੀ ਜੀ, ਪੰਜਾਬ ਆਓ। ਉਸ ਪਿੰਡ ਆ ਕੇ ਖ਼ੁਦ ਸਥਿਤੀ ਵੇਖੋ। ਲੋਕਾਂ ਨਾਲ ਗੱਲ ਕਰੋ ਅਤੇ ਸਮਝੋ ਕਿ ਉਹ ਕੀ ਚਾਹੁੰਦੇ ਹਨ ਅਤੇ ਕੀ ਕਹਿ ਰਹੇ ਹਨ। ਦਿੱਲੀ ਵਿੱਚ ਬੈਠ ਕੇ ਬਿਆਨਬਾਜ਼ੀ ਕਰਨ ਨਾਲ ਜ਼ਮੀਨੀ ਹਕੀਕਤ ਦਾ ਪਤਾ ਨਹੀਂ ਲੱਗਦਾ।'

### ਕਿਸੇ ਮੰਤਰੀ-ਵਿਧਾਇਕ ...

ਵਿਅਕਤੀ ਦੀ ਮੌਤ ਨਾਲ ਕੋਈ ਲੈਣਾ-ਦੇਣਾ ਨਹੀਂ ਅਤੇ ਤੁਸੀਂ ਇਸ ਤਰ੍ਹਾਂ ਦੀ ਗੰਦੀ ਰਾਜਨੀਤੀ ਨਾ ਕਰੋ।

ਦੂਜੇ ਪਾਸੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਐੱਕਸ' 'ਤੇ ਰਾਹੁਲ ਗਾਂਧੀ ਨੂੰ ਕਿਹਾ ਕਿ ਲਾਸ਼ਾਂ 'ਤੇ ਰਾਜਨੀਤੀ ਨਾ ਕਰੋ, ਪੰਜਾਬੀ ਇਸ ਤਰ੍ਹਾਂ ਦੀ ਰਾਜਨੀਤੀ ਪਸੰਦ ਨਹੀਂ ਕਰਦੇ।ਸੀ ਐੱਮ ਨੇ ਇੱਕ ਵੀਡੀਓ ਸਾਂਝੀ ਕਰਕੇ ਰਾਹੁਲ ਗਾਂਧੀ ਨੂੰ ਕਿਹਾ ਕਿ ਇਹ ਦੇਖੋ ਕਾਂਗਰਸ ਦੇ ਨੇਤਾ ਜਦੋਂ ਪੀੜਤ ਦੇ ਪਿੰਡ ਜਾ ਕੇ ਵੀ ਗੰਦੀ ਰਾਜਨੀਤੀ ਕਰਨ ਦਾ ਯਤਨ ਕਰ ਰਹੇ ਸਨ, ਤਾਂ ਲੋਕਾਂ ਨੇ ਉਨ੍ਹਾਂ ਨੂੰ ਉੱਥੋਂ ਭਜਾ ਦਿੱਤਾ।ਮਾਨ ਨੇ ਕਿਹਾ ਕਿ ਇਸ ਮਾਮਲੇ ਵਿੱਚ ਸਾਰੇ ਮੁਲਜ਼ਮਾਂ ਨੂੰ ਪਰਵਾਰ ਦੀ ਨਿਸ਼ਾਨਦੇਹੀ 'ਤੇ ਪਹਿਲਾਂ ਹੀ ਪੁਲਸ ਨੇ ਫੜ ਲਿਆ ਹੈ।ਪੰਜਾਬ ਵਿੱਚ ਨਸ਼ਾ ਫੈਲਾਉਣ ਦੀਆਂ ਜ਼ਿੰਮੇਵਾਰ ਅਕਾਲੀ, ਭਾਜਪਾ ਅਤੇ ਕਾਂਗਰਸ ਸਰਕਾਰਾਂ ਰਹੀਆਂ ਹਨ।ਮੇਰੀ ਸਰਕਾਰ ਵਿੱਚ ਕਿਸੇ ਵੀ ਨਸ਼ਾ ਤਸਕਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਆਮ ਆਦਮੀ ਪਾਰਟੀ ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਨੇ ਵੀ ਸੋਸ਼ਲ ਮੀਡੀਆ 'ਐੱਕਸ' 'ਤੇ ਰਾਹੁਲ ਗਾਂਧੀ ਵੱਲੋਂ ਫੈਲਾਏ ਜਾ ਰਹੇ ਝੂਠ 'ਤੇ ਕਰੜੀ ਪ੍ਰਤੀਕਿਰਿਆ ਦਿੱਤੀ। ਉਨ੍ਹਾ ਕਿਹਾ ਕਿ ਸੱਜਣ ਕੁਮਾਰ ਨੂੰ ਰੋਲ ਮਾਡਲ ਮੰਨਣ ਵਾਲੇ ਰਾਹੁਲ ਗਾਂਧੀ ਜੀ, ਤੁਹਾਨੂੰ ਇੱਕ ਗਰੀਬ ਦਲਿਤ ਮਜ਼ਦੂਰ ਦੀ ਲਾਸ਼ 'ਤੇ ਝੂਠ ਬੋਲਦੇ ਹੋਏ ਸ਼ਰਮ ਨਹੀਂ ਆਈ?

ਸਿਸੋਦੀਆ ਨੇ ਕਿਹਾ ਕਿ ਗੁਲਜ਼ਾਰ ਸਿੰਘ ਦਾ ਬੇਟਾ ਕੈਮਰੇ ਦੇ ਸਾਹਮਣੇ ਕਹਿ ਰਿਹਾ ਹੈ—ਮੇਰੇ ਪਿਤਾ 'ਤੇ ਮੰਤਰੀ ਨੇ ਕੋਈ ਦਬਾਅ ਨਹੀਂ ਬਣਾਇਆ। ਤੁਸੀਂ ਬੇਟੇ ਦੀ ਗੱਲ ਨਹੀਂ ਸੁਣੀ, ਐੱਫ ਆਈ ਆਰ ਨਹੀਂ ਪੜ੍ਹੀ। ਬੱਸ ਇੱਕ ਮਰਦੇ ਹੋਏ ਆਦਮੀ ਦੀ ਵੀਡੀਓ ਚੁੱਕੀ ਅਤੇ ਪੰਜਾਬ ਸਰਕਾਰ 'ਤੇ ਹਮਲਾ ਬੋਲ ਦਿੱਤਾ। ਨਸ਼ਾ ਰੋਕਣ ਦੇ ਨਾਂਅ 'ਤੇ ਰਾਜਨੀਤੀ ਕਰਦੇ ਹੋ, ਇੱਕ ਮਜ਼ਦੂਰ ਦੀ ਮੌਤ ਨੂੰ ਵੀ ਵੋਟ ਦੀ ਦੁਕਾਨ ਬਣਾ ਦਿੱਤਾ, ਸ਼ਰਮ ਕਰੋ। ਮ੍ਰਿਤਕ ਦੀ ਆਤਮਾ ਤੋਂ ਤਾਂ ਬਾਅਦ ਦੀ ਗੱਲ ਹੈ, ਤੁਹਾਨੂੰ ਉਨ੍ਹਾ ਦੇ ਬੇਟੇ ਤੋਂ ਤੁਰੰਤ ਮਾਫ਼ੀ ਮੰਗਣੀ ਚਾਹੀਦੀ ਹੈ।

## ਅਵਾਰਾ ਪਸ਼ੂਆਂ ਨੂੰ ਗਊਸ਼ਾਲਾਵਾਂ 'ਚ ਪਹੁੰਚਾਇਆ ਜਾਵੇ : ਡੀ ਸੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਸ੍ਰੀ ਅਮਿਤ ਕੁਮਾਰ ਪੰਚਾਲ ਵੱਲੋਂ ਸ਼ਹਿਰ ਦੇ ਵਪਾਰੀਆਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਸਬੰਧੀ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਸ਼ਹਿਰ ਵਿੱਚ ਸਾਫ-ਸਫਾਈ, ਸਟਰੀਟ ਲਾਈਟਾਂ, ਸੀ.ਸੀ.ਟੀ.ਵੀ. ਕੈਮਰਿਆਂ, ਬੇਸਹਾਰਾ ਪਸ਼ੂਆਂ ਅਤੇ ਮੰਡੀਆਂ ਵਿੱਚ ਸਾਫ-ਸਫਾਈ ਪ੍ਰਬੰਧਾਂ ਸਮੇਤ ਹੋਰ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕਰਦਿਆਂ ਸਬੰਧਿਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ ਨਿਰਦੇਸ਼ ਵੀ ਦਿੱਤੇ।ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਬੰਧਤ ਪੋਰਟਲ 'ਤੇ ਪੈਂਡਿੰਗ ਪਈਆਂ ਸ਼ਿਕਾਇਤਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾਵੇ ਅਤੇ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਕਿਸੇ ਕਿਸਮ ਦੀ ਦੇਰੀ ਨਾ ਕੀਤੀ ਜਾਵੇ।ਉਨ੍ਹਾਂ ਜ਼ਿਲ੍ਹੇ ਅਧੀਨ ਪੈਂਦੇ ਸ਼ਹਿਰਾਂ ਵਿੱਚ ਸਾਫ-ਸਫਾਈ ਦੇ ਪ੍ਰਬੰਧਾਂ, ਸਟਰੀਟ ਲਾਈਟਾਂ ਅਤੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਰੋਜ਼ਾਨਾ ਚੈਕਿੰਗ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਅਤੇ ਵਪਾਰੀਆਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਸਬੰਧਤ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ।ਡਿਪਟੀ ਕਮਿਸ਼ਨਰ ਨੇ ਈ.ਓ. ਨੂੰ ਹਦਾਇਤ ਕੀਤੀ ਕਿ ਸ਼ਹਿਰ ਵਿੱਚ ਘੁੰਮ ਰਹੇ ਬੇਸਹਾਰਾ ਪਸ਼ੂਆਂ ਨੂੰ ਗਊਸ਼ਾਲਾਵਾਂ ਤੱਕ ਪਹੁੰਚਾਉਣ ਦੀ ਕਾਰਵਾਈ ਨੂੰ ਯਕੀਨੀ ਬਣਾਇਆ ਜਾਵੇ, ਤਾਂ ਜੋ ਆਵਾਜਾਈ ਅਤੇ ਆਮ ਲੋਕਾਂ ਦੀ ਸੁਰੱਖਿਆ ਸਬੰਧੀ ਸਮੱਸਿਆਵਾਂ ਤੋਂ ਬਚਿਆ ਜਾ ਸਕੇ।ਇਸ ਮੌਕੇ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਵਨੀਤ ਜਿੰਦਲ ਮੋਂਟੀ, ਐਸ.ਡੀ.ਐਮ. ਸ੍ਰੀ ਮੁਕਤਸਰ ਸਾਹਿਬ ਗੁਰਕਿਰਨਦੀਪ ਸਿੰਘ, ਐਸਪੀ (ਐਚ) ਗੁਰਿੰਦਰਜੀਤ ਸਿੰਘ, ਕੁਲਵਿੰਦਰ ਕੰਡਾ ਚੇਅਰਮੈਨ ਵਿਧਾਨ ਸਭਾ ਟਰੇਡਰਜ਼ ਕਮਿਸ਼ਨ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।

## ਕਬੱਡੀ ਕੱਪ ਚੀਮਾ ਮੰਡੀ ਦਾ ਪੋਸਟਰ ਹੋਇਆ ਰਿਲੀਜ਼



**ਚੀਮਾ ਮੰਡੀ (ਰਵਿੰਦਰ ਚੀਮਾ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਚੀਮਾ ਮੰਡੀ ਵਿਖੇ ਬਾਬਾ ਭੋਲਾ ਗਿਰ ਸਪੋਰਟਸ ਕਲੱਬ ਵੱਲੋਂ ਬਾਬਾ ਭੋਲਾ ਗਿਰਾ ਦੀਆਂ ਸਮਾਧਾਂ 'ਤੇ ਕਬੱਡੀ ਕੱਪ 17-18 ਸਤੰਬਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਡਾਕਟਰ ਰਵਿੰਦਰ ਬਾਂਸਲ ਚੇਅਰਮੈਨ ਮਾਡਰਨ ਕਾਲਜ ਬੀਰ ਕਲਾਂ ਨੇ ਕਬੱਡੀ ਕੱਪ ਦਾ ਪੋਸਟਰ ਰਿਲੀਜ਼ ਕੀਤਾ । ਉਹਨਾਂ ਕਿਹਾ ਕਿ ਖੇਡਾਂ ਮਨੁੱਖੀ ਜੀਵਨ ਦਾ ਇੱਕ ਜਰੂਰੀ ਅੰਗ ਹਨ। ਇਸ ਮੌਕੇ ਕਲੱਬ ਪ੍ਰਧਾਨ ਕਾਕਾ ਸਿੰਘ ਧਾਲੀਵਾਲ ਨੇ ਕਿਹਾ ਕਿ 17 ਸਤੰਬਰ ਨੂੰ 65 ਕਿਲੋ ਵਜਣ ਦੇ ਮੈਚ ਕਰਵਾਏ ਜਾਣਗੇ ਅਤੇ 18 ਸਤੰਬਰ ਨੂੰ ਓਪਨ ਕਬੱਡੀ ਦੇ ਮੈਚ ਕਰਵਾਏ ਜਾਣਗੇ ਜਿਸ ਦੇ ਵਿੱਚ ਫਸਟ ਆਉਣ ਵਾਲੀ ਟੀਮ ਨੂੰ ਇਕ ਲੱਖ ਰੁਪਏ ਦਾ ਇਨਾਮ ਅਤੇ ਦੂਸਰੇ ਨੰਬਰ 'ਤੇ ਆਉਣ ਵਾਲੀ ਟੀਮ ਨੂੰ 75000 ਦਾ ਨਕਦ ਨਾਮ ਦੇ ਕੇ ਸਨਮਾਨਿਤ ਕੀਤਾ ਜਾਵੇਗਾ।ਇਸ ਤੋਂ ਬਿਨਾਂ ਬੈਸਟ ਰੇਡਰ ਅਤੇ ਵੈਸਟ ਜਾਫੀ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ।ਇਸ ਮੌਕੇ ਅਮਰੀਕ ਸਿੰਘ, ਕੁਲਵਿੰਦਰ ਸਿੰਘ, ਕਾਲਾ ਔਲਖ ਤੇ ਸਤਿਗੁਰ ਸਿੰਘ ਵਾਲੀਆ ਮਿੱਠਾ ਮਾਨ ਹਾਜ਼ਰ ਸਨ

## ਸੇਖੋਂ ਨੇ ਸਰਹਿੰਦ ਨਹਿਰ ਦਾ ਜਾਇਜ਼ਾ ਲਿਆ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਪਿੰਡ ਭੋਲੂਵਾਲਾ ਵਿਖੇ ਸਰਹਿੰਦ ਨਹਿਰ ਵਿੱਚੋਂ ਪਾਣੀ ਲੀਕ ਹੋਣ ਦੀ ਖ਼ਬਰ ਸੁਣਦਿਆਂ ਹੀ ਮੌਕੇ 'ਤੇ ਪਹੁੰਚ ਕੇ ਜਾਇਜ਼ਾ ਲਿਆ।ਉਨ੍ਹਾਂ ਦੱਸਿਆ ਕਿ ਲੀਕੇਜ ਦੇ ਕਾਰਨਾਂ ਦਾ ਪਤਾ ਲਗਾਇਆ ਜਾ ਰਿਹਾ ਹੈ ਅਤੇ ਸਰਹਿੰਦ ਨਹਿਰ ਵਿੱਚ ਪਾਣੀ ਦੀ ਮਾਤਰਾ ਵੀ ਘਟਾ ਦਿੱਤੀ ਹੈ।ਉਨ੍ਹਾਂ ਦੱਸਿਆ ਕਿ ਇਸ ਸਮੇਂ ਡਿੱਗੀ ਬਣਾ ਕੇ ਬੰਨ ਲਾਇਆ ਜਾ ਰਿਹਾ ਹੈ ਜਿਸ ਨਾਲ ਪਾਣੀ ਦੀ ਲੀਕੇਜ ਬੰਦ ਹੋ ਜਾਵੇਗੀ।ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਮੌਕੇ 'ਤੇ ਮੌਜੂਦ ਹੈ ਅਤੇ ਆਈ ਸਮੱਸਿਆ ਨੂੰ ਨਜਿੱਠਣ ਲਈ ਕੰਮ ਕੀਤਾ ਜਾ ਰਿਹਾ ਹੈ।ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਇਸ ਸਮੱਸਿਆ ਨੂੰ ਜਲਦ ਹੀ ਹੱਲ ਕਰ ਲਿਆ ਜਾਵੇਗਾ।ਇਸ ਮੌਕੇ ਚੇਅਰਮੈਨ ਬਲਾਕ ਸੰਮਤੀ ਸਰਬਜੀਤ ਸਿੰਘ ਬਰਾੜ, ਐਕਸੀਅਨ ਗੁਰਵੀਨ ਸਿੰਘ, ਜਗਜੀਤ ਸਿੰਘ, ਸਿਕੰਦਰ ਸਿੰਘ ਭੋਲੂਵਾਲਾ, ਗੁਰਸੇਵਕ ਸਿੰਘ ਭੋਲੂਵਾਲਾ, ਗੁਰਪ੍ਰੀਤ ਸਿੰਘ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

## ਰਵਿਦਾਸ ਮਹਾਰਾਜ ਦੇ ਜੀਵਨ 'ਤੇ ਆਧਾਰਤ ਦਿਖਾਈ ਦਸਤਾਵੇਜ਼ੀ ਫਿਲਮ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੂਬਾ ਭਰ ਵਿੱਚ ਕਰਵਾਏ ਜਾ ਰਹੇ ਵੱਖ-ਵੱਖ ਸਮਾਗਮਾਂ ਦੀ ਲੜੀ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ, ਫਲਸਫੇ ਅਤੇ ਮਹਾਨ ਸਿੱਖਿਆਵਾਂ 'ਤੇ ਆਧਾਰਿਤ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਉਣ ਦਾ ਸਿਲਸਲਾ ਲਗਾਤਾਰ ਜਾਰੀ ਹੈ।ਵਿਧਾਨ ਸਭਾ ਹਲਕਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਥਾਂਦੇਵਾਲਾ ਦੀ ਬਸਤੀ ਦਸਮੇਸ਼ ਨਗਰ, ਬਸਤੀ ਮੱਲ ਸਿੰਘ ਅਤੇ ਪਿੰਡ ਥਾਂਦੇਵਾਲਾ ਵਿਖੇ ਸ੍ਰੀ ਗੁਰੂ ਰਵਿਦਾਸ ਦੇ ਜੀਵਨ 'ਤੇ ਅਧਾਰਿਤ ਦਸਤਾਵੇਜ਼ੀ ਫਿਲਮ ਦਿਖਾਈ ਗਈ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਹ ਦਸਤਾਵੇਜ਼ੀ ਫਿਲਮ ਦੇਖੀ ਅਤੇ ਸ੍ਰੀ ਰਵਿਦਾਸ ਮਹਾਰਾਜ ਵੱਲੋਂ ਦਿੱਤੇ ਸਮਾਨਤਾ, ਪ੍ਰਭੂ ਭਗਤੀ, ਮਨੁੱਖਤਾ, ਮਿਹਨਤ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਤੋਂ ਪ੍ਰੇਰਨਾ ਹਾਸਲ ਕੀਤੀ।30 ਮਿੰਟ ਦੀ ਇਸ ਦਸਤਾਵੇਜ਼ੀ ਫਿਲਮ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ, ਸਮਾਜਿਕ ਸੁਧਾਰਾਂ ਲਈ ਉਹਨਾਂ ਦੇ ਵਿਲੱਖਣ ਯੋਗਦਾਨ, ਮਨੁੱਖੀ ਕਦਰਾਂ-ਕੀਮਤਾਂ, ਸਮਾਜਿਕ ਬਰਾਬਰੀ, ਵਿਸ਼ਵ ਭਾਈਚਾਰੇ, ਸੇਵਾ ਭਾਵਨਾ ਅਤੇ ਕਿਰਤ ਦੀ ਮਹੱਤਤਾ ਨੂੰ ਪ੍ਰਭਾਵਸ਼ਾਲੀ ਅਤੇ ਸਰਲ ਢੰਗ ਨਾਲ ਪੇਸ਼ ਕੀਤਾ ਗਿਆ ਹੈ, ਜਿਸ ਨੇ ਦਰਸ਼ਕਾਂ 'ਤੇ ਡੂੰਘਾ ਪ੍ਰਭਾਵ ਛੱਡਿਆ।

## ਬਿਨਾਂ ਭੇਦਭਾਵ ਤੋਂ ਕਰਵਾਏ ਜਾ ਰਹੇ ਹਨ ਵਿਕਾਸ ਕਾਰਜ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਵਿਧਾਨ ਸਭਾ ਹਲਕੇ ਅੰਦਰ ਵਿਕਾਸ ਕਾਰਜਾਂ ਨੂੰ ਲਗਾਤਾਰ ਤੇਜ਼ੀ ਦਿੱਤੀ ਜਾ ਰਹੀ ਹੈ।ਇਸੇ ਲੜੀ ਤਹਿਤ ਵਾਰਡ ਨੰਬਰ 49 ਦੇ ਅਧੀਨ ਆਉਂਦੇ ਪਿੰਡ ਦੁੱਨੇਕੇ ਦੀ ਫਿਰਨੀ 'ਤੇ ਪੀ.ਸੀ. (ਪ੍ਰੀਮਿਕਸ ਕਾਰਪੇਟ) ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ।ਇਸ ਵਿਕਾਸ ਕਾਰਜ ਦੇ ਮੁਕੰਮਲ ਹੋਣ ਨਾਲ ਫਿਰਨੀ ਦੀ ਸੜਕ ਦੀ ਹਾਲਤ ਵਿੱਚ ਸੁਧਾਰ ਆਵੇਗਾ ਅਤੇ ਪਿੰਡ ਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ।ਇਸ ਮੌਕੇ ਮੇਅਰ ਬਿਨੈਪਾਲ ਕੌਰ, ਡਿਪਟੀ ਮੇਅਰ ਗੌਰਵ ਗਰਗ, ਵਾਰਡ ਨੰਬਰ 49 ਦੇ ਕੌਂਸਲਰ ਪਿਆਰਾ ਸਿੰਘ ਵੱਬੂ ਸਮੇਤ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਮੌਜੂਦ ਸਨ।ਇਸ ਮੌਕੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੋਗਾ ਵਿਧਾਨ ਸਭਾ ਹਲਕੇ ਦੇ ਵਿਕਾਸ ਨੂੰ ਪਹਿਲ ਦਿੱਤੀ ਜਾ ਰਹੀ ਹੈ।ਸ਼ਹਿਰ ਤੋਂ ਲੈ ਕੇ ਪਿੰਡਾਂ ਤੱਕ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਅਤੇ ਹੋਰ ਜ਼ਰੂਰੀ ਸਹੂਲਤਾਂ ਨਾਲ ਸਬੰਧਤ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ, ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

## ਗੋਲੇਵਾਲਾ ਤੇ ਸਾਧਾਂਵਾਲਾ ਦੇ ਸਰਕਾਰੀ ਸਕੂਲਾਂ ਨੂੰ ਮਿਲੀ ਆਰ ਓ ਸਮੇਤ ਚਿਲਰ ਦੀ ਸਹੂਲਤ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਜ਼ਿਲ੍ਹਾ ਯੋਜਨਾ ਬੋਰਡ ਫ਼ਰੀਦਕੋਟ ਦੇ ਚੇਅਰਮੈਨ ਸ. ਗੁਰਤੇਜ ਸਿੰਘ ਖੋਸਾ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਗੋਲੇਵਾਲਾ ਅਤੇ ਸਰਕਾਰੀ ਹਾਈ ਸਕੂਲ ਸਾਧਾਂਵਾਲਾ ਵਿਖੇ ਆਰ.ਓ. ਸਮੇਤ ਚਿਲਰ ਦਾ ਉਦਘਾਟਨ ਕੀਤਾ ਗਿਆ। ਸ. ਖੋਸਾ ਨੇ ਦੱਸਿਆ ਕਿ ਸਕੂਲੀ ਬੱਚਿਆਂ ਨੂੰ ਪੀਣ ਵਾਲੇ ਸਾਫ਼ ਅਤੇ ਠੰਢੇ ਪਾਣੀ ਦੀ ਸੁਵਿਧਾ ਮੁਹੱਈਆ ਕਰਵਾਉਣ ਲਈ ਇਹ ਗ੍ਰਾਂਟ ਉਨ੍ਹਾਂ ਦੇ ਅਖਤਿਆਰੀ ਕੋਟੇ ਵਿੱਚੋਂ ਜਾਰੀ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਵਿੱਚ ਧਰਤੀ ਹੇਠਲਾ ਪਾਣੀ ਖਾਰਾ ਹੋਣ ਕਾਰਨ ਪੀਣ ਦੇ ਯੋਗ ਨਹੀਂ ਸੀ। ਗ੍ਰਾਮ ਪੰਚਾਇਤਾਂ, ਸਕੂਲ ਅਧਿਆਪਕਾਂ ਅਤੇ ਮਾਪਿਆਂ ਦੀ ਪੁਰਜ਼ੋਰ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਬੱਚਿਆਂ ਦੀ ਸਿਹਤ ਦੀ ਸੰਭਾਲ ਲਈ ਇਹ ਲੋੜੀਂਦਾ ਕਦਮ ਚੁੱਕਿਆ ਗਿਆ ਹੈ।ਇਸ ਮੌਕੇ ਸਕੂਲ ਸਟਾਫ਼, ਪਿੰਡ ਦੀਆਂ ਪੰਚਾਇਤਾਂ ਅਤੇ ਬੱਚਿਆਂ ਦੇ ਮਾਪਿਆਂ ਵੱਲੋਂ ਚੇਅਰਮੈਨ ਗੁਰਤੇਜ ਸਿੰਘ ਖੋਸਾ ਅਤੇ ਪੰਜਾਬ ਸਰਕਾਰ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

### ਸਰਕਾਰ ਪੰਜਾਬ ਨੂੰ ...

ਗੱਲਬਾਤ ਕੀਤੀ।ਇਸ ਮੀਟਿੰਗ ਬਾਰੇ ਕੁਝ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ ਅਕਾਊਂਟ 'ਤੇ ਕਿਹਾ, 'ਅੱਜ, ਮੇਰੀ ਚੰਡੀਗੜ੍ਹ ਵਿੱਚ ਸੀ.ਆਈ.ਆਈ. ਉੱਤਰੀ ਖੇਤਰ ਦੇ ਚੇਅਰਮੈਨ ਨਾਲ ਅਹਿਮ ਮੀਟਿੰਗ ਹੋਈ। ਮੀਟਿੰਗ ਦੌਰਾਨ ਅਸੀਂ ਪੰਜਾਬ ਵਿੱਚ ਉਦਯੋਗਿਕ ਵਿਕਾਸ, ਨਵੇਂ ਨਿਵੇਸ਼ਾਂ ਨੂੰ ਆਕਰਸ਼ਿਤ ਕਰਨ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰਨ ਬਾਰੇ ਵਿਆਪਕ ਚਰਚਾ ਕੀਤੀ। ਸਾਡੀ ਸਰਕਾਰ ਪੰਜਾਬ ਨੂੰ ਦੇਸ਼ ਦਾ ਮੋਹਰੀ ਉਦਯੋਗਿਕ ਕੇਂਦਰ ਬਣਾਉਣ ਅਤੇ ਕਾਰੋਬਾਰਾਂ ਲਈ ਅਨੁਕੂਲ ਮਾਹੌਲ ਸਿਰਜਣ ਵਾਸਤੇ ਲਗਾਤਾਰ ਕੰਮ ਕਰ ਰਹੀ ਹੈ। ਅਸੀਂ ਪੰਜਾਬ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।'

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

# ਗਿੱਲ ਪਿੰਡ-ਪਿੰਡ ਪਹੁੰਚ ਕੇ ਸੁਣ ਰਹੇ ਲੋਕਾਂ ਦੀਆਂ ਸਮੱਸਿਆਵਾਂ

**ਚਵਿੰਡਾ ਦੇਵੀ (ਖੁਸ਼ਪਾਲ ਸੁੰਦਰ)**- ਹਲਕਾ ਮਜੀਠਾ ਵਿੱਚ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਲਈ ਲੋਕ ਮਿਲਣੀਆਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਇਸੇ ਲੜੀ ਤਹਿਤ ਹਲਕਾ



ਮਜੀਠਾ ਦੇ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਵੱਲੋਂ ਪਿੰਡ ਕੱਥੂਨੰਗਲ (ਨਹਿਰ ਵਾਲੇ) ਵਿਖੇ ਲੋਕ ਮਿਲਣੀ ਕੀਤੀ ਗਈ। ਇਸ ਮੌਕੇ ਤਲਬੀਰ ਸਿੰਘ ਗਿੱਲ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਮਾਮਲਿਆਂ ਦੇ ਹੱਲ ਲਈ ਮੌਕੇ 'ਤੇ ਹੀ ਯਤਨ ਕੀਤੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਮੁੱਖ ਉਦੇਸ਼ ਲੋਕਾਂ ਤੋਂ ਦੂਰ ਰਹਿ ਕੇ ਸਿਆਸਤ ਕਰਨਾ ਨਹੀਂ, ਸਗੋਂ ਆਮ ਲੋਕਾਂ ਵਿੱਚ ਵਿਚਰ ਕੇ ਉਨ੍ਹਾਂ ਦੇ ਦੁੱਖ-ਸੁੱਖ ਵਿੱਚ ਭਾਈਵਾਲ ਬਣਨਾ ਅਤੇ ਸਰਕਾਰੀ ਸਹੂਲਤਾਂ ਦਾ ਲਾਭ ਲੋਕਾਂ ਤੱਕ ਘਰ-ਘਰ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀਆਂ ਰਾਹੀਂ ਸਰਕਾਰ ਅਤੇ ਲੋਕਾਂ ਵਿਚਕਾਰ ਸਿੱਧਾ ਸੰਪਰਕ ਹੋਰ ਮਜ਼ਬੂਤ ਹੋ ਰਿਹਾ ਹੈ ਅਤੇ ਲੋਕਾਂ ਵੱਲੋਂ ਦਰਪੇਸ਼ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਇਸ ਮੌਕੇ ਗੁਰਜੰਟ ਸਿੰਘ, ਜਗੀਰ ਸਿੰਘ, ਰੇਸ਼ਮ ਸਿੰਘ, ਕੁਲਵਿੰਦਰ ਸਿੰਘ, ਹਰਜਿੰਦਰ ਸਰੀਨ, ਸੋਨੀ ਸਰੀਨ, ਨਿਸ਼ਾਨ ਸਿੰਘ, ਹਰਵਿੰਦਰ ਮੈਂਬਰ, ਵਿੱਕੀ ਮੈਂਬਰ, ਹਰਜਿੰਦਰ ਸਿੰਘ ਛੋਟਾ ਕੱਥੂਨੰਗਲ, ਸਿਕੰਦਰ ਡਿਲੇਵੀਲ, ਪਲਵਿੰਦਰ ਸਰਪੰਚ ਜਲਾਲਾਵਾਲੀ, ਬਾਊ ਕਰ ਪੇਟ ਵਾਲਾ, ਡਾਕਟਰ ਪਾਲ, ਪੰਪਾ ਆਰੇ ਵਾਲਾ, ਭੀਰਾ ਟਰੈਕਟਰ ਵਾਲਾ, ਬਿੱਲਾ ਸ਼ਾਹ ਆਦਿ ਹਾਜ਼ਰ ਸਨ।

# ਫਲਦਾਰ ਬੂਟਿਆਂ ਦੀ ਫਲ ਬਗੀਚੀ ਦੀ ਸਥਾਪਨਾ ਸੰਬੰਧੀ ਜਾਗਰੂਕਤਾ ਕੈਂਪ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਪਿੰਡ ਸ਼ੰਕਰਪੁਰਾ, ਬਲਾਕ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਵਿਖੇ ਫਲਦਾਰ ਪੌਦਿਆਂ ਦੀ ਰੋਪਾਈ ਅਤੇ ਫਲ ਪੋਸ਼ਣ ਬਾਗ ਦੀ ਸਥਾਪਨਾ ਸੰਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਕਿਸਾਨਾਂ ਨੂੰ ਵਿਗਿਆਨਕ ਢੰਗ ਨਾਲ ਬਾਗਬਾਨੀ ਦੀ ਸਥਾਪਨਾ, ਫਲਦਾਰ ਪੌਦਿਆਂ ਦੀ ਸਹੀ ਸੰਭਾਲ, ਘੱਟ ਨਿਵੇਸ਼ ਨਾਲ ਵੱਧ ਲਾਭ ਅਤੇ ਫਲ ਪੋਸ਼ਣ ਬਾਗਾਂ ਦੇ ਆਰਥਿਕ ਤੇ ਪੋਸ਼ਣਕਾਰੀ ਲਾਭਾਂ ਬਾਰੇ ਜਾਗਰੂਕ ਕਰਨਾ ਸੀ। ਲਗਭਗ 35 ਕਿਸਾਨਾਂ ਨੇ ਕੈਂਪ ਵਿੱਚ ਸਰਗਰਮੀ ਨਾਲ ਭਾਗ ਲਿਆ ਅਤੇ ਮਾਹਿਰਾਂ ਨਾਲ ਵਿਚਾਰ-ਵਟਾਂਦਰਾ ਕੀਤਾ। ਡਾ. ਸਰਵਪ੍ਰੀਆ ਸਿੰਘ, ਡੀ.ਈ.ਐਸ., ਫਲ ਵਿਗਿਆਨ, ਨੇ ਫਲਾਂ ਦੇ ਬਾਗਾਂ ਦੀ ਵਿਗਿਆਨਕ ਯੋਜਨਾਬੰਦੀ, ਖਾਕਾ ਤਿਆਰ ਕਰਨ ਅਤੇ ਪ੍ਰਬੰਧਨ ਬਾਰੇ ਜਾਣਕਾਰੀਪੂਰਨ ਲੈਕਚਰ ਦਿੱਤਾ। ਉਨ੍ਹਾਂ ਦੱਸਿਆ ਕਿ ਫਲਦਾਰ ਪੌਦਿਆਂ ਦੀ ਚੋਣ ਮਿੱਟੀ ਦੀ ਕਿਸਮ, ਮੌਸਮੀ ਹਾਲਾਤ, ਸਿੰਚਾਈ ਸਹੂਲਤਾਂ ਦੀ ਉਪਲਬਧਤਾ ਅਤੇ ਮੰਡੀ ਦੀ ਮੰਗ ਦੇ ਆਧਾਰ 'ਤੇ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਨੇ ਗੁਣਵੱਤਾ ਵਾਲੀ ਪੌਦ ਸਮੱਗਰੀ ਦੀ ਵਰਤੋਂ, ਢੁਕਵੀਂ ਪੌਦਿਆਂ ਦੀ ਦੂਰੀ ਬਣਾਈ ਰੱਖਣ, ਉਚਿਤ ਸਿੰਚਾਈ ਖਾਕਾ ਤਿਆਰ ਕਰਨ, ਸਹੀ ਰੋਪਾਈ ਸਮੇਂ ਦੀ ਚੋਣ ਕਰਨ ਅਤੇ ਸਿਫਾਰਸ਼ ਕੀਤੀਆਂ




ਸਿੰਚਾਈ, ਪੋਸ਼ਕ ਤੱਤ ਪ੍ਰਬੰਧਨ ਅਤੇ ਪੌਦ ਸੁਰੱਖਿਆ ਦੇ ਤਰੀਕਿਆਂ ਦੀ ਮਹੱਤਤਾ ਬਾਰੇ ਵੀ ਦੱਸਿਆ। ਡਾ. ਨਵਦੀਪ ਸਿੰਘ, ਬਾਗਬਾਨੀ ਵਿਕਾਸ ਅਫ਼ਸਰ, ਗੁਰਦਾਸਪੁਰ, ਨੇ ਕਿਸਾਨਾਂ ਨੂੰ ਬਾਗਬਾਨੀ ਵਿਭਾਗ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਅਤੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਸਾਨਾਂ ਨੂੰ ਸਲਾਹ ਦਿੱਤੀ ਕਿ ਉਹ ਇਸੇ ਵੀ ਸਕੀਮ ਲਈ ਅਰਜ਼ੀ ਦੇਣ ਤੋਂ ਪਹਿਲਾਂ ਯੋਗਤਾ ਮਾਪਦੰਡ, ਵਿੱਤੀ ਸਹਾਇਤਾ, ਲੋੜੀਂਦੇ ਦਸਤਾਵੇਜ਼ ਅਤੇ ਅਰਜ਼ੀ ਪ੍ਰਕਿਰਿਆ ਬਾਰੇ ਜਾਣਕਾਰੀ ਲਈ ਸੰਬੰਧਤ ਬਾਗਬਾਨੀ ਅਧਿਕਾਰੀਆਂ ਨਾਲ ਸੰਪਰਕ ਕਰਨ। ਡਾ. ਹਰਿੰਦਰ ਦੀਪ ਸਿੰਘ, ਡੀ.ਈ.ਐਸ., ਸੀਨੀਅਰ ਮੈਂਟ ਨੇ ਫਲਾਂ ਦੀ ਕਾਸ਼ਤ ਅਤੇ ਫਲ ਪੋਸ਼ਣ ਬਾਗਾਂ ਦੀ ਆਰਥਿਕ ਤੇ ਪੋਸ਼ਣਕਾਰੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਵਿਚਾਰ-ਵਟਾਂਦਰੇ ਦੌਰਾਨ ਕਿਸਾਨਾਂ ਨੇ ਫਲਦਾਰ ਫਸਲਾਂ ਦੀ ਚੋਣ, ਪੌਦਿਆਂ ਦੀ ਦੂਰੀ, ਸਿੰਚਾਈ ਸਮਾਂ-ਸਾਰਣੀ, ਪੋਸ਼ਕ ਤੱਤ ਪ੍ਰਬੰਧਨ, ਪੌਦ ਸੁਰੱਖਿਆ, ਸੰਭਾਵਿਤ ਆਮਦਨ ਅਤੇ ਸਰਕਾਰੀ ਸਕੀਮਾਂ ਦੀ ਉਪਲਬਧਤਾ ਨਾਲ ਸਬੰਧਤ ਸਵਾਲ ਪੁੱਛੇ। ਪ੍ਰੋਗਰਾਮ ਦੇ ਅੰਤ ਵਿੱਚ ਡਾ. ਨਵਦੀਪ ਸਿੰਘ ਨੇ ਮੌਜੂਦ ਸਾਰੇ ਕਿਸਾਨਾਂ, ਅਗਾਂਹਵਧੂ ਕਿਸਾਨਾਂ ਅਤੇ ਵਿਭਾਗ ਦੇ ਸਟਾਫ਼ ਦਾ ਧੰਨਵਾਦ ਕੀਤਾ।

# ਜ਼ਿਲ੍ਹਾ ਸਵੀਪ ਟੀਮ ਵੱਲੋਂ ਐੱਸ ਆਈ ਆਰ ਸੰਬੰਧੀ ਜਾਗਰੂਕਤਾ ਪ੍ਰੋਗਰਾਮ

**ਪਠਾਨਕੋਟ (ਦਵਿੰਦਰ ਸਿੰਘ)**- ਮੁੱਖ ਚੋਣ ਕਮਿਸ਼ਨਰ ਪੰਜਾਬ ਅਤੇ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪਲਵੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਜ਼ਿਲ੍ਹਾ ਨੋਡਲ ਅਧਿਕਾਰੀ ਸਵੀਪ-ਕਮ-ਜ਼ਿਲ੍ਹਾ ਭੂਮੀ ਰੱਖਿਆ ਅਧਿਕਾਰੀ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਸਥਾਨਕ ਜੇ ਬੀ ਐਸ ਕਾਲਜ ਆਫ ਐਜੂਕੇਸ਼ਨ ਵਿਖੇ ਜ਼ਿਲ੍ਹਾ ਸਵੀਪ ਟੀਮ ਵੱਲੋਂ ਐਸ ਆਈ ਆਰ ਸੰਬੰਧੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਦੇ ਚੇਅਰਮੈਨ ਰੇਵਤੀ ਰਮਨ ਮਹਾਜਨ ਅਤੇ ਪ੍ਰਿੰਸੀਪਲ ਮਨੀਸ਼ਾ ਸ਼ਰਮਾ ਦੀ ਦੇਖ-ਰੇਖ ਹੇਠ ਕਰਵਾਏ ਇਸ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਦੇ ਭਾਸ਼ਣ ਮੁਕਾਬਲੇ ਵੀ ਕਰਵਾਏ ਗਏ।



ਇਸ ਮੌਕੇ ਸਹਾਇਕ ਨੋਡਲ ਅਧਿਕਾਰੀ ਸਵੀਪ ਅਤੇ ਜਾਗਰੂਕਤਾ ਸੈੱਲ ਹੈੱਡਮਾਸਟਰ ਸੰਜੀਵ ਕੁਮਾਰ, ਜ਼ਿਲ੍ਹਾ ਸਵੀਪ ਟੀਮ ਦੇ ਮੈਂਬਰ ਰਸ਼ਮਿਕਾਸ਼ਮੀਰ ਸਿੰਘ, ਵਿਵੇਕ ਡੋਗਰਾ, ਅਮਿਤ ਡੋਗਰਾ ਅਤੇ ਹਲਕਾ ਸੁਜਾਨਪੁਰ ਦੇ ਕੋਆਰਡੀਨੇਟਰ ਦੀਪਕ ਕੁਮਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਕਾਲਜ ਪ੍ਰਬੰਧਕਾਂ ਵੱਲੋਂ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਹੈੱਡਮਾਸਟਰ ਸੰਜੀਵ ਕੁਮਾਰ ਨੇ ਐਸ ਆਈ ਆਰ ਸੰਬੰਧੀ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦਿਆਂ ਉਨ੍ਹਾਂ ਨੂੰ ਆਪਣੀ ਵੋਟ ਅਤੇ ਵੋਟਰ ਸੂਚੀ ਨਾਲ ਸੰਬੰਧਤ ਵੇਰਵਿਆਂ ਪ੍ਰਤੀ ਜਾਗਰੂਕ ਰਹਿਣ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਕਾਲਜ ਪ੍ਰਬੰਧਕਾਂ ਵੱਲੋਂ ਮਹਿਮਾਨਾਂ ਨੂੰ ਯਾਦ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੁਖਵਿੰਦਰ ਸਿੰਘ, ਰਜਨੀ ਸ਼ਰਮਾ, ਨੈਨਸੀ ਠਾਕੁਰ, ਪ੍ਰੀਆ ਜਮਵਾਲ, ਜੋਤੀ ਬਾਲਾ, ਅੰਜਲ ਸਮੇਤ ਕਾਲਜ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਸੈਕਰਡ ਸੋਲਜ਼ ਕਾਨਵੈਂਟ ਸਕੂਲ ਵੱਲੋਂ ਖਿਡਾਰੀਆਂ ਦਾ ਸਨਮਾਨ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ ਵੱਲੋਂ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਕੇ ਸੂਬਾਈ ਖੇਡਾਂ ਲਈ ਚੁਣੇ ਗਏ ਖਿਡਾਰੀਆਂ ਲਈ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਰੋਹ ਦੌਰਾਨ ਜੇਤੂ ਖਿਡਾਰੀਆਂ ਨੂੰ ਮੈਡਲ ਤੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ। ਸਕੂਲ ਦੀ ਅੰਡਰ-19 ਵਾਲੀਬਾਲ ਲੜਕਿਆਂ ਦੀ ਟੀਮ ਜ਼ਿਲ੍ਹਾ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਸਦਕਾ ਸੂਬਾ ਪੱਧਰੀ ਮੁਕਾਬਲਿਆਂ ਲਈ ਚੁਣੀ ਗਈ ਹੈ। ਸੂਬਾਈ ਟੀਮ ਵਿੱਚ ਜੁਗਰਾਜ ਸਿੰਘ, ਗੁਰਤੇਜ ਸਿੰਘ, ਅੰਮ੍ਰਿਤਪਾਲ ਸਿੰਘ, ਅਰਮਾਨਦੀਪ ਸਿੰਘ ਤੇ ਜਸ਼ਨਦੀਪ ਸਿੰਘ ਨਾਮਕ ਖਿਡਾਰੀ ਖੇਡਣਗੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਕੂਲ ਪ੍ਰਿੰਸੀਪਲ ਰੌਧਾਨ ਸਿੰਘ ਨੇ ਦੱਸਿਆ ਕਿ ਲੜਕੀਆਂ ਦੀ ਅੰਡਰ-19 ਫੁੱਟਬਾਲ ਟੀਮ ਦੇ ਸਟੇਟ ਪੱਧਰ 'ਤੇ ਪੁੱਜਣ ਤੋਂ ਇਲਾਵਾ ਲੜਕੀਆਂ ਦੀ ਅੰਡਰ-17 ਅਤੇ ਅੰਡਰ-19 ਫੁੱਟਬਾਲ ਟੀਮ ਨੇ ਵੀ ਜ਼ਿਲ੍ਹੇ ਵਿੱਚ ਦੂਜਾ ਸਥਾਨ ਹਾਸਲ ਕਰ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।

ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਸਮਾਂ ਦੇ ਕੇ ਚੰਗੀਆਂ ਪੁਜੀਸ਼ਨਾਂ ਹਾਸਲ ਕੀਤੀਆਂ ਹਨ। ਇਸ ਮੌਕੇ ਚੇਅਰਮੈਨ ਮੈਡਮ ਲਖਬੀਰ ਕੌਰ ਸਮੇਤ ਸਕੂਲ ਦੇ ਸਮੂਹ ਸਟਾਫ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।

# ਚਾਵਲਾ ਨੇ ਇਸਤਰੀ ਵਿੰਗ ਨੂੰ ਮਜ਼ਬੂਤ ਕਰਨ ਲਈ ਕੀਤੀਆਂ ਨਿਯੁਕਤੀਆਂ

**ਗੁਰਦਾਸਪੁਰ (ਜਨਕ ਮਹਾਜਨ)**- ਵਿਧਾਨ ਸਭਾ ਹਲਕਾ ਦੀਨਾਨਗਰ ਅੰਦਰ ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਵੱਧੋਂ ਮਜ਼ਬੂਤ ਕਰਨ ਤੇ 2027 ਦੀਆਂ ਚੋਣਾਂ ਨੂੰ ਮੁੱਖ ਰੱਖਦੇ ਹੋਏ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ 'ਤੇ ਹਲਕਾ ਇੰਚਾਰਜ ਕਮਲਜੀਤ ਚਾਵਲਾ ਦੀ ਸਿਫਾਰਸ਼ 'ਤੇ ਖਾਸ ਕਰਕੇ ਬੀਬੀ ਮਨਜੀਤ ਕੌਰ ਪੁਰਾਣਾ ਸ਼ਾਲਾ ਹਲਕਾ ਪ੍ਰਧਾਨ ਦੀ ਰਹਿਨੁਮਾਈ ਹੇਠ ਇਲਾਕੇ ਅੰਦਰ ਇਸਤਰੀ ਵਿੰਗ ਦੀਆਂ ਨਿਯੁਕਤੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ 'ਤੇ ਫੇਲ੍ਹ ਹੋਈ ਹੈ ਅਤੇ ਬੀਬੀਆਂ ਨੂੰ 1000 ਤੋਂ 1500 ਸਿਰਫ ਛੇ ਮਹੀਨਿਆਂ ਦੇ ਪੈਸੇ ਦਿੱਤੇ ਹਨ ਅਤੇ 48 ਮਹੀਨਿਆਂ ਦੇ ਪੈਸੇ ਨਹੀਂ ਦਿੱਤੇ ਗਏ। ਉਨ੍ਹਾਂ ਕਿਹਾ ਕਿ ਬੀਬੀਆਂ ਦਾ ਮੌਜੂਦਾ ਸਰਕਾਰ ਪ੍ਰਤੀ ਭਾਰੀ ਰੋਸ ਹੈ। ਉਨ੍ਹਾਂ ਕਿਹਾ ਮੁੱਖ ਮੰਤਰੀ ਨੇ ਔਰਤਾਂ ਨਾਲ ਜੋ ਵਾਅਦਾ ਕੀਤੇ ਸਨ, ਉਸ ਉੱਤੇ ਖਰੇ ਨਹੀਂ ਉਤਰੇ। ਇਸ ਮੌਕੇ ਬੀਬੀ ਅਨੰਤ ਕੌਰ ਸੁੰਦੜਾ ਸੀਨੀਅਰ ਮੀਤ ਪ੍ਰਧਾਨ, ਕੁਲਵਿੰਦਰ ਕੌਰ ਨੂੰ ਸੀਨੀਅਰ ਮੀਤ ਪ੍ਰਧਾਨ, ਬੀਬੀ ਸੁਨੇਹ ਜਨਰਲ ਸਕੱਤਰ, ਬੀਬੀ ਦਲਬੀਰ ਕੌਰ ਸਕੱਤਰ, ਬੀਬੀ ਪਰਮਜੀਤ ਕੌਰ ਜਨਰਲ ਸਕੱਤਰ ਹਲਕਾ ਦੀਨਾਨਗਰ ਇਸਤਰੀ ਵਿੰਗ ਸ਼੍ਰੋਮਣੀ ਅਕਾਲੀ ਦਲ ਬਾਦਲ ਨਿਯੁਕਤ ਕੀਤਾ ਗਿਆ। ਇਸ ਤਰ੍ਹਾਂ ਸਰਕਲ ਪੁਰਾਣਾ ਸ਼ਾਲਾ ਬੀਬੀ ਅਮਰਜੀਤ ਕੌਰ ਸਰਕਲ ਸਾਹੋਵਾਲ, ਮਨਜੀਤ ਕੌਰ ਸਾਹੋਵਾਲ ਤੇ ਸਰਕਲ ਦੋਰਾਂਗਲਾ ਤੋਂ ਬੀਬੀ ਬਬਲੀ ਸ਼ਰਮਾ ਇਸਤਰੀ ਵਿੰਗ ਦੀ ਪ੍ਰਧਾਨ ਨਿਯੁਕਤ ਕੀਤੀ ਗਈ ਹੈ।



ਚੁਣੀਆਂ ਗਈਆਂ ਔਰਤਾਂ ਨੇ ਕਿਹਾ ਕਿ ਜੋ ਪਾਰਟੀ ਸੁਖਬੀਰ ਸਿੰਘ ਬਾਦਲ ਅਤੇ ਹਲਕਾ ਇੰਚਾਰਜ ਕਮਲਜੀਤ ਚਾਵਲਾ ਨੇ ਮਾਣ ਬਖਸ਼ਿਆ ਹੈ, ਅਸੀਂ ਪਾਰਟੀ ਲਈ ਦਿਨ-ਰਾਤ ਮਿਹਨਤ ਕਰਕੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਵਾਸਤੇ ਕੋਈ ਕਸਰ ਨਹੀਂ ਛੱਡਾਂਗੀਆਂ।

ਉਨ੍ਹਾਂ ਨੇ ਕਿਹਾ ਕਿ 2027 ਦੀਆਂ ਆਗਾਮੀ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨੀ ਤੈਅ ਹੈ। ਉਨ੍ਹਾਂ ਨੇ ਪਾਰਟੀ ਹਾਈ ਕਮਾਂਡ ਨੇ ਚਾਵਲਾ ਦਾ ਤਹਿ ਦਿਲੋਂ ਧੰਨਵਾਦ ਕੀਤਾ।



# ਅਧਿਆਪਕ ਦਿਵਸ 'ਤੇ ਵਿਦਿਆਰਥੀਆਂ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਅਧਿਆਪਕਾਂ ਪ੍ਰਤੀ ਸਨਮਾਨ ਪ੍ਰਗਟਾਇਆ

**ਫਤਹਿਗੜ੍ਹ ਚੂੜੀਆਂ (ਸੁਖਦੇਵ ਬੰਟੂ)**- ਯੂਨਾਈਟਿਡ ਸਕੂਲ ਆਫ਼ ਨਰਸਿੰਗ ਵਿਖੇ ਪ੍ਰਿੰਸੀਪਲ ਰੁਪਿੰਦਰ ਕੌਰ ਦੀ ਅਗਵਾਈ ਹੇਠ ਅਧਿਆਪਕ ਦਿਵਸ ਬੜੇ ਉਤਸ਼ਾਹ, ਖੁਸ਼ੀ ਅਤੇ ਸਨਮਾਨ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਅਧਿਆਪਕਾਂ ਦੇ ਸਨਮਾਨ ਵਿੱਚ ਵੱਖ-ਵੱਖ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਸਮਾਗਮ ਦੌਰਾਨ ਵਿਦਿਆਰਥੀਆਂ ਨੇ ਡਾਂਸ, ਭਾਸ਼ਣ ਅਤੇ ਹੋਰ ਮਨੋਰੰਜਕ ਪੇਸ਼ਕਾਰੀਆਂ ਰਾਹੀਂ ਆਪਣੀ ਕਲਾ ਅਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਪ੍ਰਿੰਸੀਪਲ ਰੁਪਿੰਦਰ ਕੌਰ ਨੇ ਕਿਹਾ ਕਿ ਅਧਿਆਪਕ ਵਿਦਿਆਰਥੀਆਂ ਦੇ ਜੀਵਨ ਵਿੱਚ ਮਾਰਗਦਰਸ਼ਕ ਦੀ ਅਹਿਮ ਭੂਮਿਕਾ ਨਿਭਾਉਂਦੇ ਹਨ। ਉਹ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਨੈਤਿਕ ਕਦਰਾਂ-ਕੀਮਤਾਂ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੇ ਹਨ। ਅਧਿਆਪਕਾਂ ਦਾ ਵਿਦਿਆਰਥੀਆਂ ਦੀ ਸ਼ਖ਼ਸੀਅਤ ਦੇ ਨਿਰਮਾਣ ਅਤੇ ਉਨ੍ਹਾਂ ਦੇ ਉਜਲੇ ਭਵਿੱਖ ਨੂੰ ਸਵਾਰਨ ਵਿੱਚ ਵਿਸ਼ੇਸ਼ ਯੋਗਦਾਨ ਹੁੰਦਾ ਹੈ। ਉਨ੍ਹਾਂ ਨੇ ਸਮੂਹ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਸੱਭਿਆਚਾਰਕ ਪ੍ਰੋਗਰਾਮਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਨੂੰ ਹੋਰ ਨਿਖਾਰਨ ਲਈ ਪ੍ਰੇਰਿਤ ਕੀਤਾ। ਸਮਾਗਮ ਦੇ ਅੰਤ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਖੁਸ਼ੀ ਦੇ ਪਲ ਸਾਂਝੇ ਕੀਤੇ।

# ਰਮਨ ਬਹਿਲ ਨੇ ਮਿਸ਼ਨ 'ਕਲੀਨ ਪੰਜਾਬ' ਤਹਿਤ ਵਾਰਡ ਨੰਬਰ 5 ਵਿਖੇ ਕੂੜੇ ਦੇ ਢੇਰਾਂ ਨੂੰ ਚੁਕਵਾਇਆ



**ਗੁਰਦਾਸਪੁਰ (ਦਿਨੇਸ਼ ਕੁਮਾਰ)**- ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਵੱਲੋਂ ਮਿਸ਼ਨ 'ਕਲੀਨ ਪੰਜਾਬ' ਤਹਿਤ ਵਾਰਡ ਨੰਬਰ 5 (ਕੱਠੇ ਖੂਹਾਲਾ) ਵਿਖੇ ਕੂੜੇ ਦੇ ਢੇਰਾਂ ਨੂੰ ਚੁਕਵਾਇਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਦੂਰਦਰਸ਼ੀ ਅਗਵਾਈ ਹੇਠ ਸਾਡੀ ਸਰਕਾਰ ਪੰਜਾਬ ਦੇ ਲੋਕਾਂ ਨੂੰ ਸਾਫ਼-ਸੁਥਰਾ, ਹਰਿਆ-ਭਰਿਆ ਅਤੇ ਸਿਹਤਮੰਦ ਵਾਤਾਵਰਣ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆਓ, ਸਾਰੇ ਮਿਲ ਕੇ ਆਪਣੇ ਆਲੇ-ਦੁਆਲੇ ਨੂੰ ਸਾਫ਼ ਰੱਖੀਏ ਅਤੇ ਸਾਫ਼ ਪੰਜਾਬ, ਹਰਾ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰੀਏ। ਉਨ੍ਹਾਂ ਕਿਹਾ ਕਿ ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਫਾਈ ਕਰਮਚਾਰੀ ਕੰਮ ਵਿੱਚ ਲੱਗੇ ਹੋਏ ਹਨ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਫ਼ਾਈ ਟੀਮਾਂ ਦਾ ਪੂਰਨ ਸਹਿਯੋਗ ਕਰਨ, ਕੂੜਾ ਨਿਰਧਾਰਤ ਸਥਾਨਾਂ 'ਤੇ ਹੀ ਸੁੱਟਣ ਅਤੇ ਜਨਤਕ ਥਾਵਾਂ ਨੂੰ ਗੰਦਾ ਨਾ ਕਰਨ। ਉਨ੍ਹਾਂ ਕਿਹਾ ਕਿ ਗੁਰਦਾਸਪੁਰ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਲਈ ਸਰਕਾਰੀ ਯਤਨਾਂ ਦੇ ਨਾਲ ਲੋਕਾਂ ਦੀ ਭਾਈਚਾਰਕ ਭਾਗੀਦਾਰੀ ਵੀ ਬੇਹੱਦ ਜ਼ਰੂਰੀ ਹੈ।

# ਖਾਲਸਾ 'ਵਰਸਿਟੀ 'ਚ ਅਧਿਆਪਕ ਦਿਵਸ ਦੇ ਸੰਬੰਧ 'ਚ ਵਿਸ਼ੇਸ਼ ਭਾਸ਼ਣ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖ਼ਾਲਸਾ ਯੂਨੀਵਰਸਿਟੀ ਦੇ ਪੰਜਾਬੀ ਅਧਿਐਨ ਸਕੂਲ ਵੱਲੋਂ ਅਧਿਆਪਕ ਦਿਵਸ ਨੂੰ ਸਮਰਪਿਤ ਵਿਸ਼ੇਸ਼ ਭਾਸ਼ਣ ਕਰਵਾਇਆ ਗਿਆ। 'ਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਦੀ



ਰਹਿਨੁਮਾਈ ਹੇਠ ਕਰਵਾਏ ਗਏ ਉਕਤ ਸਮਾਗਮ ਮੌਕੇ ਮੁੱਖ ਬੁਲਾਰੇ ਵਜੋਂ ਪੁੱਜੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਜੁਆਇੰਟ ਸਕੱਤਰ (ਫਾਰਮਜ਼) ਸ: ਰਾਜਬੀਰ ਸਿੰਘ ਨੇ ਉਕਤ ਦਿਵਸ ਦੇ ਪਿਛੋਕੜ ਅਤੇ ਸਾਰਥਿਕਤਾ ਬਾਰੇ ਚਰਚਾ ਕੀਤੀ। ਉਕਤ ਦਿਵਸ ਨੂੰ ਸਮਰਪਿਤ ਵਿਦਿਆਰਥੀਆਂ ਦੇ ਸੁੰਦਰ ਲਿਖਾਈ, ਪੋਸਟਰ ਮੇਕਿੰਗ, ਸਲੋਗਨ ਰਾਈਟਿੰਗ, ਸੋਲੋ ਡਾਂਸ ਅਤੇ ਗੀਤ ਆਦਿ ਮੁਕਾਬਲੇ ਵੀ ਕਰਵਾਏ ਗਏ। ਇਸ ਮੌਕੇ ਸ: ਰਾਜਬੀਰ ਸਿੰਘ ਨੇ ਆਪਣੀ ਨਿੱਜੀ ਜ਼ਿੰਦਗੀ ਦੇ ਅਨੁਭਵਾਂ ਅਤੇ ਤਜ਼ਰਬਿਆਂ ਦੀ ਗੱਲ ਕਰਦੇ ਹੋਏ ਵਿਦਿਆਰਥੀ ਜੀਵਨ 'ਚ ਅਧਿਆਪਕ ਦੀ ਮਹੱਤਤਾ 'ਤੇ ਚਾਨਣਾ ਪਾਇਆ। ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਖ਼ਾਲਸਾ 'ਵਰਸਿਟੀ ਦੇ ਧਰਮ ਅਧਿਐਨ ਸਕੂਲ ਦੇ ਡੀਨ ਅਤੇ ਸਿੱਖ ਇਤਿਹਾਸ ਖੋਜ ਕੇਂਦਰ ਦੇ ਇੰਚਾਰਜ਼ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਕਿਹਾ ਕਿ ਬੰਦੇ ਦੀ ਬੁੱਧੀ ਵੇਲ ਵਰਗੀ ਹੁੰਦੀ ਹੈ, ਜਿਸ ਨੂੰ ਜਿੰਨ੍ਹਾਂ ਵੱਡਾ ਗਿਆਨ ਰੂਪੀ ਦਰੱਖ਼ਤ ਮਿਲੇਗਾ, ਇਹ ਉਨ੍ਹਾਂ ਹੀ ਜ਼ਿਆਦਾ ਵਿਕਾਸ ਕਰਦੀ ਜਾਂਦੀ ਹੈ।

ਇਸ ਤੋਂ ਪਹਿਲਾਂ ਮੁਖੀ ਅਤੇ ਡੀਨ ਭਾਸ਼ਾਵਾਂ ਡਾ. ਰਮਿੰਦਰ ਕੌਰ ਵੱਲੋਂ ਆਏ ਹੋਏ ਵਿਸ਼ੇਸ਼ ਮਹਿਮਾਨਾਂ ਨੂੰ ਪੌਦੇ ਭੇਂਟ ਕਰਕੇ ਸਵਾਗਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਸ: ਰਾਜਬੀਰ ਸਿੰਘ ਅਤੇ ਡਾ. ਗੋਗੋਆਣੀ ਨੂੰ ਵਿਦਿਆਰਥੀਆਂ ਨਾਲ ਰੂਬਰੂ ਕਰਵਾਉਂਦੇ ਹੋਏ ਉਨ੍ਹਾਂ ਦੀ ਅਹਿਮੀਅਤ 'ਤੇ ਚਾਨਣਾ ਪਾਇਆ। ਇਸ ਮੌਕੇ ਪੰਜਾਬੀ ਅਧਿਐਨ ਸਕੂਲ ਵੱਲੋਂ ਅਧਿਆਪਕ ਦਿਵਸ ਨੂੰ ਸਮਰਪਿਤ ਕਰਵਾਏ ਗਏ ਸੁੰਦਰ ਲਿਖਾਈ, ਪੋਸਟਰ ਮੇਕਿੰਗ, ਸਲੋਗਨ ਰਾਈਟਿੰਗ, ਸੋਲੋ ਡਾਂਸ ਅਤੇ ਗੀਤ ਮੁਕਾਬਲਿਆਂ 'ਚੋਂ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਸ: ਰਾਜਬੀਰ ਸਿੰਘ ਨੇ ਡਾ. ਗੋਗੋਆਣੀ ਅਤੇ ਡਾ. ਰਮਿੰਦਰ ਕੌਰ ਨਾਲ ਮਿਲ ਕੇ ਯਾਦਗਾਰੀ ਚਿੰਨ੍ਹ ਵੀ ਪ੍ਰਦਾਨ ਕੀਤੇ ਗਏ। ਇਸ ਉਪਰੰਤ ਡਾ. ਰਮਿੰਦਰ ਕੌਰ ਨੇ ਸ: ਰਾਜਬੀਰ ਸਿੰਘ ਅਤੇ ਡਾ. ਗੋਗੋਆਣੀ ਨੂੰ ਸਨਮਾਨ ਚਿੰਨ ਭੇਂਟ ਕਰਕੇ ਸਨਮਾਨਿਤ ਕੀਤਾ।

ਸਹਾਇਕ ਪ੍ਰੋਫ਼ੈਸਰ ਡਾ. ਕਾਰਜ ਸਿੰਘ ਨੇ ਸਮੂਹ ਮਹਿਮਾਨਾਂ, ਪ੍ਰਬੰਧਕਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ, ਜਦ ਕਿ ਮੰਚ-ਸੰਚਾਲਨ ਦੀ ਭੂਮਿਕਾ ਸਹਾਇਕ ਪ੍ਰੋਫ਼ੈਸਰ ਡਾ. ਯਾਦਵਿੰਦਰ ਕੌਰ ਵੱਲੋਂ ਬਾਖ਼ੂਬੀ ਨਿਭਾਈ ਗਈ। ਇਸ ਮੌਕੇ ਡਾ. ਕੁਲਵੰਤ ਕੌਰ, ਡਾ. ਮਨੀਸ਼ ਕੁਮਾਰ, ਡਾ. ਰਮਨਦੀਪ ਕੌਰ, ਡਾ. ਗੁਰਪ੍ਰੀਤ ਕੌਰ, ਡਾ. ਮਨਦੀਪ ਕੌਰ ਅਤੇ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਮੌਜੂਦ ਸਨ।

# ਬਾਬਾ ਅਜੈ ਸਿੰਘ ਖਾਲਸਾ ਸਕੂਲ ਗੁਰਦਾਸ ਨੰਗਲ ਦੀ ਵਾਲੀਬਾਲ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ

**ਧਾਰੀਵਾਲ (ਮਨਦੀਪ ਵਿੱਕੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ ਸਕੂਲਾਂ ਦੇ ਕਰਵਾਏ 'ਮਾਝਾ ਜ਼ੋਨ ਸਕੂਲਜ਼ ਟੂਰਨਾਮੈਂਟ' ਵਿੱਚ ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਗੁਰਦਾਸ ਨੰਗਲ ਦੇ ਖਿਡਾਰੀਆਂ ਦੀ ਅੰਡਰ -14 ਵਾਲੀਬਾਲ ਟੀਮ ਨੇ ਸਕੂਲ ਪ੍ਰਿੰਸੀਪਲ ਬਿਕਰਮਜੀਤ ਸਿੰਘ ਅਤੇ ਡੀਪੀਈ ਅਮਰੀਕ ਸਿੰਘ ਲੇਹਲ ਦੀ ਰਹਿਨੁਮਾਈ ਹੇਠ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਪ੍ਰਾਪਤ ਕਰਕੇ ਸਕੂਲ ਅਤੇ ਆਪਣੇ ਮਾਤਾ ਪਿਤਾ ਦਾ ਨਾਂਅ ਰੋਸ਼ਨ ਕੀਤਾ। ਸਕੂਲ ਦੇ ਪ੍ਰਿੰਸੀਪਲ ਬਿਕਰਮਜੀਤ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਦੂਰਅੰਦੇਸ਼ੀ ਸੋਚ ਅਤੇ ਵਿੱਦਿਆ ਸਕੱਤਰ ਇੰਜੀਨੀਅਰ ਸੁਖਮਿੰਦਰ ਸਿੰਘ ਤੇ ਸਹਾਇਕ ਡਾਇਰੈਕਟਰ (ਸਕੂਲਜ) ਸਤਵੰਤ ਕੌਰ ਦੀ ਰਹਿਨੁਮਾਈ ਹੇਠ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਕੂਲਾਂ ਦਾ ਦੋ ਦਿਨਾਂ 'ਮਾਝਾ ਜ਼ੋਨ ਸਕੂਲਜ ਟੂਰਨਾਮੈਂਟ' ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ ਅਤੇ ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ ਵਿਖੇ ਕਰਵਾਏ ਗਏ। ਇਸ ਟੂਰਨਾਮੈਂਟ ਵਿੱਚ ਬਾਬਾ ਅਜੈ ਸਿੰਘ ਸਕੂਲ ਦੇ ਖਿਡਾਰੀਆਂ ਦੀ ਵਾਲੀਬਾਲ ਟੀਮ ਨੇ ਡੀਪੀਈ ਅਮਰੀਕ ਸਿੰਘ ਲੇਹਲ ਦੀ ਨਿਗਰਾਨੀ ਹੇਠ ਅੰਡਰ -14 ਵਾਲੀਬਾਲ ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਦੂਜਾ ਸਥਾਨ ਪ੍ਰਾਪਤ ਕੀਤਾ। ਟੂਰਨਾਮੈਂਟ ਦੇ ਸਮਾਪਤੀ 'ਤੇ ਇਨਾਮ ਵੰਡ ਸਮਾਗਮ ਵਿੱਚ ਮੁੱਖ ਮਹਿਮਾਨਾਂ ਵਜੋਂ ਸਹਾਇਕ ਡਾਇਰੈਕਟਰ (ਸਕੂਲਜ਼) ਸਤਵੰਤ ਕੌਰ, ਐਸਜੀਪੀਸੀ ਸਪੋਰਟਸ ਵਿਭਾਗ ਦੇ ਇੰਚਾਰਜ ਸੁਖਦੀਪ ਸਿੰਘ ਗਿੱਲ, ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਦੇ ਮੈਨੇਜਰ ਧਰਵਿੰਦਰ ਸਿੰਘ, ਪ੍ਰਿੰਸੀਪਲ ਤਰਨਜੀਤ ਸਿੰਘ ਨੇ ਸ਼ਿਰਕਤ ਕੀਤੀ ਅਤੇ ਜੇਤੂਆਂ ਨੂੰ ਸਰਟੀਫਿਕੇਟ ਅਤੇ ਟਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ। ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਪ੍ਰਿੰਸੀਪਲ ਬਿਕਰਮਜੀਤ ਸਿੰਘ ਨੇ ਜੇਤੂ ਟੀਮ ਤੇ ਅਤੇ ਡੀਪੀਈ ਅਮਰੀਕ ਸਿੰਘ ਲੇਹਲ ਸਮੇਤ ਸਮੁੱਚੇ ਸਕੂਲ ਅਤੇ ਖਿਡਾਰੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਸਮੂਹ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਸਖਤ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।



# 'ਤਾਰਕ ਮਹਿਤਾ ਕਾ ਉਲਟਾ ਚਸ਼ਮਾ' ਨੇ ਮਚਾਈ ਧੂਮ



**ਅੰਮ੍ਰਿਤਸਰ**- ਸੋਨੀ ਸਬ ਅਤੇ ਨੀਲਾ ਫ਼ਿਲਮ ਪ੍ਰੋਡਕਸ਼ਨਜ਼ ਵੱਲੋਂ ਪ੍ਰਸਿੱਧ ਪਰਿਵਾਰਕ ਮਨੋਰੰਜਨ ਸ਼ੋਅ 'ਤਾਰਕ ਮਹਿਤਾ ਕਾ ਉਲਟਾ ਚਸ਼ਮਾ' ਦੀ 18ਵੀਂ ਵਰ੍ਹੇਗੰਢ ਦੇ ਜਸ਼ਨ ਤਹਿਤ ਕਰਵਾਈ ਗਈ 18 ਦਿਨਾਂ ਦੀ ਲਾਈਵ ਕਵਿਜ਼ ਸਫਲਤਾਪੂਰਵਕ ਸੰਪੰਨ ਹੋ ਗਈ ਹੈ। 1 ਤੋਂ 21 ਅਗਸਤ ਤੱਕ ਹੋਈ ਇਸ ਕਵਿਜ਼ ਵਿੱਚ ਦੇਸ਼ ਭਰ ਤੋਂ ਲੱਖਾਂ ਦਰਸ਼ਕਾਂ ਨੇ ਹਿੱਸਾ ਲਿਆ। ਕਵਿਜ਼ ਦੌਰਾਨ ਪ੍ਰਸ਼ੰਸਕਾਂ ਨੇ ਆਪਣੇ ਪਸੰਦੀਦਾ ਸ਼ੋਅ, ਇਸ ਦੇ ਕਿਰਦਾਰਾਂ ਅਤੇ ਗੋਕੁਲਧਾਮ ਸੋਸਾਇਟੀ ਨਾਲ ਜੁੜੇ ਸਵਾਲਾਂ ਦੇ ਜਵਾਬ ਦੇ ਕੇ ਆਪਣੀ ਜਾਣਕਾਰੀ ਪਰਖੀ। ਜੇਤੂਆਂ ਵਿੱਚ ਅੰਮ੍ਰਿਤਸਰ ਦੇ ਸੁਨੀਲ ਵਸ਼ਿਸ਼ਠ ਅਤੇ ਉਨ੍ਹਾਂ ਦਾ ਪਰਿਵਾਰ ਵੀ ਸ਼ਾਮਲ ਹੈ। ਸੁਨੀਲ ਵਸ਼ਿਸ਼ਠ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਗੋਕੁਲਧਾਮ ਸੋਸਾਇਟੀ ਦੇ ਪ੍ਰਸਿੱਧ ਸੈੱਟ 'ਤੇ ਜਾਣ ਦਾ ਵਿਸ਼ੇਸ਼ ਮੌਕਾ ਮਿਲੇਗਾ।

# ਮਜੀਠੀਆ ਨੇ ਬਾਬਾ ਸੱਜਣ ਸਿੰਘ ਦਾ ਹਾਲ-ਚਾਲ ਜਾਣਿਆ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜਿਨ੍ਹਾਂ



ਦੀ ਸਿਹਤ ਕੁਝ ਢਿੱਲੀ ਸੀ , ਦਾ ਹਾਲ ਚਾਲ ਜਾਨਣ ਵਾਸਤੇ ਸਾਬਕਾ ਕੈਬਨਟ ਮੰਤਰੀ ਬਿਕਰਮ ਸਿੰਘ ਮਜੀਠੀਆ ਉਚੇਚੇ ਤੌਰ 'ਤੇ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਪਹੁੰਚੇ ਅਤੇ ਉਹਨਾਂ ਸੰਤ ਬਾਬਾ ਸੱਜਣ ਸਿੰਘ ਬਾਬਾ ਦੀ ਸਿਹਤ ਬਾਰੇ ਵਿਸਥਾਰ ਨਾਲ ਜਾਣਿਆ ਅਤੇ ਬਾਬਾ ਜੀ ਦੀ ਸਿਹਤਯਾਬੀ ਦੀ ਕਾਮਨਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ ਤਨੇਲ, ਗਾਂਧੀ ਨਿਬਰਵਿੰਡ, ਸੋਨੂ ਬੋਪਾਰਾਏ, ਰਣਧੀਰ ਸਿੰਘ ਬਾਠ ਭੋਏ, ਐਡਵੋਕੇਟ ਬਿਕਰਮਜੀਤ ਸਿੰਘ ਬਾਠ, ਦਲੇਰ ਸਿੰਘ ਸਾਧਪੁਰ, ਭਾਈ ਰਣਜੀਤ ਸਿੰਘ ਰਾਣਾ ਬਾਬੋਵਾਲ, ਜਗਰੂਪ ਸਿੰਘ ਬੋਪਾਰਾਏ, ਪ੍ਰਿੰਸੀਪਲ ਗੁਰਸੇਵਕ ਸਿੰਘ, ਬਾਬਾ ਰਾਜਾ ਸਿੰਘ ਬਲਾਰਾ ਅਤੇ ਹੋਰ ਆਗੂ ਹਾਜ਼ਰ ਸਨ।

# ਆਰ ਡੀ ਖੋਸਲਾ ਸਕੂਲ ਦੇ ਵਿਦਿਆਰਥੀਆਂ ਦਾ ਯੋਗਾਸਨ ਸਪੋਰਟਸ ਫੈਡਰੇਸ਼ਨ ਕੱਪ 'ਚ ਸ਼ਾਨਦਾਰ ਪ੍ਰਦਰਸ਼ਨ

**ਬਟਾਲਾ (ਤਰਲੋਕ ਬੱਗਾ)**- 13ਵਾਂ ਯੋਗਾਸਨ ਸਪੋਰਟਸ ਫੈਡਰੇਸ਼ਨ ਕੱਪ ਲੁਧਿਆਣਾ ਵਿੱਚ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਸਕੂਲਾਂ ਅਤੇ ਸੰਸਥਾਵਾਂ ਦੇ ਲਗਭਗ 175 ਪ੍ਰਤੀਯੋਗੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੁਕਾਬਲੇ ਵਿੱਚ ਆਰ.ਡੀ. ਖੋਸਲਾ ਡੀ.ਏ.ਵੀ.ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੇ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ, ਅਨੁਸ਼ਾਸਨ, ਇਕਾਗਰਤਾ ਅਤੇ ਸ਼ਾਨਦਾਰ ਯੋਗਾ ਹੁਨਰ ਦਾ ਪ੍ਰਦਰਸ਼ਨ ਕੀਤਾ, ਸਮੁੱਚੇ ਤੌਰ 'ਤੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਚੈਂਪੀਅਨ ਟਰਾਫੀ ਘਰ ਲਿਆਂਦੀ। ਸਕੂਲ ਦੀ ਟੀਮ ਨੇ ਵੱਖ-ਵੱਖ ਯੋਗਾ ਆਸਣ ਅਤੇ ਕਲਾਤਮਕ ਯੋਗਾ ਸ਼੍ਰੇਣੀਆਂ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਜੱਜਾਂ ਨੂੰ ਪ੍ਰਭਾਵਿਤ ਕੀਤਾ। ਅੰਡਰ-10 ਸ਼੍ਰੇਣੀ ਵਿੱਚ ਸਕੂਲ ਦੇ ਪ੍ਰਤਿਭਾਸ਼ਾਲੀ ਖਿਡਾਰੀ ਸਿਮਰਤ ਕੌਰ ਅਤੇ ਅਰਸ਼ਦੀਪ ਸਿੰਘ ਨੇ ਕਲਾਤਮਕ ਯੋਗਾ ਅਤੇ ਟੀਮ ਈਵੈਂਟਾਂ ਦੋਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਪਹਿਲਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਲਈ ਸਾਈਕਲਾਂ ਨਾਲ ਸਨਮਾਨਿਤ ਕੀਤਾ ਗਿਆ। ਅੰਡਰ 8 ਟੀਮ ਵਿੱਚ ਗੁਰਸੀਰਤ ਕੌਰ ਪਹਿਲੇ ਸਥਾਨ 'ਤੇ, ਸ੍ਰਿਸ਼ਟੀ ਅਤੇ ਗੁਰਲੀਨ ਦੂਜੇ ਸਥਾਨ 'ਤੇ ਰਹੀਆਂ। ਅੰਡਰ 10 ਟੀਮ ਵਿੱਚ ਸਿਮਰਤ ਕੌਰ ਅਤੇ ਅਰਸ਼ਦੀਪ ਸਿੰਘ ਪਹਿਲੇ ਸਥਾਨ 'ਤੇ ਰਹੇ, ਜਦੋਂ ਕਿ ਹਰਕੀਰਤ ਕੌਰ, ਗੁਰਨੂਰ ਕੌਰ ਅਤੇ ਮਨਸੀਰਤ ਕੌਰ ਦੂਜੇ ਸਥਾਨ 'ਤੇ ਰਹੇ। ਅੰਡਰ 14 ਟੀਮ ਵਿੱਚ ਤਾਨਿਆ ਪਹਿਲੇ, ਅਵਨੀਤ ਕੌਰ ਅਤੇ ਤਨਿਸ਼ਕਾ ਦੂਜੇ ਅਤੇ ਮਨਸੀਰਤ ਕੌਰ ਤੀਜੇ ਸਥਾਨ 'ਤੇ ਰਹੀ। ਅੰਡਰ 19 ਵਿਅਕਤੀਗਤ ਵਿੱਚ ਏਕਮਜੋਤ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਪ੍ਰੋਗਰਾਮ ਅਧੀਨ ਆਯੋਜਿਤ ਔਨਲਾਈਨ ਯੋਗਾ ਮੁਕਾਬਲੇ ਵਿੱਚ, ਅੰਡਰ 8 ਟੀਮ ਵਿੱਚ ਪਵਲੀਨ, ਅਰਮਾਨਪ੍ਰੀਤ ਅਤੇ ਮਹਿਕਦੀਪ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਭਾਰਗਵੀ ਅਤੇ ਭਵਿਆ ਨੇ ਦੂਜਾ ਸਥਾਨ ਹਾਸਲ ਕੀਤਾ ।ਅੰਡਰ 10 ਟੀਮ ਵਿੱਚ ਵਿਹਾਸ ਨੇ ਪਹਿਲਾ ਸਥਾਨ ਚਿਤਨੂਰ, ਮਾਇਰਾ, ਨਵਿਆ, ਸਰਗੁਣ ਦੂਜੇ ਸਥਾਨ 'ਤੇ ਰਹੇ। ਸਕੂਲ ਦੀ ਇਸ ਸ਼ਾਨਦਾਰ ਸਫਲਤਾ ਤੇ ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰੈਜ਼ੀਡੈਂਟ ਅਜੈ ਖੋਸਲਾ ਤੇ ਪ੍ਰਿੰਸੀਪਲ ਡਾਕਟਰ ਬਿੰਦੂ ਭੱਲਾ ਨੇ ਜੇਤੂ ਟੀਮਾਂ ਤੇ ਉਹਨਾਂ ਦੇ ਮਾਪਿਆਂ ਤੇ ਉਹਨਾਂ ਦੇ ਕੋਚਾਂ ਨੂੰ ਵਧਾਈ ਦਿੱਤੀ



# ਚੀਫ ਖ਼ਾਲਸਾ ਦੀਵਾਨ ਇੰਟਰਨੈਸ਼ਨਲ ਨਰਸਿੰਗ ਕਾਲਜ 'ਚ ਅਧਿਆਪਕ ਦਿਵਸ ਮਨਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** - ਚੀਫ ਖ਼ਾਲਸਾ ਦੀਵਾਨ ਇੰਟਰਨੈਸ਼ਨਲ ਨਰਸਿੰਗ ਕਾਲਜ ਵੱਲੋਂ ਅਧਿਆਪਕ ਦਿਵਸ ਮਨਾਇਆ ਗਿਆ। ਇਸ ਮੌਕੇ ਅਧਿਆਪਕ ਸਾਹਿਬਾਨਾਂ ਵੱਲੋਂ 'ਅਧਿਆਪਨ ਨੂੰ ਇਕ ਸਹਿਯੋਗੀ ਪੇਸ਼ੇ ਵਜੋਂ ਨਵਾਂ ਰੂਪ ਦੇਣਾ' ਵਿਸ਼ੇ ਸਬੰਧੀ ਪੈਨਲ ਰਾਹੀਂ ਗੱਲਬਾਤ ਕੀਤੀ ਗਈ। ਪੈਨਲ ਦੀ ਪ੍ਰਧਾਨਗੀ ਮਿਸ ਗੁਰਸਿਮਰਪ੍ਰੀਤ ਕੌਰ ਨੇ ਕੀਤੀ ਅਤੇ ਮਿਸ ਗੁਰਵਿੰਦਰ ਕੌਰ, ਮਿਸ ਨਿਤਿਕਾ, ਮਿਸ ਰਵਪ੍ਰੀਤ ਕੌਰ ਅਤੇ ਮਿਸ ਕੁਲਵਿੰਦਰ ਕੌਰ ਨੇ ਬਤੌਰ ਪੈਨਲ ਮੈਂਬਰ ਹਿੱਸਾ ਲਿਆ। ਉਹਨਾਂ ਸਾਂਝੇ ਤੌਰ 'ਤੇ ਅਧਿਆਪਕਾਂ ਦੇ ਅੰਦਰ ਟੀਮ ਸਪਿਰਿਟ ਨੂੰ ਉਤਸ਼ਾਹਿਤ ਕਰਨ ਦੀ ਅਤੇ ਇਕੱਠੇ ਹੋ ਕੇ ਵਿਦਿਆਰਥੀਆਂ ਦੇ ਬਹੁ-ਪੱਖੀ ਵਿਕਾਸ ਵੱਲ ਧਿਆਨ ਕੇਂਦਰਿਤ ਕਰਨ ਦੀ ਲੋੜ ਤੇ ਜੋਰ ਦਿੱਤਾ। ਕਾਲਜ ਦੇ ਚੇਅਰਮੈਨ ਡਾ.ਆਤਮਜੀਤ ਸਿੰਘ ਬਸਰਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਧਿਆਪਕ ਗਿਆਨ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਸਹੀ ਦਿਸ਼ਾ ਦੇਣ ਅਤੇ ਉਹਨਾਂ ਦੇ ਸੁਨਹਿਰੀ ਭਵਿੱਖ ਦੀ ਨੀਂਹ ਮਜਬੂਤ ਕਰਨ ਵਿਚ ਅਹਿਮ ਭੂਮਿਕਾ ਨਿਭਾਉਂਦੇ ਹਨ। ਪ੍ਰਿੰਸੀਪਲ ਡਾ.ਯਸ਼ਪ੍ਰੀਤ ਕੌਰ ਨੇ ਅਧਿਆਪਕ-ਵਿਦਿਆਰਥੀ ਦੇ ਰਿਸ਼ਤੇ ਵਿੱਚ ਵੱਧ ਰਹੀ ਦੂਰੀ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਅਧਿਆਪਕ ਅਤੇ ਵਿਦਿਆਰਥੀ ਦੋਹਾਂ ਅੰਦਰ ਸਹਿਣਸ਼ੀਲਤਾ ਘੱਟ ਰਹੀ ਹੈ ਜੋ ਕਿ ਸਾਡੇ ਲਈ ਇੱਕ ਚੁਣੌਤੀ ਦੀ ਤਰਾਂ ਹੈ।

# ਸੁਖਜੀਤ ਕੌਰ ਨੂੰ ਸਟੇਟ ਐਵਾਰਡ ਮਿਲਣ 'ਤੇ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਸਕੂਲ ਦੀ ਪੀ.ਟੀ.ਆਈ. ਅਧਿਆਪਕਾ ਸੁਖਜੀਤ ਕੌਰ ਨੂੰ ਸਿੱਖਿਆ ਅਤੇ ਖੇਡਾਂ ਦੇ ਖੇਤਰ ਵਿੱਚ ਉਨ੍ਹਾਂ ਵੱਲੋਂ ਨਿਭਾਈਆਂ ਸ਼ਾਨਦਾਰ ਸੇਵਾਵਾਂ ਅਤੇ ਪ੍ਰਾਪਤੀਆਂ ਲਈ ਪ੍ਰਤਿਸ਼ਠਿਤ ਸਟੇਟ ਐਵਾਰਡ ਮਿਲਣ 'ਤੇ ਅੱਜ ਸਕੂਲ ਵਿਖੇ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ।ਸਟੇਟ ਐਵਾਰਡ ਪ੍ਰਾਪਤ ਕਰਕੇ ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਰਵਿੰਦਰ ਕੌਰ ਆਹਲੂਵਾਲੀਆ ਅਤੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਸੁਖਜੀਤ ਕੌਰ ਦਾ ਨਿੱਘਾ ਅਤੇ ਭਰਪੂਰ ਸਵਾਗਤ ਕੀਤਾ ਗਿਆ। ਢੋਲ-ਢਮੱਕੇ ਨਾਲ ਉਨ੍ਹਾਂ ਦਾ ਸਵਾਗਤ ਕੀਤਾ ਗਿਆ ਤੇ ਸਟਾਫ਼ ਨੇ ਫੁੱਲਾਂ ਦੇ ਹਾਰ ਪਾ ਕੇ ਸੁਖਜੀਤ ਕੌਰ ਦਾ ਸਵਾਗਤ ਕੀਤਾ। ਇਸ ਮੌਕੇ ਸਕੂਲ ਪਰਵਾਰ ਵੱਲੋਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ (ਮੋਮੈਂਟੋ) ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਰਵਿੰਦਰ ਕੌਰ ਆਹਲੂਵਾਲੀਆ ਨੇ ਕਿਹਾ ਕਿ ਸੁਖਜੀਤ ਕੌਰ ਦੀ ਮਿਹਨਤ, ਸਮਰਪਣ ਅਤੇ ਖੇਡਾਂ ਪ੍ਰਤੀ ਜਜ਼ਬਾ ਹੋਰਨਾਂ ਅਧਿਆਪਕਾਂ ਅਤੇ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਹੈ। ਇਹ ਸਨਮਾਨ ਨਾ ਸਿਰਫ਼ ਸੁਖਜੀਤ ਕੌਰ ਦੀ ਨਿੱਜੀ ਪ੍ਰਾਪਤੀ ਹੈ, ਸਗੋਂ ਸਮੁੱਚੇ ਸਕੂਲ ਪਰਵਾਰ ਲਈ ਵੀ ਮਾਣ ਵਾਲਾ ਪਲ ਹੈ।ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਵੀ ਸੁਖਜੀਤ ਕੌਰ ਨੂੰ ਇਸ ਵੱਡੀ ਪ੍ਰਾਪਤੀ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ।



# ਮਾਂ ਚਿੰਤਪੁਰਨੀ ਸੇਵਕ ਸਭਾ ਵੱਲੋਂ ਕੀਰਤਨ

**ਛੇਹਰਟਾ, (ਮਨੋਜ ਕੁਮਾਰ) :** ਮਾਂ ਚਿੰਤਪੁਰਨੀ ਸੇਵਕ ਸਭਾ ਵੱਲੋਂ ਚਿੰਤਪੁਰਨੀ ਮੰਦਰ, ਨਮਕ ਮੰਡੀ ਵਿਖੇ ਕੀਰਤਨ ਕਰਵਾਇਆ ਗਿਆ। ਇਸ ਮੌਕੇ ਪ੍ਰਸਿੱਧ ਗਾਇਕ ਨਵਲ ਵਰਮਾ ਤੇ ਹੈਪੀ ਮਿੰਨੀ ਚੰਚਲ ਨੇ ਮਾਤਾ ਚਿੰਤਪੁਰਨੀ ਦੀ ਮਹਿਮਾ ਵਿਚ ਭਜਨ ਗਾਏ। ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਦੇ ਟੀਮ ਮੈਂਬਰ ਅਨੁਜ ਖੇਮਕਾ ਤੇ ਆਸ਼ੀਸ਼ ਖੇਮਕਾ, ਸਮਾਜ ਸੇਵਕ ਅਸ਼ਵਨੀ ਜੋਸ਼ੀ, ਅਜੈ ਕੁਮਾਰ, ਵਿੱਕੀ ਲੰਬੂ, ਹਿਮਾਂਸ਼ੂ, ਕਪਿਸ਼ ਖੇਮਕਾ, ਸਿਧਾਂਤ ਅਗਰਵਾਲ ਤੇ ਚੇਤਨ ਸ਼ਰਮਾ ਨੇ ਚਿੰਤਪੂਰਨੀ ਮੰਦਰ ਵਿਖੇ ਕੀਰਤਨ ਵਿਚ ਹਾਜ਼ਰੀ ਭਰੀ ਅਤੇ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ।



# ਇੰਡੀਅਨ ਸਾਫਟਬਾਲ ਕ੍ਰਿਕਟ ਲੀਗ ਦੇ ਦੂਜੇ ਸੀਜ਼ਨ ਦੀ ਸ਼ੁਰੂਆਤ

**ਲੁਧਿਆਣਾ:** ਇੰਡੀਅਨ ਸਾਫਟਬਾਲ ਕ੍ਰਿਕਟ ਲੀਗ (ਆਈ.ਐੱਸ.ਸੀ.ਐੱਲ.) ਦੇ ਦੂਜੇ ਸੀਜ਼ਨ ਦੀ ਸ਼ੁਰੂਆਤ ਹੋ ਗਈ ਹੈ। ਇਸ ਵਾਰ 32 ਟੀਮਾਂ ਕੁੱਲ 127 ਮੁਕਾਬਲਿਆਂ ਵਿੱਚ ਹਿੱਸਾ ਲੈਣਗੀਆਂ, ਜੋ ਪਹਿਲੇ ਸੀਜ਼ਨ ਨਾਲੋਂ ਕਰੀਬ ਤਿੰਨ ਗੁਣਾ ਵੱਡਾ ਪੱਧਰ ਹੈ। ਆਈ.ਐੱਸ.ਸੀ.ਐੱਲ. ਦੇ ਸੰਸਥਾਪਕ ਤੇ ਪ੍ਰਧਾਨ ਡਾ. ਗੰਗਾਧਰ ਰਾਜੂ ਨੇ ਕਿਹਾ ਕਿ ਲੀਗ ਛੋਟੇ ਸ਼ਹਿਰਾਂ ਤੇ ਕਸਬਿਆਂ ਦੇ ਖਿਡਾਰੀਆਂ ਨੂੰ ਵੀ ਆਪਣੀ ਪ੍ਰਤਿਭਾ ਦਿਖਾਉਣ ਦਾ ਮੰਚ ਦੇ ਰਹੀ ਹੈ। ਸਾਬਕਾ ਕ੍ਰਿਕਟਰ ਹਰਭਜਨ ਸਿੰਘ ਅਤੇ ਸੁਰੇਸ਼ ਰੈਨਾ ਬ੍ਰਾਂਡ ਅੰਬੈਸਡਰ ਵਜੋਂ ਜੁੜੇ ਹਨ। ਸੋਨੀ ਸਪੋਰਟਸ ਨੈੱਟਵਰਕ ਅਧਿਕਾਰਤ ਪ੍ਰਸਾਰਣ ਭਾਈਵਾਲ ਹੈ, ਜਦਕਿ ਸਕ੍ਰੀਨੌਕਸ 1,500 ਤੋਂ ਵੱਧ ਸਕ੍ਰੀਨਾਂ 'ਤੇ ਮੁਕਾਬਲੇ ਦਿਖਾਏਗਾ।

# 'ਮਿਰਜ਼ਾ ਸਾਹਿਬਾਂ' ਨੇ ਦਰਸ਼ਕਾਂ ਦਾ ਦਿਲ ਜਿੱਤਿਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ )** - ਏਟ ਰਸ ਪਲੇਅਰ ਅੰਮ੍ਰਿਤਸਰ ਵੱਲੋਂ ਵਿਰਸਾ ਵਿਹਾਰ ਦੇ ਸਹਿਯੋਗ ਨਾਲ ਪੰਜਾਬੀ ਰੰਗਮੰਚ ਦੇ ਪ੍ਰਸਿੱਧ ਨਾਟਕਕਾਰ ਬਲਵੰਤ ਗਾਰਗੀ ਦੇ ਨਾਟਕ 'ਮਿਰਜ਼ਾ ਸਾਹਿਬਾਂ' ਦੀ ਸ਼ਾਨਦਾਰ ਪੇਸ਼ਕਾਰੀ ਵਿਰਸਾ ਵਿਹਾਰ, ਅੰਮ੍ਰਿਤਸਰ ਦੇ ਸ੍ਰ. ਕਰਤਾਰ ਸਿੰਘ ਦੁੱਗਲ ਆਡੀਟੋਰੀਅਮ ਵਿਖੇ ਕੀਤੀ ਗਈ। ਨਾਟਕ ਦਾ ਨਿਰਦੇਸ਼ਨ ਨੌਜਵਾਨ ਨਿਰਦੇਸ਼ਕ ਹਰਪ੍ਰੀਤ ਸਿੰਘ ਵੱਲੋਂ ਕੀਤਾ ਗਿਆ। ਇਸ ਪੇਸ਼ਕਾਰੀ ਵਿੱਚ ਬਰਟੋਲਟ ਬ੍ਰੇਖ਼ਤ ਦੀਆਂ ਤਕਨੀਕਾਂ ਦਾ ਰਚਨਾਤਮਕ ਪ੍ਰਯੋਗ ਕਰਦਿਆਂ ਲੋਕ-ਗਾਥਾ ਨੂੰ ਇੱਕ ਨਵੇਂ ਅਤੇ ਸਮਕਾਲੀ ਰੰਗਮੰਚੀ ਅੰਦਾਜ਼ ਵਿੱਚ ਪੇਸ਼ ਕਰਨ ਦੀ ਕੋਸ਼ਿਸ਼ ਕੀਤੀ ਗਈ। ਇਸ ਦੇ ਨਾਲ ਹੀ ਉਹਨਾਂ ਇਸ ਨਾਟਕ ਨੂੰ ਅਜੋਕੇ ਸਮੇਂ ਨਾਲ ਜੋੜਦੇ ਹੋਏ ਮੁਹੱਬਤ ਦਾ ਸੁਨੇਹਾ ਦਿੱਤਾ। ਨਾਟਕ ਵਿੱਚ ਮਿਰਜ਼ੇ ਦੀ ਭੂਮਿਕਾ ਗੁਰਦਿੱਤਪਾਲ ਸਿੰਘ, ਸਾਹਿਬਾਂ ਦੀ ਭੂਮਿਕਾ ਅਕਸ਼ਿਤਾ, ਅਤੇ ਖੀਵੇ ਖ਼ਾਨ ਦੀ ਭੂਮਿਕਾ ਜਸਵੰਤ ਸਿੰਘ ਨੇ ਨਿਭਾਈ। ਸੀਨੀਅਰ ਰੰਗਮੰਚ ਅਦਾਕਾਰਾ ਤੇ ਮਸ਼ਹੂਰ ਸੋਸ਼ਲ ਮੀਡੀਆ ਇਨਫਲੂਐਂਸਰ ਮੰਦੀਪ ਕੌਰ ਨੇ ਸਾਹਿਬਾਂ ਦੀ ਮਾਂ ਦਾ ਮਹੱਤਵਪੂਰਨ



ਕਿਰਦਾਰ ਨਿਭਾ ਕੇ ਦਰਸ਼ਕਾਂ ਦਾ ਵਿਸ਼ੇਸ਼ ਧਿਆਨ ਖਿੱਚਿਆ। ਨਿਸ਼ਾਨ ਸ਼ੇਰਗਿੱਲ ਨੇ ਵੱਖ-ਵੱਖ ਭੂਮਿਕਾਵਾਂ ਰਾਹੀਂ ਨਾਟਕ ਨੂੰ ਪ੍ਰਭਾਵਸ਼ਾਲੀ ਬਣਾਇਆ। ਇਸ ਤੋਂ ਇਲਾਵਾ ਰੌਬਿਨ ਸਿੰਘ, ਕਵਲ ਬਾਜਵਾ, ਸੁਮਨ ਸਿੰਘ, ਗੁਰਲੀਨ ਕੌਰ, ਕੋਹਿਮਾ, ਦਿਸ਼ਾ ਤੇ ਸਰਤਾਜ ਸਿੰਘ ਨੇ ਆਪਣੀਆਂ ਭੂਮਿਕਾਵਾਂ ਬਾਖ਼ੂਬੀ ਨਿਭਾਈਆਂ। ਕੁਸ਼ਾਗਰ ਕਾਲੀਆ, ਪ੍ਰਭਦੀਪ ਸਿੰਘ ਸੰਘਾ ਅਤੇ ਆਕਾਸ਼ਦੀਪ ਸਿੰਘ ਦੇ ਸੰਗੀਤਕ ਯੋਗਦਾਨ ਨੇ ਪੇਸ਼ਕਾਰੀ ਵਿੱਚ ਹੋਰ ਰੰਗ ਭਰੇ। ਰੌਸ਼ਨੀ ਪ੍ਰਬੰਧ ਅਤੇ ਪੂਰੀ ਟੀਮ ਦੀ ਗਾਈਡੈਂਸ ਵਿੱਚ ਵਿਸ਼ੂ ਸ਼ਰਮਾ ਦਾ ਮਹੱਤਵਪੂਰਨ ਸਹਿਯੋਗ ਰਿਹਾ।

# ਬਟਾਲਾ 'ਚ ਖੇਡਾਂ ਵਤਨ ਪੰਜਾਬ ਦੀਆਂ-4 ਤਹਿਤ ਬਲਾਕ ਪੱਧਰੀ ਟੂਰਨਾਮੈਂਟ ਦਾ ਸ਼ਾਨਦਾਰ ਆਗਾਜ਼

**ਬਟਾਲਾ (ਤਰਲੋਕ ਬੱਗਾ)**- ਸਥਾਨਕ ਆਈ.ਟੀ.ਆਈ ਬਟਾਲਾ ਵਿੱਚ ਖੇਡਾਂ ਵਤਨ ਪੰਜਾਬ ਦੀਆਂ 2026 ਅਧੀਨ ਬਲਾਕ ਪੱਧਰੀ ਟੂਰਨਾਮੈਂਟ ਦਾ ਸ਼ਾਨਦਾਰ ਆਗਾਜ਼ ਹੋਇਆ। ਇਸ ਮੌਕੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੇ ਭਰਾ ਅੰਮ੍ਰਿਤ ਕਲਸੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਜ਼ਿਲ੍ਹਾ ਖੇਡ ਅਫਸਰ ਸਿਮਰਨਜੀਤ ਸਿੰਘ, ਰਣਜੀਤ ਭਗਤ ਲੈਕਚਰਾਰ, ਜਸਵਿੰਦਰ ਕੌਰ ਲੈਕਚਰਾਰ, ਰਮਨਦੀਪ ਕੌਰ ਲੈਕਚਰਾਰ, ਅਮਨਦੀਪ ਕੌਰ ਲੈਕਚਰਾਰ, ਰਮਨਦੀਪ ਸਿੰਘ ਡੀ ਪੀ ਈ. ਪਰਮਿੰਦਰ ਸਿੰਘ ਡੀ ਪੀ ਈ, ਹਰਜੀਤ ਕੌਰ ਪੀ ਟੀ ਆਈ, ਹਰਦੀਪ ਸਿੰਘ ਪੀ ਟੀ ਆਈ, ਸਰਬਜੋਤ ਕੌਰ, ਮਨਜੀਤ ਕੌਰ, ਲਖਬੀਰ ਕੌਰ ਪੀ ਟੀ ਆਈ, ਕੋਚ ਲਖਵਿੰਦਰ ਸਿੰਘ ਅਤੇ ਸੈਮੂਅਲ ਮਸੀਹ ਸਮੇਤ ਕੋਚ ਅਤੇ ਖਿਡਾਰੀ ਮੌਜੂਦ ਸਨ। ਇਸ ਮੌਕੇ ਅੰਮ੍ਰਿਤ ਕਲਸੀ ਵਲੋਂ ਨੌਜਵਾਨ ਖਿਡਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਹੌਸਲਾ ਵਧਾਇਆ ਅਤੇ ਖੇਡਾਂ ਪ੍ਰਤੀ ਉਨ੍ਹਾਂ ਦੇ ਜਜ਼ਬੇ ਦੀ ਸ਼ਲਾਘਾ ਕੀਤੀ। ਉਨ੍ਹਾਂ ਸਾਰੇ ਖਿਡਾਰੀਆਂ ਨੂੰ ਆਉਣ ਵਾਲੇ ਮੁਕਾਬਲਿਆਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ । ਉਨ੍ਹਾਂ ਕਿਹਾ ਗਿ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਇਸ ਮੌਕੇ ਜ਼ਿਲ੍ਹਾ ਖੇਡ ਅਫਸਰ ਗੁਰਦਾਸਪੁਰ ਸਿਮਰਨਜੀਤ ਸਿੰਘ ਨੇ ਦੱਸਿਆ ਕਿ ਇਹ ਚੌਥਾ ਸੀਜ਼ਨ 14 ਤੋਂ 70 ਸਾਲ ਤੋਂ ਵੱਧ ਉਮਰ ਦੇ ਲਗਭਗ 10 ਲੱਖ ਖਿਡਾਰੀਆਂ ਨੂੰ 39 ਖੇਡ ਮੁਕਾਬਲਿਆਂ ਅਤੇ ਚਾਰ ਪੈਰਾ-ਖੇਡਾਂ ਖੇਡਣ ਲਈ ਖੇਡ ਮੈਦਾਨ ਵਿੱਚ ਉਤਾਰੇਗਾ। ਇਹ ਖੇਡਾਂ 29 ਨਵੰਬਰ ਨੂੰ ਪਟਿਆਲਾ ਵਿਖੇ ਸਮਾਪਤ ਹੋਣਗੀਆਂ, ਜਿਨ੍ਹਾਂ ਵਿੱਚ ਜੇਤੂਆਂ ਲਈ 12.50 ਕਰੋੜ ਰੁਪਏ ਦੇ ਨਕਦ ਇਨਾਮ ਰੱਖੇ ਗਏ ਹਨ, ਜਿਸ ਵਿੱਚ ਪਹਿਲੀ ਵਾਰ ਵੈਟਰਨ ਖਿਡਾਰੀਆਂ ਲਈ ਵੀ ਨਕਦ ਇਨਾਮ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਇਸ ਸਾਲ ਕੁੱਲ 39 ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ ਅਤੇ ਐਥਲੇਟਿਕਸ, ਪਾਵਰਲਿਫਟਿੰਗ, ਬੈਡਮਿੰਟਨ ਅਤੇ ਵ੍ਹੀਲਚੇਅਰ ਬਾਸਕਟਬਾਲ ਸਮੇਤ ਚਾਰ ਪੈਰਾ-ਖੇਡਾਂ ਸ਼ਾਮਲ ਹਨ। ਇਸ ਮੌਕੇ ਜ਼ਿਲ੍ਹਾ ਖੇਡ ਵਿਭਾਗ ਗੁਰਦਾਸਪੁਰ ਵਲੋਂ ਅੰਮ੍ਰਿਤ ਕਲਸੀ ਨੂੰ ਸਨਮਾਨਤ ਵੀ ਕੀਤਾ ਗਿਆ।



# ਜ਼ਮੀਨੀ ਝਗੜੇ ਨੂੰ ਲੈ ਕੇ ਦੋ ਧਿਰਾਂ ਦੀ ਲੜਾਈ 'ਚ 5 ਸਾਲ ਦਾ ਬੱਚਾ ਜ਼ਖ਼ਮੀ



**ਜੈਂਤੀਪੁਰ, (ਸੁਖਬੀਰ ਸਿੱਧੂ)**- ਜ਼ਮੀਨ ਦੇ ਝਗੜੇ ਨੂੰ ਲੈ ਕੇ ਹਲਕਾ ਮਜੀਠਾ ਦੇ ਪਿੰਡ ਪਾਖਰਪੁਰਾ ਵਿਖੇ ਦੋ ਧਿਰਾਂ ਦੀ ਲੜਾਈ ਵਿਚ 5 ਸਾਲਾ ਲੜਕਾ ਗੰਭੀਰ ਰੂਪ ਵਿਚ ਜ਼ਖਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਅਨੁਸਾਰ ਉਂਕਾਰ ਸਿੰਘ ਉਰਫ ਗੁਰਜੰਟ ਸਿੰਘ ਪੁੱਤਰ ਸਵਿੰਦਰ ਸਿੰਘ ਵਾਸੀ ਪਾਖਰਪੁਰ ਥਾਣਾ ਕੱਥੂਨੰਗਲ ਨੇ ਦੱਸਿਆ ਕਿ ਬੀਤੇ ਦਿਨੀਂ ਸ਼ਾਮ 7:30 ਦੇ ਵਜੇ ਕਰੀਬ ਗੁਆਂਢ ਰਹਿੰਦੇ ਦਵਿੰਦਰ ਸਿੰਘ ਉਰਫ ਸੋਨੀ ਪੱਤਰ ਨਿਰਮਲ ਸਿੰਘ, ਸਿਕੰਦਰ ਸਿੰਘ ਪੁੱਤਰ ਦਵਿੰਦਰ ਸਿੰਘ ਪਾਖਰਪੁਰਾ ਹਾਲ ਵਾਸੀਆਨ ਅੰਮ੍ਰਿਤਸਰ ਸਮੇਤ ਲਖਵਿੰਦਰ ਸਿੰਘ ਪੁੱਤਰ ਦਲੀਪ ਸਿੰਘ, ਜਸਵੰਤ ਸਿੰਘ ਪੁੱਤਰ ਲਖਵਿੰਦਰ ਸਿੰਘ ਅਤੇ 15/16 ਹੋਰ ਅਣਪਛਾਤੇ ਵਿਅਕਤੀਆਂ ਜੋ ਤਿੰਨ ਗੱਡੀਆਂ 'ਤੇ ਸਵਾਰ ਹੋ ਕੇ ਸਾਡੇ ਘਰ ਦੇ ਬਾਹਰ ਆਏ ਤੇ ਆਉਂਦੇ ਹੀ ਗੇਟ ਨੂੰ ਇੱਟਾਂ ਰੋੜੇ ਮਾਰਨੇ ਸ਼ੁਰੂ ਕਰ ਦਿੱਤੇ ਜਦੋਂ ਸਾਡੀਆਂ ਔਰਤਾਂ ਵਲੋਂ ਬਾਹਰ ਨਿਕਲ ਕੇ ਵੇਖਿਆ ਤਾਂ ਦਵਿੰਦਰ ਸਿੰਘ ਉਰਫ ਸੋਨੀ, ਨੇ ਹੱਥ ਵਿਚ ਦਾਤਰ ਫੜਿਆ ਹੋਇਆ ਸੀ ਤੇ ਦੇਖਦੇ ਦੇਖਦੇ ਇਹ ਸਾਰੇ ਸਾਡੇ ਘਰ ਅੰਦਰ ਦਾਖਲ ਹੋ ਗਏ ਤੇ ਵਿਹੜੇ ਵਿਚ ਖੇਡ ਰਹੇ ਸਾਡੇ 5 ਸਾਲਾ ਕਰ ਦਿੱਤਾ ਜਦ ਮੈਂ ਘਰ ਆ ਕੇ ਆਪਣੇ ਭਤੀਜੇ ਨੂੰ ਗੰਭੀਰ ਰੂਪ ਜ਼ਖ਼ਮੀ ਹੋਇਆ ਦੇਖਿਆ ਤਾਂ ਮੇਰੇ ਪੈਰਾਂ ਹੇਠੋਂ ਜ਼ਮੀਨ ਹਿੱਲ ਗਈ।ਇਨ੍ਹਾਂ ਵਲੋਂ ਮੇਰੇ ਪਿਤਾ ਦੇ ਉੱਪਰ ਵੀ ਡਾਂਗਾਂ ਅਤੇ ਦਾਤਰਾਂ ਨਾਲ ਹਮਲਾ ਕਰਕੇ ਗਾਲੀ ਗਲੋਚ ਅਤੇ ਘਰ ਦੇ ਸਾਮਾਨ ਦੀ ਭੰਨ ਤੋੜ ਕਰਕੇ ਹਨ੍ਹੇਰੇ ਦਾ ਫਾਇਦਾ ਲੈਂਦੇ ਹੋਏ ਗੱਡੀਆਂ ਭਜਾ ਕੇ ਲੈ ਗਏ।

ਉਨ੍ਹਾਂ ਅੱਗੇ ਦੱਸਿਆ ਕਿ ਜ਼ਖ਼ਮੀ ਭਤੀਜੇ ਫਤਿਹਵੀਰ ਸਿੰਘ ਨੂੰ ਅਸੀਂ ਆਪਣੇ ਸਾਥੀਆਂ ਦੇ ਸਹਿਯੋਗ ਨਾਲ ਮਜੀਠਾ ਦੇ ਸਿਵਲ ਹਸਪਤਾਲ ਵਿਚ ਦਾਖਲ ਕਰਵਾਇਆ, ਜਿਥੇ ਡਾਕਟਰ ਵੱਲੋਂ ਅੰਮ੍ਰਿਤਸਰ ਦੇ ਅਮਨਦੀਪ ਹਸਪਤਾਲ ਵਿਖੇ ਰੈਫਰ ਕਰ ਦਿੱਤਾ ਗਿਆ।ਸਬੰਧਿਤ ਪੁਲਸ ਪ੍ਰਸ਼ਾਸਨ ਦੇ ਅਧਿਕਾਰੀਆਂ ਕੋਲੋਂ ਮੰਗ ਕੀਤੀ ਕਿ ਦੋਸ਼ੀਆਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ।

ਇਸ ਮੌਕੇ ਪੁਲਸ ਚੌਂਕੀ ਜੈਂਤੀਪੁਰ ਦੇ ਇੰਚਾਰਜ ਗਗਨਦੀਪ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਨੇ ਕਿਹਾ ਕਿ ਇਸ ਝਗੜੇ ਵਿਚ ਕੁਝ ਦੋਸ਼ੀ ਫੜ ਲਏ ਗਏ ਹਨ ਜਿਨ੍ਹਾਂ ਉੱਪਰ ਵੱਖ-ਵੱਖ ਧਰਾਵਾਂ ਤਹਿਤ ਪਰਚਾ ਦਰਜ ਕਰਕੇ ਬਾਕੀ ਅਣਪਛਾਤੇ ਵਿਅਕਤੀਆਂ ਦੀ ਭਾਲ ਜਾਰੀ ਹੈ।ਇਸ ਸਬੰਧੀ ਦੂਜੀ ਧਿਰ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਪਰ ਸੰਪਰਕ ਨਹੀਂ ਹੋ ਸਕਿਆ ਅਤੇ ਠੇਕੇ 'ਤੇ ਜ਼ਮੀਨ ਵਾਹ ਰਹੇ ਲਖਵਿੰਦਰ ਸਿੰਘ ਦੀ ਪਤਨੀ ਨੇ ਦੱਸਿਆ ਕਿ ਸਾਡੇ ਪਰਵਾਰ ਵਲੋਂ ਦਵਿੰਦਰ ਸਿੰਘ ਸੋਨੀ ਪਾਸੋਂ ਜ਼ਮੀਨ ਠੇਕੇ ਉੱਪਰ ਲੈ ਕੇ ਆਪਣੇ ਘਰ ਦਾ ਗੁਜ਼ਾਰਾ ਚਲਾ ਰਹੇ ਮੇਰੇ ਪਤੀ ਤੇ ਮੇਰੇ ਬੇਟੇ ਉੱਪਰ ਪਰਚਾ ਦਰਜ ਕਰਕੇ ਜੇਲ ਭੇਜ ਦਿੱਤਾ ਗਿਆ ਹੈ।

# ਸੱਤਾ ਦਾ ਨਵਾਂ ਸਾਥੀ

*ਜੰਤਰ-ਮੰਤਰ ਵਿੱਚ ਵਿਦਿਆਰਥੀ ਪ੍ਰੋਟੈਸਟ ਦੌਰਾਨ ਇੱਕ ਵਿਦਿਆਰਥਣ ਦੇ ਪਿਤਾ ਦਾ ਸਿਰ ਪਾੜਨ ਦਾ ਦਾਅਵਾ ਕਰਨ ਵਾਲਾ ਸਵਤੰਤਰ ਭਾਰਦਵਾਜ ਅੱਜਕੱਲ੍ਹ ਕਾਫੀ ਚਰਚਾ ਵਿੱਚ ਹੈ। ਉਹ ਉਨ੍ਹਾਂ ਲੋਕਾਂ ਦੀ ਨੁਮਾਇੰਦਗੀ ਕਰਦਾ ਹੈ, ਜਿਨ੍ਹਾਂ ਨੂੰ ਭਾਰਤ ਦਾ ਮੌਜੂਦਾ ਰਾਜਕੀ ਤੰਤਰ ਆਪਣਾ ਸਭ ਤੋਂ ਭਰੋਸੇਮੰਦ ਮਿੱਤਰ ਮੰਨਦਾ ਹੈ, ਜਿਸ ਨੂੰ ਭਾਰਤ ਦੇ ਲੋਕਾਂ ਵਿੱਚੋਂ ਉਸ ਨੇ ਆਪਣੇ ਸਹਿਯੋਗੀ ਵਜੋਂ ਚੁਣਿਆ ਹੈ। ਇਹ ਨਾਅਰਾ ਚੇਤੇ ਹੋਣੈ : 'ਦਿੱਲੀ ਪੁਲਸ ਲੱਠ ਚਲਾਓ, ਅਸੀਂ ਤੁਹਾਡੇ ਨਾਲ ਹਾਂ'। ਇਹ ਨਾਅਰਾ 2020 ਵਿੱਚ ਸਵਤੰਤਰ ਭਾਰਦਵਾਜ ਵਰਗੇ ਹਿੰਦੂ ਨੌਜਵਾਨਾਂ ਨੇ ਲਗਾਇਆ ਸੀ, ਜਦੋਂ ਪੁਲਸ ਦੀ ਹਿੰਸਾ ਦਾ ਰੁਖ ਮੁਸਲਮਾਨਾਂ ਵੱਲ ਸੀ। ਦਿੱਲੀ ਪੁਲਸ ਨੇ ਕਦੇ ਵੀ ਇਸ ਨਾਅਰੇ ਦੀ ਨਿੰਦਾ ਨਹੀਂ ਕੀਤੀ। ਇਸ ਨੇ ਕਦੇ ਨਹੀਂ ਕਿਹਾ ਕਿ ਉਹ ਇਨ੍ਹਾਂ ਗੁੰਡਿਆਂ ਦੀ ਤਰਫੋਂ ਲਾਠੀਆਂ ਨਹੀਂ ਵਰ੍ਹਾ ਰਹੀ। ਉਸ ਨੇ ਇੱਕ ਤਰ੍ਹਾਂ ਨਾਲ ਇਸ ਨਾਅਰੇ ਨੂੰ ਆਪਣੇ ਕੰਮ ਦੀ ਪ੍ਰਸੰਸਾ ਵਜੋਂ ਸਵੀਕਾਰ ਕੀਤਾ। ਇਸ ਨਾਲ ਮੁਸਲਮਾਨਾਂ ਵਿਰੁੱਧ ਉਸ ਦਾ ਰਵੱਈਆ ਹੋਰ ਵੀ ਸਖਤ ਹੋਇਆ, ਕਿਉਂਕਿ ਲੋਕਾਂ ਦਾ ਇੱਕ ਹਿੱਸਾ ਉਸ ਨੂੰ ਸ਼ਾਬਾਸ਼ੀ ਦੇ ਰਿਹਾ ਸੀ ਕਿ ਪੁਲਸ ਉਸ ਵੱਲੋਂ ਇਹ ਹਿੰਸਾ ਕਰ ਰਹੀ ਹੈ।*

*ਪੁਲਸ ਅਤੇ ਸਵਤੰਤਰ ਭਾਰਦਵਾਜ ਵਰਗੇ ਹਿੰਦੂ ਲੱਠਬਾਜ਼ਾਂ ਦਾ ਗੱਠਜੋੜ 5 ਜਨਵਰੀ, 2020 ਨੂੰ ਦਿਸਿਆ ਸੀ, ਜਦੋਂ ਗੁੰਡਿਆਂ ਨੇ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਕੈਂਪਸ ਵਿੱਚ ਘੰਟਿਆਂਬੱਧੀ ਵਿਦਿਆਰਥੀਆਂ ਅਤੇ ਅਧਿਆਪਕਾਂ 'ਤੇ ਹਮਲਾ ਕੀਤਾ ਅਤੇ ਪੁਲਸ ਚੁੱਪਚਾਪ ਦੇਖਦੀ ਰਹੀ। ਗੁੰਡੇ ਪੁਲਸ ਦੀ ਨਿਗਰਾਨੀ ਹੇਠ ਕੈਂਪਸ ਵਿੱਚ ਦਾਖਲ ਹੋਏ ਅਤੇ ਇਤਮਿਨਾਨ ਨਾਲ ਲਾਠੀਆਂ ਵਰ੍ਹਾਉਂਦੇ ਰਹੇ। ਪੁਲਸ ਨੇ ਉਨ੍ਹਾਂ ਨੂੰ ਰੋਕਿਆ ਨਹੀਂ।*

*ਇਸ ਤੋਂ ਬਾਅਦ ਉਹ ਲੱਠ, ਜਿਹੜੀ ਕਦੇ ਪੁਲਸ ਚਲਾਉਂਦੀ ਰਹੀ, ਸਵਤੰਤਰ ਭਾਰਦਵਾਜ ਦੇ ਹੱਥ ਵਿੱਚ ਆ ਗਈ। ਪੁਲਸ ਦੀ ਜੁੱਤੀ ਵੀ ਉਸ ਦੇ ਪੈਰਾਂ ਵਿੱਚ ਆ ਗਈ। ਹੁਣ ਉਹ ਪੁਲਸ ਵੱਲੋਂ ਲੱਠ ਚਲਾ ਰਿਹਾ ਸੀ, ਪਰ ਇਸ ਵਾਰ ਉਸ ਦਾ ਨਿਸ਼ਾਨਾ ਮੁਸਲਮਾਨ ਨਹੀਂ ਸਨ। ਉਹ ਸਰਕਾਰ ਵਿਰੁੱਧ ਪ੍ਰਦਰਸ਼ਨ ਕਰ ਰਹੇ ਨੌਜਵਾਨਾਂ 'ਤੇ ਲੱਠ ਚਲਾ ਰਿਹਾ ਸੀ। ਸਵਤੰਤਰ ਭਾਰਦਵਾਜ ਇਸ ਸਰਕਾਰ ਅਤੇ ਇਸ ਦੇ ਨੇਤਾ ਨਰਿੰਦਰ ਮੋਦੀ ਵੱਲੋਂ, ਉਨ੍ਹਾਂ ਦੇ ਵਿਰੋਧੀਆਂ ਵਿਰੁੱਧ ਲੱਠ ਚਲਾ ਰਿਹਾ ਸੀ। ਸਵਤੰਤਰ ਭਾਰਦਵਾਜ ਨੂੰ ਇਹ ਲੱਗਿਆ ਕਿ ਉਹ ਜੋ ਕਰ ਰਿਹਾ ਸੀ, ਉਸ ਨੂੰ ਖੁੱਲ੍ਹੇਆਮ ਦੱਸੇ ਵੀ। ਆਖਰ, ਉਹ ਭਾਜਪਾ ਸਰਕਾਰ ਦੇ ਦੁਲਾਰੇ ਨੌਜਵਾਨਾਂ ਵਿੱਚੋਂ ਇੱਕ ਸੀ। ਉਸ ਨੂੰ ਨਰਿੰਦਰ ਮੋਦੀ ਦੇ ਸਹੁੰ ਚੁੱਕ ਸਮਾਗਮ ਵਿੱਚ ਸੱਦਾ ਦਿੱਤਾ ਗਿਆ ਸੀ। ਇਸ ਤੋਂ ਇਲਾਵਾ, ਉਸ ਨੂੰ ਰੱਖਿਆ ਮੰਤਰਾਲੇ ਦੇ ਇੱਕ ਸਮਾਗਮ ਵਿੱਚ ਵੀ ਸੱਦਾ ਦਿੱਤਾ ਗਿਆ ਸੀ। ਇਸ ਤੋਂ ਪਤਾ ਲਗਦਾ ਹੈ ਕਿ ਸਵਤੰਤਰ ਭਾਰਦਵਾਜ ਨੇ ਭਾਰਤੀ ਰਾਜ ਤੰਤਰ ਦੇ ਅੰਦਰ ਆਪਣੀ ਪੈਠ ਬਣਾ ਲਈ ਸੀ।*

*ਸਵਤੰਤਰ ਭਾਰਦਵਾਜ ਹਿੰਦੂਤਵੀ ਰਾਜ ਅੰਦਰ ਆਪਣੀ ਸਥਿਤੀ 'ਤੇ ਏਨਾ ਨਿਸਚਿੰਤ ਸੀ ਕਿ ਉਸ ਨੂੰ ਜਨਤਕ ਤੌਰ 'ਤੇ ਇਹ ਸਵੀਕਾਰ ਕਰਨ ਵਿੱਚ ਕੋਈ ਝਿਜਕ ਨਹੀਂ ਸੀ ਕਿ ਉਸ ਨੇ ਹਿੰਸਾ ਕੀਤੀ ਹੈ, ਜਿਸ ਦਾ ਨਤੀਜਾ ਕਤਲ ਵਿੱਚ ਨਿਕਲ ਸਕਦਾ ਸੀ। ਫਿਰ ਵੀ ਏਨਾ ਸੰਗੀਨ ਅਪਰਾਧ ਕਰਨ ਦੇ ਬਾਵਜੂਦ ਉਸ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ ਕਿਉਂਕਿ ਉਸ ਨੇ ਚਿਰਾਗ ਪਾਸਵਾਨ ਅਤੇ ਕਪਿਲ ਮਿਸ਼ਰਾ ਨੂੰ ਭਰਾ ਦੱਸਿਆ। ਚਿਰਾਗ ਪਾਸਵਾਨ ਨੂੰ ਤੁਰੰਤ ਉਸ ਤੋਂ ਦੂਰੀ ਬਣਾਉਣੀ ਪਈ, ਕਿਉਂਕਿ ਜਿਨ੍ਹਾਂ ਲੋਕਾਂ 'ਤੇ ਉਸ ਨੇ ਹਮਲਾ ਕੀਤਾ, ਉਹ ਦਲਿਤ ਸਨ, ਪਰ ਹੁਣ ਤੱਕ ਨਾ ਤਾਂ ਕਪਿਲ ਮਿਸ਼ਰਾ, ਮਨੋਜ ਤਿਵਾੜੀ ਅਤੇ ਨਾ ਹੀ ਭਾਜਪਾ ਨੇ ਸਵਤੰਤਰ ਭਾਰਦਵਾਜ ਤੋਂ ਆਪਣੇ ਆਪ ਨੂੰ ਦੂਰ ਕਰਨ ਦੀ ਜ਼ਰੂਰਤ ਮਹਿਸੂਸ ਕੀਤੀ ਹੈ। ਪਾਰਟੀ, ਜੋ ਹਰ ਮੁੱਦੇ 'ਤੇ ਟਵੀਟ ਕਰਨ ਲਈ ਤੇਜ਼ ਹੈ, ਨੇ ਸਵਤੰਤਰ ਭਾਰਦਵਾਜ ਦੇ ਬਿਆਨ ਦੀ ਨਿੰਦਾ ਨਹੀਂ ਕੀਤੀ। ਇਹ ਇੱਕ ਅਜਿਹੇ ਮੁੱਦੇ 'ਤੇ ਚੁੱਪ ਹੈ, ਜਿਸ 'ਤੇ ਦੇਸ਼ ਭਰ ਵਿੱਚ ਬਹਿਸ ਹੋ ਰਹੀ ਹੈ। ਇਹ ਚੁੱਪੀ ਸਵਤੰਤਰ ਭਾਰਦਵਾਜ ਦੇ ਸਮਰਥਨ ਦਾ ਬਿਆਨ ਹੈ।*


*ਸਵਤੰਤਰ ਭਾਰਦਵਾਜ ਕੋਈ ਅਪਵਾਦ ਨਹੀਂ। ਉਸ ਤੋਂ ਪਹਿਲਾਂ, ਦਕਸ਼ ਚੌਧਰੀ, ਪਿੰਕੀ ਚੌਧਰੀ, ਮੋਨੂੰ ਮਾਨੇਸਰ ਅਤੇ ਰਿਧੀਮਾ ਸ਼ਰਮਾ ਵਰਗੇ ਗੁੰਡੇ ਖੁੱਲ੍ਹੇਆਮ ਹਿੰਸਾ ਕਰਦੇ ਹੋਏ ਖੁਦ ਵੀਡੀਓ ਬਣਾਉਂਦੇ ਰਹੇ ਹਨ। ਉਨ੍ਹਾਂ ਦੇ ਨਿਸ਼ਾਨੇ 'ਤੇ ਹਮੇਸ਼ਾ ਮੁਸਲਮਾਨ ਅਤੇ ਈਸਾਈ ਹੁੰਦੇ ਸਨ ਅਤੇ ਕਈ ਵਾਰ ਉਹ ਹਿੰਦੂ ਵੀ, ਜਿਨ੍ਹਾਂ ਨੂੰ ਭਾਜਪਾ ਅਤੇ ਨਰਿੰਦਰ ਮੋਦੀ ਸ਼ਹਿਰੀ ਨਕਸਲੀ ਜਾਂ ਦਿਮਾਗੀ ਨਕਸਲੀ ਕਹਿੰਦੇ ਹਨ। ਇਨ੍ਹਾਂ ਵਿੱਚੋਂ ਜ਼ਿਆਦਾਤਰ ਗੁੰਡੇ 'ਉੱਚ ਜਾਤੀ' ਦੇ ਹਿੰਦੂ ਹਨ। ਉਨ੍ਹਾਂ ਦਾ ਆਤਮਵਿਸ਼ਵਾਸ ਵਿਲੱਖਣ ਹੈ, ਕਿਉਂਕਿ ਉਨ੍ਹਾਂ ਨੂੰ ਪੀੜ੍ਹੀਆਂ ਤੋਂ ਦਲਿਤਾਂ ਨਾਲ ਦੁਰਵਿਵਹਾਰ ਅਤੇ ਹਿੰਸਾ ਕਰਨ ਦੀ ਛੋਟ ਮਿਲੀ ਹੋਈ ਹੈ। ਸੰਵਿਧਾਨ ਨੇ ਹੁਣ ਉਸ ਹਿੰਸਾ, ਜੋ ਇਨ੍ਹਾਂ ਦਾ ਅਧਿਕਾਰ ਹੁੰਦਾ ਸੀ, ਨੂੰ ਅਪਰਾਧ ਐਲਾਨ ਦਿੱਤਾ ਹੈ। ਅੱਜ 'ਉੱਚ ਜਾਤੀਆਂ' ਦੀ ਇੱਕ ਨਵੀਂ ਪੀੜ੍ਹੀ ਹਿੰਸਾ ਦੇ ਆਪਣੇ ਰਵਾਇਤੀ ਅਧਿਕਾਰ ਨੂੰ ਵਾਪਸ ਮੰਗ ਰਹੀ ਹੈ। ਭਾਜਪਾ ਲਈ ਇਹ ਬਹੁਤ ਮੁਫੀਦ ਹੈ। ਇਸੇ ਲਈ ਇਸ ਨੇ ਜੰਤਰ-ਮੰਤਰ 'ਤੇ ਰਾਖਵਾਂਕਰਨ ਵਿਰੋਧੀ ਪ੍ਰਦਰਸ਼ਨ 'ਤੇ ਵੀ ਆਪਣਾ ਮੂੰਹ ਨਹੀਂ ਖੋਲ੍ਹਿਆ । ਭਾਜਪਾ ਅਤੇ ਸਵਤੰਤਰ ਭਾਰਦਵਾਜ ਦਾ ਗੱਠਜੋੜ ਭਾਰਤ ਲਈ ਖਤਰਨਾਕ ਹੈ, ਪਰ ਇਹ ਕੁਦਰਤੀ ਹੈ। ਭਾਰਤ ਲਈ ਅਸਲ ਖਤਰਾ ਸਵਤੰਤਰ ਭਾਰਦਵਾਜ ਦਾ ਭਾਰਤੀ ਰਾਜਕੀ ਤੰਤਰ ਨਾਲ ਗੱਠਜੋੜ ਹੈ। ਉਸ ਲਈ ਜਿੰਨਾ ਭਾਜਪਾ ਜ਼ਿੰਮੇਵਾਰ ਹੈ, ਓਨਾ ਹੀ ਭਾਰਤ ਦਾ ਪ੍ਰਸ਼ਾਸਨਕ ਅਤੇ ਪੁਲਸ ਤੰਤਰ। ਰਾਜ (ਸਟੇਟ) ਦੇ ਗੁੰਡਾਕਰਨ ਨੂੰ ਰੋਕਣਾ ਫੌਰੀ ਲੋੜ ਹੈ।*

## ਪ੍ਰਚਾਰ ਬੇਅਸਰ ਕਿਉਂ ?

*ਕਦੇ ਹੁੰਦਾ ਸੀ ਸ਼ਿਕਵਾ ਇਹ ਬਹੁਤ ਵੱਡਾ,*
*ਹੁੰਦਾ ਗੁਰਮਤਿ ਦਾ ਨਹੀਂ ਪ੍ਰਚਾਰ ਭਾਈ।*
*ਜੇਬ੍ਹਾਂ ਵਿੱਚ ਮੋਬਾਈਲ ਹੁਣ ਸਾਰਿਆਂ ਦੇ,*
*ਕਥਾ-ਕੀਰਤਨ ਦੇ ਭਰੇ 'ਭੰਡਾਰ' ਭਾਈ।*
*ਸਜਿਆ ਕਿਧਰੇ ਵੀ ਹੋਵੇ 'ਦੀਵਾਨ' ਭਾਵੇਂ,*
*ਸੁਣਨ ਵਾਸਤੇ 'ਲਾਈਵ' ਦਰਕਾਰ ਭਾਈ।*
*ਹਰਿਕ ਪਿੰਡ ਤੇ ਸ਼ਹਿਰ ਵਿੱਚ ਸੁਬ੍ਹਾ-ਸ਼ਾਮੀਂ,*
*ਲਾਊਡ ਸਪੀਕਰ ਨੇ ਪਾਉਂਦੇ ਗੁੰਜਾਰ ਭਾਈ।*
*ਚਾਹੀਏ ਸੋਚਣਾ ਸਭਨਾਂ 'ਪਰਚਾਰਕਾਂ' ਨੂੰ,*
***ਕਰ ਕੇ .ਗਹਿਰ-ਗੰਭੀਰ 'ਵਿਚਾਰ' ਭਾਈ।***
*ਹੋਵੇ ਭਾਵਨਾ 'ਸ਼ੋਹਰਤ-ਕਮਾਈ' ਦੀ ਜੇ,*
*ਕਰਦਾ ਅਸਰ ਨਹੀਂ ਫੇਰ ਪ੍ਰਚਾਰ ਭਾਈ।*

**-ਗੁਲਪੁਰ**

# ਸੰਵਿਧਾਨ ਦੀ ਰਾਖੀ ਹਰ ਪੱਧਰ 'ਤੇ ਜ਼ਰੂਰੀ



ਡਾ. ਅਰੁਣ ਮਿਤਰਾ

***ਪ੍ਰਗਤੀਸ਼ੀਲ ਕਦਰਾਂ-ਕੀਮਤਾਂ ਨੂੰ ਪਰਨਾਈਆਂ ਹੋਈਆਂ ਚੇਤਨ ਜਥੇਬੰਦੀਆਂ ਦੁਆਰਾ ਵਿਢੇ ਹੋਏ ਜਨ-ਅੰਦੋਲਨ ਹੀ ਧਾਰਮਿਕ ਕੱਟੜਵਾਦੀ -ਫਾਸ਼ੀਵਾਦੀ-ਤਾਨਾਸ਼ਾਹੀ ਸ਼ਕਤੀਆਂ ਨੂੰ ਹਾਰ ਦੇ ਸਕਦੇ ਹਨ। ਇਸ ਲਈ ਇਹਨਾਂ ਜਥੇਬੰਦੀਆਂ ਨੂੰ ਸੌੜੇ ਨਿੱਜੀ ਸਵਾਰਥਾਂ ਨੂੰ ਛੱਡ ਕੇ ਅੱਗੇ ਵਧਣਾ ਪਏਗਾ।***

ਬੀਤੀ ਇਕ ਸਤੰਬਰ ਨੂੰ ਦਿੱਲੀ ਦੇ ਰਾਮਲੀਲ੍ਹਾ ਗਰਾਊਂਡ ਵਿਖੇ ਹੋਈ ਭਾਰਤੀ ਕਮਿਊਨਿਸਟ ਪਾਰਟੀ ਦੀ ਬਦਲਾਅ ਰੈਲੀ ਵਿੱਚ ਸੰਵਿਧਾਨ ਦੀ ਰਾਖੀ ਕਰਨ ਦੇ ਲਈ ਦੇਸ਼ ਭਰ ਤੋਂ ਆਏ ਇੱਕ ਲੱਖ ਦੇ ਕਰੀਬ ਪਾਰਟੀ ਦੇ ਕਾਰਕੁਨਾਂ ਨੇ ਲੋਕਤੰਤਰ ਅਤੇ ਧਰਮ ਨਿਰਪੱਖਤਾ ਦੀ ਰਾਖੀ ਕਰਨ ਦਾ ਪ੍ਰਣ ਲਿਆ । ਇਹ ਜ਼ਮੀਨੀ ਪੱਧਰ ਤੱਕ ਲੋਕਾਂ ਵਿੱਚ ਫੈਲੀ ਬੇਚੈਨੀ ਦੇ ਨਾਲ-ਨਾਲ ਸੰਘਰਸ਼ ਕਰਨ ਦਾ ਪ੍ਰਗਟਾਅ ਸੀ। ਸਿੱਖਿਆ ਦਾ ਲੋਕਾਂ ਦੀ ਪਹੁੰਚ ਤੋਂ ਬਾਹਰ ਹੋਣਾ, ਸਿਹਤ ਸੇਵਾਵਾਂ ਲੈਣ ਵਿੱਚ ਲੋਕਾਂ ਨੂੰ ਅੱਤ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਣਾ, ਵਧ ਰਹੀ ਮਹਿੰਗਾਈ ਦੀ ਹਾਹਾਕਾਰ ਦੇ ਨਾਲ-ਨਾਲ ਮਜ਼ਦੂਰਾਂ, ਕਿਸਾਨਾਂ ਤੇ ਇਸਤਰੀਆਂ ਦੇ ਹੱਕਾਂ ਦੇ ਘਾਣ ਦਾ ਵਿਰੋਧ ਇਸ ਰੈਲੀ ਦੇ ਕਾਮਯਾਬ ਹੋਣ ਦਾ ਕਾਰਨ ਸੀ । ਇਸ ਤੋਂ ਇਲਾਵਾ ਪਿਛਲੇ ਸਮਿਆਂ ਦੇ ਵਿੱਚ ਮੋਦੀ ਸਰਕਾਰ ਵੱਲੋਂ ਝੂਠ-ਮੂਠ ਦੇ ਦਾਅਵੇ ਪੇਸ਼ ਕਰਨਾ ਲੋਕਾਂ ਨੂੰ ਬਹੁਤ ਬੁਰਾ ਲੱਗ ਰਿਹਾ ਸੀ। ਮੋਦੀ ਸਰਕਾਰ ਦੀ ਹੈਂਕੜ ਅਤੇ ਨਰਿੰਦਰ ਮੋਦੀ ਦੀ ਖੁਦ ਦੀ ਘਟੀਆ ਭਾਸ਼ਾ ਲੋਕਾਂ ਨੂੰ ਪਸੰਦ ਨਹੀਂ ਸੀ ਆ ਰਹੀ।

ਆਗੂਆਂ ਦੇ ਭਾਸ਼ਣਾਂ ਵਿੱਚ ਚੇਤੇ ਕਰਵਾਇਆ ਗਿਆ ਕਿ ਆਰ ਐੱਸ ਐੱਸ ਦੀ ਵਿਚਾਰਧਾਰਾ ਨੂੰ ਪੂਰੀ ਤਰ੍ਹਾਂ ਪਰਨਾਏ ਹੋਏ ਨਰਿੰਦਰ ਮੋਦੀ ਨੇ ਦੋ-ਤਿੰਨ ਸਾਲ ਪਹਿਲਾਂ ਪਾਰਟੀ ਆਗੂਆਂ ਦੀ ਇੱਕ ਮੀਟਿੰਗ ਵਿੱਚ ਇਹ ਗੱਲ ਕਹੀ ਸੀ ਕਿ ਕਮਿਊਨਿਸਟ ਵਿਚਾਰਧਾਰਾ ਬੜੀ ਖਤਰਨਾਕ ਹੈ । ਆਰ ਐੱਸ ਐੱਸ ਦੀ ਨੀਤੀ ਦੇਸ਼ ਨੂੰ ਪਿਛਾਂਹ ਸੁੱਟਣ ਦੀ ਹੈ, ਝੂਠ 'ਤੇ ਅਧਾਰਤ ਸਮਾਜ ਦੀ ਸਿਰਜਣਾ ਕਰਨ ਦੀ ਹੈ, ਮਿੱਥਿਆ ਪ੍ਰਚਾਰਨ ਦੀ ਹੈ, ਸਮਾਜ ਵਿੱਚ ਵੰਡੀਆਂ ਪਾਉਣ ਦੀ ਹੈ, ਲਿੰਗ ਭੇਦ ਨੂੰ ਵਧਾਉਣ ਦੀ ਹੈ, ਘੱਟ ਗਿਣਤੀਆਂ 'ਤੇ ਹਮਲੇ ਕਰਨ ਦੀ ਹੈ ਤੇ ਜਾਤ-ਪਾਤ ਦੇ ਨਾਂਅ 'ਤੇ ਅਖੌਤੀ ਨੀਵੀਆਂ ਜਾਤੀਆਂ ਨੂੰ ਦਬਿਆ-ਕੁਚਲਿਆ ਰਹਿਣ ਦੇਣ ਦੀ ਹੈ। ਇਹ ਇਸ ਲਈ ਹੈ ਕਿ ਉਹਨਾਂ ਦੀ ਸੋਚੀ-ਸਮਝੀ ਮੰਨੂ ਸਮ੍ਰਿਤੀ ਦੀ ਸੋਚ ਜਿਸ ਵਿੱਚ ਬ੍ਰਾਹਮਣਵਾਦ ਨੂੰ ਉਤਮ ਦੱਸਿਆ ਗਿਆ ਹੈ, ਜਾਰੀ ਰਹੇ। ਇਸ ਗੱਲ ਦੇ ਤਾਂ ਪ੍ਰਮਾਣ ਮੌਜੂਦ ਹਨ ਕਿ ਜਦੋਂ ਸਾਡਾ ਸੰਵਿਧਾਨ ਰਚਿਆ ਜਾ ਰਿਹਾ ਸੀ, ਉਸ ਵੇਲੇ ਆਰ ਐਸ ਐਸ ਨੇ ਇਹ ਗੱਲ ਕਹੀ ਸੀ ਕਿ ਇਸ ਸੰਵਿਧਾਨ ਵਿੱਚ ਕੁਝ ਵੀ ਭਾਰਤੀ ਨਹੀਂ। ਇਹ ਭਾਰਤ ਦੀ ਪੁਰਾਤਨ ਵਿਚਾਰਧਾਰਾ ਤੋਂ ਬਿਲਕੁਲ ਹੀ ਮੇਲ ਨਹੀਂ ਖਾਂਦਾ। ਅਸੀਂ ਤਾਂ ਮੰਨੂ ਸਮਰਿਤੀ ਤੋਂ ਪ੍ਰੇਰਨਾ ਲੈਂਦੇ ਹਾਂ । ਮੰਨੂ ਸਮਰਿਤੀ ਨੂੰ ਹੀ ਸੰਵਿਧਾਨ ਦਾ ਆਧਾਰ ਬਣਾਉਣਾ ਚਾਹੀਦਾ ਹੈ । ਮੰਨੂ ਸਮ੍ਰਿਤੀ ਵਿੱਚ ਤਾਂ ਸਾਫ ਕਿਹਾ ਗਿਆ ਹੈ ਕਿ ਜਿਹੜੇ ਵੀ ਵਿਅਕਤੀ ਮਜ਼ਦੂਰੀ ਕਰਦੇ ਹਨ, ਹੱਥੀਂ ਕੰਮ ਕਰਦੇ ਹਨ, ਉਹ ਨੀਵੇਂ ਹਨ ਅਤੇ ਉਹਨਾਂ ਦਾ ਕੰਮ ਕੇਵਲ ਦੂਜਿਆਂ ਦੀ ਸੇਵਾ ਕਰਨਾ ਹੈ । ਉਹ ਕੋਈ ਪ੍ਰਸ਼ਨ ਨਹੀਂ ਕਰ ਸਕਦੇ। ਉਹ ਕਿਸੇ ਬ੍ਰਾਹਮਣ ਦੇ ਬਾਰੇ ਕੁਝ ਕਹਿ ਨਹੀਂ ਸਕਦੇ। ਜੇ ਉਨ੍ਹਾਂ ਦੀਆਂ ਇਸਤਰੀਆਂ ਨਾਲ ਵੀ ਕੋਈ ਬ੍ਰਾਹਮਣ ਜ਼ਿਆਦਤੀ ਕਰੇ, ਫਿਰ ਵੀ ਉਹ ਨਹੀਂ ਬੋਲ ਸਕਦੇ । ਇਸ ਕਿਸਮ ਦੇ ਸਮਾਜ ਦੀ ਸਿਰਜਨਾ ਕਰਨਾ ਚਾਹੁੰਦਾ ਹੈ ਆਰ ਐੱਸ ਐੱਸ ।

ਇਸ ਲਈ ਉਹਨਾ ਸਮੁੱਚੇ ਰਾਜਤੰਤਰ ਵਿੱਚ ਅਫਸਰਸ਼ਾਹੀ, ਪੁਲਸ , ਫੌਜ ਇਥੋਂ ਤੱਕ ਕਿ ਨਿਆ ਪਾਲਿਕਾ ਵਿੱਚ ਆਪਣੇ ਬੰਦੇ ਭਰਤੀ ਕਰਕੇ ਆਪਣੀ ਸੋਚ ਨੂੰ ਉਭਾਰਨ ਦੀ ਪੂਰੀ ਕੋਸ਼ਿਸ਼ ਕੀਤੀ ਹੈ। ਅੱਜ ਬਹੁਤ ਸਾਰੀਆਂ ਇਹਨਾਂ ਸੰਵਿਧਾਨਕ ਸੰਸਥਾਵਾਂ ਵੱਲੋਂ ਸੰਵਿਧਾਨ ਦੀ ਰਾਖੀ ਕਰਨ ਦੀ ਬਜਾਏ ਆਪਣੇ ਆਰ ਐੱਸ ਐੱਸ ਦੇ ਮਾਲਕਾਂ ਦੀ ਰਾਖੀ ਕੀਤੀ ਜਾ ਰਹੀ ਹੈ, ਜਿਸ ਢੰਗ ਦੇ ਨਾਲ ਜੰਤਰ ਮੰਤਰ ਵਿੱਚ 20 ਜੁਲਾਈ ਨੂੰ ਪੁਲਸ ਦੁਆਰਾ ਬੱਚਿਆਂ 'ਤੇ ਅੱਤਿਆਚਾਰ ਕੀਤੇ ਗਏ, ਇਥੋਂ ਤੱਕ ਕਿ ਛਰੇ ਚਲਾਏ ਗਏ ਤੇ ਬਿਹਾਰ ਵਿੱਚ ਏ ਕੇ-47 ਦੀ ਵਰਤੋਂ ਵੀ ਕੀਤੀ ਗਈ, 4 ਪੀ ਐੱਮ ਦੀਆਂ ਦੋ ਪੱਤਰਕਾਰਾਂ ਦੇ ਨਾਲ ਪੁਲਸ ਨੇ ਸਾਕੇਤ ਦੇ ਥਾਣੇ ਵਿੱਚ ਜੋ ਵਿਹਾਰ ਕੀਤਾ, ਇਹ ਅਤੀ ਨਿੰਦਣਯੋਗ ਘਟਨਾਵਾਂ ਹਨ। ਦੇਸ਼ ਦੇ ਪ੍ਰਧਾਨ ਜੱਜ ਸੂਰੀਆ ਕਾਂਤ ਵੱਲੋਂ ਜਦੋਂ ਵਿਦਿਆਰਥੀਆਂ ਨੂੰ ਕਾਕਰਾਚ ਕਿਹਾ ਗਿਆ ਤਾਂ ਲੋਕਾਂ ਵਿੱਚ ਬੜਾ ਰੋਹ ਖੜਾ ਹੋ ਗਿਆ । ਇਹ ਬੜੀ ਸੁਖਾਵੀਂ ਗੱਲ ਹੈ ਕਿ ਨੌਜਵਾਨ ਪੀੜ੍ਹੀ ਨੇ ਐਲਾਨ ਕਰ ਦਿੱਤਾ ਕਿ ਉਹ ਆਰ ਐੱਸ ਐੱਸ ਦੀਆਂ ਸਮਾਜ ਵਿੱਚ ਵੰਡੀਆਂ ਪਾਉਣ ਦੀ ਸੋਚ ਵਿੱਚ ਸ਼ਾਮਿਲ ਨਹੀਂ ਹੋਣਗੀਆਂ ਤੇ ਸਮਾਜਿਕ ਸਦਭਾਵਨਾ ਨੂੰ ਅੱਗੇ ਵਧਾਉਣਗੇ।


ਸਾਡੇ ਸੁਤੰਤਰਤਾ ਸੰਗਰਾਮ ਵਿੱਚੋਂ ਵਿਚਾਰਧਾਰਕ ਸੰਘਰਸ਼ਾਂ ਦੇ ਸਿੱਟੇ ਵਜੋਂ ਉਸ ਵੇਲੇ ਦੇ ਆਗੂਆਂ ਨੇ ਧਰਮ ਨਿਰਪੱਖਤਾ ਅਤੇ ਲੋਕਤੰਤਰ ਤੇ ਆਧਾਰਤ ਨਿਆਂ ਤੇ ਬਰਾਬਰੀ ਦੇ ਸਮਾਜ ਵੱਲ ਦੇਸ਼ ਨੂੰ ਲਿਜਾਉਣ ਦੀ ਦਿਸ਼ਾ ਦੇਣ ਵਾਲਾ ਸੰਵਿਧਾਨ ਰਚਿਆ। ਇਸ ਵਿਚਾਰਧਾਰਾ ਨੂੰ ਮਜ਼ਬੂਤ ਕਰਨ ਵਿੱਚ ਵਿਗਿਆਨਕ ਸੋਚ ਦੀ ਬਹੁਤ ਵੱਡੀ ਭੂਮਿਕਾ ਸੀ। ਇਨਕਲਾਬੀਆਂ, ਕਮਿਊਨਿਸਟਾਂ, ਗਾਂਧੀ, ਜਵਾਹਰ ਲਾਲ ਨਹਿਰੂ ਦੀ ਸੋਚ ਇਸ 'ਤੇ ਭਾਰੂ ਸੀ, ਜਿਸ ਨੂੰ ਸਨਮੁਖ ਰੱਖ ਕੇ ਹੀ ਡਾਕਟਰ ਭੀਮ ਰਾਓ ਅੰਬੇਡਕਰ ਨੇ ਐਸਾ ਸੰਵਿਧਾਨ ਰਚਣ ਵਾਲੀ ਕਮੇਟੀ ਦੀ ਪ੍ਰਧਾਨਗੀ ਕੀਤੀ, ਜਿਸ ਵਿੱਚ ਦਬੇ-ਕੁਚਲੇ ਲੋਕਾਂ ਨੂੰ ਜਾਂ ਕੁਝ ਪੱਛੜੇ ਹੋਏ ਇਲਾਕਿਆਂ ਦੇ ਲੋਕਾਂ ਨੂੰ ਵਿਸ਼ੇਸ਼ ਅਧਿਕਾਰ ਦਿੱਤੇ ਗਏ, ਤਾਂ ਜੋ ਅਸਲ ਵਿੱਚ ਲੋਕਾਂ ਦੇ ਸਮੁੱਚੇ ਤੌਰ 'ਤੇ ਬਰਾਬਰ ਵਿਕਾਸ ਲਈ ਮਾਹੌਲ ਤਿਆਰ ਕੀਤਾ ਜਾ ਸਕੇ। ਇਥੇ ਇਹ ਵੀ ਚੇਤੇ ਕਰਨਾ ਜ਼ਰੂਰੀ ਹੈ ਕਿ ਜੈ ਹਿੰਦ ਦਾ ਨਾਅਰਾ ਆਬਿਦ ਹਸਨ ਸਾਫਰਾਨੀ ਨੇ ਅਤੇ ਇਨਕਲਾਬ ਜ਼ਿੰਦਾਬਾਦ ਦਾ ਨਾਅਰਾ ਮੌਲਾਨਾ ਹਸਰਤ ਮੁਹਾਨੀ ਨੇ ਦਿੱਤਾ ਸੀ। ਭਾਵ ਇਹ ਕਿ ਆਜ਼ਾਦੀ ਦੇ ਸੰਘਰਸ਼ ਵਿੱਚ ਸਭ ਧਰਮਾਂ ਦੇ ਲੋਕ ਬਰਾਬਰ ਸ਼ਾਮਿਲ ਸਨ । ਕੇਵਲ ਆਰ ਐੱਸ ਐੱਸ ਜੋ ਆਪਣੇ ਆਪ ਨੂੰ ਰਾਸ਼ਟਰਵਾਦੀ ਕਹਿੰਦੀ ਹੈ, ਆਜ਼ਾਦੀ ਦੇ ਸੰਘਰਸ਼ ਵੇਲੇ ਅੰਗਰੇਜ਼ਾਂ ਦੇ ਨਾਲ ਸੀ।

ਅੱਜ ਆਰ ਐੱਸ ਐੱਸ ਅੱਡੀ-ਚੋਟੀ ਦਾ ਜ਼ੋਰ ਲਾ ਰਹੀ ਹੈ ਕਿ ਸੰਵਿਧਾਨ ਨੂੰ ਬਦਲੀਏ, ਪਰ ਉਸ ਦੇ ਲਈ ਸੰਸਦ ਵਿੱਚ ਇਹਨਾਂ ਦੀ ਗਿਣਤੀ-ਮਿਣਤੀ ਪੂਰੀ ਨਹੀਂ ਹੋ ਰਹੀ। ਪਿਛਲੀਆਂ ਚੋਣਾਂ ਵਿੱਚ ਇਹਨਾਂ ਨੂੰ ਬੜੀ ਆਸ ਸੀ ਕਿ ਉਹ 75 ਫੀਸਦੀ ਸੀਟਾਂ ਲੈ ਜਾਣਗੇ ਤੇ 400 ਤੋਂ ਉਪਰ ਸੀਟਾਂ ਜਦੋਂ ਆ ਜਾਣਗੀਆਂ ਤਾਂ ਉਹ ਕੁਝ ਵੀ ਕਰਨਗੇ, ਪਰ ਦੇਸ਼ ਦੇ ਲੋਕਾਂ ਨੇ ਉਹਨਾਂ ਦੀ ਇਸ ਗੱਲ ਨੂੰ ਪੂਰਾ ਨਹੀਂ ਹੋਣ ਦਿੱਤਾ। ਇਸ ਲਈ ਇਹ ਮਹੱਤਵਪੂਰਨ ਹੈ ਕਿ ਦੇਸ਼ ਵਿੱਚ ਜਿਹੜੀਆਂ ਵੀ ਸੰਸਥਾਵਾਂ ਬਣਨ ਉਨ੍ਹਾਂ ਦੇ ਸਿਧਾਂਤ ਦੀ ਦਿਸ਼ਾ ਉਹੀ ਹੋਏਗੀ, ਜੋ ਭਾਰਤ ਦੇ ਸੰਵਿਧਾਨ ਦੀ ਹੈ। ਇਸ ਲਈ ਅੱਜ ਬਹੁਤ ਵੱਡੀ ਚੁਣੌਤੀ ਹੈ ਕਿ ਸੰਵਿਧਾਨ ਦੀ ਰਾਖੀ ਕੀਤੀ ਜਾਏ। ਇਸ ਹਿਸਾਬ ਨਾਲ ਇੱਕ ਸਤੰਬਰ ਨੂੰ ਪਾਰਟੀ ਦੀ ਬਦਲਾਅ ਰੈਲੀ ਇਕ ਬਹੁਤ ਹੀ ਮਹੱਤਵਪੂਰਨ ਘਟਨਾ ਗਿਣੀ ਜਾਏਗੀ।

ਸੰਵਿਧਾਨ ਤੋਂ ਸਬਕ ਲੈਣ ਦੀ ਲੋੜ ਹੈ ਤੇ ਇਸ ਨੂੰ ਹਰ ਪੱਧਰ 'ਤੇ ਹਰ ਜਥੇਬੰਦੀ ਵਿੱਚ ਲਾਗੂ ਕਰਨ ਦੀ ਲੋੜ ਹੈ, ਤਾਂ ਜੋ ਸਹੀ ਮਾਇਨਿਆਂ ਵਿੱਚ ਲੋਕਤੰਤਰ ਲਾਗੂ ਹੋ ਸਕੇ ।ਇਸ ਲਈ ਸਮੁੱਚੇ ਜਨ-ਅੰਦੋਲਨ ਨੂੰ ਚੇਤਨ ਹੋ ਕੇ ਸੰਘਰਸ਼ ਕਰਨੇ ਪੈਣਗੇ । ਇਸ ਲਈ ਆਪਣੀਆਂ ਜਥੇਬੰਦੀਆਂ ਨੂੰ ਸੰਵਿਧਾਨਿਕ ਅਸੂਲਾਂ 'ਤੇ ਮਜ਼ਬੂਤ ਕਰਨਾ ਪਏਗਾ ।

**# ਸੰਪਰਕ : 94170-00360**

# ਭੋਜਨ ਅਤੇ ਸਾਡੀਆਂ ਭਾਵਨਾਵਾਂ ਦਾ ਰਿਸ਼ਤਾ



ਡਾ. ਪਰਦੀਪ ਨਾਂਗਲੂ

ਅੱਜ ਦੇ ਤੇਜ਼ ਰਫ਼ਤਾਰ ਵਾਲੇ ਜੀਵਨ ਵਿੱਚ ਭੋਜਨ ਸਿਰਫ਼ ਸਰੀਰ ਨੂੰ ਊਰਜਾ ਦੇਣ ਦਾ ਸਾਧਨ ਨਹੀਂ ਰਿਹਾ, ਬਹੁਤ ਸਾਰੇ ਲੋਕਾਂ ਲਈ ਇਹ ਦੁੱਖ ਵਿੱਚ ਸਹਾਰਾ, ਖੁਸ਼ੀ ਵਿੱਚ ਜਸ਼ਨ ਅਤੇ ਕਈ ਵਾਰ ਤਣਾਅ, ਇਕੱਲੇਪਨ ਜਾਂ ਚਿੰਤਾ ਤੋਂ ਕੁਝ ਸਮੇਂ ਲਈ ਰਾਹਤ ਬਣ ਜਾਂਦਾ ਹੈ। ਭੋਜਨ ਅਤੇ ਭਾਵਨਾਵਾਂ ਦਾ ਰਿਸ਼ਤਾ ਬਹੁਤ ਡੂੰਘਾ, ਮਨੋਵਿਗਿਆਨਕ ਅਤੇ ਆਤਮਿਕ ਹੈ। ਅਸੀਂ ਜੋ ਖਾਂਦੇ ਹਾਂ, ਉਹ ਸਿਰਫ਼ ਸਾਡੇ ਸਰੀਰ ਨੂੰ ਹੀ ਨਹੀਂ, ਸਗੋਂ ਸਾਡੇ ਵਿਚਾਰਾਂ, ਮੂਡ, ਵਿਹਾਰ ਅਤੇ ਮਨ ਦੀ ਸ਼ਾਂਤੀ ਨੂੰ ਵੀ ਪ੍ਰਭਾਵਤ ਕਰਦਾ ਹੈ ।

ਇਨਸਾਨ ਦਾ ਭੋਜਨ ਨਾਲ ਭਾਵਨਾਤਮਕ ਰਿਸ਼ਤਾ ਬਚਪਨ ਤੋਂ ਹੀ ਬਣਨਾ ਸ਼ੁਰੂ ਹੋ ਜਾਂਦਾ ਹੈ। ਜਦੋਂ ਇੱਕ ਮਾਂ ਆਪਣੇ ਬੱਚੇ ਨੂੰ ਦੁੱਧ ਪਿਲਾਉਂਦੀ ਹੈ, ਤਾਂ ਬੱਚਾ ਸਿਰਫ਼ ਪੋਸ਼ਣ ਹੀ ਨਹੀਂ ਲੈਂਦਾ, ਸਗੋਂ ਪਿਆਰ, ਸੁਰੱਖਿਆ ਅਤੇ ਆਪਣਾਪਣ ਵੀ ਮਹਿਸੂਸ ਕਰਦਾ ਹੈ। ਹੌਲੀ-ਹੌਲੀ ਮਨ ਭੋਜਨ ਨੂੰ ਆਰਾਮ ਅਤੇ ਭਾਵਨਾਤਮਕ ਸੁਰੱਖਿਆ ਨਾਲ ਜੋੜ ਲੈਂਦਾ ਹੈ। ਜਿਵੇਂ-ਜਿਵੇਂ ਅਸੀਂ ਵੱਡੇ ਹੁੰਦੇ ਹਾਂ, ਇਹ ਰਿਸ਼ਤਾ ਵੱਖ-ਵੱਖ ਰੂਪਾਂ ਵਿੱਚ ਜਾਰੀ ਰਹਿੰਦਾ ਹੈ। ਕੁਝ ਲੋਕ ਤਣਾਅ ਵਿੱਚ ਜ਼ਿਆਦਾ ਖਾਣ ਲੱਗ ਪੈਂਦੇ ਹਨ, ਜਦਕਿ ਕੁਝ ਲੋਕ ਦੁੱਖ ਜਾਂ ਚਿੰਤਾ ਦੇ ਸਮੇਂ ਭੁੱਖ ਹੀ ਗੁਆ ਬੈਠਦੇ ਹਨ।

ਆਧੁਨਿਕ ਮਨੋਵਿਗਿਆਨ ਅਤੇ ਨਿਊਰੋ ਸਾਇੰਸ ਵੀ ਇਹ ਮੰਨਦੇ ਹਨ ਕਿ ਭਾਵਨਾਵਾਂ ਅਤੇ ਖਾਣ-ਪੀਣ ਦੀਆਂ ਆਦਤਾਂ ਇੱਕ-ਦੂਜੇ ਨਾਲ ਗਹਿਰਾਈ ਨਾਲ ਜੁੜੀਆਂ ਹਨ। ਵਿਗਿਆਨਕ ਅਧਿਐਨ ਦੱਸਦੇ ਹਨ ਕਿ ਤਣਾਅ ਦੇ ਸਮੇਂ ਸਰੀਰ ਵਿੱਚ ਕੋਰਟੀਸੋਲ ਨਾਮਕ ਹਾਰਮੋਨ ਵੱਧ ਜਾਂਦਾ ਹੈ, ਜੋ ਮਿੱਠੇ, ਨਮਕੀਨ ਜਾਂ ਚਰਬੀ ਵਾਲੇ ਭੋਜਨ ਦੀ ਲਾਲਸਾ ਪੈਦਾ ਕਰਦਾ ਹੈ। ਜਦੋਂ ਕੋਈ ਵਿਅਕਤੀ ਭਾਵਨਾਤਮਕ ਤੌਰ 'ਤੇ ਖਾਂਦਾ ਹੈ, ਤਾਂ ਦਿਮਾਗ ਵਿੱਚ ਡੋਪਾਮਿਨ ਨਿਕਲਦਾ ਹੈ, ਜਿਸ ਨੂੰ ਖੁਸ਼ੀ ਵਾਲਾ ਰਸਾਇਣ ਕਿਹਾ ਜਾਂਦਾ ਹੈ। ਇਹ ਕੁਝ ਸਮੇਂ ਲਈ ਆਰਾਮ ਅਤੇ ਖੁਸ਼ੀ ਦਾ ਅਹਿਸਾਸ ਦਿੰਦਾ ਹੈ, ਪਰ ਬਾਅਦ ਵਿੱਚ ਅਕਸਰ ਪਛਤਾਵਾ, ਭਾਰਾਪਣ ਅਤੇ ਅਸੰਤੁਸ਼ਟੀ ਮਹਿਸੂਸ ਹੁੰਦੀ ਹੈ।

ਅਸੀਂ ਜੋ ਭੋਜਨ ਖਾਂਦੇ ਹਾਂ, ਉਹ ਸਾਡੀ ਮਾਨਸਿਕ ਅਤੇ ਭਾਵਨਾਤਮਕ ਸਿਹਤ 'ਤੇ ਵੀ ਡੂੰਘਾ ਅਸਰ ਪਾਂਦਾ ਹੈ। ਤਾਜ਼ੇ ਫਲ, ਸਬਜ਼ੀਆਂ, ਸੁੱਕੇ ਮੇਵੇ, ਪੂਰੇ ਅਨਾਜ ਅਤੇ ਸੰਤੁਲਿਤ ਆਹਾਰ ਮਨ ਨੂੰ ਸ਼ਾਂਤੀ, ਊਰਜਾ ਅਤੇ ਭਾਵਨਾਤਮਕ ਸਥਿਰਤਾ ਦਿੰਦੇ ਹਨ । ਇਸ ਦੇ ਉਲਟ ਬਹੁਤ ਜ਼ਿਆਦਾ ਪ੍ਰੋਸੈਸਡ ਫੂਡ, ਸ਼ੱਕਰ, ਸ਼ਰਾਬ ਅਤੇ ਗਲਤ ਖਾਣ-ਪੀਣ ਦੀਆਂ ਆਦਤਾਂ ਚਿੰਤਾ, ਚਿੜਚਿੜਾਪਣ, ਥਕਾਵਟ ਅਤੇ ਮੂਡ ਵਿੱਚ ਉਤਾਰ-ਚੜ੍ਹਾਅ ਵਧਾ ਸਕਦੀਆਂ ਹਨ। ਅੱਜ ਕਈ ਵਿਗਿਆਨੀ ਆਂਤਾਂ ਨੂੰ ਦੂਜਾ ਦਿਮਾਗ ਵੀ ਕਹਿੰਦੇ ਹਨ, ਕਿਉਂਕਿ ਪਚਣ ਪ੍ਰਣਾਲੀ ਅਤੇ ਦਿਮਾਗ ਦੇ ਵਿਚਕਾਰ ਗਹਿਰਾ ਸੰਬੰਧ ਹੁੰਦਾ ਹੈ ।

'ਮਾਈਂਡਫੁਲ ਈਟਿੰਗ' ਅਰਥਾਤ ਸਚੇਤ ਹੋ ਕੇ ਖਾਣਾ ਵੀ ਅੱਜ ਦੇ ਸਮੇਂ ਵਿੱਚ ਬਹੁਤ ਮਹੱਤਵਪੂਰਨ ਮੰਨਿਆ ਜਾਂਦਾ ਹੈ । ਅਕਸਰ ਲੋਕ ਟੀਵੀ ਦੇਖਦੇ ਹੋਏ, ਮੋਬਾਇਲ ਵਰਤਦੇ ਹੋਏ ਜਾਂ ਕੰਮ ਕਰਦੇ ਸਮੇਂ ਖਾਣਾ ਖਾਂਦੇ ਹਨ। ਇਸ ਤਰ੍ਹਾਂ ਖਾਣਾ ਇੱਕ ਮਕੈਨੀਕਲ ਕਿਰਿਆ ਬਣ ਜਾਂਦਾ ਹੈ ਅਤੇ ਮਨ ਨੂੰ ਸੰਤੁਸ਼ਟੀ ਨਹੀਂ ਮਿਲਦੀ। ਨਤੀਜੇ ਵਜੋਂ ਵਿਅਕਤੀ ਲੋੜ ਤੋਂ ਵੱਧ ਖਾ ਲੈਂਦਾ ਹੈ। ਜਦੋਂ ਅਸੀਂ ਸਚੇਤ ਹੋ ਕੇ ਖਾਂਦੇ ਹਾਂ, ਤਾਂ ਅਸੀਂ ਭੋਜਨ ਦੇ ਸੁਆਦ, ਖੁਸ਼ਬੂ ਅਤੇ ਸਰੀਰ ਦੀ ਅਸਲ ਭੁੱਖ ਨੂੰ ਮਹਿਸੂਸ ਕਰਦੇ ਹਾਂ, ਜਿਸ ਨਾਲ ਭੋਜਨ ਅਤੇ ਭਾਵਨਾਵਾਂ ਵਿਚਕਾਰ ਸੰਤੁਲਨ ਬਣਦਾ ਹੈ।

ਇਕੱਲੇਪਨ, ਤਣਾਅ ਅਤੇ ਡਿਪ੍ਰੈਸ਼ਨ ਵੀ ਖਾਣ-ਪੀਣ ਦੀਆਂ ਆਦਤਾਂ ਨੂੰ ਬਦਲ ਸਕਦੇ ਹਨ। ਕੁਝ ਲੋਕ ਬਿਨਾਂ ਭੁੱਖ ਦੇ ਵੀ ਵਾਰ-ਵਾਰ ਕੁਝ ਨਾ ਕੁਝ ਖਾਂਦੇ ਰਹਿੰਦੇ ਹਨ, ਜਦਕਿ ਕੁਝ ਲੋਕ ਭਾਵਨਾਤਮਕ ਦਰਦ ਕਾਰਨ ਖਾਣਾ ਛੱਡ ਦਿੰਦੇ ਹਨ। ਅਜਿਹੇ ਹਾਲਾਤ ਵਿੱਚ ਇਹ ਸਮਝਣਾ ਜ਼ਰੂਰੀ ਹੈ ਕਿ ਕਈ ਵਾਰ ਸਰੀਰ ਨਹੀਂ, ਸਗੋਂ ਮਨ ਸਹਾਰੇ ਦੀ ਭੁੱਖ ਮਹਿਸੂਸ ਕਰ ਰਿਹਾ ਹੁੰਦਾ ਹੈ।

ਦੁਨੀਆ ਦੇ ਵੱਖ-ਵੱਖ ਸੱਭਿਆਚਾਰਾਂ ਵਿੱਚ ਭੋਜਨ ਨੂੰ ਪਿਆਰ, ਏਕਤਾ ਅਤੇ ਰਿਸ਼ਤਿਆਂ ਦਾ ਪ੍ਰਤੀਕ ਮੰਨਿਆ ਜਾਂਦਾ ਹੈ । ਘਰ ਦੇ ਬਣੇ ਖਾਣੇ ਦੀ ਖੁਸ਼ਬੂ ਬਚਪਨ ਦੀਆਂ ਯਾਦਾਂ ਤਾਜ਼ਾ ਕਰ ਦਿੰਦੀ ਹੈ। ਪਰਵਾਰ ਨਾਲ ਪੀਤੀ ਇੱਕ ਕੱਪ ਚਾਹ ਵੀ ਆਪਣੇਪਣ ਅਤੇ ਸ਼ਾਂਤੀ ਦਾ ਅਹਿਸਾਸ ਦਿੰਦੀ ਹੈ। ਤਿਉਹਾਰਾਂ ਅਤੇ ਸਮਾਗਮਾਂ ਵਿੱਚ ਭੋਜਨ ਸਿਰਫ਼ ਖਾਣਾ ਨਹੀਂ ਹੁੰਦਾ, ਸਗੋਂ ਦਿਲਾਂ ਨੂੰ ਜੋੜਨ ਦਾ ਸਾਧਨ ਬਣ ਜਾਂਦਾ ਹੈ।

ਮਾਨਸਿਕ ਸਿਹਤ ਮਾਹਰ ਹੁਣ ਲੋਕਾਂ ਨੂੰ ਇਹ ਸਮਝਣ ਲਈ ਪ੍ਰੇਰਿਤ ਕਰ ਰਹੇ ਹਨ ਕਿ ਉਹ ਸਿਰਫ਼ ਇਹ ਨਾ ਸੋਚਣ ਕਿ ਮੈਂ ਕੀ ਖਾ ਰਿਹਾ ਹਾਂ ? ਸਗੋਂ ਇਹ ਵੀ ਪੁੱਛਣ ਕਿ ਮੈਂ ਕਿਉਂ ਖਾ ਰਿਹਾ ਹਾਂ ? ਕਈ ਵਾਰ ਸਰੀਰ ਨੂੰ ਭੁੱਖ ਨਹੀਂ ਹੁੰਦੀ, ਸਗੋਂ ਦਿਲ ਨੂੰ ਸਹਾਰੇ, ਪਿਆਰ ਜਾਂ ਸ਼ਾਂਤੀ ਦੀ ਲੋੜ ਹੁੰਦੀ ਹੈ। ਜਦੋਂ ਅਸੀਂ ਇਸ ਅੰਤਰ ਨੂੰ ਸਮਝ ਲੈਂਦੇ ਹਾਂ, ਤਾਂ ਸਾਡੀ ਮਾਨਸਿਕ ਅਤੇ ਸਰੀਰਕ ਸਿਹਤ ਦੋਵੇਂ ਸੁਧਰਨ ਲੱਗ ਪੈਂਦੀਆਂ ਹਨ।

ਸਿਹਤਮੰਦ ਜੀਵਨ ਦਾ ਅਰਥ ਸਖ਼ਤ ਡਾਇਟਿੰਗ ਨਹੀਂ, ਸਗੋਂ ਸੰਤੁਲਨ ਬਣਾਉਣਾ ਹੈ। ਕ੍ਰਿਤਜਤਾ ਨਾਲ ਖਾਣਾ, ਸਮੇਂ 'ਤੇ ਭੋਜਨ ਕਰਨਾ, ਤਣਾਅ ਘਟਾਉਣਾ, ਨਿਯਮਿਤ ਕਸਰਤ, ਪੂਰੀ ਨੀਂਦ ਅਤੇ ਚੰਗੇ ਰਿਸ਼ਤੇ ਭਾਵਨਾਤਮਕ ਸਿਹਤ ਲਈ ਬਹੁਤ ਜ਼ਰੂਰੀ ਹਨ। ਧਿਆਨ, ਯੋਗਾ, ਡੂੰਘੀਆਂ ਸਾਹਾਂ ਅਤੇ ਕੁਦਰਤ ਵਿੱਚ ਸਮਾਂ ਬਿਤਾਉਣਾ ਵੀ ਮਨ ਨੂੰ ਸ਼ਾਂਤ ਕਰਦਾ ਹੈ ਅਤੇ ਭਾਵਨਾਤਮਕ ਖਾਣ ਨੂੰ ਘਟਾਉਣ ਵਿੱਚ ਮਦਦ ਕਰਦਾ ਹੈ।

ਭੋਜਨ ਅਤੇ ਭਾਵਨਾਵਾਂ ਦਾ ਰਿਸ਼ਤਾ ਬਹੁਤ ਸ਼ਕਤੀਸ਼ਾਲੀ ਹੈ। ਭੋਜਨ ਸਰੀਰ ਨੂੰ ਪੋਸ਼ਣ ਦਿੰਦਾ ਹੈ, ਪਰ ਜਾਗਰੂਕਤਾ ਰੂਹ ਨੂੰ ਸੰਤੁਲਨ ਦਿੰਦੀ ਹੈ। ਜਦੋਂ ਮਨੁੱਖ ਆਪਣੀਆਂ ਭਾਵਨਾਵਾਂ ਨੂੰ ਸਮਝਣਾ ਸਿੱਖ ਲੈਂਦਾ ਹੈ ਅਤੇ ਭੋਜਨ ਨੂੰ ਭੱਜਣ ਦਾ ਸਾਧਨ ਨਹੀਂ ਬਣਾਉਂਦਾ, ਤਾਂ ਮਨ ਅਤੇ ਸਰੀਰ ਦੋਵੇਂ ਤੰਦਰੁਸਤ ਹੋ ਜਾਂਦੇ ਹਨ।

ਅਸਲ ਵਿੱਚ ਸਭ ਤੋਂ ਸਿਹਤਮੰਦ ਭੋਜਨ ਉਹ ਨਹੀਂ, ਜੋ ਸਿਰਫ਼ ਥਾਲੀ ਵਿੱਚ ਪਰੋਸਿਆ ਗਿਆ ਹੋਵੇ, ਸਗੋਂ ਉਹ ਹੈ, ਜੋ ਸ਼ਾਂਤੀ, ਪਿਆਰ, ਉਤਸਵ ਅਤੇ ਭਾਵਨਾਤਮਕ ਸੰਤੁਲਨ ਨਾਲ ਖਾਧਾ ਜਾਵੇ।

## ਸ਼ਰਧਾਂਜਲੀ ਸਮਾਰੋਹ 'ਤੇ ਵਿਸ਼ੇਸ਼

# ਗੁਰਨਾਮ ਸਿੰਘ ਦਾਊਦ-ਅੱਧੀ ਸਦੀ ਦਾ ਸ਼ਾਨਾਮੱਤਾ ਸਿਆਸੀ ਜੀਵਨ

**ਰਤਨ ਸਿੰਘ ਰੰਧਾਵਾ**

ਕਾਮਰੇਡ ਗੁਰਨਾਮ ਸਿੰਘ ਦਾਊਦ ਪਹਿਲੀ ਸਤੰਬਰ ਦੀ ਮਨਹੂਸ ਸਵੇਰ ਬੁਟਾਰੀ ਪਿੰਡ (ਰਈਆ, ਜ਼ਿਲ੍ਹਾ ਅੰਮ੍ਰਿਤਸਰ) ਦੇ ਨੇੜੇ ਵਾਪਰੇ ਇਕ ਦਰਦਨਾਕ ਸੜਕ ਹਾਦਸੇ 'ਚ ਸਾਡੇ ਕੋਲੋਂ ਸਦਾ ਲਈ ਵਿਛੜ ਗਏ ਸਨ। ਉਹ ਪਿਛਲੇ ਕਈ ਦਿਨਾਂ ਤੋਂ ਪੂਰੀ ਸ਼ਿੱਦਤ ਨਾਲ 20-21 ਸਤੰਬਰ ਨੂੰ ਜਲੰਧਰ ਵਿਖੇ ਹੋਣ ਜਾ ਰਹੀ ਕਿਸਾਨ ਏਕਤਾ ਕਾਨਫਰੰਸ ਦੀ ਤਿਆਰੀ 'ਚ ਲੱਗੇ ਹੋਏ ਸਨ । ਸਾਥੀ ਦਾਊਦ ਆਪਣੇ ਭੈਣਾਂ-ਭਰਾਵਾਂ 'ਚੋਂ ਸਭ ਤੋਂ ਵੱਡੇ ਸਨ । ਛੋਟੀ ਉਮਰੇ ਹੀ ਮਾਤਾ-ਪਿਤਾ ਤੋਂ ਇਲਾਵਾ ਚਾਰ ਭੈਣਾਂ ਤੇ ਚਾਰ ਭਰਾਵਾਂ ਦਾ ਵੱਡਾ ਪਰਿਵਾਰ ਚਲਾਉਣ ਦੀ ਜ਼ਿੰਮੇਵਾਰੀ ਸਿਰ ਪੈਣ ਕਰਕੇ ਉਹ ਦਸਵੀਂ ਤੋਂ ਅਗਾਂਹ ਨਹੀਂ ਸਨ ਪੜ੍ਹ ਸਕੇ। ਦਸਵੀਂ ਪਾਸ ਕਰਨ ਪਿੱਛੋਂ ਕਿਸਾਨਾਂ ਦੇ ਖੇਤਾਂ 'ਚ ਦਿਹਾੜੀ-ਦੱਪਾ ਕਰਦਿਆਂ ਜੀਵਨ ਨਿਰਬਾਹ ਲਈ ਆਪਣੇ ਪਿਤਾ ਦਾ ਹੱਥ ਵਟਾਉਣ ਲੱਗ ਪਏ ਸਨ। ਸਾਥੀ ਦਾਊਦ 1972-74 ਦੇ ਸਾਲਾਂ 'ਚ ਪੰਜਾਬ ਚ ਤੇਜ਼ੀ ਨਾਲ ਉੱਠੀ ਖੱਬੀ ਲਹਿਰ, ਖਾਸ ਕਰਕੇ ਨੌਜਵਾਨ ਸਭਾ ਪੰਜਾਬ ਨਾਲ ਹਮਦਰਦੀ ਰੱਖਣ ਲੱਗ ਪਏ ਸਨ । ਉਹ 1978 'ਚ ਰਈਆ ਮੰਡੀ ਵਿਖੇ ਹੋਏ ਪੰਜਾਬ ਕਿਸਾਨ ਸਭਾ ਦੇ ਤਿੰਨ ਰੋਜ਼ਾ ਡੈਲੀਗੇਟ ਅਜਲਾਸ ਦੌਰਾਨ ਹੋਈ ਕਾਨਫਰੰਸ 'ਤੇ ਨਾਟਕ ਦੇਖਣ ਗਏ ਸਨ । ਉੱਥੇ ਹੀ ਉਨ੍ਹਾ ਪਹਿਲੀ ਵਾਰ ਹੋਰਨਾਂ ਤੋਂ ਇਲਾਵਾ ਨੌਜਵਾਨਾਂ ਦੇ ਹਰਮਨ-ਪਿਆਰੇ ਆਗੂ ਸ਼ਹੀਦ ਸਾਥੀ ਗੁਰਨਾਮ ਸਿੰਘ ਉਪਲ ਦਾ ਭਾਸ਼ਣ ਸੁਣਿਆ ਸੀ। ਉੱਪਲ ਦੇ ਭਾਸ਼ਣ 'ਚ ਗਰੀਬਾਂ ਲਈ ਅਸੀਮ ਦਰਦ ਤੇ ਲੋਹੜੇ ਦਾ ਜੋਸ਼ ਸੀ। ਸਾਥੀ ਦਾਊਦ ਨੇ ਆਪਣੇ ਪਿੰਡ 'ਚ ਮੀਟਿੰਗ ਰਖਾ ਲਈ। ਬਸ ਫਿਰ ਉਨ੍ਹਾਂ ਕਦੇ ਪਿੱਛਾ ਪਰਤ ਕੇ ਨਹੀਂ ਦੇਖਿਆ ਅਤੇ ਪਿੰਡ ਚ ਨੌਜਵਾਨ ਸਭਾ ਬਣਾ ਕੇ ਲੋਕਾਂ ਦੇ ਅੰਗ-ਸੰਗ ਵਿਚਰਨ ਲੱਗੇ । 1980 'ਚ ਬੱਸਾਂ ਦੇ ਕਿਰਾਇਆਂ 'ਚ ਕੀਤੇ ਗਏ ਡੇਢ ਗੁਣਾ ਵਾਧੇ ਖਿਲਾਫ ਨੌਜਵਾਨਾਂ-ਵਿਦਿਆਰਥੀਆਂ ਵਲੋਂ ਲੜੇ ਗਏ ਪ੍ਰਚੰਡ ਘੋਲ ਦੌਰਾਨ ਉਹ ਹੋਰ ਵਧੇਰੇ ਸਰਗਰਮ ਹੋ ਗਏ । ਇਸ ਘੋਲ 'ਚ ਨੌਜਵਾਨਾਂ ਦੀ ਅਗਵਾਈ ਕਰਦਿਆਂ ਉਨ੍ਹਾ ਗ੍ਰਿਫਤਾਰੀ ਦਿੱਤੀ ਤੇ 3 ਮਹੀਨੇ ਜੇਲ੍ਹ ਚ ਰਹੇ। ਇਹ ਘੋਲ ਸ਼ਾਨਦਾਰ ਜਿੱਤ ਨਾਲ ਸੰਪੰਨ ਹੋਇਆ ਸੀ। ਐਸ ਐਫ ਆਈ 1980 ਦੇ ਜੁਲਾਈ ਮਹੀਨੇ ਹੋਈਆਂ ਵਿਦਿਆਰਥੀ ਚੋਣਾਂ 'ਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀਆਂ 28 'ਚੋਂ 27 ਸੀਟਾਂ ਤੇ ਜੇਤੂ ਰਹੇ ਸੀ। ਪ੍ਰਧਾਨ, ਸੈਕਟਰੀ, ਮੀਤ ਪ੍ਰਧਾਨ ਦੇ ਅਹੁਦੇ ਚੰਗੇ ਬਹੁਮਤ ਨਾਲ ਜਿੱਤੇ ਗਏ ਸਨ ਅਤੇ ਵੱਖੋ-ਵੱਖ ਵਿਭਾਗਾਂ 'ਚ ਵਿਭਾਗੀ ਪ੍ਰਤੀਨਿਧ ਵੀ ਇਸੇ ਜਥੇਬੰਦੀ ਦੇ ਚੁਣੇ ਗਏ ਸਨ।

ਜਿੱਤ ਵਾਲੀ ਰਾਤ ਸ਼ਹੀਦ ਸਾਥੀ ਦੀਪਕ ਧਵਨ ਦੇ ਨਾਲ ਦਾਊਦ ਵੀ ਮੇਰੇ ਕਮਰੇ 'ਚ ਰਹੇ ਸਨ। ਸ਼ਹੀਦ ਧਵਨ ਨੇ ਉਦੋਂ ਯੂਨੀਵਰਸਿਟੀ ਛੱਡ ਦਿੱਤੀ ਸੀ ਤੇ ਪੂਰੀ ਸ਼ਿੱਦਤ ਨਾਲ ਖੇਤ ਮਜ਼ਦੂਰ ਜਥੇਬੰਦੀ ਖੜ੍ਹੀ ਕਰਨ ਲੱਗੇ ਹੋਏ ਸਨ। ਦੀਪਕ ਦਾ ਮਨ ਸੀ ਕਿ ਗੁਰਨਾਮ ਦਾਊਦ ਵੀ ਉਸ ਨਾਲ ਮਜ਼ਦੂਰ ਜਥੇਬੰਦੀ 'ਚ ਕੰਮ ਕਰੇ। ਦੀਪਕ ਨੇ ਉਸ ਰਾਤ ਗੁਰਨਾਮ ਦਾਊਦ ਨੂੰ ਖੇਤ ਮਜ਼ਦੂਰ ਸੰਗਠਨ 'ਚ ਕੰਮ ਕਰਨ ਲਈ ਮਨਾ ਲਿਆ ਸੀ। ਇਨ੍ਹਾਂ ਹੀ ਸਮਿਆਂ 'ਚ ਉਸ ਨੂੰ ਸੀ ਪੀ ਆਈ (ਐੱਮ) ਦੀ ਦਾਊਦ-ਭਲਾਈਪੁਰ ਪਿੰਡਾਂ ਦੀ ਸਾਂਝੀ ਬਰਾਂਚ 'ਚ ਪਾਰਟੀ ਦਾ ਮੈਂਬਰ ਲੈ ਲਿਆ ਗਿਆ । ਪਿੱਛੋ 1983 'ਚ ਉਸ ਨੂੰ ਪਾਰਟੀ ਦੀ ਤਹਿਸੀਲ ਕਮੇਟੀ ਦਾ ਮੈਂਬਰ ਲਿਆ ਗਿਆ ਸੀ । 1983 ਦੇ ਜੁਲਾਈ-ਅਗਸਤ 'ਚ ਮੇਰਾ ਉਸ ਨਾਲ ਪੱਕਾ ਮੇਲ ਹੋ ਗਿਆ । ਪਾਰਟੀ ਦੀ ਜ਼ਿਲ੍ਹਾ ਕਮੇਟੀ ਨੇ ਉਦੋਂ ਮੇਰੀ ਡਿਊਟੀ ਬਾਬਾ ਬਕਾਲਾ ਦੇ ਪਿੰਡਾਂ 'ਚ ਲਾ ਦਿੱਤੀ ਸੀ। ਕਾਮਰੇਡ ਨਾਜ਼ਰ ਸਿੰਘ ਸੈਦਪੁਰ ਦੀ ਅਗਵਾਈ 'ਚ ਦਾਊਦ, ਉਪਲ, ਹਰਭਜਨ ਬੁੱਟਰ ਮੈਂ ਤੇ ਮੇਰੀ ਜੀਵਨ ਸਾਥਣ ਕੰਵਲ ਕੁਲਵਕਤੀ ਤੁਰ ਪਏ ਸਾਂ ।



ਉਦੋਂ ਤੱਕ ਪੰਜਾਬ 'ਚ ਕਾਲੀਆਂ ਤਾਕਤਾਂ ਵੀ ਪੈਰ ਫੈਲ ਚੁੱਕੀਆਂ ਸਨ, ਭਾਵ ਸਾਮਰਾਜੀ ਸ਼ਹਿ ਪ੍ਰਾਪਤ ਕੇਂਦਰੀ ਏਜੰਸੀਆਂ ਦਾ ਹੱਥਠੋਕਾ ਖਾਲਿਸਤਾਨੀ ਲਾਣਾ ਪੂਰਾ ਸਰਗਰਮ ਹੋ ਚੁੱਕਾ ਸੀ । ਦਾਊਦ ਕੋਲ ਲੋਕਾਂ ਨੂੰ ਸਮਝਾਉਣ ਦੀ ਅਦਭੁਤ ਕਲਾ ਸੀ । ਇਸੇ ਕਰਕੇ ਖਾਲਿਸਤਾਨ ਦੀ ਮੰਗ ਦੇ ਵਿਰੋਧੀ ਅਕਾਲੀ ਆਗੂ ਵੀ ਦਾਊਦ ਦਾ ਬੇਹੱਦ ਸਤਿਕਾਰ ਕਰਦੇ ਸਨ । 1985 'ਚ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਹੋਈਆਂ । ਅਸੀਂ ਬਿਆਸ ਹਲਕੇ 'ਚ ਯੋਜਨਾਬੰਦੀ ਨਾਲ ਚੋਣ ਲੜੀ ਤੇ 11 ਹਜਾਰ ਤੋਂ ਵੱਧ ਵੋਟਾਂ ਲਈਆਂ। ਕਾਮਰੇਡ ਦਾਊਦ ਤੇ ਦਾਊਦ ਪਿੰਡ ਦੀ ਪਾਰਟੀ ਬਰਾਂਚ ਨੇ ਚੋਣਾਂ 'ਚ ਬਾਕਮਾਲ ਰੋਲ ਅਦਾ ਕੀਤਾ । ਇਹ ਬ੍ਰਾਂਚ ਇਲਾਕੇ ਦੀਆਂ ਸਾਰੀਆਂ ਬ੍ਰਾਂਚਾਂ 'ਚੋਂ ਸਿਰਕੱਢ ਰਹੀ । 1986-87 'ਚ ਹਾਲਾਤ ਜ਼ਿਆਦਾ ਹੀ ਵਿਗੜ ਗਏ ਸਨ। 1986 ਵਿਚ ਤਰਨ ਤਾਰਨ ਦੇ ਪਿੰਡ ਚੁਤਾਲਾ ਦੇ ਕਾਮਰੇਡ ਡਾਕਟਰ ਅਵਤਾਰ ਸਿੰਘ ਨੂੰ ਸ਼ਹੀਦ ਕਰ ਦਿੱਤਾ ਗਿਆ । ਥੋੜ੍ਹੇ ਸਮੇਂ ਪਿੱਛੋਂ ਕਾਮਰੇਡ ਦੀਪਕ ਧਵਨ ਤੇ ਗੁਰਨਾਮ ਸਿੰਘ ਉਪਲ ਵੀ ਸ਼ਹੀਦੀ ਪਾ ਗਏ ਸਨ । ਸਾਥੀ ਦਾਊਦ ਨੇ ਇਨ੍ਹਾਂ ਦੇ ਸ਼ਹੀਦੀ ਸੰਮੇਲਨ 'ਚ ਲੋਕਾਂ ਨੂੰ ਲਿਆਉਣ ਲਈ ਦਿਨ-ਰਾਤ ਇਕ ਕੀਤਾ ਸੀ।

ਯਾਦ ਰਹੇ ਸਾਥੀ ਦਾਊਦ ਨਾਲ ਕੰਮ ਕਰਦੇ 17 ਸਾਥੀਆਂ ਨੇ ਸ਼ਹਾਦਤ ਦਾ ਜਾਮ ਪੀਤਾ ਸੀ। ਬਹੁਤ ਸਾਰੇ ਸਾਥੀਆਂ ਨੂੰ ਸੁਰੱਖਿਅਤ ਥਾਵਾਂ 'ਤੇ ਭੇਜਣਾ ਪਿਆ ਸੀ। ਇਹੋ ਹਾਲਤ ਤਰਨ ਤਾਰਨ ਦੀ ਵੀ ਸੀ।

ਪਾਰਟੀ ਲਈ ਜਨਤਕ ਫੰਡ ਉਗਰਾਹੀ ਦੀਆਂ ਮੁਹਿੰਮਾਂ 'ਚ ਸਾਥੀ ਦਾਊਦ ਸਿਰੇ ਦੀ ਮਿਹਨਤ ਕਰਦਾ ਸੀ। ਲੰਘੇ 48 ਸਾਲਾਂ ਦੌਰਾਨ ਇਕ ਸਾਲ ਵੀ ਐਸਾ ਨਹੀਂ ਲੰਘਿਆ, ਜਦੋਂ ਉਨ੍ਹਾ ਸੂਬਾ ਕਮੇਟੀ ਨੂੰ ਫੰਡ ਕੋਟਾ ਘਟਾਉਣ ਜਾਂ ਛੋਟ ਦੇਣ ਦੀ ਫਰਿਆਦ ਕੀਤੀ ਹੋਵੇ। ਸਾਥੀ ਦਾਊਦ ਇਕੱਲੇ-ਇਕੱਲੇ ਪਿੰਡ 'ਚ ਕਈ-ਕਈ ਦਿਨ ਸਖਤ ਮਿਹਨਤ ਨਾਲ ਫੰਡ ਉਗਰਾਹੀ ਵਾਲੀਆਂ ਟੀਮਾਂ ਦੀ ਮਿਸਾਲੀ ਅਗਵਾਈ ਕਰਦੇ ਸਨ, ਤਾਂ ਜੋ ਪਾਰਟੀ ਦੀਆਂ ਵਿੱਤੀ ਲੋੜਾਂ ਪੂਰੀਆਂ ਕੀਤੀਆਂ ਜਾ ਸਕਣ।

13 ਮਹੀਨੇ ਚੱਲੇ ਦਿੱਲੀ ਕਿਸਾਨ ਮੋਰਚੇ 'ਚ ਵੀ ਦਾਊਦ ਦੇ ਵਿਸ਼ੇਸ਼ ਯੋਗਦਾਨ ਨੂੰ ਕਦੇ ਨਹੀਂ ਭੁਲਾਇਆ ਜਾ ਸਕੇਗਾ । ਪਾਰਟੀ ਫੋਰਮਾਂ 'ਤੇ ਉਹ ਆਪਣੀ ਰਾਏ ਠੋਕ-ਵਜਾ ਕੇ ਰੱਖਦੇ ਸਨ, ਪ੍ਰੰਤੂ ਜੋ ਵੀ ਫੈਸਲਾ ਹੋ ਜਾਂਦਾ, ਫਿਰ ਉਸ ਨੂੰ ਤਨਦੇਹੀ ਤੇ ਦਿਆਨਤਦਾਰੀ ਨਾਲ ਲਾਗੂ ਕਰਦੇ ਸਨ । ਪਾਰਟੀ ਤੇ ਜਨ ਸੰਗਠਨਾਂ ਦੀ ਉਸਾਰੀ ਲਈ ਉਹ ਫਰੀਦਕੋਟ, ਜਲੰਧਰ, ਬਠਿੰਡਾ, ਬਰਨਾਲਾ, ਸੰਗਰੂਰ, ਫਿਰੋਜ਼ਪੁਰ, ਫਾਜ਼ਿਲਕਾ, ਪਟਿਆਲਾ, ਰੋਪੜ, ਮੋਗਾ ਤੇ ਹੋਰ ਦੂਰ-ਦੁਰਾਡੇ ਜ਼ਿਲ੍ਹਿਆਂ 'ਚ ਕਈ-ਕਈ ਦਿਨ ਰਹਿ ਕੇ ਮਜ਼ਦੂਰਾਂ ਦੀ ਲਾਮਬੰਦੀ ਕਰਦੇ ਸਨ। ਸਮਾਜਿਕ ਜਬਰ ਦੀਆਂ ਘਟਨਾਵਾਂ ਵਿਰੁੱਧ ਘੋਲਾਂ ਦੀ ਉਹ ਸੰਬੰਧਤ ਪਿੰਡਾਂ ਚ ਹਫਤਿਆਂਬੱਧੀ ਰਹਿ ਕੇ ਸੁਯੋਗ ਅਗਵਾਈ ਕਰਦੇ ਸਨ ।

ਰਈਆ-ਬਾਬਾ ਬਕਾਲਾ ਇਲਾਕੇ 'ਚ ਅਜੇ ਤੱਕ ਸ਼ਹੀਦ ਸਾਥੀ ਗੁਰਨਾਮ ਸਿੰਘ ਉਪਲ ਦੀ ਘਾਟ ਵੀ ਪੂਰੀ ਨਹੀਂ ਹੋਈ। ਹੁਣ ਦਹਾਕਿਆਂ ਬੱਧੀ ਗੁਰਨਾਮ ਦਾਊਦ ਦੀ ਘਾਟ ਵੀ ਉਵੇਂ ਹੀ ਰੜਕਦੀ ਰਹੇਗੀ । ਲਹਿਰਾਂ 'ਚੋਂ ਅਜਿਹੇ ਸਿਦਕਵਾਨ ਤੇ ਸੂਝਵਾਨ ਆਗੂ ਕਦੇ-ਕਦਾਈਂ ਹੀ ਜਨਮ ਲੈਂਦੇ ਹਨ, ਜੋ ਬੇਸ਼ੁਮਾਰ ਗੁਰਬਤ ਹੰਢਾਉਣ ਦੇ ਬਾਵਜੂਦ ਹਰ ਘੜੀ ਲੋਕਾਈ ਦੇ ਦਰਦਾਂ ਦਾ ਦਾਰੂ ਲੱਭਣ ਤੁਰੇ ਰਹਿਣ ।

1997 ਤੋਂ ਸਟੇਟ ਕਮੇਟੀ 'ਚ ਉੱਭਰੇ ਸਿਧਾਂਤਕ-ਮਤਭੇਦਾਂ ਦੇ ਨਤੀਜੇ ਵਜੋਂ ਉਠੇ ਕਾਟੋ-ਕਲੇਸ਼ ਵੇਲੇ ਉਸ ਨੇ ਇਨਕਲਾਬੀ ਪਾਸਾ ਮੱਲਿਆ ਤੇ ਸਾਡੇ ਨਾਲ ਦਿਨ-ਰਾਤ ਇਕ ਕਰਕੇ ਪਾਰਟੀ ਦੀਆਂ 125 ਤੋਂ ਵੱਧ ਬਰਾਂਚਾਂ ਤੱਕ ਪਹੁੰਚ ਕੀਤੀ । ਅਸੀਂ ਸਾਥੀਆਂ ਨੂੰ ਫੁੱਟ ਦੇ ਅਸਲੀ ਕਾਰਨਾਂ ਤੋਂ ਜਾਣੂੰ ਕਰਾਇਆ । ਅੰਮ੍ਰਿਤਸਰ ਦੇ ਬਹੁ-ਗਿਣਤੀ ਪਾਰਟੀ ਆਗੂ ਤੇ ਕੇਡਰ ਨੂੰ 1964 ਦੇ ਕ੍ਰਾਂਤੀਕਾਰੀ ਪ੍ਰੋਗਰਾਮ ਦੀ ਸਮਝ ਨਾਲ ਖੜ੍ਹਣ ਲਈ ਤਿਆਰ ਕਰਨ ਪੱਖੋਂ ਦਾਊਦ ਨੇ ਬੜੀ ਜਾਨਦਾਰ ਭੂਮਿਕਾ ਨਿਭਾਈ । ਉਸ ਨੇ ਕਾਮਰੇਡ ਮੰਗਤ ਰਾਮ ਪਾਸਲਾ ਨਾਲ ਪਿਛਲੇ ਕਈ ਸਾਲਾਂ 'ਚ ਦੇਸ਼ ਦੇ ਵੱਖੋ-ਵੱਖ ਭਾਗਾਂ ਚ ਜਾ ਕੇ ਆਰ ਐੱਮ ਪੀ ਆਈ. ਦੇ ਗਠਨ ਤੇ ਪਸਾਰੇ 'ਚ ਵੀ ਅਹਿਮ ਯੋਗਦਾਨ ਪਾਇਆ ।

ਪਿਛਲੇ ਢਾਈ ਕੁ ਸਾਲਾਂ ਤੋਂ ਉਨ੍ਹਾ ਦੀ ਸਰੀਰਕ ਅਤੇ ਮਾਨਸਿਕ ਸਿਹਤ ਠੀਕ ਨਹੀਂ ਸੀ, ਪ੍ਰੰਤੂ ਫਿਰ ਵੀ ਇਨਕਲਾਬੀ ਲਹਿਰ ਦੇ ਵਿਕਾਸ ਵਾਸਤੇ ਉਸ ਦੇ ਲਲਕਾਰੇ ਉਵੇਂ ਹੀ ਗੂੰਜਦੇ ਸਨ । ਉਸ ਦੇ ਇਲਾਜ ਲਈ ਪਾਰਟੀ ਨੇ ਵੀ ਕੋਈ ਕਸਰ ਬਾਕੀ ਨਹੀਂ ਸੀ ਛੱਡੀ। ਲੰਘੇ ਕੁਝ ਕੁ ਮਹੀਨਿਆਂ ਤੋਂ ਉਹ ਸਿਹਤਯਾਬ ਹੋਣ ਲੱਗ ਪਏ ਸਨ। ਦਾਊਦ ਅਸੂਲ ਪ੍ਰਸਤੀ, ਨੇਕੀ, ਨਰਮ ਦਿਲੀ, ਤਿਆਗ, ਦਲੇਰੀ ਤੇ ਪ੍ਰਤੀਬੱਧਤਾ ਆਦਿ ਗੁਣਾਂ ਨਾਲ ਲਬਰੇਜ਼ ਕਮਿਊਨਿਸਟ ਸੀ। ਇਹੋ ਜਿਹੇ ਸਾਥੀ ਲਹਿਰਾਂ 'ਚ ਕਦੇ-ਕਦੇ ਆਉਂਦੇ ਹਨ।

ਆਉ, ਉਨ੍ਹਾ ਦੇ ਸ਼ਰਧਾਂਜਲੀ ਸਮਾਗਮ ਮੌਕੇ ਲੋਕ ਘੋਲ ਤੇਜ਼ ਕਰਦਿਆਂ ਉਸ ਦੇ ਸੁਪਨਿਆਂ ਦਾ ਸਮਾਜ ਸਿਰਜਣ ਤੇ ਲਹਿਰ ਵਿਕਸਤ ਕਰਨ ਲਈ ਸਿਰਤੋੜ ਯਤਨ ਕਰਨ ਦਾ ਅਹਿਦ ਲਈਏ।

**# ਸੰਪਰਕ : 95920-19495**

# ਮਨੀਪੁਰੀ ਸੰਗੀਤਕਾਰ ਦੀ ਹੱਤਿਆ ਦੀ ਸੀ ਪੀ ਆਈ ਵੱਲੋਂ ਸਖ਼ਤ ਨਿੰਦਾ

**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਸਕੱਤਰੇਤ ਨੇ ਦੱਖਣੀ ਦਿੱਲੀ ਵਿੱਚ ਮਨੀਪੁਰੀ ਸੰਗੀਤਕਾਰ ਚੌਂਗਥਮ ਵਿਕਰਮ ਸਿੰਘ ਦੀ ਬੇਰਹਿਮੀ ਨਾਲ ਕੀਤੀ ਗਈ ਹੱਤਿਆ ਦੀ ਸਖ਼ਤ ਨਿੰਦਾ ਕੀਤੀ ਹੈ। ਇਹ ਬੇਹੱਦ ਹੈਰਾਨ ਕਰਨ ਵਾਲੀ ਅਤੇ ਚਿੰਤਾਜਨਕ ਘਟਨਾ ਹੈ ਕਿ ਇਲਾਕੇ ਵਿੱਚ ਕਈ ਸਾਲਾਂ ਤੋਂ ਰਹਿ ਰਹੇ ਇੱਕ ਜਾਣੇ-ਪਛਾਣੇ ਸੰਗੀਤਕਾਰ ਨੂੰ ਸਿਰਫ਼ ਆਪਣੇ ਘਰ ਦੇ ਬਾਹਰ ਹੋ ਰਹੇ ਸ਼ੋਰ 'ਤੇ ਇਤਰਾਜ਼ ਕਰਨ ਕਾਰਨ ਇੱਕ ਭੀੜ ਵੱਲੋਂ ਹਮਲਾ ਕਰਕੇ, ਤਿੰਨ ਮੰਜ਼ਲਾਂ ਤੱਕ ਪਿੱਛਾ ਕਰਦਿਆਂ ਕੁੱਟ-ਕੁੱਟ ਕੇ ਮਾਰ ਦਿੱਤਾ ਗਿਆ। ਇਹ ਰਿਪੋਰਟਾਂ ਕਿ ਉਸ ਨੂੰ ਪਹਿਲਾਂ ਵੀ ਧਮਕੀਆਂ ਦਿੱਤੀਆਂ ਗਈਆਂ ਸਨ, ਇਸ ਘਟਨਾ ਨੂੰ ਹੋਰ ਵੀ ਗੰਭੀਰ ਬਣਾਉਂਦੀਆਂ ਹਨ ਅਤੇ ਇਸ ਦੀ ਡੂੰਘਾਈ ਨਾਲ ਜਾਂਚ ਕੀਤੇ ਜਾਣ ਦੀ ਮੰਗ ਕਰਦੀਆਂ ਹਨ।ਇਹ ਭਿਆਨਕ ਹੱਤਿਆ ਦਿੱਲੀ ਵਿੱਚ ਵਿਗੜਦੀ ਕਾਨੂੰਨ-ਵਿਵਸਥਾ ਅਤੇ ਵਧ ਰਹੀ ਅਰਾਜਕਤਾ ਦਾ ਇੱਕ ਹੋਰ ਸਪੱਸ਼ਟ ਸੰਕੇਤ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਸਿੱਧੇ ਅਧੀਨ ਕੰਮ ਕਰ ਰਹੀ ਦਿੱਲੀ ਪੁਲਸ ਨਾਗਰਿਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਆਪਣੀ ਜ਼ਿੰਮੇਵਾਰੀ ਨਿਭਾਉਣ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ, ਜਦਕਿ ਜਦੋਂ ਨਾਗਰਿਕ ਜਵਾਬਦੇਹੀ ਦੀ ਮੰਗ ਕਰਦੇ ਹਨ ਤਾਂ ਉਨ੍ਹਾਂ ਵਿਰੁੱਧ ਹਿੰਸਾ ਕਰਨ ਵਿੱਚ ਪੁਲਸ ਤੇਜ਼ੀ ਦਿਖਾਉਂਦੀ ਹੈ। ਆਖ਼ਰ ਇੱਕ ਰਿਹਾਇਸ਼ੀ ਇਲਾਕੇ ਵਿੱਚ ਇੱਕ ਭੀੜ ਇੰਨੀ ਬੇਖ਼ੌਫ਼ ਹੋ ਕੇ ਅਜਿਹੀ ਹਿੰਸਾ ਕਿਵੇਂ ਕਰ ਸਕੀ?

ਜੇਕਰ ਇਸ ਘਟਨਾ ਪਿੱਛੇ ਉੱਤਰ-ਪੂਰਬੀ ਰਾਜਾਂ ਦੇ ਲੋਕਾਂ ਵਿਰੁੱਧ ਨਸਲੀ ਮੰਤਵ ਹੋਣ ਦੀ ਕੋਈ ਸੰਭਾਵਨਾ ਸਾਹਮਣੇ ਆਉਂਦੀ ਹੈ, ਤਾਂ ਇਹ ਬੇਹੱਦ ਗੰਭੀਰ ਚਿੰਤਾ ਦਾ ਵਿਸ਼ਾ ਹੈ। ਇਸ ਪੱਖ ਦੀ ਵੀ ਪੂਰੀ, ਨਿਰਪੱਖ ਅਤੇ ਡੂੰਘਾਈ ਨਾਲ ਜਾਂਚ ਕੀਤੀ ਜਾਣੀ ਚਾਹੀਦੀ ਹੈ।ਸੀ ਪੀ ਆਈ ਮੰਗ ਕਰਦੀ ਹੈ ਕਿ ਇਸ ਘਿਨਾਉਣੀ ਹੱਤਿਆ ਲਈ ਜ਼ਿੰਮੇਵਾਰ ਸਾਰੇ ਵਿਅਕਤੀਆਂ ਵਿਰੁੱਧ ਸਖ਼ਤ ਅਤੇ ਮਿਸਾਲੀ ਕਾਰਵਾਈ ਕੀਤੀ ਜਾਵੇ ਅਤੇ ਪੁਲਸ ਦੀ ਨਾਕਾਮੀ ਲਈ ਜਵਾਬਦੇਹੀ ਤੈਅ ਕੀਤੀ ਜਾਵੇ। ਪਾਰਟੀ ਚੌਂਗਥਮ ਵਿਕਰਮ ਸਿੰਘ ਦੇ ਪਰਵਾਰ, ਦੋਸਤਾਂ ਅਤੇ ਪ੍ਰਸ਼ੰਸਕਾਂ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦੀ ਹਾਂ ਅਤੇ ਇਸ ਦੁੱਖ ਦੀ ਘੜੀ ਵਿੱਚ ਮਨੀਪੁਰ ਅਤੇ ਪੂਰੇ ਉਤਰ-ਪੂਰਬ ਦੇ ਲੋਕਾਂ ਨਾਲ ਆਪਣੀ ਇਕਜੁੱਟਤਾ ਪ੍ਰਗਟ ਕਰਦੀ ਹੈ।

# ਹਵਾਰਾ ਨੂੰ ਘੱਟੋ-ਘੱਟ 28 ਦਿਨ ਦੀ ਪੈਰੋਲ ਦਿੱਤੀ ਜਾਵੇ : ਕਿਸਾਨ ਆਗੂ



**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਈ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਬਜ਼ੁਰਗ ਮਾਤਾ ਨਾਲ ਮਿਲਣ ਲਈ ਤੁਰੰਤ ਘੱਟੋ-ਘੱਟ 28 ਦਿਨ ਦੀ ਪੈਰੋਲ ਦਿੱਤੀ ਜਾਵੇ। ਇਹ ਮੰਗ ਕਰਦਿਆਂ ਕਿਸਾਨ ਆਗੂ ਸੁੱਖ ਗਿੱਲ ਮੋਗਾ, ਜਸਕਰਨ ਸਿੰਘ ਕਾਹਨ ਸਿੰਘ ਵਾਲਾ ਨੇ ਕਿਹਾ ਕਿ ਲੰਬੇ ਸਮੇਂ ਤੋਂ ਜੇਲ੍ਹ ਵਿੱਚ ਬੰਦ ਭਾਈ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਮਾਤਾ ਨੂੰ ਮਿਲਣ ਦਾ ਮੌਕਾ ਮਿਲਣਾ ਮਨੁੱਖੀ ਅਤੇ ਪਰਿਵਾਰਕ ਪੱਖੋਂ ਬੇਹੱਦ ਜ਼ਰੂਰੀ ਹੈ,ਉਨ੍ਹਾਂ ਕਿਹਾ ਕਿ ਇੱਕ ਬਜ਼ੁਰਗ ਮਾਂ ਲਈ ਆਪਣੇ ਪੁੱਤਰ ਨੂੰ ਮਿਲਣ ਦੀ ਤਾਂਘ ਨੂੰ ਅਣਦੇਖਿਆ ਨਹੀਂ ਕੀਤਾ ਜਾਣਾ ਚਾਹੀਦਾ।ਮਨੁੱਖੀ ਸੰਵੇਦਨਸ਼ੀਲਤਾ ਦਿਖਾਉਂਦਿਆਂ ਬਿਨਾਂ ਕਿਸੇ ਦੇਰੀ ਦੇ ਭਾਈ ਜਗਤਾਰ ਸਿੰਘ ਹਵਾਰਾ ਨੂੰ ਘੱਟੋ-ਘੱਟ 28 ਦਿਨ ਦੀ ਪੈਰੋਲ ਦੇਣੀ ਚਾਹੀਦੀ ਹੈ।

# ਗੁਰਦੁਆਰਾ ਸਾਹਿਬ ਦੇ ਨਾਂਅ 'ਤੇ ਜਾਲ੍ਹੀ ਲਾਟਰੀ ਦੇ ਧੰਦੇ ਨੂੰ ਲੈ ਕੇ ਵਿਵਾਦ ਭਖਿਆ




**ਬਠਿੰਡਾ (ਰਾਜੀਵ ਗੋਇਲ)**

ਕਸਬਾ ਭਗਤਾ ਭਾਈਕਾ ਦੇ ਨਾਲ ਲੱਗਦੇ ਸੁਰਜੀਤ ਨਗਰ ਵਿਖੇ ਇਨ੍ਹੀਂ ਦਿਨੀਂ ਇੱਕ ਜਾਅਲੀ ਲਾਟਰੀ ਦੇ ਧੰਦੇ ਨੂੰ ਲੈ ਕੇ ਵਿਵਾਦ ਭਖਿਆ ਹੋਇਆ ਹੈ ਤੇ ਪਿੰਡ ਦੀ ਪੰਚਾਇਤ ਵੱਲੋਂ ਇਸ ਮਾਮਲੇ ਨੂੰ ਲੈ ਕੇ ਥਾਣਾ ਭਗਤਾ ਦੇ ਮੁਖੀ ਨੂੰ ਇੱਕ ਲਿਖਤੀ ਸ਼ਿਕਾਇਤ ਵੀ ਦਿੱਤੀ ਗਈ ਹੈ।

ਸੁਰਜੀਤ ਨਗਰ ਵਿਖੇ ਪਿਛਲੇ ਸਮੇਂ ਬਾਬਾ ਜੀਵਨ ਸਿੰਘ ਜੀ ਦੇ ਗੁਰੂਦੁਆਰਾ ਸਾਹਿਬ ਦੀ ਉਸਾਰੀ ਕੀਤੀ ਗਈ ਸੀ ਤੇ ਇਸ ਗੁਰੂਘਰ ਦਾ ਕੰਮ ਕਾਜ ਇੱਕ ਰਿਟਾਇਰਡ ਸਰਕਾਰੀ ਅਧਿਕਾਰੀ ਦੇਖ ਰਿਹਾ ਸੀ। ਪਿਛਲੇ ਦਿਨੀਂ ਸਲਾਬਤਪੁਰਾ ਪਿੰਡ ਨਾਲ ਸੰਬੰਧਤ ਨੌਜਵਾਨ ਵੱਲੋਂ ਭਦੌੜ ਵਿਖੇ ਬਾਬਾ ਜੀਵਨ ਸਿੰਘ ਗੁਰੂਦੁਆਰਾ ਸਾਹਿਬ ਭਗਤਾ ਦੇ ਨਾਂਅ 'ਤੇ ਜਾਅਲੀ ਲਾਟਰੀ ਟਿਕਟਾਂ ਕੱਟ ਰਹੇ ਲੋਕਾਂ ਪਾਸੋਂ ਪੁੱਛਗਿੱਛ ਕੀਤੀ ਗਈ ਤਾਂ ਉਹ ਫੜੇ ਜਾਣ ਦੇ ਡਰੋਂ ਪੂਰੀ ਕਾਪੀ ਉਕਤ ਨੌਜਵਾਨ ਪਾਸ ਛੱਡ ਕੇ ਫਰਾਰ ਹੋ ਗਏ ਤੇ ਜਦੋਂ ਉਕਤ ਨੌਜਵਾਨ ਨੇ ਸੰਬੰਧਤ ਗੁਰੂਘਰ ਦੇ ਸੰਚਾਲਕ ਨਾਲ ਗੱਲਬਾਤ ਕੀਤੀ ਤਾਂ ਮਾਮਲਾ ਸਾਰਾ ਹੀ ਗੋਲਮਾਲ ਨਿਕਲਿਆ ਅਤੇ ਗੱਲ ਕਰਨ ਵਾਲੇ ਸੰਚਾਲਕ ਨੇ ਇਹ ਕਲੀਅਰ ਕਰ ਦਿੱਤਾ ਕਿ ਅਸੀਂ ਤਾਂ ਗੁਰੂਘਰ ਦੀ ਉਸਾਰੀ ਸਮੇਂ ਖੜ੍ਹੇ ਬਕਾਏ ਦਾ ਭੁਗਤਾਨ ਕਰਨ ਲਈ ਕੁਝ ਲੋਕਾਂ ਦੀਆਂ ਗੱਲਾਂ ਵਿੱਚ ਆ ਕੇ ਇਹ ਸਭ ਕੁਝ ਕੀਤਾ ਹੈ। ਜਦੋਂ ਇਸ ਮਾਮਲੇ ਦੀ ਭਿਣਕ ਸੁਰਜੀਤ ਨਗਰ ਦੇ ਲੋਕਾਂ ਦੇ ਕੰਨੀ ਪਈ ਤਾਂ ਲੋਕਾਂ ਵੱਲੋਂ ਇਕੱਤਰ ਹੋ ਕੇ ਮੌਜੂਦਾ ਸਰਪੰਚ ਕੁਲਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਗਈ, ਪਰ ਉਦੋਂ ਤੱਕ ਸਰਪੰਚ ਪਾਸ ਲਾਟਰੀ ਦੀਆਂ ਟਿਕਟਾਂ ਕੱਟ ਰਹੇ ਵਿਅਕਤੀਆਂ ਦੀਆਂ ਦੋ ਵੀਡਿਓ ਪਹੁੰਚ ਚੁੱਕੀਆਂ ਸਨ, ਜਿਨ੍ਹਾਂ ਵਿੱਚੋਂ ਇੱਕ ਵੀਡੀਓ ਵਿੱਚ ਸਰਪੰਚ ਦਾ ਨਾਂਅ ਵਰਤਿਆ ਜਾ ਰਿਹਾ ਸੀ ਅਤੇ ਦੂਜੀ ਵੀਡੀਓ ਵਿੱਚ ਨੌਜਵਾਨ ਇੱਕ ਰਿਟਾਇਰਡ ਸਰਕਾਰੀ ਅਧਿਆਪਕ ਦਾ ਨਾਂਅ ਲੈ ਰਿਹਾ ਹੈ। ਬਾਅਦ ਵਿੱਚ ਇਕੱਤਰ ਹੋ ਕੇ ਸੁਰਜੀਤ ਨਗਰ ਦੇ ਲੋਕਾਂ ਵੱਲੋਂ ਸਮੂਹ ਪੰਚਾਇਤ ਨਾਲ ਥਾਣਾ ਭਗਤਾ ਵਿਖੇ ਇੱਕ ਲਿਖਤੀ ਦਰਖਾਸਤ ਦੇ ਕੇ ਕਾਰਵਾਈ ਦੀ ਮੰਗ ਕੀਤੀ ਗਈ। ਹੁਣ ਥਾਣਾ ਭਗਤਾ ਦੀ ਪੁਲਸ ਇਸ ਧੰਦੇ ਵਿੱਚ ਸ਼ਾਮਿਲ ਲੋਕਾਂ ਦੀ ਪਛਾਣ ਕਰ ਰਹੀ ਹੈ।

# ਪ੍ਰੋ. ਬਬੀਤਾ ਘਈ ਏਸ਼ੀਆ/ ਓਸ਼ੇਨੀਆ ਤੇ ਆਸਟ੍ਰੇਲੀਆ ਲਈ ਕੌਂਸਲਰ ਚੁਣੇ ਗਏ

**ਸਮਰਾਲਾ (ਸੁਰਜੀਤ ਸਿੰਘ)**-ਪੀ ਜੀ ਆਈ ਚੰਡੀਗੜ੍ਹ ਅਤੇ ਭਾਰਤ ਲਈ ਇੱਕ ਮਹੱਤਵਪੂਰਨ ਉਪਲਬਧੀ ਵਜੋਂ ਇਸ ਸਿਹਤ ਸੰਸਥਾ ਦੇ ਐਨੇਸਥੀਜ਼ੀਆ ਅਤੇ ਇੰਟੈਂਸਿਵ ਕੇਅਰ ਵਿਭਾਗ ਦੀ ਪ੍ਰੋਫੈਸਰ ਅਤੇ ਪੇਨ ਕਲੀਨਿਕ ਦੀ ਇੰਚਾਰਜ ਕਨਸਲਟੈਂਟ ਪ੍ਰੋ. ਬਬੀਤਾ ਘਈ ਨੂੰ ਕਠਿਨ ਅਤੇ ਮੁਕਾਬਲੇਦਾਰ ਚੋਣ ਪ੍ਰਕਿਰਿਆ ਤੋਂ ਬਾਅਦ ਛੇ ਸਾਲਾਂ ਦੀ ਮਿਆਦ ਲਈ ਇੰਟਰਨੈਸ਼ਨਲ ਐਸੋਸੀਏਸ਼ਨ ਫ਼ਾਰ ਦ ਸਟਡੀ ਆਫ਼ ਪੇਨ ਦੀ ਏਸ਼ੀਆ/ਓਸ਼ੇਨੀਆ ਅਤੇ ਆਸਟ੍ਰੇਲੀਆ ਦੀ ਨੁਮਾਇੰਦਗੀ ਕਰਨ ਵਾਲੀ ਕੌਂਸਲਰ ਚੁਣਿਆ ਗਿਆ ਹੈ। ਆਈ ਏ ਐਸ ਪੀ ਦਰਦ ਦੇ ਖੇਤਰ ਵਿੱਚ ਵਿਸ਼ਵ ਦੀ ਪ੍ਰਮੁੱਖ ਅੰਤਰਰਾਸ਼ਟਰੀ ਸੰਸਥਾ ਹੈ, ਜਿਸ ਦੇ ਦੁਨੀਆ ਭਰ ਵਿੱਚ ਲਗਭਗ ਦਸ ਹਜ਼ਾਰ ਮੈਂਬਰ ਹਨ।



ਪ੍ਰੋ. ਘਈ ਆਈ ਏ ਐਸ ਪੀ ਕੌਂਸਲ ਲਈ ਚੁਣੀ ਜਾਣ ਵਾਲੀ ਸਭ ਤੋਂ ਘੱਟ ਉਮਰ ਦੀ ਦੂਜੀ ਭਾਰਤੀ ਮਹਿਲਾ ਹੈ। ਪ੍ਰੋ. ਘਈ 2004 ਤੋਂ ਆਈ ਏ ਐਸ ਪੀ ਨਾਲ ਜੁੜੇ ਹੋਏ ਹਨ ਅਤੇ ਉਨ੍ਹਾਂ ਨੇ ਕਈ ਅਹਿਮ ਨੇਤ੍ਰਿਤਵ ਭੂਮਿਕਾਵਾਂ ਨਿਭਾਈਆਂ ਹਨ, ਜਿਨ੍ਹਾਂ ਵਿੱਚ ਗਲੋਬਲ ਐਡਵੋਕੇਸੀ ਵਰਕਿੰਗ ਗਰੁੱਪ, ਇੰਟਰਡਿਸ਼ਪਲਿਨਰੀ ਪੇਨ ਟ੍ਰੀਟਮੈਂਟ ਬਾਰੇ ਪ੍ਰੈਜ਼ੀਡੈਂਸ਼ੀਅਲ ਟਾਸਕ ਫੋਰਸ, ਡਿਵੈਲਪਿੰਗ ਕੰਟਰੀਜ਼ ਵਰਕਿੰਗ ਗਰੁੱਪ, ਪੇਨ ਐਜੂਕੇਸ਼ਨ, ਐਕਿਊਟ ਪੇਨ ਅਤੇ ਪੇਨ ਰਿਸਰਚ ਫੋਰਮ ਸ਼ਾਮਲ ਹਨ।ਐਮ ਡੀ ਤੋਂ ਬਾਅਦ 27 ਸਾਲਾਂ ਦੇ ਤਜਰਬੇ ਨਾਲ, ਪ੍ਰੋ. ਘਈ ਪੀ ਜੀ ਆਈ ਐਮ ਈ ਆਰ ਵਿੱਚ ਪੇਨ ਮੈਡੀਸਨ ਫੈਲੋਸ਼ਿਪ ਦੀ ਕੋਰਸ ਕੋਆਰਡੀਨੇਟਰ ਹਨ।

# ਸਹਾਇਕ-ਸਬ ਇੰਸਪੈਕਟਰ ਰਿਸ਼ਵਤ ਲੈਂਦਿਆਂ ਕੀਤਾ ਗ੍ਰਿਫ਼ਤਾਰ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਐਲਡੇਕੋ ਅਸਟੇਟ ਪੁਲਿਸ ਚੌਕੀ ਇੰਚਾਰਜ, ਪੁਲਿਸ ਸਟੇਸ਼ਨ ਸਲੇਮ ਟਾਬਰੀ, ਲੁਧਿਆਣਾ ਵਜੋਂ ਤਾਇਨਾਤ ਸਹਾਇਕ-ਸਬ ਇੰਸਪੈਕਟਰ ਜਿੰਦਲ ਲਾਲ ਨੂੰ 40,000 ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਹੈ।ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਮੁਲਾਜ਼ਮ ਨੂੰ ਪਿੰਡ ਭੱਟੀਆਂ ਬੇਟ ਜ਼ਿਲ੍ਹਾ ਲੁਧਿਆਣਾ ਦੇ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਦੀ ਪਤਨੀ ਦੀ ਆਪਣੇ ਗੁਆਂਢੀ ਨਾਲ ਲੜਾਈ ਹੋਈ ਸੀ।ਮਾਮਲਾ ਦਰਜ ਕਰਨ ਲਈ ਸਬ ਇੰਸਪੈਕਟਰ ਨੇ 40000 ਦੀ ਰਿਸ਼ਵਤ ਮੰਗੀ ਸੀ। ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਪੁਲਿਸ ਅਧਿਕਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 40,000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

# 260 ਗ੍ਰਾਮ ਹੈਰੋਇਨ, ਪਿਸਟਲ, 6 ਜ਼ਿੰਦਾ ਕਾਰਤੂਸ ਸਮੇਤ ਦੋ ਕਾਬੂ

**ਮਾਨਸਾ (ਆਤਮਾ ਸਿੰਘ ਪਮਾਰ)**-ਸ੍ਰੀ ਵੈਭਵ ਚੌਧਰੀ,ਆਈ.ਪੀ.ਐਸ ਸੀਨੀਅਰ ਕਪਤਾਨ ਪੁਲਸ ਨੇ ਦੱਸਿਆ ਕਿ ਮਾਨਸਾ ਪੁਲਿਸ ਵੱਲੋਂ ਅਪਰਾਧਿਕ ਅਨਸਰਾਂ ਖਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ 02 ਵਿਅਕਤੀਆ ਪਾਸੋਂ 260 ਗ੍ਰਾਮ ਹੈਰੋਇਨ (ਚਿੱਟਾ) ਸਮੇਤ 01 ਪਿਸਟਲ .32 ਬੋਰ ਸਮੇਤ 06 ਜਿੰਦਾਂ ਰੌਂਦ ਬਰਾਮਦ ਕਰਕੇ ਇੱਕ ਹੋਰ ਵੱਡੀ ਸਫ਼ਲਤਾ ਹਾਸਲ ਕੀਤੀ ਹੈ।ਸ੍ਰੀ ਵੈਭਵ ਚੌਧਰੀ ਨੇ ਦੱਸਿਆ ਕਿ ਜਗਬਿੰਦਰ ਸਿੰਘ ਪੀ.ਪੀ.ਐਸ.ਕਪਤਾਨ ਪੁਲਿਸ (ਓਪਰੇਸ਼ਨ) ਮਾਨਸਾ, ਸਿਕੰਦਰ ਸਿੰਘ ਪੀ.ਪੀ.ਐਸ. ਉਪ ਕਪਤਾਨ ਪੁਲਿਸ ਸਬ ਡਵੀਜਨ ਬੁਢਲਾਡਾ ਤੇ ਜਸਵਿੰਦਰ ਸਿੰਘ ਪੀ.ਪੀ.ਐਸ, ਉਪ ਕਪਤਾਨ ਪੁਲਿਸ (ਡੀ) ਮਾਨਸਾ ਦੀ ਯੋਗ ਸੁਪਰਵੀਜ਼ਨ ਹੇਠ ਇੰਸਪੈਕਟਰ ਬਲਕੌਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਮਾਨਸਾ ਅਤੇ ਇੰਸਪੈਕਟਰ ਕਮਲਜੀਤ ਸਿੰਘ ਮੁੱਖ ਅਫਸਰ ਥਾਣਾ ਸਿਟੀ ਬੁਢਲਾਡਾ ਦੀ ਅਗਵਾਈ ਹੇਠ ਮਾਨਸਾ ਪੁਲਿਸ ਵੱਲੋਂ ਮੁਸ਼ਤੈਦੀ ਨਾਲ ਕੰਮ ਕਰਦਿਆਂ ਜਦੋਂ ਇੱਕ ਕਾਰ ਮਾਰਕਾ ਸਵਿਫਟ ਨੰਬਰੀ ਫਬ-05ਅਧ-9855 ਨੂੰ ਬੁਢਲਾਡਾ ਤੋਂ ਬੋਹਾ ਰੋਡ 'ਤੇ ਬੋਅਬਾਦ ਪੈਟਰੌਲ ਪੰਪ ਕੋਲ ਰੋਕ ਕੇ ਚੈਕ ਕੀਤਾਂ ਤਾਂ ਗੱਡੀ 'ਚ ਸਵਾਰ ਵਿਅਕਤੀ ਜਸਵਿੰਦਰ ਸਿੰਘ ਸੰਧੂ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਬੁਲੋਕੇ ਜ਼ਿਲ੍ਹਾ ਫ਼ਿਰੋਜ਼ਪੁਰ ਤੇ ਸੁਖਚੈਨ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਪਿੰਡ ਪੀਰ ਮਹੁੰਮਦ ਡਾਕਖਾਨਾ ਮੱਖੂ ਨੂੰ ਕਾਬੂ ਕਰਕੇ ਉਹਨਾ ਦੇ ਕਬਜੇ ਚੋ 260 ਗ੍ਰਾਮ ਹੈਰੋਇਨ (ਚਿੱਟਾ) ਤੇ 01 ਪਿਸਟਲ .32 ਬੋਰ ਸਮੇਤ 06 ਜਿੰਦਾ ਰੌਂਦ ਬਰਾਮਦ ਕੀਤੇ, ਜਿਸਤੇ ਮੁਲਜ਼ਮਾਂ ਖ਼ਿਲਾਫ਼ ਵੱਖ ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਕਾਤਰਾਂ

### ਸਾਹਿਬ ਸਿੰਘ ਵਿਰਕ ਨੇ ਬਤੌਰ ਥਾਣਾ ਮੁਖੀ ਅਹੁਦਾ ਸੰਭਾਲਿਆ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਥਾਣਾ ਪਾਤੜਾਂ ਦੇ ਮੁਖੀ ਇੰਸਪੈਕਟਰ ਗਗਨਦੀਪ ਸਿੰਘ ਦੇ ਹੋਏ ਤਬਾਦਲੇ ਮਗਰੋਂ ਸਾਹਿਬ ਸਿੰਘ ਵਿਰਕ ਨੇ ਬਤੌਰ ਐਸ ਐਚ ਓ ਥਾਣਾ ਪਾਤੜਾਂ ਦਾ ਚਾਰਜ ਸੰਭਾਲ ਲਿਆ ਹੈ।ਪਾਤੜਾਂ ਸ਼ਹਿਰ ਦੀ ਚੌਕੀ ਵਿੱਚ ਬਤੌਰ ਇੰਚਾਰਜ ਸੇਵਾਵਾਂ ਨਿਭਾ ਚੁੱਕੇ ਸਾਹਿਬ ਸਿੰਘ ਵਿਰਕ ਵੱਲੋਂ ਥਾਣਾ ਪਾਤੜਾਂ ਵਿੱਚ ਸੇਵਾਵਾਂ ਸ਼ੁਰੂ ਕਰਨ 'ਤੇ ਪਾਤੜਾਂ ਇਲਾਕੇ ਦੇ ਆਗੂਆਂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਰਕ ਨੇ ਕਿਹਾ ਕਿ ਪਾਤੜਾਂ ਇਲਾਕੇ ਵਿੱਚ ਅਮਨ-ਸ਼ਾਂਤੀ ਬਣਾਈ ਰੱਖਣ ਅਤੇ ਗਲਤ ਅਨਸਰਾਂ ਦੇ ਖ਼ਿਲਾਫ਼ ਜਿੱਥੇ ਸਖ਼ਤ ਕਾਰਵਾਈ ਕੀਤੀ ਜਾਵੇਗੀ, ਉੱਥੇ ਹੀ ਹਰ ਫ਼ਰਿਆਦੀ ਨੂੰ ਇਨਸਾਫ਼ ਦੇਣਾ ਅਤੇ ਦਿਵਾਉਣਾ ਉਨ੍ਹਾਂ ਦਾ ਪਹਿਲਾ ਕੰਮ ਹੋਵੇਗਾ।ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਨਸ਼ਾ ਤਸਕਰੀ ਬੰਦ ਕਰਨ ਲਈ ਜਿੱਥੇ ਪੂਰੀ ਸਖ਼ਤੀ ਵਰਤੀ ਜਾਵੇਗੀ, ਉੱਥੇ ਹੀ ਨਸ਼ੇ ਦੇ ਆਦੀ ਹੋ ਚੁੱਕੇ ਵਿਅਕਤੀਆਂ ਜਾਂ ਨੌਜਵਾਨਾਂ ਦਾ ਇਲਾਜ ਕਰਵਾਉਣ ਲਈ ਉਨ੍ਹਾਂ ਦੇ ਪਰਿਵਾਰਾਂ ਨਾਲ ਮਿਲ ਕੇ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।

### ਐਸ ਕੇ ਐਮ ਦੀ ਵੱਡੀ ਜਿੱਤ ਹੋਈ : ਦੌਲਤਪੁਰਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਚੰਡੀਗੜ੍ਹ ਦੀਆਂ ਬਰੂਹਾਂ 'ਤੇ ਸੰਯੁਕਤ ਕਿਸਾਨ ਮੋਰਚਾ (ਐਸ ਕੇ ਐਮ ) ਵੱਲੋਂ ਲੜੇ ਜਾ ਰਹੇ ਵੱਡੇ ਸੰਘਰਸ਼ ਦੀ ਜਿੱਤ ਹੋਣ 'ਤੇ ਕਿਸਾਨ ਜਥੇਬੰਦੀਆਂ ਵਿੱਚ ਖੁਸ਼ੀ ਦੀ ਲਹਿਰ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਕਿਹਾ ਕਿ ਇਹ ਐਸ ਕੇ ਐਮ ਦੀ ਵੱਡੀ ਜਿੱਤ ਹੈ। ਉਨ੍ਹਾਂ ਕਿਹਾ ਕਿ ਇਸ ਸੰਘਰਸ਼ ਵਿੱਚ ਯੋਗਦਾਨ ਪਾਉਣ ਵਾਲੇ ਸਮੂਹ ਕਿਸਾਨ ਯੂਨੀਅਨਾਂ ਦੇ ਆਗੂਆਂ, ਮੈਂਬਰਾਂ ਅਤੇ ਸਹਿਯੋਗ ਦੇਣ ਵਾਲੇ ਲੋਕਾਂ ਦਾ ਉਹ ਤਹਿ ਦਿਲੋਂ ਧੰਨਵਾਦ ਕਰਦੇ ਹਨ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਕਿਸਾਨਾਂ ਦੀਆਂ ਮੁੱਖ ਮੰਗਾਂ 'ਤੇ ਲਿਖਤੀ ਰੂਪ ਵਿੱਚ ਸਹਿਮਤੀ ਦੇ ਦਿੱਤੀ ਗਈ ਹੈ, ਜਿਸ ਤੋਂ ਬਾਅਦ ਇਸ ਸੰਘਰਸ਼ ਨੂੰ ਖ਼ਤਮ ਕਰਨ ਦਾ ਐਲਾਨ ਕਰ ਦਿੱਤਾ ਗਿਆ ਹੈ।

### 12 ਸਤੰਬਰ ਨੂੰ ਸਿਰਸਾ ਪੁੱਜਣਗੇ ਮੁੱਖ ਮੰਤਰੀ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ 12 ਸਤੰਬਰ ਨੂੰ ਸਿਰਸਾ ਦੇ ਬਰਨਾਲਾ ਰੋਡ 'ਤੇ ਪੰਚਾਇਤ ਭਵਨ ਵਿਖੇ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਣ ਕਮੇਟੀ (ਸ਼ਿਕਾਇਤਾਂ ਮੀਟਿੰਗ) ਦੀ ਪ੍ਰਧਾਨਗੀ ਕਰਨਗੇ। ਜ਼ਿਲ੍ਹਾ ਪ੍ਰਸ਼ਾਸਨ ਮੀਟਿੰਗ ਲਈ ਤਿਆਰੀਆਂ ਕਰ ਰਿਹਾ ਹੈ। ਸਾਰੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਵੇਰੇ 9:30 ਵਜੇ ਆਪਣੀਆਂ ਸ਼ਿਕਾਇਤਾਂ ਨਾਲ ਸਬੰਧਤ ਪੂਰੇ ਰਿਕਾਰਡ ਅਤੇ ਜ਼ਰੂਰੀ ਦਸਤਾਵੇਜ਼ਾਂ ਨਾਲ ਹਾਜ਼ਰ ਹੋਣ ਦੇ ਨਿਰਦੇਸ਼ ਦਿੱਤੇ ਗਏ ਹਨ।

# ਸੌਂਦ ਨੇ ਖੰਨਾ ਦੇ 19.38 ਕਰੋੜ ਰੁਪਏ ਦੀ ਲਾਗਤ ਨਾਲ 151 ਵਿਕਾਸ ਕੰਮਾਂ ਦੀ ਸ਼ੁਰੂਆਤ ਕਰਾਈ



**ਦੋਰਾਹਾ (ਹਰਮਿੰਦਰ ਸੇਠ)**-ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦਫਤਰ ਨਗਰ ਕੌਂਸਲ ਵਿਖੇ 19.38 ਕਰੋੜ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਾਰਡਾਂ ਦੇ 151 ਵਿਕਾਸ ਕੰਮਾਂ ਦਾ ਉਦਘਾਟਨ ਕਰਕੇ ਸ਼ੁਰੂਆਤ ਕਰਵਾਈ।ਸੌਂਦ ਨੇ ਕਿਹਾ ਕਿ ਖੰਨਾ ਵਾਸਤੇ ਬਹੁਤ ਹੀ ਇਤਿਹਾਸਕ ਦਿਨ ਹੈ।ਖੰਨਾ ਸ਼ਹਿਰ ਦੇ ਵੱਖ-ਵੱਖ ਵਾਰਡਾਂ ਦੇ 151 ਵਿਕਾਸ ਕੰਮਾਂ ਦਾ ਉਦਘਾਟਨ ਕਰਕੇ ਸ਼ੁਰੂਆਤ ਕੀਤੀ ਗਈ ਹੈ, ਜਿਸ 'ਤੇ 19.38 ਕਰੋੜ ਰੁਪਏ ਦੀ ਲਾਗਤ ਆਵੇਗੀ।ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੇ ਕੰਮਾਂ ਦੇ ਵਰਕ ਆਰਡਰ ਹੋ ਚੁੱਕੇ ਹਨ ਤੇ ਕੰਮ ਵੀ ਅੱਜ ਤੋਂ ਸ਼ੁਰੂ ਹੋ ਜਾਣਗੇ।ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦਾ ਧੰਨਵਾਦੀ ਹਾਂ, ਜਿਨ੍ਹਾਂ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਚੱਲ ਰਹੀ ਹੈ।ਨਗਰ ਕੌਂਸਲ ਦੀਆਂ ਚੋਣਾਂ ਤੋਂ ਪਹਿਲਾਂ ਅਸੀਂ ਖੰਨਾ ਵਾਸੀਆਂ ਨੂੰ ਅਪੀਲ ਕੀਤੀ ਸੀ ਕਿ ਨਗਰ ਕੌਂਸਲ ਦੀ ਕਮੇਟੀ ਆਮ ਆਦਮੀ ਪਾਰਟੀ ਦੀ ਬਣਾ ਦਿਓ, ਅਸੀਂ ਸਾਰੇ ਕੰਮ ਭ੍ਰਿਸ਼ਟਾਚਾਰ ਤੋ ਮੁਕਤ ਕਰਵਾਵਾਂਗੇ ਅਤੇ ਵਿਕਾਸ ਕੰਮਾਂ ਦੀ ਰਫਤਾਰ ਨੂੰ ਦੁੱਗਣੀ-ਤਿੱਗਣੀ ਕਰ ਦਿਆਂਗੇ।ਉਸੇ ਲੜੀ ਦੇ ਤਹਿਤ ਨਗਰ ਕੌਂਸਲ ਦੀ ਕਮੇਟੀ ਬਣਨ ਦੇ ਤਿੰਨ ਤੋਂ ਚਾਰ ਦੇ ਮਹੀਨਿਆਂ ਦੇ ਅੰਦਰ ਹੀ ਖੰਨਾ ਸ਼ਹਿਰ ਦੀ ਸਾਫ਼-ਸਫ਼ਾਈ ਦੇ ਨਾਲ-ਨਾਲ ਹੀ ਸ਼ਹਿਰ ਦੇ ਅੰਦਰ ਵੱਖ-ਵੱਖ ਵਾਰਡਾਂ ਦੇ 151 ਵਿਕਾਸ ਕੰਮ ਸ਼ੁਰੂ ਕਰਾ ਦਿੱਤੇ ਗਏ ਹਨ, ਜਿਨ੍ਹਾਂ 'ਤੇ 19.38 ਕਰੋੜ ਰੁਪਏ ਖਰਚ ਹੋਣਗੇ।ਇਹ ਪਹਿਲੀ ਵਾਰ ਹੋਇਆ ਹੈ ਕਿ ਏਨੀ ਵੱਡੀ ਰਕਮ ਦੇ ਵਿਕਾਸ ਕੰਮ ਖੰਨਾ ਸ਼ਹਿਰ ਵਿੱਚ ਸ਼ੁਰੂ ਕਰਾਏ ਗਏ ਹਨ।ਕੈਬਨਿਟ ਮੰਤਰੀ ਸੌਂਦ ਨੇ ਦੱਸਿਆ ਕਿ ਇਸ ਦੇ ਨਾਲ ਹੀ ਖੰਨਾ ਸ਼ਹਿਰ ਦੇ ਹੋਰ 20 ਕਰੋੜ ਰੁਪਏ ਦੇ ਵਿਕਾਸ ਕੰਮਾਂ ਦੀ ਲਿਸਟ ਤਿਆਰ ਕੀਤੀ ਜਾ ਰਹੀ ਹੈ, ਜਿਸ ਤਹਿਤ ਖੰਨਾ ਸ਼ਹਿਰ ਦੇ ਹੋਰ ਵੀ ਵਿਕਾਸ ਕਾਰਜ ਕੀਤੇ ਜਾਣਗੇ।

# ਅੰਮ੍ਰਿਤਪਾਲ ਨੇ ਖਾਲਿਸਤਾਨ ਦਾ ਨਾਅਰਾ ਲਾ ਕੇ ਲੋਕ ਭੜਕਾਏ : ਸੁਖਬੀਰ



**ਮੋਗਾ (ਇਕਬਾਲ ਸਿੰਘ ਖਹਿਰਾ)**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਦੇਖਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਵਿੱਚ ਜੋਸ਼ ਭਰਨ ਲਈ ਧਰਮਕੋਟ ਵਿਖੇ ਪੰਜਾਬ ਬਚਾਓ ਰੈਲੀ ਕੀਤੀ ਗਈ। ਇਸ ਵਿਸ਼ਾਲ ਰੈਲੀ ਦੌਰਾਨ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਸਾਬਕਾ ਮੰਤਰੀ ਤੇ ਸੀਨੀਅਰ ਅਕਾਲੀ ਆਗੂ ਸਿਕੰਦਰ ਸਿੰਘ ਮਲੂਕਾ, ਹਲਕਾ ਧਰਮਕੋਟ ਦੇ ਇੰਚਾਰਜ ਬਰਜਿੰਦਰ ਸਿੰਘ ਬਰਾੜ, ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ, ਸੀਨੀਅਰ ਅਕਾਲੀ ਆਗੂ ਰਜਿੰਦਰ ਸਿੰਘ ਡੱਲਾ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਹਰਜਿੰਦਰ ਸਿੰਘ ਪੱਪੂ ਰਾਮੂਵਾਲਾ, ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸਨੀ ਗਿੱਲ, ਹਲਕਾ ਧਰਮਕੋਟ ਦੇ ਇੰਚਾਰਜ ਰਾਜਵਿੰਦਰ ਸਿੰਘ ਧਰਮਕੋਟ, ਸ਼ਹਿਰੀ ਪ੍ਰਧਾਨ ਖਣਮੁੱਖ ਭਾਰਤੀ ਪੱਤੋਂ, ਸੀਨੀਅਰ ਅਕਾਲੀ ਆਗੂ ਬੂਟਾ ਸਿੰਘ ਦੌਲਤਪੁਰਾ, ਆਦਿ ਆਗੂ ਮੌਜੂਦ ਸਨ।ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਨੇ ਪੰਥ ਨੂੰ ਕਮਜ਼ੋਰ ਕਰਨ ਅਤੇ ਪੰਥਕ ਵੋਟ ਨੂੰ ਵੰਡਣ ਲਈ 'ਵਾਰਿਸ ਪੰਜਾਬ ਦੇ' ਨੂੰ ਉਭਾਰਿਆ ਹੈ, ਹਾਲਾਂ ਕਿ ਉਨ੍ਹਾਂ ਨੇ ਪੰਥਦਰਦੀਆਂ ਨੂੰ ਇਕਜੁੱਟ ਹੋਣ ਅਤੇ ਦਿੱਲੀ ਦੇ ਲੁਟੇਰਿਆਂ ਤੋਂ ਪੰਜਾਬ ਨੂੰ ਬਚਾਉਣ ਦੀ ਅਪੀਲ ਕੀਤੀ।ਵਿਸ਼ਾਲ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਵਾਰਿਸ ਪੰਜਾਬ ਦੇ ਮੁਖੀ ਅੰਮ੍ਰਿਤਪਾਲ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਵਾਰਿਸ ਪੰਜਾਬ ਦੇ 'ਆਪ' ਵਰਗੇ ਗਰਮ ਕਰ ਰਿਹਾ ਹੈ।ਪਹਿਲਾਂ ਉਸ ਨੇ ਦਾਅਵਾ ਕੀਤਾ ਸੀ ਕਿ ਉਹ ਨਸ਼ਿਆਂ ਦੇ ਖ਼ਾਤਮੇ ਲਈ ਵਿਸ਼ੇਸ਼ ਸਮਾਜਿਕ ਕਾਰਜ ਵਿੱਚ ਰੁੱਝਿਆ ਹੋਇਆ ਹੈ ਪਰ ਉਹ ਉਦੋਂ ਬੇਨਕਾਬ ਹੋ ਗਿਆ ਜਦੋਂ ਉਸ ਦਾ ਆਪਣਾ ਭਰਾ ਨਸ਼ੇ ਨਾਲ ਫੜਿਆ ਗਿਆ।ਉਨ੍ਹਾਂ ਕਿਹਾ ਕਿ ਅੰਮ੍ਰਿਤਪਾਲ ਨੇ ਵੀ ਖਾਲਿਸਤਾਨ ਦਾ ਨਾਅਰਾ ਲਗਾ ਕੇ ਲੋਕਾਂ ਨੂੰ ਭੜਕਾਉਣ ਦੀ ਕੋਸ਼ਿਸ਼ ਕੀਤੀ ਸੀ ਪਰ ਜਦੋਂ ਕੁਝ ਪੁਲਿਸ ਵਾਲੇ ਉਸ ਨੂੰ ਫੜਨ ਆਏ ਤਾਂ ਉਹ ਤੁਰੰਤ ਭੱਜ ਗਿਆ।ਇਹ ਇੱਕ ਪੰਥਕ ਆਗੂ ਦਾ ਕਿਰਦਾਰ ਨਹੀਂ ਹੈ। ਸੁਖਬੀਰ ਬਾਦਲ ਨੇ ਇਹ ਵੀ ਦਾਅਵਾ ਕੀਤਾ ਕਿਂ ਦਾਖਾ ਦੇ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੂੰ ਮੁੱਖ ਮੰਤਰੀ ਭਗਵੰਤ ਮਾਨ ਨੇ ਵਾਰਿਸ ਪੰਜਾਬ ਵਿਚ ਭੇਜਿਆ ਹੈ।ਇਆਲੀ ਨਵੀਂ ਪਾਰਟੀ ਵਿੱਚ ਸ਼ਾਮਲ ਹੋ ਗਿਆ ਹੈ ਭਾਵੇਂ ਉਸ ਕੋਲ ਕੋਈ ਪੰਥਕ ਸਾਖ ਨਹੀਂ ਹੈ ਅਤੇ ਉਸ ਦੇ ਪਰਿਵਾਰ ਵਿੱਚ ਕੋਈ ਗੁਰਸਿੱਖ ਨਹੀਂ ਹੈ।ਮੁੱਖ ਮੰਤਰੀ 'ਤੇ ਸਿੱਧਾ ਹਮਲਾ ਕਰਦਿਆਂ, ਬਾਦਲ ਨੇ ਕਿਹਾ ਕਿ ਮੁੱਖ ਮੰਤਰੀ ਅਤੇ ਉਸ ਦੇ ਪਰਿਵਾਰ ਨੇ ਭ੍ਰਿਸ਼ਟਾਚਾਰ ਦਾ ਅੱਡਾ ਬਣਾ ਲਿਆ ਹੈ।ਉਹ ਪੈਸੇ ਲੈ ਕੇ ਹਰ ਹਨ ਅਤੇ ਬਲਾਤਕਾਰ ਵਰਗੇ ਘਿਨਾਉਣੇ ਮਾਮਲਿਆਂ ਵਿੱਚ ਵੀ ਕਲੀਨ ਚਿੱਟਾਂ ਦੇ ਰਹੇ ਹਨ।ਸਾਡੇ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਮਾਮਲਿਆਂ ਦੇ ਮੁੱਦੇ 'ਤੇ ਵੀ ਸਰਕਾਰ ਨੂੰ ਆੜੇ ਹੱਥੀਂ ਲਿਆ।ਉਨ੍ਹਾਂ ਕਿਹਾ ਕਿ ਪਿਛਲੇ ਲਗਭਗ ਦਸ ਸਾਲਾਂ ਵਿੱਚ ਬੇਅਦਬੀ ਦੇ 600 ਤੋਂ ਵੱਧ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ 'ਆਪ' ਦੇ ਰਾਜ ਦੌਰਾਨ ਹੋਏ ਹਨ।ਸ੍ਰੀ ਬਾਦਲ ਨੇ ਕਿਹਾ ਕਿ ਇੱਕ ਵਾਰ ਸੱਤਾ ਵਿੱਚ ਆਉਣ 'ਤੇ ਬਾਅਦ ਅਗਲੀ ਅਕਾਲੀ ਸਰਕਾਰ ਹਰੀਕੇ ਹੈੱਡਵਰਕਸ ਤੋਂ ਰਾਜਸਥਾਨ ਨੂੰ ਪਾਣੀ ਨਹੀਂ ਜਾਣ ਦੇਵੇਗੀ ਤੇ ਫੈਕਟਰੀਆਂ ਵਿੱਚ 75 ਪ੍ਰਤੀਸ਼ਤ ਪੰਜਾਬੀਆਂ ਨੂੰ ਰਖਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਸ਼ਗਨ ਲਾਭ ਵਧਾ ਕੇ 1 ਲੱਖ ਰੁਪਏ ਅਤੇ ਬੁਢਾਪਾ ਪੈਨਸ਼ਨ 3,100 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇਗੀ।

# ਗੰਨੇ ਦਾ ਵੱਧ ਝਾੜ ਦੇਣ ਵਾਲੀਆਂ ਨਵੀਆਂ ਕਿਸਮਾਂ ਸੰਬੰਧੀ ਕੈਂਪ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਕੇਨ ਕਮਿਸ਼ਨਰ ਪੰਜਾਬ ਦੇ ਦਿਸ਼ਾ ਨਿਰਦੇਸ਼ 'ਤੇ ਮੁੱਖ ਖੇਤੀਬਾੜੀ ਅਫਸਰ ਫਰੀਦਕੋਟ ਦੀ ਰਹਿਨੁਮਾਈ ਅਤੇ ਸਹਾਇਕ ਗੰਨਾ ਵਿਕਾਸ ਅਫਸਰ ਫਰੀਦਕੋਟ ਦੀ ਅਗਵਾਈ ਹੇਠ ਫਰੀਦਕੋਟ ਵਿਖੇ ਆਰ ਕੇ ਵਾਈ ਸਕੀਮ ਅਧੀਨ ਗੰਨੇ ਦੀ ਫ਼ਸਲ ਨੂੰ ਚੰਗੀ ਵਿਧੀ ਰਾਹੀਂ ਬਿਜਾਈ ਕਰਨ ਅਤੇ ਗੰਨੇ ਦੀਆਂ ਵੱਧ ਝਾੜ ਦੇਣ ਵਾਲੀਆਂ ਉੱਨਤ ਨਵੀਆਂ ਕਿਸਮਾਂ ਦੀ ਬਜਾਈ ਦੀ ਜਾਣਕਾਰੀ ਸੰਬੰਧੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ।ਇਸ ਕੈਂਪ ਵਿੱਚ ਡਾਕਟਰ ਨਵਿੰਦਰ ਪਾਲ ਸਿੰਘ ਖੇਤੀਬਾੜੀ ਵਿਕਾਸ ਅਫਸਰ (ਗੰਨਾ) ਵੱਲੋਂ ਮੌਜੂਦ ਕਿਸਾਨਾਂ ਨੂੰ ਗੰਨੇ ਦੀ ਫਸਲ ਨੂੰ ਵੱਧ ਤੋਂ ਵੱਧ ਬਿਜਾਈ ਕਰਨ ਲਈ ਉਤਸ਼ਾਹਿਤ ਕੀਤਾ ਗਿਆ।ਉਹਨਾਂ ਵੱਲੋਂ ਦੱਸਿਆ ਗਿਆ ਕਿ ਗੰਨੇ ਦੀ ਫਸਲ ਵਿੱਚ ਅੰਤਰ ਫਸਲਾਂ ਬੀਜ ਕੇ ਗੰਨੇ ਦੀ ਫਸਲ ਤੋਂ ਵੱਧ ਝਾੜ ਅਤੇ ਮੁਨਾਫ਼ਾ ਕਮਾਇਆ ਜਾ ਸਕਦਾ ਹੈ।ਉਹਨਾਂ ਵੱਲੋਂ ਗੰਨੇ ਨੂੰ ਲੱਗਣ ਵਾਲੀਆਂ ਬਿਮਾਰੀਆਂ ਅਤੇ ਕੀੜੇ ਮਕੌੜਿਆਂ ਤੋਂ ਸੰਭਾਲ ਸੰਬੰਧੀ ਜਾਣਕਾਰੀ ਦਿੱਤੀ ਗਈ।ਇਸ ਕੈਂਪ ਦੌਰਾਨ ਡਾਕਟਰ ਪ੍ਰਦੀਪ ਗੋਇਲ ਖੇਤਰੀ ਖੋਜ ਕੇਂਦਰ ਫਰੀਦਕੋਟ ਵੱਲੋਂ ਕਿਸਾਨਾਂ ਨੂੰ ਗੰਨੇ ਦੀਆਂ ਉਨਤ ਕਿਸਮਾਂ ਦੇ ਬੀਜ ਮੁਹਈਆ ਕਰਾਉਣ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਕਿਹਾ ਗਿਆ ਕਿ ਗੰਨੇ ਦੀ ਫਸਲ ਦੇ ਬੀਜ ਨੂੰ ਸੋਧ ਕੇ ਹੀ ਬੀਜਿਆ ਜਾਵੇ ਤਾਂ ਜੋ ਗੰਨੇ ਨੂੰ ਕੋਈ ਬਿਮਾਰੀ ਜਾਂ ਕੀੜਾ ਮਕੌੜਾ ਨਾ ਲੱਗੇ।ਕੈਂਪ ਦੌਰਾਨ ਲਗਭਗ 45 ਕਿਸਾਨਾਂ ਨੇ ਭਾਗ ਲਿਆ।

# ਵਾਹਨ ਖਰੀਦਣ ਜਾਂ ਵੇਚਣ ਦੀ ਪ੍ਰੀਕਿਰਿਆ ਨੂੰ ਹੋਰ ਵਧੇਰੇ ਪਾਰਦਰਸ਼ੀ ਬਣਾਉਣ ਲਈ ਨਵੇਂ ਨਿਯਮ ਲਾਗੂ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਭਾਰਤ ਸਰਕਾਰ ਨੇ ਸੈਂਟਰਲ ਮੋਟਰ ਵਹੀਕਲ ਨਿਯਮ, 1989 ਦੇ ਰੂਲ 55-ਏ ਤੋਂ ਰੂਲ 55-ਐਚ ਅਧੀਨ ਰਜਿਸਟਰਡ ਵਾਹਨਾਂ ਦੇ ਡੀਲਰਾਂ ਵੱਲੋਂ ਵਾਹਨ ਖਰੀਦਣ ਜਾਂ ਵੇਚਣ ਦੀ ਪ੍ਰੀਕਿਰਿਆ ਨੂੰ ਹੋਰ ਵਧੇਰੇ ਪਾਰਦਰਸ਼ੀ ਕੀਤਾ ਗਿਆ ਹੈ।ਇਹ ਜਾਣਕਾਰੀ ਰੀਜਨਲ ਟਰਾਂਸਪੋਰਟ ਅਫ਼ਸਰ ਸ੍ਰੀ ਨਮਨ ਮੜਕਨ ਨੇ ਦਿੱਤੀ। ਸ੍ਰੀ ਮੜਕਨ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਮੂਹ ਵਾਹਨ ਮਾਲਕਾਂ, ਖਰੀਦਦਾਰਾਂ ਤੇ ਅਧਿਕਾਰਤ ਡੀਲਰਾਂ ਨੂੰ ਅਪੀਲ ਕੀਤੀ ਕਿ ਉਹ ਕੇਂਦਰੀ ਮੋਟਰ ਵਾਹਨ ਨਿਯਮਾਂ ਅਤੇ ਜਾਰੀ ਐਸ.ਓ.ਪੀ. ਦੀ ਪੂਰੀ ਪਾਲਣਾ ਨੂੰ ਯਕੀਨੀ ਬਣਾਉਣ।

ਉਨ੍ਹਾਂ ਕਿਹਾ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਮੋਟਰ ਵਾਹਨ ਐਕਟ ਅਨੁਸਾਰ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਮੋਟਰ ਵਹੀਕਲ ਨਿਯਮ, 1989 ਦੇ ਰੂਲ 55-ਏ ਤੋਂ ਰੂਲ 55-ਐਚ ਅਨੁਸਾਰ ਕੋਈ ਵੀ ਵਿਅਕਤੀ ਬਿਨਾਂ ਅਧਿਕਾਰਿਤ ਸਰਟੀਫਿਕੇਟ ਦੇ ਰਜਿਸਟਰਡ ਵਾਹਨਾਂ ਦਾ ਡੀਲਰ ਨਹੀਂ ਬਣ ਸਕਦਾ। ਡੀਲਰਾਂ ਨੂੰ ਨਿਰਧਾਰਤ ਪੋਰਟਲ ਰਾਹੀਂ ਅਰਜ਼ੀ ਦੇਣੀ ਹੋਵੇਗੀ ਤੇ ਮਨਜ਼ੂਰੀ ਮਿਲਣ ਉਪਰੰਤ ਅਧਿਕਾਰਤ ਸਰਟੀਫਿਕੇਟ ਜਾਰੀ ਕੀਤਾ ਜਾਵੇਗਾ।

# ਸ਼ਹੀਦ ਊਧਮ ਸਿੰਘ ਸਪੋਰਟਸ ਸਟੇਡੀਅਮ ਵਿਖੇ ਸਜੇਗਾ ਖੇਡਾਂ ਦਾ ਪਿੜ



**ਸਨੌਰ (ਰਾਜਿੰਦਰ ਸਿੰਘ ਥਿੰਦ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਖੇਡ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਵੱਲੋਂ ਕਰਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ 2026' ਤਹਿਤ ਬਲਾਕ ਸਨੌਰ ਪੱਧਰੀ ਖੇਡ ਮੁਕਾਬਲਿਆਂ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਇਸ ਸੰਬੰਧੀ ਨਗਰ ਕੌਂਸਲ ਦੇ ਕੌਂਸਲਰ ਸਾਹਿਬਾਨ, ਪ੍ਰਬੰਧਕਾਂ ਅਤੇ ਆਗੂਆਂ ਵੱਲੋਂ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਇਨ੍ਹਾਂ ਬਲਾਕ ਪੱਧਰੀ ਖੇਡਾਂ ਵਿੱਚ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਣ ਅਤੇ ਰਸਮੀ ਉਦਘਾਟਨ ਕਰਨ ਲਈ ਵਿਸ਼ੇਸ਼ ਸੱਦਾ ਪੱਤਰ ਸੌਂਪਿਆ ਗਿਆ।

ਕੌਂਸਲਰਾਂ ਤੇ ਪ੍ਰਬੰਧਕਾਂ ਨੇ ਦੱਸਿਆ ਕਿ ਬਲਾਕ ਸਨੌਰ ਦੇ ਖੇਡ ਮੁਕਾਬਲੇ 10 ਤੋਂ 12 ਸਤੰਬਰ ਤੱਕ ਸ਼ਹੀਦ ਊਧਮ ਸਿੰਘ ਸਪੋਰਟਸ ਸਟੇਡੀਅਮ ਨੇੜੇ ਦਾਨਾ ਮੰਡੀ ਵਿਖੇ ਕਰਾਏ ਜਾ ਰਹੇ ਹਨ।ਇਨ੍ਹਾਂ ਮੁਕਾਬਲਿਆਂ ਵਿੱਚ ਅਥਲੈਟਿਕਸ ਤੇ ਵਾਲੀਬਾਲ ਵਿੱਚ ਉਮਰ ਵਰਗ 14 ਤੋਂ 70 ਸਾਲ ਅਤੇ ਫੁੱਟਬਾਲ, ਖੋ-ਖੋ ਤੇ ਕਬੱਡੀ ਵਿੱਚ ਉਮਰ ਵਰਗ 14 ਤੋਂ 40 ਸਾਲ ਦੇ ਰੌਚਕ ਮੈਚ ਕਰਾਏ ਜਾਣਗੇ, ਜਿਸ ਵਿੱਚ ਹਲਕੇ ਦੇ ਸੈਂਕੜੇ ਖਿਡਾਰੀ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੇ।ਸੱਦਾ ਪੱਤਰ ਸਵੀਕਾਰ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਸਮੂਹ ਪ੍ਰਬੰਧਕਾਂ ਅਤੇ ਖੇਡ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸੋਚ ਸਦਕਾ 'ਖੇਡਾਂ ਵਤਨ ਪੰਜਾਬ ਦੀਆਂ' ਨੇ ਸੂਬੇ ਵਿੱਚ ਨਵੇਂ ਖੇਡ ਸੱਭਿਆਚਾਰ ਨੂੰ ਜਨਮ ਦਿੱਤਾ ਹੈ, ਜਿਸ ਨਾਲ ਨੌਜਵਾਨ ਨਸ਼ਿਆਂ ਦਾ ਰਾਹ ਛੱਡ ਕੇ ਮੈਦਾਨਾਂ ਨਾਲ ਜੁੜ ਰਹੇ ਹਨ।

# 12 ਨੂੰ ਸਪੈਸ਼ਲ ਕੇਡਰ ਅਧਿਆਪਕਾਂ ਵੱਲੋਂ ਮੁੱਖ ਮੰਤਰੀ ਦੇ ਘਿਰਾਓ ਦਾ ਐਲਾਨ

**ਧੂਰੀ (ਮੋਹਿਤ ਗਰਗ)**-ਸਪੈਸ਼ਲ ਕੈਡਰ ਅਧਿਆਪਕ ਫਰੰਟ ਅਤੇ ਆਈ.ਈ.ਏ.ਟੀ. ਦੇ ਸੂਬਾ ਪ੍ਰਧਾਨ ਗੁਰਲਾਲ ਸਿੰਘ ਤੂਰ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ 12,700 ਕੱਚੇ ਅਧਿਆਪਕਾਂ ਨੂੰ ਪੱਕੇ ਕਰਨ ਦੇ ਵੱਡੇ-ਵੱਡੇ ਦਾਅਵੇ ਅਤੇ ਫਲੈਕਸ ਬੋਰਡ ਲਗਾ ਕੇ ਸਿਰਫ਼ ਲੋਕ ਦਿਖਾਵਾ ਕੀਤਾ ਗਿਆ ਹੈ, ਜਦ ਕਿ ਅਸਲ ਵਿੱਚ ਇਹ ਅਧਿਆਪਕ ਅੱਜ ਵੀ ਅਸੁਰੱਖਿਅਤ ਹਨ।ਆਗੂਆਂ ਅਨੁਸਾਰ ਅਧਿਆਪਕਾਂ ਨੂੰ ਮਾਤਰ ਉੱਕਾ-ਪੁੱਕਾ ਤਨਖਾਹ ਵਾਧਾ ਦੇ ਕੇ ਕੇਵਲ ਕਾਗਜ਼ਾਂ ਵਿੱਚ ਹੀ ਪੱਕਾ ਦਰਸਾਇਆ ਗਿਆ ਹੈ। ਉਨ੍ਹਾਂ ਉੱਤੇ ਨਾ ਤਾਂ ਕੋਈ ਨਿਯਮਿਤ ਪੇ-ਸਕੇਲ, ਨਾ ਕੋਈ ਸੇਵਾ ਨਿਯਮ, ਨਾ ਮੈਡੀਕਲ ਭੱਤਾ ਅਤੇ ਨਾ ਹੀ ਹੋਰ ਸਰਕਾਰੀ ਲਾਭ ਲਾਗੂ ਕੀਤੇ ਗਏ ਹਨ। ਅਧਿਆਪਕਾਂ ਨੇ ਮੰਗ ਕੀਤੀ ਹੈ ਕਿ ਉਨ੍ਹਾਂ ਨੂੰ ਵੀ ਇੱਕ ਨਿਯਮਿਤ ਸਰਕਾਰੀ ਕਰਮਚਾਰੀ ਵਾਂਗ ਸਾਰੇ ਹੱਕ ਤੇ ਭੱਤੇ ਦਿੱਤੇ ਜਾਣ।ਲਗਾਤਾਰ ਹੁੰਦੀ ਅਣਦੇਖੀ ਦੇ ਰੋਸ ਵਜੋਂ ਅਧਿਆਪਕਾਂ ਨੇ ਐਲਾਨ ਕੀਤਾ ਹੈ ਕਿ 12 ਸਤੰਬਰ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਸੰਗਰੂਰ ਰਿਹਾਇਸ਼ ਵੱਲ ਤਿੱਖਾ ਰੋਸ ਮਾਰਚ ਕੀਤਾ ਜਾਵੇਗਾ, ਕੋਠੀ ਦਾ ਘਿਰਾਓ ਕੀਤਾ ਜਾਵੇਗਾ ਅਤੇ ਗੁਪਤ ਐਕਸ਼ਨ ਵੀ ਉਲੀਕਿਆ ਜਾਵੇਗਾ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ, ਅਵਤਾਰ ਸਿੰਘ, ਮਨਜੀਤ ਸਿੰਘ, ਗੁਰਦੀਪ ਕੌਰ, ਬਬੀਤਾ ਰਾਣੀ, ਗੀਟਾ ਰਾਣੀ, ਪਰਮਜੀਤ ਕੌਰ, ਕਿਰਨਪਾਲ ਕੌਰ ਅਤੇ ਗੁਰਪ੍ਰੀਤ ਸਿੰਘ ਚੀਮਾ ਆਦਿ ਆਗੂ ਵੀ ਮੌਜੂਦ ਸਨ।

# ਗੁਲਜ਼ਾਰ ਤੂਰਬੰਜ਼ਾਰਾ ਦੀ ਮੌਤ ਲਈ ਹਰ ਜ਼ਿੰਮੇਵਾਰ ਵਿਅਕਤੀ ਨੂੰ ਸਖਤ ਸਜ਼ਾ ਮਿਲੇ : ਸੀਟੂ ਆਗੂ

## ਹਰਪਾਲ ਚੀਮਾ ਅਸਤੀਫ਼ਾ ਦੇਵੇ



**ਸੰਗਰੂਰ (ਪ੍ਰਵੀਨ ਸਿੰਘ)**

ਅਜੇ ਤਾਂ ਸ਼ੇਰੋਂ ਪਿੰਡ 'ਚ ਮੋਹਨਜੀਤ ਨਾਲ ਵਾਪਰੀ ਘਟਨਾ ਠੰਢੀ ਨਹੀਂ ਹੋਈ ਸੀ ਕਿ ਪਿੰਡ ਤੂਰਬੰਜਾਰਾ ਵਿਖੇ ਇੱਕ ਮਜ਼ਦੂਰ ਵਿਆਕਤੀ ਗੁਲਜ਼ਾਰ ਸਿੰਘ ਵਲੋਂ ਕਥਿਤ ਤੌਰ 'ਤੇ ਸੱਤਾਧਾਰੀਆਂ ਦੀ ਜਲਾਲਤ ਤੋਂ ਤੰਗ ਆ ਕੇ ਕੋਈ ਜਹਿਰੀਲੀ ਚੀਜ ਨਿਗਲ ਕੇ ਖੁਦਕੁਸ਼ੀ ਕੀਤੇ ਜਾਣ ਦੀ ਘਟਨਾ ਸਾਹਮਣੇ ਆਈ ਹੈ।ਇੱਕ ਮਜ਼ਦੂਰ ਵੱਲੋਂ ਇਸ ਤਰ੍ਹਾਂ ਕੀਤੀ ਖੁਦਕੁਸ਼ੀ ਦਾ ਸੀਟੂ ਦੀ ਜ਼ਿਲ੍ਹਾ ਕਮੇਟੀ ਵਲੋਂ ਸਖਤ ਨੋਟਿਸ ਲਿਆ ਗਿਆ ਹੈ।ਸੀਟੂ ਦੇ ਜ਼ਿਲ੍ਹਾ ਸਕੱਤਰ ਇੰਦਰਪਾਲ ਪੁੰਨਵਾਲ, ਕਾਮਰੇਡ ਰਾਮ ਸਿੰਘ ਸੋਹੀਆਂ, ਕਾਮਰੇਡ ਸਤਵੀਰ ਤੁੰਗਾਂ ਤੇ ਕਾਮਰੇਡ ਕਰਮ ਸਿੰਘ ਉਪਲੀ ਨੇ ਦੱਸਿਆ ਕਿ ਬੀਤੇ ਦਿਨੀਂ ਜਦ ਵਿੱਤ ਮੰਤਰੀ ਹਰਪਾਲ ਚੀਮਾ ਆਪਣੇ ਵਿਧਾਨ ਸਭਾ ਹਲਕੇ ਦੇ ਪਿੰਡ ਤੂਰਬੰਜਾਰਾ ਵਿਖੇ ਕਿਸੇ ਪ੍ਰੋਗਰਾਮ ਲਈ ਪਹੁੰਚੇ ਹੋਏ ਸਨ ਤੇ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰ ਰਹੇ ਸਨ ਤਾਂ ਚੀਮਾਂ ਨੇ ਸਰਕਾਰ ਵਲੋਂ ਨਸ਼ਿਆਂ ਖਿਲਾਫ਼ ਚਲਾਈ ਮੁਹਿੰਮ ਦੀਆਂ ਵੀ ਵੱਡੀਆਂ-ਵੱਡੀਆਂ ਗੱਲਾਂ ਕੀਤੀਆਂ ਤਾਂ ਉਕਤ ਗਰੀਬ ਕਿਰਤੀ ਗੁਲਜ਼ਾਰ ਨੂੰ ਲੱਗਿਆ ਕਿ ਸ਼ਾਇਦ ਹੁਣ ਉਸ ਦੇ ਪੁੱਤਰ ਦਾ ਵੀ ਨਸ਼ੇ ਤੋਂ ਖਹਿੜਾ ਛੁਟ ਜਾਵੇਗਾ, ਉਸ ਨੇ ਉੱਠ ਕੇ ਮੰਤਰੀ ਅੱਗੇ ਆਪਣੀ ਕਹਾਣੀ ਬਿਆਨ ਕੀਤੀ, ਪਰ ਉਸ ਨੂੰ ਨਹੀਂ ਸੀ ਪਤਾ ਕਿ ਇਹ ਗੱਲ ਕਰਨੀ ਤੇ ਨਸ਼ਿਆਂ 'ਤੇ ਕੀਤਾ ਸੁਆਲ ਉਸ ਨੂੰ ਕਿੰਨਾ ਮਹਿੰਗਾ ਪੈਣ ਵਾਲਾ ਹੈ। ਉਸ ਵੱਲੋਂ ਨਸ਼ਿਆਂ ਦੇ ਉਠਾਏ ਸਵਾਲ ਸਰਕਾਰ ਦੇ ਪਿੱਠੂਆਂ ਨੂੰ ਹਾਜਮ ਨਾ ਆਏ ਤੇ ਉਹ ਮੰਤਰੀ ਸਾਹਿਬ ਅੱਗੇ ਆਪਣੀ ਬੇਇਜ਼ਤੀ ਮਹਿਸੂਸ ਕਰਨ ਲੱਗੇ ਤਾਂ ਉਨ੍ਹਾਂ ਨੇ ਉਕਤ ਵਿਆਕਤੀ ਗੁਲਜ਼ਾਰ ਨੂੰ ਡਰਾਉਣਾ-ਧਮਕਾਉਣਾ ਸ਼ੁਰੂ ਕਰ ਦਿੱਤਾ। ਗਰੀਬੀ ਦਾ ਨਪੀੜਿਆ ਗੁਲਜ਼ਾਰ ਉਕਤ ਵਿਅਕਤੀਆਂ ਦੀ ਧੌਂਸ ਤੋਂ ਏਨਾ ਡਰ ਗਿਆ ਕਿ ਉਹ ਖੇਤ ਜਾ ਕੇ ਕੋਈ ਜ਼ਹਿਰੀਲੀ ਦਵਾਈ ਪੀ ਗਿਆ, ਸੰਗਰੂਰ, ਪਟਿਆਲ ਤੇ ਲੁਧਿਆਣਾ ਚ ਇਲਾਜ ਕਰਾਉਣ ਦੇ ਬਾਵਜੂਦ ਉਸ ਨੂੰ ਬਚਾਇਆ ਨਹੀਂ ਜਾ ਸਕਿਆ।ਹੁਣ ਉਸ ਦੇ ਪਰਵਾਰਕ ਮੈਂਬਰ ਰੋ ਰੋ ਕੇ ਉਸ ਨਾਲ ਵਾਪਰੀ ਹੱਡਬੀਤੀ ਬਿਆਨ ਕਰ ਰਹੇ ਹਨ।ਮ੍ਰਿਤਕ ਵਿਅਕਤੀ ਗੁਲਜ਼ਾਰ ਦੀ ਇੱਕ ਵੀਡੀਓ ਵੀ ਸੋਸ਼ਲ ਮੀਡੀਆ ਤੇ ਵਾਇਰਲ ਹੈ, ਜਿਸ ਵਿੱਚ ਉਹ ਮੰਤਰੀ ਸਣੇ ਕੁੱਝ ਵਿਆਕਤੀਆਂ ਦਾ ਨਾਂ ਖੁਦ ਬਿਆਨ ਕਰ ਰਿਹਾ ਹੈ।ਇਹ ਬਹੁਤ ਹੀ ਸ਼ਰਮ ਵਾਲੀ ਗੱਲ ਹੈ ਕਿ ਲੋਕਤੰਤਰ ਵਿਚ ਲੋਕਾਂ ਨੂੰ ਆਪਣੇ ਵਲੋਂ ਚੁਣੀ ਸਰਕਾਰ ਦੇ ਨੁਮਾਇੰਦਿਆ ਤੋਂ ਹੀ ਤਸੱਲੀ ਜਾਂ ਵਿਸ਼ਵਾਸ ਮਿਲਣ ਦੀ ਥਾਂ ਜਦ ਕੁਟਾਪਾ ਜਾਂ ਜ਼ਲਾਲਤ ਮਿਲੇ ਤਾਂ ਬੰਦਾ ਕਿੱਧਰ ਜਾਵੇ? ਇਸ ਲਈ ਗੁਲਜ਼ਾਰ ਸਿੰਘ ਵੱਲੋਂ ਕਥਿਤ ਤੌਰ 'ਤੇ ਜੋ ਕਦਮ ਚੁੱਕਿਆ ਗਿਆ ਇਹ ਸਰਕਾਰ ਦੇ ਮੰਤਰੀ, ਸਰਕਾਰ ਦੇ ਕੁੱਝ ਪਿੱਠੂਆਂ ਤੇ ਪੁਲਸ ਤੰਤਰ ਦੀ ਜ਼ਲੀਲਤਾ ਤੋਂ ਤੰਗ ਆ ਕੇ ਚੁੱਕਿਆ ਗਿਆ।

# ਚੇਅਰਮੈਨ ਬਰਸਟ ਵੱਲੋਂ 3 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਪੇਂਡੂ ਖੇਤਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਪਿੰਡਾਂ ਦੇ ਲੋਕਾਂ ਨੂੰ ਸ਼ਹਿਰਾਂ ਵਰਗੀਆਂ ਆਧੁਨਿਕ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਕਾਰਜ ਕਰ ਰਹੀ ਹੈ। ਇਸੇ ਕੜੀ ਤਹਿਤ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਵਿਖੇ ਕਰੀਬ 3 ਕਰੋੜ ਰੁਪਏ ਦੀ ਲਾਗਤ ਵਾਲੇ ਅਹਿਮ ਵਿਕਾਸ ਕਾਰਜਾਂ ਦਾ ਰਿਬਨ ਕੱਟ ਕੇ ਰਸਮੀ ਤੌਰ 'ਤੇ ਉਦਘਾਟਨ ਕੀਤਾ ਗਿਆ। ਇਨ੍ਹਾਂ ਪ੍ਰੋਜੈਕਟਾਂ ਦੇ ਸ਼ੁਰੂ ਹੋਣ ਨਾਲ ਸਮੁੱਚੇ ਇਲਾਕਾ ਵਾਸੀਆਂ ਅਤੇ ਆਲੇ-ਦੁਆਲੇ ਦੇ ਪਿੰਡਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਮਾਨ ਸਰਕਾਰ ਪੰਜਾਬ ਦੇ ਪਿੰਡਾਂ ਦੀ ਨੁਹਾਰ ਬਦਲਣ ਲਈ ਬਚਨਬੱਧ ਹੈ।ਇਸੇ ਤਹਿਤ ਅੱਜ 4 ਕਿਲੋਮੀਟਰ ਲੰਬੀ ਲਿੰਕ ਸੜਕ ਅਤੇ 1 ਕਿਲੋਮੀਟਰ ਲੰਬੀ ਪਿੰਡ ਦੀ ਫਿਰਨੀ ਦੇ ਨਿਰਮਾਣ ਦੇ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ ਹੈ।ਇਨ੍ਹਾਂ ਕਾਰਜਾਂ ਦੇ ਮੁਕੰਮਲ ਹੋਣ ਨਾਲ ਇਲਾਕੇ ਦੇ ਕਿਸਾਨਾਂ, ਵਪਾਰੀਆਂ, ਵਿਦਿਆਰਥੀਆਂ ਅਤੇ ਆਮ ਰਾਹਗੀਰਾਂ ਨੂੰ ਰੋਜ਼ਾਨਾ ਆਵਾਜਾਈ ਵਿੱਚ ਬਹੁਤ ਵੱਡੀ ਸੁਵਿਧਾ ਮਿਲੇਗੀ।

ਬਰਸਟ ਨੇ ਦੱਸਿਆ ਕਿ ਪਿੰਡ ਰੰਧਾਵਾ ਗੁਰਦੁਆਰਾ ਸਾਹਿਬ ਦੇ ਨਜ਼ਦੀਕ ਮਵੀ ਸੱਪਾਂ ਤੋਂ ਰਾਮਨਗਰ ਜਾਣ ਵਾਲੀ 4 ਕਿਲੋਮੀਟਰ ਲੰਬੀ ਅਹਿਮ ਲਿੰਕ ਸੜਕ ਦੀ ਮੁਰੰਮਤ ਦੇ ਕਾਰਜ ਦਾ ਉਦਘਾਟਨ ਕੀਤਾ ਗਿਆ ਹੈ।ਇਸ ਸੜਕੀ ਪ੍ਰੋਜੈਕਟ ਉੱਤੇ ਕਰੀਬ 2.72 ਕਰੋੜ ਰੁਪਏ ਖਰਚ ਆਵੇਗਾ।ਇਸੇ ਤਰ੍ਹਾਂ ਪਿੰਡ ਖੇੜੀ ਭੀਮਾ ਦੀ ਫਿਰਨੀ ਬਣਾਉਣ ਦੇ ਕਾਰਜਾਂ ਦੀ ਵੀ ਰਸਮੀ ਸ਼ੁਰੂਆਤ ਕਰਵਾਈ ਗਈ।

ਉਨ੍ਹਾਂ ਦੱਸਿਆ ਕਿ ਪਿੰਡ ਦੀ ਇਸ ਕਰੀਬ ਇੱਕ ਕਿਲੋਮੀਟਰ ਲੰਬੀ ਫਿਰਨੀ ਉੱਤੇ ਇੰਟਰਲਾਕਿੰਗ ਟਾਇਲਾਂ ਲਗਾਈਆਂ ਜਾਣਗੀਆਂ, ਜਿਸ 'ਤੇ ਲਗਭਗ 32.70 ਲੱਖ ਰੁਪਏ ਦੀ ਲਾਗਤ ਆਵੇਗੀ। ਇਸ ਮੌਕੇ ਵੀਰ ਦਵਿੰਦਰ ਸਿੰਘ ਸਰਪੰਚ ਖੇੜੀ ਭੀਮਾ, ਜਸਪਾਲ ਸਿੰਘ ਬੀਬੀਪੁਰ ਮੈਂਬਰ ਮੰਡੀ ਬੋਰਡ, ਕੁਲਜੀਤ ਸਿੰਘ ਸਰਪੰਚ ਰੰਧਾਵਾ, ਰਾਮ ਸਿੰਘ ਸਰਪੰਚ ਫਤਿਹਪੁਰ, ਅਮਰੀਕ ਸਿੰਘ ਸਰਪੰਚ ਅਚਰਾਲ, ਸੁਰਜੀਤ ਸਿੰਘ ਸਰਪੰਚ ਗਾਜੀਪੁਰ, ਮਹਿਲ ਸਿੰਘ ਸਰਪੰਚ ਨਸੂਪੁਰ, ਗਿੰਨੀ ਖੰਗੂੜਾ ਹਲਕਾ ਵਾਈਸ ਕੁਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਜੱਸੀ ਫਤਿਹਪੁਰ ਬਲਾਕ ਪ੍ਰਧਾਨ, ਸ਼ਾਮ ਲਾਲ ਦੱਤ ਮੈਂਬਰ ਮੰਡੀ ਬੋਰਡ, ਹਰਭਜਨ ਸਿੰਘ ਪੰਚ, ਹਰਦਿਆਲ ਸਿੰਘ ਪੰਚ, ਕੁਲਵਿੰਦਰ ਸਿੰਘ ਪੰਚ, ਗੁਰਜੰਟ ਸਿੰਘ ਪੰਚ, ਪ੍ਰੀਤਇੰਦਰ ਸਿੰਘ ਰੰਧਾਵਾ ਸਾਬਕਾ ਸਰਪੰਚ, ਉੱਤਮਦੀਪ ਸਿੰਘ ਭਿੰਡਰ ਪੰਚ, ਪਾਲਾ ਸਿੰਘ ਰਾਠੀ ਪੰਚ, ਜਰਨੈਲ ਸਿੰਘ ਭਿੰਡਰ ਸਾਬਕਾ ਪੰਚ, ਗੁਰਪਿਆਰ ਸਿੰਘ ਰਾਮਨਗਰ, ਡਾ. ਹਰਮੇਸ਼, ਸੁਖਦੇਵ ਸਿੰਘ, ਪਵਿੱਤਰ ਸਿੰਘ, ਕੁਲਵੀਰ ਸਿੰਘ, ਚਮਕੌਰ ਸਿੰਘ, ਰਵਿੰਦਰ ਸਿੰਘ, ਗੁਰਪ੍ਰੀਤ ਸਿੰਘ ਫਤਿਹਮਾਜਰੀ, ਸਤਗੁਰ ਸਿੰਘ ਫਤਿਹਮਾਜਰੀ, ਲਖਵਿੰਦਰ ਸਿੰਘ ਸਿੱਧੂ, ਆਸੂ ਸਿੰਘ ਫਤਿਹ, ਗੁਰਤੇਜ਼ ਸਿੰਘ ਢਿੱਲੋਂ, ਕੁਲਵਿੰਦਰ ਸਿੰਘ ਚੱਠਾ, ਦਰਸ਼ਨ ਸਿੰਘ ਢਿੱਲੋਂ, ਗੁਰਨੈਬ ਸਿੰਘ ਢਿੱਲੋਂ, ਨੈਬ ਸਿੰਘ ਗਾਜੀਪੁਰ, ਬਲਿਹਾਰ ਸਿੰਘ ਵਿਰਕ, ਭੁਪਿੰਦਰ ਸਿੰਘ ਘੁੰਮਣ, ਮਲਕੀਤ ਸਿੰਘ ਭਿੰਡਰ, ਗੁਰਲਾਲ ਸਿੰਘ, ਗੁਰਵਿੰਦਰ ਗੋਪੀ, ਤੇਜਿੰਦਰ ਸਿੰਘ, ਹਰਪਾਲ ਸਿੰਘ, ਰਵਿੰਦਰ ਸਿੰਘ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

# ਨਵੀਂ ਬਣੀ ਗਲੀ 'ਚ ਘਟੀਆ ਮਟੀਰੀਅਲ ਵਰਤਣ ਕਰਕੇ ਇੱਕ ਹਫ਼ਤੇ 'ਚ ਸਾਰੀਆਂ ਹੌਦੀਆਂ ਟੁੱਟੀਆਂ



**ਜ਼ੀਰਾ (ਨਰਿੰਦਰ ਅਨੇਜਾ)**

ਮੁੱਖ ਮੰਤਰੀ ਭਗਵੰਤ ਮਾਨ ਸਮੇਂ-ਸਮੇਂ ਸਿਰ ਸਖ਼ਤ ਹਦਾਇਤਾਂ ਦਿੱਤੀਆਂ ਜਾ ਰਹੀਆਂ ਹਨ, ਕੋਈ ਵੀ ਠੇਕੇਦਾਰ ਅਗਰ ਗਲੀਆਂ 'ਤੇ ਮਾੜਾ ਮਟੀਰੀਅਲ ਵਰਤੇਗਾ ਤਾਂ ਨਗਰ ਕੌਂਸਲ ਸੀਨੀਅਰ ਅਧਿਕਾਰੀ ਦੀ ਜ਼ਿੰਮੇਵਾਰੀ ਹੋਵੇਗੀ, ਪਰ ਮੁੱਖ ਮੰਤਰੀ ਦੇ ਹੁਕਮਾਂ ਨੂੰ ਟਿੱਚ ਜਾਣਦੇ ਹੋਏ ਈਓ ਆਪਣੀ ਮਰਜ਼ੀ ਦੇ ਠੇਕੇਦਾਰ ਨੂੰ ਠੇਕਾ ਦੇ ਕੇ ਵੱਡੇ ਪੱਧਰ ਮਾੜਾ ਮਟੀਰੀਅਲ ਵਰਤਣ ਦਾ ਸਮਾਚਾਰ ਮਿਲਿਆ ਹੈ। ਚੇਰੀ ਨਾਂਅ ਦੇ ਲੜਕੇ ਨੇ ਠੇਕੇਦਾਰ 'ਤੇ ਦੋਸ਼ ਲਾਉਂਦੇ ਕਿਹਾ ਕਿ ਨਵੀਂ ਗਲੀ ਬਣਨ ਵਿੱਚ ਬਹੁਤ ਹੀ ਘਟੀਆ ਮਟੀਰੀਅਰ ਦਾ ਇਸਤੇਮਾਲ ਕੀਤਾ ਗਿਆ ਹੈ, ਵੀ ਗਲੀ ਲੇਬਲ ਨਾਲ ਨਹੀਂ ਬਣਾਈ ਗਈ, ਜਿਸ ਨਾਲ ਪਾਣੀ ਖੜਨ 'ਤੇ ਜਲਦੀ ਹੀ ਗਲੀ ਟੁੱਟ ਜਾਵੇਗੀ। ਮੁੱਹਲਾ ਨਿਵਾਸੀਆਂ ਨੇ ਕਿਹਾ ਇਸ ਦੀ ਉੱਚ ਪੱਤਰੀ ਜਾਂਚ ਹੋਣੀ ਚਾਹੀਦੀ ਹੈ। ਗਲੀ ਨੂੰ ਪੱਟ ਕੇ ਵੇਖਣਾ ਚਾਹੀਦਾ ਹੈ। ਪੂਰਾ ਗੁਟਖਾ ਤੇ ਸੀਮੈਂਟ ਦੀ ਪੂਰੀ ਵਰਤੋਂ ਕੀਤੀ ਗਈ ਹੈ ਕਿ ਨਹੀਂ ਜੋ ਵੀ ਗਲੀ ਬਣਾਉਣ ਵੇਲੇ ਸਰਕਾਰ ਵੱਲੋਂ ਠੇਕੇਦਾਰ ਨੂੰ ਗਲੀਆਂ ਦਾ ਠੇਕਾ ਦੇਣ ਸਮੇਂ ਹਦਾਇਤਾਂ ਦਿੱਤੀਆਂ ਜਾਂਦੀਆਂ ਹਨ ਤੇ ਜੋ ਵੀ ਮਾਪਦੰਡ ਹੁੰਦੇ ਹਨ, ਉਹ ਠੇਕੇਦਾਰ ਨੇ ਪੂਰੇ ਕੀਤੇ ਹਨ, ਅਗਰ ਨਹੀਂ ਕੀਤੇ ਤਾਂ ਗਲੀ ਨੂੰ ਚੈੱਕ ਕਰਕੇ ਦੁਬਾਰਾ ਬਣਾਇਆ ਜਾਵੇ ਤੇ ਸਾਰੀਆਂ ਹੀ ਹੌਦੀਆਂ ਦੁਬਾਰਾ ਤੋਂ ਨਵੀਆਂ ਬਣਾਈਆਂ ਜਾਣ ਅਤੇ ਉਦੋਂ ਤੱਕ ਠੇਕੇਦਾਰ ਦੀ ਪੇਮੈਂਟ ਨਾ ਕੀਤੀ ਜਾਵੇ। ਜਦੋਂ ਈਓ ਦਾ ਪੱਖ ਜਾਣਨਾ ਚਾਹਿਆ ਤਾਂ ਉਹ ਕੋਈ ਸੰਤੁਸ਼ਟੀਜਨਕ ਉੱਤਰ ਨਹੀਂ ਦੇ ਸਕੇ ਤੇ ਠੇਕੇਦਾਰ ਨੇ ਵਾਰ-ਵਾਰ ਫੋਨ ਕਰਨ ਦੇ ਬਾਵਜੂਦ ਉਸ ਨੇ ਫੋਨ ਚੁੱਕਣਾ ਵੀ ਮੁਨਾਸਿਬ ਨਹੀਂ ਸਮਝਿਆ।

# ਹੈਰੀਟੇਜ ਪਬਲਿਕ ਸਕੂਲ ਦੇ ਖਿਡਾਰੀਆਂ ਨੇ ਜ਼ੋਨ ਪੱਧਰੀ ਮੁਕਾਬਲਿਆਂ 'ਚ ਗੱਡੇ ਜਿੱਤ ਦੇ ਝੰਡੇ



**ਭਵਾਨੀਗੜ੍ਹ (ਰਾਜ ਖੁਰਮੀ)**-ਰਾਮਪੁਰਾ ਰੋਡ ਸਥਿਤ ਹੈਰੀਟੇਜ ਪਬਲਿਕ ਸਕੂਲ (ਐੱਚ.ਪੀ.ਐੱਸ) ਵੱਲੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਕੀਤੇ ਜਾ ਰਹੇ ਉਪਰਾਲਿਆਂ ਦੇ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ।ਸਕੂਲ ਦੇ ਵਿਦਿਆਰਥੀਆਂ ਨੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ 'ਚ ਵੀ ਆਪਣੀ ਕਾਬਲੀਅਤ ਦਾ ਲੋਹਾ ਮਨਵਾਉਂਦਿਆਂ ਜ਼ੋਨ ਪੱਧਰੀ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।

ਸਕੂਲ ਦੇ ਖਿਡਾਰੀਆਂ ਨੇ ਬਾਸਕਟਬਾਲ, ਬੇਸਬਾਲ, ਨੈੱਟਬਾਲ, ਸਕੇਟਿੰਗ, ਤੈਰਾਕੀ, ਕ੍ਰਿਕਟ, ਵਾਲੀਬਾਲ ਤੇ ਅਥਲੈਟਿਕਸ ਸਮੇਤ ਵੱਖ-ਵੱਖ ਖੇਡਾਂ ਵਿੱਚ ਹਿੱਸਾ ਲੈਂਦਿਆਂ 152 ਸੋਨ ਤਗ਼ਮੇ, 88 ਚਾਂਦੀ ਦੇ ਤਗ਼ਮੇ ਤੇ 14 ਕਾਂਸੇ ਦੇ ਤਗ਼ਮੇ ਆਪਣੇ ਨਾਂਅ ਕੀਤੇ ਹਨ।ਵਿਦਿਆਰਥੀਆਂ ਦੀ ਇਹ ਸ਼ਾਨਦਾਰ ਪ੍ਰਾਪਤੀ ਨਾ ਸਿਰਫ਼ ਸਕੂਲ ਲਈ ਮਾਣ ਵਾਲੀ ਗੱਲ ਹੈ, ਸਗੋਂ ਇਲਾਕੇ ਵਿੱਚ ਵੀ ਸਕੂਲ ਦੀ ਖੇਡਾਂ ਪ੍ਰਤੀ ਮਜ਼ਬੂਤ ਪਛਾਣ ਨੂੰ ਦਰਸਾਉਂਦੀ ਹੈ।

ਸਕੂਲ ਪ੍ਰਬੰਧਕਾਂ ਵੱਲੋਂ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ ਵਿਦਿਆਰਥੀਆਂ ਨੂੰ ਉੱਚ ਯੋਗਤਾ ਪ੍ਰਾਪਤ ਤੇ ਤਜਰਬੇਕਾਰ ਕੋਚਾਂ ਦੀ ਅਗਵਾਈ ਹੇਠ ਸਿਖਲਾਈ ਦਿੱਤੀ ਜਾ ਰਹੀ ਹੈ।ਖਿਡਾਰੀਆਂ ਦੀ ਇਸ ਕਾਮਯਾਬੀ ਪਿੱਛੇ ਕੋਚ ਸਾਹਿਬਾਨ ਇਸ਼ਾਨਦੀਪ ਸ਼ਰਮਾ, ਰੁਖਵਿੰਦਰ ਸਿੰਘ, ਰਿਤਿਕ, ਜੋਬਨਪ੍ਰੀਤ ਸਿੰਘ, ਆਸ਼ੀਸ਼ ਤੇ ਜਸਵਿੰਦਰ ਕੌਰ ਦੀ ਸਖ਼ਤ ਮਿਹਨਤ ਤੇ ਲਗਨ ਦਾ ਵੀ ਅਹਿਮ ਯੋਗਦਾਨ ਰਿਹਾ।ਸਕੂਲ ਦੀ ਪ੍ਰਿੰਸੀਪਲ ਡਾ. ਗੁਰਪ੍ਰੀਤ ਕੌਰ ਨੇ ਜੇਤੂ ਵਿਦਿਆਰਥੀਆਂ ਤੇ ਕੋਚ ਸਾਹਿਬਾਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰੀਰਕ ਵਿਕਾਸ ਦੇ ਨਾਲ-ਨਾਲ ਉਨ੍ਹਾਂ 'ਚ ਅਨੁਸ਼ਾਸਨ, ਟੀਮ ਭਾਵਨਾ, ਆਤਮ-ਵਿਸ਼ਵਾਸ ਅਤੇ ਜਿੱਤ ਦਾ ਜਜ਼ਬਾ ਪੈਦਾ ਕਰਦੀਆਂ ਹਨ।ਉਨ੍ਹਾਂ ਨੇ ਖਿਡਾਰੀਆਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਵੀ ਹੋਰ ਵੱਡੀਆਂ ਪ੍ਰਾਪਤੀਆਂ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਪ੍ਰਿੰਸੀਪਲ ਡਾ. ਗੁਰਪ੍ਰੀਤ ਕੌਰ ਨੇ ਸਕੂਲ ਪ੍ਰਬੰਧਕ ਸ੍ਰੀ ਅਨਿਲ ਮਿੱਤਲ ਅਤੇ ਸ੍ਰੀਮਤੀ ਆਸ਼ਿਮਾ ਮਿੱਤਲ ਦੀ ਉਸਾਰੂ ਸੋਚ ਦੀ ਵੀ ਵਿਸ਼ੇਸ਼ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਪ੍ਰਬੰਧਕਾਂ ਵੱਲੋਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਲਈ ਸਕੂਲ ਪੱਧਰ 'ਤੇ ਲੋੜੀਂਦੀਆਂ ਸਹੂਲਤਾਂ ਅਤੇ ਮੌਕੇ ਮੁਹੱਈਆ ਕਰਾਏ ਜਾ ਰਹੇ ਹਨ, ਜਿਸ ਸਦਕਾ ਵਿਦਿਆਰਥੀ ਲਗਾਤਾਰ ਨਵੀਆਂ ਮੱਲਾਂ ਮਾਰ ਰਹੇ ਹਨ।

## 'ਨਿੱਕੇ ਕਦਮ' ਪ੍ਰੋਜੈਕਟ ਤਹਿਤ ਆਂਗਣਵਾੜੀ ਵਰਕਰਾਂ ਨੂੰ ਦਿੱਤੀ ਵਿਸ਼ੇਸ਼ ਸਿਖਲਾਈ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੀਆਂ ਹਦਾਇਤਾਂ 'ਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀਮਤੀ ਰਤਨਦੀਪ ਸੰਧੂ ਦੀ ਅਗਵਾਈ ਹੇਠ ਫ਼ਰੀਦਕੋਟ ਦੀਆਂ 545 ਆਂਗਣਵਾੜੀ ਵਰਕਰਾਂ ਲਈ 'ਨਿੱਕੇ ਕਦਮ' ਪ੍ਰੋਜੈਕਟ ਦੇ ਦੂਜੇ ਪੜਾਅ ਦੀ ਸਿਖਲਾਈ ਸਫਲਤਾਪੂਰਵਕ ਨੇਪਰੇ ਚੜ੍ਹੀ।ਪ੍ਰਥਮ ਟੀਮ ਵੱਲੋਂ ਕਰਵਾਈ ਇਸ ਸਿਖਲਾਈ ਵਿੱਚ 'ਰਾਕੇਟ ਲਰਨਿੰਗ' ਸੰਸਥਾ ਨੇ ਡਿਜੀਟਲ ਸਮੱਗਰੀ ਰਾਹੀਂ ਤਕਨੀਕੀ ਸਹਿਯੋਗ ਦਿੱਤਾ।ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਰਤਨਦੀਪ ਸੰਧੂ ਨੇ ਦੱਸਿਆ ਕਿ ਵਰਕਰਾਂ ਨੂੰ ਬੱਚਿਆਂ ਦੇ ਸਰਵਪੱਖੀ ਵਿਕਾਸ, ਨਵਚੇਤਨਾ ਗਤੀਵਿਧੀਆਂ, ਘਰ-ਘਰ ਦੌਰੇ, ਮਾਂ ਦੇ ਦੁੱਧ, ਪੂਰਕ ਆਹਾਰ, ਪੋਸ਼ਣ ਟਰੈਕਰ, ਗ੍ਰੋਥ ਮੋਨੀਟਰਿੰਗ ਤੇ ਈ.ਸੀ.ਸੀ.ਈ. ਵਰਗੇ ਅਹਿਮ ਵਿਸ਼ਿਆਂ ਬਾਰੇ ਵਿਗਿਆਨਕ ਤੇ ਵਿਹਾਰਕ ਜਾਣਕਾਰੀ ਦਿੱਤੀ ਗਈ।ਇਸ ਤੋਂ ਇਲਾਵਾ ਦਿਵਿਆਂਗਤਾ ਤੇ ਵਿਕਾਸ ਵਿੱਚ ਦੇਰੀ ਵਾਲੇ ਬੱਚਿਆਂ ਲਈ ਸਮੇਂ ਸਿਰ ਰੈਫਰਲ ਸੇਵਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ।

## ਪੀ ਡਬਲਯੂ ਡੀ ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਦੀ ਮੀਟਿੰਗ ਸੰਪੰਨ



**ਜਲਾਲਾਬਾਦ (ਜੀਤ ਕੁਮਾਰ)**-ਪੀ.ਡਬਲਯੂ.ਡੀ. ਫੀਲਡ ਅਤੇ ਵਰਕਸ਼ਾਪ ਵਰਕਰਜ਼ ਯੂਨੀਅਨ ਬ੍ਰਾਂਚ ਦੀ ਮੀਟਿੰਗ ਸ਼ਹੀਦ ਊਧਮ ਸਿੰਘ ਪਾਰਕ ਵਿਖੇ ਬ੍ਰਾਂਚ ਪ੍ਰਧਾਨ ਪਰਮਜੀਤ ਸਿੰਘ ਸੋਹਣਾ ਸਾਂਦੜ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਜਥੇਬੰਦੀ ਸੂਬਾ ਜਨਰਲ ਸਕੱਤਰ ਫੁੰਮਣ ਸਿੰਘ ਕਾਠਗੜ੍ਹ ਤੇ ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਭੁੱਲਰ ਉਚੇਚੇ ਤੌਰ 'ਤੇ ਹਾਜ਼ਰ ਹੋਏ। ਇਸਦੇ ਇਲਾਵਾ ਜੰਗਲਾਤ ਵਰਕਰਜ਼ ਯੂਨੀਅਨ ਦੇ ਪ੍ਰਧਾਨ ਕਾਲਾ ਸਿੰਘ ਆਪਣੇ ਸਾਥੀਆਂ ਸਮੇਤ ਮੀਟਿੰਗ ਵਿੱਚ ਭਰਵੀਂ ਸ਼ਮੂਲੀਅਤ ਕੀਤੀ। ਸੂਬਾ ਜਨਰਲ ਸਕੱਤਰ ਫੁੰਮਣ ਸਿੰਘ ਕਾਠਗੜ੍ਹ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਦਾ ਹੱਲ ਕਰਨ ਤੋਂ ਆਨਾਕਾਨਾ ਕੀਤੀ ਜਾ ਰਹੀ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਦੀਆਂ ਮੰਗਾਂ ਜਿਵੇਂ ਕਿ 18 ਪ੍ਰਤੀਸ਼ਤ ਡੀ.ਏ. ਲਾਗੂ ਕੀਤਾ ਜਾਵੇ, ਇਨਲਿਸਟਮੈਂਟ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਸ਼ਾਮਲ ਕਰਕੇ ਪੱਕਾ ਕੀਤਾ ਜਾਵੇ। ਪੁਰਾਣੀ ਪੈਨਸ਼ਨਰ ਸਕੀਮ ਬਹਾਲ ਕੀਤੀ ਜਾਵੇ ਆਦਿ ਮੰਗਾਂ ਦਾ ਹੱਲ ਜਲਦੀ ਕੀਤਾ ਜਾਵੇ। ਜਥੇਬੰਦੀ ਵੱਲੋਂ ਮਨਿਸਟਰੀਜ ਸਟਾਫ਼ ਦੀ ਹੜਤਾਲ ਵਿੱਚ ਹਮਾਇਤ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਮੁਲਾਜ਼ਮ-ਪੈਨਸ਼ਨਰਜ ਸਾਂਝਾ ਸੰਘਰਸ਼ ਮੋਰਚਾ ਵੱਲੋਂ ਕੀਤੇ ਫੈਸਲੇ ਮੁਤਾਬਿਕ 12 ਅਗਸਤ ਨੂੰ ਵਿਧਾਨ ਸਭਾ ਸਪੀਕਰ ਦੇ ਹਲਕੇ ਫਰੀਦਕੋਟ ਵਿਖੇ ਕੀਤੀ ਜਾਣ ਵਾਲੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਸੀਵਰੇਜ ਬੋਰਡ ਦੇ ਮੁੱਖ ਦਫਤਰ ਅੱਗੇ 22-09-2026 ਤੋਂ 23-09-2026 ਨੂੰ ਦੋ ਰੋਜਾ ਭੁੱਖ ਹੜਤਾਲ ਕੀਤੀ ਜਾਵੇ।

## ਅਧਿਆਪਕ ਦਿਵਸ ਮੌਕੇ ਏਸ਼ੀਅਨ ਗਰੁੱਪ ਆਫ ਕਾਲਜਿਜ਼ ਵਿਖੇ ਵਿਸ਼ੇਸ਼ ਸਮਾਗਮ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਏਸ਼ੀਅਨ ਗਰੁੱਪ ਆਫ ਕਾਲਜਿਜ਼ ਵਿਖੇ ਅਧਿਆਪਕ ਦਿਵਸ ਬੜੀ ਸ਼ਰਧਾ, ਉਤਸ਼ਾਹ ਤੇ ਵਿਲੱਖਣ ਢੰਗ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਮੈਨੇਜਮੈਂਟ ਮੈਂਬਰਾਂ ਅਤੇ ਸਮੂਹ ਅਧਿਆਪਕ ਸਾਹਿਬਾਨ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਕੀਤੀ ਗਈ, ਜਿਸ ਉਪਰੰਤ ਸਰਬੱਤ ਦੇ ਭਲੇ, ਕਾਲਜ ਦੀ ਚੜ੍ਹਦੀ ਕਲਾ ਤੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਦੀ ਸੁੱਖ-ਸ਼ਾਂਤੀ ਲਈ ਅਰਦਾਸ ਕੀਤੀ ਗਈ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਸਮਾਗਮ ਨੂੰ ਹੋਰ ਚਕ ਬਣਾਉਣ ਲਈ ਵਿਦਿਆਰਥੀਆਂ ਹਰਜੋਤ ਕੌਰ ਅਤੇ ਚਾਰਵੀਂ ਸਹੋਤਾ ਦੀ ਅਗਵਾਈ ਵਿੱਚ ਅਧਿਆਪਕਾਂ ਦੇ ਸਨਮਾਨ ਵਿੱਚ ਵੱਖ-ਵੱਖ ਮਨੋਰੰਜਕ ਤੇ ਰਚਨਾਤਮਕ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ।ਕਾਲਜ ਦੇ ਚੇਅਰਮੈਨ ਸ੍ਰੀ ਤਰਸੇਮ ਸੈਣੀ, ਪ੍ਰਧਾਨ ਸ਼ਿੰਗਾਰ ਸਿੰਘ ਤੇ ਪ੍ਰਿੰਸੀਪਲ ਡਾ. ਮੀਨੂ ਸਿੰਘ ਸਚਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਜੀ ਦੇ ਜਨਮ ਦਿਵਸ ਨੂੰ ਅਧਿਆਪਕ ਦਿਵਸ ਵਜੋਂ ਮਨਾਉਣਾ ਅਧਿਆਪਕ ਵਰਗ ਪ੍ਰਤੀ ਸਾਡੇ ਸਤਿਕਾਰ ਦਾ ਪ੍ਰਤੀਕ ਹੈ।ਉਨ੍ਹਾਂ ਜ਼ੋਰ ਦਿੱਤਾ ਕਿ ਸਾਨੂੰ ਉਨ੍ਹਾਂ ਦੇ ਆਦਰਸ਼ਾਂ ਤੋਂ ਪ੍ਰੇਰਣਾ ਲੈ ਕੇ ਸਿੱਖਿਆ ਨੂੰ ਸਿਰਫ਼ ਰੁਜ਼ਗਾਰ ਦਾ ਸਾਧਨ ਨਹੀਂ, ਸਗੋਂ ਸਮਾਜ ਅਤੇ ਰਾਸ਼ਟਰ ਨਿਰਮਾਣ ਦਾ ਮਾਧਿਅਮ ਬਣਾਉਣਾ ਚਾਹੀਦਾ ਹੈ।

## ਕਾਲੇ ਝੰਡੇ ਵਿਖਾਉਣਾ ਕੋਈ ਅਪਰਾਧ ਨਹੀਂ : ਰਾਕੇਸ਼ ਬੱਗਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਨੌਰ ਹਲਕੇ ਦੇ ਸਮਾਜ ਸੇਵੀ ਰਾਕੇਸ਼ ਬੱਗਾ ਨੇ ਭਗਵੰਤ ਮਾਨ ਸਰਕਾਰ 'ਤੇ ਲੋਕਤੰਤਰਿਕ ਵਿਰੋਧ ਨੂੰ ਪੁਲਿਸ ਦੇ ਦਬਾਅ ਰਾਹੀਂ ਕੁਚਲਣ ਦਾ ਦੋਸ਼ ਲਗਾਉਂਦਿਆਂ ਕਿਹਾ ਕਿ ਮੁੱਖ ਮੰਤਰੀ ਜਾਂ ਮੰਤਰੀ ਨੂੰ ਕਾਲਾ ਝੰਡਾ ਦਿਖਾਉਣਾ, ਨਾਅਰੇ ਲਗਾਉਣਾ ਅਤੇ ਸਰਕਾਰ ਤੋਂ ਸਵਾਲ ਪੁੱਛਣਾ ਲੋਕਤੰਤਰ ਵਿੱਚ ਕੋਈ ਅਪਰਾਧ ਨਹੀਂ ਹੈ।ਬੱਗਾ ਨੇ ਕਿਹਾ, ਕਾਲਾ ਝੰਡਾ ਜਨਤਾ ਦੇ ਰੋਸ ਦਾ ਪ੍ਰਤੀਕ ਹੈ, ਹਥਿਆਰ ਨਹੀਂ।ਜੇਕਰ ਸਰਕਾਰ ਨੂੰ ਕਾਲੇ ਝੰਡਿਆਂ ਤੋਂ ਡਰ ਲੱਗਦਾ ਹੈ ਤਾਂ ਪੁਲਿਸ ਦੀ ਨਹੀਂ, ਜਵਾਬ ਦੇਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਖ਼ਿਲਾਫ਼ ਸ਼ਾਂਤਮਈ ਵਿਰੋਧ ਕਰਨ ਵਾਲਿਆਂ ਨੂੰ ਪੁਲਿਸ ਦੀ ਮੌਜੂਦਗੀ ਅਤੇ ਦਬਾਅ ਰਾਹੀਂ ਰੋਕਣ ਦੀ ਕੋਸ਼ਿਸ਼ ਲੋਕਤੰਤਰਿਕ ਪ੍ਰਬੰਧ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ।ਉਨ੍ਹਾਂ ਕਿਹਾ ਕਿ ਸੰਗਰੂਰ ਦੇ ਸ਼ੇਰੋਂ ਪਿੰਡ ਵਿੱਚ ਮੁੱਖ ਮੰਤਰੀ ਦੇ ਪ੍ਰੋਗਰਾਮ ਦੌਰਾਨ ਕਾਲਾ ਝੰਡਾ ਦਿਖਾਉਣ ਵਾਲੇ ਵਿਅਕਤੀ ਵੱਲੋਂ ਪੁਲਿਸ ਹਿਰਾਸਤ ਵਿੱਚ ਕਥਿਤ ਕੁੱਟਮਾਰ ਅਤੇ ਤਸ਼ੱਦਦ ਦੇ ਲਗਾਏ ਗਏ ਦੋਸ਼ ਬੇਹੱਦ ਗੰਭੀਰ ਹਨ।

## ਬਾਰ ਐਸੋਸੀਏਸ਼ਨ ਦੀਆਂ ਚੋਣਾਂ 'ਚ ਕੇ ਐੱਸ ਰੰਧਾਵਾ ਟੀਮ ਦੇ 9 ਉਮੀਦਵਾਰ ਬਿਨਾਂ ਮੁਕਾਬਲਾ ਜੇਤੂ



**ਸਮਾਣਾ (ਇਕਬਾਲ ਸਿੰਘ ਬੱਲ)**-ਬਾਰ ਐਸੋਸੀਏਸ਼ਨ ਦੀਆਂ 11 ਸਤੰਬਰ ਨੂੰ ਹੋਣ ਵਾਲੀਆਂ ਚੋਣਾਂ ਵਿੱਚ ਐਡਵੋਕੇਟ ਕਰਮਜੀਤ ਸਿੰਘ ਰੰਧਾਵਾ ਦੀ ਟੀਮ ਨੂੰ ਵੱਡੀ ਸਫਲਤਾ ਮਿਲੀ ਹੈ।ਚੋਣ ਅਧਿਕਾਰੀਆਂ ਐਡਵੋਕੇਟ ਕਸ਼ਮੀਰ ਸਿੰਘ ਵਿਰਕ,ਐਡਵੋਕੇਟ ਕੁਲਵਿੰਦਰ ਸਿੰਘ ਗਲੋਲੀ, ਐਡਵੋਕੇਟ ਕੁਲਵੰਤ ਸਿੰਘ ਢਿੱਲੋਂ, ਐਡਵੋਕੇਟ ਬਲਬੀਰ ਸਿੰਘ ਧਨੋਆ, ਐਡਵੋਕੇਟ ਜਸਪਾਲ ਸਿੰਘ ਸੰਧੂ ਦੀ ਚੋਣ ਕਮੇਟੀ ਵੱਲੋਂ ਜਾਰੀ ਕੀਤੀ ਗਈ ਅਧਿਕਾਰਤ ਸੂਚੀ ਅਨੁਸਾਰ ਐਸੋਸੀਏਸ਼ਨ ਦੇ 9 ਵੱਖ-ਵੱਖ ਅਹੁਦਿਆਂ ਲਈ ਉਨ੍ਹਾਂ ਦੀ ਟੀਮ ਦੇ ਉਮੀਦਵਾਰ ਬਿਨਾਂ ਮੁਕਾਬਲਾ ਜੇਤੂ ਐਲਾਨੇ ਗਏ ਹਨ।ਬਿਨਾਂ ਮੁਕਾਬਲਾ ਜੇਤੂ ਰਹੇ ਉਮੀਦਵਾਰਾਂ ਵਿੱਚ ਵਾਈਸ ਪ੍ਰਧਾਨ ਐਡਵੋਕੇਟ ਰਾਜ ਕੁਮਾਰ ਮੁੰਝਾਹੀ, ਮਹਿਲਾ ਵਾਈਸ ਪ੍ਰਧਾਨ ਐਡਵੋਕੇਟ ਨਿਰਲੇਪ ਕੌਰ, ਜੁਆਇੰਟ ਸਕੱਤਰ ਲਈ ਐਡਵੋਕੇਟ ਅਨੁਰੂਪ ਗਰਗ, ਲਾਇਬ੍ਰੇਰੀਅਨ ਐਡਵੋਕੇਟ ਗੁਰਜੀਤ ਕੌਰ ਬੱਲ ਤੇ ਐਗਜ਼ੈਕਟਿਵ ਮੈਂਬਰਾਂ ਵਜੋਂ ਐਡਵੋਕੇਟ ਸਿਮਰਨਜੀਤ ਸਿੰਘ, ਐਡਵੋਕੇਟ ਸ਼ਬਦ ਕੌਰ, ਐਡਵੋਕੇਟ ਸਿਧਾਰਥ ਗੋਇਲ, ਐਡਵੋਕੇਟ ਰਣਦੀਪ ਸਿੰਘ ਥਿੰਦ ਤੇ ਐਡਵੋਕੇਟ ਰਜਨੀ ਬਾਲਾ ਸ਼ਾਮਲ ਹਨ।ਦੱਸਣਯੋਗ ਹੈ ਕਿ ਬਾਰ ਐਸੋਸੀਏਸ਼ਨ ਦੀਆਂ ਚੋਣਾਂ 11 ਸਤੰਬਰ ਨੂੰ ਸਵੇਰੇ 9:00 ਵਜੇ ਤੋਂ ਸ਼ਾਮ 4:00 ਵਜੇ ਤੱਕ ਬਾਰ ਰੂਮ, ਜੁਡੀਸ਼ੀਅਲ ਕੋਰਟ ਕੰਪਲੈਕਸ, ਸਮਾਣਾ ਵਿਖੇ ਇਲੈਕਸ਼ਨ ਕਮੇਟੀ ਦੀ ਨਿਗਰਾਨੀ ਵਿੱਚ ਹੋਣਗੀਆਂ ਹੋਣਗੀਆਂ।ਬਾਕੀ ਰਹਿੰਦੇ ਅਹੁਦਿਆਂ ਲਈ ਪ੍ਰਧਾਨ ਵਜੋਂ ਐਡਵੋਕੇਟ ਕਰਮਜੀਤ ਸਿੰਘ ਰੰਧਾਵਾ, ਸਕੱਤਰ ਵਜੋਂ ਐਡਵੋਕੇਟ ਹਰਮਨਦੀਪ ਸਿੰਘ ਸਿੱਧੂ ਤੇ ਖਜ਼ਾਨਚੀ ਵਜੋਂ ਐਡਵੋਕੇਟ ਦਵਿੰਦਰ ਹਸੀਜਾ ਚੋਣ ਮੈਦਾਨ ਵਿੱਚ ਡਟੇ ਹੋਏ ਹਨ, ਜੋ ਆਪਣੀ ਜਿੱਤ ਨੂੰ ਯਕੀਨੀ ਬਣਾਉਣ ਲਈ ਵਕੀਲ ਵੋਟਰਾਂ ਨਾਲ ਲਗਾਤਾਰ ਸੰਪਰਕ ਕਰ ਕਰਕੇ ਉਹਨਾਂ ਨੂੰ ਆਪਣੇ ਹੱਕ ਵਿੱਚ ਵੋਟਾਂ ਪਾਉਣ ਲਈ ਪਰੇਰ ਰਹੇ ਹਨ।ਐਡਵੋਕੇਟ ਕਰਮਜੀਤ ਸਿੰਘ ਰੰਧਾਵਾ ਦੀ ਟੀਮ ਦੀਆਂ ਚਾਰ ਵਕੀਲ ਵੀ ਬਿਨਾਂ ਮੁਕਾਬਲਾ ਜੇਤੂ ਰਹੀਆਂ ਹਨ, ਜਿਨ੍ਹਾਂ ਵਿੱਚ ਮੀਤ ਪ੍ਰਧਾਨ ਨਿਰਲੇਪ ਕੌਰ, ਲਾਈਬਰੇਰੀਅਨ ਗੁਰਜੀਤ ਕੌਰ ਬੱਲ, ਐਗਜੈਕਟਿਵ ਮੈਂਬਰ ਸ਼ਬਦ ਕੌਰ ਤੇ ਰਜਨੀ ਬਾਲਾ ਹਨ।

## ਬਾਬਾ ਭੀਮ ਰਾਓ ਅੰਬੇਡਕਰ ਦੀ ਮੂਰਤੀ ਦੀ ਬੇਅਦਬੀ ਦੀ ਨਿੰਦਿਆ



**ਸੁਨਾਮ (ਹਾਕਮ ਭੱਟੀ, ਅਸ਼ੋਕ ਬਾਂਸਲ)**-ਲੁਧਿਆਣਾ ਵਿੱਚ ਜੋ ਸ੍ਰੀ ਡਾਕਟਰ ਭੀਮ ਰਾਓ ਅੰਬੇਡਕਰ ਦੀ ਮੂਰਤੀ ਉੱਪਰ ਕਿਸੇ ਅਗਿਆਤ ਵਿਅਕਤੀ ਵੱਲੋਂ ਕੀਤੀ ਗਈ ਬੇਅਦਬੀ ਦੀ ਨਿੰਦਿਆ ਪੂਰੇ ਪੰਜਾਬ 'ਚ ਹੋ ਰਹੀ ਹੈ। ਦਲਿਤ ਸਮਾਜ ਸੇਵਾ ਸੰਗਠਨ ਦੇ ਸੂਬਾ ਪ੍ਰਧਾਨ ਡਾਕਟਰ ਹਰਮੇਸ਼ ਹਿਆਣਾ ਤੇ ਉਨ੍ਹਾਂ ਦੇ ਪੂਰੇ ਸੰਗਠਨ ਵੱਲੋਂ ਇਸ ਦੀ ਕੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਵਿਅਕਤੀ ਦੀ ਕੋਈ ਸੁਣਵਾਈ ਨਹੀਂ ਹੋਣੀ ਚਾਹੀਦੀ, ਜਿਸ ਨੇ ਸਰਬ ਉੱਚ ਵਿਦਵਾਨ ਦੀ ਮੂਰਤੀ ਨਾਲ ਘਿਨਾਉਣੀ ਹਰਕਤ ਕੀਤੀ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਜੋ ਸੰਗਠਨ ਨੂੰ ਸੇਵਾ ਲਾਈ ਜਾਵੇਗੀ, ਉਸ ਲਈ ਉਹ ਦਿਨ ਰਾਤ ਹਾਜ਼ਰ ਹਨ। ਇਸਤਰੀ ਵਿੰਗ ਮਾਲਵਾ ਜ਼ੋਨ ਪ੍ਰਧਾਨ ਸੁਨਾਮ ਤੋਂ ਬੀਬੀ ਰਣਜੀਤ ਕੌਰ ਨੇ ਆਪਣੇ ਸੰਗਠਨ ਨਾਲ ਗੱਲ ਕਰਦੇ ਹੋਏ ਕਿਹਾ ਕਿ ਅਜਿਹੇ ਵਿਅਕਤੀ ਨੂੰ ਬਿਲਕੁਲ ਵੀ ਬਖਸ਼ਣਾ ਨਹੀਂ ਚਾਹੀਦਾ, ਜਿਸ ਨੇ ਕਿ ਸਾਡੇ ਹਿਰਦੇ ਵਲੂੰਧਰੇ ਹਨ। ਉਸ ਵਿਅਕਤੀ ਪ੍ਰਤੀ ਕਿਸੇ ਵੀ ਤਰ੍ਹਾਂ ਦੀ ਢਿੱਲ ਨਹੀਂ ਹੋਣੀ ਚਾਹੀਦੀ, ਕਿਉਂਕਿ ਉਸ ਨੇ ਪੂਰੇ ਭਾਰਤ ਦੇ ਦਲਿਤ ਭਾਈਚਾਰੇ ਨੂੰ ਝੰਜੋੜਿਆ ਹੈ।

## ਡੀ ਸੀ ਵੱਲੋਂ ਵੱਧ ਤੋਂ ਵੱਧ ਖਿਡਾਰੀਆਂ ਦੀ ਰਜਿਸਟਰੇਸ਼ਨ ਯਕੀਨੀ ਬਣਾਉਣ ਦੇ ਨਿਰਦੇਸ਼

**ਮਾਨਸਾ, (ਆਤਮਾ ਸਿੰਘ ਪਮਾਰ)** 'ਖੇਡਾਂ ਵਤਨ ਪੰਜਾਬ ਦੀਆਂ' ਦੇ ਚੌਥੇ ਸੀਜ਼ਨ ਨੂੰ ਜ਼ਿਲ੍ਹੇ 'ਚ ਸੁਚਾਰੂ ਅਤੇ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਡਿਪਟੀ ਕਮਿਸ਼ਨਰ ਨਵਜੋਤ ਕੌਰ ਆਈ ਏ ਐਸ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗੀ ਮੁਖੀਆਂ ਅਤੇ ਖੇਡ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਇੱਕ ਅਹਿਮ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਖੇਡਾਂ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤਾ ਗਿਆ ਇਹ ਖੇਡ ਮਹਾਕੁੰਭ ਸੂਬੇ ਦੀਆਂ ਛੁਪੀਆਂ ਖੇਡ ਪ੍ਰਤਿਭਾਵਾਂ ਨੂੰ ਉਭਾਰਨ ਦਾ ਇੱਕ ਸੁਨਹਿਰੀ ਮੌਕਾ ਹੈ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹਨਾਂ ਖੇਡਾਂ 'ਚ ਹਰ ਇੱਕ ਉਮਰ ਵਰਗ ਦੇ ਖਿਡਾਰੀਆਂ ਲਈ ਖੇਡਣ ਦੇ ਮੌਕੇ ਉਪਲਬਧ ਹਨ।ਇਸ ਵਾਰ ਕੁੱਲ 38 ਖੇਡਾਂ ਸ਼ਾਮਲ ਕੀਤੀਆਂ ਗਈਆਂ ਹਨ, ਜਿਨ੍ਹਾਂ 'ਚ 4 ਪੈਰਾ-ਖੇਡਾਂ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਕੀਤੀਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਬਲਾਕ ਪੱਧਰ ਮੁਕਾਬਲੇ ਸ਼ੁਰੂ ਹੋ ਚੁੱਕੇ ਹਨ, ਜਿਸ ਤੋਂ ਬਾਅਦ ਜ਼ਿਲ੍ਹਾ ਪੱਧਰ ਅਤੇ ਫਿਰ ਸੂਬਾ ਪੱਧਰ ਤੱਕ ਖੇਡ ਮੁਕਾਬਲੇ ਕਰਾਏ ਜਾਣਗੇ।ਸੂਬਾ ਪੱਧਰ 'ਤੇ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਜੇਤੂ ਖਿਡਾਰੀਆਂ ਨੂੰ ਕ੍ਰਮਵਾਰ 10 ਹਜ਼ਾਰ, 7 ਹਜ਼ਾਰ ਅਤੇ 5 ਹਜ਼ਾਰ ਰੁਪਏ ਦੇ ਨਕਦ ਪੁਰਸਕਾਰਾਂ ਨਾਲ ਸਨਮਾਨਤ ਕੀਤਾ ਜਾਵੇਗਾ।ਇਸ ਤੋਂ ਇਲਾਵਾ 40 ਸਾਲ ਤੋਂ ਘੱਟ ਉਮਰ ਦੇ ਜੇਤੂ ਖਿਡਾਰੀਆਂ ਨੂੰ ਸਰਕਾਰੀ ਨੌਕਰੀਆਂ 'ਚ ਖੇਡ ਕੋਟੇ ਲਈ ਗ੍ਰੇਡੇਸ਼ਨ ਦਾ ਲਾਭ ਵੀ ਦਿੱਤਾ ਜਾਵੇਗਾ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਏ.ਡੀ.ਸੀ. ਜਨਰਲ ਤੇ ਏ.ਡੀ.ਸੀ. (ਪੇਂਡੂ ਵਿਕਾਸ) ਨੂੰ ਹਦਾਇਤ ਕੀਤੀ ਕਿ ਸ਼ਹਿਰਾਂ ਅਤੇ ਪਿੰਡਾਂ 'ਚ ਵਿਆਪਕ ਜਾਗਰੂਕਤਾ ਮੁਹਿੰਮ ਚਲਾਈ ਜਾਵੇ।ਉਨ੍ਹਾਂ ਅਧਿਕਾਰੀਆਂ ਅਤੇ ਖੇਡ ਐਸੋਸੀਏਸ਼ਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਖਿਡਾਰੀਆਂ ਦੀ ਆਨਲਾਈਨ ਰਜਿਸਟਰੇਸ਼ਨ ਯਕੀਨੀ ਬਣਾਉਣ, ਕਿਉਂਕਿ ਸਰਕਾਰ ਵੱਲੋਂ ਰਜਿਸਟਰੇਸ਼ਨ ਪ੍ਰਕਿਰਿਆ ਨੂੰ ਬਹੁਤ ਹੀ ਸਰਲ ਅਤੇ ਸੁਖਾਲਾ ਬਣਾਇਆ ਗਿਆ ਹੈ।

# FEDBANK FINANCIAL SERVICES LTD.

Having corporate office at Unit No.1101, 11th Floor, Cignus, Plot No. 71A, Powai, Paspoli, Mumbai, Maharashtra – 400 087

## ਡਿਮਾਂਡ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰ ਅਤੇ ਸਹਿ-ਕਰਜ਼ਦਾਰ (ਕਰਜ਼ਦਾਰਾਂ) (ਸਮੂਹਿਕ ਤੌਰ 'ਤੇ "ਕਰਜ਼ਦਾਰਾਂ" ਵਜੋਂ ਹਵਾਲਾ) ਨੇ ਆਪਣੀਆਂ ਅਚੱਲ ਜਾਇਦਾਦਾਂ (ਸਕਿਉਰਟੀਜ਼) ਨੂੰ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ (ਇਸ ਤੋਂ ਬਾਅਦ "ਫੈਡਫਿਨਾ" ਵਜੋਂ ਹਵਾਲਾ) ਕੋਲ ਗਿਰਵੀ ਰੱਖ ਦਿੱਤੀਆਂ ਹਨ ਅਤੇ ਕਰਜ਼ਾ ਪ੍ਰਾਪਤ ਕਰ ਲਿਆ ਹੈ। ਉਕਤ ਕਰਜ਼ੇ ਨੂੰ ਨਾਨ-ਪ੍ਰਫਾਰਮਿੰਗ ਐਸੇਟ ਵਜੋਂ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਕਿਉਂਕਿ ਕਰਜ਼ਦਾਰ ਕਰਜ਼ਾ ਰਕਮ ਮੋੜਨ 'ਚ ਅਸਫਲ ਰਹੇ ਹਨ। ਇਸ ਦੇ ਸੰਬੰਧ 'ਚ ਫੈਡਫਿਨਾ ਦੇ ਸਕਿਉਰਟੀਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਤਹਿਤ ਕ੍ਰਮਵਾਰ ਹੇਠਾਂ ਦਰਸਾਏ ਅਨੁਸਾਰ ਐਡਰੈਸੀ ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਵੇਰਵੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 (1) ਅਤੇ ਸੈਕਸ਼ਨ 13 (2) ਤਹਿਤ ਇੱਕ ਵਿਕਲਪਿਕ ਸੇਵਾ ਵਜੋਂ ਪ੍ਰਕਾਸ਼ਤ ਕੀਤੇ ਗਏ ਹਨ।

ਤੁਹਾਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 60 ਦਿਨਾਂ ਦੇ ਅੰਦਰ-ਅੰਦਰ ਡਿਮਾਂਡ ਨੋਟਿਸ 'ਚ ਦਰਸਾਈ ਰਕਮ ਸਮੇਤ ਵਿਆਜ ਮੋੜਨ ਲਈ ਬੇਨਤੀ ਕੀਤੀ ਜਾਂਦੀ ਹੈ। ਅਜਿਹਾ ਕਰਨ 'ਚ ਅਸਫਲ ਰਹਿਣ 'ਤੇ ਹਸਤਾਖਰਕਰਤਾ ਫੈਡਫਿਨਾ ਦੇ ਹਿੱਤਾਂ ਦੀ ਰਾਖੀ ਲਈ ਉਕਤ ਜਾਇਦਾਦ 'ਤੇ ਐਕਟ ਦੇ ਸੈਕਸ਼ਨ 13 (4) ਅਤੇ 14 ਤਹਿਤ ਢੁਕਵੀਂ ਕਾਰਵਾਈ ਕਰੇਗੀ।

ਕਰਜ਼ਾ ਨੰਬਰ, ਕਰਜ਼ਦਾਰ ਸੈਕਸ਼ਨ 13 (2) ਤਹਿਤ ਭੇਜੇ ਗਏ ਡਿਮਾਂਡ ਨੋਟਿਸ, ਬੇਨਤੀ ਕੀਤੀ ਗਈ ਰਕਮ ਅਤੇ ਅਚੱਲ ਜਾਇਦਾਦ ਦੇ ਵੇਰਵੇ ਹੇਠਾਂ ਅਨੁਸਾਰ ਹਨ।

| ਕਰਜ਼ਦਾਰ/ਸਹਿ-ਕਰਜ਼ਦਾਰ, ਜਾਇਦਾਦ ਧਾਰਕਾਂ ਦਾ ਨਾਂਅ ਜਿਵੇਂ ਵੀ ਮਾਮਲਾ ਦਰਜ ਹੋਵੇ | ਸਕਿਉਰਡ ਐੱਸਟਸ/ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ ਦੀ ਮਿਤੀ ਅਤੇ ਕੁੱਲ ਬਕਾਇਆ ਰਕਮ |
|---|---|---|
| ਕਰਜ਼ਾ ਖਾਤਾ ਨੰ. ਐੱਫ ਈ ਡੀ ਸੀ ਐੱਚ ਜੀ ਐੱਲ ਏ ਪੀ-0500085 ਅਤੇ ਐੱਲ ਏ ਪੀ/ਐੱਫ ਈ ਡੀ ਸੀ ਐੱਚ ਜੀ 0 ਬੀ ਐੱਲ 0502370 (1) ਨੰਨ੍ਹੇ ਰਾਮ (ਕਰਜ਼ਦਾਰ) (2) ਚਮੇਲੀ ਦੇਵੀ (ਸਹਿ-ਕਰਜ਼ਦਾਰ) ਮਕਾਨ ਨੰ. 214 ਬੜ੍ਹ ਮਾਜਰਾ ਕਾਲੋਨੀ-ਐੱਸ ਏ ਐੱਸ ਨਗਰ, ਮੁਹਾਲੀ, ਡਿਵੈੱਲਪਡ ਮੁਹਾਲੀ-160055, ਨਾਲ ਹੀ : ਖਸਰਾ ਨੰ. 8//4 (8-0), 8//5/1 (4-0), ਖੱਤਾ ਨੰ. 185/193, ਖਸਰਾ ਨੰ. 8//7/2 (4-0), 8//14/2 (4-16), ਪਿੰਡ ਬੜ੍ਹ ਮਾਜਰਾ, ਹੱਦਬਸਤ ਨੰ. 25, ਤਹਿਸੀਲ ਤੇ ਜ਼ਿਲ੍ਹਾ ਐੱਸ ਏ ਐੱਸ ਨਗਰ, ਮੁਹਾਲੀ-160055 | ਰਹਿਣ ਕੀਤੀ ਜਾਇਦਾਦ ਖਸਰਾ ਨੰ. 8//4 (8-0), 8//5/1 (4-0) ਕਿੱਤੇ 2 ਰਕਬਾ 12 ਕਨਾਲ 0 ਮਰਲੇ ਦਾ 21/4120 ਹਿੱਸਾ, ਬਕਦਰ 0 ਕਨਾਲ 1 ਮਰਲਾ 1.1/2 ਸਰਸਾਈ ਅਤੇ ਖੱਤਾ ਨੰ. 185/193, ਖਸਰਾ ਨੰ. 8//7/2 (4-0), 8//14/2 (4-16) ਕਿੱਤੇ 2 ਰਕਬਾ 8 ਕਨਾਲ 16 ਮਰਲੇ ਐੱਸ ਏ 9/3168 ਹਿੱਸਾ ਬਕਦਰ ਅਕਾਰ 12.5* 36=50 ਵਰਗ ਗਜ਼, ਪਿੰਡ ਬੜ੍ਹ ਮਾਜਰਾ, ਹੱਦਬਸਤ ਨੰ. 25, ਤਹਿਸੀਲ ਤੇ ਜ਼ਿਲ੍ਹਾ ਐੱਸ ਏ ਐੱਸ ਨਗਰ, ਮੁਹਾਲੀ ਨਾਲ ਸੰਬੰਧਤ ਸਭ ਕੁਝ। | ਮਿਤੀ : 24.08.2026 21/8/2026 ਨੂੰ ਰੁਪਏ 16,59, 335 (ਸੋਲਾਂ ਲੱਖ ਉਨਾਹਠ ਹਜ਼ਾਰ ਤਿੰਨ ਸੌ ਪੈਂਤੀ ਰੁਪਏ ਕੇਵਲ) ਜੋ ਕਿ ਕਰਜ਼ਾ ਖਾਤਾ ਨੰ. ਐੱਫ ਈ ਡੀ ਸੀ ਐੱਚ ਜੀ ਐੱਲ ਏ ਪੀ 0500085 'ਚ ਰੁਪਏ 15,78,206/-(ਪੰਦਰਾਂ ਲੱਖ ਅਠੱਤਰ ਹਜ਼ਾਰ ਦੋ ਸੌ ਛੇ ਰੁਪਏ ਕੇਵਲ) ਅਤੇ ਕਰਜ਼ਾ ਖਾਤਾ ਨੰ. ਐੱਫ ਈ ਡੀ ਸੀ ਐੱਚ ਜੀ 0 ਬੀ ਐੱਲ 0502370 'ਚ ਰੁਪਏ 81,129 (ਇਕਾਸੀ ਹਜ਼ਾਰ ਇੱਕ ਸੌ ਉਨੱਤੀ ਰੁਪਏ ਕੇਵਲ) ਐੱਨ ਪੀ ਏ ਦੀ ਮਿਤੀ : 04.09.2024 |

ਕਰਜ਼ਦਾਰ ਨੂੰ ਇਸ ਦੁਆਰਾ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਡਿਮਾਂਡ ਨੋਟਿਸ ਦੀ ਪਾਲਣਾ ਕਰਨ ਅਤੇ ਇਸ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਲਾਗੂ ਵਿਆਜ, ਵਾਧੂ ਵਿਆਜ, ਬਾਊਂਸ ਚਾਰਜਿਜ਼, ਲਾਗਤਾਂ ਅਤੇ ਖਰਚਿਆਂ ਨਾਲ ਭੁਗਤਾਨ ਦੀ ਪ੍ਰਾਪਤੀ ਦੀ ਮਿਤੀ ਤੱਕ ਭੁਗਤਾਨ ਕਰਨ। ਕਰਜ਼ਦਾਰ ਇਹ ਵੀ ਨੋਟ ਕਰਨ ਕਿ ਫੈਡਫਿਨਾ ਇੱਕ ਸਕਿਉਰਡ ਕ੍ਰੈਡਿਟਰ ਹੈ ਅਤੇ ਕਰਜ਼ਦਾਰ ਦੁਆਰਾ ਪ੍ਰਾਪਤ ਕੀਤੀ ਗਈ ਕਰਜ਼ਾ ਸਹੂਲਤ ਅਚੱਲ ਜਾਇਦਾਦ/ਜਾਇਦਾਦਾਂ ਵਿਰੁੱਧ ਸਕਿਉਰਡ ਕਰਜ਼ ਹੈ, ਜੋ ਕਰਜ਼ਦਾਰ ਦੁਆਰਾ ਗਿਰਵੀ ਰੱਖੀ ਗਈ ਸਕਿਉਰਡ ਸੰਪਤੀ ਹੈ। ਜੇਕਰ ਕਰਜ਼ਦਾਰ ਨਿਰਧਾਰਤ ਸਮੇਂ ਅੰਦਰ ਆਪ ਦੀਆਂ ਦੇਣਦਾਰੀਆਂ ਨਿਭਾਉਣ ਵਿੱਚ ਅਸਫਲ ਰਹਿੰਦੇ ਹਨ ਤਾਂ ਫੈਡਫਿਨਾ ਐਕਟ ਦੇ ਸੈਕਸ਼ਨ 13 (4) ਅਧੀਨ ਸਕਿਉਰਡ ਐੱਸਟਸ ਦਾ ਕਬਜ਼ਾ ਲੈਣ ਲਈ ਸਾਰੇ ਅਧਿਕਾਰਾਂ ਦੀ ਵਰਤੋਂ ਕਰਨ ਦਾ ਹੱਕਦਾਰ ਹੋਵੇਗਾ, ਜਿਸ ਵਿੱਚ ਵਿਕਰੀ ਦੁਆਰਾ ਜਾਂ ਐਕਟ ਅਤੇ ਇਸ ਦੇ ਨਿਯਮਾਂ ਅਧੀਨ ਉਪਲਬਧ ਕਿਸੇ ਹੋਰ ਉਪਾਅ ਦੀ ਵਰਤੋਂ ਕਰਕੇ ਅਤੇ ਭੁਗਤਾਨ ਪ੍ਰਾਪਤ ਕਰਕੇ ਇਸ ਨੂੰ ਟਰਾਂਸਫਰ ਕਰਨਾ ਸ਼ਾਮਲ, ਪਰ ਸੀਮਤ ਨਹੀਂ ਹੈ। ਫੈਡਫਿਨਾ ਨੂੰ ਵਿਕਰੀ ਜਾਂ ਟਰਾਂਸਫਰ ਦੇ ਅਧਿਕਾਰ ਨੂੰ ਲਾਗੂ ਕਰਨ ਤੋਂ ਪਹਿਲਾਂ ਸਕਿਉਰਡ ਐੱਸਟਸ ਨੂੰ ਅਟੈਚ ਕਰਨ/ ਜਾਂ ਸੀਲ ਕਰਨ ਦਾ ਅਧਿਕਾਰ ਹੈ। ਸਕਿਉਰਡ ਐੱਸਟਸ ਦੀ ਵਿਕਰੀ ਤੋਂ ਬਾਅਦ ਫੈਡਫਿਨਾ ਨੂੰ ਬਕਾਇਆ ਵਸੂਲੀ ਲਈ ਵੱਖਰੀ ਕਾਨੂੰਨੀ ਕਾਰਵਾਈ ਸ਼ੁਰੂ ਕਰਨ ਦਾ ਵੀ ਅਧਿਕਾਰ ਹੈ। ਜੇਕਰ ਗਿਰਵੀ ਦਾ ਜਾਇਦਾਦ ਦਾ ਮੁੱਲ ਫੈਡਫਿਨਾ ਨੂੰ ਭੁਗਤਾਨਯੋਗ ਬਕਾਏ ਨੂੰ ਪੂਰਾ ਕਰਨ ਲਈ ਨਾਕਾਫੀ ਹੈ। ਇਹ ਉਪਾਅ ਕਿਸੇ ਹੋਰ ਕਾਨੂੰਨ ਅਧੀਨ ਫੈਡਫਿਨਾ ਨੂੰ ਉਪਲੱਬਧ ਹੋਰ ਸਾਰੇ ਉਪਾਵਾਂ ਤੋਂ ਇਲਾਵਾ ਸੁਤੰਤਰ ਹੈ। ਕਰਜ਼ਦਾਰ (ਕਰਜ਼ਦਾਰਾਂ) ਦਾ ਧਿਆਨ ਐਕਟ ਦੇ ਸੈਕਸ਼ਨ 13 (8) ਤਹਿਤ ਸਕਿਉਰਡ ਐੱਸਟਸ ਨੂੰ ਪੁਨਰ ਗ੍ਰਹਿਣ ਕਰਨ ਲਈ ਉਪਲੱਬਧ ਸਮੇਂ ਵੱਲ ਦਿਵਾਇਆ ਜਾਂਦਾ ਹੈ ਅਤੇ ਸੈਕਸ਼ਨ 13 (13) ਵੱਲ ਜਿਸ ਤਹਿਤ ਕਰਜ਼ਦਾਰ (ਕਰਜ਼ਦਾਰਾਂ) ਨੂੰ ਸਕਿਉਰਡ ਐੱਸਟਸ ਦਾ ਨਿਪਟਾਰਾ ਕਰਨ ਜਾਂ ਉਨ੍ਹਾਂ ਨਾਲ ਨਜਿੱਠਣ ਜਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ (ਕਾਰੋਬਾਰ ਦੇ ਆਮ ਕੋਰਸ ਤੋਂ ਇਲਾਵਾ) ਟਰਾਂਸਫਰ ਕਰਨ ਤੋਂ ਰੋਕ/ਮਨਾਹੀ ਹੈ, ਬਿਨਾਂ ਫੈਡਫਿਨਾ ਦੀ ਲਿਖਤੀ ਸਹਿਮਤੀ ਅਤੇ ਉਕਤ ਦੀ ਪਾਲਣਾ ਨਾ ਕਰਨਾ ਉਕਤ ਐਕਟ ਦੇ ਸੈਕਸ਼ਨ 29 ਤਹਿਤ ਸਜ਼ਾਯੋਗ ਅਪਰਾਧ ਹੈ। ਡਿਮਾਂਡ ਨੋਟਿਸ ਦੀ ਨਕਲ ਨਿਮਨਹਸਤਾਖਰੀ ਕੋਲ ਉਪਲੱਬਧ ਹੈ ਅਤੇ ਜੇਕਰ ਕਰਜ਼ਦਾਰ ਚਾਹੁੰਣ ਤਾਂ ਇਸ ਨੂੰ ਨਿਮਨਹਸਤਾਖਰੀ ਤੋਂ ਆਮ ਕੰਮਕਾਜੀ ਦਫਤਰੀ ਸਮੇਂ ਦੌਰਾਨ ਕਿਸੇ ਵੀ ਕੰਮ ਵਾਲੇ ਦਿਨ ਪ੍ਰਾਪਤ ਕਰ ਸਕਦੇ ਹਨ।

ਸਥਾਨ : ਪੰਜਾਬ, ਮਿਤੀ 10.09.2026 — ਸਹੀ/- ਅਧਿਕਾਰਤ ਅਫਸਰ, ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ – ਤੀਸਰੀ/ਫ਼ਿਰੋਜ਼ਪੁਰ, ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਸ਼ੀਰਸ਼ਕ ਵਾਲੀ ਖੁਲੀ ਈ-ਟੈਂਡਰਾ ਮੰਗ ਕਰਦੇ ਹਨ, ਜੋ www.ireps.gov.in ਉਤੇ ਉਪਲਬਧ ਹੈ ਅਤੇਜਿਨ੍ਹਾਂ ਦੀ ਟੈਂਡਰ ਬੰਦ ਹੋਣ ਦੀ ਮਿਤੀ 28/09/2026 ਦੁਪਿਹਰ 15.00 ਵਜੇ ਤਕ ਹੈ। ਟੈਂਡਰਕਰਤਾ ਕੇਵਲ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਅਪਣੀ ਮੂਲ ਜਾਂ ਸੰਸ਼ੋਧਿਤ ਟੈਂਡਰਾ ਪੇਸ਼ ਕਰ ਸਕਣਗੇ। ਇਸ ਟੈਂਡਰ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਸਵੀਕਾਰ ਨਹੀਂ ਕੀਤੇ ਜਾਣਗੇ ਅਤੇ ਪ੍ਰਾਪਤ ਹੋਣ ਵਾਲੇ ਕਿਸੀ ਵੀ ਮੈਨੂੰਅਲ ਪ੍ਰਸਤਾਵ ਉਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਇਸ ਟੈਂਡਰ ਦੇ ਲਈ ਟੈਂਡਰ ਪ੍ਰਪੱਤਰ ਸ਼ੁਲਕ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਭੁਗਤਾਨ ਦੁਆਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਦੇ ਦੁਆਰਾ ਹੀ ਕਰ ਸਕਣਗੇ। ਡਿਮਾਂਡ ਡਰਾਫਟ, ਚੈਕਰਸ ਚੈਕ, ਜਮਾਂ ਰਸਿਦ, ਐਫ.ਡੀ.ਆਰ. ਆਦਿ ਦੇ ਦੁਆਰਾ ਤੋਂ ਮੈਨੂੰਅਲ ਭੁਗਤਾਨ ਸਵੀਕਾਰ ਕੀਤਾ ਜਾਵੇਗਾ। ਜ਼ਿਆਦਾ ਜਾਣਕਾਰੀ ਦੇ ਲਈ www.ireps.gov.in ਉਤੇ ਲਾਗ ਇਨ ਕਰੋਂ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ | ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
|---|---|---|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ | 04.09.2026 | 14.09.2026 | 28.09.2026/15:00 ਵਜੇ |

| ਲ.ਨੰ: | ਟੈਂਡਰ ਨੰ: | ਟੈਂਡਰ ਦਾ ਵੇਰਵਾ | | | |
|---|---|---|---|---|---|
| 1 | 134-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸਾਨੇਹਵਾਲ, ਧੰਧਾਰੀ ਕਲਾਂ, ਲੁਧਿਆਣਾ ਅਤੇ ਫਿਲੌਰ ਯਾਰਡ ਵਿਚ PSC ਸਲੀਪਰਾਂ ਉਤੇ "TTR(FS CS CMSC) –54 ਸੇਟ, TTR TWS 4 ਸੇਟ, TTR (TSR) 22 ਸੇਟ ਅਤੇ TTR (TWS+WCMSC) – 23 ਸੇਟ" ਦੇ ਨਾਲ 29 ਟਰਨਆਊਟ (ਯਾਨੀ. 5 ਨਗ 60Kg 1 in 12 ਟਰਨਆਊਟ ਅਤੇ 24 ਨਗ 60 Kg 1 in 8.5 ਟਰਨਆਊਟ) ਨੂੰ ਬਦਲਣ ਦਾ ਕੰਮ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 21599321.94 | 432000.00 | 60 ਦਿਨ | 10 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ – "CTR/TRR/TFR/TTR, ਜਿਸ ਵਿਚ ਟ੍ਰੈਕ ਨੂੰ ਉਪਰ ਉਠਾਨਾ, ਸਕੀਰਨਿੰਗ, ਟ੍ਰੈਕ ਦਾ ਸਟ੍ਰੇਸ ਹਟਾਣਾ (destressing), ਅਤੇ ਟ੍ਰੈਕ ਮੇਂਟੇਨੇਂਸ ਮਸ਼ੀਨਾਂ (ਜਿਸ ਤਰ੍ਹਾਂ ਟੈਮਪਿੰਗ ਮਸ਼ੀਨ, ਬੈਲਾਸਟ ਸਕਰੀਨਿੰਗ/ਰੇਗੂਲੇਟਿੰਗ ਮਸ਼ੀਨ) ਦੇ ਲਈ ਪ੍ਰੀ-ਅਤੇ ਪੋਸਟ-ਵਰਕ ਸ਼ਾਮਿਲ ਹੈ, ਨਾਲ ਹੀ T28 ਤੋਂ TTR ਦਾ ਕੰਮ ਵੀ ਸ਼ਾਮਿਲ ਹੈ।" | | | |
| 2 | 135-2026-27-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਦੇ ਤਹਿਤ ਚਿਹੇਰੂ, ਜਲੰਧਰ ਕੈਂਟ, ਸੂਚੀ ਪਿੰਡ, ਅਲਾਵਪੁਰ, ਕਾਲਾ ਬਕਰਾ, ਖੁਰਦਪੁਰ, ਨਸਰਲਾ ਅਤੇ ਹੋਸ਼ਿਆਰਪੁਰ ਯਾਰਡ ਵਿਚ ਕੁਲ 51 ਟਰਨਆਊਟ (T/out), ਸਵਿਚ ਅਤੇ ਸਲੀਪਰ ਸੈਅ ਬਦਲਣ ਦਾ ਕੰ ਕੀਤਾ ਜਾਵੇਗਾ। ਇਸ ਵਿਚ PSC ਸਲੀਪਰਾਂ ਉਤੇ TTR(FS CS CMSC) –54 ਸੇਟ, TTR TWS 4 ਸੇਟ, TTR (TSR) 22 ਸੇਟ ਅਤੇ TTR (TWS+WCMSC) – 23 ਸੇਟ ਸ਼ਾਮਿਲ ਹੈ। ਨਾਲ 38 ਟਰਨਆਊਟ (ਯਾਨੀ. 5 ਨਗ 60Kg 1 in 13 ਟਰਨਆਊਟ ਅਤੇ 24 ਨਗ 60 Kg 1 in 8.5 ਟਰਨਆਊਟ) ਵੀ ਬਦਲੇ ਜਾਣਗੇ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 38216055.08 | 764300.00 | 60 ਦਿਨ | 10 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ – "CTR/TRR/TFR/TTR, ਜਿਸ ਵਿਚ ਟ੍ਰੈਕ ਨੂੰ ਉਪਰ ਉਠਾਨਾ, ਸਕੀਰਨਿੰਗ, ਟ੍ਰੈਕ ਦਾ ਸਟ੍ਰੇਸ ਹਟਾਣਾ (destressing), ਅਤੇ ਟ੍ਰੈਕ ਮੇਂਟੇਨੇਂਸ ਮਸ਼ੀਨਾਂ (ਜਿਸ ਤਰ੍ਹਾਂ ਟੈਮਪਿੰਗ ਮਸ਼ੀਨ, ਬੈਲਾਸਟ ਸਕਰੀਨਿੰਗ/ਰੇਗੂਲੇਟਿੰਗ ਮਸ਼ੀਨ) ਦੇ ਲਈ ਪ੍ਰੀ-ਅਤੇ ਪੋਸਟ-ਵਰਕ ਸ਼ਾਮਿਲ ਹੈ, ਨਾਲ ਹੀ T28 ਤੋਂ TTR ਦਾ ਕੰਮ ਵੀ ਸ਼ਾਮਿਲ ਹੈ।" | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ।
2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਟੈਂਡਰ ਸੂਚਨਾ ਪੱਤਰ ਨੰ: 34-2026-27-ADEN-LDH & 135-2026-27-ADEN-JRC Date: 08.09.2026 — 3099/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**YES BANK** — Registered & Corporate Office : Yes Bank House, Off Western Express Highway, Santacruz East, Mumbai–400055 **Branch Office :** PUNJAB 42 Mall Road, Amritsar/B-XX 2427-928, 1st floor, Gobind Nagar, Ferozabad, Ludhiana - 141001

## ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ। ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਗਰੰਟਰਾਂ ਅਤੇ ਰਹਿਣਕਾਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈਸ ਬੈਂਕ ਲਿਮਟਿਡ ਦੇ ਅਧਿਕਾਰਤ ਅਫ਼ਸਰ, ਸਕਿਉਰਡ ਕ੍ਰੈਡਿਟਰ ਵੱਲੋਂ ਭੌਤਿਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ, ਸਹਿ-ਕਰਜ਼ਦਾਰ, ਗਰੰਟਰਾਂ ਅਤੇ ਰਹਿਣਕਾਰਾਂ ਤੋਂ ਹੇਠਾਂ ਦਰਸਾਈ ਬਕਾਇਆ ਰਕਮ ਸਮੇਤ ਇਕਰਾਰਨਾਮੇ ਅਨੁਸਾਰ ਹੋਰ ਵਿਆਜ ਅਤੇ ਚਾਰਜਿਜ਼ ਦੀ ਵਸੂਲੀ ਲਈ ਮਿਤੀ 29 ਸਤੰਬਰ 2026 ਨੂੰ 'ਜਿੱਥੇ ਹੈ ਜਿਵੇਂ ਹੈ', 'ਜੋ ਹੈ ਜਿਵੇਂ ਹੈ' ਅਤੇ 'ਉੱਥੇ ਜੋ ਵੀ ਹੈ' ਦੇ ਆਧਾਰ 'ਤੇ ਵੇਚੀ ਜਾਵੇਗੀ।

| ਲੜੀ ਨੰ. | ਕਰਜ਼ਦਾਰ ਅਤੇ ਸਹਿ-ਕਰਜ਼ਦਾਰ, ਗਰੰਟਰ ਦਾ ਨਾਂਅ | ਡਿਮਾਂਡ ਨੋਟਿਸ 'ਚ ਰਕਮ | ਜਾਇਦਾਦ ਦਾ ਵੇਰਵਾ | ਰਾਖਵੀਂ ਕੀਮਤ ਅਤੇ ਈ ਐੱਮ ਡੀ (ਰੁਪਏ 'ਚ) |
|---|---|---|---|---|
| 1. | (1) ਅਮਨਦੀਪ ਸਿੰਘ ਪੁੱਤਰ ਜਸਵੰਤ ਸਿੰਘ (2) ਵਰਿੰਦਰਜੀਤ ਸਿੰਘ ਪੁੱਤਰ ਜਸਵੰਤ ਸਿੰਘ (3) ਜਸਵੰਤ ਸਿੰਘ ਪੁੱਤਰ ਕਰਤਾਰ ਸਿੰਘ (4) ਹਰਵਿੰਦਰ ਕੌਰ ਮਾਰਫਤ ਵਰਿੰਦਰਜੀਤ ਸਿੰਘ | ਮਿਤੀ 6 ਫਰਵਰੀ 2025 ਨੂੰ ਬਕਾਇਆ ਰਕਮ ਰੁਪਏ 17,16,199.74/- (ਸਤਾਰਾਂ ਲੱਖ ਸੋਲਾਂ ਹਜ਼ਾਰ ਇੱਕ ਸੌ ਨੜਿੱਨਵੇਂ ਰੁਪਏ ਚੁਹੱਤਰ ਪੈਸੇ ਕੇਵਲ) | ਗੈਰ-ਖੇਤੀਬਾੜੀ ਵਾਲੀ ਜਾਇਦਾਦ ਰਕਬਾ 1 ਕਨਾਲ 3 ਸਰਸਾਹੀ, ਖੱਤਾ ਨੰ. 1038/1256 ਕਿੱਲਾ ਨੰ. 56//10/3 (2-13), 11/1 (4-0), 20/5 (4-0), 21/1 (3-16), 57//6 (6-9), 7 (2-18), 14 (3-16), 15 (7-12), 16/2 (5-13), 7/1 (3-5), 24/3 (4-18), 25 (7-4), 26 (2-2), 61//4/2 (3-17), 5 (8-17), 62//1 (8-0), 0 (2-18) ਕੁੱਲ ਰਕਬਾ 81 ਕਨਾਲ 19 ਮਰਲੇ ਵਾਕਿਆ ਪ੍ਰੋਫੈਸਰ ਕਲੋਨੀ, ਨੂਰਮਹਿਲ, ਹੱਦਬਸਤ ਨੰ. 64 ਫਿਲੌਰ, ਤਹਿਸੀਲ ਫਿਲੌਰ ਜਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ : ਉੱਤਰ : ਰਸਤਾ, ਦੱਖਣ : ਹੋਰ ਮਾਲਕ, ਪੂਰਬ : ਕੁਲਵੀਰ ਸਿੰਘ ਦਾ ਪਲਾਟ, ਪੱਛਮ : ਰਸਤਾ। | Rs 25,61,000/- Rs 2,56,100/- |
| 2. | (1) ਨੰਦ ਲਾਲ ਸਾਹਨੀ ਮਾਰਫਤ ਕ੍ਰਿਸ਼ਨਾ ਸਾਹਨੀ ("ਕਰਜ਼ਦਾਰ ਅਤੇ ਰਹਿਣਕਾਰ") (2) ਰਾਮ ਰਤਨ ਸਾਹਨੀ ਮਾਰਫਤ ਸ੍ਰੀ ਕ੍ਰਿਸ਼ਨਾ ਸਾਹਨੀ ("ਸਹਿ-ਕਰਜ਼ਦਾਰ") | ਮਿਤੀ 18 ਅਪ੍ਰੈਲ 2025 ਨੂੰ ਬਕਾਇਆ ਰਕਮ ਰੁਪਏ 23,79,144.66/- (ਤੇਈ ਲੱਖ ਉਨਾਸੀ ਹਜ਼ਾਰ ਇੱਕ ਸੌ ਚੁਤਾਲੀ ਰੁਪਏ ਛਿਆਹਠ ਪੈਸੇ ਕੇਵਲ) | ਗੈਰ-ਖੇਤੀਬਾੜੀ ਵਾਲੀ ਜਾਇਦਾਦ ਰਕਬਾ 03 ਮਰਲਾ 94 ਵਰਗ ਫੁੱਟ, ਖੱਤਾ ਨੰ. 484/513, ਖਸਰਾ ਨੰ. 223 (19-7), ਜਮ੍ਹਾਂਬੰਦੀ ਸਾਲ 2018-19, ਵਾਕਿਆ ਪਿੰਡ ਚੁਗਿੱਟੀ, ਜਲੰਧਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਮਾਲਕ, ਪੱਛਮ : ਮਾਲਕ, ਉੱਤਰ : ਸੜਕ, ਦੱਖਣ : ਪੂਰਨ। | Rs 13,17,000/- Rs 1,31,700/- |
| 3. | (1) ਰਵੀ ਕੁਮਾਰ ਸਿੰਘ ਪੁੱਤਰ ਅਰਜਨ ਸਿੰਘ (2) ਸੁਸ਼ੀਲ ਕੁਮਾਰ ਪੁੱਤਰ ਅਰਜਨ ਸਿੰਘ (3) ਮੰਜੂ ਦੇਵੀ ਮਾਰਫਤ ਅਰਜਨ ਸਿੰਘ | ਮਿਤੀ 15 ਅਪ੍ਰੈਲ 2025 ਨੂੰ ਬਕਾਇਆ ਰਕਮ ਰੁਪਏ 9,18,382.00/- (ਨੌ ਲੱਖ ਅਠਾਰਾਂ ਹਜ਼ਾਰ ਤਿੰਨ ਸੌ ਬਿਆਸੀ ਰੁਪਏ ਕੇਵਲ) | ਗੈਰ-ਖੇਤੀਬਾੜੀ ਵਾਲੀ ਜਾਇਦਾਦ ਰਕਬਾ 50 ਵਰਗ ਗਜ਼ (ਹੱਦਬਸਤ ਨੰ. 243) ਗੋਬਿੰਦਗੜ੍ਹ ਵਿਖੇ ਸਥਿਤ ਲੁਧਿਆਣਾ, ਖੱਤਾ ਨੰ. 241/284, 285, 286, 287, ਖਸਰਾ ਨੰ. 15//8/3, 15//9, 15//12, 15//13/1, 15//14, 15//17/1, 15//17/2, 15//18/1, 15//2/2, 15//19 ਮਿੰਨ 15//15, 15//16, 15//8/2, 15//13/2, 15//18/2 15//19 ਜਮ੍ਹਾਂਬੰਦੀ ਸਾਲ 2009-2010, ਪਿੰਡ ਗੋਬਿੰਦਗੜ੍ਹ ਤਹਿ. ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸਤਵੀਰ ਸਿੰਘ 31'-0" ਤੱਕ, ਪੱਛਮ : ਗੁਆਂਢ 31'-0" ਤੱਕ, ਉੱਤਰ : ਗਲੀ 18' ਚੌੜੀ 14'-5" ਤੱਕ, ਦੱਖਣ : ਗੁਆਂਢ 14'-5" ਤੱਕ। | Rs 5,67,000/ Rs 56,700/- |
| 4. | (1) ਸੁਮਨ ਕੁਮਾਰ ਸਾਹਨੀ ਪੁੱਤਰ ਹਿਰਦੈ ਸਾਹਨੀ, (ਕਰਜ਼ਦਾਰ) (2) ਦੇਵਕੀ ਦੇਵੀ ਪਤਨੀ ਹਿਰਦੈ ਸਾਹਨੀ | ਮਿਤੀ 15 ਅਪ੍ਰੈਲ 2025 ਨੂੰ ਬਕਾਇਆ ਰਕਮ ਰੁਪਏ 21,04,117/- (ਇੱਕੀ ਲੱਖ ਚਾਰ ਹਜ਼ਾਰ ਇੱਕ ਸੌ ਸਤਾਰਾਂ ਰੁਪਏ ਕੇਵਲ) | ਗੈਰ-ਖੇਤੀਬਾੜੀ ਵਾਲੀ ਜਾਇਦਾਦ ਰਕਬਾ 60 ਵਰਗ ਗਜ਼ (ਹੱਦਬਸਤ ਨੰ. 178) ਪਿੰਡ ਕੁਲੀਏਵਾਲ ਵਿਖੇ ਸਥਿਤ, ਖੱਤਾ ਨੰ. 1/2, ਖਸਰਾ ਨੰ. 27//21, 22, 32//2/1, 1/2, 10/2, 27//19, 20 ਜਮ੍ਹਾਂਬੰਦੀ ਸਾਲ 2006-07 ਪਿੰਡ ਕੁਲੀਏਵਾਲ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗੁਆਂਢ 15'-00" ਤੱਕ, ਪੱਛਮ : ਗਲੀ 15'-00" ਤੱਕ, ਉੱਤਰ : ਗੁਆਂਢ 36'-00" ਤੱਕ, ਦੱਖਣ : ਗੁਆਂਢ 36'-00" ਤੱਕ | Rs 13,68,000/- Rs 1,36,800/- |
| 5. | (1) ਡਿੰਪਲ ਕੁਮਾਰ ਪੁੱਤਰ ਚਮਨ ਲਾਲ (ਕਰਜ਼ਦਾਰ) (2) ਕੁਸ਼ੱਲਿਆ ਦੇਵੀ ਪਤਨੀ ਚਮਨ ਲਾਲ (ਸਹਿ ਕਰਜ਼ਦਾਰ/ਰਹਿਣਕਾਰ) | ਮਿਤੀ 06 ਫਰਵਰੀ 2025 ਨੂੰ ਬਕਾਇਆ ਰਕਮ ਰੁਪਏ 18,80,399.68/- (ਅਠਾਰਾਂ ਲੱਖ ਅੱਸੀ ਹਜ਼ਾਰ ਤਿੰਨ ਸੌ ਨੜਿੱਨਵੇਂ ਰੁਪਏ ਅਠਾਹਠ ਪੈਸੇ ਕੇਵਲ) | ਗੈਰ-ਖੇਤੀਬਾੜੀ ਵਾਲੀ ਜਾਇਦਾਦ ਖੱਤਾ ਨੰ. 23/30, 24/31, ਖਸਰਾ ਨੰ. 6//15/1, 6//14/2, ਜਮ੍ਹਾਂਬੰਦੀ ਸਾਲ 2018-19 ਪਿੰਡ ਗੜ੍ਹ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। | Rs 11,10,000/- Rs 1,11,000/- |

ਈ-ਨਿਲਾਮੀ ਦੀ ਮਿਤੀ ਤੇ ਸਮਾਂ : 29 ਸਤੰਬਰ 2026, ਸਵੇਰੇ 11.00 ਵਜੇ ਤੋਂ ਬਾਅਦ ਦੁਪਹਿਰ 2.00 ਵਜੇ ਤੱਕ ਹਰੇਕ 5 ਮਿੰਟ ਦੇ ਵਾਧੇ ਨਾਲ
ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 28 ਸਤੰਬਰ 2026, ਸ਼ਾਮ ਦੇ 3.00 ਵਜੇ ਤੱਕ
ਜਾਇਦਾਦ ਦੇ ਨਿਰੀਖਣ ਦੀ ਮਿਤੀ ਤੇ ਸਮਾਂ : 24 ਸਤੰਬਰ 2026, ਸਵੇਰੇ 11.00 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ

ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ ਬਾਰੇ ਕ੍ਰਿਪਾ ਕਰਕੇ http://10.0.49.5/about-us/media/auction-property ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ www.yesbank.in 'ਤੇ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ।
ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਜਾਂ ਅਚੱਲ ਜਾਇਦਾਦਾਂ/ਸਕਿਉਰਡ ਐੱਸਟਸ ਹਾਸਲ ਕਰਨ 'ਚ ਕਿਸੇ ਮੁਸ਼ਕਲ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਲਿਮਟਿਡ ਦੇ ਸੰਬੰਧਤ ਅਧਿਕਾਰੀਆਂ : ਸ੍ਰੀ ਅਮਿਤ ਸ਼ਰਮਾ 99964-67419 ਜਾਂ ਈਮੇਲ : Amit.Sharma62@yesbank.in ਅਤੇ ਮੈਸ. ਈ-ਪ੍ਰੋਕਿਉਰਮੈਂਟ ਟੈਕਨਾਲੋਜੀਜ਼ ਲਿਮਟਿਡ (ਆਕਸ਼ਨ ਟਾਈਗਰ) ਅਹਿਮਦਾਬਾਦ, ਵੈੱਬ ਪੋਰਟਲ ਪਤਾ https://sarfaesi.auctiontiger.net ਬੋਲੀ ਸਮਰਥਨ ਨੰ.+91 9265562821/18 ਅਤੇ 9978591888, 079-68136880/68136837 ਈ-ਮੇਲ : support@auctiontiger.net ਅਤੇ ramprasad@auctiontiger.net ਨਾਲ ਸੰਪਰਕ ਕੀਤਾ ਜਾਵੇ, ਸੰਪਰਕ ਵਿਅਕਤੀ ਸ੍ਰੀ ਰਾਮ ਸ਼ਰਮਾ-99785-91888
ਸਾਰੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਨਿਰਧਾਰਤ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕੀਤੇ ਜਾਣ ਦੇ ਮਾਮਲੇ 'ਚ ਐਕਟ ਦੇ ਸੈਕਸ਼ਨ 13 (8) ਤਹਿਤ ਵਿਚਾਰ ਕੀਤੀ ਜਾ ਸਕਦੀ ਹੈ। ਸਕਿਉਰਡ ਐੱਸਟ ਦੀ ਸਾਡੇ ਵੱਲੋਂ ਵਿਕਰੀ ਜਾਂ ਤਬਾਦਲਾ ਕਰਨ ਸੰਬੰਧੀ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

### ਕਰਜ਼ਦਾਰ/ਗਰੰਟਰਾਂ/ਰਹਿਣਕਾਰਾਂ ਲਈ ਵਿਕਰੀ ਨੋਟਿਸ

ਉਪਰੋਕਤ, ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਰੂਲ 9 (1) ਤਹਿਤ, ਜ਼ਿੰਮੇਵਾਰਾਂ ਲਈ ਪ੍ਰਕਾਸ਼ਨਾ ਮਿਤੀ ਤੋਂ 30 ਦਿਨਾਂ ਅੰਦਰ ਅਦਾਇਗੀ ਦਾ ਨੋਟਿਸ ਸਮਝਿਆ ਜਾਵੇ।

ਮਿਤੀ : 10.09.2026
ਸਥਾਨ : ਲੁਧਿਆਣਾ
ਸ੍ਰੀ ਅਮਿਤ ਸ਼ਰਮਾ
ਸਹੀ/ ਅਧਿਕਾਰਤ ਅਫਸਰ

## ਰੇਲਯਾਤਰੀ ਕਿਰਪਾ ਧਿਆਨ ਦੇਣ!

### ਲੁਧਿਆਣਾ ਜੰ.-ਜਾਖਲ-ਲੁਧਿਆਣਾ ਜੰ. ਪੈਸੰਜਰ ਰੇਲਗੱਡੀ ਦਾ ਜੀਂਦ ਜੰ. ਤਕ ਵਿਸਥਾਰ

ਸਰਵਸਬੰਧਿਤ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਤਰ ਰੇਲਵੇ ਦੁਆਰਾ ਰੇਲਗੱਡੀ ਨੰ. 54054/54053 ਲੁਧਿਆਣਾ ਜੰ.-ਜਾਖਲ-ਲੁਧਿਆਣਾ ਜੰ. ਪੈਸੰਜਰ ਦਾ ਵਿਸਥਾਰ ਜੀਂਦ ਜੰ. ਤਕ ਕਰਨ ਦਾ ਫੈਸਲਾ ਲਿਆ ਗਿਆ ਹੈ। ਇਸ ਦਾ ਵੇਰਵਾ ਹੇਠਾਂ ਅਨੁਸਾਰ ਹੈ:-

04402/04401 ਤਿਲਕ ਬ੍ਰਿਜ-ਮੁਜਫਰ ਨਗਰ-ਤਿਲਕ ਬ੍ਰਿਜ ਐਮਈਐਮਯੂ ਅਨਰੀਜ਼ਰਵ ਵਿਸ਼ੇਸ਼ ਐਕਸਪ੍ਰੈਸ ਰੇਲਗੱਡੀ

| ਰੇਲਗੱਡੀ ਨੰ. 54054 | | ↓ ਸਟੇਸ਼ਨ ↑ | ਰੇਲਗੱਡੀ ਨੰ. 54053 | |
|---|---|---|---|---|
| ਪਹੁੰਚ | ਰਵਾਨਗੀ | | ਪਹੁੰਚ | ਰਵਾਨਗੀ |
| ---- | 18:30 | ਲੁਧਿਆਣਾ ਜੰ. | 08:30 | ---- |
| ਲੁਧਿਆਣਾ ਜੰ.-ਜਾਖਲ-ਲੁਧਿਆਣਾ ਜੰ. ਦੇ ਵਿਚਕਾਰ ਕੋਈ ਬਦਲਾਅ ਨਹੀਂ | | | | |
| 21:40 | 21:45 | ਜਾਖਲ ਜੰ. | 05:10 | 05:20 |
| 21:49 | 21:50 | ਹਿੰਮਤਪੁਰਾ | 04:55 | 04:56 |
| 21:56 | 21:57 | ਟੋਹਾਨਾ | 04:47 | 04:48 |
| 22:03 | 22:04 | ਕਾਲਵਨ | 04:40 | 04:41 |
| 22:09 | 22:10 | ਧਮਤਾਨ ਸਾਹਿਬ | 04:34 | 04:35 |
| 22:18 | 22:19 | ਧਾਰੋਦੀ | 04:25 | 04:26 |
| 22:25 | 22:26 | ਨਰਵਾਨਾ ਜੰ. | 04:16 | 04:17 |
| 22:32 | 22:33 | ਘਾਸੋ | 04:08 | 04:09 |
| 22:40 | 22:41 | ਓਚਾਨਾ | 04:02 | 04:03 |
| 22:44 | 22:45 | ਗਾਂਵ ਬੜੌਦਾ | 03:54 | 03:55 |
| 22:52 | 22:53 | ਬਰਸੋਲਾ | 03:50 | 03:51 |
| 23:30 | ---- | ਜੀਂਦ ਜੰ. | ---- | 03:40 |

ਵਿਸਤਾਰ ਦੀ ਮਿਤੀ:
54054 ਲੁਧਿਆਣਾ ਜੰ. ਤੋਂ ਮਿਤੀ 11.09.2026 ਤੋਂ ਅਤੇ
54053 ਜੀਂਦ ਜੰ. ਤੋਂ ਮਿਤੀ 12.09.2026 ਤੋਂ

ਉਪਰੋਕਤ ਰੇਲਗੱਡੀਆਂ ਦੇ ਰਸਤੇ ਵਿਚ ਆਉਣ ਵਾਲੇ ਠਹਿਰਾਵਾਂ ਅਤੇ ਟਾਈਮ-ਟੇਬਲ ਦੇ ਲਈ ਕਿਰਪਾ ਰੇਲਮਦਦ ਹੈਲਪਲਾਈਨ ਨੰ. 139 ਡਾਇਲ ਕਰੋ ਜਾਂ ਰੇਲਗੱਡੀ ਪੁਛਗਿਛ ਵੈਬਸਾਈਟ www.enqury.indianrail.gov.in ਜਾਂ NTES ਐਪ ਵੇਖੋ।

ਰੇਲਮਦਦ ਹੈਲਪਲਾਈਨ ਨੰ. 139
ਰੇਲਮਦਦ ਵੈਬਸਾਈਟ ਵੇਖੋ-: www.railmadad.indianrailways.gov.in
ਰੇਲਮਦਦ ਐਪ ਡਾਊਨਲੋਡ ਕਰੋ

'ਤੇ ਸਾਨੂੰ ਫਾਲੋ ਕਰੋ

ਉਤਰ ਰੇਲਵੇ
ਸਦਾ ਤੁਹਾਡੀ ਸੇਵਾ ਵਿਚ
ਸਾਨੂੰ www.nr.indianrailways.gov.in 'ਤੇ ਮਿਲੋ

3114/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟਲ ਵਾਲੀਆਂ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 01.10.2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
| 07.09.2026 | 17.09.2026 | 01.10.2026 15:00 ਵਜੇ |

| ਲੜੀ ਨੰਬਰ | ਨਿਵਿਦਾ ਸੰਖਿਆ, ਮਿਤੀ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1 | 117-2026-27-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਵਰਕਸ/ਕੋਟਕਪੂਰਾ ਸੈਕਸ਼ਨ ਵਿਚ LHS ਤੋਂ ਪਾਣੀ ਕੱਢਣਾ। | | | |
| | | ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਮਿਆਦ |
| | | 19,99,363.40 | 40,000.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: "ਕੋਈ ਕੰਮ ਨਹੀਂ।" | | | |
| 2 | 118-2026-27-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜਪੁਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਵਰਕਸ/ਲੋਹਿਯਾਂ ਖਾਸ ਸੈਕਸ਼ਨ ਵਿਚ LHS ਤੋਂ ਪਾਣੀ ਕੱਢਣਾ। | | | |
| | | ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਮਿਆਦ |
| | | 24,49,857.11 | 49,000.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: "ਕੋਈ ਕੰਮ ਨਹੀਂ।" | | | |
| 3 | 119-2026-27-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜਪੁਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਵਰਕਸ/ਜਲਾਲਾਬਾਦ ਸੈਕਸ਼ਨ ਵਿਚ LHS ਤੋਂ ਪਾਣੀ ਕੱਢਣਾ। | | | |
| | | ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਮਿਆਦ |
| | | 24,98,257.34 | 50,000.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: "ਕੋਈ ਕੰਮ ਨਹੀਂ।" | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

ਨਿਵਿਦਾ ਨੰਬਰ: 117-2026-27-ADEN-1-FZR & 118, 119-2026-27-ADEN-2-FZR
ਤਾਰੀਕ : 08.09.2026 — 3102/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਸਵਾਲ ਪੁੱਛਣਾ ਵੀ ਗੁਨਾਹ ਬਣ ਗਿਆ ਹੈ : ਡਾ. ਅਮਰ ਸਿੰਘ

**ਰਾਏਕੋਟ (ਸੰਤੋਖ ਗਿੱਲ)**-ਕਾਂਗਰਸ ਮੈਨੀਫੈਸਟੋ ਕਮੇਟੀ ਦੇ ਚੇਅਰਮੈਨ ਡਾ. ਅਮਰ ਸਿੰਘ ਨੇ ਮਾਨ ਸਰਕਾਰ 'ਤੇ ਹਮਲਾ ਕਰਦਿਆਂ ਦੋਸ਼ ਲਾਇਆ ਹੈ ਕਿ ਸੂਬੇ ਵਿੱਚ ਸਰਕਾਰ ਨੂੰ ਸਵਾਲ ਕਰਨ ਅਤੇ ਆਪਣਾ ਵਿਰੋਧ ਦਰਜ ਕਰਵਾਉਣ ਵਾਲੇ ਲੋਕਾਂ ਨੂੰ ਜਿਸ ਤਰ੍ਹਾਂ ਜ਼ਲੀਲ ਕੀਤਾ ਜਾ ਰਿਹਾ ਹੈ, ਉਹ ਲੋਕਤੰਤਰ ਲਈ ਚਿੰਤਾਜਨਕ ਹੈ।ਉਨ੍ਹਾ ਕਿਹਾ ਕਿ ਸਰਕਾਰ ਤਾਨਾਸ਼ਾਹੀ ਵਾਲਾ ਰਵੱਈਆ ਅਪਨਾ ਰਹੀ ਹੈ।ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਸਰਕਾਰ ਤੋਂ ਸਵਾਲ ਪੁੱਛਣ, ਆਪਣੀ ਗੱਲ ਕਹਿਣ ਤੇ ਸ਼ਾਂਤਮਈ ਢੰਗ ਨਾਲ ਵਿਰੋਧ ਦਰਜ ਕਰਵਾਉਣ ਦਾ ਸੰਵਿਧਾਨਕ ਹੱਕ ਹੈ, ਪਰ ਪੰਜਾਬ ਸਰਕਾਰ ਆਪਣੀ ਆਲੋਚਨਾ ਕਰਨ ਵਾਲਿਆਂ ਨੂੰ ਨਿਸ਼ਾਨਾ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਕੰਮ ਲੋਕਾਂ ਦੀ ਆਵਾਜ਼ ਸੁਣਨਾ ਹੈ, ਆਵਾਜ਼ ਦਬਾਉਣਾ ਨਹੀਂ।

## ਅਸੀਂ ਆਪਣੇ ਕਰਮਚਾਰੀਆਂ ਨੂੰ ਮਹੱਤਵ ਦਿੰਦੇ ਹਾਂ। ਅਸੀਂ ਆਪਣੇ ਪੇਂਸ਼ਨ ਪ੍ਰਾਪਤਕਰਤਾਵਾਂ ਦਾ ਸਨਮਾਨ ਕਰਦੇ ਹਾਂ।

# ਉੱਤਰ ਰੇਲਵੇ ਪੇਂਸ਼ਨ ਅਦਾਲਤ-2026

### ਮਿਤੀ: 15 ਦਸੰਬਰ, 2026

ਉਤਰ ਰੇਲਵੇ ਦੇ ਤਹਿਤ ਸਾਰੇ ਦਫਤਰਾਂ, ਹੈਡ ਕੁਆਟਰ ਬੜੌਦਾ ਹਾਊਸ ਨਵੀਂ ਦਿੱਲੀ ਅਤੇ ਸਾਰੇ ਮੰਡਲ ਦਫਤਰਾਂ ਅਤੇ ਕਾਰਖਾਨਿਆਂ ਵਿਚ ਮਿਤੀ 15 ਦਸੰਬਰ 2026 ਨੂੰ ਪੇਂਸ਼ਨ ਪ੍ਰਾਪਤਕਰਤਾਵਾਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਪੇਂਸ਼ਨ ਅਦਾਲਤ ਦਾ ਆਯੋਜਨਾ ਕੀਤਾ ਜੋਵਗਾ।

**ਪੇਂਸ਼ਨ ਅਦਾਲਤ ਲਈ ਪ੍ਰਤੀਨਿਧਤਾ ਪ੍ਰਾਪਤ ਕਰਨ ਦੀ ਅੰਤਮ ਮਿਤੀ: 31.10.2026**

**ਪੇਂਸ਼ਨ ਪ੍ਰਾਪਤਕਰਤਾਵਾਂ ਲਈ ਨਿਰਦੇਸ਼**

- ਜੋ ਰੇਲਵੇ ਦੇ ਹੈਡ ਕੁਆਟਰ, ਬੜੌਦਾ ਹਾਊਸ, ਨਵੀਂ ਦਿੱਲੀ ਤੋਂ ਰਿਟਾਇਰ ਹੋਏ ਹਨ ਆਪਣੀ ਪ੍ਰਤੀਨਿਧਤਾ ਉਪ ਮੁਖ ਕਾਰਮਿਕ ਅਧਿਕਾਰੀ/ (ਪ੍ਰ.ਕਾ.)-।। ਨੂੰ ਭੇਜ ਸਕਦੇ ਹਨ।
- ਮੰਡਲ ਦਫਤਰਾਂ ਅਤੇ ਮੰਡਲਾਂ ਦੇ ਤਹਿਤ ਦਫਤਰਾਂ ਤੋਂ ਰਿਟਾਇਰ ਹੋਏ ਪੇਂਸ਼ਨ ਪ੍ਰਾਪਕਰਤਾ ਆਪਣੀ ਪ੍ਰਧੀਨਿਧਤਾ ਸਬੰਧਿਤ ਸੀਨੀਅਰ ਮੰਡਲ ਕਾਰਮਿਕ ਅਧਿਕਾਰੀ ਨੂੰ ਭੇਜ ਸਕਦੇ ਹਨ।

; ਕਾਰਖਾਨਿਆਂ ਤੋਂ ਰਿਟਾਇਰ ਪੇਂਸ਼ਨ ਪ੍ਰਾਪਤਕਰਤਾ ਆਪਣੀ ਪ੍ਰਤੀਨਿਧਤਾ ਸਬੰਧਿਤ ਮੰਡਲ ਦਫਤਰ ਨੂੰ ਭੇਜ ਸਕਦੇ ਹਨ।
ਸਾਰੇ ਰਿਟਾਇਰ ਪੇਂਸ਼ਨ ਪ੍ਰਾਪਤਕਰਤਾ ਆਪਣੀ ਪ੍ਰਤੀਨਿਧਤਾ ਸਬੰਧਿਤ ਉਪ ਮੁੱਖ ਕਾਰਮਿਕ ਅਧਿਕਾਰੀ (ਪ੍ਰਾ.ਕਾ.)-।।/ ਸੀਨੀਅਰ ਮੰਡਲ ਕਾਰਮਿਕ ਅਧਿਕਾਰੀ / ਕਾਰਖਾਨਾ ਪ੍ਰਸ਼ਾਸਨ ਨੂੰ ਭੇਜਣ ਅਤੇ ਲਿਫਾਫੇ ਤੇ ਸਪਸ਼ਟ ਤੌਰ ਤੇ "ਪੇਂਸ਼ਨ ਅਦਾਲਤ-2026" ਜਰੂਰ ਅੰਕਿਤ ਕਰਨ।

**ਪੱਤਰ ਵਿਹਾਰ ਲਈ ਪਤੇ**

**ਉਪ ਮੁੱਖ ਕਾਰਮਿਕ ਅਧਿਕਾਰੀ (ਪ੍ਰ.ਕਾ)-।।**
ਉਤਰ ਰੇਲਵੇ, ਹੈਡ ਕੁਆਟਰ, ਬੜੌਦਾ ਹਾਊਸ
ਕਸਤੂਰਬਾ ਗਾਂਧੀ ਮਾਰਗ, ਨਵੀਂ ਦਿੱਲੀ-110001

**ਸੀਨੀਅਰ ਮੰਡਲ ਕਾਰਮਿਕ ਅਧਿਕਾਰੀ**
ਮੰਡਲ ਰੇਲ ਪ੍ਰਬੰਧਕ ਦਫਤਰ, ਉਤਰ ਰੇਲਵੇ,
ਸਟੇਟ ਐਂਟਰੀ ਰੋਡ, ਨਵੀਂ ਦਿੱਲੀ-110055

**ਸੀਨੀਅਰ ਮੰਡਲ ਕਾਰਮਿਕ ਅਧਿਕਾਰੀ**
ਮੰਡਲ ਰੇਲ ਪ੍ਰਬੰਧਕ ਦਫਤਰ,
ਉਤਰ ਰੇਲਵੇ, ਸਟੇਸ਼ਨ ਰੋਡ,
ਫਿਰੋਜਪੁਰ-152001

**ਸੀਨੀਅਰ ਮੰਡਲ ਕਾਰਮਿਕ ਅਧਿਕਾਰੀ**
ਮੰਡਲ ਰੇਲ ਪ੍ਰਬੰਧਕ ਦਫਤਰ,
ਉਤਰ ਰੇਲਵੇ, ਤ੍ਰਿਕੁਟਾ ਨਗਰ, ਜੰਮੂ-180004

**ਸੀਨੀਅਰ ਮੰਡਲ ਕਾਰਮਿਕ ਅਧਿਕਾਰੀ**
ਮੰਡਲ ਰੇਲ ਪ੍ਰਬੰਧਕ ਦਫਤਰ,ਉਤਰ ਰੇਲਵੇ,
ਹਜ਼ਰਤਗੰਜ, ਲਖਨਊ-226001

**ਸੀਨੀਅਰ ਮੰਡਲ ਕਾਰਮਿਕ ਅਧਿਕਾਰੀ**
ਮੰਡਲ ਰੇਲ ਪ੍ਰਬੰਧਕ ਦਫਤਰ, ਉਤਰ ਰੇਲਵੇ
ਰੇਲ ਵਿਹਾਰ, ਅੰਬਾਲਾ ਕੈਂਟ-133001

**ਸੀਨੀਅਰ ਮੰਡਲ ਕਾਰਮਿਕ ਅਧਿਕਾਰੀ**
ਮੰਡਲ ਰੇਲ ਪ੍ਰਬੰਧਕ ਦਫਤਰ, ਉਤਰ ਰੇਲਵੇ,
(ਰੇਲਵੇ ਸਟੇਡੀਅਮ ਦੇ ਨੇੜੇ),
ਮੁਰਾਦਾਬਾਦ-244001

ਉੱਤਰ ਰੇਲਵੇ
ਤੁਹਾਡੀ ਸੁਵਿਧਾ – ਸਾਡਾ ਲਕਸ਼
ਸਾਨੂੰ www.nr.indianrailways.gov.in 'ਤੇ ਮਿਲੋ

3113/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਸ਼੍ਰੋਮਣੀ ਲਿਖਾਰੀ ਬੋਰਡ ਦੀ ਮਾਸਿਕ ਬੈਠਕ ਪ੍ਰਭ ਕਿਰਨ ਸਿੰਘ ਦੀ ਪ੍ਰਧਾਨਗੀ ਹੇਠ ਹੋਈ

ਲੁਧਿਆਣਾ, (ਰੈਕਟਰ ਕਥੂਰੀਆ) ਸ਼੍ਰੋਮਣੀ ਲਿਖਾਰੀ ਬੋਰਡ (ਰਜਿ.) ਦੀ ਮਾਸਿਕ ਸਾਹਿਤਕ ਬੈਠਕ ਦੌਰਾਨ ਸਰਬੱਤ ਦਾ ਭਲਾ ਮੰਗਣ ਤੇ ਸਮਾਜਕ ਕੁਰੀਤੀਆਂ ਵਿਰੁੱਧ ਆਵਾਜ਼ ਬੁਲੰਦ ਕਰਨ ਤੇ ਭਰਪੂਰ ਚਰਚਾ ਕੀਤੀ ਗਈ।ਬੋਰਡ ਦੇ ਪ੍ਰਧਾਨ ਪ੍ਰਭ ਕਿਰਨ ਸਿੰਘ ਦੀ ਪ੍ਰਧਾਨਗੀ ਹੇਠ ਗਿੱਲ ਰੋਡ ਸਥਿਤ ਕਰੀਅਰ ਕਾਲਜ ਦੇ ਦਫ਼ਤਰ ਵਿੱਚ ਆਯੋਜਿਤ ਇਸ ਬੈਠਕ ਦੌਰਾਨ ਹਾਜ਼ਰ ਸਾਹਿਤਕਾਰਾਂ, ਗੀਤਕਾਰਾਂ, ਗਾਇਕਾਂ, ਕਵੀਆਂ ਆਦਿ ਨੇ ਆਪਣੇ-ਆਪਣੇ ਅੰਦਾਜ਼ ਵਿੱਚ ਸਾਹਿਤਕ ਰਚਨਾਵਾਂ ਪੇਸ਼ ਕੀਤੀਆਂ।ਪ੍ਰਧਾਨ ਪ੍ਰਭ ਕਿਰਨ ਸਿੰਘ ਨੇ ਆਏ ਮਹਿਮਾਨਾਂ ਦਾ ਸਵਾਗਤ ਕਰਨ ਉਪਰੰਤ ਆਪਣੇ ਪਿਤਾ ਅਵਤਾਰ ਸਿੰਘ ਤੂਫ਼ਾਨ ਦਾ ਲਿਖਿਆ ਹਾਸ ਵਿਅੰਗ 'ਸਟੇਜ ਸਕੱਤਰੀ ਵੀ ਇੱਕ ਮੁਸੀਬਤ ਹੈ' ਸੁਣਾ ਕੇ ਸਭਾ ਦੀ ਖ਼ੁਸ਼ਗਵਾਰ ਮਾਹੌਲ ਨਾਲ ਸ਼ੁਰੂਆਤ ਕੀਤਾ। ਮੰਚ ਦਾ ਸੰਚਾਲਨ ਕਰਦਿਆਂ ਬੋਰਡ ਦੇ ਜਨਰਲ ਸਕੱਤਰ ਪ੍ਰਮਿੰਦਰ ਸਿੰਘ ਅਲਬੇਲਾ ਨੇ 'ਜੀਅ ਕਰਦਾ ਮੇਰਾ ਉੱਡ ਕੇ ਮੈਂ ਪਿੰਡ ਆਪਣੇ ਉੱਡ ਜਾਵਾਂ' ਗੀਤ ਗਾਇਆ, ਮਿੱਠੀ ਅਤੇ ਸੁਰੀਲੀ ਆਵਾਜ਼ ਦੇ ਮਾਲਕ ਗਾਇਕ ਐਡਵੋਕੇਟ ਗੁਰਮੀਤ ਸਿੰਘ ਨੇ 'ਵੇਖੋ ਜੋ ਮਹਿਕ ਰਹ ਪਲ ਗੁਲਜ਼ਾਰ ਇਸ ਤਰ੍ਹਾਂ ਦਾ' ਗਾ ਕੇ ਖੂਬ ਦਾਦ ਬਟੋਰੀ।ਪੰਥਕ ਕਵੀਆਂ ਚਰਨਜੀਤ ਸਿੰਘ ਚੰਨ ਨੇ ਸਮਾਜਕ ਕੁਰੀਤੀਆਂ 'ਤੇ ਤਨਜ਼ ਕਸਦੀ ਕਵਿਤਾ ਬੋਲੀ ਤੇ ਹਰਦੇਵ ਸਿੰਘ ਕਲਸੀ ਨੇ ਸਮਾਜ ਨੂੰ ਹਲੂਣਾ ਦਿੰਦੀ ਕਵਿਤਾ ਪੜ੍ਹੀ, ਜਦਕਿ ਏ ਪੀ ਮੌਰੀਆ ਨੇ 'ਕੀ ਬਣੂ ਇਹੋ ਜਿਹੇ ਸਮਾਜ ਦਾ ਜਿੱਥੇ ਬੋਲਬਾਲਾ ਹੋਵੇ ਕਾਤਲਾਂ ਦੇ ਰਾਜ ਦਾ' ਦੀ ਪੇਸ਼ਕਾਰੀ ਬੇਹੱਦ ਸ਼ਲਾਘਾਯੋਗ ਰਹੀ।ਉਸਤਾਦ ਕਵੀ ਸੁਰਜੀਤ ਸਿੰਘ ਜੀਤ ਨੇ 'ਦੁਨੀਆ 'ਤੇ ਕੀ ਹੋਈ ਜਾਂਦਾ', ਗ਼ਜ਼ਲਗੋ ਜ਼ੋਰਾਵਰ ਸਿੰਘ ਪੰਛੀ ਨੇ 'ਤਿਤਲੀ ਜਦੋਂ ਫੁੱਲਾਂ ਦੇ ਕੋਲੋਂ ਲੰਘ ਜਾਂਦੀ ਸ਼ਮਾ ਨੂੰ' ਤੇ ਹਿੰਦੀ ਉਰਦੂ ਦੇ ਨਾਮਵਰ ਸ਼ਾਇਰ ਤੇ ਸੰਗੀਤਕਾਰ ਮੀਤ ਪਾਟੀਪਤ ਨੇ 'ਨੀ ਮਿੱਟੀਏ ਤੇਰਾ ਮੁੱਲ ਅਣਮੋਲ' ਆਪਣੇ-ਆਪਣੇ ਨਿਵੇਕਲੇ ਅੰਦਾਜ਼ ਵਿਚ ਪੜ੍ਹ ਕੇ ਤੇ ਚਰਨਜੀਤ ਸਿੰਘ ਚੰਨ ਦੀ ਧਰਮਪਤਨੀ ਬੀਬੀ ਸੁਰਿੰਦਰ ਕੌਰ ਨੇ ਭਰਵੀਂ ਹਾਜ਼ਰੀ ਲਵਾਈ।



# ਸੀ ਪੀ ਆਈ ਖਰੜ ਵੱਲੋਂ ਅਹਿਮ ਫੈਸਲੇ

ਖਰੜ (ਰੈਕਟਰ ਕਥੂਰੀਆ)-ਭਾਰਤੀ ਕਮਿਊਨਿਸਟ ਪਾਰਟੀ ਤਹਿਸੀਲ ਖਰੜ ਦੀ ਮਹੀਨਾਵਾਰ ਮੀਟਿੰਗ ਸ਼ਹੀਦੇ ਆਜ਼ਮ ਸ੍ਰੀ ਕਾਸ਼ੀ ਰਾਮ ਸਕੂਲ ਖਰੜ ਵਿਖੇ ਕਾਮਰੇਡ ਬਲਵੰਤ ਸਿੰਘ ਦਰਦੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਦਿੱਲੀ ਦੀ ਭਾਜਪਾਈ ਸਰਕਾਰ ਦੇ ਖ਼ਿਲਾਫ਼ ਬਦਲਾਅ ਜ਼ਰੂਰੀ ਹੈ ਦੇ ਨਾਹਰੇ ਹੇਠ ਰੈਲੀ ਕੀਤੀ ਗਈ ਜਿਸ ਵਿੱਚ ਖਰੜ ਤੋਂ ਕਈ ਸਾਥੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਕਾਮਰੇਡ ਮਹਿੰਦਰ ਪਾਲ ਸਿੰਘ ਨੇ ਡਾ ਸੁਖਦੇਵ ਸਿੰਘ ਸਿਰਸਾ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ 'ਚ ਸਨੇਟ ਚੋਣ ਲੜਨ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਉਨ੍ਹਾਂ ਦਾ ਪੂਰਾ ਸਮਰਥਨ ਕੀਤਾ ਜਾਵੇਗਾ। ਕਾਮਰੇਡ ਹਰਮੇਲ ਸਿੰਘ ਚੋਲਟਾ ਨੇ ਦੱਸਿਆ ਕਿ ਜਲਦੀ ਹੀ ਵਿਕਾਸ ਦੇ ਮੁੱਦੇ ਉੱਤੇ ਉੱਚ ਅਧਿਕਾਰੀਆਂ ਨੂੰ ਮਿਲਿਆ ਜਾਵੇਗਾ। ਪਾਰਟੀ ਦੀ ਮੈਂਬਰਸ਼ਿਪ ਬਾਰੇ ਕਾਮਰੇਡ ਕੇਰਾ ਸਾਹਿਬ ਨੇ ਕਿਹਾ ਕਿ ਸਾਨੂੰ ਸੀ ਪੀ ਆਈ ਕੇਡਰ ਵਿੱਚ ਵਾਧਾ ਕਰਨਾ ਚਾਹੀਦਾ ਹੈ। ਮੀਟਿੰਗ ਵਿਚ ਹਾਜ਼ਰ ਸਾਥੀਆਂ 'ਚ ਸੁਰਿੰਦਰ ਸਿੰਘ ਚੰਦੋ, ਗੁਰਪ੍ਰੀਤ ਸਿੰਘ,ਕੀਰਤ ਸਿੰਘ,ਭੁਪਿੰਦਰ ਸਿੰਘ ਮਾਵੀ, ਕੇਸਰ ਸਿੰਘ, ਨਰਿੰਦਰ ਪਾਲ ਸਿੰਘ, ਮਹਾਂਵੀਰ ਸਿੰਘ, ਨਰਿੰਦਰ ਪਾਲ ਸਿੰਘ ਘੜੂੰਆਂ, ਤੇਜਾ ਸਿੰਘ ਕਾਮਰੇਡ, ਮਨੀਕਰਨ ਇੰਦਰਜੀਤ ਸਿੰਘ, ਨਿਖਲੇਸ਼, ਜਰਨੈਲ ਸਿੰਘ, ਖੁਸ਼ਇੰਦਰ ਸਿੰਘ ਕੰਗ, ਹਰਮੇਲ ਸਿੰਘ ਚੋਲਟਾ ਕਾਮਰੇਡ,ਬਲਵੰਤ ਸਿੰਘ ਦਰਦੀ ਅਤੇ ਹੋਰ ਬਹੁਤ ਸਾਰੇ ਸ਼ਾਮਿਲ ਸਨ।


## COURT NOTICE

(U/o 5 Rule 20 CPC)
In the Court of
Sh. Amandeep Singh
Civil Judge (Senior Division),
Tarn Taran

Next Date, Purpose of case, Orders and Judgments as well as other case information is available on http://districts.ecourts.gov.in

CNR No. PBTT02-000927-2024
Next Date:- 07-10-2026
Joginder Singh
Vs. Karamjit Singh
Publication Issued To:
Baljit Singh
Father: Amrik Singh
R/o Focal Point Near Bus Stand Tarn Taran, District Tarn Taran

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 07-10-2026 at 10:00 a.m.

For details logon to https://highcourtchd.gov.in/?trs=district_notice&district=Tarn Taran
Civil Judge (Senior Division), Tarn Taran
Dated, this day of 20-08-2026


# ਬੂਟਾ ਮੌਲਵੀਵਾਲਾ ਵੱਲੋਂ ਸਚਿਨ ਪਾਇਲਟ ਨਾਲ ਮੁਲਾਕਾਤ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)- ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਆਲ ਇੰਡੀਆ ਕਾਂਗਰਸ ਕਮੇਟੀ ਵੱਲੋਂ ਪੰਜਾਬ ਦੇ ਲਗਾਏ ਗਏ ਇੰਚਾਰਜ ਸਚਿਨ ਪਾਇਲਟ ਨਾਲ ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਸੀਨੀਅਰ ਕਾਂਗਰਸੀ ਆਗੂ ਦਵਿੰਦਰਦੀਪ ਸਿੰਘ ਬੂਟਾ ਮੌਲਵੀਵਾਲਾ ਨੇ ਮੁਲਾਕਾਤ ਕਰਕੇ ਮੁਬਾਰਕਬਾਦ ਦਿੱਤੀ। ਇਸ ਦੌਰਾਨ ਉਹਨਾਂ ਚੋਣਾਂ ਨੂੰ ਲੈ ਕੇ ਚਰਚਾ ਕੀਤੀ। ਕਾਂਗਰਸੀ ਆਗੂ ਦਵਿੰਦਰਦੀਪ ਸਿੰਘ ਬੂਟਾ ਮੌਲਵੀਵਾਲਾ ਨੇ ਕਿਹਾ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਹੋ ਰਹੀਆਂ ਵਧੀਕੀਆਂ ਤੋਂ ਪੂਰੀ ਤਰ੍ਹਾਂ ਅੱਕ ਚੁੱਕੇ ਹਨ। ਉਹਨਾਂ ਕਿਹਾ ਕਿ ਰਾਹੁਲ ਗਾਂਧੀ ਦੀ ਅਗਵਾਈ ਵਿੱਚ ਕਾਂਗਰਸ ਲਗਾਤਾਰ ਮਜਬੂਤ ਹੋ ਰਹੀ ਹੈ।


## ਜਲੰਧਰ ਵਿਕਾਸ ਅਥਾਰਟੀ, ਜਲੰਧਰ

ਪਬਲਿਕ ਨੋਟਿਸ

ਆਮ ਪਬਲਿਕ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਪੰਜਾਬ ਰੈਗੂਲੇਸ਼ਨ (ਡ.ਸ.ਨ:252), ਤਹਿਸੀਲ ਤੇ ਜ਼ਿਲ੍ਹਾ ਜਲੰਧਰ ਵਿਖੇ ... ਕਲੋਨੀ NCL City Walk, ਰਕਬਾ 7.181 ਏਕੜ ਦਾ ਲਾਇਸੰਸ ਨੰ: ਜੇਡੀਏ/2023/57, ਮਿਤੀ 31.03.2023, M/s Niranjana Creations of Land Pvt. Ltd., Through Sh. Anil Verma ... NCL/RE/01 Dated 27.03.2023 ... NCL/RE/02 Dated 15.05.2026 ... [illegible]

ਸਹੀ/-ਸਮਰੱਥ ਅਧਿਕਾਰੀ-ਕਮ-ਮੁੱਖ ਪ੍ਰਸ਼ਾਸਕ, ਜੇਡੀਏ, ਜਲੰਧਰ


# ਵਿਜੀਲੈਂਸ ਵੱਲੋਂ 20,000 ਰੁਪਏ ਰਿਸ਼ਵਤ ਲੈਂਦਾ ਪੰਚਾਇਤ ਸਕੱਤਰ ਕਾਬੂ



ਸਨੌਰ /ਪਟਿਆਲਾ (ਰਾਜਿੰਦਰ ਸਿੰਘ ਥਿੰਦ) -ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੌਰਾਨ ਬੀ.ਡੀ.ਪੀ.ਓ. ਦਫ਼ਤਰ ਭੁਨਰਹੇੜੀ, ਜ਼ਿਲ੍ਹਾ ਪਟਿਆਲਾ ਵਿਖੇ ਤਾਇਨਾਤ ਪੰਚਾਇਤ ਸਕੱਤਰ ਗੁਰਜੰਟ ਸਿੰਘ ਨੂੰ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਸਟੇਟ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਭਟੀਆਂ, ਜ਼ਿਲ੍ਹਾ ਪਟਿਆਲਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਗ੍ਰਾਮ ਪੰਚਾਇਤ ਨੇ ਇੱਕ ਸਥਾਨਕ ਧਰਮਸ਼ਾਲਾ ਅਤੇ ਕਮਿਊਨਿਟੀ ਹਾਲ ਦੀ ਮੁਰੰਮਤ ਅਤੇ ਉਸਾਰੀ ਲਈ ਮਤੇ ਪਾਸ ਕੀਤੇ ਸਨ। ਇਹਨਾਂ ਮਤਿਆਂ ਦੀ ਅਗਲੇਰੀ ਕਾਰਵਾਈ ਅਤੇ ਵਿਕਾਸ ਕਾਰਜਾਂ ਲਈ ਪੰਚਾਇਤ ਸਕੱਤਰ ਗੁਰਜੰਟ ਸਿੰਘ ਨੇ 20,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ।ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਜਾਲ ਵਿਛਾਇਆ ਅਤੇ ਮੁਲਜ਼ਮ ਪੰਚਾਇਤ ਸਕੱਤਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ।


## PUBLIC NOTICE

It is hereby notified that I, Vishal Verma, Son of Shankar Verma / Suman Verma, resident of H.No. 5192/40, Kot Harnam Das, Gali No. 8, Sultanwind Road, Amritsar, have lost my original Punjab School Education Board (Marksheet/ Passing Certificate) of Class XII, Roll No. 2020002188, Year of Passing 2020, issued by the Punjab School Education Board (PSEB).If anyone find the same, kindly contact me at Mobile No. +91-7009972700/ Email – vv7617173@gmail.com or return to my above address.I am applying to PSEB for the second copy of certificate. Vishal Verma Contact : +91-7009972700

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ

ਵਿਸ਼ਾ : ਵਿਆਹ ਪੰਜੀਕਰਣ ਸਰਟੀਫਿਕੇਟ ਜਾਰੀ ਕਰਨ ਬਾਰੇ।

ਸ਼ਿਨੇਕਾਰ ਦਾ ਨਾਮ : ਜਸਪ੍ਰੀਤ ਸਰੋਤਾ    ਪਿਤਾ/ਪਤੀ ਦਾ ਨਾਮ : ਪਵਨ ਕੁਮਾਰ

ਪਤਾ: NEAR CHAMAN LAL ATTA CHAKKI VILLAGE WARIANA POST OFFICE NAGRA JALANDHAR, Tehsil - Jalandhar-2 / District - Jalandhar, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਪੰਜੀਕਰਨ ਸਰਟੀਫਿਕੇਟ ਜਾਰੀ ਕਰਨ ਲਈ ਅਪਲਾਈ ਕੀਤਾ ਹੈ ... [illegible]

ਨਾਮ: ਚੇਤਨ ਚੌਕੜੀਆ ਪੱਕਾ ਪਤਾ: HOUSE NO B-1/156 RAVIDASS NAGAR MAQSUDAN PO NEW GRAIN MARKET JALANDHAR , Jalandhar-2, Jalandhar, Punjab ਵਿਦੇਸ਼ੀ ਪਤਾ: VIALE GUGLIELMO MARCONI NO 31 GONZAGA MN ITALY / ... ਐਨ 31 ਗੋਂਜ਼ਾਗਾ ਐਮਐੱਨ ਇਟਲੀ    ਉਮਰ/ਜਨਮ ਮਿਤੀ: 25-(26/03/2001)

ਇਸ਼ਤਿਹਾਰ ਰਾਹੀਂ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ... ਇਤਰਾਜ਼ ... 30 ਦਿਨਾਂ ਦੇ ਅੰਦਰ-ਅੰਦਰ ... [illegible] ... ਮਿਤੀ 09-09-2026 ਨੂੰ ਜਾਰੀ ਹੋਇਆ।

ਰੋਲ 61 /ਨੰਬਰ//MC-2/MA    ਮਿਤੀ 09.09.2026    ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ, ਪੰਜਾਬ, ਭਾਰਤ



## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਨਿ.ਨੰਬਰ :- 136, 137-2026-27-SrDEN-III/FZR    ਮਿਤੀ : 09.09.2026

ਸੀਨੀਅਰ ਮੰਡਲ ਇੰਜੀਨੀਅਰ - ਤੀਸਰੀ/ਫ਼ਿਰੋਜ਼ਪੁਰ, ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਸ਼ੀਰਸ਼ਕ ਵਾਲੀ ਖੁਲੀ ਈ-ਟੈਂਡਰਾ ਮੰਗ ਕਰਦੇ ਹਨ, ਜੋ www.ireps.gov.in ਉਤੇ ਉਪਲਬਧ ਹੈ ਅਤੇਜਿਨ੍ਹਾਂ ਦੀ ਟੈਂਡਰ ਬੰਦ ਹੋਣ ਦੀ ਮਿਤੀ 29.09.2026 ਦੁਪਿਹਰ 15.00 ਵਜੇ ਤਕ ਹੈ । ਟੈਂਡਰਕਰਤਾ ਕੇਵਲ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਅਪਣੀ ਮੂਲ ਜਾਂ ਸੰਸ਼ੋਧਿਤ ਟੈਂਡਰਾ ਪੇਸ਼ ਕਰ ਸਕਣਗੇ । ਇਸ ਟੈਂਡਰ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਸਵੀਕਾਰ ਨਹੀਂ ਕੀਤੇ ਜਾਣਗੇ ਅਤੇ ਪ੍ਰਾਪਤ ਹੋਣ ਵਾਲੇ ਕਿਸੀ ਵੀ ਮੈਨੂੰਅਲ ਪ੍ਰਸਤਾਵ ਉਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ । ਠੇਕੇਦਾਰ ਇਸ ਟੈਂਡਰ ਦੇ ਲਈ ਟੈਂਡਰ ਪ੍ਰਪੱਤਰ ਸ਼ੁਲਕ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਭੁਗਤਾਨ ਦੁਆਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਦੇ ਦੁਆਰਾ ਹੀ ਕਰ ਸਕਣਗੇ । ਡਿਮਾਂਡ ਡਰਾਫਟ, ਚੈਕਰਸ ਚੈਕ, ਜਮਾਂ ਰਸੀਦ, ਐਫ.ਡੀ.ਆਰ. ਆਦਿ ਦੇ ਦੁਆਰਾ ਤੋਂ ਮੈਨੂੰਅਲ ਭੁਗਤਾਨ ਸਵੀਕਾਰ ਕੀਤਾ ਜਾਵੇਗਾ । ਜ਼ਿਆਦਾ ਜਾਣਕਾਰੀ ਦੇ ਲਈ www.ireps.gov.in ਉਤੇ ਲਾਗ ਇਨ ਕਰੋਂ ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
| 07.09.2026 | 15.09.2026 | 29.09.2026/15:00 ਵਜੇ |

| ਲ.ਨੰ: | ਟੈਂਡਰ ਨੰਬਰ | ਟੈਂਡਰ ਦਾ ਵੇਰਵਾ | | |
|---|---|---|---|---|
| 1. | 136-2026-27-SrDEN-III-FZR | ਸਹਾਇਕ ਮੰਡਲ ਇੰਜੀਨੀਅਰ-ਤੀਸਰੀ/ਫ਼ਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਫ਼ਿਰੋਜ਼ਪੁਰ ਡਵੀਜਨ ਦੇ ਨਾਨ-ਇੰਟਰਲਾਕ ਲੇਵਲ-ਕਰੋਸਿੰਗ ਗੇਟਸ (TVU between 10,000 ਤੋਂ 20,000 ਦੇ ਵਿਚ) ਉਤੇ ਗੇਟ ਸਿਗਨਲਿੰਗ ਦੇ ਲਈ 25 ਲੇਵਲ ਕਰੋਸਿੰਗ ਉਤੇ ਰਿਲੇ ਹੱਟ ਦੀ ਵਿਵਸਥਾ, ਟਾਇਪ ਪਲਾਨ ਨੰਬਰ HQ/01/0202017/R-1 ਦੇ ਅਨੁਸਾਰ । | | |
| | ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | 4,54,09,308.70 | 9,08,200.00 | 60 ਦਿਨ | 10ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ - "ਇਮਾਰਤ/ਆਵਾਸ ਦਾ ਨਿਰਮਾਣ ।" | | | |
| 2. | 137-2026-27-SrDEN-III-FZR | ਸਹਾਇਕ ਮੰਡਲ ਇੰਜੀਨੀਅਰ-ਤੀਸਰੀ/ਫ਼ਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਫ਼ਿਰੋਜ਼ਪੁਰ ਡਵੀਜਨ ਅੰਤਰਗਤ (10,000 ਤੋਂ 20,000 ਦੇ ਵਿਚ TVU ਵਾਲੇ) 24 ਨਾਨ-ਇੰਟਰਲਾਕਿੰਗ ਲੇਵਲ-ਕਰੋਸਿੰਗ ਗੇਟਾਂ ਉਤੇ ਗੇਟ ਸਿਗਨਲਿੰਗ ਦੇ ਲਈ ਰਿਲੇ ਹੱਟ ਦੀ ਵਿਵਸਥਾ, ਟਾਇਪ ਪਲਾਨ ਨੰਬਰ NRHQ 0-97/2017R-1 ਦੇ ਅਨੁਸਾਰ । | | |
| | ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | 3,08,03,482.52 | 6,16,100.00 | 60 ਦਿਨ | 08 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ - "ਪ੍ਰੀ-ਕਾਸਟ PSC/RCC ਪੈਨਲ ਤੋਂ ਬਣਿਆ ਕੋਈ ਵੀ ਸਟ੍ਰਕਚਰਲ ਕੰਮ ।" | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਨਗੇ । 2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ ।    3107/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## SARUP INDUSTRIES LIMITED

REGD OFF: P O RAMDASPURA, JALANDHAR-144003
PH: 0181-3551601, CIN: L19113PB1979PLC004014,
Website: www.sarupindustries.com; Email: compliancestl@gmail.com

### ਵੀਡੀਓ ਕਾਨਫਰੰਸਿੰਗ (ਵੀ ਸੀ)/ਹੋਰ ਆਡੀਓ-ਵਿਜ਼ੂਅਲ ਮੀਨਜ਼ (ਓ ਏ ਵੀ ਐੱਮ), ਰਿਮੋਟ ਈ-ਵੋਟਿੰਗ ਜਾਣਕਾਰੀ ਅਤੇ ਕਿਤਾਬ ਬੰਦ ਕਰਨ ਰਾਹੀਂ 47ਵੀਂ ਸਾਲਾਨਾ ਜਨਰਲ ਮੀਟਿੰਗ ਦਾ ਨੋਟਿਸ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਕਾਰਪੋਰੇਟ ਮਾਮਲੇ ਮੰਤਰਾਲਾ (ਐੱਮ ਸੀ ਏ), ਐੱਮ ਸੀ ਏ ਸਰਕੂਲਰ ਅਤੇ ਸੇਬੀ ਸਰਕੂਲਰ ਸਮੂਹਿਕ ਤੌਰ 'ਤੇ ਮਿਤੀ 12 ਮਈ 2020, 15 ਜਨਵਰੀ 2021, 13 ਮਈ 2022 ਅਤੇ 05 ਜਨਵਰੀ 2023 (ਸੇਬੀ ਸਰਕੂਲਰ) ਦੇ ਹਵਾਲੇ ਵਜੋਂ ਜਨਰਲ ਸਰਕੂਲਰ ਮਿਤੀ 8 ਅਪ੍ਰੈਲ 2020, 13 ਅਪ੍ਰੈਲ 2020, 05 ਮਈ 2020, 20 ਸਤੰਬਰ 2020, 31 ਦਸੰਬਰ 2020, 31 ਜਨਵਰੀ 2020, 08 ਦਸੰਬਰ 2021 ਅਤੇ 14 ਦਸੰਬਰ 2021, 02/2022 ਮਿਤੀ 5 ਮਈ 2020 ਅਤੇ 19/2022 ਮਿਤੀ 28 ਦਸੰਬਰ 2020 ਨਾਲ ਪੜ੍ਹੇ ਜਾਂਦੇ ਕੰਪਨੀਜ਼ ਐਕਟ 2013 (ਐਕਟ) ਦੀਆਂ ਲਾਗੂ ਵਿਵਸਥਾਵਾਂ ਅਤੇ ਇਸ ਤਹਿਤ ਬਣੇ ਨਿਯਮਾਂ ਅਤੇ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼, 2015 ਦੀ ਪਾਲਣਾ ਵਿੱਚ ਕੰਪਨੀ ਦੀ 47ਵੀਂ ਸਾਲਾਨਾ ਜਨਰਲ ਮੀਟਿੰਗ (ਏ ਜੀ ਐੱਮ) ਵੀ ਸੀ/ਓ ਏ ਵੀ ਐੱਮ ਰਾਹੀਂ ਬੁੱਧਵਾਰ 30 ਸਤੰਬਰ 2026 ਨੂੰ ਦੁਪਹਿਰ 12.00 ਵਜੇ ਹੋਵੇਗੀ।

ਏ ਜੀ ਐੱਮ ਨੋਟਿਸ ਦੀਆਂ ਇਲੈਕਟ੍ਰਾਨਿਕ ਕਾਪੀਆਂ ਅਤੇ ਸਾਲਾਨਾ ਰਿਪੋਰਟ

ਐੱਮ ਸੀ ਏ ਸਰਕੂਲਰਜ਼ ਅਤੇ ਸੇਬੀ ਸਰਕੂਲਰ ਮਿਤੀ 12 ਮਈ 2020 ਤਹਿਤ ਬਣਾਏ ਗਏ ਨਿਯਮਾਂ ਅਤੇ ਐਕਟ ਦੀ ਪਾਲਣਾ ਵਿੱਚ ਏ ਜੀ ਐੱਮ ਦਾ ਨੋਟਿਸ ਅਤੇ ਵਿੱਤੀ ਸਾਲ 2026 ਦੀ ਸਾਲਾਨਾ ਰਿਪੋਰਟ ਉਨ੍ਹਾਂ ਸਾਰੇ ਮੈਂਬਰਾਂ ਨੂੰ ਭੇਜੀ ਜਾਵੇਗੀ, ਜਿਨ੍ਹਾਂ ਦੇ ਈ-ਮੇਲ ਪਤੇ ਕੰਪਨੀ/ਡਿਪਾਜ਼ਟਰੀ ਪਾਰਟੀਸੀਪੈਂਟਸ ਕੋਲ ਰਜਿਸਟਰਡ ਹਨ। ਸ਼ੇਅਰਧਾਰਕ ਨੋਟ ਕਰਨ ਕਿ ਏ ਜੀ ਐੱਮ ਦਾ ਨੋਟਿਸ ਅਤੇ 2025-26 ਦੀ ਸਾਲਾਨਾ ਰਿਪੋਰਟ ਕੰਪਨੀ ਦੀ ਵੈੱਬਸਾਈਟ www.sarupindustries.com ਅਤੇ ਸਟਾਕ ਐਕਸਚੇਂਜਿਜ਼ ਦੀਆਂ ਵੈੱਬਸਾਈਟਾਂ ਜਿਨ੍ਹਾਂ 'ਤੇ ਕੰਪਨੀ ਦੀ ਇਕੁਇਟੀ ਸ਼ੇਅਰ ਸੂਚੀਬੱਧ ਹਨ, ਅਰਥਾਤ ਬੀ ਐੱਸ ਈ ਲਿਮਟਿਡ www.bseindia.com 'ਤੇ ਵੀ ਉਪਲੱਬਧ ਹੈ।

ਈ-ਮੇਲ ਆਈ ਡੀ ਨੂੰ ਰਜਿਸਟਰ/ਅਪਡੇਟ ਕਰਨ ਦਾ ਤਰੀਕਾ

ਜਿਨ੍ਹਾਂ ਸ਼ੇਅਰਧਾਰਕਾਂ ਨੇ ਅਜੇ ਤੱਕ ਆਪਣੀਆਂ ਈ-ਮੇਲ ਆਈ ਡੀ ਰਜਿਸਟਰ ਨਹੀਂ ਕਰਵਾਈਆਂ, ਨੂੰ ਬੇਨਤੀ ਹੈ ਕਿ ਉਹ ਆਪਣੀਆਂ ਈ-ਮੇਲ ਆਈ ਡੀ ਹੇਠ ਅਨੁਸਾਰ ਰਜਿਸਟਰ ਕਰਵਾਉਣ :

(1) ਭੌਤਿਕ ਮੋਡ 'ਚ ਸ਼ੇਅਰ ਰੱਖਣ ਵਾਲੇ ਸ਼ੇਅਰਧਾਰਕ

ਭੌਤਿਕ ਮੋਡ 'ਚ ਸ਼ੇਅਰ ਰੱਖਣ ਵਾਲੇ ਸ਼ੇਅਰਧਾਰਕ ਅਤੇ ਜਿਨ੍ਹਾਂ ਨੇ ਆਪਣੇ ਈ-ਮੇਲ ਪਤੇ ਅਪਡੇਟ ਨਹੀਂ ਕਰਵਾਏ, ਨੂੰ ਬੇਨਤੀ ਹੈ ਕਿ ਕੰਪਨੀ ਦੇ ਰਜਿਸਟਰਾਰ ਅਤੇ ਸ਼ੇਅਰ ਟਰਾਂਸਫਰ ਏਜੰਟ, ਜੋ ਕਿ ਸਕਾਈਲਾਈਨ ਫਾਈਨੈਂਸ਼ੀਅਲ ਸਰਵਿਸਿਜ਼ ਪ੍ਰਾਈਵੇਟ ਲਿਮਟਿਡ 'ਤੇ http://www.skylinerta.com/, info@skylinerta.com 'ਤੇ ਸ਼ੇਅਰਧਾਰਕ ਦਾ ਨਾਂਅ ਅਤੇ ਪਤਾ ਦਰਸਾਉਂਦੇ ਬੇਨਤੀ ਪੱਤਰ ਦੀਆਂ ਤਸਦੀਕਸ਼ੁਦਾ ਕਾਪੀ ਸਮੇਤ, ਫੋਲੀਓ ਨੰਬਰ, ਸ਼ੇਅਰ ਸਰਟੀਫਿਕੇਟ ਦੀ ਸਕੈਨ ਕੀਤੀ ਕਾਪੀ ਅਤੇ ਪੈਨ ਕਾਰਡ ਦੀ ਸਵੈ-ਤਸਦੀਕਸ਼ੁਦਾ ਕਾਪੀ ਅਤੇ ਕੋਈ ਇਕ ਹੋਰ ਦਸਤਾਵੇਜ਼ (ਜਿਵੇਂ ਡਰਾਈਵਿੰਗ ਲਾਇਸੈਂਸ, ਵੋਟਰ ਕਾਰਡ, ਪਾਸਪੋਰਟ ਦੀ ਕਾਪੀ) ਸ਼ੇਅਰਧਾਰਕ ਦੇ ਪਤੇ ਨੂੰ ਸਮਰਥਨ ਦੇਣ ਲਈ ਭੇਜ ਕੇ ਬੇਨਤੀ ਕਰ ਸਕਦੇ ਹਨ।

(2) ਡੀਮੈਟੀਰੀਅਲਾਈਜ਼ਡ ਮੋਡ 'ਚ ਸ਼ੇਅਰ ਰੱਖਣ ਵਾਲੇ ਸ਼ੇਅਰਧਾਰਕ :

ਸ਼ੇਅਰਧਾਰਕਾਂ ਨੂੰ ਬੇਨਤੀ ਹੈ ਕਿ ਉਹ ਸੰਬੰਧਤ ਡਿਪਾਜ਼ਟਰੀ ਪਾਰਟੀਸੀਪੈਂਟਸ ਨੂੰ ਆਪਣੀ ਈ-ਮੇਲ ਆਈ ਡੀ ਨੂੰ ਰਜਿਸਟਰਡ ਕਰਵਾਉਣ। ਈ-ਮੇਲ ਪਤੇ ਨੂੰ ਰਜਿਸਟਰ ਕਰਵਾਉਣ ਲਈ ਕਿਸੇ ਪੁੱਛਗਿੱਛ/ਮੁਸ਼ਕਿਲ ਲਈ ਸ਼ੇਅਰਧਾਰਕ Skyline at info@skylinerta.com 'ਤੇ ਲਿਖ ਸਕਦੇ ਹਨ।

ਵੀ ਸੀ/ਓ ਏ ਵੀ ਐੱਮ ਰਾਹੀਂ ਏ ਜੀ ਐੱਮ 'ਚ ਹਿੱਸਾ ਲੈਣਾ :

ਸ਼ੇਅਰਧਾਰਕ ਏ ਜੀ ਐੱਮ 'ਚ ਵੀ ਸੀ/ ਓ ਏ ਵੀ ਐੱਮ ਸਹੂਲਤ ਰਾਹੀਂ ਹਾਜ਼ਰੀ ਜਾਂ ਹਿੱਸਾ ਲੈ ਸਕਦੇ ਹਨ, ਜੋ ਕਿ ਕੇਵਲ ਨੈਸ਼ਨਲ ਸਕਿਉਰਟੀਜ਼ ਡਿਪਾਜ਼ਟਰੀ ਲਿਮਟਿਡ (ਐੱਨ ਐੱਸ ਡੀ ਐੱਲ) 'ਤੇ ਉਪਲੱਬਧ ਹੋਵੇਗੀ, ਜਿਸ ਦਾ ਵੇਰਵਾ ਕੰਪਨੀ ਏ ਜੀ ਐੱਮ ਦੇ ਨੋਟਿਸ 'ਚ ਦਿੱਤਾ ਹੋਇਆ।

ਬੋਰਡ ਦੇ ਵਾਸਤੇ ਅਤੇ ਵੱਲੋਂ
ਮਿਤੀ : 08.09.2026    ਸਿਮਰਜੀਤ ਸਿੰਘ ਬਾਵਾ, ਡੀ ਆਈ ਐੱਨ : 0851651
ਸਥਾਨ : ਜਲੰਧਰ    ਮੈਨੇਜਿੰਗ ਡਾਇਰੈਕਟਰ


# ਕਲਾਸੀਫਾਈਡ ਇਸ਼ਤਿਹਾਰ


## Change of Name

I Paramjeet Kaur Wife of Sukhdev Singh Village Sarhali Mandan Tehsil Patti District Tarn Taran Have Changed My Name From Paramjeet Kaur to Parmjit Kaur pl note it.

I Kawaljit Kaur W/o. Sukhwinder Singh, 2660, 10, Rayya, Tehsil Baba Bakala Sahib, Distt. Amritsar, have changed my Name from Kamaljit Kaur to Kawaljit Kaur. Concerned Note.

I, Mohit S/O Vipan Kumar R/O H. No. 22, Gali No.3, New Shaheed Udham Singh Nagar, Amritsar, Punjab have changed my name from Mohit to Mohit Mehra. Concerned note.

I Preeti Sharma W/O Hira Lal R/O Mohalla Nawan Katra Kalanaur (143512) Distt Gurdaspur Punjab Have Changed My Name From Preeti Sharma To Preeti Kalia All Concerned Please Note .

I, Mandeep Singh S/o Jaspal Singh R/o H.No. 633, Near Guru Nanak Pura, Adarsh Nagar Islamabad, Amritsar, Punjab- 143001 have changed my name from Mandeep Singh to Singh is my surname and Mandeep is my given name.

I, Minakshi W/o Rajesh Kumar Sharma D/o Sat Pal Sharma R/o H.No- H5-1851-A, Bharat Nagar, Batala Road, Amritsar, Punjab-143001 have changed my name from Minakshi to Minakshi Sharma.

I Varinder Singh S/O Davinder Singh R/O Handi Shah Vpo Attari Amritsar Have Declared That Varinder Is My Given Name And Singh Is My Surname.

I Charanjeet Singh S/O Malook Singh R/O 54,55, New Gokal Ka Bagh, 100 Ft. Road, Near Diamond Palace, Amritsar Have Declared That Charanjeet Is My Given Name And Singh Is My Surname. All Concerned May Please Note.

I, Pawan Brij Kaur Sarkaria D/o Mohinder Singh Sarkaria W/o Rajinder Singh R/o H.No.5163, Roop Mahal, Ajaib Garh, Dr. Surat Singh Road, Amritsar have changed my name from Pawan Brij Kaur to Pawan Brij Kaur Sarkaria.

I Sukhpal Singh S/O Harpal Singh R/O J18/901, Gali No 3,Kot Mit Singh Tarn Taran Road, Amritsar Have Declare That Singh Is My Surname And Sukhpal Is My Given Name.

I, Soni Chopra D/o Inderjit Lal W/o Mukesh Bhalla R/o House No 164/15, Bhallian Mohalla Patti, Tehsil Patti, District Tarn Taran, Punjab have changed my name from Soni Chopra to Soni Bhalla.

I, Raj Kumar S/O Mohan Lal R/O Vill. Garupar, P.o. Aur, Teh. Nawanshahr, Distt. S.B.S Nagar Pin. 144417, Punjab Have Changed My Name From Raj Kumar To Kumar Raj. (Surname Kumar).

I, Neenu Vinayak W/o Sandeep Kumar R/o 2689, Gali No. No 4, Near Dr Sanjeev Rampal, Tehsil pura , Amritsar (Pb)-143001 have changed my name from Neenu Vinayak to Neenu . Concerned note.

I, Lovepreet Singh S/O Amrik Singh R/O VPO Kalsian Kalan, Tehsil Patti Distt. Tarn Taran hereby inform that Singh is my Surname and Lovepreet is my given name. Concerned please note.

I Ajitpal Singh S/O Jughar Singh R/O Khinda Welding Works, Kapurthala, Punjab Have Changed My Name From Ajitpal Singh To Ajitpal As Given Name And Singh as Surname. Concerned Please Note.

I, Rajesh Randev S/o Darshan Kumar R/o H.No. 63, Bank Colony, Mithapur Road, Jalandhar, Punjab-144003 have changed the name of my minor daughter Taanishtha aged 14 years and she shall hereafter be known as Taanishtha Randev.

I, Manpreet Singh son of Hardayal Singh resident of V.P.O. Qila Lal Singh, Tehsil Batala, District Gurdaspur, Punjab-143505 have changed my name from Manpreet Singh to Given Name Manpreet & Surname as Singh. Concerned Note.

## Change of Name

I, Sheenam Gautam W/O Raghav Arora, R/o T5 100, Homeland Heights, Sector 70, VTC: Mohali, PO: Sector 71, District: SAS Nagar (Mohali), State: Punjab- 160071. have changed my name and shall hereafter be Known as Sheenam Gautam Arora.

I, Yashika W/o Manish Aggarwal, R/o 327/7 Central Town, Jalandhar have changed my name from Yashika to Yashika Aggarwal.

I, Sarbjit Singh S/o Bachan Singh R/o VPO Shahzada Tehsil Majitha District Amritsar have declare that Sarbjit is my Given name and Singh is my Surname.

I, Paramjeet W/o Ram Singh R/o H.No. 7-A, Madhuban Colony, Basti Bawa Khel, Jalandhar, Punjab-144021 have changed my name from Paramjeet to Paramjit Kaur. All concerned please note.

I, Roshani @ Parvinder Kaur W/o Lal Chand R/o Street No. 6, Ravidas Temple, Sarabha Nagar, Pathankot Road, Jalandhar have changed my name to Roshni @ Parvinder Kaur.

I, Toti Ram S/o Jita Ram resident of Village Nangal Farid, PO: Ghorewaha, District Hoshiarpur, Punjab-146116 have changed my name from Toti Ram to Gulzari Ram. Concerned Note.

I Vishal S/O Jaspal R/O Village Dialpur Mallian District Jalandhar Declare That I Have Changed My Name From Vishal To Vishal Vishal. Please Note.

I, Parminder Kaur W/O Kulwinder Singh resident of H No. 690, Preet Nagar Kapurthala that I have changed my name from Parminder Kaur to Parwinder Kaur. Please note.

I, Neelam Rani W/O Surinder Singh, R/o H No 364/A, Mungfali Mandi, Millerganj, Ludhiana, Punjab- 141003. have changed my name and shall hereafter be Known as Baljinder Kaur.

I, Babita Gidda d/o Madan Mohan w/o Ranjit Singh Gidda r/o H.No.869-A, Surya Enclave, Chogitti, Jalandhar, Punjab-144009 changed my name to Babita Trikha. All Please Note.

I, Samsoon c/o Charanjit r/o VPO. Beas Pind, Distt. Jalandhar, Punjab have changed my name from Samsoon to Samsoon Chahal. (Surname as Chahal) All Please Note.

I, Dhruv Sharma s/o Naresh Somnath Sharma r/o Flat No. 404-B, 66 feet road, Jalandhar, Heights-1, Jalandhar have changed my name from Dhruv Sharma to Dhruv Naresh Sharma. All Please Note.

I, Reet Dhruv Sharma w/o Dhruv Naresh Sharma r/o Flat No.404-B, 66 feet road, Jalandhar Heights-1, Jalandhar have changed my name from Reet Dhruv Sharma to Reet Sharma. All Please Note.

I, Baljeet Kour w/o Brij Mohan Singh r/o Room No. 302, C-104, Focal Point, Jalandhar have changed my name to Baljeet Kaur. All Please Note.

I, Surinder Singh S/o Shiv Singh R/o VPO. Rampur Bilron, Tehsil Garhshankar, Distt. Hoshiarpur, Punjab declare that Surinder Singh and Surinder Kumar are the names of one and the same person.

I, Kamaldeep Singh Dhindsa S/o S. Gian Singh Dhindsa R/o VPO. Reru, Tehsil and Distt. Jalandhar, Punjab declare that Kamaldeep Singh Dhindsa, Kamaldeep Singh and Kanwaljit Singh are the names of one and the same person.

I, Surinder Kaur Dhindsa W/o S. Gian Singh R/o VPO. Reru, Tehsil and Distt. Jalandhar, Punjab declare that Surinder Kaur Dhindsa, Surinder Kaur and Surinderjit Kaur are the names of one and the same person.

I, Paramjit Kaur W/o Shiv Lal R/o H.No. 68, Ward No. 46, Ram Sharnam Colony, Basti Danishmanda, Jalandhar, Punjab have changed my name from Paramjit Kaur to Paramjeet. All Please Note.

## ਬੇਦਖਲੀ ਨੋਟਿਸ

ਮੈਂ, ਕ੍ਰਿਸ਼ਨ ਲਾਲ ਪੁੱਤਰ ਦੇਸ ਰਾਜ ਵਾਸੀ ਗੁਰੂਹਰਸਹਾਏ ਤਹਿਸੀਲ ਗੁਰੂਹਰਸਹਾਏ ਜਿਲਾ ਫਿਰੋਜਪੁਰ ਜੋ ਕਿ ਮੇਰਾ ਲੜਕਾ ਅਮਿਤ ਕੁਮਾਰ ਮੇਰੇ ਕਹਿਣ ਤੋਂ ਬਾਹਰ ਹੈ ਅਤੇ ਇਹ ਕਿਸੇ ਪੁਲਿਸ ਕੇਸ ਜਾਂ ਕਿਸੇ ਹੋਰ ਝਗੜੇ ਵਿੱਚ ਫਸ ਜਾਂਦਾ ਹੈ ਤਾਂ ਇਹ ਖੁਦ ਜਿੰਮੇਵਾਰ ਹੋਵੇਗਾ ਮੈਂ ਉਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਵਿਚੋ ਬੇਦਖਲ ਕਰਦਾ ਹਾਂ ਇਸ ਨਾਲ ਕੋਈ ਲੈਣ ਦੇਣ ਕਰੇਗਾ ਤਾ ਉਹ ਖੁਦ ਜਿਮੇਵਾਰ ਹੋਵੇਗਾ।

ਮੈਂ, ਤਰਸੇਮ ਸਿੰਘ ਪੁੱਤਰ ਅਮਰਜੀਤ ਸਿੰਘ ਵਾਸੀ ਪਿੰਡ ਮਾਣੂਕੇ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲਵਪ੍ਰੀਤ ਸਿੰਘ (ਲੱਬਾ) (ਕੁਆਰਾ), ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਮੈਨੂੰ ਅਤੇ ਮੇਰੇ ਪਰਵਾਰ ਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਦਲਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਮੱਟੀਆਂ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਪੁੱਤਰੀ ਦਮਨਪ੍ਰੀਤ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਸੁਜੀਤ ਕੁਮਾਰ ਪੁੱਤਰ ਸ੍ਰੀ ਦਵਿੰਦਰ ਪਾਲ ਅਤੇ ਹਰਪ੍ਰੀਤ ਕੌਰ ਪਤਨੀ ਸੁਜੀਤ ਕੁਮਾਰ ਵਾਸੀ ਪਿੰਡ ਤੇ ਡਾਕਖਾਨਾ ਸਕਰੂਲੀ ਤਹਿਸੀਲ ਗੜ੍ਹਸ਼ੰਕਰ, ਜਿਲ੍ਹਾ ਹੁਸ਼ਿਆਰਪੁਰ ਪੰਜਾਬ ਬਿਆਨ ਕਰਦੇ ਹਾਂ ਕਿ ਮੇਰਾ ਲੜਕਾ ਤੇਜਿੰਦਰ ਸਵੈਨ ਅਤੇ ਨੂੰਹ ਸੰਦੀਪ ਕੌਰ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਉਨ੍ਹਾਂ ਨੂੰ ਆਪਣੀ ਚੱਲ ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੇਕਰ ਉਨ੍ਹਾਂ ਨਾਲ ਕੋਈ ਵੀ ਲੈਣ ਦੇਣ ਕਰੇਗਾ ਤਾਂ ਅਸੀਂ ਉਨ੍ਹਾਂ ਦੇ ਲੈਣ ਦੇਣ ਦੇ ਜ਼ਿੰਮੇਵਾਰ ਨਹੀ ਹੋਵਾਂਗੇ। ਸਬੰਧਤ ਨੋਟ ਕਰਨ।

ਅਸੀਂ, ਬਲਵੀਰ ਸਿੰਘ ਪੁੱਤਰ ਜਸਵੰਤ ਸਿੰਘ ਅਤੇ ਪਰਮਜੀਤ ਕੌਰ ਪਤਨੀ ਬਲਵੀਰ ਸਿੰਘ, ਵਾਸੀ ਪਿੰਡ ਸੰਧੂ ਚੱਠਾ, ਤਹਿਸੀਲ ਵਾ ਜਿਲ੍ਹਾ ਕਪੂਰਥਲਾ, ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੁਖਜਿੰਦਰ ਸਿੰਘ ਅਤੇ ਨੂੰਹ ਸਿਮਰਨ ਕੌਰ, ਜੋ ਕਿ ਸਾਡੇ ਕਹਿਣੇਕਾਰ ਵਿੱਚ ਨਹੀਂ ਹਨ। ਅਸੀਂ ਆਪਣੇ ਉਕਤ ਲੜਕੇ ਸੁਖਜਿੰਦਰ ਸਿੰਘ, ਨੂੰਹ ਸਿਮਰਨ ਕੌਰ ਅਤੇ ਇਨ੍ਹਾਂ ਦੀ ਲੜਕੀ, ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਬਲਵਿੰਦਰ ਕੌਰ ਪਤਨੀ ਜਸਵੀਰ ਸਿੰਘ, ਵਾਸੀ ਮਕਾਨ ਨੰਬਰ 250/16, ਮੁਹੱਲਾ ਮਹਿਤਾਬਗੜ੍ਹ, ਕਪੂਰਥਲਾ, ਪੰਜਾਬ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਿਸ਼ਾਲ ਸਿੰਘ ਅਤੇ ਨੂੰਹ ਪਲਕ, ਜੋ ਕਿ ਮੇਰੇ ਕਹਿਣੇਕਾਰ ਵਿੱਚ ਨਹੀਂ ਹਨ। ਮੈਂ ਆਪਣੇ ਉਕਤ ਲੜਕੇ ਵਿਸ਼ਾਲ ਸਿੰਘ ਅਤੇ ਨੂੰਹ ਪਲਕ, ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਅਨੰਦ ਕੁਮਾਰ ਪੁੱਤਰ ਸ਼੍ਰੀ ਰਾਮ ਰਾਜ ਮਿਸ਼ਰਾ ਅਤੇ ਸ਼ੀਮਤੀ ਸਕੁੰਤਲਾ ਦੇਵੀ ਵਾਸੀ ਗਲੀ ਬੋਹੜੀਸ਼ਾਹ ,ਗੁਰੂ ਅਮਰਦਾਸ ਕਾਲੋਨੀ ਨਰਾਇਣਗੜ੍ਹ ਛੇਹਰਟਾ ਅੰਮ੍ਰਿਤਸਰ ਇਹ ਬਿਆਨ ਕਰਦਾ ਹਾ ਕਿ ਸਾਡਾ ਲੜਕਾ ਸ਼ੁਭਮ ਅਤੇ ਉਸਦੀ ਪਤਨੀ ਜੈਆ ਮੇਰੇ ਕਹਿਣੇ-ਸੁਣਨੇ ਤੋ ਬਾਹਰ ਹੈ। ਇਸ ਨੂੰ ਮੈ ਆਪਣੀ ਚਲ-ਅਚਲ ਜਾਇਦਾਦ ਤੋ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਨ ਕਰਨ ਵਾਲਾ ਖੁਦ ਜਿੰਮੇਦਾਰ ਹੋਵੇਗਾ।

ਮੈਂ, ਅਸ਼ੋਕ ਕੁਮਾਰ ਪੁੱਤਰ ਸ੍ਰੀ ਦਿਆ ਰਾਮ ਵਾਸੀ ਪਿੰਡ ਅਲੀਵਾਲ ਅਰਾਈਆਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਾਕੇਸ਼ ਕੁਮਾਰ ਅਤੇ ਨੂੰਹ ਮਨੀਸ਼ਾ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸਬੰਧਿਤ ਨੋਟ ਕਰਨ।

ਮੈਂ, ਗੁਰਦਿਆਲ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਪੰਡੋਰੀ (ਮਹਿਮਾ), ਡਾਕਖਾਨਾ ਮਹਿਮਾ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪਰਮਜੀਤ ਸਿੰਘ ਉਰਫ ਪੰਮਾ ਅਤੇ ਉਸ ਦੀ ਪਤਨੀ ਵੀਰਪਾਲ ਕੌਰ ਅਤੇ ਦੂਸਰਾ ਲੜਕਾ ਹਰਪ੍ਰੀਤ ਸਿੰਘ ਉਰਫ ਲੱਡੂ ਅਤੇ ਉਸ ਦੀ ਪਤਨੀ ਸ਼ਰਨ ਕੌਰ, ਜੋ ਮੇਰੇ ਅਤੇ ਮੇਰੀ ਪਤਨੀ ਦੇ ਕਹਿਣੇ ਤੋਂ ਬਾਹਰ ਹਨ ਤੇ ਮੇਰੀ ਜਾਇਦਾਦ ਹਥਿਆਉਣ ਲਈ ਸਾਡੇ ਨਾਲ ਲੜਾਈ- ਝਗੜਾ ਕਰਦੇ ਹਨ। ਮੈਂ ਇਨ੍ਹਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਮਿਲਵਰਤਣ ਰੱਖਣ ਵਾਲਾ ਅਤੇ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਜਿਸ ਵਿਚ ਮੇਰੀ ਅਤੇ ਮੇਰੀ ਪਤਨੀ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਕੁਲਵੰਤ ਕੌਰ ਪਤਨੀ ਤਿਲਕ ਰਾਜ ਵਾਸੀ ਗਲੀ ਨੰ: 3/1, ਭਰਾੜੀਵਾਲ ਨੇੜੇ ਜੱਟਾਂ ਵਾਲਾ ਗੁਰਦੁਆਰਾ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸ਼ਮਸ਼ੇਰ ਸਿੰਘ ਅਤੇ ਉਸ ਦੀ ਪਤਨੀ ਪੂਜਾ, ਜੋ ਮੇਰੇ ਕਹਿਣੇ ਤੋਂ ਬਾਹਰ ਹਨ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ ਹੈ।

ਮੈਂ, ਕਮਲਜੀਤ ਉਰਫ ਕਮਲਜੀਤ ਸਿੰਘ ਪੁੱਤਰ ਹਰੀ ਸਿੰਘ ਵਾਸੀ ਪਿੰਡ ਸੀਚੇਵਾਲ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ-144701 ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਨਵਜੋਤ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਸਾਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

## ਆਮ ਸੂਚਨਾ

ਮੈਂ, ਸੁਨੀਤਾ ਰਾਣੀ ਪਤਨੀ ਰਣਜੀਤ ਵਾਸੀ ਅਲਾਹੱਦ ਚੱਕ, ਤਹਿ. ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਦੀ ਰਹਿਣ ਵਾਲੀ ਹਾਂ। ਮੇਰੇ ਲੜਕਾ ਆਰਮਾਨ, ਜਿਸ ਦੇ ਜਨਮ ਸਰਟੀਫਿਕੇਟ ਵਿਚ ਸਪੈਲਿੰਗ Aarmaan ਹੈ, ਬਿਲਕੁਲ ਸਹੀ ਹੈ। ਮੇਰੇ ਲੜਕੇ ਦੇ ਆਧਾਰ ਕਾਰਡ ਵਿਚ ਸਪੈਲਿੰਗ Armaan ਲਿਖੇ ਹਨ, ਜੋ ਕਿ ਗਲਤ ਹਨ। ਹੁਣ ਇਹ ਕਿ ਮੇਰੇ ਲੜਕੇ ਦੇ ਆਧਾਰ ਕਾਰਡ ਵਿਚ ਸਪੈਲਿੰਗ Aarmaan ਕੀਤੇ ਜਾਣ। ਇਹ ਸਹੀ/ਦਰੁਸਤ ਹੈ। ਸੰਬੰਧਤ ਨੋਟ ਕਰਨ।

ਮੈਂ, ਅਰੁਨ ਸ਼ਰਮਾ ਪੁੱਤਰ ਰਾਕੇਸ਼ ਸ਼ਰਮਾ ਵਾਸੀ ਮੇਨ ਸੁਲਤਾਨਵਿੰਡ ਰੋਡ, ਸਾਹਮਣੇ ਸੈਂਟਰਲ ਬੈਂਕ ਆਫ ਇੰਡੀਆ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਸ਼ਰਮਾ ਮੋਬਾਇਲ ਰਿਪੇਅਰ ਦਾ ਪ੍ਰੋਪਰਾਈਟਰ ਹਾਂ ਅਤੇ ਮੇਰਾ ਜੀ ਐੱਸ ਟੀ ਨੰਬਰ 03CITPS6174A1Z2 ਹੈ, ਜੋ ਕਿ ਮੇਰੀ ਉਕਤ ਫਰਮ ਸ਼ਰਮਾ ਮੋਬਾਇਲ ਰਿਪੇਅਰ ਦੇ ਨਾਂਅ 'ਤੇ ਰਜਿਸਟਰਡ ਹੈ। ਮੇਰੇ ਵੱਲੋਂ ਇਸ ਦੀ ਕਦੀ ਦੁਰਵਰਤੋਂ ਨਹੀਂ ਕੀਤੀ ਗਈ। ਜੇਕਰ ਭਵਿੱਖ ਵਿਚ ਮੇਰੇ ਉਕਤ ਜੀ ਐੱਸ ਟੀ ਨੰਬਰ ਦੀ ਕਿਸੇ ਵੱਲੋਂ ਦੁਰਵਰਤੋਂ ਕੀਤੀ ਜਾਂਦੀ ਹੈ ਤਾਂ ਉਹ ਉਸ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਮਿਥੁਨ ਪੁੱਤਰ ਬਰੇਕ ਅਬਦੁਲ ਵਾਸੀ ਜੈਨਾ ਨਗਰ, ਘਾਹ ਮੰਡੀ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੇ ਆਧਾਰ ਕਾਰਡ ਤੇ ਮੇਰੇ ਪਿਤਾ ਦਾ ਸਹੀ ਨਾਮ ਬਰੇਕ ਅਬਦੁਲ ਹੈ। ਮੇਰੇ ਪੰਜਾਬ ਸਕੂਲ ਐਜੂਕੈਸ਼ਨ ਬੋਰਡ ਜਮਾਤ ਪੰਜਵੀ, ਐਡਮੀਸ਼ਨ ਨੰ: 8900 ਸਾਲ 2015, ਜਮਾਤ 8ਵੀਂ ਐਡਮੀਸ਼ਨ ਨੰ: 2006 ਸਾਲ 2018, ਜਮਾਤ 10ਵੀਂ (ਰੋਲ ਨੰ: 1020727588) ਸਾਲ 2020 ਅਤੇ ਜਮਾਤ 12ਵੀਂ (ਰੋਲ ਨੰ: 2022058221) ਸਾਲ 2022 ਦੇ ਸਰਟੀਫਿਕੇਟਾਂ ਵਿੱਚ ਮੇਰੇ ਪਿਤਾ ਦਾ ਨਾਮ ਗਲਤੀ ਨਾਲ ਅਬਦੁਲ ਬਰੇਕ ਲਿਖਿਆ ਗਿਆ ਹੈ, ਜਦਕਿ ਮੇਰੇ ਪਿਤਾ ਦਾ ਸਹੀ ਨਾਮ ਬਰੇਕ ਅਬਦੁਲ ਹੈ।

ਮੁਖਤਿਆਰ ਸਿੰਘ (ਮਹਿੰਦਰ ਸਿੰਘ) ਪੁੱਤਰ ਖਜਾਨ ਸਿੰਘ ਪਿੰਡ ਮੂਨਕ ਏਪੀ17-1309 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਮੂਰਤੀ ਦੇਵੀ ਪਤਨੀ ਪਵਨ ਕੁਮਾਰ ਪਿੰਡ ਮੂਨਕਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ ਹੈ ਤਾਂ 10 ਦਿਨਾ ਵਿੱਚ ਕਰ ਸਕਦਾ ਹੈ। ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਬੰਗਾਂ।

ਅਮਰੀਕ ਸਿੰਘ ਪੁੱਤਰ ਸੰਤੋਖ ਸਿੰਘ, ਪਿੰਡ ਤਰਸਿੱਕਾ (ਅੰਮ੍ਰਿਤਸਰ) ਵਾਲਾ ਟਿਊਬਵੈਲ ਕੁਨੈਕਸ਼ਨ ਏ.ਪੀ. 34/253 ਨੂੰ ਰਾਜਵਿੰਦਰ ਸਿੰਘ ਪੁੱਤਰ ਕਸ਼ਮੀਰ ਸਿੰਘ ਤਰਸਿੱਕਾ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ, ਇਤਰਾਜ਼ 15 ਦਿਨਾਂ ਅੰਦਰ ਦਫਤਰ ਉਪ ਮੰਡਲ ਅਫਸਰ ਬੁਟਾਰੀ ਪੁੱਜਣ ।

ਅਮਰੀਕ ਸਿੰਘ ਪੁੱਤਰ ਸੰਤੋਖ ਸਿੰਘ, ਪਿੰਡ ਤਰਸਿੱਕਾ (ਅੰਮ੍ਰਿਤਸਰ) ਵਾਲਾ ਟਿਊਬਵੈਲ ਕੁਨੈਕਸ਼ਨ ਏ.ਪੀ. 34/0186 ਨੂੰ ਰਾਜਵਿੰਦਰ ਸਿੰਘ ਪੁੱਤਰ ਕਸ਼ਮੀਰ ਸਿੰਘ ਤਰਸਿੱਕਾ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ, ਇਤਰਾਜ਼ 15 ਦਿਨਾਂ ਅੰਦਰ ਦਫਤਰ ਉਪ ਮੰਡਲ ਅਫਸਰ ਬੁਟਾਰੀ ਪੁੱਜਣ ।

ਕਸ਼ਮੀਰ ਸਿੰਘ ਪੁੱਤਰ ਸੰਤੋਖ ਸਿੰਘ, ਪਿੰਡ ਤਰਸਿੱਕਾ (ਅੰਮ੍ਰਿਤਸਰ) ਵਾਲਾ ਟਿਊਬਵੈਲ ਕੁਨੈਕਸ਼ਨ ਏ.ਪੀ. 34/252-ਕੇ ਨੂੰ ਦਲਵਿੰਦਰ ਸਿੰਘ ਪੁੱਤਰ ਕਸ਼ਮੀਰ ਸਿੰਘ ਤਰਸਿੱਕਾ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ, ਇਤਰਾਜ 15 ਦਿਨਾਂ ਅੰਦਰ ਦਫਤਰ ਉਪ ਮੰਡਲ ਅਫਸਰ ਬੁਟਾਰੀ ਪੁੱਜਣ।

ਤਸਦੀਕ ਕੀਤਾ ਜਾਂਦਾ ਹੈ ਏ ਪੀ ਟਿਊਬਵੈੱਲ ਕੁਨੈਕਸ਼ਨ ਖਾਤਾ ਨੰ. ਏ ਪੀ11/1044, ਜੋ ਕਿ ਜੋਗਿੰਦਰ ਸਿੰਘ ਪੁੱਤਰ ਹਜਾਰਾ ਸਿੰਘ ਪਿੰਡ ਦਸਮੇਸ਼ ਨਗਰ ਵਿਖੇ ਚੱਲ ਰਿਹਾ ਹੈ। ਹੁਣ ਇਹ ਨਾਂਅ ਤਬਦੀਲ ਕਰਕੇ ਨਿਰਮਲ ਸਿੰਘ, ਗੁਰਮੁੱਖ ਸਿੰਘ ਪੁੱਤਰ ਮਨਜੀਤ ਸਿੰਘ ਦੇ ਨਾਂਅ 'ਤੇ ਹੋਣ ਲੱਗਾ ਹੈ। ਜੇ ਕਿਸੇ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨ ਦੇ ਅੰਦਰ-ਅੰਦਰ ਸ/ਡ ਫਤਿਹਪੁਰ ਰਾਜਪੂਤਾਂ ਵਿਖੇ ਸੰਪਰਕ ਕਰ ਸਕਦਾ ਹੈ।

## ਨਾਂਅ ਦੀ ਬਦਲੀ

ਮੈਂ, ਸਵਿਤਾ ਰਾਣੀ ਪਤਨੀ ਸਨਦੀਪ ਕੁਮਾਰ ਵਾਸੀ ਮਕਾਨ ਨੰ: 168, ਬੇਅੰਤ ਨਗਰ, ਜਲੰਧਰ ਬਿਆਨ ਕਰਦੀ ਹਾਂ ਕਿ ਮੈਂ ਸਵਿਤਾ, ਸਵਿਤਾ ਰਾਣੀ ਦੇ ਨਾਂਅ ਨਾਲ ਜਾਣੀ ਜਾਂਦੀ ਹਾਂ। ਸਵਿਤਾ ਅਤੇ ਸਵਿਤਾ ਰਾਣੀ ਦੋਵੇਂ ਨਾਂਅ ਮੇਰੇ ਅਤੇ ਇਕ ਵੀ ਵਿਅਕਤੀ ਦੇ ਹਨ।

ਮੈਂ ਲਾਲ ਬਾਬੂ ਪੁੱਤਰ ਸ਼੍ਰੀ ਵਿੰਦੇਸ਼ਵਾਰ ਰਾਮ, ਵਾਸੀ ਮਕਾਨ ਨੰਬਰ 57 ਡੀ, ਗਲੀ ਨੰਬਰ 2, ਨੇੜੇ ਸ਼ਿਵ ਮੰਦਿਰ, ਨਿਊ ਕਿਚਲੂ ਨਗਰ ਪ੍ਰਤਾਪ ਸਿੰਘ ਵਾਲਾ, ਲੁਧਿਆਣਾ ਬਿਆਨ ਕਰਦਾ ਹਾਂ ਕੀ ਮੇਰੇ ਤੇ ਨਾ ਕੋਈ ਮੁਕੱਦਮਾ ਦਰਜ ਹੈ ਅਤੇ ਨਾ ਹੀ ਮੇਰੀ ਕੋਈ ਸਰਕਾਰੀ ਨੌਕਰੀ ਹੈ।ਇਹ ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਲਾਲ ਬਾਬੂ ਤੋਂ ਬਦਲ ਕੇ ਪ੍ਰਿੰਸ ਰਾਮ ਰੱਖ ਲਿਆ ਹੈ। ਸਾਰੇ ਸਕੇ ਸੰਬੰਧੀ ਨੋਟ ਕਰਨ।

ਮੈ ਗੁਰਪ੍ਰੀਤ ਸਿੰਘ ਪੁੱਤਰ ਕੁਲਦੀਪ ਸਿੰਘ ਪਿੰਡ ਗਿੱਲ ਡਾਕਖਾਨਾ ਚਮਿਆਰਾ ਜਿਲਾ ਜਲੰਧਰ ਬਿਆਨ ਕਰਦਾ ਹਾਂ ਕਿ ਮੈ ਆਪਣਾ ਨਾਮ ਗੁਰਪ੍ਰੀਤ ਸਿੰਘ ਤੋਂ ਬਦਲ ਕੇ ਸਿੰਘ ਗੁਰਪ੍ਰੀਤ ਰਖ ਲਿਆ ਹੈ। ਸੰਬੰਧਿਤ ਨੋਟ ਕਰਨ

ਮੈ ਹਰਵਿੰਦਰ ਕੌਰ ਪਤਨੀ ਸਿੰਘ ਗੁਰਪ੍ਰੀਤ ਪਿੰਡ ਗਿੱਲ ਡਾਕਖਾਨਾ ਚਮਿਆਰਾ ਜਿਲਾ ਜਲੰਧਰ ਬਿਆਨ ਕਰਦੀ ਹਾਂ ਕਿ ਮੈ ਆਪਣਾ ਨਾਮ ਹਰਵਿੰਦਰ ਕੌਰ ਤੋਂ ਬਦਲ ਕੇ ਕੌਰ ਹਰਵਿੰਦਰ ਰਖ ਲਿਆ ਹੈ। ਸੰਬੰਧਿਤ ਨੋਟ ਕਰਨ

## PUBLIC NOTICE

We Lal Chand S/o Rattan Chand and Poonam Trehan W/o Lal Chand both Resident of H. No. 149, Ward No. 6, Talab Road, Dasuya, Distt. Hoshiarpur declare that the our Son Harit Trehan is out of our control. So we disinherit him from all our moveable and immoveable properties. we and our family shall not be held responsible for any kind of his act, deed and things related to him. All concerned please note.

## ਪਬਲਿਕ ਨੋਟਿਸ

ਸੂਚਿਤ ਕੀਤਾ ਜਾਂਦਾ ਹੈ ਕਿ ਮੇਰਾ ਇਕ ਮੁਖ਼ਤਿਆਰਨਾਮਾ ਆਮ ਜਸਪਾਲ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਨਜ਼ਦੀਕ ਬੱਸ ਸਟੈਂਡ ਮਜੀਠਾ, ਅੰਮ੍ਰਿਤਸਰ ਪਲਾਟ ਪ੍ਰਾਈਵੇਟ ਨੰਬਰ 55, ਪੈਮਾਇਸ਼ ਲੰਬਾਈ ਚੜ੍ਹਦੇ 61.6 ਫੁੱਟ ਲਹਿੰਦੇ 52 ਫੁੱਟ, ਚੌੜਾਈ ਪਹਾੜ 35.6 ਫੁੱਟ ਅਤੇ ਦੱਖਣ 34.3 ਫੁੱਟ, ਕੁਲ ਰਕਬਾ 220 ਵਰਗ ਗੱਜ ਜਿਸਦੇ ਆਸੇ ਪਾਸੇ ਚੜ੍ਹਦੇ ਪਲਾਟ ਨੰਬਰ 34, ਲਹਿੰਦੇ ਪਲਾਂਟ ਨੰਬਰ 56, ... ਨੰਬਰ 54 ... ਆਬਾਦੀ ... ਅਤੇ ਜਿਲਾ ... ਵਾਸੀ 2 ... ਅੰਮ੍ਰਿਤਸਰ ... ਰਾਮ ਨਗਰ ... 2003 ... ਜਿਲਦ ਨੰ ... 25-08-2026 ... ਗਿਆ ਹੈ ... ਅਧੀਨ ... 2026 ਨੂੰ ... ਮੇਰੇ ਪਤੇ ... 347, ... ਅੰਮ੍ਰਿਤਸਰ, ਮੋਬਾਇਲ 92168-69106. [illegible]

## ਅਦਾਲਤੀ ਇਸ਼ਤਿਹਾਰ

ਬਅਦਾਲਤ ਰਮਨਦੀਪ ਕੌਰ, ਜਾਇੰਟ ਸਬ ਰਜਿਸਟਰਾਰ, ਕਾਦੂਨੰਗਲ, ਜ਼ਿਲ੍ਹਾ ਗੁਰਦਾਸਪੁਰ

ਇੱਕ ਵਸੀਅਤ ... ਗੁਰਮੀਤ ... ਸਿੰਘ ਪੁੱਤਰ ... ਵਾਰਡ ਨੰ. 8 ... ਹੁਸ਼ਿਆਰਪੁਰ ... 29.10.2025 ... ਸਿੰਘ, ... ਸਿੰਘ ਪੁੱਤਰ ... ਵਾਸੀਆਨ ... ਗੁਰਦਾਸਪੁਰ ... ਵਸੀਅਤ ... ਵਾਸੀ ਪਿੰਡ ... (9876816...) ... ਰਜਿਸਟਰੇਸ਼ਨ ਐਕਟ 1908 ... ਇਸ ਦਫ਼ਤਰ ... [illegible]

ਇਸ ਇਸ਼ਤਿਹਾਰ ਰਾਹੀਂ ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ... ਰਿਸ਼ਤੇਦਾਰ ... ਕੋਈ ... ਵਕਾਲਤ ... ਦਿਨਾਂ ਦੇ ... ਕੇ ਪੇਸ਼ ... ਉਜ਼ਰ ... ਜ਼ਾਬਤਾ ... [illegible]

ਇਹ ਇਸ਼ਤਿਹਾਰ ਅੱਜ ਮਿਤੀ 7.9.2026 ਨੂੰ ਮੇਰੇ ਹਸਤਾਖਰਾਂ ਤੇ ਮੋਹਰ ਅਦਾਲਤ ਹੇਠ ਜਾਰੀ ਕੀਤਾ ਗਿਆ।

ਸਹੀ/-ਬ-ਅਦਾਲਤ ਰਮਨਦੀਪ ਕੌਰ, ਜਾਇੰਟ ਸਬ ਰਜਿਸਟਰਾਰ, ਕਾਦੂਨੰਗਲ, ਜ਼ਿਲ੍ਹਾ ਗੁਰਦਾਸਪੁਰ

## COURT NOTICE

(U/o 5 Rule 20 CPC)
In the Court of
Ms. Jasleen Kaur Baweja
Civil Judge Junior Division- 3
Samana, Samana
CNR No. PBPTC0-001100-2025
Next Date:- 25-09-2026
CS/862/2025
State Bank Of India
Vs. Sukhjinder Singh
Publication Issued To:
Sukhjinder Singh S/o Amrik Singh, Village Dwarkapur Ojhan Patti P.O. Badshapur,Tehsil Patran, Distt. Patiala.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 25-09-2026 at 10:00 a.m.

For details logon to https://highcourtchd.gov.in/?mod=district_notice&district=patiala
Civil Judge Junior Division - 3 Samana, Samana
Dated, this day of 08-09-2026

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਨੰਬਰ:- 129-2026-27-DEN-HQ-FZR    ਤਾਰੀਕ : 08.09.2026

ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟਲ ਵਾਲੀਆਂ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 28.09.2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
| 04.09.2026 | 14.09.2026 | 28.09.2026 15:00 ਵਜੇ |

| ਲ. | ਨਿਵਿਦਾ ਸੰਖਿਆ | ਨਿਵਿਦਾ ਦਾ ਵੇਰਵਾ | | |
|---|---|---|---|---|
| 1 | 129-2026-27-DEN-HQ-FZR | ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ ਰੋਡ-ਕਮ-ਰੇਲ ਮੋਬਾਈਲ ਫਲੈਸ਼ ਬਟ ਵੇਲਡਿੰਗ ਪਲਾਂਟ ਦਾ ਇਸਤੇਮਾਲ ਕਰਕੇ TWR (ਥਰੂ ਵੇਲਡ ਰਿਨੂੰਅਲ) ਦਾ ਕੰਮ; ਨਾਲ ਹੀ CTR(P) 1.781 Tkm ਅਤੇ TRR(P) 36.172 Tkm ਦਾ ਕੰਮ ਵੀ ਸ਼ਾਮਲ ਹੈ। ਇਸ ਵਿਚ ਜਲੰਧਰ ਸਿਟੀ-ਫਿਰੋਜਪੁਰ -TRR(P)-17.850 Tkm ਅਤੇ ਲੁਧਿਆਣਾ-ਫਿਰੋਜਪੁਰ-TRR(P)-14.100 Tkm, ਅਤੇ ਜਲੰਧਰ ਸਿਟੀ-ਫਿਰੋਜਪੁਰ ਕੈਂਟ-CTR(P)-7.594 Tkm ਦਾ ਕੰਮ ਸ਼ਾਮਲ ਹੈ। | | |
| | ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | 69036331.56 | 1380700.00 | 60 ਦਿਨ | 12 ਮਹੀਨੇ |
| | ਸਮਾਨ ਨੇਚਰ ਦਾ ਕੰਮ: "ਮੋਬਾਈਲ ਫਲੈਸ਼ ਬਟ ਵੇਲਡਿੰਗ ਪਲਾਂਟ ਨਾਲ ਰੇਲ ਦੀ ਵੇਲਡਿੰਗ" | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

3101/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## YES BANK

ਰਜਿਸਟਰਡ ਅਤੇ ਕਾਰਪੋਰੇਟ ਦਫ਼ਤਰ : ਯੈੱਸ ਬੈਂਕ ਹਾਊਸ, ਆਫ ਵੈਸਟਰਨ ਐਕਸਪ੍ਰੈੱਸ ਹਾਈਵੇਅ, ਸਾਂਤਾਕਰੂਜ਼, ਈਸਟ, ਮੁੰਬਈ-400055
ਬਰਾਂਚ ਦਫ਼ਤਰ : ਪੰਜਾਬ 42 ਮਾਲ ਰੋਡ, ਅੰਮ੍ਰਿਤਸਰ/B-XX2427-928, ਪਹਿਲੀ ਮੰਜ਼ਲ, ਗੋਬਿੰਦ ਨਗਰ, ਫਿਰੋਜ਼ਪੁਰ, ਲੁਧਿਆਣਾ-141001

### ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ

ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐਸੇਟਸ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ।

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਗਰੰਟਰਾਂ ਅਤੇ ਰਹਿਣਕਾਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜ਼ਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫ਼ਸਰ, ਸਕਿਉਰਡ ਕ੍ਰੈਡਿਟਰ ਵੱਲੋਂ ਭੌਤਿਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ, ਸਹਿ-ਕਰਜ਼ਦਾਰ, ਗਰੰਟਰਾਂ ਅਤੇ ਰਹਿਣਕਾਰਾਂ ਤੋਂ ਹੇਠਾਂ ਦਰਸਾਈ ਬਕਾਇਆ ਰਕਮ ਸਮੇਤ ਇਕਰਾਰਨਾਮੇ ਅਨੁਸਾਰ ਹੋਰ ਵਿਆਜ ਅਤੇ ਚਾਰਜਿਜ਼ ਦੀ ਵਸੂਲੀ ਲਈ ਮਿਤੀ 13 ਅਕਤੂਬਰ 2026 ਨੂੰ 'ਜਿੱਥੇ ਹੈ ਜਿਵੇਂ ਹੈ', 'ਜੋ ਹੈ ਜਿਵੇਂ ਹੈ' ਅਤੇ 'ਉੱਥੇ ਜੋ ਵੀ ਹੈ' ਦੇ ਆਧਾਰ 'ਤੇ ਵੇਚੀ ਜਾਵੇਗੀ।

| ਲੜੀ ਨੰ: | ਕਰਜ਼ਦਾਰ ਅਤੇ ਸਹਿ-ਕਰਜ਼ਦਾਰ, ਗਰੰਟਰ ਦਾ ਨਾਂਅ | ਡਿਮਾਂਡ ਨੋਟਿਸ 'ਚ ਰਕਮ | ਜਾਇਦਾਦ ਦਾ ਵੇਰਵਾ | ਰਾਖਵੀਂ ਕੀਮਤ (ਰੁਪਏ) |
|---|---|---|---|---|
| 1. | (1) ਮੈਸਰਜ਼ ਸ਼ਾਂਤੀ ਇੰਟਰਪ੍ਰਾਈਜਜ਼ ਰਾਹੀਂ ਇਸ ਦੇ ਮਾਲਕ ਕਵਿਤਾ ਭੁਟਾਨੀ (ਕਰਜ਼ਦਾਰ) (2) ਮੈਸਰਜ਼ ਭੁਟਾਨੀ ਐਕਸਪੋਰਟਸ ਰਾਹੀਂ ਇਸ ਦੇ ਮਾਲਕ ਸੰਜੀਵ ਭੁਟਾਨੀ (ਸਹਿ-ਕਰਜ਼ਦਾਰ) (3) ਸ੍ਰੀਮਤੀ ਕਵਿਤਾ ਭੁਟਾਨੀ ਪਤਨੀ ਸੰਜੀਵ ਭੁਟਾਨੀ (ਸਹਿ-ਕਰਜ਼ਦਾਰ) | 18 ਸਤੰਬਰ 2024 ਨੂੰ 38,42,775.67/- (ਅਠੱਤੀ ਲੱਖ ਬਿਆਲੀ ਹਜ਼ਾਰ ਸੱਤ ਸੌ ਪਝੱਤਰ ਰੁਪਏ ਅਤੇ ਸਤਾਹਠ ਪੈਸੇ ਕੇਵਲ) | ਸਮੁੱਚਾ ਗੈਰ ਖੇਤੀਬਾੜੀ ਜਾਇਦਾਦ ਅਟੁੱਟ ਹਿੱਸਾ, ਜੋ ਮਕਾਨ ਨੰ: ਬੀ-16-1939, ਰਕਬਾ 125.88 ਵਰਗ ਗਜ਼ ਕੁਲ 251.77 ਵਰਗ ਗਜ਼ ਵਿਚੋਂ, ਖਸਰਾ ਨੰ: 2167/166 ਖਾਤਾ ਨੰ: 924/1175 ਜਮ੍ਹਾਂਬੰਦੀ ਸਾਲ 2011-12 ਅਨੁਸਾਰ, ਪਿੰਡ ਪੀਰੂਬੰਦਾ ਵਿਖੇ ਸਥਿਤ ਐੱਚ ਬੀ ਨੰ: 167, ਆਬਾਦੀ ਗਲੀ ਨੰ: 3, ਪ੍ਰੀਤ ਨਗਰ, ਸੇਵਕਪੁਰਾ ਤਹਿ. ਤੇ ਜ਼ਿਲ੍ਹਾ ਲੁਧਿਆਣਾ ਵਜੋਂ ਜਾਣੀ ਜਾਂਦੀ। ਪੂਰਬ : ਗਵਾਂਢੀ, ਬਾਹੀ 22', ਪੱਛਮ : ਗਲੀ 20' ਚੌੜੀ ਬਾਹੀ 22', ਉੱਤਰ : ਗਵਾਂਢੀ ਬਾਹੀ 103', ਦੱਖਣ : ਪੰਕਜ ਸੂਦ ਬਾਹੀ 103' | ਰੁਪਏ 48,35,000/- ; ਰੁਪਏ 4,83,500/- |
| 2. | (1) ਰਾਮ ਪ੍ਰਕਾਸ਼ ਪੁੱਤਰ ਰਾਮ ਸਰੂਪ (ਕਰਜ਼ਦਾਰ) (2) ਸੁਮਨ ਪਤਨੀ ਰਾਮ ਪ੍ਰਕਾਸ਼ (ਸਹਿ-ਕਰਜ਼ਦਾਰ) | 11 ਅਕਤੂਬਰ 2024 ਨੂੰ 50,95,624.97/- (ਪੰਜਾਹ ਲੱਖ ਪਚਾਨਵੇ ਹਜ਼ਾਰ ਛੇ ਸੌ ਚੌਵੀ ਰੁਪਏ ਅਤੇ ਸਤਾਨਵੇ ਪੈਸੇ ਕੇਵਲ) | ਜਾਇਦਾਦ ਨੰ: 01, ਸਮੁੱਚਾ ਗੈਰ ਖੇਤੀਬਾੜੀ ਜਾਇਦਾਦ ਦਾ ਅਟੁੱਟ ਹਿੱਸਾ, ਜੋ ਕਿ ਮਕਾਨ ਨੰ: ਬੀ-21/1669, ਰਕਬਾ 99 ਵਰਗ ਗਜ਼, ਖਸਰਾ ਨੰ: 4367/417-421-422 ਖਾਤਾ ਨੰ: 1401/1917, ਜਮ੍ਹਾਂਬੰਦੀ ਸਾਲ 2010-11 ਅਨੁਸਾਰ ਪਿੰਡ ਗਿੱਲ ਨੰ. 2 ਵਿਖੇ ਸਥਿਤ, ਐੱਚ ਬੀ ਨੰ: 263, ਆਬਾਦੀ ਜਨਤਾ ਨਗਰ, ਤਹਿ. ਤੇ ਜ਼ਿਲ੍ਹਾ ਲੁਧਿਆਣਾ ਵਜੋਂ ਜਾਣੀ ਜਾਂਦੀ, ਪੂਰਬ ਗਲੀ 20' ਚੌੜੀ ਬਾਹੀ 22'.3", ਪੱਛਮ : ਬਲਵਿੰਦਰ ਸਿੰਘ ਬਾਹੀ 22'.3", ਉੱਤਰ : ਗਵਾਂਢੀ 40', ਦੱਖਣ ਗਵਾਂਢੀ ਬਾਹੀ 40' ਜਾਇਦਾਦ ਨੰ: 02, ਸਮੁੱਚਾ ਗੈਰ ਖੇਤੀਬਾੜੀ ਜਾਇਦਾਦ ਦਾ ਅਟੁੱਟ ਹਿੱਸਾ, ਜੋ ਕਿ ਮਕਾਨ ਨੰ: ਬੀ-21/45, ਰਕਬਾ 100 ਵਰਗ ਗਜ਼, ਖਸਰਾ ਨੰ: 8479/3572/408, 8483/3572/408, 8481/3572/408, 3578/420, 8482/35782/408, 3575/418, 8480/3572/408 ਖਾਤਾ ਨੰ: 618/983 ਤੋਂ 985 ਜਮ੍ਹਾਂਬੰਦੀ ਸਾਲ 2010-11 ਅਨੁਸਾਰ ਪਿੰਡ ਗਿੱਲ ਵਿਖੇ ਸਥਿਤ ਨੰ: 2 , ਐੱਚ ਬੀ ਨੰ: 263, ਆਬਾਦੀ ਜਨਤਾ ਨਗਰ, ਤਹਿ. ਤੇ ਜ਼ਿਲ੍ਹਾ ਲੁਧਿਆਣਾ ਵਜੋਂ ਜਾਣੀ ਜਾਂਦੀ, ਪੂਰਬ : ਗਵਾਂਢੀ ਬਾਹੀ 26'.9" ਪੱਛਮ : ਗਲੀ 15' ਚੌੜੀ ਬਾਹੀ 26'.9", ਉੱਤਰ : ਗਵਾਂਢੀ ਬਾਹੀ 34', ਦੱਖਣ : ਗਵਾਂਢੀ ਬਾਹੀ 34' | ਰੁਪਏ 46,43,000/- ; ਰੁਪਏ 4,64,300/- |

ਈ-ਨਿਲਾਮੀ ਦੀ ਮਿਤੀ ਤੇ ਸਮਾਂ : 13 ਅਕਤੂਬਰ 2026, ਸਵੇਰੇ 11.00 ਵਜੇ ਤੋਂ ਬਾਅਦ ਦੁਪਹਿਰ 2.00 ਵਜੇ ਤੱਕ ਹਰੇਕ 5 ਮਿੰਟ ਦੇ ਵਾਧੇ ਨਾਲ
ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 12 ਅਕਤੂਬਰ 2026, ਸ਼ਾਮ ਦੇ 3.00 ਵਜੇ ਤੱਕ
ਜਾਇਦਾਦ ਦੇ ਨਿਰੀਖਣ ਦੀ ਮਿਤੀ ਤੇ ਸਮਾਂ : 9 ਅਕਤੂਬਰ 2026, ਸਵੇਰੇ 11.00 ਵਜੇ ਤੋਂ ਬਾਅਦ ਦੁਪਹਿਰ 2.00 ਵਜੇ ਤੱਕ

ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ ਬਾਰੇ ਕ੍ਰਿਪਾ ਕਰਕੇ http://10.0.49.5/about-us/media/auction-property ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ www.yesbank.in 'ਤੇ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ।

ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਜਾਂ ਅਚੱਲ ਜਾਇਦਾਦਾਂ/ਸਕਿਉਰਡ ਐਸੇਟਸ ਹਾਸਲ ਕਰਨ 'ਚ ਕਿਸੇ ਮੁਸ਼ਕਲ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਲਿਮਟਿਡ ਦੇ ਸੰਬੰਧਤ ਅਧਿਕਾਰੀਆਂ : ਅਮਿਤ ਸ਼ਰਮਾ 99964-67419 ਜਾਂ ਈਮੇਲ Amit.Sharma62@yesbank.in ਅਤੇ ਮੈਸ. ਈ-ਪ੍ਰੋਕਿਉਰਮੈਂਟ ਟੈਕਨਾਲੋਜੀਜ਼ ਲਿਮਟਿਡ (ਆਕਸ਼ਨ ਟਾਈਗਰ) ਅਹਿਮਦਾਬਾਦ, ਵੈੱਬ ਪੋਰਟਲ ਪਤਾ https://sarfaesi.auctiontiger.net ਬੋਲੀ ਸਮਰਥਨ ਨੰ.+91 9265562821/18 ਅਤੇ 9978591888, 079-68136880/68136837 ਈ-ਮੇਲ : support@auctiontiger.net ਅਤੇ ramprasad@auctiontiger.net ਨਾਲ ਸੰਪਰਕ ਕੀਤਾ ਜਾਵੇ, ਸੰਪਰਕ ਵਿਅਕਤੀ ਸ੍ਰੀ ਰਾਮ ਸ਼ਰਮਾ-99785-91888

ਸਾਰੇ ਬਕਾਏ ਸਮੇਤ ਸਾਡੇ ਵੱਲੋਂ ਸਹਿਨ ਕੀਤੀਆਂ ਗਈਆਂ ਲਾਗਤਾਂ, ਚਾਰਜਿਜ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਨਿਰਧਾਰਤ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕੀਤੇ ਜਾਣ ਦੇ ਮਾਮਲੇ 'ਚ ਐਕਟ ਦੇ ਸੈਕਸ਼ਨ 13 (8) ਤਹਿਤ ਵਿਚਾਰ ਕੀਤੀ ਜਾ ਸਕਦੀ ਹੈ। ਸਕਿਉਰਡ ਐਸੇਟ ਦੀ ਸਾਡੇ ਵੱਲੋਂ ਵਿਕਰੀ ਜਾਂ ਤਬਾਦਲਾ ਕਰਨ ਸੰਬੰਧੀ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

ਕਰਜ਼ਦਾਰ/ਗਰੰਟਰ/ਰਹਿਣਕਾਰ ਲਈ ਵਿਕਰੀ ਨੋਟਿਸ

ਉਪਰੋਕਤ, ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਰੂਲ 9 (1) ਤਹਿਤ, ਜ਼ਿੰਮੇਵਾਰਾਂ ਲਈ ਪ੍ਰਕਾਸ਼ਨਾ ਮਿਤੀ ਤੋਂ 30 ਦਿਨਾਂ ਅੰਦਰ ਅਦਾਇਗੀ ਦਾ ਨੋਟਿਸ ਸਮਝਿਆ ਜਾਵੇ।

ਮਿਤੀ : 10.09.2026    ਸ੍ਰੀ ਅਮਿਤ ਸ਼ਰਮਾ
ਸਥਾਨ : ਲੁਧਿਆਣਾ    ਸਹੀ/- ਅਧਿਕਾਰਤ ਅਫਸਰ


## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਸਾਂਝਾ ਅਧਿਆਪਕ ਮੋਰਚਾ ਨੇ ਮਿਡ-ਡੇ-ਮੀਲ ਬੰਦ ਕਰਨ ਦੀ ਦਿੱਤੀ ਚੇਤਾਵਨੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਾਂਝਾ ਅਧਿਆਪਕ ਮੋਰਚਾ ਪੰਜਾਬ ਜ਼ਿਲ੍ਹਾ ਇਕਾਈ ਹੁਸ਼ਿਆਰਪੁਰ ਦੀ ਇੱਕ ਹੰਗਾਮੀ ਮੀਟਿੰਗ ਜ਼ਿਲ੍ਹਾ ਕੰਨਵੀਨਰ ਪ੍ਰਿਤਪਾਲ ਸਿੰਘ ਚੌਟਾਲਾ, ਜਸਵੀਰ ਤਲਵਾੜਾ, ਸਰਬਜੀਤ ਸਿੰਘ ਕੰਗ, ਸੁਰਜੀਤ ਰਾਜਾ, ਜਤਿੰਦਰ ਸਿੰਘ ਸੈਣੀ, ਉਂਕਾਰ ਸਿੰਘ ਸੂਸ, ਮਨਜੀਤ ਸਿੰਘ ਕਠਾਣਾ ਦੀ ਅਗਵਾਈ ਵਿੱਚ ਹੋਈ ਜਿਸ ਵਿੱਚ ਵਿਚਾਰ ਚਰਚਾ ਕਰਦਿਆਂ ਉਹਨਾਂ ਨੇ ਦੱਸਿਆ ਕਿ ਪੰਜਾਬ ਭਰ ਵਿੱਚ ਸਕੂਲ ਦੇ ਹਜ਼ਾਰਾਂ ਅਧਿਆਪਕ ਪਿਛਲੇ ਤਰ ਮਹੀਨਿਆਂ ਤੋਂ ਆਪਣੇ ਪਲਿਓਂ ਅਤੇ ਉਧਾਰੀ ਸਦਕਾ ਪੰਜਾਬ ਸਰਕਾਰ ਦੇ ਯੂ ਕੇ ਜੀ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਮਿੱਡ-ਡੇ-ਮੀਲ ਖੁਆ ਰਹੇ ਹਨ ਅਤੇ ਮੌਜੂਦਾ ਹਾਲਾਤਾਂ ਵਿੱਚ ਦੁਕਾਨਦਾਰਾਂ ਨੇ ਉਧਾਰ ਰਾਸ਼ਨ ਦੇਣ ਤੋਂ ਇਨਕਾਰ ਕਰਨਾ ਸ਼ੁਰੂ ਕਰ ਦਿੱਤਾ ਹੈ। ਆਗੂਆਂ ਵੱਲੋਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ 30 ਸਤੰਬਰ ਤੱਕ ਜੇਕਰ ਸਰਕਾਰ ਅਤੇ ਸਿੱਖਿਆ ਵਿਭਾਗ ਵੱਲੋਂ ਮਿੱਡ-ਡੇ-ਮੀਲ ਦੀ ਬਕਾਇਆ ਰਾਸ਼ੀ ਜਾਰੀ ਨਹੀਂ ਹੁੰਦੀ ਤਾਂ ਜ਼ਿਲ੍ਹੇ ਭਰ ਦੇ ਅਧਿਆਪਕ ਪਹਿਲੀ ਅਕਤੂਬਰ ਤੋਂ ਰਾਸ਼ੀ ਨਾ ਹੋਣ ਕਰਕੇ ਮਿੱਡ -ਡੇ -ਮੀਲ ਬੰਦ ਕਰਨ ਲਈ ਮਜਬੂਰ ਹੋਣਗੇ ਅਤੇ ਜਿਸ ਦੀ ਜ਼ਿੰਮੇਵਾਰੀ ਸਰਕਾਰ ਅਤੇ ਸਿੱਖਿਆ ਵਿਭਾਗ ਦੀ ਹੋਵੇਗੀ। ਅਧਿਆਪਕ ਆਗੂਆਂ ਨੇ ਕਿਹਾ ਕਿ ਮਿੱਡ -ਡੇ -ਮੀਲ ਸੁਸਾਇਟੀ ਵੱਲੋਂ ਰਾਸ਼ੀ ਨਾ ਦੇਣ 'ਤੇ ਸਕੂਲਾਂ ਵਿੱਚ ਮਿੱਡ-ਡੇ -ਮੀਲ ਜਾਰੀ ਰੱਖਣ ਸੰਬੰਧੀ ਕੋਈ ਵੀ ਪੱਤਰ ਜਾਰੀ ਨਹੀਂ ਕੀਤਾ ਗਿਆ ਹੈ, ਜਿਸ ਸਦਕਾ ਪੰਜਾਬ ਦੇ ਅਧਿਆਪਕ ਪਹਿਲਾਂ ਹੀ ਲੱਖਾਂ ਰੁਪਏ ਦੀ ਉਧਾਰੀ ਚੱਕ ਕੇ ਇਸ ਯੋਜਨਾ ਨੂੰ ਚਲਾ ਰਹੇ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਜੀਵ ਧੂਤ, ਸੁਨੀਲ ਸ਼ਰਮਾ,ਪ੍ਰਿੰਸ ਪਲਿਆਲ ਗੜ੍ਹਦੀਵਾਲਾ, ਵਿਕਾਸ ਸ਼ਰਮਾ, ਰਜਤ ਮਹਾਜਨ, ਅਮਰ ਸਿੰਘ, ਵਰਿੰਦਰ ਵਿੱਕੀ, ਨਰਿੰਦਰ ਅਜਨੋਹਾ, ਅਸ਼ਵਨੀ ਰਾਣਾ, ਰਣਵੀਰ ਸਿੰਘ, ਪਰਮਜੀਤ ਕਾਤਿਲ, ਨਰਿੰਦਰ ਮੰਗਲ, ਸਰਬਜੀਤ ਸਿੰਘ, ਸਤੀਸ਼ ਕੁਮਾਰ, ਜਸਵਿੰਦਰ ਸ਼ੇਰਗੜ, ਉਮੇਸ਼ ਕੁਮਾਰ, ਅਮਰਜੀਤ ਸਿੰਘ, ਨਰੇਸ਼ ਮਿੰਡਾ, ਮਨਜੀਤ ਸਿੰਘ ਬੱਬੀ, ਗੁਰਦੀਪ ਸਿੰਘ ਖੁਣ ਖੁਣ, ਮਨਜਿੰਦਰ ਸਿੰਘ ਢਾਂਡਾ,ਰਣਵੀਰ ਸਿੰਘ, ਸੰਦੀਪ ਕੁਮਾਰ,ਅਸ਼ੋਕ ਕੁਮਾਰ, ਜਸਵੰਤ ਸਿੰਘ,ਸਚਿਨ ਕੁਮਾਰ, ਰਾਜੇਸ਼ ਅਰੋੜਾ, ਬਲਵਿੰਦਰ ਟਾਂਕ, ਪਰਸ ਰਾਮ, ਮਨਜੀਤ ਸਿੰਘ, ਓਂਕਾਰ ਸਿੰਘ,ਮਨੋਜ ਰਤਨ, ਰਾਜ ਕੁਮਾਰ, ਵਰਿੰਦਰ ਸਿੰਘ, ਅਨੂਪਮ ਰਤਨ ਅਤੇ ਕਮਲਦੀਪ ਸਿੰਘ ਆਦਿ ਹਾਜ਼ਰ ਸਨ।

# ਮੇਹਰਚੰਦ ਪੋਲੀਟੈਕਨਿਕ ਵੱਲੋਂ 'ਸਟਾਰ ਸਟੂਡੈਂਟ ਆਫ਼ ਦ ਮੰਥ' ਪਹਿਲਕਦਮੀ ਦੀ ਸ਼ੁਰੂਆਤ

**ਜਲੰਧਰ (ਸ਼ੈਲੀ ਐਲਬਰਟ)**- ਅਧਿਆਪਕ ਦਿਵਸ ਦੇ ਮੌਕੇ 'ਤੇ ਮੇਹਰ ਚੰਦ ਪੌਲੀਟੈਕਨਿਕ ਕਾਲਜ ਦੇ ਇਲੈਕਟ੍ਰਾਨਿਕਸ ਅਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ



(ਈ ਸੀ ਈ) ਵਿਭਾਗ ਵੱਲੋਂ 'ਸਟਾਰ ਸਟੂਡੈਂਟ ਆਫ਼ ਦ ਮੰਥ' ਪਹਿਲਕਦਮੀ ਦੀ ਸ਼ੁਰੂਆਤ ਕੀਤੀ ਗਈ। ਇਹ ਪਹਿਲਕਦਮੀ ਡਾ. ਜਗਰੂਪ ਸਿੰਘ, ਪ੍ਰਿੰਸੀਪਲ, ਦੀ ਯੋਗ ਅਗਵਾਈ ਅਤੇ ਸ਼੍ਰੀ ਮਨੀਸ਼ ਸਚਦੇਵਾ, ਇੰਚਾਰਜ, ਈ.ਸੀ.ਈ. ਵਿਭਾਗ, ਦੀ ਪਹਿਲ ਸਦਕਾ ਸ਼ੁਰੂ ਕੀਤੀ ਗਈ। ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਪੜ੍ਹਾਈ, ਅਨੁਸ਼ਾਸਨ, ਸਰਗਰਮ ਭਾਗੀਦਾਰੀ, ਰਚਨਾਤਮਕਤਾ, ਅਗਵਾਈ ਅਤੇ ਵਿਭਾਗੀ ਗਤੀਵਿਧੀਆਂ ਵਿੱਚ ਯੋਗਦਾਨ ਨੂੰ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕਰਨਾ ਹੈ। ਇਸ ਤਹਿਤ ਪਹਿਲਾ ਸਟਾਰ ਸਟੂਡੈਂਟ ਆਫ਼ ਦ ਮੰਥ-ਅਗਸਤ ਐਵਾਰਡ ਦੂਜੇ ਸਾਲ ਦੇ ਵਿਦਿਆਰਥੀ ਉਮੇਘ ਸਿੰਘ ਅਤੇ ਤੀਜੇ ਸਾਲ ਦੇ ਵਿਦਿਆਰਥੀ ਜੈਦ ਨੂੰ ਪੜ੍ਹਾਈ ਅਤੇ ਅਨੁਸ਼ਾਸਨ ਵਿੱਚ ਚੰਗੀ ਕਾਰਗੁਜ਼ਾਰੀ ਲਈ ਦਿੱਤਾ ਗਿਆ।ਇਸ ਮੌਕੇ ਅਧਿਆਪਕ ਦਿਵਸ ਸਮਾਰੋਹ ਵੀ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਵੱਲੋਂ ਵੱਖ-ਵੱਖ ਮਨੋਰੰਜਕ ਗਤੀਵਿਧੀਆਂ, ਡਾਂਸ ਅਤੇ ਖੇਡਾਂ ਪੇਸ਼ ਕੀਤੀਆਂ ਗਈਆਂ। ਸਮਾਗਮ ਦਾ ਆਯੋਜਨ ਮਿਸ ਪ੍ਰੀਤ ਕੰਵਲ, ਮਿਸ ਮਨਿੰਦਰ ਕੌਰ ਅਤੇ ਮਿਸ ਨਮਰਤਾ, ਲੈਕਚਰਾਰ, ਈ ਸੀ ਈ ਵਿਭਾਗ ਦੀ ਰਹਿਨੁਮਾਈ ਹੇਠ ਕੀਤਾ ਗਿਆ।ਇਸ ਮੌਕੇ ਮਨੀਸ਼ ਸਚਦੇਵਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਪਹਿਲਕਦਮੀ ਵਿਦਿਆਰਥੀਆਂ ਨੂੰ ਵਧੀਆ ਪ੍ਰਦਰਸ਼ਨ ਕਰਨ, ਆਤਮ-ਵਿਸ਼ਵਾਸ ਵਧਾਉਣ ਅਤੇ ਅਕਾਦਮਿਕ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਭਾਗ ਲੈਣ ਲਈ ਪ੍ਰੇਰਿਤ ਕਰੇਗੀ। ਅੰਤ ਵਿੱਚ ਉਨ੍ਹਾਂ ਨੇ ਅਜਿਹੀਆਂ ਪਹਿਲਕਦਮੀਆਂ ਨੂੰ ਉਤਸ਼ਾਹਿਤ ਕਰਨ ਲਈ ਡਾ. ਜਗਰੂਪ ਸਿੰਘ ਪ੍ਰਿੰਸੀਪਲ ਦੇ ਪ੍ਰੇਰਨਾਦਾਇਕ ਮਾਰਗਦਰਸ਼ਨ ਅਤੇ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ।

# ਸਰਕਾਰੀ ਹਸਪਤਾਲ 'ਚ ਨਵੀਂ ਐਕਸ-ਰੇ ਮਸ਼ੀਨ ਦਾ ਉਦਘਾਟਨ

**ਪੋਜੇਵਾਲ (ਰਾਮ ਲਾਲ)**- ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨਾਗਰਿਕਾਂ ਨੂੰ ਉਨ੍ਹਾਂ ਦੇ ਘਰ-ਦੁਆਰ ਨੇੜੇ ਹੀ ਮਿਆਰੀ, ਆਧੁਨਿਕ ਅਤੇ ਬਿਹਤਰ ਸਿਹਤ ਸਹੂਲਤਾਂ ਉਪਲਬਧ ਕਰਵਾਉਣ ਦੀ ਲੜੀ ਤਹਿਤ ਸਰਕਾਰੀ ਹਸਪਤਾਲ ਸੜੋਆ ਵਿਖੇ ਇੱਕ ਵਿਸ਼ੇਸ਼



ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੌਰਾਨ ਹਲਕਾ ਬਲਾਚੌਰ ਤੋਂ ਵਿਧਾਇਕ ਸੰਤੋਸ਼ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਸਰਕਾਰੀ ਹਸਪਤਾਲ ਵਿਖੇ ?10 ਲੱਖ ਦੀ ਲਾਗਤ ਨਾਲ ਸਥਾਪਿਤ ਕੀਤੀ ਗਈ ਨਵੀਂ ਅਤਿ-ਆਧੁਨਿਕ ਐਕਸ-ਰੇ ਮਸ਼ੀਨ ਦਾ ਰਸਮੀ ਉਦਘਾਟਨ ਕਰਕੇ ਇਸ ਨੂੰ ਇਲਾਕਾ ਨਿਵਾਸੀਆਂ ਨੂੰ ਸਮਰਪਤ ਕੀਤਾ। ?ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਸੰਤੋਸ਼ ਕਟਾਰੀਆ ਨੇ ਕਿਹਾ ਕਿ ਹਸਪਤਾਲ ਵਿੱਚ ਇਸ ਆਧੁਨਿਕ ਐਕਸ-ਰੇ ਮਸ਼ੀਨ ਦੇ ਚਾਲੂ ਹੋਣ ਨਾਲ ਇਲਾਕਾ ਵਾਸੀਆਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਵੱਡੀ ਮੰਗ ਪੂਰੀ ਹੋ ਗਈ ਹੈ। ਹੁਣ ਮਰੀਜ਼ਾਂ ਨੂੰ ਸਾਧਾਰਨ ਅਤੇ ਵਿਸ਼ੇਸ਼ ਐਕਸ-ਰੇ ਕਰਵਾਉਣ ਲਈ ਸ਼ਹਿਰਾਂ ਜਾਂ ਮਹਿੰਗੇ ਪ੍ਰਾਈਵੇਟ ਹਸਪਤਾਲਾਂ ਵੱਲ ਰੁੱਖ ਨਹੀਂ ਕਰਨਾ ਪਵੇਗਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਆਮ ਅਤੇ ਲੋੜਵੰਦ ਲੋਕਾਂ ਨੂੰ ਸਸਤੀਆਂ, ਸੁਚਾਰੂ, ਪਾਰਦਰਸ਼ੀ ਅਤੇ ਗੁਣਵੱਤਾ ਭਰਪੂਰ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਪੰਜਾਬ ਸਰਕਾਰ ਦੀ ਸਭ ਤੋਂ ਵੱਡੀ ਪ੍ਰਾਥਮਿਕਤਾ ਹੈ। ਉਦਘਾਟਨੀ ਸਮਾਰੋਹ ਦੌਰਾਨ ਵਿਧਾਇਕ ਕਟਾਰੀਆ ਵੱਲੋਂ 'ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਤਹਿਤ ਬਣਾਏ ਗਏ ?10 ਲੱਖ ਤੱਕ ਦੇ ਮੁਫ਼ਤ ਸਿਹਤ ਬੀਮਾ ਕਾਰਡ ਵੀ ਯੋਗ ਲਾਭਪਾਤਰੀਆਂ ਨੂੰ ਸੌਂਪੇ ਗਏ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਦਾ ਮੁੱਖ ਉਦੇਸ਼ ਹਰ ਪਰਿਵਾਰ ਨੂੰ ਆਰਥਿਕ ਮੁਸੀਬਤਾਂ ਤੋਂ ਮੁਕਤ ਕਰਕੇ ਸੁਰੱਖਿਆ ਪ੍ਰਦਾਨ ਕਰਨਾ ਹੈ, ਤਾਂ ਜੋ ਕਿਸੇ ਵੀ ਐਮਰਜੈਂਸੀ ਜਾਂ ਗੰਭੀਰ ਬੀਮਾਰੀ ਦੀ ਸਥਿਤੀ ਵਿੱਚ ਲੋਕਾਂ ਉੱਤੇ ਮਹਿੰਗੇ ਇਲਾਜ ਦਾ ਬੋਝ ਨਾ ਪਵੇ ਅਤੇ ਉਹ ਮੁਫ਼ਤ ਇਲਾਜ ਦਾ ਲਾਭ ਲੈ ਸਕਣ। ?ਇਸ ਮੌਕੇ ਹਾਜ਼ਰ ਮੁੱਖ ਸ਼ਖ਼ਸੀਅਤਾਂ ਵਿੱਚ ਐੱਸ ਐੱਮ ਓ ਡਾ. ਜਤਿੰਦਰ ਸਿੰਘ ਸਹੋਤਾ, ਮੈਡੀਕਲ ਅਫ਼ਸਰ ਡਾ. ਮੇਘਾ ਕਾਤਿਆਲ, ਮੈਡੀਕਲ ਅਫ਼ਸਰ ਡਾ. ਭੁਪਿੰਦਰ ਸਿੰਘ, ਪਰਮਜੀਤ ਕੌਰ, ਸ਼ਿਵ ਕੁਮਾਰ, ਰੇਡੀਓਗ੍ਰਾਫਰ ਸੋਢੀ ਸਿੰਘ ਅਤੇ ਰੇਡੀਓਗ੍ਰਾਫਰ ਗੁਰਦੀਪ ਸਿੰਘ, ਗੁਰਕੀਰਪਾਲ ਸਿੰਘ ਸੰਧੂ, ਮਨਿੰਦਰਪਾਲ ਸਿੰਘ,, ਬਲਾਕ ਪ੍ਰਧਾਨ ਸਤਨਾਮ ਸਿੰਘ, ਬਲਾਕ ਪ੍ਰਧਾਨ ਕੁਲਦੀਪ ਕੁਮਾਰ, ਮਹਿਲਾ ਵਿੰਗ ਹਲਕਾ ਪ੍ਰਧਾਨ ਗੀਤੂ, ਪਵਨ ਕੁਮਾਰ ਰਿਠੂ, ਸਰਪੰਚ ਰਾਜੀਵ ਕੁਮਾਰ ਅਤੇ ਬਿੰਦਰ ਕੁਮਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਖ਼ਾਲਸਾ ਕਾਲਜ 'ਚ 'ਕੰਟੀਨੀ ਮੰਡੀਰ' ਤਹਿਤ ਪ੍ਰਤਿਭਾ ਖੋਜ ਸਮਾਰੋਹ

**ਮਾਹਿਲਪੁਰ (ਸਰੋਜ)**- ਖੇਤਰ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਕਾਲਜ ਦੇ ਕੰਪਿਊਟਰ ਵਿਭਾਗ ਦੇ ਵਿਸ਼ੇਸ਼ ਯਤਨਾਂ ਨਾਲ 'ਕੰਟੀਨੀ ਮੰਡੀਰ' ਤਹਿਤ ਇਕ ਪ੍ਰਤਿਭਾ ਖੋਜ ਸਮਾਰੋਹ ਕਰਵਾਇਆ ਗਿਆ ਜਿਸ ਵਿੱਚ ਪ੍ਰੋਗਰਾਮ ਸੰਚਾਲਕ ਅਤੇ ਐਂਕਰ ਰਵਨੀਤ ਸਿੰਘ ਅਤੇ ਸਮੂੰਹੀ ਟੀਮ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਦੀ ਅਗਵਾਈ ਹੇਠ ਸਟਾਫ਼ ਵੱਲੋਂ ਅਦਾਕਾਰ ਅਤੇ ਐਂਕਰ ਰਵਨੀਤ ਸਿੰਘ ਦਾ ਸਵਾਗਤ ਕੀਤਾ ਗਿਆ। ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਵੱਲੋਂ ਕਾਲਜ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ ਅਤੇ ਕਾਲਜ ਤੋਂ ਪੜ੍ਹ ਕੇ ਖੇਡਾਂ, ਸਾਹਿਤ ਅਤੇ ਕਲਾ ਖੇਤਰ ਵਿੱਚ ਨਾਮਣਾ ਖੱਟਣ ਵਾਲੀਆਂ ਸ਼ਖ਼ਸੀਅਤਾਂ ਬਾਰੇ ਦੱਸਿਆ ਗਿਆ। ਇਸ ਮੌਕੇ ਰਵਨੀਤ ਸਿੰਘ ਨੇ ਕਾਲਜ ਦੇ ਮੁੱਖ ਖੇਡ ਮੈਦਾਨ ਵਿਚ ਉਤਸ਼ਾਹ ਨਾਲ ਇਕੱਠੇ ਹੋਏ ਵਿਦਿਆਰਥੀਆਂ ਨਾਲ ਆਪਣੇ ਹਸਮੁੱਖ ਅੰਦਾਜ਼ ਵਿੱਚ ਗੱਲਬਾਤ ਕੀਤੀ ਅਤੇ ਵਿਦਿਆਰਥੀਆਂ ਤੋਂ ਉਨ੍ਹਾਂ ਦੀ ਪੜ੍ਹਾਈ, ਕਲਾ ਰੁਚੀਆਂ ਅਤੇ ਜੀਵਨ ਟੀਚਿਆਂ ਬਾਰੇ ਪੁੱਛਿਆ। ਇਸ ਮੌਕੇ ਕਾਲਜ ਦੇ ਕਰੀਬ ਸੱਤਰ ਵਿਦਿਆਰਥੀਆਂ ਨੇ ਭੰਗੜਾ, ਗਿੱਧਾ, ਸਕਿੱਟ, ਮਿਮਿਕਰੀ, ਗਾਇਕੀ, ਡਾਂਸ, ਸ਼ਬਦ ਗਾਇਨ ਆਦਿ ਸਮੇਤ ਵੱਖ ਵੱਖ ਪ੍ਰਤਿਭਾਵਾਨ ਕਲਾਵਾਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।



ਐਂਕਰ ਰਵਨੀਤ ਸਿੰਘ ਨੇ ਵਿਦਿਆਰਥੀਆਂ ਨਾਲ ਗੱਲਬਾਤ ਦੌਰਾਨ ਆਪਣੀ ਹਾਜ਼ਰ ਜਵਾਬੀ ਭਰੀਆਂ ਟਿੱਪਣੀਆਂ ਨਾਲ ਦਰਸ਼ਕਾਂ ਦਾ ਖੂਬ ਮਨੋਰੰਜਨ ਕੀਤਾ। ਇਸ ਉਪਰੰਤ ਕਾਲਜ ਵੱਲੋਂ ਰਵਨੀਤ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਉਨ੍ਹਾਂ ਕਾਲਜ ਵਿੱਚ ਵਿਦਿਆਰਥੀਆਂ ਵੱਲੋਂ ਰੱਖੇ ਅਨੁਸ਼ਾਸਨ ਦੀ ਸ਼ਲਾਘਾ ਕੀਤੀ। ਸਨਮਾਨ ਸਮਾਰੋਹ ਮੌਕੇ ਮੰਚ ਦੀ ਕਾਰਵਾਈ ਡਾ ਜੇ ਬੀ ਸੇਖੋਂ ਨੇ ਚਲਾਈ। ਸਮਾਰੋਹ ਮੌਕੇ ਕੰਪਿਊਟਰ ਵਿਭਾਗ ਦੇ ਮੁਖੀ ਅਤੇ ਪ੍ਰੋਗਰਾਮ ਕਨਵੀਨਰ ਪ੍ਰੋ ਗੁਰਪ੍ਰੀਤ ਕੌਰ, ਕੋ- ਕਨਵੀਨਰ ਪ੍ਰੋ ਸੰਦੀਪ ਕੌਰ, ਕੋ-ਕਨਵੀਨਰ ਪ੍ਰੋ ਮਨਪ੍ਰੀਤ ਸਿੰਘ, ਪ੍ਰੋ ਜਸਵਿੰਦਰ ਸਿੰਘ, ਡਾ ਬਲਵੀਰ ਕੌਰ, ਡਾ ਜਤਿੰਦਰ ਕੁਮਾਰ, ਪ੍ਰੋ ਸ਼ਵੇਤਾ, ਪ੍ਰੋ ਵਰਿੰਦਰ ਕੁਮਾਰ,ਪ੍ਰੋ ਰਜਿੰਦਰ ਪ੍ਰਸਾਦ ਆਦਿ ਸਮੇਤ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਟੀਚਰਜ਼ ਡੇ ਮੌਕੇ ਅਧਿਆਪਕਾਂ ਦੀਆਂ ਤਨਖਾਹਾਂ ਵਧਾਉਣ ਦਾ ਐਲਾਨ

**ਫਗਵਾੜਾ (ਡਾ. ਰਮਨ)**- ਗੁਰੂ ਰਵਿਦਾਸ ਕੋ-ਐਜੂਕੇਸ਼ਨ ਕਾਲਜ ਹੁਸ਼ਿਆਰਪੁਰ ਰੋਡ ਫਗਵਾੜਾ ਦੇ ਵਿਦਿਆਰਥੀਆਂ ਵੱਲੋਂ ਸਿੱਖਿਆ ਦੇ ਨਾਲ-ਨਾਲ ਸੱਭਿਆਚਾਰਕ ਗਤੀਵਿਧੀਆਂ ਅਤੇ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਜਾ ਰਿਹਾ ਹੈ। ਵਿਦਿਆਰਥੀਆਂ ਦੀਆਂ ਇਨ੍ਹਾਂ ਪ੍ਰਾਪਤੀਆਂ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਟੀਚਰਜ਼ ਡੇ ਮੌਕੇ ਆਯੋਜਿਤ ਸਮਾਗਮ ਦੌਰਾਨ ਗੈਸਟ ਆਫ ਆਨਰ ਵਜੋਂ ਪਹੁੰਚੇ ਸੰਤੋਸ਼ ਸਰਮਾ ਨੇ ਵਿਦਿਆਰਥੀਆਂ ਦੀ ਹੌਂਸਲਾ-ਅਫ਼ਜ਼ਾਈ ਕੀਤੀ ਅਤੇ ਉਨ੍ਹਾਂ ਨੂੰ ਭਵਿੱਖ ਲਈ ਸ਼ੁੱਭ ਇੱਛਾਵਾਂ ਦਿੱਤੀਆਂ ਹਨ। ਇਸ ਦੌਰਾਨ ਸੰਤੋਸ਼ ਸਰਮਾ ਨੇ ਕਾਲਜ ਦੇ ਵਿਕਾਸ ਅਤੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਅਧਿਆਪਕਾਂ ਨੂੰ ਵਿਸ਼ੇਸ਼ ਤੋਹਫ਼ੇ ਦੇ ਕੇ ਸਨਮਾਨਤ ਕੀਤਾ। ਜਦਕਿ ਗਿੱਧਾ ਟੀਮ ਨੂੰ ਨਗਦ ਇਨਾਮ ਦੇ ਨਾਲ ਨਵਾਜਿਆ। ਜਦਕਿ ਕਾਲਜ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਯੂ.ਸੀ. ਸਰੋਆ ਨੇ ਡਾਇਰੈਕਟਰ ਐਜੂਕੇਸ਼ਨ ਤੇ ਮੁੱਖ ਅਧਿਆਪਕਾਂ ਦੀ ਤਨਖਾਹ ਵਿੱਚ 15 ਫ਼ੀਸਦੀ ਜਦਕਿ ਬਾਕੀ ਅਧਿਆਪਕਾਂ ਦੀ ਤਨਖਾਹ ਵਿੱਚ 10 ਫ਼ੀਸਦੀ ਵਾਧਾ ਕਰਨ ਦਾ ਐਲਾਨ ਕੀਤਾ ਗਿਆ। ਵਧੇਰੇ ਜਾਣਕਾਰੀ ਦਿੰਦੇ ਹੋਏ ਕਾਲਜ ਦੇ ਡਾਇਰੈਕਟਰ ਐਜੂਕੇਸ਼ਨ ਡਾ. ਨੀਲਮ ਸੇਠੀ ਨੇ ਦੱਸਿਆ ਕਿ ਕਾਲਜ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਕਾਲਜ ਦੀ ਗਿੱਧਾ ਟੀਮ ਨੇ ਸਵੱਛਤਾ ਅਭਿਆਨ ਸੁਸਾਇਟੀ ਫਗਵਾੜਾ ਅਤੇ ਸ਼ਨੀ ਮੰਦਰ ਵੱਲੋਂ ਕਰਵਾਏ ਗਏ ਸੱਭਿਆਚਾਰਕ ਪ੍ਰੋਗਰਾਮ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 46 ਟੀਮਾਂ ਵਿੱਚੋਂ 'ਆਊਟਸਟੈਂਡਿੰਗ ਗਿੱਧਾ' ਐਵਾਰਡ ਹਾਸਲ ਕੀਤਾ। ਉਨ੍ਹਾਂ ਦੱਸਿਆ ਕਿ



ਮਹਾਰਾਜਾ ਰਣਜੀਤ ਸਿੰਘ ਸਪੋਰਟਸ ਐਂਡ ਕਲਚਰਲ ਸੁਸਾਇਟੀ ਵੱਲੋਂ ਪਿਛਲੇ ਦਿਨੀਂ ਕਰਵਾਏ ਗਏ 'ਧੀਆਂ ਦਾ ਮੇਲਾ' ਸਮਾਗਮ ਵਿੱਚ ਵੀ ਕਾਲਜ ਦੀ ਗਿੱਧਾ ਟੀਮ ਨੇ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਕਾਲਜ ਦੀਆਂ ਵਿਦਿਆਰਥਣਾਂ ਨੇ ਵੱਖ-ਵੱਖ ਖਿਤਾਬ ਵੀ ਹਾਸਲ ਕੀਤੇ। ਡਾ. ਨੀਲਮ ਸੇਠੀ ਨੇ ਦੱਸਿਆ ਕਿ ਕਾਲਜ ਵੱਲੋਂ ਕਰਵਾਏ ਗਏ ਟੀਚਰਜ਼ ਡੇ ਸਮਾਗਮ ਦੌਰਾਨ ਵੀ ਗਿੱਧਾ ਟੀਮ ਨੇ ਸ਼ਾਨਦਾਰ ਪੇਸ਼ਕਾਰੀ ਦਿੱਤੀ। ਕਾਲਜ ਪ੍ਰਿੰਸੀਪਲ ਗੁਰਜੀਤ ਕੌਰ ਨੇ ਦੱਸਿਆ ਕਿ ਯੂਨੀਵਰਸਿਟੀ ਦੇ ਨਤੀਜਿਆਂ ਵਿੱਚ ਵੀ ਕਾਲਜ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।

# ਚਰਨਜੀਤ ਚੰਨੀ ਦਾ ਧਾਰਮਿਕ ਟਰੈਕ 'ਮੇਰੇ ਗੁਰੂ ਰਵਿਦਾਸ' ਰਿਲੀਜ਼

**ਨਕੋਦਰ (ਮਨਜੀਤ ਮਾਨ)**- ਵਿਸ਼ਵ ਪ੍ਰਸਿੱਧ ਪੰਜਾਬੀ ਲੋਕ ਗਾਇਕ ਚਰਨਜੀਤ ਚੰਨੀ ਦਾ ਧਾਰਮਿਕ ਟਰੈਕ 'ਮੇਰੇ ਗੁਰੂ ਰਵਿਦਾਸ' ਜੀ ਕੇ ਰਿਟਲੀ ਰਿਕਾਰਡਜ਼ ਅਤੇ ਗੋਪੀ ਕਲੇਰ ਰਿਟਲੀ ਦੀ ਨਿਰਦੇਸ਼ਨਾ ਹੇਠ ਵੱਡੇ ਪੱਧਰ ਤੇ ਰਿਲੀਜ਼ ਕੀਤਾ ਗਿਆ ਹੈ। ਇਸ ਗੀਤ ਨੂੰ ਸ਼ਬਦਾਂ ਦੀ ਮਾਲਾ ਵਿੱਚ ਗੀਤਕਾਰ ਸੋਨੂੰ ਪ੍ਰਸਾਰ੍ਹਨ ਨੇ ਪਿਰੋਇਆ ਹੈ ਤੇ ਸੰਗੀਤਕ ਧੁਨਾਂ ਨਾਲ ਸ਼ਿੰਗਾਰਿਆ ਹੈ ਹਰੀ ਅਮਿਤ ਨੇ। ਇਸ ਗੀਤ ਦੀ ਵੀਡੀਓਗ੍ਰਾਫੀ ਮੁਨੀਸ਼ ਅਗਰਵਾਲ ਵੱਲੋਂ ਕੀਤੀ ਗਈ ਹੈ। ਚਰਨਜੀਤ ਚੰਨੀ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਇਸ ਭਜਨ ਨੂੰ ਸੁਰੀਲੀ ਆਵਾਜ਼ ਤੇ ਸ਼ਰਧਾ ਭਾਵਨਾ ਨਾਲ ਗਾਇਆ ਗਿਆ ਹੈ। ਆਸ ਕਰਦੇ ਹਾਂ ਕਿ ਵਿਸ਼ਵ ਭਰ ਵਿੱਚ ਵਸਦੀਆਂ ਸ੍ਰੀ ਗੁਰੂ ਰਵਿਦਾਸ ਨਾਮਲੇਵਾ ਸੰਗਤਾਂ 'ਮੇਰੇ ਗੁਰੂ ਰਵਿਦਾਸ' ਭਜਨ ਦਾ ਭਰਪੂਰ ਅਨੰਦ ਮਾਨਣਗੀਆਂ।

ਗਾਇਕ ਚਰਨਜੀਤ ਚੰਨੀ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਧਾਰਮਿਕ ਟਰੈਕ 'ਮੇਰੇ ਗੁਰੂ ਰਵਿਦਾਸ' ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।

# ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਦੀ ਨਿੰਦਾ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਜੈ ਭੀਮ ਯੂਨਾਈਟਡ ਵੁਆਇਸ ਆਫ ਪੰਜਾਬ ਦੇ ਫਾਊਂਡਰ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਮੁੱਖ ਬੁਲਾਰੇ ਤੇ ਦੋਆਬਾ ਜ਼ੋਨ ਦੇ ਇੰਚਾਰਜ ਡਾ. ਹਰਜਿੰਦਰ ਸਿੰਘ ਜੱਖੂ ਨੇ ਲੁਧਿਆਣਾ ਬਾਈਪਾਸ ਵਿਖੇ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੇ ਬੁੱਤ ਦੀ ਕੀਤੀ ਗਈ ਬੇਅਦਬੀ ਦੀ ਸਖ਼ਤ ਨਿਖੇਧੀ ਕੀਤੀ। ਇਸ ਦੇ ਨਾਲ ਹੀ ਡਾ. ਜੱਖੂ ਨੇ ਲੁਧਿਆਣਾ ਵਿਧਾਨ ਸਭਾ ਹਲਕੇ ਦੇ ਪਿੰਡ ਡੁਗਰੀ ਵਿਖੇ ਦਲਿਤ ਗੁਲਜ਼ਾਰ ਸਿੰਘ ਵੱਲੋਂ ਕੀਤੀ ਗਈ ਖ਼ੁਦਕੁਸ਼ੀ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਸ ਮਾਮਲੇ ਵਿੱਚ ਸਰਕਾਰ ਨੂੰ ਨਿਰਪੱਖ ਜਾਂਚ ਕਰਵਾਉਣੀ ਚਾਹੀਦੀ ਹੈ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣਾ ਚਾਹੀਦਾ ਹੈ।

# ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਮੀਟਿੰਗ


**ਫਿਲੌਰ (ਨਿਰਮਲ)**- ਸ਼੍ਰੋਮਣੀ ਅਕਾਲੀ ਦਲ ਹਲਕਾ ਫਿਲੌਰ ਵੱਲੋਂ ਮੁੱਖ ਦਫ਼ਤਰ ਵਿਖੇ ਸਾਬਕਾ ਵਿਧਾਇਕ ਬਲਦੇਵ ਸਿੰਘ ਖਹਿਰਾ ਦੀ ਅਗਵਾਈ ਹੇਠ ਪਾਰਟੀ ਦੀ ਚੜ੍ਹਦੀ ਕਲਾ ਅਤੇ ਆਉਣ ਵਾਲੀਆਂ ਪਾਰਟੀ ਗਤੀਵਿਧੀਆਂ ਸਬੰਧੀ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਹਲਕੇ ਦੇ ਵੱਖ-ਵੱਖ ਸਰਕਲਾਂ ਦੇ ਪ੍ਰਧਾਨ ਸਾਹਿਬਾਨ ਅਤੇ ਮੁੱਖ ਅਹੁਦੇਦਾਰਾਂ ਨੇ



ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।ਮੀਟਿੰਗ ਦੌਰਾਨ ਪਾਰਟੀ ਨੂੰ ਹੋਰ ਮਜ਼ਬੂਤ ਕਰਨ, ਜਥੇਬੰਦੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਸਰਗਰਮ ਬਣਾਉਣ ਅਤੇ ਆਉਣ ਵਾਲੀਆਂ ਗਤੀਵਿਧੀਆਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਹਰਜਿੰਦਰ ਸਿੰਘ ਲੱਲੀਆਂ, ਜਸਵੀਰ ਸਿੰਘ ਰੁੜਕਾ, ਮੋਹਣ ਸਿੰਘ ਕੰਡਿਆਣਾ, ਅਮਰਜੀਤ ਸਿੰਘ, ਅਮਰੀਕ ਸਿੰਘ ਅਤੇ ਹੋਰ ਵੱਡੀ ਗਿਣਤੀ ਵਿੱਚ ਮੈਂਬਰ ਅਤੇ ਅਹੁਦੇਦਾਰ ਹਾਜ਼ਰ ਸਨ।

# ਐੱਸ ਡੀ ਓ ਨੇ ਕਾਰਜਭਾਰ ਸੰਭਾਲਿਆ

**ਅੱਡਾ ਸਰਾਂ (ਜਸਵੀਰ ਕਾਜਲ)**- ਪੀ ਐੱਸ ਪੀ ਸੀ ਐੱਲ ਕੰਧਾਲਾਂ ਜੱਟਾ ਵਿਖੇ ਇੰਜੀਨੀਅਰ ਤਜਿੰਦਰ ਸਿੰਘ ਨੇ ਉਪ ਮੰਡਲ ਅਫ਼ਸਰ ਵਜੋਂ ਅਹੁਦਾ ਸੰਭਾਲਿਆ ਹੈ। ਜਾਇੰਟ ਐਕਸ਼ਨ ਕਮੇਟੀ ਦੇ



ਪ੍ਰਧਾਨ ਸ਼ਿਵ ਦਾਸ ਸਿੰਘ ,ਚੰਨਪ੍ਰੀਤ ਸਿੰਘ ਆਰ ਏ, ਇੰਜ.ਸਤਵਿੰਦਰ ਸਿੰਘ ਜੇ. ਈ., ਇੰਜ. ਹਰਦੀਪ ਸਿੰਘ ਜੇ. ਈ.,ਪ੍ਰਧਾਨ ਰਣਜੀਤ ਸਿੰਘ, ਗੁਲਜ਼ਾਰ ਸਿੰਘ, ਅਮਰਜੀਤ ਕੌਰ, ਨੀਰਜ ਕੌਰ, ਹਰਪ੍ਰੀਤ ਸਿੰਘ,ਮਨਦੀਪ ਸਿੰਘ, ਸੰਦੀਪ ਸਿੰਘ, ਮਨੀ ਕੁਮਾਰ ਆਦਿ ਨੇ ਉਨ੍ਹਾਂ ਦਾ ਸਵਾਗਤ ਕੀਤਾ । ਕਾਰਜਭਾਰ ਸੰਭਾਲਣ ਤੋਂ ਬਾਅਦ ਇੰਜ. ਤਜਿੰਦਰ ਸਿੰਘ ਨੇ ਦੱਸਿਆ ਕਿ ਪੀ ਐੱਸ ਪੀ ਸੀ ਐੱਲ ਦੇ ਹਰੇਕ ਵਰਗ ਦੇ ਖ਼ਪਤਕਾਰ ਤੱਕ ਪੂਰੀ ਤੇ ਨਿਰਵਿਘਨ ਬਿਜਲੀ ਪਹੁੰਚਾਉਣੀ ਉਨ੍ਹਾਂ ਦਾ ਮੁੱਖ ਉਦੇਸ਼ ਰਹੇਗਾ । ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਲੰਘ ਰਹੀਆਂ ਬਿਜਲੀ ਦੀਆਂ ਲਾਈਨਾਂ ਤੋਂ ਦਰੱਖਤਾਂ ਦਾ ਸਹੀ ਫਾਸਲਾ ਰੱਖਿਆ ਜਾਵੇ ।

# ਸਾਬੀ ਅਠੌਲੀ ਬਣੇ ਸ੍ਰੀ ਗੁਰੂ ਰਵਿਦਾਸ ਟਾਈਗਰ ਫੋਰਸ ਦੇ ਦੁਆਬਾ ਜ਼ੋਨ ਦੇ ਪ੍ਰਧਾਨ

**ਨਕੋਦਰ, ਨੂਰਮਹਿਲ (ਮਨਜੀਤ ਮਾਨ, ਬਾਲ ਕ੍ਰਿਸ਼ਨ ਬਾਲੀ)**- ਸ੍ਰੀ ਗੁਰੂ ਰਵਿਦਾਸ ਟਾਈਗਰ ਫੋਰਸ ਪੰਜਾਬ ਵੱਲੋਂ ਜਥੇਬੰਦੀ ਦਾ ਵਿਸਥਾਰ ਕਰਦੇ ਹੋਏ ਤਜਿੰਦਰ ਕੁਮਾਰ ਸਾਬੀ ਅਠੌਲੀ ਨੂੰ ਦੁਆਬਾ ਜ਼ੋਨ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ । ਇਸ ਮੌਕੇ ਤੇ ਉਹਨਾਂ ਦੇ ਸੀਨੀਅਰ ਆਗੂਆਂ ਨੇ ਸਾਬੀ ਅਠੌਲੀ ਨੂੰ ਫੁੱਲਾਂ ਦੇ ਹਾਰ ਪਾ ਕੇ ਤੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਨਵ ਨਿਯੁਕਤ ਦੁਆਬਾ ਪ੍ਰਧਾਨ



ਸਾਬੀ ਅਠੌਲੀ ਨੇ ਕਿਹਾ ਕਿ ਉਹ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਦਰਸਾਏ ਮਾਰਗ ਤੇ ਚਲਦੇ ਹੋਏ ਸਮਾਜ ਦੀ ਸੇਵਾ ਕਰਨਗੇ ਅਤੇ ਜਥੇਬੰਦੀ ਨੂੰ ਮਜਬੂਤ ਕਰਨਗੇ। ਉਹਨਾਂ ਨੇ ਜਥੇਬੰਦੀ ਹਾਈ ਕਮਾਂਡ ਦਾ ਵੀ ਧੰਨਵਾਦ ਕੀਤਾ।ਇਸ ਮੌਕੇ ਪਹੁੰਚੇ ਹੋਏ ਆਗੂਆਂ ਵਿੱਚ ਚੇਅਰਮੈਨ ਜਸ ਵਰਨਾ, ਮਨਦੀਪ ਜੱਸਲ, ਮੋਹਨ ਲਾਲ ਭਟੋਆ, ਅਜੇ ਮੱਲ, ਪ੍ਰੇਮ ਜ਼ਿਲ੍ਹਾ ਪ੍ਰਧਾਨ, ਸਾਬੀ ਗਿਰਨ, ਆਸ਼ੂ ਪਾਲੀ, ਜੱਸਾ ਘੁੰਮਣ, ਸੀਪਾ ਉਮਰਪੁਰ, ਦੀਪੂ ਉਮਰਪੁਰ, ਮਨੀ ਖਲਵਾੜਾ, ਸ਼ੁਭਮ ਫਗਵਾੜਾ, ਸ਼ੇਰਾ, ਗੌਰਵ ਬੰਗਾ, ਬਲਰਾਜ ਬੱਲੀ, ਗਿੰਨੀ ਖੇੜਾ, ਭਿੰਦਾ ਘੁੰਮਣ, ਸ਼ਿੰਦਾ ਘੁੰਮਣ, ਦੀਪਾ ਭਗਤਪੁਰ ਆਦਿ ਸਾਰੇ ਵੀਰ ਮੌਜੂਦ ਸਨ।

# ਛਿੰਝ ਮੇਲੇ 'ਚ ਜੇਤੂ ਪਹਿਲਵਾਨਾਂ ਨੂੰ ਪੰਜ ਸਪਲੈਂਡਰ ਮੋਟਰਸਾਈਕਲ ਦਿੱਤੇ

**ਬੰਗਾ (ਅਵਤਾਰ ਕਲੇਰ)**- ਬੰਗਾ ਹਲਕੇ ਦੇ ਪਿੰਡ ਗਹਿਲ ਮਜਾਰੀ ਵਿਖੇ ਗੁੱਗਾ ਜਾਹਰ ਪੀਰ ਅਤੇ ਸਿਕੰਡੀ ਪੀਰ ਦੀ ਯਾਦ ਚ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਲਾਨਾ ਛਿੰਝ ਮੇਲਾ ਬੜੀ ਧੂਮ ਧਾਮ ਨਾਲ ਕਰਵਾਇਆ ਗਿਆ। ਇਸ ਛਿੰਝ ਮੇਲੇ 'ਚ ਪੰਜਾਬ ਹੀ ਨਹੀਂ ਬਲਕਿ ਹੋਰ ਰਾਜਾਂ ਤੋਂ ਚੋਟੀ ਦੇ ਪਹਿਲਵਾਨਾਂ ਵੱਲੋਂ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਗਿਆ। 100 ਤੋਂ ਵੱਧ ਆਮ ਕੁਸ਼ਤੀਆਂ ਕਰਵਾਉਣ ਉਪਰੰਤ ਪਟਕੇ ਦੀਆਂ ਕੁਸ਼ਤੀਆਂ ਕਰਵਾਈਆਂ ਗਈਆਂ ਜਿਨਾਂ ਵਿੱਚ ਰਾਜੂ ਰਾਈਏਵਾਲ, ਚੀਨੂ ਰਾਈਏਵਾਲ ਅਤੇ ਗੁਰਜੀਤ ਮਕਲੋੜ ਨੇ ਆਪਣੇ ਵਿਰੋਧੀਆਂ ਨੂੰ ਚਿੱਤ ਕਰਕੇ ਹੀਰੋ ਹਾਂਡਾ ਸਪਲੈਂਡਰ ਮੋਟਰਸਾਈਕਲ ਅਤੇ ਟਰਾਫੀਆਂ ਹਾਸਲ ਕੀਤੀ। ਇਸ ਦੇ ਨਾਲ ਹੀ ਦੋ ਹੋਰ ਮੋਟਰਸਾਈਕਲ ਪਹਿਲਵਾਨਾਂ ਨੂੰ ਦੇ ਕੇ ਨਿਵਾਜਿਆ ਗਿਆ। ਇਨਾਮਾਂ ਦੀ ਵੰਡ ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ, ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਅਤੇ ਵਾਈਸ ਚੇਅਰਮੈਨ ਜ਼ਿਲ੍ਹਾ ਐੱਸ ਸੀ ਵਿੰਗ, ਪਵਨਜੀਤ ਸਿੰਘ ਸਿੱਧੂ ਹਲਕਾ ਸੰਗਠਨ ਇੰਚਾਰਜ ਬੰਗਾ ਨੇ ਸਾਂਝੇ ਤੌਰ ਤੇ ਕੀਤੀ। ਛਿੰਝ ਕਮੇਟੀ ਚੇਅਰਮੈਨ ਚਰਨਜੀਤ ਸਿੰਘ ਝੱਜ, ਮੁੱਖ ਸੇਵਾਦਾਰ ਚੇਲਾ ਭਜਨ ਰਾਮ, ਪ੍ਰੈੱਸ ਸਕੱਤਰ ਹੁਸਨ



ਲਾਲ, ਦਾਰਾ ਰਾਮ ਪੰਚ, ਸੰਸਾਰ ਚੰਦ, ਸੋਢੀ ਰਾਮ, ਸੁਰਿੰਦਰ ਪਾਲ, ਬਲਵਿੰਦਰ ਸਿੰਘ ਝੱਜ, ਮੱਖਣ ਸਿੰਘ ਝੱਜ, ਬਿੰਦਰ ਢੋਲੀ, ਚੂੜਾ ਰਾਮ ਮੰਗੀ, ਲਸ਼ਕਰੀ ਰਾਮ, ਲਾਲਾ ਰਾਮ ਲਿੱਦੜਾ, ਪਰਸ਼ੋਤਮ ਲਾਲ ਜਸਪ੍ਰੀਤ ਸਿੰਘ ਸ਼ੇਰਾ, ਸੀਮਾ ਟਡਵਾਰ,ਪਰਮਿੰਦਰ ਕੁਮਾਰ ਤੇ ਨਿਰਮਲ ਰਾਮ ਤੋਂ ਇਲਾਵਾ ਹੋਰ ਪਿੰਡ ਵਾਸੀ ਤੇ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਦਰਸ਼ਕ ਮੌਜੂਦ ਰਹੇ। ਛਿੰਝ ਮੇਲੇ ਦੌਰਾਨ ਛੋਟੀਆਂ ਬੱਚੀਆਂ ਨੇ ਵੀ ਜਮਨਾਸਟਿਕ ਦੇ ਜੋਹਰ ਵਿਖਾ ਕੇ ਦਰਸ਼ਕਾਂ ਨੂੰ ਮੋਹ ਲਿਆ।

# ਅਧਿਆਪਕ ਦਿਵਸ ਉਤਸ਼ਾਹ ਨਾਲ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਜਲੰਧਰ ਦੇ ਪੋਸਟ ਗ੍ਰੈਜੂਏਟ ਕਾਮਰਸ ਵਿਭਾਗ ਨੇ ਅਧਿਆਪਕ ਦਿਵਸ ਬਹੁਤ ਹੀ ਉਤਸ਼ਾਹ ਅਤੇ ਸ਼ਾਨ ਨਾਲ ਮਨਾਇਆ।


ਇਹ ਸਮਾਗਮ ਅਧਿਆਪਕਾਂ ਦਾ ਸਨਮਾਨ ਕਰਨ ਅਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਬਣਾਉਣ ਵਿੱਚ ਅਧਿਆਪਕਾਂ ਦੀ ਅਨਮੋਲ ਭੂਮਿਕਾ ਨੂੰ ਯਾਦ ਕਰਨ ਲਈ ਆਯੋਜਿਤ ਕੀਤਾ ਗਿਆ ਸੀ। ਇਸ ਸਮਾਰੋਹ ਵਿਚ ਮੁਖ ਮਹਿਮਾਨ ਵਜੋਂ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਸ਼ਾਮਿਲ ਹੋਏ ਜਿਨ੍ਹਾਂ ਦਾ ਸਵਾਗਤ, ਕਾਮਰਸ ਵਿਭਾਗ ਦੇ ਮੁਖੀ ਪ੍ਰੋ. ਅਮਿਤਾ ਸ਼ਾਹਿਦ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਵਲੋਂ ਕੀਤਾ ਗਿਆ।



ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਸੰਬੋਧਨ ਕਰਦੇ ਹੋਏ ਅਧਿਆਪਕ ਦਿਵਸ ਦੀਆਂ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਅਧਿਆਪਕ ਸੱਚੇ ਰਾਸ਼ਟਰ ਨਿਰਮਾਤਾ ਹਨ ਜੋ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਉੱਚਤਮ ਸਮਰੱਥਾ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਕਿਹਾ ਕਿ ਕਾਲਜ ਹਮੇਸ਼ਾ ਅਕਾਦਮਿਕ ਉੱਤਮਤਾ, ਮੁੱਲ-ਅਧਾਰਤ ਸਿੱਖਿਆ ਅਤੇ ਸੰਪੂਰਨ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਨੇ ਕਾਮਰਸ ਵਿਭਾਗ ਦੀ ਇਸਦੇ ਅਕਾਦਮਿਕ ਮਾਹੌਲ ਲਈ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਦੀ ਦਿਲੋਂ ਇਹ ਸਮਾਗਮ ਮਨਾਉਣ ਲਈ ਪ੍ਰਸ਼ੰਸਾ ਕੀਤੀ। ਇਸ ਮੌਕੇ ਵਿਭਾਗ ਦੇ ਮੁਖੀ ਪ੍ਰੋ.ਅਮਿਤਾ ਸ਼ਾਹਿਦ ਨੇ ਪ੍ਰਿੰਸੀਪਲ ਡਾ. ਸੰਧੂ ਪ੍ਰਤੀ ਉਨ੍ਹਾਂ ਦੀ ਨਿਰੰਤਰ ਅਗਵਾਈ ਅਤੇ ਮਾਰਗਦਰਸ਼ਨ ਲਈ ਧੰਨਵਾਦ ਪ੍ਰਗਟ ਕੀਤਾ। ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ, ਵਿਭਾਗ ਮੁਖੀ ਪ੍ਰੋ. ਅਮਿਤਾ ਸ਼ਾਹਿਦ ਅਤੇ ਫੈਕਲਟੀ ਮੈਂਬਰਾਂ ਦੀ ਮੌਜੂਦਗੀ ਵਿੱਚ ਕੇਕ ਕੱਟਣ ਦੀ ਰਸਮ ਵੀ ਕੀਤੀ ਗਈ। ਵਿਦਿਆਰਥੀਆਂ ਨੇ ਨਿੱਘੀਆਂ ਸ਼ੁਭਕਾਮਨਾਵਾਂ ਅਤੇ ਫੁੱਲਾਂ ਦੇ ਗੁਲਦਸਤੇ ਦੇ ਕੇ ਅਧਿਆਪਕਾਂ ਪ੍ਰਤੀ ਆਪਣਾ ਪਿਆਰ ਅਤੇ ਧੰਨਵਾਦ ਪ੍ਰਗਟ ਕੀਤਾ ।

# ਰੰਧਾਵਾ ਨੇ ਯੂਥ ਆਗੂਆਂ ਨਾਲ ਕੀਤੀ ਮੀਟਿੰਗ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ, ਸਕੱਤਰ, ਹਲਕਾ ਕੋਆਰਡੀਨੇਟਰ ਅਤੇ ਵੱਖ-ਵੱਖ ਬਲਾਕਾਂ ਦੇ



ਪ੍ਰਧਾਨਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਹਲਕੇ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰਨ, ਨੌਜਵਾਨਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਉਣ ਅਤੇ ਜਥੇਬੰਦੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਸਰਗਰਮ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਨੌਜਵਾਨਾਂ ਨਾਲ ਸੰਬੰਧਤ ਵੱਖ-ਵੱਖ ਮੁੱਦਿਆਂ 'ਤੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਵਿਧਾਇਕ ਰੰਧਾਵਾ ਨੇ ਕਿਹਾ ਕਿ ਨੌਜਵਾਨ ਸਾਡੇ ਸਮਾਜ ਅਤੇ ਸੂਬੇ ਦੀ ਤਰੱਕੀ ਦੀ ਸਭ ਤੋਂ ਵੱਡੀ ਤਾਕਤ ਹਨ। ਇਸ ਲਈ ਨੌਜਵਾਨਾਂ ਨੂੰ ਉਸਾਰੂ ਗਤੀਵਿਧੀਆਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣਾ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਨਾ ਸਾਡੀ ਮੁੱਖ ਜ਼ਿੰਮੇਵਾਰੀ ਹੈ।ਉਨ੍ਹਾਂ ਯੂਥ ਆਗੂਆਂ ਨੂੰ ਹਦਾਇਤ ਕੀਤੀ ਕਿ ਉਹ ਹਲਕੇ ਦੇ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਨੌਜਵਾਨਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ ਅਤੇ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਨੂੰ ਲੋਕਾਂ ਤੱਕ ਪਹੁੰਚਾਉਣ।ਵਿਧਾਇਕ ਰੰਧਾਵਾ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਨੌਜਵਾਨਾਂ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਕਰਦਿਆਂ ਹਲਕੇ ਵਿੱਚ ਪਾਰਟੀ ਦੀ ਜਥੇਬੰਦਕ ਸਰਗਰਮੀ ਨੂੰ ਹੋਰ ਗਤੀ ਦਿੱਤੀ ਜਾਵੇਗੀ।

# ਕਾਂਗਰਸ ਵੱਲੋਂ ਕੇਂਦਰ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ

**ਜਲੰਧਰ (ਇਕਬਾਲ ਸਿੰਘ ਉਭੀ)**- ਕਾਂਗਰਸ ਵਲੋ ਕੇਂਦਰ ਸਰਕਾਰ ਖਿਲਾਫ ਸਾਂਸਦ ਸ.ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਿੱਚ ਜਲੰਧਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਹ ਰੋਸ ਪ੍ਰਦਰਸ਼ਨ ਉਤਰਾਖੰਡ ਦੇ ਹਲਦਵਾਨੀ ਵਿਖੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਿਕਾਰਜੁਨ ਖੜਗੇ ਵਲੋ ਜੋ ਰੈਲੀ ਕੀਤੀ ਗਈ ਸੀ ਉਸ ਤੋ ਬਾਅਦ ਉਸ ਜਗਾ ਦਾ ਗੰਗਾਜਲ ਨਾਲ ਸ਼ੁਧੀਕਰਨ ਕੀਤਾ ਗਿਆ ।ਇਸ ਮੌਕੇ ਚੰਨੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਆਵਾਜ਼ ਉਠਾਉਣ ਨੂੰ ਲੈ ਕੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਦੇ ਖ਼ਿਲਾਫ਼



ਐਫ ਆਈ ਆਰ ਦਰਜ ਕੀਤੀ ਗਈ ਜੋ ਕਿ ਸਰਾਸਰ ਧੱਕਾ ਹੈ।ਕੇਂਦਰ ਸਰਕਾਰ ਦੇ ਖਿਲਾਫ ਕੀਤਾ ਗਿਆ ਰੋਸ ਪ੍ਰਦਰਸ਼ਨ, ਹਲਦਵਾਨੀ ਵਿਖੇ ਕਾਂਗਰਸ ਦੀ ਰੈਲੀ ਵਾਲੀ ਥਾਂ ਤੇ ਗੰਗਾ ਜਲ ਨਾਲ ਕਥਿਤ ਸ਼ੁੱਧੀਕਰਨ ਦੀ ਰਸਮ ਕੀਤੀ ਗਈ ਹੈ।ਇਸ ਪੂਰੇ ਮਾਮਲੇ ਵਿੱਚ ਆਵਾਜ ਬੁਲੰਦ ਕਰਨ ਨੂੰ ਲੈ ਕੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਦੇ ਖਿਲਾਫ ਐਫ ਆਈ ਆਰ ਦਰਜ ਕਰ ਦਿੱਤੀ ਗਈ, ਕਾਂਗਰਸ ਇਹ ਐਫ ਆਈ ਆਰ ਰੱਦ ਕਰਨ ਦੀ ਪੁਰਜ਼ੋਰ ਮੰਗ ਕਰਦੀ ਹੈ।ਇਸ ਮੌਕੇ ਸਾਬਕਾ ਉਪ ਮੁੱਖ ਮੰਤਰੀ ਅਤੇ ਸਾਂਸਦ ਸੁਖਜਿੰਦਰ ਸਿੰਘ ਰੰਧਾਵਾ, ਮੁਹੰਮਦ ਸਦੀਕ ਸਾਬਕਾ ਸਾਂਸਦ, ਪ੍ਰਗਟ ਸਿੰਘ ਸਾਬਕਾ ਮੰਤਰੀ , ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆਂ ਵਿਧਾਇਕ ਅਤੇ ਪ੍ਰਧਾਨ ਜ਼ਿਲ੍ਹਾ ਕਾਂਗਰਸ ਦਿਹਾਤੀ, ਰਜਿੰਦਰ ਬੇਰੀ ਪ੍ਰਧਾਨ ਜਿਲਾ ਕਾਂਗਰਸ ਸ਼ਹਿਰੀ, ਸੁਖਵਿੰਦਰ ਸਿੰਘ ਕੋਟਲੀ ਵਿਧਾਇਕ, ਅਵਤਾਰ ਸਿੰਘ ਜੂਨੀਅਰ ਬਾਵਾ ਹੈਨਰੀ ਵਿਧਾਇਕ , ਰਜਿੰਦਰ ਸਿੰਘ ਸਾਬਕਾ ਐਸ ਐਸ ਪੀ ਹਲਕਾ ਇੰਚਾਰਜ ਕਰਤਾਰਪੁਰ, ਨਵਜੋਤ ਸਿੰਘ ਦਾਹੀਆ ਹਲਕਾ ਇੰਚਾਰਜ ਨਕੋਦਰ, ਸੁਰਿੰਦਰ ਕੌਰ ਹਲਕਾ ਇੰਚਾਰਜ ਜਲੰਧਰ ਵੈਸਟ, ਸੁਰਿੰਦਰ ਚੌਧਰੀ ਸਾਬਕਾ ਵਿਧਾਇਕ, ਬਲਵਿੰਦਰ ਸਿੰਘ ਧਾਲੀਵਾਲ ਵਿਧਾਇਕ, ਸੰਤੋਖ ਸਿੰਘ ਭਲਾਈਪੁਰ ਸਾਬਕਾ ਵਿਧਾਇਕ, ਮਹਿਲਾ ਕਾਂਗਰਸ, ਯੂਥ ਕਾਂਗਰਸ , ਸੇਵਾ ਦਲ, ਕੌਂਸਲਰ , ਸਾਬਕਾ ਕੌਂਸਲਰ, ਦਿਹਾਤੀ ਅਤੇ ਸ਼ਹਿਰੀ ਦੇ ਬਲਾਕ ਪ੍ਰਧਾਨ, ਸੈਲਾਂ ਦੇ ਚੇਅਰਮੈਨ, ਸਰਪੰਚ, ਸਾਬਕਾ ਸਰਪੰਚ, ਜ਼ਿਲ੍ਹਾ ਪ੍ਰੀਸ਼ਦ ਦੇ ਮੈਂਬਰ , ਬਲਾਕ ਸੰਮਤੀਆ ਦੇ ਮੈਂਬਰ ਸਮੇਤ ਕਾਂਗਰਸੀ ਆਗੂ ਅਤੇ ਵਰਕਰ ਮੌਜੂਦ ਸਨ ।

# ਭਾਰਤੀ ਜਵਾਨ ਕਿਸਾਨ ਪਾਰਟੀ ਦੀ ਮੀਟਿੰਗ

**ਪੋਜੇਵਾਲ (ਰਾਮ ਲਾਲ)**- ਭਾਰਤੀ ਜਵਾਨ ਕਿਸਾਨ ਪਾਰਟੀ (ਬੀ ਜੇ ਕੇ ਪੀ) ਦੀ ਨੈਸ਼ਨਲ ਪੱਧਰੀ ਮੀਟਿੰਗ ਦੌਰਾਨ ਪਾਰਟੀ ਆਗੂਆਂ ਨੇ ਦੇਸ਼ ਦੀ ਮੌਜੂਦਾ ਰਾਜਨੀਤਿਕ ਸਥਿਤੀ ਅਤੇ ਆਉਣ ਵਾਲੀਆਂ ਚੋਣਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ। ਮੀਟਿੰਗ ਵਿੱਚ ਆਗੂਆਂ ਨੇ ਕਿਹਾ ਕਿ ਦੇਸ਼ ਦੀ ਰਾਜਨੀਤੀ ਨੂੰ ਅਜਿਹੇ ਨਵੇਂ ਅਤੇ ਮਜ਼ਬੂਤ ਵਿਕਲਪ ਦੀ ਲੋੜ ਹੈ, ਜੋ ਨੌਜਵਾਨਾਂ, ਕਿਸਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ ਦੀ ਆਵਾਜ਼ ਬਣ ਸਕੇ। ਪਾਰਟੀ ਆਗੂਆਂ ਨੇ ਕਿਹਾ ਕਿ ਸਾਲ 2027 ਸਿਰਫ਼ ਇੱਕ ਚੋਣਾਂ ਦਾ ਸਾਲ ਨਹੀਂ, ਸਗੋਂ ਲੋਕਾਂ ਲਈ ਰਾਜਨੀਤੀ ਵਿੱਚ ਨਵੀਂ ਦਿਸ਼ਾ ਚੁਣਨ ਦਾ ਮੌਕਾ ਹੋਵੇਗਾ। ਇਸ ਨੂੰ ਧਿਆਨ ਵਿੱਚ ਰੱਖਦਿਆਂ ਪਾਰਟੀ ਵੱਲੋਂ ਹੁਣ ਤੋਂ ਹੀ ਜ਼ਮੀਨੀ ਪੱਧਰ 'ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ, ਲੋਕਾਂ ਨਾਲ ਸਿੱਧਾ ਸੰਪਰਕ ਵਧਾਉਣ ਅਤੇ ਆਉਣ ਵਾਲੀਆਂ ਚੋਣਾਂ ਲਈ ਯੋਗ ਉਮੀਦਵਾਰਾਂ ਦੀ ਚੋਣ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਬੀ ਜੇ ਕੇ ਪੀ ਦੇ ਪੰਜਾਬ ਪ੍ਰਧਾਨ ਇੰਜੀ. ਦਲਜੀਤ ਸਿੰਘ ਸੈਣੀ ਨੇ ਕਿਹਾ ਕਿ ਪਾਰਟੀ ਵੱਲੋਂ ਪੰਜਾਬ ਦੇ ਲੋਕਾਂ ਲਈ 32 ਗਰੰਟੀਆਂ ਤਿਆਰ ਕੀਤੀਆਂ ਗਈਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਇਹ ਗਰੰਟੀਆਂ ਪੰਜਾਬ ਵਾਸੀਆਂ ਦੀਆਂ ਅਸਲ ਅਤੇ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀਆਂ ਗਈਆਂ ਹਨ। ਇਸ ਨੈਸ਼ਨਲ ਮੀਟਿੰਗ ਵਿੱਚ ਨੈਸ਼ਨਲ ਪ੍ਰਧਾਨ ਸਦਾ ਮੋਹਨ ਰਾਓ, ਪੰਜਾਬ ਪ੍ਰਧਾਨ ਇੰਜੀ. ਦਲਜੀਤ ਸਿੰਘ ਸੈਣੀ, ਪੰਜਾਬ ਜਨਰਲ ਸਕੱਤਰ ਅਮਨਦੀਪ ਸਿੰਘ ਪਾਬਲਾ, ਸਟੇਟ ਪੰਜਾਬ ਖਜ਼ਾਨਚੀ ਮਨੀਸ਼ ਕੁਮਾਰ, ਦੁਆਬਾ ਪ੍ਰਧਾਨ ਰਣਜੀਤ ਸਿੰਘ, ਨਵਾਂਸ਼ਹਿਰ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ, ਜ਼ਿਲ੍ਹਾ ਸਰਕਲ ਪ੍ਰਧਾਨ ਅਰਸ਼ਦੀਪ ਸਿੰਘ, ਹਲਕਾ ਬਲਾਚੌਰ ਪ੍ਰਧਾਨ ਪ੍ਰਦੀਪ ਸਿੰਘ ਸੈਣੀ, ਨਵਾਂਸ਼ਹਿਰ ਐੱਨ ਆਰ ਆਈ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਜਸਵੰਤ ਸਿੰਘ ਸੈਣੀ, ਜ਼ਿਲ੍ਹਾ ਕੋਆਰਡੀਨੇਟਰ ਮਨਦੀਪ ਸਿੰਘ, ਮੈਡੀਕਲ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਡਾ. ਅਯੁੱਧਿਆ ਪ੍ਰਸਾਦ, ਹਲਕਾ ਬਲਾਚੌਰ ਐੱਸ ਸੀ ਵਿੰਗ ਦੇ ਪ੍ਰਧਾਨ ਕਣੀ ਕੁਮਾਰ, ਮੈਡੀਕਲ ਵਿੰਗ ਦੇ ਜ਼ਿਲ੍ਹਾ ਵਾਈਸ ਪ੍ਰਧਾਨ ਪਰਥ ਪ੍ਰਾਸ਼ਰ, ਕਿਸਾਨ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਜਸਪ੍ਰੀਤ ਸਿੰਘ, ਯੂਥ ਮੈਂਬਰ ਨਿਸ਼ਾਨ ਸਿੰਘ, ਪਵਨ ਕੁਮਾਰ, ਪਲਵਿੰਦਰ ਸਿੰਘ ਅਤੇ ਨਿਰਮਲ ਸਿੰਘ, ਹਲਕਾ ਬਲਾਚੌਰ ਇੰਚਾਰਜ ਜਸਵੰਤ ਰਾਏ, ਪਾਰਟੀ ਮੈਂਬਰ ਐੱਨ ਕੇ ਰਾਮਪਾਲ ਸਿੰਘ, ਨਵਾਂਸ਼ਹਿਰ ਲੇਡੀਜ਼ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਮਿਸ ਏਕਤਾ ਅਤੇ ਜ਼ਿਲ੍ਹਾ ਵਾਈਸ ਪ੍ਰਧਾਨ ਮਿਸ ਰਾਜਵਿੰਦਰ ਕੌਰ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।


# ਸੰਤ ਜਸਵਿੰਦਰ ਸਿੰਘ ਡਾਂਡੀਆਂ ਖਿਲਾਫ ਦਰਜ ਪਰਚੇ ਨੂੰ ਰੱਦ ਕਰਨ ਦੀ ਮੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਦਾ ਵਫਦ ਐਸ ਐਸ ਪੀ ਸੰਦੀਪ ਕੁਮਾਰ ਮਲਿਕ ਦੀ ਗੈਰ ਹਾਜ਼ਰੀ ਵਿੱਚ ਐਸ ਪੀ ਹੈੱਡ ਕੁਆਟਰ ਨਵਨੀਤ ਕੌਰ ਗਿੱਲ ਨੂੰ ਮਿਲਿਆ ਅਤੇ ਇੱਕ ਮੰਗ ਪੱਤਰ ਦਿੱਤਾ, ਜਿਸ ਵਿੱਚ ਸੰਤ ਜਸਵਿੰਦਰ ਸਿੰਘ ਡਾਂਡੀਆਂ ਖਿਲਾਫ ਥਾਣਾ ਚੱਬੇਵਾਲ ਵਿਖੇ ਦਰਜ ਪਰਚੇ ਨੂੰ ਰੱਦ ਕਰਨ ਦੀ ਮੰਗ ਕੀਤੀ। ਇਸ ਮੌਕੇ ਹਾਜਰ ਸੁਸਾਇਟੀ ਦੇ ਸੰਤਾਂ ਨੇ ਕਿਹਾ ਕਿ ਦਰਜ ਕੀਤਾ ਗਿਆ ਪਰਚਾ ਸਰਾਸਰ ਗਲਤ ਅਤੇ ਬੇ ਬੁਨਿਆਦ ਹੈ ਇਸ ਕਰਕੇ ਇਸ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਇਸ ਮੌਕੇ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਦੇ ਪ੍ਰਧਾਨ ਕੁਲਵੰਤ ਰਾਮ ਭਰੋਮਜਾਰਾ ਨੇ ਕਿਹਾ ਕਿ ਪੰਜਾਬ ਸਰਕਾਰ ਜਾਂ ਕੇਂਦਰ ਸਰਕਾਰ ਵਲੋਂ ਰਵਿਦਾਸੀਆ ਧਰਮ ਸੰਬੰਧੀ ਕੋਈ ਨੋਟੀਫ਼ਿਕੇਸ਼ਨ ਜਾਰੀ ਨਹੀਂ ਕੀਤਾ ਗਿਆ। ਉਨਾਂ ਕਿਹਾ ਇਸ ਪਰਚੇ ਰਾਹੀਂ ਅਸਲ ਤੱਥਾਂ ਨੂੰ ਤੋੜ ਮਰੋੜ ਕੇ ਪੇਸ਼ ਕੀਤਾ ਗਿਆ ਹੈ ਜਿਸ ਦੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ ਅਤੇ ਸੰਗਤਾਂ ਦੇ ਮਨਾਂ ਵਿੱਚ ਵੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਐਸ ਪੀ ਹੈਡ ਕੁਆਟਰ ਨਵਨੀਤ ਕੌਰ ਗਿੱਲ ਨੇ ਸੁਸਾਇਟੀ ਨੂੰ ਨਿਰਪੱਖ ਜਾਂਚ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਪੰਜ ਦਿਨਾਂ ਅੰਦਰ ਨਿਰਪੱਖ ਜਾਂਚ ਕਰਾਕੇ ਅਗਲੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਚੇਅਰਮੈਨ ਸੰਤ ਮਹਿੰਦਰਪਾਲ ਪੰਡਵਾਂ, ਸੰਤ ਕੁਲਵੰਤ ਰਾਮ ਪ੍ਰਧਾਨ, ਸੰਤ ਨਿਰਮਲ ਸਿੰਘ ਆਵਾਦਾਨ ਜਨਰਲ ਸਕੱਤਰ, ਸੰਤ ਹਰੀ ਓਮ ਨੂਰਪੁਰ, ਸੰਤ ਅਰਜਨ ਦੇਵ ਸਿੰਘ ਮੰਨਣਹਾਣਾ, ਸੰਤ ਮਹਿੰਦਰ ਸਿੰਘ ਬੀਰਮ ਪੁਰ, ਸੰਤ ਗੁਰਮੀਤ ਰਾਮ, ਸੰਤ ਕਪੂਰ ਦਾਸ, ਸੰਤ ਸੁਰਿੰਦਰ ਦਾਸ ਆਦਿ ਸੰਤ ਮਹਾਂਪੁਰਸ਼ ਹਾਜ਼ਰ ਸਨ।

# ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਸੰਬੰਧੀ ਦਿੱਤੀ ਜਾਣਕਾਰੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਥਾਨਕ ਭਾਈ ਨੰਦ ਲਾਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੂੰ






ਟਰੈਫਿਕ ਨਿਯਮਾਂ ਸਬੰਧੀ ਜਾਣਕਾਰੀ ਦਿੱਤੀ ਗਈ। ਇਹ ਜਾਣਕਾਰੀ ਐੱਸ ਐੱਸ ਪੀ ਰੂਪਨਗਰ ਮਨਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ ਅਨੁਸਾਰ ਜ਼ਿਲ੍ਹਾ ਟਰੈਫਿਕ ਇੰਚਾਰਜ ਐੱਸ ਆਈ ਸਰਬਜੀਤ ਸਿੰਘ ਦੀ ਅਗਵਾਈ ਹੇਠ ਟਰੈਫਿਕ ਐਜੂਕੇਸ਼ਨ ਇੰਚਾਰਜ ਐਸਆਈ ਸੁਖਦੇਵ ਸਿੰਘ ਵੱਲੋਂ ਦਿੱਤੀ ਗਈ। ਇਹ ਸੜਕੀ ਨਿਯਮਾਂ ਸਬੰਧੀ ਦਿੱਤੀ ਜਾਣਕਾਰੀ ਦਿੰਦਿਆਂ ਟਰੈਫਿਕ ਐਜੂਕੇਸ਼ਨ ਇੰਚਾਰਜ ਐੱਸ ਆਈ ਸੁਖਦੇਵ ਸਿੰਘ ਨੇ ਵਿਦਿਆਰਥੀਆਂ ਨੂੰ ਟਰੈਫਿਕ ਲਾਈਟਾਂ ਅਤੇ ਸੜਕ ਸੰਕੇਤਾਂ ਦੀ ਪਾਲਣਾ ਕਰਨ ਅਤੇ ਨਿਰਧਾਰਿਤ ਗਤੀ ਸੀਮਾ ਅੰਦਰ ਵਾਹਨ ਚਲਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਨਾਬਾਲਗ ਉਮਰ ਵਿੱਚ ਵਾਹਨ ਨਾ ਚਲਾਉਣ ਅਤੇ ਹਮੇਸ਼ਾ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਦੀ ਸਹੁੰ ਵੀ ਚੁਕਾਈ ਗਈ। ਇਸ ਜਾਗਰੂਕਤਾ ਮੁਹਿੰਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਾਉਣਾ ਅਤੇ ਸੜਕ ਹਾਦਸਿਆਂ ਨੂੰ ਰੋਕਣਾ ਹੈ।

# ਐੱਚ ਐੱਮ ਵੀ ਦੀਆਂ ਵਿਦਿਆਰਥਣਾਂ ਨੇ 'ਵਰਸਿਟੀ 'ਚ ਪੁਜ਼ੀਸ਼ਨਾਂ ਹਾਸਲ ਕੀਤੀਆਂ

**ਜਲੰਧਰ (ਸ਼ੈਲੀ ਐਲਬਰਟ)**- ਹੰਸ ਰਾਜ ਮਹਿਲਾ ਮਹਾਵਿਦਿਆਲਿਆ, ਜਲੰਧਰ ਦੇ ਬੀ.ਵੌਕ. ਮੈਂਟਲ ਹੈਲਥ ਅਤੇ ਕਾਉਂਸਲਿੰਗ, ਸਮੈਸਟਰ ਚੌਥਾ ਦੀਆਂ ਵਿਦਿਆਰਥਣਾਂ ਨੇ ਜੀਐਨਡੀਯੂ ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਉੱਚ ਸਥਾਨ ਪ੍ਰਾਪਤ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ।



ਪਾਹੁਲ ਜਬਲ ਨੇ 9.18 ਐੱਸ ਜੀ ਪੀ ਏ ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ, ਰਮਣੀਕ ਅਤੇ ਪਾਹੁਲਪ੍ਰੀਤ ਕੌਰ ਨੇ ਸਾਂਝੇ ਤੌਰ 'ਤੇ 9.00 ਐੱਸ ਜੀ ਪੀ ਏ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਸ਼ੈਰਿਲ ਸਲਹੋਤਰਾ, ਸਹਿਜਪ੍ਰੀਤ ਕੌਰ ਅਤੇ ਨਤਾਸ਼ਾ ਨੇ ਸਾਂਝੇ ਤੌਰ 'ਤੇ 8.82 ਐੱਸ ਜੀ ਪੀ ਏ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਪ੍ਰਿੰਸੀਪਲ ਪ੍ਰੋ. ਡਾ. (ਸ਼੍ਰੀਮਤੀ) ਏਕਤਾ ਖੋਸਲਾ ਨੇ ਮਨੋਵਿਗਿਆਨ ਵਿਭਾਗ ਮੁਖੀ ਡਾ. ਅਸ਼ਮੀਨ ਕੌਰ, ਫੈਕਲਟੀ ਮੈਂਬਰਾਂ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸ਼ਲਾਘਾਯੋਗ ਪ੍ਰਾਪਤੀ ਲਈ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਖੋਸਲਾ ਨੇ ਵਿਦਿਆਰਥਣਾਂ ਦੀ ਸਮਰਪਣ ਅਤੇ ਸਖ਼ਤ ਮਿਹਨਤ ਲਈ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਵਿੱਚ ਨਿਰੰਤਰ ਸਫਲਤਾ ਲਈ ਸ਼ੁਭਕਾਮਨਾਵਾਂ ਦਿੱਤੀਆਂ।

# 3 ਸਾਲ ਤੋਂ ਖਰਾਬ ਸੀਵਰੇਜ ਪਾਈਪ ਦੀ ਮੁਰੰਮਤ ਸ਼ੁਰੂ



**ਜ਼ੀਰਕਪੁਰ (ਜਤਿੰਦਰ ਕੁਮਾਰ)**- ਭਬਾਤ ਰੋਡ ਸਥਿਤ ਸ਼ਮਸ਼ਾਨ ਘਾਟ ਤੋਂ ਸ਼ਿਵਾ ਨੂੰ ਜਾਣ ਵਾਲੀ ਸੜਕ 'ਤੇ ਪਿਛਲੇ 2-3 ਸਾਲਾਂ ਤੋਂ ਖਰਾਬ ਪਏ ਸੀਵਰੇਜ ਪਾਈਪ ਦੀ ਮੁਰੰਮਤ ਦਾ ਕੰਮ ਆਖਿਰਕਾਰ ਸ਼ੁਰੂ ਕਰ ਦਿੱਤਾ ਗਿਆ ਹੈ। ਪਾਈਪ ਡੈਮੇਜ ਹੋਣ ਕਾਰਨ ਪਵਾਤ ਰੋਡ ਨਾਲ ਜੁੜੀਆਂ ਕਈ ਕਾਲੋਨੀਆਂ ਵਿੱਚ ਸੀਵਰੇਜ ਓਵਰਫਲੋ ਦੀ ਗੰਭੀਰ ਸਮੱਸਿਆ ਬਣੀ ਹੋਈ ਸੀ, ਜਿਸ ਕਾਰਨ ਆਮ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਇਸ ਅਹਿਮ ਕੰਮ ਦੇ ਪੂਰਾ ਹੋਣ ਨਾਲ ਜਰਨੈਲ ਐਨਕਲੇਵ 1, ਜਰਨੈਲ ਐਨਕਲੇਵ 2, ਸੰਤ ਕ੍ਰਿਪਾਲ, ਪਾਲਮ ਐਨਕਲੇਵ, ਗੁਰਦੇਵ ਨਗਰ ਅਤੇ ਆਸ-ਪਾਸ ਦੀਆਂ ਹੋਰ ਕਾਲੋਨੀਆਂ ਦੇ ਵਸਨੀਕਾਂ ਨੂੰ ਸੀਵਰੇਜ ਦੀ ਸਮੱਸਿਆ ਤੋਂ ਵੱਡੀ ਰਾਹਤ ਮਿਲੇਗੀ। ਵਾਰਡ ਨੰਬਰ 30 ਦੇ ਇੰਚਾਰਜ ਅਮਨ ਪ੍ਰਤਾਪ ਸਿੰਘ ਨੇ ਖੁਦ ਮੌਕੇ 'ਤੇ ਪਹੁੰਚ ਕੇ ਆਪਣੀ ਦੇਖ-ਰੇਖ ਹੇਠ ਇਹ ਕੰਮ ਸ਼ੁਰੂ ਕਰਵਾਇਆ ਅਤੇ ਅੱਗੇ ਦੀ ਸਥਿਤੀ ਦਾ ਵਿਸਥਾਰ ਨਾਲ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨੇ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦਾ ਵਿਸ਼ੇਸ਼ ਧੰਨਵਾਦ ਕੀਤਾ, ਜਿਨ੍ਹਾਂ ਦੀ ਕੁਸ਼ਲ ਰਹਿਨੁਮਾਈ ਹੇਠ ਇਲਾਕੇ ਦੇ ਵਿਕਾਸ ਕਾਰਜ ਲਗਾਤਾਰ ਤਰੱਕੀ ਕਰ ਰਹੇ ਹਨ। ਉਨ੍ਹਾਂ ਨੇ ਨਗਰ ਕੌਂਸਲ ਪ੍ਰਧਾਨ ਗੁਰਪ੍ਰੀਤ ਸਿੰਘ ਦਾ ਵੀ ਧੰਨਵਾਦ ਕੀਤਾ।

# ਸੰਤ ਹੰਸ ਰਾਜ ਦੇ ਬਰਸੀ ਸਮਾਗਮ ਸ਼ਰਧਾ-ਪੂਰਵਕ ਮਨਾਏ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮਹਾਨ ਤਪੱਸਵੀ, ਬ੍ਰਹਮਲੀਨ ਸੰਤ ਸੁਆਮੀ ਹੰਸ ਰਾਜ ਬੀ ਏ ਦੇ 16 ਵੇਂ ਬਰਸੀ ਸਮਾਗਮ ਡੇਰਾ ਸੰਤ ਹੰਸ ਰਾਜ ਪਿੰਡ ਖਿਓਵਾਲ ਨਜ਼ਦੀਕ ਚੜਿਆਲ ਵਿਖੇ ਮੌਜੂਦਾਗੱਦੀ ਨਸ਼ੀਨ ਸੰਤ ਦਿਨੇਸ਼ ਗਿਰ ਦੀ ਰਹਿਨੁਮਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਗਏ। ਸ੍ਰੀ ਸਹਿਜ ਪਾਠ ਦੇ ਭੋਗ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ ਜਥੇ ਭਾਈ ਅਮਰਜੀਤ ਸਿੰਘ, ਭਾਈ



ਸੁਖਦੇਵ ਸਿੰਘ, ਭਾਈ ਨਿਰਮਲ ਸਿੰਘ, ਪ੍ਰਸਿੱਧ ਸੂਫੀ ਗਾਇਕ ਬੂਟਾ ਮੁਹੰਮਦ, ਮਨਜੀਤ ਸਿੰਘ ਮੌਜੀ ਦੇ ਜਥਿਆਂ ਨੇ ਰਸਭਿੰਨਾ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪੰਜਾਬ ਦੇ ਵੱਖ ਵੱਖ ਡੇਰਿਆਂ ਅਤੇ ਸੰਪਰਦਾਵਾਂ ਦੇ ਸੰਤਾਂ ਮਹਾਂਪੁਰਸ਼ਾਂ, ਸਮਾਜਕ ਤੇ ਰਾਜਨੀਤਕ ਆਗੂਆਂ ਤੇ ਬੁੱਧੀਜੀਵੀਆਂ ਵੱਲੋਂ ਸੰਤ ਸੁਆਮੀ ਹੰਸ ਰਾਜ ਦੇ ਮਹਾਨ ਜੀਵਨ ਅਤੇ ਸੰਗਤਾਂ ਲਈ ਕੀਤੇ ਪਰਉਪਕਾਰਾਂ ਬਾਰੇ ਵੱਡੀ ਗਿਣਤੀ 'ਚ ਹਾਜਰ ਸੰਗਤਾਂ ਨੂੰ ਜਾਣੂ ਕਰਾਇਆ। ਇਸ ਮੌਕੇ ਸੰਤ ਸਰਵਣ ਦਾਸ ਬੋਹਣ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਸੰਤ ਮਹਿੰਦਰ ਪਾਲ ਪੰਡਵਾਂ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਸੰਤ ਕੁਲਵੰਤ ਰਾਮ ਭਰੋਮਜਾਰਾ ਪ੍ਰਧਾਨ, ਸੰਤ ਨਿਰਮਲ ਸਿੰਘ ਆਵਾਦਾਨ ਜਨਰਲ ਸਕੱਤਰ, ਸੰਤ ਬੀਬੀ ਮੀਨਾ ਦੇਵੀ ਜੇਜੋਂ ਸਟੇਜ ਸਕੱਤਰ, ਸੰਤ ਕਪੂਰ ਦਾਸ ਜਲੰਧਰ, ਸੰਤ ਲਖਵਿੰਦਰ ਸਿੰਘ ਕੰਡਿਆਣਾ, ਸੰਤ ਸਤਨਾਮ ਸਿੰਘ ਬੰਬੇਲੀ, ਸੰਤ ਗੁਰਮੇਲ ਰਾਮ ਰਹੀਮਪੁਰ ਆਦਿ ਨੇ ਕਥਾ ਕੀਰਤਨ ਰਾਹੀਂ ਸੰਤ ਹੰਸ ਰਾਜ ਨੂੰ ਸ਼ਰਧਾ ਸੁਮਨ ਭੇਟ ਕੀਤੇ ਅਤੇ ਉਨਾਂ ਦੇ ਮਹਾਨ ਜੀਵਨ ਸੰਬੰਧੀ ਸੰਗਤਾਂ ਨੂੰ ਜਾਣੂ ਕਰਾਇਆ। ਸੰਤ ਦਿਨੇਸ਼ ਗਿਰ ਵੱਲੋਂ ਆਏ ਹੋਏ ਸੰਤਾਂ ਮਹਾਂਪੁਰਸ਼ਾਂ, ਸਮਾਜਕ ਤੇ ਰਾਜਨੀਤਕ ਸਖਸ਼ੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਅਤੇ ਧੰਨਵਾਦ ਕੀਤਾ।

ਇਸ ਮੌਕੇ ਸੇਵਾਦਾਰ ਗਿਆਨੀ ਗੁਰਮੇਲ ਸਿੰਘ, ਸਤਪਾਲ ਸਿੰਘ, ਅਵਿਨਾਸ਼ ਕੁਮਾਰ, ਗੋਪਾਲ ਕਿਸ਼ਨ, ਕੈਪਟਨ ਮਹਿੰਦਰ ਸਿੰਘ, ਸ਼ਾਤਾਂ ਕੁਮਾਰ, ਰਘੁਬੀਰ ਸਿੰਘ, ਰਵਿੰਦਰ ਸਿੰਘ ਸਾਬੀ , ਐਸ ਆਈ ਰਾਏ ਬੁਲਾਰ ਹੁਕੜਾਂ, ਨਰੇਸ਼ ਕੁਮਾਰ ਜੀ ਟੀ ਓ ਜਲੰਧਰ, ਪਰਵੀਨ ਫਲਾਹੀ, ਮਨਵੀਰ ਸਿੰਘ, ਸੁਰਿੰਦਰ ਕੁਮਾਰ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ। ਸੰਗਤਾਂ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।

# ਡ੍ਰੋਨ ਸ਼ੋਅ ਸ੍ਰੀ ਗੁਰੂ ਰਵਿਦਾਸ ਦੇ ਫਲਸਫੇ ਨੂੰ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣ ਦਾ ਵਿਲੱਖਣ ਉਪਰਾਲਾ : ਭਗਤ



**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਮੰਗਲਵਾਰ ਨੂੰ ਸ਼ਹਿਰ ਵਿਖੇ ਗੁਰੂ ਜੀ ਦੇ ਜੀਵਨ, ਵਿਚਾਰਾਂ ਅਤੇ ਮਹਾਨ ਉਪਦੇਸ਼ਾਂ 'ਤੇ ਆਧਾਰਿਤ ਸ਼ਾਨਦਾਰ ਡ੍ਰੋਨ ਸ਼ੋਅ ਕਰਵਾਇਆ ਗਿਆ।

ਇਸ ਦੌਰਾਨ 500 ਡਰੋਨਾਂ ਦੇ ਨਾਲ ਆਸਮਾਨ ਵਿੱਚ ਬਣਾਈਆਂ ਵੱਖ-ਵੱਖ ਆਕ੍ਰਿਤੀਆਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਫਲਸਫੇ ਬਾਰੇ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ। ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ ਸਥਾਨਕ ਲਾਇਲਪੁਰ ਖਾਲਸਾ ਕਾਲਜ ਵਿਖੇ ਕਰਵਾਏ ਗਏ ਇਸ ਅਲੌਕਿਕ ਡ੍ਰੋਨ ਸ਼ੋਅ ਵਿੱਚ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ, ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ, ਮੇਅਰ ਵਿਨੀਤ ਧੀਰ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਅੰਮ੍ਰਿਤਪਾਲ ਸਿੰਘ, ਚੇਅਰਮੈਨ ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਲਿਮਟਿਡ ਮੰਗਲ ਸਿੰਘ ਬਾਸੀ, ਸੰਤ ਪ੍ਰਦੀਪ ਦਾਸ ਕਠਾਰ ਵਾਲੇ, 'ਆਪ' ਆਗੂ ਰਾਜਵਿੰਦਰ ਕੌਰ ਥਿਆੜਾ, ਡਿਪਟੀ ਮੇਅਰ ਮਲਕੀਤ ਸਿੰਘ ਵੱਲੋਂ ਸ਼ਿਰਕਤ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਇਹ ਡ੍ਰੋਨ ਸ਼ੋਅ ਸ੍ਰੀ ਗੁਰੂ ਰਵਿਦਾਸ ਮਹਾਰਾਜ ਨੂੰ ਢੁੱਕਵੀਂ ਸ਼ਰਧਾਂਜਲੀ ਅਤੇ ਉਨ੍ਹਾਂ ਦੇ ਮਹਾਨ ਵਿਚਾਰਾਂ ਨੂੰ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣ ਦਾ ਵਿਲੱਖਣ ਉਪਰਾਲਾ ਹਨ। ਇਸ ਮੌਕੇ ਸੰਬੋਧਨ ਕਰਦਿਆਂ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਮਨੁੱਖਤਾ, ਸਮਾਨਤਾ ਅਤੇ ਭਾਈਚਾਰਕ ਸਾਂਝ ਦੇ ਸਦੀਵੀਂ ਸੁਨੇਹੇ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ।

ਉਨ੍ਹਾਂ ਦੱਸਿਆ ਕਿ 10 ਸਤੰਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਰੰਧਾਵਾ ਮਸੰਦਾ ਅਤੇ 11 ਸਤੰਬਰ ਨੂੰ ਨਵੀਂ ਦਾਣਾ ਮੰਡੀ ਫਿਲੌਰ ਵਿਖੇ ਡ੍ਰੋਨ ਸ਼ੋਅ ਕਰਵਾਏ ਜਾਣਗੇ।ਇਸ ਤੋਂ ਪਹਿਲਾਂ ਪ੍ਰਸਿੱਧ ਰਾਗੀ ਭਾਈ ਜਸਬੀਰ ਸਿੰਘ ਜੀ ਜਲੰਧਰ ਵਾਲਿਆਂ ਦੇ ਜੱਥੇ ਵੱਲੋਂ ਸ਼ਬਦ ਕੀਰਤਨ ਅਤੇ ਗੁਰਬਾਣੀ ਨਾਲ ਜੋੜਿਆ ਗਿਆ।ਇਸ ਮੌਕੇ ਐੱਸ ਡੀ ਐੱਮ ਸ਼ੁਭੀ ਆਂਗਰਾ ਤੋਂ ਇਲਾਵਾ ਵੱਡੀ ਗਿਣਤੀ ਸੰਗਤ ਵੀ ਮੌਜੂਦ ਸੀ।

# ਮਨਿਸਟੀਰੀਅਲ ਮੁਲਾਜ਼ਮਾਂ ਵੱਲੋਂ ਕਲਮ ਛੋੜ ਹੜਤਾਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਵਲੋਂ ਸੂਬਾ ਕਮੇਟੀ ਦੀ ਕਾਲ ਤੇ ਪੰਜਾਬ ਭਰ ਦੇ ਸਾਰੇ ਦਫ਼ਤਰਾਂ ਅਤੇ ਚੰਡੀਗੜ੍ਹ ਸਥਿਤ ਡਾਇਰੈਕਟੋਰੇਟ ਦਫਤਰਾਂ ਦੇ ਮਨਿਸਟੀਰੀਅਲ ਕਰਮਚਾਰੀਆਂ ਵਲੋਂ ਕਲਮ ਛੋੜ



ਹੜਤਾਲ ਕੀਤੀ ਗਈ। ਇਸ ਜ਼ਿਲ੍ਹੇ ਵਿੱਚ ਹੜਤਾਲ ਕਰਨ ਵਾਲੇ ਪ੍ਰਮੁੱਖ ਦਫ਼ਤਰਾਂ ਵਿੱਚ ਡੀ ਸੀ ਦਫ਼ਤਰ, ਸਿੱਖਿਆ ਵਿਭਾਗ ਦੇ ਦਫ਼ਤਰ, ਸਿੰਚਾਈ ਵਿਭਾਗ, ਪੀ ਡਬਲਯੂ ਡੀ, ਬਾਗਬਾਨੀ ਵਿਭਾਗ, ਐਸ ਡੀ ਐਮ ਦਫ਼ਤਰ, ਵਾਟਰ ਸਪਲਾਈ ਸੈਨੀਟੇਸ਼ਨ ਵਿਭਾਗ ਖੇਤੀਬਾੜੀ ਵਿਭਾਗ, ਸਿਵਲ ਸਰਜਨ ਦਫ਼ਤਰ, ਜ਼ਿਲ੍ਹਾ ਉਦਯੋਗ ਕੇਂਦਰ ਦਫ਼ਤਰ, ਆਬਕਾਰੀ ਵਿਭਾਗ, ਖੇਤੀਬਾੜੀ ਵਿਭਾਗ, ਆਈ ਟੀ ਆਈ, ਖਜ਼ਾਨਾ ਵਿਭਾਗ, ਪੌਲੀਟੈਕਨੀਕਲ ਆਦਿ ਦੇ ਕਰਮਚਾਰੀ ਸ਼ਾਮਲ ਸਨ। ਇਹਨਾਂ ਮੁਲਾਜ਼ਮਾਂ ਵਲੋਂ ਮਿਨੀ ਸਕੱਤਰੇਤ ਦੇ ਬਾਹਰ ਅਨੀਰੁਧ ਮੋਦਗਿਲ ਜ਼ਿਲ੍ਹਾ ਪ੍ਰਧਾਨ ਤੇ ਦੀਪਕ ਤ੍ਰਿਹਣ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਦੀ ਅਗਵਾਈ ਵਿੱਚ ਰੈਲੀ ਕੀਤੀ ਗਈ। ਇਸ ਰੈਲੀ ਵਿੱਚ ਸਾਂਝਾ ਮੁਲਾਜ਼ਮ ਫਰੰਟ ਦੇ ਮੁੱਖ ਕਨਵੀਨਰ ਸਤੀਸ਼ ਰਾਣਾ ਤੋਂ ਇਲਾਵਾ ਪੈਨਸ਼ਨਰ ਸਾਥੀ ਕੁਲਵਰਨ ਸਿੰਘ, ਮਨਜੀਤ ਸਿੰਘ ਸੈਣੀ, ਪਰਵੇਸ਼ ਕੁਮਾਰ, ਜੇਲ ਸਿੰਘ ਤੋਂ ਇਲਾਵਾ ਮਨਿਸਟੀਰੀਅਲ ਜਥੇਬੰਦੀ ਦੇ ਪੈਨਸ਼ਨ ਆਗੂ ਵਰਿਆਮ ਸਿੰਘ ਅਤੇ ਰਵੀ ਵੱਡ ਵਲੋਂ ਸਰਕਾਰ ਦੇ ਖਿਲਾਫ ਨਾਰੇਬਾਜ਼ੀ ਕੀਤੀ ਗਈ ਅਤੇ ਮੁਲਾਜ਼ਮ ਮਾਰੂ ਫੈਸਲਿਆਂ ਦੀ ਨਿਖੇਧੀ ਕੀਤੀ ਗਈ। ਮੋਦਗਿਲ ਵਲੋਂ ਕਿਹਾ ਗਿਆ ਕਿ ਸਰਕਾਰ ਮੁਲਾਜ਼ਮਾਂ ਨੂੰ ਆਪਣੇ ਹੱਕ ਮੰਗਣ ਤੇ ਉਹਨਾਂ ਤੇ ਐਕਟ ਲਾਗੂ ਕਰ ਰਹੀ ਹੈ ਅਤੇ ਨਜਾਇਜ਼ ਬਦਲੀਆਂ ਕਰ ਰਹੀ ਹੈ। ਮੋਦਗਿਲ ਵਲੋਂ ਕਿਹਾ ਗਿਆ ਕਿ ਸਾਂਝੀ ਤਾਲਮੇਲ ਕਮੇਟੀ ਦੇ ਫੈਸਲੇ ਅਨੁਸਾਰ 12 ਸਤੰਬਰ ਤੋਂ ਪੰਜਾਬ ਦੇ ਮੰਤਰੀਆਂ ਦਾ ਘਿਰਾਓ ਕੀਤਾ ਜਾਣਾ ਹੈ। ਇਸ ਜ਼ਿਲੇ ਦੇ ਜੈਕਿਸ਼ਨ ਰੋੜੀ, ਡਿਪਟੀ ਸਪੀਕਰ ਪੰਜਾਬ ਸਰਕਾਰ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ, ਜਿਸ ਵਿੱਚ ਸਾਂਝੀ ਤਾਲਮੇਲ ਕਮੇਟੀ ਦੇ ਸਾਥੀਆਂ ਤੋਂ ਇਲਾਵਾ ਸਮੂਹ ਵਿਭਾਗਾਂ ਦੇ ਮਨਿਸਟੀਰੀਅਲ ਕਰਮਚਾਰੀ ਸ਼ਾਮਿਲ ਹੋਣਗੇ। ਇਹ ਜਾਣਕਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾ ਅਨੀਰੁਧ ਮੋਦਗਿਲ ਵਲੋ ਜਾਰੀ ਕੀਤੇ ਗਏ ਪ੍ਰੈਸ ਨੋਟ ਰਾਹੀਂ ਦਿੱਤੀ ਗਈ।

# ਸੁਭਾਸ਼ ਚੰਦਰ ਬੋਸ ਆਪਦਾ ਪ੍ਰਬੰਧਨ ਪੁਰਸਕਾਰ-2027 ਲਈ ਨਾਮਜ਼ਦਗੀਆਂ ਦੀ ਮੰਗ

**ਕਪੂਰਥਲਾ (ਮਨਜੀਤ ਮਾਨ)**- ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਸ਼ਟਰੀ ਆਪਦਾ ਪ੍ਰਬੰਧਨ ਅਥਾਰਟੀ ਨੇ ਸੁਭਾਸ਼ ਚੰਦਰ ਬੋਸ ਆਪਦਾ ਪ੍ਰਬੰਧਨ ਪੁਰਸਕਾਰ-2027 ਲਈ



ਆਨਲਾਈਨ ਅਰਜੀਆਂ ਦੀ ਮੰਗ ਕੀਤੀ ਹੈ, ਜੋ ਕਿ ਆਪਦਾ ਪ੍ਰਬੰਧਨ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਨੂੰ ਮਾਨਤਾ ਦਿੰਦਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਸਾਲਾਨਾ ਪੁਰਸਕਾਰ ਆਪਦਾ ਜੋਖਮ ਘਟਾਉਣ, ਤਿਆਰੀ, ਨਿਵਾਰਨ, ਪ੍ਰਤੀਕਿਰਿਆ, ਸੁਧਾਰ, ਸਮਰੱਥਾ ਨਿਰਮਾਣ, ਨਵੀਨਤਾ, ਖੋਜ, ਸਿਖਲਾਈ, ਜਾਗਰੂਕਤਾ ਪੈਦਾ ਕਰਨ ਅਤੇ ਭਾਈਚਾਰਕ ਸ਼ਮੂਲੀਅਤ ਵਿੱਚ ਵਡਮੁੱਲੇ ਯੋਗਦਾਨ ਅਤੇ ਨਿਸ਼ਕਾਮ ਸੇਵਾ ਲਈ ਵਿਅਕਤੀਆਂ ਅਤੇ ਸੰਸਥਾਵਾਂ ਨੂੰ ਸਨਮਾਨਤ ਕਰਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਕਰਮਚਾਰੀ, ਕਮਿਊਨਿਟੀ ਅਧਾਰਤ ਸੰਸਥਾਵਾਂ, ਵਾਲੰਟੀਅਰ, ਅਕਾਦਮਿਕ ਅਤੇ ਖੋਜ ਸੰਸਥਾਵਾਂ, ਗੈਰ-ਸਰਕਾਰੀ ਸੰਸਥਾਵਾਂ, ਨਿੱਜੀ ਖੇਤਰ ਦੀਆਂ ਇਕਾਈਆਂ, ਫਸਟ ਰਿਸਪਾਂਡਰ, ਨਵੀਨਤਾਕਾਰੀ ਅਤੇ ਨਾਗਰਿਕ ਜਿਨ੍ਹਾਂ ਨੇ ਆਪਦਾ ਪ੍ਰਬੰਧਨ ਵਿੱਚ ਬੇਮਿਸਾਲ ਵਚਨਬੱਧਤਾ ਅਤੇ ਉੱਤਮਤਾ ਦਾ ਪ੍ਰਦਰਸ਼ਨ ਕੀਤਾ ਹੈ, ਅਤੇ ਹੋਰ ਯੋਗ ਸੰਸਥਾਵਾਂ ਆਪਣੀਆਂ ਨਾਮਜ਼ਦਗੀਆਂ ਜਮ੍ਹਾਂ ਕਰਵਾ ਸਕਦੀਆਂ ਹਨ। ਉਨ੍ਹਾਂ ਨੇ ਆਪਦਾ ਪ੍ਰਬੰਧਨ ਦੇ ਖੇਤਰ ਵਿੱਚ ਕੰਮ ਕਰਨ ਵਾਲੇ ਸਮੂਹ ਯੋਗ ਵਿਅਕਤੀਆਂ ਅਤੇ ਸੰਸਥਾਵਾਂ ਨੂੰ ਇਸ ਮੌਕੇ ਦਾ ਲਾਭ ਉਠਾਉਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਨੈਸ਼ਨਲ ਅਵਾਰਡ ਪੋਰਟਲ 'ਤੇ ਨਿਰਧਾਰਤ ਪ੍ਰਕਿਰਿਆ ਰਾਹੀਂ 15 ਸਤੰਬਰ ਤੱਕ ਯੋਗ ਨਾਮਜ਼ਦਗੀਆਂ ਭੇਜੀਆਂ ਜਾਣ, ਤਾਂ ਜੋ ਆਪਦਾ ਪ੍ਰਬੰਧਨ ਵਿੱਚ ਪਾਏ ਗਏ ਸ਼ਾਨਦਾਰ ਯੋਗਦਾਨ ਨੂੰ ਰਾਸ਼ਟਰੀ ਪੱਧਰ 'ਤੇ ਬਣਦਾ ਸਨਮਾਨ ਮਿਲ ਸਕੇ। ਵਿਸਤ੍ਰਿਤ ਦਿਸ਼ਾ-ਨਿਰਦੇਸ਼, ਯੋਗਤਾ ਦੇ ਮਾਪਦੰਡ ਅਤੇ ਨਾਮਜ਼ਦਗੀ ਦੀ ਪ੍ਰਕਿਰਿਆ ਪੋਰਟਲ 'ਤੇ ਉਪਲਬਧ ਹੈ।

# ਐੱਲ ਪੀ ਯੂ ਨੇ ਵਿਦਿਆਰਥੀ ਸੰਚਾਲਿਤ ਪ੍ਰੋਗਰਾਮ ਗਿਆਨਦੀਪ ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)**- ਬੱਚਿਆਂ ਦੀ ਕਠੋਰ ਹਕੀਕਤ ਹਨ। ਦੁਨੀਆਂ ਲਈ, ਕਿਤਾਬਾਂ, ਅਧਿਆਪਕਾਂ ਜਾਂ ਕੰਪਿਊਟਰਾਂ ਤੱਕ ਪਹੁੰਚ ਸਿਰਫ਼ ਜੀਵਨ ਬਦਲਣ ਵਾਲਾ ਮੌਕਾ ਹੋ ਸਕਦਾ ਹੈ। ਲਵਲੀ ਪ੍ਰੋਫੈਸ਼ਨਲ



ਯੂਨੀਵਰਸਿਟੀ ਆਪਣੇ ਵਿਦਿਆਰਥੀ-ਸੰਚਾਲਿਤ ਪ੍ਰੋਗਰਾਮ, 'ਗਿਆਨਦੀਪ' ਰਾਹੀਂ ਇਸ ਪਾੜੇ ਨੂੰ ਪੂਰਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਇਹ ਪ੍ਰੋਗਰਾਮ ਯੂਨੀਵਰਸਿਟੀ ਕੈਂਪਸ ਤੋਂ ਸਿੱਖਿਆ ਨੂੰ ਨੇੜਲੇ ਪਿੰਡਾਂ ਅਤੇ ਗਰੀਬ ਭਾਈਚਾਰਿਆਂ ਤੱਕ ਲੈ ਜਾਂਦਾ ਹੈ। ਅੰਤਰਰਾਸ਼ਟਰੀ ਸਾਖਰਤਾ ਦਿਵਸ 'ਤੇ, ਇਹ ਪਹਿਲ ਸਾਨੂੰ ਯਾਦ ਦਿਵਾਉਂਦੀ ਹੈ ਕਿ ਸਾਖਰਤਾ ਸਿਰਫ਼ ਪੜ੍ਹਨਾ ਅਤੇ ਲਿਖਣਾ ਜਾਣਨਾ ਨਹੀਂ ਹੈ। ਇਸਦਾ ਅਰਥ ਹੈ ਸਿੱਖਣ, ਜਾਣਕਾਰੀ ਤੱਕ ਪਹੁੰਚ ਕਰਨ, ਤਕਨਾਲੋਜੀ ਦੀ ਵਰਤੋਂ ਕਰਨ, ਸੂਚਿਤ ਫੈਸਲੇ ਲੈਣ ਅਤੇ ਮੌਜੂਦਾ ਹਾਲਾਤਾਂ ਤੋਂ ਪਰੇ ਸੰਭਾਵਨਾਵਾਂ ਦੀ ਕਲਪਨਾ ਕਰਨ ਦਾ ਵਿਸ਼ਵਾਸ ਹੋਣਾ। 'ਗਿਆਨਦੀਪ' ਦੇ ਤਹਿਤ, ਐਲ ਪੀ ਯੂ -ਐਨ ਐਸ ਐਸ ਵਲੰਟੀਅਰ ਨਿਯਮਿਤ ਤੌਰ 'ਤੇ ਘੱਟ ਆਮਦਨ ਵਾਲੇ ਭਾਈਚਾਰਿਆਂ (ਜਿਵੇਂ ਕਿ ਨੇੜਲੇ ਝੁੱਗੀਆਂ ਅਤੇ ਪਿੰਡਾਂ) ਦੇ ਬੱਚਿਆਂ ਨਾਲ ਜੁੜਦੇ ਹਨ ਅਤੇ ਉਨ੍ਹਾਂ ਨੂੰ ਇੰਟਰਐਕਟਿਵ ਅਤੇ ਗਤੀਵਿਧੀ-ਅਧਾਰਤ ਸੈਸ਼ਨਾਂ ਰਾਹੀਂ ਢਾਂਚਾਗਤ ਸਿੱਖਿਆ ਪ੍ਰਦਾਨ ਕਰਦੇ ਹਨ। ਇਸ ਪਹਿਲਕਦਮੀ ਨੇ 250 ਤੋਂ ਵੱਧ ਬੱਚਿਆਂ ਨੂੰ ਸਿੱਖਿਆ ਦਿੱਤੀ ਹੈ, ਜਿਨ੍ਹਾਂ ਵਿੱਚੋਂ 75 ਇਸ ਸਮੇਂ ਦਾਖਲ ਹਨ। ਪ੍ਰੋਗਰਾਮ ਦੀ ਵਿਲੱਖਣ ਵਿਸ਼ੇਸ਼ਤਾ ਇਹ ਹੈ ਕਿ ਐੱਲ ਪੀ ਯੂ ਦੇ ਵਿਦਿਆਰਥੀ ਅਧਿਆਪਕਾਂ ਅਤੇ ਸਲਾਹਕਾਰਾਂ ਵਜੋਂ ਕੰਮ ਕਰਦੇ ਹਨ, ਉਹ ਵੱਖ-ਵੱਖ ਵਿਸ਼ਿਆਂ ਅਤੇ ਹੁਨਰਾਂ 'ਤੇ ਕਲਾਸਾਂ ਚਲਾਉਂਦੇ ਹਨ, ਜਦੋਂ ਕਿ ਕਹਾਣੀ ਸੁਣਾਉਣ, ਕਵਿਤਾ, ਕਲਾ, ਡਾਂਸ ਅਤੇ ਹੋਰ ਰਚਨਾਤਮਕ ਗਤੀਵਿਧੀਆਂ ਰਾਹੀਂ ਬੱਚਿਆਂ ਦੀ ਭਾਗੀਦਾਰੀ ਨੂੰ ਵੀ ਉਤਸ਼ਾਹਿਤ ਕਰਦੇ ਹਨ। ਇਹ ਯਤਨ ਡਿਜੀਟਲ ਸਾਖਰਤਾ ਤੱਕ ਵੀ ਫੈਲਦਾ ਹੈ। ਰਾਜ ਸਭਾ ਮੈਂਬਰ ਅਤੇ ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ ਕਿ ਸਿੱਖਿਆ ਦਾ ਅੰਤਮ ਟੀਚਾ ਮੌਕਿਆਂ ਦਾ ਵਿਸਤਾਰ ਕਰਨਾ ਹੋਣਾ ਚਾਹੀਦਾ ਹੈ। ਹਰ ਬੱਚੇ ਨੂੰ ਸਿੱਖਣ ਦਾ ਮੌਕਾ ਮਿਲਦਾ ਹੈ, ਸਿੱਖਿਆ ਸੱਚਮੁੱਚ ਉਦੋਂ ਹੀ ਸਾਰਥਕ ਹੁੰਦੀ ਹੈ ਜਦੋਂ ਇਹ ਮੌਕਿਆਂ ਦੇ ਦਰਵਾਜ਼ੇ ਖੋਲ੍ਹਦੀ ਹੈ।

## ਜੀ ਆਰ ਡੀ ਨਰਸਿੰਗ ਕਾਲਜ 'ਚ ਅਧਿਆਪਕ ਦਿਵਸ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸ੍ਰੀ ਗੁਰੂ ਰਾਮਦਾਸ ਜੀ ਸੇਵਾ ਮਿਸ਼ਨ ਸੁਸਾਇਟੀ ਵਲੋਂ ਚਲਾਏ ਜਾ ਰਹੇ ਜੀ.ਆਰ.ਡੀ ਨਰਸਿੰਗ ਕਾਲਜ ਟਾਂਡਾ 'ਚ ਅਤੇ ਅਧਿਆਪਕ ਦਿਵਸ ਮਨਾਇਆ ਗਿਆ।ਸੰਸਥਾ ਦੀ ਚੇਅਰਪਰਸਨ ਸ੍ਰੀਮਤੀ ਪ੍ਰਦੀਪ ਕੌਰ, ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਦੇ ਦਿਸ਼ਾ ਨਿਰਦੇਸ਼ ਅਧੀਨ , ਮੈਨੇਜਰ ਸਰਬਜੀਤ ਸਿੰਘ ਮੋਮੀ ਦੀ ਅਗਵਾਈ ਅਤੇ ਪ੍ਰਿੰਸੀਪਲ ਰੇਨੂ ਬਾਲਾ ਦੀ ਦੇਖ ਰੇਖ ਹੇਠ ਮਨਾਏ ਗਏ ਅਧਿਆਪਕ ਦਿਵਸ ਮੌਕੇ ਵਿਦਿਆਰਥੀਆਂ ਦੇ ਭਵਿੱਖ ਨੂੰ ਰੋਸ਼ਨ ਕਰਨ ਵਾਲੇ ਅਧਿਆਪਕਾਂ ਦੀ ਮਿਹਨਤ ਨੂੰ ਸਲਾਮ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦੇ ਹੋਏ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਨੇ ਕਿਹਾ ਕ ਦਿਵਸ ਹਰ ਸਾਲ 5 ਸਤੰਬਰ ਨੂੰ ਦੇਸ਼ ਭਰ ਵਿੱਚ ਅਧਿਆਪਕਾਂ ਦੇ ਸਨਮਾਨ ਵਜੋਂ ਮਨਾਇਆ ਜਾਂਦਾ ਹੈ ਤੇ ਇਹ ਦਿਨ ਮਹਾਨ ਅਧਿਆਪਕ, ਵਿਦਵਾਨ ਅਤੇ ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਦੀ ਯਾਦ ਨੂੰ ਸਮਰਪਿਤ ਹੈ।ਪ੍ਰਿੰਸੀਪਲ ਰੇਨੂ ਬਾਲਾ ਨੇ ਸਮੂਹ ਸਟਾਫ ਮੈਂਬਰਾਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਇੱਕ ਚੰਗਾ ਅਧਿਆਪਕ ਵਿਦਿਆਰਥੀ ਅੰਦਰ ਛੁਪੀ ਪ੍ਰਤਿਭਾ ਨੂੰ ਪਛਾਣ ਕੇ ਉਸ ਨੂੰ ਅੱਗੇ ਵਧਣ ਲਈ ਪ੍ਰੇਰਿਤ ਕਰਦਾ ਹੈ।ਇਸ ਮੌਕੇ ਵਿਦਿਆਰਥਣਾਂ ਦਾ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਰੇਨੂ ਬਾਲਾ ਤੋਂ ਇਲਾਵਾ ਐਡਮਿਸ਼ਨ ਸੈਲ ਇੰਚਾਰਜ ਮੈਡਮ ਲਵਲੀ ਸੈਣੀ ਗਗਨਦੀਪ ਕੌਰ, ਡਾ. ਤਵਲੀਨ ਕੌਰ, ਬਲਜੀਤ ਕੌਰ, ਦਲਜਿੰਦਰ ਕੌਰ, ਮਨਪ੍ਰੀਤ ਕੌਰ, ਜਸਪ੍ਰੀਤ ਕੌਰ, ਲਖਵਿੰਦਰ ਕੌਰ,, ਕਸ਼ਮੀਰ ਕੌਰ, ਆਤੇ ਹੋਰ ਸਟਾਫ ਮੈਂਬਰ ਵੀ ਮੌਜੂਦ ਸਨ।

## ਡੇਰਾਬੱਸੀ ਦੇ ਪਿੰਡਾਂ ਲਈ ਰੰਧਾਵਾ ਨੇ 55 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੀ ਕਰਵਾਈ ਸ਼ੁਰੂਆਤ

**ਡੇਰਾਬੱਸੀ, (ਵਿਨੈ ਕੁਮਾਰ ਜੈਨ)** ਡੇਰਾਬੱਸੀ ਵਿਧਾਨ ਸਭਾ ਹਲਕੇ ਦੇ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਦੀਆਂ ਲੰਮੇ ਸਮੇਂ ਤੋਂ ਚੱਲੀਆਂ ਆ ਰਹੀਆਂ ਮੰਗਾਂ ਨੂੰ ਪੂਰਾ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਵੱਖ-ਵੱਖ ਪਿੰਡਾਂ ਵਿੱਚ ਕੁੱਲ 55 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ।ਇਨ੍ਹਾਂ ਵਿਕਾਸ ਕਾਰਜਾਂ ਵਿੱਚ ਲਾਇਬ੍ਰੇਰੀ, ਗਲੀਆਂ-ਨਾਲੀਆਂ, ਸਟਰੀਟ ਲਾਈਟਾਂ ਅਤੇ ਸ਼ਮਸ਼ਾਨਘਾਟ ਦੇ ਵਿਕਾਸ ਕਾਰਜ ਸ਼ਾਮਲ ਹਨ। ਵਿਧਾਇਕ ਰੰਧਾਵਾ ਨੇ ਪਿੰਡ ਬਾਕਰਪੁਰ (ਟੈਂਕੀ ਵਾਲਾ) ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ, ਜਿਸ ਵਿੱਚ 10 ਲੱਖ ਰੁਪਏ ਦੀ ਲਾਗਤ ਨਾਲ ਲਾਇਬ੍ਰੇਰੀ ਅਤੇ 10 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ-ਨਾਲੀਆਂ ਦਾ ਕੰਮ ਸ਼ਾਮਲ ਹੈ।ਇਸ ਤੋਂ ਬਾਅਦ ਪਿੰਡ ਕਾਰਕੋਰ ਵਿਖੇ 15 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ-ਨਾਲੀਆਂ ਦੇ ਵਿਕਾਸ ਕਾਰਜ ਦੀ ਸ਼ੁਰੂਆਤ ਕਰਵਾਈ ਗਈ।ਪਿੰਡ ਬਰੌਲੀ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਸ਼ੁਰੂ ਕੀਤੇ ਗਏ, ਜਿਨ੍ਹਾਂ ਵਿੱਚ 8 ਲੱਖ ਰੁਪਏ ਦੀ ਲਾਗਤ ਨਾਲ ਸਟਰੀਟ ਲਾਈਟਾਂ ਅਤੇ 2 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ-ਨਾਲੀਆਂ ਦਾ ਕੰਮ ਸ਼ਾਮਲ ਹੈ। ਵਿਧਾਇਕ ਰੰਧਾਵਾ ਨੇ ਕਿਹਾ ਕਿ ਇਨ੍ਹਾਂ ਕਾਰਜਾਂ ਦੇ ਮੁਕੰਮਲ ਹੋਣ ਨਾਲ ਪਿੰਡ ਵਾਸੀਆਂ ਨੂੰ ਬਿਹਤਰ ਰੋਸ਼ਨੀ ਅਤੇ ਸੁਚਾਰੂ ਨਿਕਾਸੀ ਦੀ ਸਹੂਲਤ ਮਿਲੇਗੀ। ਇਸੇ ਲੜੀ ਤਹਿਤ ਪਿੰਡ ਅਮਲਾਲਾ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਸ਼ਮਸ਼ਾਨਘਾਟ ਦੇ ਵਿਕਾਸ ਕਾਰਜ ਦੀ ਸ਼ੁਰੂਆਤ ਕਰਵਾਈ ਗਈ।ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ



ਵਿਕਾਸ ਸਿਰਫ਼ ਸ਼ਹਿਰਾਂ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ, ਸਗੋਂ ਪਿੰਡਾਂ ਦੇ ਲੋਕਾਂ ਨੂੰ ਵੀ ਬਰਾਬਰ ਦੀਆਂ ਬੁਨਿਆਦੀ ਸਹੂਲਤਾਂ ਮਿਲਣੀਆਂ ਚਾਹੀਦੀਆਂ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਹਲਕੇ ਵਿੱਚ ਸ਼ੁਰੂ ਕੀਤੇ ਗਏ ਵਿਕਾਸ ਕਾਰਜਾਂ ਨੂੰ ਗੁਣਵੱਤਾ ਅਤੇ ਪਾਰਦਰਸ਼ਤਾ ਨਾਲ ਸਮੇਂ ਸਿਰ ਮੁਕੰਮਲ ਕਰਵਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਇਸ ਮੌਕੇ ਸਰਪੰਚ ਧਰਮਪਾਲ ਸਿੰਘ, ਜਗਦੀਪ ਸਿੰਘ, ਹਰਵਿੰਦਰ ਸਿੰਘ, ਹਰਨਿੰਦਰ ਸਿੰਘ ਸਮੇਤ ਸਬੰਧਤ ਵਿਭਾਗਾਂ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਰਹੇ।

## ਖੇਡਾਂ ਵਤਨ ਪੰਜਾਬ ਦੀਆਂ-2026 'ਚ ਪਹਿਲੀ ਵਾਰ ਟੈਨਿਸ ਬਾਲ ਕ੍ਰਿਕਟ ਵੀ ਹੋਵੇਗੀ ਸ਼ਾਮਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਸਰਕਾਰ ਅਤੇ ਖੇਡ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ-4 ਤਹਿਤ ਬਲਾਕ ਪੱਧਰੀ ਖੇਡ ਮੁਕਾਬਲੇ 14 ਅਤੇ 15 ਸਤੰਬਰ ਨੂੰ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਕਰਵਾਏ ਜਾਣਗੇ। ਇਸ ਵਾਰ ਖੇਡ ਵਿਭਾਗ ਵੱਲੋਂ ਪਹਿਲੀ ਵਾਰ ਟੈਨਿਸ ਬਾਲ ਕ੍ਰਿਕਟ ਨੂੰ ਪ੍ਰਦਰਸ਼ਨੀ ਖੇਡ ਵਜੋਂ ਇਨ੍ਹਾਂ ਖੇਡਾਂ ਵਿੱਚ ਸ਼ਾਮਲ ਕੀਤਾ ਗਿਆ ਹੈ।ਜ਼ਿਲ੍ਹਾ ਖੇਡ ਅਫ਼ਸਰ ਹੁਸ਼ਿਆਰਪੁਰ ਸੁਰਜੀਤ ਸਿੰਘ ਨੇ ਦੱਸਿਆ ਕਿ ਟੈਨਿਸ ਬਾਲ ਕ੍ਰਿਕਟ ਦੇ ਮੁਕਾਬਲੇ 14 ਸਾਲ ਤੋਂ ਵੱਧ ਉਮਰ ਵਰਗ ਦੇ ਲੜਕਿਆਂ/ਪੁਰਸ਼ਾਂ ਦੇ ਵਰਗ ਵਿੱਚ ਕਰਵਾਏ ਜਾਣਗੇ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਅਧੀਨ ਆਉਂਦੇ ਪਿੰਡਾਂ ਦੇ ਖਿਡਾਰੀ ਇਨ੍ਹਾਂ ਮੁਕਾਬਲਿਆਂ ਵਿੱਚ ਹਿੱਸਾ ਲੈ ਸਕਣਗੇ।ਉਨ੍ਹਾਂ ਦੱਸਿਆ ਕਿ ਟੈਨਿਸ ਬਾਲ ਕ੍ਰਿਕਟ ਦੇ ਬਲਾਕ ਪੱਧਰੀ ਮੁਕਾਬਲੇ ਮੁਕੇਰੀਆਂ ਦੇ ਕੈਂਪ ਗਰਾਊਂਡ, ਟਾਂਡਾ ਦੇ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਕਾਲਜ, ਗੜ੍ਹਸ਼ੰਕਰ ਦੇ ਮੁੱਖ ਮੰਤਰੀ ਖੇਡ ਮੈਦਾਨ ਪਿੰਡ ਸਾਧੋਵਾਲ, ਭੰਗਾਲਾ ਦੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗੜ੍ਹਦੀਵਾਲਾ, ਹਾਜੀਪੁਰ ਦੇ ਪਿੰਡ ਰੈਲੀ, ਦਸੂਹਾ ਦੇ ਆਰਮੀ ਗਰਾਊਂਡ, ਹੁਸ਼ਿਆਰਪੁਰ-1 ਦੇ ਆਊਟਡੋਰ ਸਟੇਡੀਅਮ ਹੁਸ਼ਿਆਰਪੁਰ ਅਤੇ ਮਾਹਿਲਪੁਰ ਦੇ ਪਿੰਡ ਨੂਰਪੁਰ ਵਿੱਚ ਕਰਵਾਏ ਜਾਣਗੇ।ਉਨ੍ਹਾਂ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਮੁਕਾਬਲਿਆਂ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਹਿੱਸਾ ਲੈਣ ਅਤੇ ਖੇਡ ਭਾਵਨਾ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ।

## ਵੋਟਰ ਰਜਿਸਟ੍ਰੇਸ਼ਨ ਸੰਬੰਧੀ ਕੈਂਪ ਲਗਾਇਆ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)** ਉਚੇਰੀ ਸਿੱਖਿਆ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਰਕਾਰੀ ਕਾਲਜ ਡੇਰਾ ਬੱਸੀ ਵਿਖੇ ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ ਦੀ ਲੜੀ ਤਹਿਤ ਕਾਲਜ ਵਿਖੇ ਤੀਜਾ ਵਿਸ਼ੇਸ਼ ਕੈਂਪ ਲਗਾਇਆ ਗਿਆ।ਕੈਂਪ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਜਿਲ੍ਹਾ ਇੰਚਾਰਜ ਸ੍ਰੀਮਤੀ ਪ੍ਰਭਜੋਤ ਕੌਰ, ਚੇਅਰਪਰਸਨ ਜਿਲ੍ਹਾ ਯੋਜਨਾ ਬੋਰਡ ਮੋਹਾਲੀ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦੇ





ਸ਼ੁਰੂਆਤ ਵਿੱਚ ਡਾ. ਨਵੀਨ ਨੇ ਮੰਚ ਦਾ ਸੰਚਾਲਨ ਕਰਦੇ ਹੋਏ ਬਾਹਰੋਂ ਆਏ ਮਹਿਮਾਨ ਦਾ ਸੁਆਗਤ ਕੀਤਾ ਤੇ ਵਿਦਿਆਰਥੀਆਂ ਨੂੰ ਵੋਟ ਦੀ ਮਹੱਤਤਾ ਬਾਰੇ ਦੱਸਿਆ।ਇਸ ਮੌਕੇ ਮੁੱਖ ਮਹਿਮਾਨ ਨੇ ਕਾਲਜ ਦੇ ਵਿਦਿਆਰਥੀਆਂ ਨੂੰ ਵੋਟ ਰਜਿਸਟ੍ਰੇਸ਼ਨ ਦੇ ਕੈਂਪ ਵਿੱਚ ਉਹਨਾਂ ਨੂੰ 18 ਤੋਂ ਉਪਰ ਹੋਣ ਤੇ ਮੁਬਾਰਕਬਾਦ ਦਿੰਦੇ ਹੋਏ ਵਿਦਿਆਰਥੀਆਂ ਨੂੰ ਵੋਟ ਦੇ ਅਧਿਕਾਰਾਂ ਬਾਰੇ ਦੱਸਿਆ ਅਤੇ ਸਾਰੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਵੋਟ ਰਜਿਸਟ੍ਰੇਸ਼ਨ ਕਰਨ ਬਾਰੇ ਪ੍ਰੇਰਿਤ ਕੀਤਾ। ਇਸ ਦੇ ਨਾਲ ਹੀ ਉਹਨਾਂ ਨੇ 18 ਸਾਲ ਤੋਂ ਬਾਅਦ ਵਿਦਿਆਰਥਣਾਂ ਲਈ ਜੋ ਪੰਜਾਬ ਸਰਕਾਰ ਦੀਆਂ ਸਕੀਮਾਂ ਚਲਾਈਆਂ ਹੋਈਆਂ ਹਨ, ਉਹਨਾਂ ਬਾਰੇ ਜਾਣੂ ਕਰਵਾਇਆ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਸ੍ਰੀਮਤੀ ਵਿਨੀਤਾ ਰਾਓ ਜੀ ਨੇ ਸਮੂਹ ਵਿਦਿਆਰਥੀਆਂ ਨੂੰ ਆਪਣੀ ਵੋਟ ਰਜਿਸਟ੍ਰੇਸ਼ਨ ਲਈ ਪ੍ਰੇਰਿਤ ਕੀਤਾ। ਸਵੀਪ ਕਮੇਟੀ ਦੇ ਮੈਂਬਰ ਪ੍ਰੋ. ਸੁਨੀਲ ਕੁਮਾਰ ਨੇ ਬਾਹਰੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।ਇਸ ਪ੍ਰੋਗਰਾਮ ਵਿੱਚ ਸਵੀਪ ਕਮੇਟੀ ਦੇ ਕਨਵੀਨਰ ਡਾ. ਪ੍ਰਭਜੋਤ ਕੌਰ, ਪ੍ਰੋ. ਸਵਿਤਾ ਗੁਪਤਾ ਅਤੇ ਸਮੂਹ ਸਟਾਫ ਮੈਂਬਰ ਮੌਜੂਦ ਸਨ।

## ਹਰ ਵਿਅਕਤੀ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਪੰਜਾਬ ਸਰਕਾਰ ਦੀ ਪਹਿਲੀ ਤਰਜੀਹ : ਭਗਤ

**ਜਲੰਧਰ (ਸੁਰਿੰਦਰ ਕੁਮਾਰ)** ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਸੂਬੇ ਦੇ ਹਰ ਵਿਅਕਤੀ ਨੂੰ ਮਿਆਰੀ ਸਿਹਤ ਸਹੂਲਤਾਂ



ਮੁਹੱਈਆ ਕਰਵਾਉਣਾ ਪੰਜਾਬ ਸਰਕਾਰ ਦੀ ਪਹਿਲੀ ਤਰਜੀਹ ਹੈ।ਉਹ ਸਥਾਨਕ ਸ਼ਹੀਦ ਬਾਬੂ ਲਾਭ ਸਿੰਘ ਸਿਵਲ ਹਸਪਤਾਲ ਵਿਖੇ ਟੀ.ਬੀ. ਦੇ ਮਰੀਜ਼ਾਂ ਨੂੰ ਪੋਸ਼ਣ ਕਿੱਟਾਂ ਦੀ ਵੰਡ ਮੌਕੇ ਸੰਬੋਧਨ ਕਰ ਰਹੇ ਸਨ।ਟੀ.ਬੀ. ਦੇ ਮਰੀਜ਼ਾਂ ਨੂੰ ਪੋਸ਼ਣ ਕਿੱਟਾਂ ਦੀ ਵੰਡ ਕਰਦਿਆਂ ਕੈਬਨਿਟ ਮੰਤਰੀ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚੋਂ ਟੀ.ਬੀ. ਦੇ ਜੜ੍ਹੋਂ ਖਾਤਮੇ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਸੂਬੇ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਟੀ.ਬੀ. ਦਾ ਮੁਫ਼ਤ ਇਲਾਜ ਤੇ ਟੈਸਟ ਕੀਤੇ ਜਾਂਦੇ ਹਨ। ਉਨ੍ਹਾਂ ਟੀ.ਬੀ. ਦੇ ਮਰੀਜ਼ਾਂ ਨੂੰ ਦਵਾਈ ਦਾ ਕੋਰਸ ਪੂਰਾ ਕਰਨ ਅਤੇ ਡਾਕਟਰਾਂ ਦੇ ਕਹੇ ਅਨੁਸਾਰ ਸਾਵਧਾਨੀਆਂ ਵਰਤਣ ਦੀ ਅਪੀਲ ਵੀ ਕੀਤੀ। ਇਸ ਬਿਮਾਰੀ ਦੇ ਖਾਤਮੇ ਲਈ ਉਨ੍ਹਾਂ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣ 'ਤੇ ਵੀ ਜ਼ੋਰ ਦਿੱਤਾ।

## ਰਿਆਤ ਬਾਹਰਾ 'ਵਰਸਿਟੀ 'ਚ ਲਾਇਬੇਰੀਆ ਦਿਵਸ ਮਨਾਇਆ

**ਮੋਹਾਲੀ (ਗੁਰਜੀਤ ਬਿੱਲਾ)** ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਲਾਇਬੇਰੀਆ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਯੂਨੀਵਰਸਿਟੀ ਦੀ ਨਵੀਂ ਗਠਿਤ ਲਾਇਬੇਰੀਅਨ ਸਟੂਡੈਂਟਸ ਐਸੋਸੀਏਸ਼ਨ ਦਾ ਉਦਘਾਟਨ ਵੀ ਕੀਤਾ ਗਿਆ।ਐਲਬੇਕ ਕਾਈ ਗਬੀਆਹ





ਨੂੰ ਐਸੋਸੀਏਸ਼ਨ ਦਾ ਪ੍ਰਧਾਨ ਚੁਣਿਆ ਗਿਆ।ਸਮਾਗਮ ਦੀ ਸ਼ੁਰੂਆਤ ਲਾਇਬੇਰੀਆ ਦੇ ਰਾਸ਼ਟਰੀ ਗੀਤ ਨਾਲ ਹੋਈ, ਜਿਸ ਉਪਰੰਤ ਜਾਰਜ ਡਾਰਵੇ ਨੇ ਪ੍ਰਾਰਥਨਾ ਕਰਵਾਈ।ਜੋਨ ਡੀ. ਕਰਮਨ ਨੇ ਮਹਿਮਾਨਾਂ ਅਤੇ ਲਾਇਬੇਰੀਅਨ ਵਿਦਿਆਰਥੀਆਂ ਦਾ ਸਵਾਗਤ ਕੀਤਾ।ਉਨ੍ਹਾਂ ਨੇ ਵਿਦਿਆਰਥੀਆਂ ਵਿੱਚ ਏਕਤਾ ਨੂੰ ਮਜ਼ਬੂਤ ਕਰਨ ਅਤੇ ਆਪਣੀ ਸੱਭਿਆਚਾਰਕ ਪਛਾਣ, ਪਰੰਪਰਾਵਾਂ ਤੇ ਵਿਰਾਸਤ ਨੂੰ ਸੁਰੱਖਿਅਤ ਰੱਖਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਰਿਆਤ ਬਾਹਰਾ ਗਰੁੱਪ ਦੇ ਵਾਈਸ-ਚੇਅਰਮੈਨ ਗੁਰਿੰਦਰ ਸਿੰਘ ਬਾਹਰਾ ਨੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਲਾਇਬੇਰੀਅਨ ਵਿਦਿਆਰਥੀਆਂ ਦੀ ਭਲਾਈ ਲਈ ਸਮਰਪਣ, ਟੀਮ ਵਰਕ ਅਤੇ ਪੂਰੀ ਵਚਨਬੱਧਤਾ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਐਸੋਸੀਏਸ਼ਨ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਆਸ ਪ੍ਰਗਟਾਈ ਕਿ ਇਸ ਦੀ ਲੀਡਰਸ਼ਿਪ ਲਾਇਬੇਰੀਅਨ ਵਿਦਿਆਰਥੀ ਭਾਈਚਾਰੇ ਦੀ ਭਲਾਈ ਅਤੇ ਵਿਕਾਸ ਲਈ ਇਮਾਨਦਾਰੀ ਨਾਲ ਕੰਮ ਕਰੇਗੀ। ਡੀਨ, ਵਿਦਿਆਰਥੀ ਭਲਾਈ, ਡਾ. ਸਿਮਰਜੀਤ ਕੌਰ ਨੇ ਵਿਦਿਆਰਥੀਆਂ ਨੂੰ ਲਾਇਬੇਰੀਆ ਦਿਵਸ ਅਤੇ ਝੰਡਾ ਲਹਿਰਾਉਣ ਦੀ ਰਸਮ ਦੀ ਵਧਾਈ ਦਿੱਤੀ।ਨਵੇਂ ਅਹੁਦੇਦਾਰਾਂ ਵਿੱਚ ਐਲਬੇਕ ਕਾਈ ਗਬੀਆਹ ਪ੍ਰਧਾਨ, ਜਾਰਜੈਸਟ ਏ. ਡਵੇਹ ਉਪ-ਪ੍ਰਧਾਨ, ਮੌਰਿਸ ਐਫ. ਟੇਲਰ ਜਨਰਲ ਸਕੱਤਰ ਅਤੇ ਹਾਜਾ ਐਮ.ਕੇ. ਜਬਾਤੇਹ ਖਜ਼ਾਨਚੀ ਚੁਣੇ ਗਏ। ਜੋਸਲਿਨ ਬੀ.ਸੀ. ਟੂਮੀ ਨੇ ਕਿਹਾ ਕਿ ਪ੍ਰਭਾਵਸ਼ਾਲੀ ਲੀਡਰਸ਼ਿਪ ਲਈ ਸਪੱਸ਼ਟ ਦ੍ਰਿਸ਼ਟੀਕੋਣ ਅਤੇ ਸਮੂਹਿਕ ਜ਼ਿੰਮੇਵਾਰੀ ਜ਼ਰੂਰੀ ਹੈ।ਉਨ੍ਹਾਂ ਨੇ ਅਹੁਦੇਦਾਰਾਂ ਨੂੰ ਐਸੋਸੀਏਸ਼ਨ ਨੂੰ ਹੋਰ ਮਜ਼ਬੂਤ ਕਰਨ ਲਈ ਮਿਲਜੁਲ ਕੇ ਕੰਮ ਕਰਨ ਦੀ ਅਪੀਲ ਕੀਤੀ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਨੇ ਨਸ਼ਿਆਂ ਦੀ ਰੋਕਥਾਮ ਬਾਰੇ ਕਰਵਾਇਆ ਸੈਮੀਨਾਰ

**ਫਗਵਾੜਾ ( ਡਾ. ਰਮਨ)** ਪੰਜਾਬ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਅਤੇ ਰੰਗਲਾ ਪੰਜਾਬ ਬਣਾਉਣ ਦੇ ਮੰਤਵ ਨਾਲ ਪੰਜਾਬ ਸਰਕਾਰ ਵੱਲੋਂ ਰਾਜ ਪੱਧਰੀ 'ਯੁੱਧ ਨਸ਼ਿਆਂ ਵਿਰੁੱਧ' ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ ਇਸ ਮੁਹਿੰਮ ਦਾ ਮੁੱਖ ਮਨੋਰਥ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਬੁਰਾਈ ਤੋਂ ਦੂਰ ਰੱਖਣਾ, ਆਮ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਨਸ਼ਾ ਪੀੜਤਾਂ ਦਾ ਸਹੀ ਇਲਾਜ ਕਰਵਾ ਕੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਲਿਆਉਣਾ ਹੈ ਇਸੇ ਲੜੀ ਤਹਿਤ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ ਫਗਵਾੜਾ ਵੱਲੋਂ ਸਿਟੀ ਹਾਰਟ ਰਿਸੋਟ ਹੁਸ਼ਿਆਰਪੁਰ ਰੋਡ ਫਗਵਾੜਾ ਵਿੱਖੇ ਇੱਕ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਡਾ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਅਤੇ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਅਤੇ ਮੇਅਰ ਰਾਮਪਾਲ ਉੱਪਲ, ਡਿਪਟੀ ਮੇਅਰ ਵਿੱਕੀ ਸੂਦ ਬੌਬੀ ਬੇਦੀ ਗੋਪੀ ਬੇਦੀ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਹੋਰ ਆਗੂ ਵੀ ਸ਼ਾਮਲ ਹੋਏ ਜਦਕਿ ਡਾ ਸਰਬਜੀਤ ਸਿੰਘ ਸੀਨੀਅਰ ਮੈਡੀਕਲ ਅਫ਼ਸਰ ਸੀ ਐਸ ਸੀ ਪਾਂਛਟ ਵਿਸ਼ੇਸ਼ ਮਹਿਮਾਨ ਅਤੇ ਡਾ. ਰਵੀ ਕੁਮਾਰ ਕਾਰਜਕਾਰੀ ਐਸ ਐਮ ਓ ਸਿਵਲ ਹਸਪਤਾਲ ਫਗਵਾੜਾ ਅਤੇ ਡਾ. ਨਿਖਿਲ ਕੁਮਾਰ ਮਾਨਸਿਕ ਰੋਗਾਂ ਦੇ ਮਾਹਿਰ ਸਿਵਲ ਹਸਪਤਾਲ ਫਗਵਾੜਾ ਉਚੇਚੇ ਤੌਰ 'ਤੇ ਸ਼ਾਮਲ ਹੋਏ। ਡਾ ਰਾਜ ਕੁਮਾਰ ਚੱਬੇਵਾਲ ਨੇ ਆਖਿਆ ਕਿ ਨਸ਼ਿਆਂ ਦੀ ਵਧਦੀ ਸਮੱਸਿਆ ਇੱਕ ਅਤਿਅੰਤ ਗੰਭੀਰ ਚਿੰਤਾ ਦਾ ਵਿਸ਼ਾ ਹੈ, ਜੋ ਸਾਡੇ ਸਮਾਜ ਦੀਆਂ ਜੜ੍ਹਾਂ ਅਤੇ ਨੌਜਵਾਨ ਪੀੜ੍ਹੀ ਦੇ ਭਵਿੱਖ ਨੂੰ ਖੋਖਲਾ ਕਰ ਰਹੀ ਹੈ ਇੱਕ ਮੈਂਬਰ ਪਾਰਲੀਮੈਂਟ ਵਜੋਂ, ਮੇਰੀ ਸਭ ਤੋਂ ਪਹਿਲੀ ਜ਼ਿੰਮੇਵਾਰੀ ਅਪਣੇ ਖੇਤਰ ਅਤੇ ਦੇਸ਼ ਦੇ ਲੋਕਾਂ ਦੀ ਸੁਰੱਖਿਆ ਅਤੇ ਬਿਹਤਰੀ ਨੂੰ ਯਕੀਨੀ ਬਣਾਉਣਾ ਹੈ। ਸਮਾਗਮ ਦੌਰਾਨ ਡਾ. ਰਮਨ ਸ਼ਰਮਾ, ਡਾ. ਅਸ਼ੋਕ ਭਾਟੀਆ, ਵਿਜੇ ਕੁਮਾਰ, ਡਾ. ਬੂਟਾ ਰਾਮ, ਡਾ. ਪਵਨ ਕੁਮਾਰ ਅਤੇ ਡਾ. ਧਰਮਵੀਰ ਚੌਹਾਨ , ਡਾ ਅਸ਼ੋਕ ਸਾਗਰ ਡਾ. ਸਨਅਤ, ਡਾ. ਸਤਵਿੰਦਰ, ਡਾ. ਦਲਬੀਰ, ਡਾ. ਚਰਨਜੀਤ, ਡਾ. ਸੋਹਨ ਲਾਲ, ਡਾ. ਰਾਜਕੁਮਾਰ, ਡਾ. ਹਰਭਜਨ ਸਿੰਘ, ਡਾ. ਸਤੀਸ਼ ਦੁੱਗਲ, ਡਾ. ਬ੍ਰਿਜੇਸ਼ ਜੋਸ਼ੀ, ਡਾ. ਮੰਗਲ ਰਾਮ, ਡਾ. ਸੁਰਿੰਦਰ, ਡਾ. ਯੋਗਰਾਜ ਤੋਂ ਇਲਾਵਾ ਵੱਡੀ ਗਿਣਤੀ ਵਿਚ ਐਸੋਸੀਏਸ਼ਨ ਦੇ ਮੈਂਬਰ ਹਾਜ਼ਰ ਸਨ ਮੰਚ ਸੰਚਾਲਨ ਦੀ ਭੂਮਿਕਾ ਡਾ ਅਸ਼ੋਕ ਕੁਮਾਰ ਭਾਟੀਆ ਨੇ ਬਾਖੂਬੀ ਨਿਭਾਈ।



## ਭਗਵਤੀ ਜਾਗਰਣ 13 ਨੂੰ



**ਨਕੋਦਰ (ਮਨਜੀਤ ਮਾਨ)** ਤਹਿਸੀਲ ਨਕੋਦਰ ਅਧੀਨ ਪੈਂਦੇ ਪਿੰਡ ਈਦਾ ਜ਼ਿਲ੍ਹਾ ਜਲੰਧਰ ਵਿਖੇ ਬਾਬਾ ਰਿੱਖੀ ਜੀ ਤੇ ਮਾਂ ਭਗਵਤੀ ਜਾਗਰਣ ਪ੍ਰਬੰਧਕ ਕਮੇਟੀ ਵੱਲੋਂ 19 ਵਾਂ ਸਲਾਨਾ ਮਾਂ ਭਗਵਤੀ ਜਾਗਰਣ 13 ਸਤੰਬਰ ਦਿਨ ਐਤਵਾਰ ਨੂੰ ਸਮੂਹ ਗ੍ਰਾਮ ਪੰਚਾਇਤ, ਨਗਰ ਨਿਵਾਸੀਆਂ ਤੇ ਐਨ ਆਰ ਆਈਜ਼ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।

ਪ੍ਰਬੰਧਕਾਂ ਕੋਲੋਂ ਮਿਲੀ ਜਾਣਕਾਰੀ ਅਨੁਸਾਰ ਜਿਸ ਵਿੱਚ ਭਗਤ ਸੁਰਿੰਦਰ ਕੁਮਾਰ ਨੂਰਮਹਿਲ ਵਾਲੇ ਮਾਂ ਗਣੇਸ਼ ਵੰਦਨਾ ਅਤੇ ਤਾਰਾ ਰਾਣੀ ਦੀ ਕਥਾ ਕਰਨਗੇ ਤੇ ਉਪਰੰਤ ਵਿਸ਼ਵ ਪ੍ਰਸਿੱਧ ਪੰਜਾਬੀ ਲੋਕ ਗਾਇਕ ਚਰਨਜੀਤ ਚੰਨੀ ਤੇ ਬਲਕਾਰ ਬੱਲ ਮਾਂ ਭਗਵਤੀ ਦੀ ਮਹਿਮਾ ਦਾ ਗੁਣਗਾਨ ਕਰਨਗੇ। ਇਸ ਮੌਕੇ ਮਾਂ ਭਗਵਤੀ ਜੀ ਦੇ ਜਾਗਰਣ ਤੇ ਮਾਂ ਭਗਵਤੀ ਜੀ ਦੀ ਪਵਿੱਤਰ ਜੋਤ ਮਾਂ ਜਵਾਲਾ ਜੀ ਦੇ ਮੰਦਿਰ ਤੋਂ ਲਿਆਂਦੀ ਜਾਵੇਗੀ।

## ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਨੇ ਅੰਤਰਰਾਸ਼ਟਰੀ ਸਾਖਰਤਾ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)** ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਦੀ ਐਨ ਐਸ ਐਸ ਯੂਨਿਟ ਨੇ ਯੂਨੈਸਕੋ ਦੁਆਰਾ ਘੋਸ਼ਿਤ ਇਸ ਦਿਨ ਦੀ 60ਵੀਂ ਵਰ੍ਹੇਗੰਢ ਦੀ ਯਾਦ ਵਿੱਚ ਅੰਤਰਰਾਸ਼ਟਰੀ ਸਾਖਰਤਾ ਦਿਵਸ ਮਨਾਇਆ, ਜਿਸ ਦਾ ਥੀਮ 2026 'ਲੋਕਾਂ, ਗ੍ਰਹਿ ਅਤੇ ਖੁਸ਼ਹਾਲੀ ਲਈ ਸਾਖਰਤਾ' ਸੀ। ਪ੍ਰੋਗਰਾਮ ਦਾ ਮੁੱਖ ਉਦੇਸ਼ ਮਾਸ ਮੀਡੀਆ ਰਾਹੀਂ ਲੋਕਾਂ ਤੱਕ ਪਹੁੰਚਣਾ, ਉਨ੍ਹਾਂ ਨੂੰ ਸਿੱਖਿਅਤ ਕਰਨਾ ਅਤੇ ਸਾਖਰਤਾ ਦੀ ਮਹੱਤਤਾ ਨੂੰ ਉਜਾਗਰ ਕਰਨਾ ਸੀ। ਵਿਦਿਆਰਥੀ-ਅਧਿਆਪਕਾਂ ਨੇ 'ਸਾਖਰਤਾ ਹਨੇਰੇ ਤੋਂ ਰੌਸ਼ਨੀ ਤੱਕ ਇੱਕ ਪੁਲ ਹੈ' ਸਿਰਲੇਖ ਵਾਲਾ ਇੱਕ ਨਾਟਕ ਪੇਸ਼ ਕੀਤਾ। ਐਨ ਐਸ ਐਸ ਵਲੰਟੀਅਰ ਆਰਤੀ ਨੇ ਕਹਾਣੀਕਾਰ ਵਜੋਂ ਕੰਮ ਕੀਤਾ।ਅਨਮੋਲ ਨਾਗਪਾਲ, ਆਰਤੀ ਮਨਕੋਟੀਆ, ਦਿਵਿਆ ਗੱਬਾ, ਪਾਇਲ, ਸਿਧਾਂਤ ਬੱਬਰ ਅਤੇ ਸਮੀਕਸ਼ਾ ਨੇ ਅਨਪੜ੍ਹ ਅਤੇ ਸਾਖਰ ਲੋਕਾਂ ਦੀਆਂ ਭੂਮਿਕਾਵਾਂ ਨਿਭਾਈਆਂ। ਪ੍ਰਿੰਸੀਪਲ ਡਾ. ਅਰਜਿੰਦਰ ਸਿੰਘ ਨੇ ਕਿਹਾ ਕਿ ਨਾਟਕ ਵਿੱਚ ਅਧਿਆਪਨ ਪ੍ਰਤੀ ਇੱਕ ਰਚਨਾਤਮਕ ਦ੍ਰਿਸ਼ਟੀਕੋਣ ਸ਼ਾਮਲ ਕੀਤਾ ਗਿਆ ਹੈ, ਜਿਸ ਵਿੱਚ ਅਧਿਆਪਕ ਇੱਕ ਸੁਵਿਧਾਜਨਕ ਅਤੇ ਸਹਾਇਕ ਵਜੋਂ ਕੰਮ ਕਰਦਾ ਹੈ, ਜਦੋਂ ਕਿ ਵਿਦਿਆਰਥੀ ਆਪਣੇ ਗਿਆਨ ਦਾ ਨਿਰਮਾਣ ਕਰਦੇ ਹਨ।ਪ੍ਰਿੰਸੀਪਲ ਅਤੇ ਅਧਿਆਪਕਾਂ ਨੇ ਸਾਰੇ ਭਾਗੀਦਾਰਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਸਾਰੇ ਸਰਟੀਫਿਕੇਟ ਪ੍ਰਦਾਨ ਕੀਤੇ।



## ਬਾਲ ਭਿੱਖਿਆ ਰੋਕੂ ਫੋਰਸ ਨੇ ਭੀਖ ਮੰਗਦੀ ਬੱਚੀ ਨੂੰ ਛੁਡਵਾਇਆ

**ਜਲੰਧਰ (ਇਕਬਾਲ ਸਿੰਘ ਉਭੀ)**- ਭੀਖ ਮੰਗਦੇ ਬੱਚਿਆਂ ਨੂੰ ਰੈਸਕਿਊ ਕਰਨ ਲਈ ਪ੍ਰਾਜੈਕਟ ਜੀਵਨਜੋਤ-2 'ਸੇਵ ਦਾ ਚਾਈਲਡਹੁੱਡ' ਤਹਿਤ ਬਾਲ ਭਿੱਖਿਆ ਰੋਕੂ ਟਾਸਕ ਫੋਰਸ ਦੀ ਟੀਮ, ਲੀਗਲ-ਕਮ-ਪ੍ਰੋਬੇਸ਼ਨ ਅਫ਼ਸਰ ਸੰਦੀਪ ਕੁਮਾਰ, ਸੋਸ਼ਲ ਵਰਕਰ ਰੇਨੂੰ ਬਾਲਾ, ਆਊਟਰੀਚ ਵਰਕਰ ਗੌਰਵ ਅਤੇ ਸੁਪਰਵਾਈਜ਼ਰ ਚਾਈਲਡਲਾਈਨ ਬੱਬਲਜੀਤ ਵੱਲੋਂ ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਦੌਰਾਨ ਕਪੂਰਥਲਾ ਚੌਂਕ ਤੋਂ ਭੀਖ ਮੰਗਦੀ ਬੱਚੀ ਨੂੰ ਛੁਡਵਾਇਆ ਗਿਆ।ਇਸ ਸਬੰਧੀ ਸੰਦੀਪ ਕੁਮਾਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗੁਲਬਹਾਰ ਸਿੰਘ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੈ ਭਾਰਤੀ ਦੀਆਂ ਹਦਾਇਤਾਂ 'ਤੇ ਕੀਤੀ ਗਈ ਛਾਪੇਮਾਰੀ ਦੌਰਾਨ ਰੈਸਕਿਊ ਕੀਤੀ ਬੱਚੀ ਨੂੰ ਡੀ ਡੀ ਆਰ ਕਰਵਾ ਕੇ ਸਥਾਨਕ ਬਾਲ ਭਲਾਈ ਕਮੇਟੀ ਵਿਖੇ ਕਰਕੇ ਉਸ ਨੂੰ ਬਾਲ ਭਲਾਈ ਕਮੇਟੀ ਵੱਲੋਂ ਚਿਲਡਰਨ ਹੋਮ ਫਾਰ ਗਰਲਜ਼ ਵਿਖੇ ਭੇਜ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਟੀਮਾਂ ਵਲੋਂ ਆਮ ਲੋਕਾਂ ਨੂੰ ਬੱਚਿਆਂ ਦੇ ਅਧਿਕਾਰਾਂ, ਸਿੱਖਿਆ ਦੀ ਮਹੱਤਤਾ ਅਤੇ ਬੱਚਿਆਂ ਨਾਲ ਹੋ ਰਹੇ ਅਪਰਾਧਾਂ, ਬਾਲ ਮਜ਼ਦੂਰੀ, ਬਾਲ ਭਿੱਖਿਆ, ਬੱਚਿਆਂ ਨਾਲ ਛੇੜਛਾੜ ਅਤੇ ਜਿਣਸੀ ਸ਼ੋਸ਼ਣ ਵਰਗੀਆਂ ਬੁਰਾਈਆਂ ਬਾਰੇ ਵੀ ਜਾਗਰੂਕ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਰੈਸਕਿਊ ਕੀਤੀ ਬੱਚੀ ਦੀ ਪੜ੍ਹਾਈ ਅਤੇ ਮੁੜ ਵਸੇਬੇ ਲਈ ਉਪਰਾਲੇ ਕੀਤੇ ਜਾਣਗੇ।



## ਰਾਜਾ ਸ਼੍ਰੋਮਣੀ ਅਕਾਲੀ ਦਲ ਦੇ ਟਰਾਂਸਪੋਰਟ ਵਿੰਗ ਜ਼ਿਲ੍ਹਾ ਮੁਹਾਲੀ (ਦਿਹਾਤੀ) ਦੇ ਪ੍ਰਧਾਨ ਨਿਯੁਕਤ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)** ਅਕਾਲੀ ਦਲ ਵੱਲੋਂ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੀ ਕਵਾਇਦ ਤਹਿਤ ਟਰਾਂਸਪੋਰਟ ਵਿੰਗ ਵਿੱਚ ਕੀਤੀਆਂ ਗਈਆਂ ਅਹਿਮ ਨਿਯੁਕਤੀਆਂ ਦੌਰਾਨ ਵਿਕਰਮਜੀਤ ਸਿੰਘ ਰਾਜਾ ਨੂੰ ਟਰਾਂਸਪੋਰਟ ਵਿੰਗ ਜ਼ਿਲ੍ਹਾ ਮੁਹਾਲੀ (ਦਿਹਾਤੀ) ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਪਾਰਟੀ ਆਗੂਆਂ ਅਨੁਸਾਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਅਤੇ ਡੇਰਾ ਬੱਸੀ ਦੇ ਸਾਬਕਾ ਵਿਧਾਇਕ ਐਨ ਕੇ ਸ਼ਰਮਾ ਦੀ ਸਿਫਾਰਿਸ਼ ਤਹਿਤ ਪਾਰਟੀ ਪ੍ਰਤੀ ਵਿਕਰਮਜੀਤ ਸਿੰਘ ਰਾਜਾ ਦੀਆਂ ਸੇਵਾਵਾਂ, ਵਫ਼ਾਦਾਰੀ ਅਤੇ ਸਰਗਰਮੀ ਨੂੰ ਮੁੱਖ ਰੱਖਦਿਆਂ ਪਾਰਟੀ ਦੇ ਖ਼ਜ਼ਾਨਚੀ ਐਨ.ਕੇ. ਸ਼ਰਮਾ ਨਾਲ ਸਲਾਹ-ਮਸ਼ਵਰੇ ਉਪਰੰਤ ਉਨ੍ਹਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ।ਆਪਣੀ ਨਿਯੁਕਤੀ 'ਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਵਿਕਰਮਜੀਤ ਸਿੰਘ ਰਾਜਾ ਨੇ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਪ੍ਰਗਟਾਏ ਗਏ ਭਰੋਸੇ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਅੰਦਰ ਟਰਾਂਸਪੋਰਟ ਵਿੰਗ ਨੂੰ ਜਥੇਬੰਦਕ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਟਰੱਕ ਮਾਲਕਾਂ ਅਤੇ ਟਰਾਂਸਪੋਰਟ ਕਾਰੋਬਾਰ ਨਾਲ ਜੁੜੇ ਲੋਕਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਨੂੰ ਢੁਕਵੇਂ ਮੰਚ 'ਤੇ ਉਠਾਇਆ ਜਾਵੇਗਾ।



## ਚੋਣਕਾਰ ਸੂਚੀ ਆਬਜ਼ਰਵਰ ਵੱਲੋਂ ਐੱਸ ਆਈ ਆਰ ਦੀ ਪ੍ਰਗਤੀ ਦੀ ਸਮੀਖਿਆ

**ਨਵਾਂਸ਼ਹਿਰ (ਮਨੋਜ ਲਾਡੀ)**- ਚੋਣਕਾਰ ਸੂਚੀ ਆਬਜ਼ਰਵਰ-ਕਮ-ਡਿਵੀਜ਼ਨਲ ਕਮਿਸ਼ਨਰ ਰੋਪੜ ਡਿਵੀਜ਼ਨ ਮਨਵੇਸ਼ ਸਿੰਘ ਸਿੱਧੂ ਵੱਲੋਂ ਜ਼ਿਲ੍ਹੇ ਵਿੱਚ ਚੱਲ ਰਹੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ) ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਐੱਸ ਬੀ ਐੱਸ ਨਗਰ ਗੁਲਪ੍ਰੀਤ ਸਿੰਘ ਔਲਖ ਅਤੇ ਵਧੀਕ ਡਿਪਟੀ ਕਮਿਸ਼ਨਰ ਅਵਨੀਤ ਕੌਰ ਦੇ ਨਾਲ, ਈ-ਰੋਲ ਆਬਜ਼ਰਵਰ ਵੱਲੋਂ ਐਸ.ਆਈ.ਆਰ. ਤਹਿਤ ਨੋਟਿਸ ਸਰਵਿਸ, ਸੁਣਵਾਈ ਦੀ ਕਾਰਵਾਈ ਅਤੇ ਰਜਿਸਟ੍ਰੇਸ਼ਨ ਦੇ ਕੰਮ ਦਾ ਜਾਇਜ਼ਾ ਲਿਆ ਗਿਆ। ਇਸ ਮੀਟਿੰਗ ਵਿੱਚ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਵਜੋਂ ਵਿਧਾਇਕ ਨਵਾਂਸ਼ਹਿਰ ਡਾ. ਨਛੱਤਰ ਪਾਲ, ਬਸਪਾ ਤੋਂ ਸਰਬਜੀਤ ਜਾਫ਼ਰਪੁਰ, ਆਮ ਆਦਮੀ ਪਾਰਟੀ ਤੋਂ ਸਤਨਾਮ ਜਲਵਾਹਾ, ਸਤਨਾਮ ਜਲਾਲਪੁਰ ਅਤੇ ਨਿਤਿਨ ਚੌਧਰੀ, ਭਾਜਪਾ ਤੋਂ ਮੁਨੀਸ਼ ਅਗਨੀਹੋਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਤੋਂ ਦਿਨੇਸ਼ ਕੁਮਾਰ ਹਾਜ਼ਰ ਸਨ। ਉਨ੍ਹਾਂ ਨੇ ਮੀਟਿੰਗ ਦੌਰਾਨ ਆਪਣੇ ਸੁਝਾਅ ਵੀ ਸਾਂਝੇ ਕੀਤੇ। ਪੂਰੀ ਨਿਰਪੱਖਤਾ, ਪਾਰਦਰਸ਼ਤਾ ਅਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਸਖ਼ਤੀ ਨਾਲ ਪਾਲਣਾ 'ਤੇ ਜ਼ੋਰ ਦਿੰਦਿਆਂ ਸ੍ਰੀ ਸਿੱਧੂ ਨੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ (ਈ.ਆਰ.ਓਜ਼) ਨੂੰ ਨਿਰਦੇਸ਼ ਦਿੱਤੇ ਕਿ



ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਵਿੱਚੋਂ ਬਾਹਰ ਨਾ ਰਹੇ ਅਤੇ ਕੋਈ ਵੀ ਅਯੋਗ ਵਿਅਕਤੀ ਸ਼ਾਮਲ ਨਾ ਹੋਵੇ। ਉਨ੍ਹਾਂ ਅਧਿਕਾਰੀਆਂ ਨੂੰ ਨਵੇਂ ਨਾਮ ਸ਼ਾਮਲ ਕਰਨ, ਨਾਮ ਕਟਵਾਉਣ ਅਤੇ ਦਰੁਸਤੀ ਸਬੰਧੀ ਅਰਜ਼ੀਆਂ ਦਾ ਬਿਨਾਂ ਕਿਸੇ ਦੇਰੀ ਤੋਂ ਜਲਦੀ ਨਿਪਟਾਰਾ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਦੱਸਿਆ ਕਿ 1 ਜੂਨ 2026 ਤੋਂ 7 ਸਤੰਬਰ 2026 ਤੱਕ ਜ਼ਿਲ੍ਹੇ ਵਿੱਚ ਦਾਅਵੇ ਅਤੇ ਇਤਰਾਜ਼ਾਂ ਸਬੰਧੀ ਕੁੱਲ 30,564 ਫਾਰਮ ਪ੍ਰਾਪਤ ਹੋਏ ਹਨ। ਇਨ੍ਹਾਂ ਵਿੱਚ 11,817 ਫਾਰਮ 6 (ਨਵੇਂ ਵੋਟਰ), 331 ਫਾਰਮ 6-ਏ, 2,926 ਫਾਰਮ 7 (ਨਾਮ ਕਟਵਾਉਣ/ਇਤਰਾਜ਼) ਅਤੇ 15,490 ਫਾਰਮ 8 (ਸੋਧ/ਤਬਦੀਲੀ) ਸ਼ਾਮਲ ਹਨ, ਜੋ ਬੰਗਾ, ਨਵਾਂਸ਼ਹਿਰ ਅਤੇ ਬਲਾਚੌਰ ਵਿਧਾਨ ਸਭਾ ਹਲਕਿਆਂ ਨਾਲ ਸਬੰਧਤ ਹਨ। ਡੀ.ਸੀ. ਨੇ ਅੱਗੇ ਦੱਸਿਆ ਕਿ ਅਨਮੈਪਡ ਵੋਟਰਾਂ ਨੂੰ ਨੋਟਿਸ ਜਾਰੀ ਕਰਨ ਤੋਂ ਬਾਅਦ, 10,000 ਤੋਂ ਵੱਧ ਵੋਟਰਾਂ ਤੋਂ ਦਸਤਾਵੇਜ਼ ਪ੍ਰਾਪਤ ਹੋ ਚੁੱਕੇ ਹਨ। ਇਨ੍ਹਾਂ ਵਿੱਚੋਂ 2,437 ਦਸਤਾਵੇਜ਼ਾਂ ਦੀ ਪੜਤਾਲ ਕੀਤੀ ਜਾ ਚੁੱਕੀ ਹੈ ਅਤੇ ਬਾਕੀ ਦੀ ਪੜਤਾਲ ਨਿਰਧਾਰਤ ਸਮੇਂ ਵਿੱਚ ਮੁਕੰਮਲ ਕਰ ਲਈ ਜਾਵੇਗੀ, ਜਦੋਂ ਕਿ ਸੁਣਵਾਈ ਦਾ ਦੂਜਾ ਪੜਾਅ 15 ਸਤੰਬਰ ਤੱਕ ਮੁਕੰਮਲ ਹੋ ਜਾਵੇਗਾ। ਅਧਿਕਾਰੀਆਂ ਨੂੰ ਅੰਤਿਮ ਪ੍ਰਕਾਸ਼ਨਾ ਤੋਂ ਪਹਿਲਾਂ ਸਖ਼ਤ ਸਮਾਂ-ਸੀਮਾ ਦੀ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਗਏ। ਇਸ ਮੀਟਿੰਗ ਵਿੱਚ ਐਸ.ਡੀ.ਐਮ. ਬਲਾਚੌਰ ਸੁਨੀਲ ਫੋਗਾਟ, ਐਸ.ਡੀ.ਐਮ. ਬੰਗਾ ਵਿਪਿਨ ਭੰਡਾਰੀ ਅਤੇ ਐਸ.ਡੀ.ਐਮ. ਨਵਾਂਸ਼ਹਿਰ ਅਨਮਜੋਤ ਕੌਰ ਵੀ ਹਾਜ਼ਰ ਸਨ।

## ਮਾਊਂਟ ਆਬੂ ਵਿਖੇ ਹੋ ਰਹੀ ਰਾਸ਼ਟਰੀ ਪ੍ਰੈੱਸ ਕਾਨਫਰੰਸ ਲਈ ਪੱਤਰਕਾਰਾਂ ਦੀ ਟੀਮ ਰਵਾਨਾ



**ਬੰਗਾ (ਅਵਤਾਰ ਕਲੇਰ)** ਪੱਤਰਕਾਰ ਭਾਈਚਾਰੇ ਲਈ ਸ੍ਰੀ ਪਰਜਾਪਿਤਾ ਬ੍ਰਹਮਾਕੁਮਾਰੀ ਈਸ਼ਵਰੀਆ ਵਿਸ਼ਵ ਵਿਦਿਆਲਿਆ ਮਾਊਂਟ ਆਬੂ ਦੇ ਸ਼ਾਂਤੀਵਨ ਆਸ਼ਰਮ ਵਿਖੇ 9 ਤੋਂ 13 ਸਤੰਬਰ ਤੱਕ ਹੋਣ ਜਾ ਰਹੇ ਵਿਸ਼ਾਲ ਮਹਾ-ਸਮੇਲਨ ਨੂੰ ਲੈ ਕੇ ਪੱਤਰਕਾਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਪੱਤਰਕਾਰ ਇਸ ਮਹੱਤਵਪੂਰਨ ਸਮਾਗਮ ਵਿੱਚ ਸ਼ਮੂਲੀਅਤ ਕਰਨ ਲਈ ਪਹੁੰਚ ਰਹੇ ਹਨ। ਇਸੇ ਕੜੀ ਤਹਿਤ ਬੰਗਾ ਤੋਂ ਪੱਤਰਕਾਰ ਡਾ. ਨਵਕਾਂਤ ਭਰੋਮਜਾਰਾ ਦੀ ਅਗਵਾਈ ਵਿੱਚ ਪੱਤਰਕਾਰਾਂ ਦੀ ਟੀਮ ਮਾਊਂਟ ਆਬੂ ਲਈ ਰਵਾਨਾ ਹੋਈ, ਜੋ ਸਫ਼ਰ ਦੌਰਾਨ ਰੂਪਨਗਰ ਰੇਲਵੇ ਸਟੇਸ਼ਨ ਪਹੁੰਚੀ। ਟੀਮ ਵਿੱਚ ਮਨਜਿੰਦਰ ਸਿੰਘ, ਨਰਿੰਦਰ ਮਾਹੀ, ਧਰਮਵੀਰ ਪਾਲ ਅਤੇ ਚਰਨਜੀਤ ਸੱਲਾਂ ਸਮੇਤ ਹੋਰ ਪੱਤਰਕਾਰ ਸਾਥੀ ਸ਼ਾਮਲ ਹਨ। ਰਵਾਨਗੀ ਮੌਕੇ ਪੱਤਰਕਾਰ ਸਾਥੀਆਂ ਨੇ ਕਿਹਾ ਕਿ ਮਾਊਂਟ ਆਬੂ ਵਿਖੇ ਹੋਣ ਵਾਲੇ ਇਸ ਮਹਾਂ-ਸਮੇਲਨ ਪੱਤਰਕਾਰ ਭਾਈਚਾਰੇ ਲਈ ਇੱਕ ਮਹੱਤਵਪੂਰਨ ਮੰਚ ਸਾਬਤ ਹੋਵੇਗਾ। ਇਸ ਦੌਰਾਨ ਪੱਤਰਕਾਰਾਂ ਨਾਲ ਸਬੰਧਤ ਮੁੱਦਿਆਂ, ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਪੱਤਰਕਾਰੀ ਨੂੰ ਹੋਰ ਮਜ਼ਬੂਤ ਬਣਾਉਣ ਸੰਬੰਧੀ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।

## ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਧੂਮਧਾਮ ਨਾਲ ਮਨਾਈ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਰਾਜਪੁਰ ਭਾਈਆਂ ਪ੍ਰਚੀਨ ਠਾਕਰ ਦੁਆਰਾ ਮੰਦਰ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ



ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਹਾਂਉਤਸਵ ਮੌਕੇ ਧਾਰਮਿਕ ਸਮਾਗਮ ਸਵ. ਮਹੰਤ ਜੋਗਿੰਦਰ ਪਾਲ ਅਤੇ ਸਵ. ਪੁਸ਼ਪਾ ਦੇਵੀ ਦੇ ਪਰਵਾਰ ਵੱਲੋਂ ਧੂਮਧਾਮ ਨਾਲ ਕਰਵਾਏ ਗਏ। ਇਸ ਮੌਕੇ ਪ੍ਰਬੰਧਕਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਹਾਂਉਤਸਵ ਮੌਕੇ ਪੂਜਾ ਅਰਚਨਾ ਕੀਤੀ ਗਈ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਝੰਡੇ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਧਾਰਮਿਕ ਸਮਾਗਮ ਦੌਰਾਨ ਭਜਨ ਕੀਰਤਨ ਰਾਹੀਂ ਸ੍ਰੀ ਕ੍ਰਿਸ਼ਨ ਦੇ ਗੁਣਗਾਨ ਕੀਤੇ। ਇਸ ਮੌਕੇ ਚਰਨਜੀਤ ਸ਼ਰਮਾ, ਜੋਨੂੰ ਗੋਲਾਈਆਂ, ਚਾਹਤ, ਵਿਜੈ ਕੁਮਾਰ, ਅਜੈ ਕੁਮਾਰ, ਅਵਤਾਰ ਸਿੰਘ, ਕੁਲਦੀਪ ਸਿੰਘ, ਸੁਮਨ, ਸੇਵਾਦਾਰ ਸੰਤੋਸ਼ ਕੁਮਾਰ ਪੱਪੂ, ਕ੍ਰਿਸ਼ਨ ਦੱਤ, ਕਮਲਾ ਦੇਵੀ,ਕੁਲਦੀਪ ਕੁਮਾਰ, ਨੋਤੀ, ਸੁਨੇਹਾ, ਵੇਦ ਪ੍ਰਕਾਸ਼, ਜੀਵਨ ਕੁਮਾਰੀ, ਸ਼ਿੰਦਰ, ਲਵਦੀਪ ਕੁਮਾਰ, ਵਿਨੋਦ ਕੁਮਾਰ ਆਦਿ ਹਾਜ਼ਰ ਸਨ। ਇਸ ਮੌਕੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਹਾਂਉਤਸਵ ਮੌਕੇ ਸਾਲਾਨਾ ਲੰਗਰ ਭੰਡਾਰਾ ਅਤੁੱਟ ਵਰਤਾਇਆ ਗਿਆ। ਇਸ ਪ੍ਰੋਗਰਾਮ ਦੀ ਜਾਣਕਾਰੀ ਵਿਜੈ ਕੁਮਾਰ ਨੇ ਪ੍ਰੈਸ ਨੂੰ ਦਿੱਤੀ।

# ਸਾਈਂ ਕਲੱਬ ਮੱਲੀਆਂ ਦੇ ਨਾਂਅ ਰਿਹਾ ਸੀਕਰੀ ਦਾ ਕਬੱਡੀ ਕੱਪ

**ਟਾਂਡਾ ਉੜਮੁੜ, ਅੱਡਾ ਸਰਾਂ (ਮਿਥਲੇਸ਼ ਗਰਗ, ਜਸਵਿੰਦਰ ਸੰਧੂ, ਜਸਵੀਰ ਕਾਜਲ)**- ਪਿੰਡ ਸੀਕਰੀ ਵਿਖੇ ਕਰਵਾਇਆ 4 ਦਿਨਾਂ ਕਬੱਡੀ ਸਫਲਤਾਪੂਰਵਕ ਸੰਪੰਨ ਹੋ



ਗਿਆ।ਗ੍ਰਾਮ ਪੰਚਾਇਤ ਪਿੰਡ ਸੀਕਰੀ ਵੱਲੋਂ ਪ੍ਰਵਾਸੀ ਭਾਰਤੀਆਂ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਰਪੰਚ ਸੇਵਾ ਸਿੰਘ ਦੀ ਦੇਖ ਰੇਖ ਹੇਠ ਕਰਵਾਏ ਇਸ ਟੂਰਨਾਮੈਂਟ ਦੇ ਦੌਰਾਨ ਪੰਜਾਬ ਭਰ ਚੋਂ ਨਾਮੀ ਕਲੱਬਾਂ ਨੇ ਭਾਗ ਲੈਂਦੇ ਹੋਏ ਮਾਂ ਖੇਡ ਕਬੱਡੀ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਟੂਰਨਾਮੈਂਟ ਤੇ ਫਾਈਨਲ ਮੈਚ ਦੌਰਾਨ ਸਾਈ ਕਲੱਬ ਮਲੀਆਂ ਨੇ ਜੈਲਦਾਰ ਮੋਹਨ ਸਿੰਘ ਕਲੱਬ ਤਗੜਾ ਨੂੰ ਹਰਾ ਕੇ ਜਿੱਥੇ 51 ਹਜ਼ਾਰ ਰੁਪਏ ਦੇ ਪਹਿਲੇ ਇਨਾਮ ਤੇ ਕਬਜ਼ਾ ਕਰਦੇ ਹੋਏ ਜੇਤੂ ਟਰਾਫੀ ਹਾਸਿਲ ਕੀਤੀ। ਇਸੇ ਤਰ੍ਹਾਂ ਹੀ ਪ੍ਰਬੰਧਕਾਂ ਵੱਲੋਂ ਦੂਸਰੇ ਸਥਾਨ 'ਤੇ ਰਹਿਣ ਵਾਲੀ ਟੀਮ ਨੂੰ 41 ਹਜ਼ਾਰ ਰੁਪਏ ਦਾ ਇਨਾਮ ਦਿੱਤਾ ਗਿਆ ਇਸ ਤੋਂ ਇਲਾਵਾ ਟੂਰਨਾਮੈਂਟ ਦੇ ਓਪਨ ਕਲੱਬ ਦੇ ਮੈਚ ਦੌਰਾਨ ਸਾਂਈਂ ਮਹਿਤਾਬ ਸ਼ਾਹ ਤੱਗੜ ਨੇ ਪਹਿਲਾ ਸਥਾਨ ਹਾਸਿਲ ਕਰਦੇ ਹੋਏ 21 ਹਜ਼ਾਰ ਰੁਪਏ 'ਤੇ ਫੱਤਣ ਚੱਕ ਦੀ ਟੀਮ ਨੇ ਦੂਸਰਾ ਸਥਾਨ ਹਾਸਲ ਕਰਦੇ ਹੋਏ 15 ਹਜ਼ਾਰ ਰੁਪਏ ਦਾ ਇਨਾਮ ਹਾਸਲ ਕੀਤਾ ।ਟੂਰਨਾਮੈਂਟ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਤੋਂ ਜਥੇਦਾਰ ਸੰਤ ਬਾਬਾ ਨਿਹਾਲ ਸਿੰਘ ਜੀ, ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ, ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਦੇ ਮੁੱਖ ਸੇਵਾਦਾਰ ਮਨਜੋਤ ਸਿੰਘ ਤਲਵੰਡੀ ਤੇ ਹਲਕਾ ਇੰਚਾਰਜ ਸ਼ਾਮ ਚੁਰਾਸੀ ਸੰਦੀਪ ਸਿੰਘ ਸੀਕਰੀ ਨੇ ਸਮੂਹ ਪ੍ਰਬੰਧਕਾਂ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ।ਟੂਰਨਾਮੈਂਟ ਦੀ ਸਮਾਪਤੀ ਤੇ ਇਨਾਮਾਂ ਦੀ ਵੰਡ ਸਰਪੰਚ ਸੇਵਾ ਸਿੰਘ ਸੀਕਰੀ ਅਤੇ ਮੰਦਰ ਠਾਕੁਰ ਦੁਆਰਾ ਦੇ ਮੌਜੂਦਾ ਗੱਦੀ ਨਸ਼ੀਨ ਮਹੰਤ ਬਲਰਾਮ ਵਸ਼ਿਸ਼ਟ ਨੇ ਸਾਂਝੇ ਤੌਰ 'ਤੇ ਕੀਤੀ।ਇਸ ਮੌਕੇ ਤਜਿੰਦਰ ਕੌਰ ਪੰਚ, ਸੁਖਪ੍ਰੀਤ ਕੌਰ ਪੰਚ, ਮਹਿੰਦਰ ਕੌਰ ਪੰਚ, ਨਰਿੰਦਰ ਕੌਰ ਪੰਚ, ਕਮਲਜੀਤ ਕੌਰ ਪੰਚ, ਡੇਰਾ ਮੁਖੀ ਮਹੰਤ ਬਲਰਾਮ ਵਸ਼ਿਸ਼ਟ ਗੱਦੀਨਸ਼ੀਨ, ਪ੍ਰੈੱਸ ਸਕੱਤਰ ਓਂਕਾਰ ਸਿੰਘ, ਮਨੋਜ ਕੁਮਾਰ, ਦੀਦਾਰ ਸਿੰਘ ਸ਼ੇਰ ਗਿੱਲ, ਕਰਨਲ ਮਹਿੰਦਰ ਸਿੰਘ, ਰਣਜੀਤ ਸਿੰਘ ਥਿਆੜਾ, ਲੱਕੀ ਲੰਬੜ, ਅਰਨਵ, ਵਰੁਣ ਥਿਆੜਾ, ਜੱਗਾ ਥਿਆੜਾ, ਲਾਡਾ ਥਿਆੜਾ, ਸੁੱਖੀ, ਲਾਲਾ, ਪਰਮਿੰਦਰ ਸਿੰਘ ਭੋਦੂ, ਲੰਬੜਦਾਰ ਰੇਸ਼ਮ ਸਿੰਘ, ਠਾਣੇਦਾਰ ਹਰਦੀਪ ਸਿੰਘ, ਰਾਣਾ ਆੜ੍ਹਤੀਆ, ਹੈੱਡਮਾਸਟਰ ਅਮਰਜੀਤ ਸਿੰਘ, ਸ਼ਿਵ ਰਾਮ ਫੌਜੀ, ਹਰਜੀਤ ਸਿੰਘ, ਜਸਕੀਰਤ ਸਿੰਘ, ਅਰਨਵ ਵਸ਼ਿਸ਼ਟ, ਪਲਕ ਵਸ਼ਿਸ਼ਟ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

# ਅੱਖਾਂ ਦਾਨ ਜਾਗਰੂਕਤਾ ਪੰਦਰਵਾੜੇ ਦੀ ਸਮਾਪਤੀ

**ਫਗਵਾੜਾ (ਡਾ. ਰਮਨ)**- 41ਵੇਂ ਰਾਸ਼ਟਰੀ ਅੱਖਾਂ ਦਾਨ ਜਾਗਰੂਕਤਾ ਪੰਦਰਵਾੜੇ ਦੀ ਸਮਾਪਤੀ ਮੌਕੇ ਡਾ. ਰਾਜਨ ਆਈ ਕੇਅਰ ਹਸਪਤਾਲ ਫਗਵਾੜਾ ਵਿਖੇ ਅੱਖਦਾਨੀ ਪਰਵਾਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਕਰਵਾਏ ਗਏ ਸਮਾਗਮ ਵਿੱਚ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਡਾ. ਰਾਜ ਕੁਮਾਰ ਨੇ ਅੱਖਦਾਨੀ ਪਰਿਵਾਰਾਂ ਦੀ ਸੇਵਾ ਨੂੰ ਸਲਾਮ ਕਰਦਿਆਂ ਕਿਹਾ ਕਿ ਅੱਖਾਂ ਦਾ ਦਾਨ ਮਹਾਨ ਦਾਨ ਹੈ, ਜਿਸ ਨਾਲ ਦੋ ਨੇਤਰਹੀਣ ਵਿਅਕਤੀਆਂ ਦੀ ਹਨੇਰੀ ਜ਼ਿੰਦਗੀ ਵਿੱਚ ਰੌਸ਼ਨੀ ਭਰੀ ਜਾ ਸਕਦੀ ਹੈ। ਉਨ੍ਹਾਂ ਡਾ. ਰਾਜਨ ਆਈ ਕੇਅਰ ਹਸਪਤਾਲ ਵਿਖੇ ਆਈ ਬੈਂਕ ਅਤੇ ਕੋਰਨੀਅਲ ਟਰਾਂਸਪਲਾਂਟ ਸੈਂਟਰ ਸਥਾਪਿਤ ਕਰਨ ਲਈ ਲੋੜੀਂਦੀ ਸਹਾਇਤਾ ਦੇਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਇਸ ਨਾਲ ਫਗਵਾੜਾ ਅਤੇ ਆਸ-ਪਾਸ ਦੇ ਇਲਾਕਿਆਂ ਦੇ ਪੁਤਲੀਆਂ ਸਬੰਧੀ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਨੂੰ ਵੱਡਾ ਲਾਭ ਮਿਲੇਗਾ ਅਸ਼ੋਕ ਮਹਿਰਾ ਨੇ ਦੱਸਿਆ ਕਿ ਡਾ. ਰਾਜਨ ਦੀ ਅਗਵਾਈ ਹੇਠ ਫਗਵਾੜਾ ਵਿੱਚ ਪਹਿਲਾ ਆਈ ਬੈਂਕ ਅਤੇ ਕੋਰਨੀਅਲ ਟਰਾਂਸਪਲਾਂਟ ਸੈਂਟਰ ਸਥਾਪਿਤ ਕਰਨ ਲਈ



ਜਲਦ ਮੁਹਿੰਮ ਚਲਾਈ ਜਾਵੇਗੀ। ਡਾ. ਰਾਜਨ ਨੇ ਕਿਹਾ ਕਿ 41ਵੇਂ ਅੱਖਦਾਨ ਜਾਗਰੂਕਤਾ ਪੰਦਰਵਾੜੇ ਦੌਰਾਨ ਡਾ. ਰਾਜਨ ਆਈ ਕੇਅਰ ਹਸਪਤਾਲ ਵੱਲੋਂ ਅਸ਼ੋਕ ਮਹਿਰਾ ਦੀ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ, ਫਗਵਾੜਾ ਵਿਖੇ 'ਅੱਖਾਂ ਦਾਨ—ਮਹਾਂ ਦਾਨ' ਵਿਸ਼ੇ 'ਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ। ਮੁਕਾਬਲੇ ਦੀਆਂ ਜੇਤੂ ਵਿਦਿਆਰਥਣਾਂ ਨੂੰ ਡਾ. ਰਾਜਨ ਹਸਪਤਾਲ ਵੱਲੋਂ ਟਰਾਫੀਆਂ ਅਤੇ ਨਕਦ ਇਨਾਮ ਦਿੱਤੇ ਗਏ। ਪਹਿਲਾ ਇਨਾਮ ਹਿਨਾ ਨੂੰ 3,000 ਰੁਪਏ, ਦੂਸਰਾ ਇਨਾਮ ਪਲਕ ਨੂੰ 2,000 ਰੁਪਏ ਅਤੇ ਤੀਸਰਾ ਇਨਾਮ ਪ੍ਰਿਆ ਕੁਮਾਰੀ ਅਤੇ ਮੰਨਤ ਨੂੰ ਸਾਂਝੇ ਤੌਰ 'ਤੇ 1,000 ਰੁਪਏ ਦਿੱਤਾ ਗਿਆ।ਇਸ ਮੌਕੇ ਮੇਅਰ ਰਾਮ ਪਾਲ ਉਪਲ, ਡਾ. ਸੀਮਾ ਰਾਜਨ ਅਤੇ ਡਾ. ਅਨੀਤਾ ਤੋਂ ਇਲਾਵਾ ਅੱਖਦਾਨੀ ਪਰਵਾਰ ਦੇ ਮੈਂਬਰ ਰਮਨ ਨਹਿਰਾ, ਅਨੁਰਾਗ ਮਾਨਖੰਡ ਚੇਅਰਮੈਨ ਮਾਰਕਿਟ ਕਮੇਟੀ ਫਗਵਾੜਾ, ਪਰਮਜੀਤ ਸਿੰਘ ਬਸਰਾ, ਅੱਖਦਾਨ ਅਤੇ ਬਲੱਡ ਸੇਵਾ ਗੁਰਾਇਆ ਦੇ ਕੋਆਰਡੀਨੇਟਰ ਹੈਪੀ ਮਾਹੀ, ਅੱਖਦਾਨ ਕੋਆਰਡੀਨੇਟਰ ਰਾਹੁਲ ਬੰਗਾ, ਜਸਵਿੰਦਰ ਸਿੰਘ ਠੇਕੇਦਾਰ, ਬਲਵਿੰਦਰ ਹੀਰਾ, ਕਮਲ ਮਹਿਰਾ, ਅੱਖਦਾਨੀ ਪਰਿਵਾਰਾਂ ਦੇ ਮੈਂਬਰ ਅਨਿਲ ਕੁਮਾਰ ਗੁਪਤਾ, ਮਨੂੰ ਦੁੱਗਲ, ਰਾਜੇਸ਼, ਨਵਦੀਪ ਸਿੰਘ, ਸੰਜੀਵ ਕੁਮਾਰ ਅਰੋੜਾ, ਨਿਤਿਨ ਕਨੌਜੀਆ, ਵੀ.ਪੀ. ਸਿੰਘ ਅਰੋੜਾ ਅਤੇ ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।

## ਜ਼ਿਲ੍ਹਾ ਬਾਰ ਐਸੋਸੀਏਸ਼ਨ ਦੀਆਂ ਚੋਣਾਂ ਭਲਕੇ

ਜਲੰਧਰ (ਰਾਜੇਸ਼ ਥਾਪਾ)-ਬਾਰ ਕੌਂਸਲ ਆਫ਼ ਪੰਜਾਬ ਐਂਡ ਹਰਿਆਣਾ, ਚੰਡੀਗੜ੍ਹ ਵੱਲੋਂ ਨਿਯੁਕਤ ਚੋਣ ਅਬਜ਼ਰਵਰ ਐਡਵੋਕੇਟ ਗੁਰਜੀਤ ਸਿੰਘ ਕਾਹਲੋਂ ਅਤੇ ਐਡਵੋਕੇਟ ਪਰਮਿੰਦਰ ਸਿੰਘ ਢਿਲੋਂ ਵੱਲੋਂ ਜ਼ਿਲ੍ਹਾ ਬਾਰ



ਐਸੋਸੀਏਸ਼ਨ ਜਲੰਧਰ ਦੀਆਂ 11 ਸਤੰਬਰ ਨੂੰ ਹੋਣ ਵਾਲੀਆਂ ਚੋਣਾਂ ਲਈ ਸਮੂਹ ਵਕੀਲ ਸਾਹਿਬਾਨ ਨੂੰ ਨਿਰਪੱਖ ਅਪੀਲ ਕੀਤੀ ਕਿ ਉਹ ਆਪਣੀ ਵੋਟ ਦਾ ਇਸਤੇਮਾਲ ਜ਼ਰੂਰ ਕਰਨ ਅਤੇ ਚੋਣਾਂ ਨੂੰ ਸ਼ਾਂਤੀਪੂਰਨ, ਨਿਰਪੱਖ ਤੇ ਭਾਈਚਾਰਕ ਚੰਗ ਨਾਲ ਸੰਪੰਨ ਕਰਵਾਉਣ ਵਿੱਚ ਸਹਿਯੋਗ ਦੇਣ। ਉਨ੍ਹਾਂ ਕਿਹਾ ਉਮੀਦਵਾਰ ਅਤੇ ਵਿਚਾਰ ਵੱਖ-ਵੱਖ ਹੋ ਸਕਦੇ ਹਨ, ਪਰ ਅਸੀਂ ਸਾਰੇ ਇੱਕੋ ਪਰਿਵਾਰ ਦੇ ਮੈਂਬਰ ਹਾਂ। ਚੋਣ ਇੱਕ ਦਿਨ ਦੀ ਹੈ, ਪਰ ਸਾਡਾ ਆਪਸੀ ਸਤਿਕਾਰ, ਏਕਤਾ ਅਤੇ ਭਾਈਚਾਰਾ ਹਮੇਸ਼ਾ ਕਾਇਮ ਰਹਿਣਾ ਚਾਹੀਦਾ ਹੈ। ਜਿੱਤ ਕਿਸੇ ਇੱਕ ਉਮੀਦਵਾਰ ਦੀ ਹੋਵੇ, ਪਰ ਅਸਲ ਜਿੱਤ ਜ਼ਿਲ੍ਹਾ ਬਾਰ ਦੀ ਏਕਤਾ ਅਤੇ ਲੋਕਤੰਤਰ ਦੀ ਹੋਵੇ। ਉਨ੍ਹਾਂ ਅੱਗੇ ਸਾਰੇ ਉਮੀਦਵਾਰਾਂ, ਸਮਰਥਕਾਂ ਅਤੇ ਬਾਰ ਮੈਂਬਰਾਂ ਨੂੰ ਅਪੀਲ ਕੀਤੀ ਕਿ ਚੋਣ ਪ੍ਰਕਿਰਿਆ ਦੌਰਾਨ ਮਰਿਆਦਾ, ਆਪਸੀ ਸਤਿਕਾਰ ਅਤੇ ਪੂਰਨ ਸ਼ਾਂਤੀ ਨੂੰ ਕਾਇਮ ਰੱਖਿਆ ਜਾਵੇ।

## ਪਾਸ਼-ਹੰਸ ਰਾਜ ਯਾਦਗਾਰ ’ਤੇ ਕਬਜ਼ੇ ਦੀ ਕੋਸ਼ਿਸ਼ ਦੀ ਨਿਖੇਧੀ, ਸਰਕਾਰ ਯਾਦਗਾਰ ਨੂੰ ਸ਼ਹੀਦੀ ਦਰਜਾ ਦੇਵੇ : ਤਰਕਸ਼ੀਲ ਸੁਸਾਇਟੀ



**ਸੰਗਰੂਰ (ਪ੍ਰਵੀਨ ਸਿੰਘ)**-ਤਰਕਸ਼ੀਲ ਸੁਸਾਇਟੀ ਪੰਜਾਬ, ਇਕਾਈ ਸੰਗਰੂਰ ਦੀ ਮੀਟਿੰਗ ਤਰਕਸ਼ੀਲ ਆਗੂ ਗੁਰਦੀਪ ਸਿੰਘ ਲਹਿਰਾ ਦੀ ਪ੍ਰਧਾਨਗੀ ਤੇ ਜ਼ੋਨ ਜਥੇਬੰਦਕ ਮੁਖੀ ਮਾਸਟਰ ਪਰਮਵੇਦ ਦੀ ਨਿਗਰਾਨੀ ਵਿੱਚ ਹੋਈ।ਜ਼ੋਨ ਮੀਡੀਆ ਮੁਖੀ ਸੀਤਾ ਰਾਮ ਬਾਲਦ ਕਲਾਂ ਨੇ ਦੱਸਿਆ ਕਿ ਮੀਟਿੰਗ ਵਿੱਚ ਇਨਕਲਾਬੀ ਕਵੀ ਅਵਤਾਰ ਸਿੰਘ ਪਾਸ਼ ਅਤੇ ਉਸ ਦੇ ਸਾਥੀ ਹੰਸ ਰਾਜ ਦੀ ਯਾਦ ਵਿੱਚ ਉਨ੍ਹਾਂ ਦੇ ਜੱਦੀ ਪਿੰਡ ਤਲਵੰਡੀ ਸਲੇਮ ਵਿਖੇ ਬਣੇ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਦੇ ਤਾਲੇ ਤੋੜ ਕੇ ਉੱਥੇ ਨਜਾਇਜ਼ ਤੌਰ ’ਤੇ ਬੂਟੇ ਅਤੇ ਓਪਨ ਜਿੰਮ ਲਾ ਕੇ ਕਬਜ਼ਾ ਕਰਨ ਦੀ ਕੋਸ਼ਿਸ਼ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਆਗੂਆਂ ਨੇ ਕਿਹਾ ਕਿ ਇਹ ਕਾਰਾ ਸ਼ਹੀਦਾਂ ਦੀ ਯਾਦਗਾਰ ਦਾ ਅਪਮਾਨ ਹੈ।ਪਾਸ਼ ਵਰਗੇ ਇਨਕਲਾਬੀ ਕਵੀਆਂ ਨੂੰ ਪਿਆਰ ਕਰਨ ਵਾਲੇ ਲੱਖਾਂ ਕਿਰਤੀ ਲੋਕਾਂ ਅਤੇ ਸਮੂਹ ਜਮਹੂਰੀ ਜਥੇਬੰਦੀਆਂ ਵਿੱਚ ਇਸ ਕਾਰੇ ਨੂੰ ਲੈ ਕੇ ਭਾਰੀ ਰੋਸ ਹੈ। ਮੀਟਿੰਗ ਵਿੱਚ ਇਸ ਪਾਸ਼ ਹੰਸ ਰਾਜ ਯਾਦਗਾਰੀ ਕੰਪਲੈਕਸ ਨੂੰ ਸ਼ਹੀਦੀ ਯਾਦਗਾਰ ਦਾ ਦਰਜਾ ਦੇਣ ਦੀ ਮੰਗ ਕੀਤੀ ਗਈ।ਮੀਟਿੰਗ ਵਿੱਚ ਪਲੇਠੇ ਤਰਕਸ਼ੀਲ ਪੁਸਤਕ ਮੇਲੇ ਤੇ ਵਿਚਾਰ ਸਾਂਝੇ ਕਰਦਿਆਂ ਸਾਰਿਆਂ ਨੇ ਇਸ ਨੂੰ ਸਲਾਹਿਆ ਤੇ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਕੁੱਝ ਸੁਝਾਅ ਰੱਖੇ।ਇਸ ਤੋਂ ਇਲਾਵਾ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 27 ਸਤੰਬਰ ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਵਸ ਨੂੰ ਸਮਰਪਤ ਵਿਸ਼ੇਸ਼ ਵਿਚਾਰ ਚਰਚਾ ਕਰਾਈ ਜਾਵੇਗੀ।ਸੂਬਾ ਕਮੇਟੀ ਵੱਲੋਂ ਅੰਧਵਿਸ਼ਵਾਸ ਅਤੇ ਧਾਰਮਿਕ ਕੱਟੜਤਾ ਵਿਰੁੱਧ ਤਿਆਰ ਕੀਤਾ ਗਿਆ ਵਿਗਿਆਨਕ ਸਾਹਿਤ ਆਧਾਰਿਤ ਪੈਂਫਲਿਟ ਲੋਕਾਂ ਵਿੱਚ ਵੰਡਿਆ ਜਾਵੇਗਾ।ਇਸ ਮੌਕੇ ਤਰਕਸ਼ੀਲ ਮੈਗਜ਼ੀਨ ਦਾ ਨਵਾਂ ਅੰਕ ਸਤੰਬਰ 2026 ਲੋਕ ਅਰਪਣ ਕੀਤਾ ਗਿਆ ਤੇ ਤਰਕਸ਼ੀਲ ਮੈਂਬਰਾਂ ਵਿੱਚ ਵੰਡਿਆ ਗਿਆ।

# ਖੇਡਾਂ ਵਤਨ ਪੰਜਾਬ ਦੀਆਂ-2026 ਸ਼ਾਨੋ-ਸ਼ੌਕਤ ਨਾਲ ਸਮਾਪਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਕਰਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ-2026 ਸੀਜ਼ਨ-4 ਤਹਿਤ ਬਲਾਕ ਸ੍ਰੀ ਮੁਕਤਸਰ ਸਾਹਿਬ ਵਿਖੇ ਕਰਾਏ ਜਾ ਰਹੇ ਬਲਾਕ ਪੱਧਰੀ ਖੇਡ ਮੁਕਾਬਲੇ ਦੇ ਦੂਜੇ ਦਿਨ ਸ਼ਾਨੋ-ਸ਼ੌਕਤ ਨਾਲ ਸਮਾਪਤ ਹੋ ਗਏ। ਜ਼ਿਲ੍ਹਾ ਖੇਡ ਅਫ਼ਸਰ ਸ੍ਰੀਮਤੀ ਅਨਿੰਦਰਵੀਰ ਕੌਰ ਬਰਾੜ ਨੇ ਦੱਸਿਆ ਕਿ ਬਲਾਕ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਏ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਵੱਖ-ਵੱਖ ਉਮਰ ਵਰਗਾਂ, ਜਿਨ੍ਹਾਂ ਵਿੱਚ ਅੰਡਰ-21, 21-30, 31-40, 41-50, 51-60, 61-70 ਅਤੇ 70 ਸਾਲ ਤੋਂ ਵੱਧ ਉਮਰ ਵਰਗ ਦੇ ਖਿਡਾਰੀਆਂ ਤੇ ਖਿਡਾਰਨਾਂ ਨੇ ਉਤਸ਼ਾਹ ਨਾਲ ਭਾਗ ਲਿਆ।ਉਨ੍ਹਾਂ ਦੱਸਿਆ ਕਿ ਬਲਾਕ ਪੱਧਰੀ ਖੇਡਾਂ ਦੌਰਾਨ ਵਾਲੀਬਾਲ (ਸ਼ੂਟਿੰਗ/ਸਮੈਸ਼ਿੰਗ), ਖੋ-ਖੋ, ਕਬੱਡੀ (ਸਰਕਲ/ਨੈਸ਼ਨਲ), ਅਥਲੈਟਿਕਸ ਤੇ ਫੁੱਟਬਾਲ ਦੇ ਮੁਕਾਬਲੇ ਕਰਵਾਏ ਗਏ।ਅਥਲੈਟਿਕਸ ਦੇ 21-30 ਸਾਲ ਉਮਰ ਵਰਗ ਦੇ 1500 ਮੀਟਰ ਲੜਕੀਆਂ ਦੇ ਮੁਕਾਬਲੇ ਵਿੱਚ ਰਿਕਬਾਲ ਸਿੰਘ ਨੇ ਪਹਿਲਾ ਸਥਾਨ, ਸੁਖਮਨ ਸਿੰਘ ਪਿੰਡ ਗੋਨਿਆਣਾ ਨੇ ਦੂਜਾ ਸਥਾਨ ਅਤੇ ਰਵਿੰਦਰ ਸਿੰਘ ਪਿੰਡ ਗੋਨਿਆਣਾ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਤਰ੍ਹਾਂ ਖੋ-ਖੋ ਅੰਡਰ-17 ਲੜਕੀਆਂ ਦੇ ਮੁਕਾਬਲੇ ਵਿੱਚ ਪਿੰਡ ਰਣਜੀਤਗੜ੍ਹ ਦੀ ਟੀਮ ਨੇ ਪਹਿਲਾ ਸਥਾਨ, ਗੁਰੂ ਨਾਨਕ ਦੇਵ ਪਬਲਿਕ ਸਕੂਲ ਲੰਬੀ ਢਾਬ ਨੇ ਦੂਜਾ ਸਥਾਨ ਤੇ ਐਲ.ਡੀ.ਆਰ. ਸਕੂਲ ਪਿੰਡ ਲੰਬੀ ਢਾਬ ਨੇ ਤੀਜਾ ਸਥਾਨ ਹਾਸਲ ਕੀਤਾ।ਅਥਲੈਟਿਕਸ ਅੰਡਰ-17 ਲੜਕੀਆਂ ਦੀ ਲੰਬੀ ਛਾਲ ਦੇ ਮੁਕਾਬਲੇ ਵਿੱਚ ਤਕਦੀਰ ਕੌਰ ਨੇ ਪਹਿਲਾ ਸਥਾਨ, ਮਹਿਕਦੀਪ ਕੌਰ ਸ੍ਰੀ ਮੁਕਤਸਰ ਸਾਹਿਬ ਨੇ ਦੂਜਾ ਸਥਾਨ ਤੇ ਅੰਸ਼ਪ੍ਰੀਤ ਕੌਰ, ਸੰਤ ਬਾਬਾ ਗੁਰਮੁਖ ਸਿੰਘ ਸਕੂਲ, ਸ੍ਰੀ ਮੁਕਤਸਰ ਸਾਹਿਬ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਵਾਲੀਬਾਲ ਸ਼ੂਟਿੰਗ ਅੰਡਰ-21 ਲੜਕੀਆਂ ਦੇ ਮੁਕਾਬਲੇ ਵਿੱਚ ਕੁੱਲ 10 ਟੀਮਾਂ ਨੇ ਭਾਗ ਲਿਆ।ਇਸ ਵਿੱਚ ਦਸਮੇਸ਼ ਕਲੱਬ ਪਿੰਡ ਥਾਂਦੇਵਾਲਾ ਦੀ ਟੀਮ ਨੇ ਪਹਿਲਾ ਸਥਾਨ, ਪਿੰਡ ਰਹੂੜਿਆਂਵਾਲੀ ਦੀ ਟੀਮ ਨੇ ਦੂਜਾ ਸਥਾਨ ਤੇ ਫਤਿਹ ਕਲੱਬ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਫੁੱਟਬਾਲ ਅੰਡਰ-17 ਲੜਕੀਆਂ ਤੇ ਅੰਡਰ-14 ਲੜਕੀਆਂ ਦੇ ਮੁਕਾਬਲਿਆਂ ਵਿੱਚ 10-10 ਟੀਮਾਂ ਨੇ ਭਾਗ ਲਿਆ।

## ਹੈਰੋਇਨ ਸਣੇ ਇੱਕ ਗ੍ਰਿਫ਼ਤਾਰ, ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਪੁਲਸ ਵੱਲੋਂ 2 ਗ੍ਰਾਮ ਹੈਰੋਇਨ ਸਣੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ। ਜਾਂਚ ਅਧਿਕਾਰੀ ਏ.ਐਸ.ਆਈ. ਅਮਰਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਦੇ ਸਬੰਧ ਵਿੱਚ ਮੌਜੂਦ ਸੀ ਅਤੇ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਲੱਧੂਵਾਲਾ ਤੋਂ ਸੁਖੇਰਾ ਬੋਦਲਾ ਨੂੰ ਜਾ ਰਹੇ ਸੀ ਤਾਂ ਟੀ-ਪੁਆਇੰਟ ਸੁਖੇਰਾ ਬੋਦਲਾ ਦੇ ਕੋਲ ਪੁੱਜੀ ਤਾਂ ਸਾਹਮਣੇ ਤੋਂ ਇੱਕ ਵਿਅਕਤੀ ਆਉਂਦਾ ਦਿਖਾਈ ਦਿੱਤਾ, ਜੋ ਪੁਲਸ ਪਾਰਟੀ ਦੀ ਗੱਡੀ ਵੇਖ ਕੇ ਘਬਰਾ ਕੇ ਤੇਜ਼ ਰਫ਼ਤਾਰ ਚੱਲਣ ਲੱਗਾ, ਜਿਸ ਨੂੰ ਪੁਲਸ ਨੇ ਕਾਬੂ ਕਰਕੇ ਤਲਾਸ਼ੀ ਕੀਤੀ ਗਈ ਤਾਂ ਉਸ ਪਾਸੋਂ 2 ਗ੍ਰਾਮ ਹੈਰੋਇਨ ਬਰਾਮਦ ਹੋਈ।

ਪੁਲਸ ਨੇ ਗੁਰਜੰਟ ਸਿੰਘ ਉਰਫ ਕੱਦੂ ਪੁੱਤਰ ਸੁੱਚਾ ਸਿੰਘ ਵਾਸੀ ਸੁਖੇਰਾ ਬੋਦਲਾ ਨੂੰ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਥਾਣਾ ਸਦਰ ਵਿਖੇ ਮੁਕੱਦਮਾ ਨੰਬਰ 187 ਮਿਤੀ 07 ਸਤੰਬਰ 2026 ਨੂੰ ਧਾਰਾ 21/61/85 ਐਨ.ਡੀ.ਪੀ.ਐਸ. ਐਕਟ ਅਧੀਨ ਦਰਜ ਕੀਤਾ ਗਿਆ ਹੈ।

## ਜੀਆਂਸ਼ੀ ਨੇ ਬੈਡਮਿੰਟਨ ’ਚ ਚਾਂਦੀ ਤੇ ਕਾਂਸੀ ਦੇ ਤਮਗ਼ੇ ਜਿੱਤੇ, ਨੈਸ਼ਨਲ ਚੈਂਪੀਅਨਸ਼ਿਪ ਲਈ ਹੋਈ ਚੋਣ



**ਧੂਰੀ (ਮੋਹਿਤ ਗਰਗ)**-ਸਥਾਨਕ ਸ਼ਹਿਰ ਦੇ ਵਾਸੀ ਗਗਨ ਸ਼ਰਮਾ ਦੀ ਹੋਣਹਾਰ ਬੇਟੀ ਜੀਆਂਸ਼ੀ ਸ਼ਰਮਾ ਨੇ ਅੰਮ੍ਰਿਤਸਰ ਵਿਖੇ ਪੰਜਾਬ ਬੈਡਮਿੰਟਨ ਚੈਂਪੀਅਨਸ਼ਿਪ ਵਿੱਚ ਆਪਣੀ ਖੇਡ ਦਾ ਲੋਹਾ ਮਨਵਾਉਂਦਿਆਂ ਸ਼ਾਨਦਾਰ ਸਫਲਤਾ ਹਾਸਲ ਕੀਤੀ ਹੈ।ਜੀਆਂਸ਼ੀ ਨੇ ਅੰਡਰ-13 ਗਰਲਜ਼ ਡਬਲਜ਼ ਮੁਕਾਬਲੇ ਵਿੱਚ ਚਾਂਦੀ ਦਾ ਤਮਗ਼ਾ ਤੇ ਅੰਡਰ-13 ਗਰਲਜ਼ ਸਿੰਗਲਜ਼ ਮੁਕਾਬਲੇ ਵਿੱਚ ਵਿਅਕਤੀਗਤ ਵਰਗ ’ਚ ਕਾਂਸੀ ਦਾ ਤਮਗ਼ਾ ਜਿੱਤ ਕੇ ਪੂਰੇ ਇਲਾਕੇ ਦਾ ਨਾਂਅ ਰੋਸ਼ਨ ਕੀਤਾ ਹੈ।ਇਸ ਬੇਮਿਸਾਲ ਕਾਰਗੁਜ਼ਾਰੀ ਦੇ ਦਮ ’ਤੇ ਉਸ ਦੀ ਚੋਣ ਨੈਸ਼ਨਲ ਬੈਡਮਿੰਟਨ ਚੈਂਪੀਅਨਸ਼ਿਪ ਲਈ ਹੋਈ ਹੈ।ਖਿਡਾਰਨ ਦੇ ਪਿਤਾ ਗਗਨ ਸ਼ਰਮਾ ਨੇ ਦੱਸਿਆ ਕਿ ਇਹ ਪ੍ਰਾਪਤੀ ਪੂਰੇ ਸੰਗਰੂਰ ਜ਼ਿਲ੍ਹੇ ਲਈ ਇਤਿਹਾਸਕ ਮੀਲ ਦਾ ਪੱਥਰ ਹੈ।ਇਸ ਸ਼ਾਨਦਾਰ ਉਪਲਬਧੀ ’ਤੇ ਇਲਾਕਾ ਨਿਵਾਸੀਆਂ ਵੱਲੋਂ ਜੀਆਂਸ਼ੀ ਤੇ ਉਸ ਦੇ ਪਰਿਵਾਰ ਨੂੰ ਮੁਬਾਰਕਬਾਦ ਦਿੱਤੀ ਜਾ ਰਹੀ ਹੈ।

## ਦਸਮੇਸ਼ ਮਿਸ਼ਨ ਸਕੂਲ ਨੇ ਸਾਖਰਤਾ ਦਿਵਸ ਮਨਾਇਆ



**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਐਨ ਐਸ ਐਸ ਯੂਨਿਟ ਵੱਲੋਂ ਅੰਤਰਰਾਸ਼ਟਰੀ ਸਾਖਰਤਾ ਦਿਵਸ ਮਨਾਇਆ ਗਿਆ। ਐਨ ਐਸ ਐਸ ਪ੍ਰੋਗਰਾਮ ਅਫ਼ਸਰ ਸ੍ਰੀਮਤੀ ਸ਼ਮਿੰਦਰ ਕੌਰ ਵੱਲੋਂ ਵਲੰਟੀਅਰਾਂ ਨੂੰ ਦੱਸਿਆ ਗਿਆ ਕਿ ਦੁਨੀਆ ਭਰ ਵਿੱਚ ਅੰਤਰਰਾਸ਼ਟਰੀ ਸਾਖਰਤਾ ਦਿਵਸ ਮਨਾਇਆ ਜਾ ਰਿਹਾ ਹੈ।ਹਰ ਸਾਲ 8 ਸਤੰਬਰ ਨੂੰ ਮਨਾਏ ਜਾਣ ਵਾਲੇ ਇਸ ਦਿਵਸ ਦਾ ਮਕਸਦ ਸਾਖਰਤਾ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਤੇ ਹਰ ਵਿਅਕਤੀ ਲਈ ਸਿੱਖਿਆ ਦੇ ਮੌਕੇ ਯਕੀਨੀ ਬਣਾਉਣਾ ਹੈ।ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਸਾਖਰਤਾ ਸਬੰਧੀ ਭਾਸ਼ਣ ਮੁਕਾਬਲੇ ਕਰਾਏ ਗਏ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਵੱਲੋਂ ਵਲੰਟੀਅਰਾਂ ਨੂੰ ਦੱਸਿਆ ਗਿਆ ਕਿ ਸਾਲ 2026 ਲਈ ਇਸ ਦਿਵਸ ਦਾ ਵਿਸ਼ਾ ਲੋਕਾਂ, ਧਰਤੀ ਤੇ ਖ਼ੁਸ਼ਹਾਲੀ ਲਈ ਸਾਖਰਤਾ ਹੈ।ਇਸ ਵਾਰ ਸਾਖਰਤਾ ਨੂੰ ਸਮਾਜਿਕ ਸ਼ਮੂਲੀਅਤ, ਟਿਕਾਊ ਵਿਕਾਸ ਤੇ ਰੋਜ਼ਗਾਰ ਦੇ ਬਿਹਤਰ ਮੌਕਿਆਂ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਦਹਾਕਿਆਂ ਦੌਰਾਨ ਦੁਨੀਆਂ ਵਿੱਚ ਸਾਖਰਤਾ ਦਰ ਵਿੱਚ ਵੱਡਾ ਸੁਧਾਰ ਹੋਇਆ ਹੈ, ਪਰ ਅਜੇ ਵੀ ਲਗਭਗ 739 ਮਿਲੀਅਨ ਨੌਜਵਾਨ ਤੇ ਬਾਲਗ ਬੁਨਿਆਦੀ ਸਾਖਰਤਾ ਹੁਨਰਾਂ ਤੋਂ ਵਾਂਝੇ ਹਨ, ਇਸ ਲਈ ਹਰ ਵਿਅਕਤੀ ਤੱਕ ਗੁਣਵੱਤਾ ਵਾਲੀ ਸਿੱਖਿਆ ਪੁਚਾਉਣਾ ਅਜੇ ਵੀ ਇੱਕ ਵੱਡੀ ਚੁਣੌਤੀ ਹੈ।ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਤੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਨੇ ਵੱਲੋਂ ਬੱਚਿਆਂ ਨੂੰ ਦੱਸਿਆ ਗਿਆ ਕਿ ਸਾਖਰਤਾ ਸਿਰਫ ਪੜ੍ਹਨ ਲਿਖਣ ਦੀ ਸਮਰੱਥਾ ਨਹੀਂ, ਸਗੋਂ ਇਹ ਵਿਅਕਤੀ ਨੂੰ ਆਪਣੇ ਹੱਕਾਂ ਨੂੰ ਸਮਝਣ, ਰੋਜ਼ਗਾਰ ਦੇ ਮੌਕੇ ਹਾਸਲ ਕਰਨ ਤੇ ਸਮਾਜ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਸਮਰੱਥ ਬਣਾਉਂਦੀ ਹੈ।

## ਕੈਪਟਨ ਦੇ ਕਾਂਗਰਸ ’ਚ ਜਾਣ ਦੀਆਂ ਕਿਆਸਅਰਾਈਆਂ ਨੂੰ ਜੈ ਇੰਦਰ ਕੌਰ ਨੇ ਕੀਤਾ ਰੱਦ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਕਾਂਗਰਸ ’ਚ ਜਾਣ ਦੀਆਂ ਚਰਚਾਵਾਂ ਵਿਚਾਲੇ ਉਨ੍ਹਾਂ ਦੀ ਧੀ ਜੈਇੰਦਰ ਕੌਰ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ।ਪੰਜਾਬ ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਜੈਇੰਦਰ ਕੌਰ ਨੇ ਸਪੱਸ਼ਟ ਕੀਤਾ ਹੈ ਕਿ ਉਨ੍ਹਾਂ ਦੇ ਪਿਤਾ ਭਾਜਪਾ ’ਚ ਰਹਿਣਗੇ।ਮੀਡੀਆ ਵੱਲੋਂ ਕੈਪਟਨ ਦੇ ਕਾਂਗਰਸ ’ਚ ਜਾਣ ਦੇ ਸਵਾਲ ਦਾ ਜਵਾਬ ਦਿੰਦਿਆਂ ਉਨ੍ਹਾਂ ਨੇ ਕਿਹਾ ਕਿ ਕੈਪਟਨ ਸਾਹਿਬ ਭਾਜਪਾ ’ਚ ਹਨ ਅਤੇ ਭਾਜਪਾ ’ਚ ਹੀ ਰਹਿਣਗੇ।ਜੈ ਇੰਦਰ ਕੌਰ ਨੇ ਕਿਹਾ ਕਿ ਕਾਂਗਰਸ ’ਚ ਅੰਦਰੂਨੀ ਕਲੇਸ਼ ਚੱਲ ਰਿਹਾ ਹੈ ਅਤੇ ਉਨ੍ਹਾਂ ਕੋਲ ਜਦੋਂ ਕੋਈ ਹੋਰ ਮੁੱਦਾ ਨਹੀਂ ਹੁੰਦਾ ਤਾਂ ਉਹ ਅਜਿਹੀਆਂ ਅਫ਼ਵਾਹਾਂ ਫੈਲਾ ਦਿੰਦੇ ਹਨ।ਫਿਲਹਾਲ ਕੈਪਟਨ ਅਮਰਿੰਦਰ ਸਿੰਘ ਇਸ ਮਾਮਲੇ ਨੂੰ ਲੈ ਕੇ ਚੁੱਪ ਹਨ ਤੇ ਇਸ ਬਾਰੇ ਅਜੇ ਤੱਕ ਉਨ੍ਹਾਂ ਦਾ ਕੋਈ ਵੀ ਬਿਆਨ ਸਾਹਮਣੇ ਨਹੀਂ ਆਇਆ ਹੈ।ਦੱਸਣ ਯੋਗ ਹੈ ਕਿ 15 ਅਗਸਤ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਲਾਲ ਕਿਲ੍ਹੇ ਤੋਂ ਆਪਣੇ ਭਾਸ਼ਣ ’ਚ ‘ਦਿਮਾਗੀ ਨਕਸਲਵਾਦ’ ਨੂੰ ਰੋਕਣ ਦਾ ਸੱਦਾ ਦਿੱਤਾ ਸੀ ਅਤੇ ਕੈਪਟਨ ਨੇ ਆਪਣੇ ਲੇਖ ਰਾਹੀਂ ਪ੍ਰਧਾਨ ਮੰਤਰੀ ਨੂੰ ‘ਦਿਮਾਗੀ ਨਕਸਲਵਾਦ’ ਸ਼ਬਦ ਨੂੰ ਸਪੱਸ਼ਟ ਕਰਨ ਲਈ ਕਿਹਾ ਸੀ।ਅਜਿਹੇ ’ਚ ਚਰਚਾ ਛਿੜ ਗਈ ਸੀ ਕਿ ਕੈਪਟਨ ਕਾਂਗਰਸ ਦਾ ਹਿਸਾ ਹੋਣਗੇ ਪਰ ਹੁਣ ਇਨ੍ਹਾਂ ਸਾਰੀਆਂ ਚਰਚਾਵਾਂ ਨੂੰ ਲੈ ਕੇ ਜੈ ਇੰਦਰ ਕੌਰ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਕੈਪਟਨ ਭਾਜਪਾ ਦਾ ਹੀ ਹਿੱਸਾ ਰਹਿਣਗੇ।

## ਸ਼ਹਿਰ ’ਚ ਚੱਲ ਰਹੇ ਵਿਕਾਸ ਕਾਰਜਾਂ ਨਾਲ ਮਿਲੇਗੀ ਸਮੱਸਿਆਵਾਂ ਤੋਂ ਰਾਹਤ : ਕਾਕਾ ਬਰਾੜ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪਿਛਲੇ ਲੰਮੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਲਈ ਕੰਮ ਕਰ ਰਹੇ ਨੌਜਵਾਨ ਆਗੂ ਕੁਲਦੀਪ ਸਿੰਘ ਆਪਣੇ ਸੈਂਕੜੇ ਸਾਥੀਆਂ ਨੂੰ ਨਾਲ ਲੈ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਤ ਹੋ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ, ਜਿਨ੍ਹਾਂ ਦਾ ਸਵਾਗਤ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਭਰਵੇਂ ਇਕੱਠ ਦੌਰਾਨ ਕੀਤਾ।ਇਸ ਦੌਰਾਨ ਵੱਡੀ ਗਿਣਤੀ ਵਿੱਚ ਕੌਂਸਲਰ ਤੋਂ ਇਲਾਵਾ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ 2027 ਦੀਆਂ ਚੋਣਾਂ ਨੂੰ ਲੈ ਕੇ ਜਿੱਥੇ ਸੂਬੇ ਭਰ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ, ਉੱਥੇ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਤੋਂ ਪ੍ਰਭਾਵਤ ਹੋ ਕੇ ਲੋਕ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਹਰ ਵਰਗ ਦੀ ਭਲਾਈ ਲਈ ਜੋ ਕੰਮ ਕੀਤੇ ਜਾ ਰਹੇ ਹਨ ਉਹ ਬੇਹੱਦ ਹੀ ਸ਼ਲਾਘਾਯੋਗ ਕੰਮ ਹਨ, ਜਿਨ੍ਹਾਂ ਸਦਕਾ ਹੁਣ 2022 ਵਾਲਾ ਮਾਹੌਲ ਬਣਦਾ ਜਾ ਰਿਹਾ ਹੈ।ਵਿਧਾਇਕ ਕਾਕਾ ਬਰਾੜ ਨੇ ਆਖਿਆ ਕਿ ਸ਼ਹਿਰ ਵਿੱਚ ਵੀ ਵਿਕਾਸ ਕਾਰਜ ਜ਼ੋਰਾਂ ’ਤੇ ਚੱਲ ਰਹੇ ਹਨ।ਉਨ੍ਹਾਂ ਕਿਹਾ ਕਿ ਜਲਦ ਇਨ੍ਹਾਂ ਕੰਮਾਂ ਨੂੰ ਮੁਕੰਮਲ ਕਰਵਾਏ ਜਾਣਗੇ।ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਕੁਲਦੀਪ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸ਼ਾਮਲ ਹੋਣ ਨਾਲ ਪਾਰਟੀ ਨੂੰ ਹਲਕੇ ਵਿੱਚ ਹੋਰ ਮਜ਼ਬੂਤੀ ਮਿਲੇਗੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਨੂੰ ਤਰੱਕੀ ਦੀਆਂ ਨਵੀਆਂ ਬੁਲੰਦੀਆਂ ’ਤੇ ਲੈ ਕੇ ਜਾਵੇਗੀ।ਇਸ ਦੌਰਾਨ ਯੂਥ ਆਗੂ ਕੁਲਦੀਪ ਸਿੰਘ, ਰਾਕੇਸ਼ ਕੁਮਾਰ ਖਿੱਚੀ, ਸੁਦੇਸ਼ ਕੁਮਾਰ, ਵਿਜੈ ਕੁਮਾਰ, ਗੁਰਜੀਤ ਸਿੰਘ, ਮੰਦਰ ਆਦਿ ਨੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪੰਜਾਬ ਪ੍ਰਤੀ ਇਮਾਨਦਾਰ ਯਤਨਾਂ ਅਤੇ ਆਮ ਲੋਕਾਂ ਲਈ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ।

## ਇਸਰੋ ਦੇ ਨਿੱਜੀਕਰਨ ਦੀਆਂ ਨੀਤੀਆਂ ਤੇ ਕ੍ਰਮਚਾਰੀਆਂ ਦੀਆਂ ਚਿੰਤਾਵਾਂ ’ਤੇ ਏਟਕ ਵੱਲੋਂ ਗੰਭੀਰ ਚਿੰਤਾ ਦਾ ਪ੍ਰਗਟਾਵਾ



**ਲੁਧਿਆਣਾ (ਐਮ ਐਸ ਭਾਟੀਆ)**

ਆਲ ਇੰਡੀਆ ਟ੍ਰੇਡ ਯੂਨੀਅਨ ਕਾਂਗਰਸ (ਏਟਕ), ਲੁਧਿਆਣਾ ਜ਼ਿਲ੍ਹਾ ਕਮੇਟੀ ਵੱਲੋਂ ਭਾਰਤੀ ਅੰਤਰਿਕਸ਼ ਖੋਜ ਸੰਸਥਾ (ਇਸਰੋ) ਦੇ ਨੌਂ ਪ੍ਰਮੁੱਖ ਕ੍ਰਮਚਾਰੀ ਸੰਗਠਨਾਂ ਵੱਲੋਂ ਕੇਂਦਰ ਸਰਕਾਰ ਤੇ ਸਪੇਸ ਕਮਿਸ਼ਨ ਨੂੰ ਲਿਖੇ ਗਏ ਸਾਂਝੇ ਪੱਤਰ ਦਾ ਪੂਰਨ ਸਮਰਥਨ ਕੀਤਾ ਗਿਆ ਹੈ।ਏਟਕ ਲੁਧਿਆਣਾ ਨੇ ਸਰਕਾਰ ਦੀਆਂ ਅਜਿਹੀਆਂ ਨੀਤੀਆਂ ’ਤੇ ਗੰਭੀਰ ਚਿੰਤਾ ਪ੍ਰਗਟਾਈ ਹੈ, ਜੋ ਦੇਸ਼ ਦੇ ਇਸ ਵੱਕਾਰੀ ਰਾਸ਼ਟਰੀ ਅਦਾਰੇ ਨੂੰ ਹੌਲੀ-ਹੌਲੀ ਨਿੱਜੀ ਹੱਥਾਂ ਵਿੱਚ ਸੌਂਪਣ ਦੀ ਦਿਸ਼ਾ ਵੱਲ ਲੈ ਕੇ ਜਾ ਰਹੀਆਂ ਹਨ।ਏਟਕ ਲੁਧਿਆਣਾ ਦੇ ਪ੍ਰਧਾਨ ਵਿਜੇ ਕੁਮਾਰ ਅਤੇ ਜਨਰਲ ਸਕੱਤਰ ਐਮ.ਐਸ.ਭਾਟੀਆ ਨੇ ਕਿਹਾ ਕਿ ਇਸਰੋ ਨੇ ਦਹਾਕਿਆਂ ਦੀ ਮਿਹਨਤ, ਭਾਰਤੀ ਵਿਗਿਆਨੀਆਂ ਤੇ ਕ੍ਰਮਚਾਰੀਆਂ ਦੇ ਸਮਰਪਣ ਨਾਲ ਦੁਨੀਆ ਭਰ ਵਿੱਚ ਭਾਰਤ ਦਾ ਨਾਂਅ ਰੌਸ਼ਨ ਕੀਤਾ ਹੈ।ਲਾਂਚ ਵਾਹਨਾਂ ਦੇ ਨਿਰਮਾਣ ਤੇ ਆਪ੍ਰੇਸ਼ਨਲ ਢਾਂਚੇ ਨੂੰ ਨਿੱਜੀ ਕੰਪਨੀਆਂ ਦੇ ਹਵਾਲੇ ਕਰਨ ਦੀ ਯੋਜਨਾ ਨਾਲ ਇਸਰੋ ਨੂੰ ਸਿਰਫ਼ ਇੱਕ ਸੀਮਤ ਖੋਜ ਸੰਸਥਾ ਬਣਾ ਕੇ ਰੱਖ ਦਿੱਤਾ ਜਾਵੇਗਾ, ਜੋ ਬਹੁਤ ਹੀ ਚਿੰਤਾਜਨਕ ਹੈ।ਏਟਕ ਆਗੂਆਂ ਨੇ ਬਿਆਨ ਵਿੱਚ ਮੰਗ ਕੀਤੀ ਹੈ ਕਿ ਇਸਰੋ ਦੇ ਹਜ਼ਾਰਾਂ ਕ੍ਰਮਚਾਰੀਆਂ ਦੇ ਰੋਜ਼ਗਾਰ, ਭਵਿੱਖੀ ਭਰਤੀਆਂ ਤੇ ਕੈਰੀਅਰ ਵਾਧੇ ’ਤੇ ਮੰਡਰਾ ਰਹੇ ਖਤਰੇ ਨੂੰ ਤੁਰੰਤ ਖਤਮ ਕੀਤਾ ਜਾਵੇ।ਸਰਕਾਰੀ ਖਜ਼ਾਨੇ ਤੇ ਜਨਤਾ ਦੇ ਪੈਸੇ ਨਾਲ ਬਣੇ ਵਿਗਿਆਨਕ ਢਾਂਚੇ ਤੇ ਜਾਇਦਾਦਾਂ ਨੂੰ ਨਿੱਜੀ ਘਰਾਣਿਆਂ ਦੇ ਮੁਨਾਫੇ ਲਈ ਵਰਤਣ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ।ਕੇਂਦਰ ਸਰਕਾਰ ਤੇ ਸਪੇਸ ਕਮਿਸ਼ਨ ਇਸਰੋ ਦੇ ਨੌਂ ਕ੍ਰਮਚਾਰੀ ਸੰਗਠਨਾਂ ਦੁਆਰਾ ਚੁੱਕੇ ਗਏ ਸਵਾਲਾਂ ਦਾ ਤੁਰੰਤ ਲਿਖਤੀ ਅਤੇ ਸਪੱਸ਼ਟ ਜਵਾਬ ਦੇਣ।

## ਨਸ਼ਿਆਂ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਮੋਹਣਜੀਤ ’ਤੇ ਪੁਲਸ ਤਸ਼ੱਦਦ ਨਿੰਦਣਯੋਗ : ਕੌਮੀ ਇਨਸਾਫ਼ ਮੋਰਚਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਿੰਡ ਸ਼ੇਰੋਂ ਵਿਖੇ ਨਸ਼ਿਆਂ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਨੌਜਵਾਨ ਮੋਹਨਜੀਤ ਸਿੰਘ ’ਤੇ ਪੁਲਸ ਵੱਲੋਂ ਕੀਤੇ ਗਏ ਬੇਰਹਿਮ ਤਸ਼ੱਦਦ ਤੋਂ ਬਾਅਦ, ਕੌਮੀ ਇਨਸਾਫ਼ ਮੋਰਚੇ ਨੇ ਗੰਭੀਰ ਨੋਟਿਸ ਲਿਆ ਹੈ। ਕੌਮੀ ਇਨਸਾਫ਼ ਮੋਰਚੇ ਦੇ ਕਨਵੀਨਰ ਤੇ ਭਾਈ ਜਗਤਾਰ ਸਿੰਘ ਹਵਾਰਾ ਦੇ ਧਰਮੀ ਪਿਤਾ ਬਾਪੂ ਗੁਰਚਰਨ ਸਿੰਘ ਸਰਕਾਰੀ ਰਾਜਿੰਦਰਾ ਹਸਪਤਾਲ ਪਹੁੰਚੇ।ਉਨ੍ਹਾਂ ਐਮਰਜੈਂਸੀ ਵਾਰਡ ਵਿੱਚ ਦਾਖ਼ਲ ਨੌਜਵਾਨ ਦਾ ਹਾਲ-ਚਾਲ ਜਾਣਿਆ ਤੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੇ ਤਾਨਾਸ਼ਾਹੀ ਰਵੱਈਏ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ।ਬਾਪੂ ਗੁਰਚਰਨ ਸਿੰਘ ਨੇ ਕਿਹਾ ਕਿ ਲੋਕਤੰਤਰ ਵਿੱਚ ਸਰਕਾਰ ਨੂੰ ਸਵਾਲ ਪੁੱਛਣਾ ਤੇ ਸ਼ਾਂਤਮਈ ਰੋਸ ਪ੍ਰਦਰਸ਼ਨ ਕਰਨਾ ਹਰ ਨਾਗਰਿਕ ਦਾ ਸੰਵਿਧਾਨਿਕ ਅਧਿਕਾਰ ਹੈ, ਪ੍ਰੰਤੂ ਪਿੰਡ ਸ਼ੇਰੋ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ‘ਲੋਕ ਮਿਲਣੀ’ ਦੌਰਾਨ ਨਸ਼ਿਆਂ ਖ਼ਿਲਾਫ਼ ਪ੍ਰਦਰਸ਼ਨ ਕਰ ਰਹੇ ਮੋਹਨਜੀਤ ਸਿੰਘ ਨਾਲ ਪੁਲਿਸ ਪ੍ਰਸ਼ਾਸਨ ਨੇ ਜੋ ਵਤੀਰਾ ਕੀਤਾ, ਉਹ ਬੇਹੱਦ ਸ਼ਰਮਨਾਕ ਤੇ ਨਿੰਦਣਯੋਗ ਹੈ।ਪੁਲਸ ਨੇ ਮੋਹਨਜੀਤ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ, ਉਸ ਦੇ ਕੇਸਾਂ ਦੀ ਬੇਅਦਬੀ ਕੀਤੀ ਅਤੇ ਕੁੱਟ ਕੇ ਕੰਨ ਦਾ ਪਰਦਾ ਤੱਕ ਪਾੜ ਦਿੱਤਾ।ਗੰਭੀਰ ਹਾਲਤ ਨੂੰ ਦੇਖਦਿਆਂ ਉਸ ਨੂੰ ਸੰਗਰੂਰ ਤੋਂ ਪਟਿਆਲਾ ਦੇ ਰਾਜਿੰਦਰ ਹਸਪਤਾਲ ਰੈਫ਼ਰ ਕਰਨਾ ਪਿਆ! ਅੰਤ ਵਿੱਚ ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮੋਹਨਜੀਤ ਸਿੰਘ ਦਾ ਕੋਈ ਵੀ ਜਾਨੀ-ਮਾਲੀ ਨੁਕਸਾਨ ਹੁੰਦਾ ਹੈ ਤਾਂ ਉਸ ਦੀ ਪੂਰੀ ਜ਼ਿੰਮੇਵਾਰੀ ਮੁੱਖ ਮੰਤਰੀ ਭਗਵੰਤ ਮਾਨ ਤੇ ਪੰਜਾਬ ਪੁਲਿਸ ਦੀ ਹੋਵੇਗੀ।

## ਨਜਾਇਜ਼ ਪਿਸਟਲਾਂ ਦੀ ਬਰਾਮਦਗੀ, ਮੁਲਜ਼ਮ ਕਾਬੂ



**ਮਾਨਸਾ (ਆਤਮਾ ਸਿੰਘ ਪਮਾਰ)**-ਸ੍ਰੀ ਵੈਭਵ ਚੌਧਰੀ, ਆਈ.ਪੀ.ਐਸ ਸੀਨੀਅਰ ਕਪਤਾਨ ਪੁਲਸ ਵੱਲੋਂ ਦੱਸਿਆ ਕਿ ਸ੍ਰੀ ਗੌਰਵ ਯਾਦਵ, ਆਈ.ਪੀ.ਐਸ. ਮਾਨਯੋਗ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਤੇ ਸ੍ਰੀ ਹਰਜੀਤ ਸਿੰਘ ਆਈ.ਪੀ.ਐਸ. ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਠਿੰਡਾ ਰੇਂਜ ਦੀ ਅਗਵਾਈ ਹੇਠ ਪੁਲਸ ਵੱਲੋਂ ਅਪਰਾਧਕ ਅਨਸਰਾਂ ਖਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਸੀ.ਆਈ.ਏ. ਸਟਾਫ ਮਾਨਸਾ ਵੱਲੋਂ ਮਹੱਤਵਪੂਰਨ ਸਫਲਤਾ ਹਾਸਲ ਕੀਤੀ ਗਈ ਹੈ, ਜਿਸ ’ਚ 02 ਵਿਅਕਤੀਆ ਪਾਸੋਂ 04 ਪਿਸਟਲ .32 ਬੋਰ ਸਮੇਤ 13 ਰੌਂਦ, ਇੱਕ ਪਿਸਟਲ 315 ਬੋਰ (ਦੇਸੀ ਕੱਟਾ) ਬਰਾਮਦ ਕੀਤੇ ਗਏ ਹਨ, ਜਿਸ ’ਤੇ ਸ੍ਰੀ ਵੈਭਵ ਚੌਧਰੀ, ਆਈ.ਪੀ.ਐਸ ਸੀਨੀਅਰ ਕਪਤਾਨ ਪੁਲਿਸ ਨੇ ਦੱਸਿਆ ਗਿਆ ਕਿ ਜਗਬਿੰਦਰ ਸਿੰਘ ਪੀ.ਪੀ.ਐਸ.ਕਪਤਾਨ ਪੁਲਿਸ (ਓਪਰੇਸ਼ਨ) ਮਾਨਸਾ, ਸ੍ਰੀ ਪੁਸ਼ਪਿੰਦਰ ਸਿੰਘ ਪੀ.ਪੀ.ਐਸ, ਉਪ ਕਪਤਾਨ ਪੁਲਿਸ.(ਸਥਾਨਕ) ਤੇ ਜਸਵਿੰਦਰ ਸਿੰਘ ਪੀ.ਪੀ.ਐਸ, ਉਪ ਕਪਤਾਨ ਪੁਲਸ (ਡੀ) ਮਾਨਸਾ ਦੀ ਸੁਪਰਵੀਜ਼ਨ ਹੇਠ ਇੰਸਪੈਕਟਰ ਬਲਕੌਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਮਾਨਸਾ ਦੀ ਅਗਵਾਈ ਹੇਠ ਸੀ.ਆਈ.ਏ ਸਟਾਫ ਮਾਨਸਾ ਵੱਲੋਂ ਮੁਸਤੈਦੀ ਨਾਲ ਕੰਮ ਕਰਦੇ ਹੋਏ ਦੌਰਾਨੇ ਗਸ਼ਤ ਨਹਿਰੂ ਕਾਲਜ਼ ਮਾਨਸਾ ਦੀ ਬੈਕ ਸਾਈਡ ਮਾਨਸਾ ਵਿਖੇ ਅੰਮ੍ਰਿਤਪਾਲ ਸਿੰਘ ਉਰਫ ਜੈਕੀ ਪੁੱਤਰ ਗੋਰਾ ਸਿੰਘ ਵਾਸੀ ਵਾਰਡ ਨੰਬਰ 09 ਨੇੜੇ ਪੁਰਾਣੀ ਚੁੰਗੀ ਲੱਲੂਆਣਾ ਰੋਡ ਤੇ ਕੁਲਦੀਪ ਸਿੰਘ ਉਰਫ ਘੁੱਗੀ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਮੂਸਾ ਜ਼ਿਲ੍ਹਾ ਮਾਨਸਾ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਚੋਂ 04 ਪਿਸਟਲ .32 ਬੋਰ ਸਮੇਤ 13 ਰੌਂਦ, ਇੱਕ ਪਿਸਟਲ 315 ਬੋਰ (ਦੇਸੀ ਕੱਟਾ) ਬਰਾਮਦ ਕੀਤੇ ਗਏ ਹਨ, ਜਿਸ ’ਤੇ ਦੋਸ਼ੀਆਨ ਖਿਲਾਫ ਮੁੱਕਦਮਾ ਨੰਬਰ 216 ਮਿਤੀ 07.09.2026 ਅ/ਧ 25/54/59 ਅਸਲਾ ਐਕਟ ਥਾਣਾ ਸਿਟੀ 2 ਮਾਨਸਾ ਦਰਜ ਕਰਕੇ ਅਗਲੀ ਕਾਰਵਾਈ ਅਮਲ ’ਚ ਲਿਆਂਦੀ ਜਾ ਰਹੀ

## ਮੱਤੀ ਦੀ ਸਹਿਕਾਰੀ ਸੁਸਾਇਟੀ ਲਈ 7 ਲੱਖ ਰੁਪਏ ਦੀ ਗ੍ਰਾਂਟ ਜਾਰੀ



**ਭੀਖੀ (ਗੁਰਿੰਦਰ ਸਿੰਘ ਔਲਖ)**-ਪਿੰਡ ਮੱਤੀ ਵਿਖੇ ਵਿਕਾਸ ਕਾਰਜਾਂ ਤੇ ਪੇਂਡੂ ਸਹਿਕਾਰੀਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਅਹਿਮ ਕਦਮ ਚੁੱਕਦਿਆਂ ਬੀਬਾ ਹਰਸਿਮਰਤ ਕੌਰ ਬਾਦਲ (ਸਾਬਕਾ ਕੇਂਦਰੀ ਮੰਤਰੀ ਤੇ ਮੈਂਬਰ ਪਾਰਲੀਮੈਂਟ) ਦੇ ਕੋਟੇ ਵਿੱਚੋਂ 7 ਲੱਖ ਰੁਪਏ ਦੀ ਗ੍ਰਾਂਟ ਪਿੰਡ ਦੀ ਸਹਿਕਾਰੀ ਸੁਸਾਇਟੀ ਨੂੰ ਭੇਟ ਕੀਤੀ ਗਈ।ਗ੍ਰਾਂਟ ਦਾ ਚੈੱਕ ਹਲਕਾ ਇੰਚਾਰਜ ਪ੍ਰੇਮ ਕੁਮਾਰ ਅਰੋੜਾ ਵੱਲੋਂ ਵਿਸ਼ੇਸ਼ ਤੌਰ ’ਤੇ ਪਹੁੰਚ ਕੇ ਪਿੰਡ ਦੀ ਸੋਸਾਇਟੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਸੌਂਪਿਆ ਗਿਆ।ਪ੍ਰੇਮ ਕੁਮਾਰ ਅਰੋੜਾ ਨੇ ਕਿਹਾ ਕਿ ਅਕਾਲੀ ਲੀਡਰਸ਼ਿਪ ਪਿੰਡਾਂ ਦੀ ਤਰੱਕੀ ਤੇ ਕਿਸਾਨਾਂ-ਮਜ਼ਦੂਰਾਂ ਦੀ ਭਲਾਈ ਲਈ ਹਮੇਸ਼ਾ ਵਚਨਬੱਧ ਹੈ।ਉਨ੍ਹਾਂ ਆਖਿਆ ਕਿ ਸਹਿਕਾਰੀ ਸੁਸਾਇਟੀਆਂ ਕਿਸਾਨੀ ਰੀੜ੍ਹ ਦੀ ਹੱਡੀ ਹਨ ਤੇ ਇਨ੍ਹਾਂ ਦੇ ਵਿਕਾਸ ਨਾਲ ਪੇਂਡੂ ਅਰਥਚਾਰੇ ਨੂੰ ਵੱਡਾ ਹੁਲਾਰਾ ਮਿਲਦਾ ਹੈ।ਸੁਸਾਇਟੀ ਦੇ ਮੈਂਬਰਾਂ ਅਤੇ ਪਿੰਡ ਵਾਸੀਆਂ ਵੱਲੋਂ ਬੀਬਾ ਹਰਸਿਮਰਤ ਕੌਰ ਬਾਦਲ ਤੇ ਹਲਕਾ ਇੰਚਾਰਜ ਪ੍ਰੇਮ ਕੁਮਾਰ ਅਰੋੜਾ ਦਾ ਤਿਲਕ-ਫੁੱਲਾਂ ਅਤੇ ਸਿਰੋਪਾਓ ਨਾਲ ਧੰਨਵਾਦ ਕੀਤਾ ਗਿਆ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਇਸ ਗ੍ਰਾਂਟ ਦੀ ਰਕਮ ਦੀ ਵਰਤੋਂ ਪੂਰੀ ਪਾਰਦਰਸ਼ਤਾ ਨਾਲ ਸੁਸਾਇਟੀ ਦੇ ਕੰਮਕਾਜ ਨੂੰ ਬਿਹਤਰ ਬਣਾਉਣ ਲਈ ਕੀਤੀ ਜਾਵੇਗੀ।

## ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਪਹੀਏ ’ਤੇ ਵਿਗਿਆਨ ਪ੍ਰੋਗਰਾਮ ਕਰਾਇਆ



**ਜਲਾਲਾਬਾਦ (ਜੀਤ ਕੁਮਾਰ)**

ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਜਲਾਲਾਬਾਦ ਵਿਖੇ ‘ਸਾਇੰਸ ਔਨ ਵਹੀਲਜ਼ - ਸਥਾਨਕ ਤੋਂ ਗਲੋਬਲ’ ਮੋਬਾਈਲ ਵਿਗਿਆਨ ਸਿੱਖਿਆ ਪ੍ਰੋਗਰਾਮ ਤਹਿਤ ਵਿਗਿਆਨਕ ਟੀਮ ਵੱਲੋਂ ਵਿਸ਼ੇਸ਼ ਦੌਰਾ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਸ੍ਰੀ ਅਮਿਤ ਗਗਨੇਜਾ ਨੇ ਸਕੂਲ ਪਹੁੰਚੀ ਵਿਗਿਆਨਕ ਟੀਮ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਪਹੀਏ ’ਤੇ ਵਿਗਿਆਨ ਵੱਲੋਂ ਆਈ ਵਿਗਿਆਨਕ ਟੀਮ ਨੇ ਵਿਦਿਆਰਥੀਆਂ ਨੂੰ ਰੋਬੋਟਿਕਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਤੇ ਉਨ੍ਹਾਂ ਨੂੰ ਆਧੁਨਿਕ ਤਕਨਾਲੋਜੀ ਦੇ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਲੈਕਚਰਾਰ ਸ੍ਰੀਮਤੀ ਨਿਰਮਲ ਰਾਣੀ ਲੈਕਚਰਾਰ, ਸ੍ਰੀਮਤੀ ਰਚਨਾ ਲੂਨਾ, ਲੈਕਚਰਾਰ ਸ੍ਰੀਮਤੀ ਸ਼ਿਖ਼ਾ ਨਾਗਪਾਲ, ਲੈਕਚਰਾਰ ਸ੍ਰੀਮਤੀ ਨੀਲਮ ਬਾਲਾ, ਨੋਡਲ ਇੰਚਾਰਜ ਸ੍ਰੀਮਤੀ ਸਿਮਰਜੀਤ ਕੌਰ, ਸ੍ਰੀਮਤੀ ਰਾਜਨੀ ਬਾਲਾ, ਸ੍ਰੀਮਤੀ ਕਿਰਨਦੀਪ ਕੌਰ ਤੇ ਸਕੂਲ ਦੇ ਸਮੂਹ ਸਾਇੰਸ ਅਧਿਆਪਕਾਂ ਨੇ ਸਰਗਰਮੀ ਨਾਲ ਭਾਗ ਲਿਆ। ਵਿਦਿਆਰਥੀਆਂ ਨੂੰ ਪੁਲਾੜ ਤਕਨਾਲੋਜੀ, ਰੋਬੋਟਿਕਸ ਤੇ ਟਿਕਾਊ ਵਿਕਾਸ (ਸਥਿਰਤਾ) ਨਾਲ ਸਬੰਧਿਤ ਵੱਖ-ਵੱਖ ਮਾਡਲ ਅਤੇ ਪ੍ਰਯੋਗਾਤਮਕ ਗਤੀਵਿਧੀਆਂ ਦਿਖਾਈਆਂ ਗਈਆਂ। ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਇਨ੍ਹਾਂ ਗਤੀਵਿਧੀਆਂ ਵਿੱਚ ਭਾਗ ਲਿਆ ਅਤੇ ਵੱਖ-ਵੱਖ ਮਾਡਲਾਂ ਨੂੰ ਖ਼ੁਦ ਤਿਆਰ ਕਰਕੇ ਉਨ੍ਹਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਸਕੂਲ ਪ੍ਰਿੰਸੀਪਲ ਵੱਲੋਂ ਵਿਗਿਆਨਕ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਵਿਹਾਰਕ ਤੇ ਤਕਨੀਕੀ ਗਿਆਨ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

## ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ’ਚ ਅੰਤਰਰਾਸ਼ਟਰੀ ਸਾਖਰਤਾ ਦਿਵਸ ਮਨਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਵਿਖੇ ਪ੍ਰਿੰਸੀਪਲ (ਡੀ.ਡੀ.ਓ.) ਸ੍ਰੀ ਸ਼ਾਮ ਸੁੰਦਰ ਸ਼ਰਮਾ ਦੀ ਰਹਿਨੁਮਾਈ ਹੇਠ ਐਨ.ਐਸ.ਐਸ. ਵਿਭਾਗ ਵੱਲੋਂ ਅੰਤਰਰਾਸ਼ਟਰੀ ਸਾਖਰਤਾ ਦਿਵਸ ਮਨਾਇਆ ਗਿਆ। ਇਸ ਮੌਕੇ ਵਲੰਟੀਅਰਾਂ ਦੇ ਲੇਖ ਮੁਕਾਬਲੇ ਕਰਾਏ ਗਏ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਉਪਰੰਤ ਐਨ.ਐਸ.ਐਸ. ਵਲੰਟੀਅਰ ਸਰਕਾਰੀ ਪ੍ਰਾਇਮਰੀ ਸਕੂਲ, ਸਟੇਡੀਅਮ ਵਿਖੇ ਪਹੁੰਚੇ।ਇੱਥੇ ਵਲੰਟੀਅਰਾਂ ਨੇ ਸਕੂਲੀ ਵਿਦਿਆਰਥੀਆਂ ਨਾਲ ਮਹਾਨ ਸ਼ਹੀਦਾਂ ਦੀਆਂ ਗਾਥਾਵਾਂ ਸਾਂਝੀਆਂ ਕੀਤੀਆਂ ਤੇ ਅੰਤਰਰਾਸ਼ਟਰੀ ਸਾਖਰਤਾ ਦਿਵਸ ਮਨਾਉਣ ਦੇ ਉਦੇਸ਼ ਅਤੇ ਜੀਵਨ ਵਿੱਚ ਸਿੱਖਿਆ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖਿਆ ਰਾਹੀਂ ਆਪਣੇ ਭਵਿੱਖ ਨੂੰ ਬਿਹਤਰ ਬਣਾਉਣ ਲਈ ਪ੍ਰੇਰਿਤ ਕੀਤਾ।ਲੇਖ ਮੁਕਾਬਲੇ ਵਿੱਚ ਕੁਲਵਿੰਦਰ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ।ਦਮਨਪ੍ਰੀਤ ਕੌਰ, ਜਸਪ੍ਰੀਤ ਕੌਰ ਤੇ ਰਾਜਵੀਰ ਕੌਰ ਨੇ ਦੂਜਾ ਸਥਾਨ, ਜਦਕਿ ਅਮਨਜੋਤ ਕੌਰ, ਲਵਪ੍ਰੀਤ ਕੌਰ, ਤਰਨਜੀਤ ਸਿੰਘ ਤੇ ਸੰਜੇ ਬਾਂਸਲ ਨੇ ਤੀਜਾ ਅਤੇ ਚੌਥਾ ਸਥਾਨ ਹਾਸਲ ਕੀਤਾ।ਜੇਤੂ ਵਲੰਟੀਅਰਾਂ ਨੂੰ ਸਕੂਲ ਸਟਾਫ ਅਤੇ ਅਧਿਆਪਕਾ ਸੰਗੀਤਾ ਰਾਣੀ ਵੱਲੋਂ ਸਨਮਾਨਤ ਕੀਤਾ ਗਿਆ।ਕਾਲਜ ਵੱਲੋਂ ਸਕੂਲ ਨੂੰ ਵਾਤਾਵਰਨ ਪ੍ਰਤੀ ਜਾਗਰੂਕਤਾ ਦਾ ਸੰਦੇਸ਼ ਦਿੰਦਿਆਂ ਪੌਦੇ ਵੀ ਭੇਟ ਕੀਤੇ ਗਏ।ਪ੍ਰੋਗਰਾਮ ਦੌਰਾਨ ਸਿੱਖਿਆ, ਸਾਖਰਤਾ ਤੇ ਵਾਤਾਵਰਨ ਸੰਭਾਲ ਨਾਲ ਜੁੜੇ ਮਹੱਤਵਪੂਰਨ ਸੰਦੇਸ਼ ਵਿਦਿਆਰਥੀਆਂ ਤੱਕ ਪੁਚਾਏ ਗਏ।

## 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ਾਨਦਾਰ ਡਰੋਨ ਸ਼ੋਅ




**ਧੂਰੀ (ਮਨੋਹਰ ਸਿੰਘ ਸੱਗੂ, ਅਮਿਤ ਗਰਗ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਧੂਰੀ ਵਿਖੇ ਸ਼ਾਨਦਾਰ ਡਰੋਨ ਸ਼ੋਅ ਕਰਵਾਇਆ ਗਿਆ।ਇਸ ਮੌਕੇ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕਰਕੇ ਆਧੁਨਿਕ ਤਕਨਾਲੋਜੀ ਤੇ ਅਧਿਆਤਮਿਕਤਾ ਦੇ ਸੁਮੇਲ ਵਾਲੀ ਪੇਸ਼ਕਾਰੀ ਦਾ ਆਨੰਦ ਮਾਣਿਆ।ਡਰੋਨ ਸ਼ੋਅ ਦੌਰਾਨ 500 ਡਰੋਨਾਂ ਰਾਹੀਂ ਆਕਾਸ਼ ਵਿੱਚ ਵੱਖ-ਵੱਖ ਮਨਮੋਹਕ ਆਕ੍ਰਿਤੀਆਂ ਸਿਰਜ ਕੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ ਤੇ ਵਿਚਾਰਧਾਰਾ ਨੂੰ ਦਰਸਾਇਆ ਗਿਆ। ਰੌਸ਼ਨੀਆਂ ਨਾਲ ਸਜੇ ਆਕਾਸ਼ ਵਿੱਚ ਉਭਰਦੀਆਂ ਆਕ੍ਰਿਤੀਆਂ ਨੇ ਸੰਗਤ ਨੂੰ ਮੰਤਰਮੁਗਧ ਕਰ ਦਿੱਤਾ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਮਾਨਵਤਾ, ਸਮਾਨਤਾ, ਕਿਰਤ ਤੇ ਭਾਈਚਾਰਕ ਸਾਂਝ ਦਾ ਸੁਨੇਹਾ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਨਵੀਂ ਪੀੜ੍ਹੀ ਨੂੰ ਇਨ੍ਹਾਂ ਸਿੱਖਿਆਵਾਂ ਨਾਲ ਜੋੜਨਾ ਸਮੇਂ ਦੀ ਲੋੜ ਹੈ।ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਐੱਸ.ਡੀ.ਐੱਮ. ਧੂਰੀ ਡਾ. ਇਸਮਤ ਵਿਜੈ ਸਿੰਘ, ਡਾ. ਅਨਵਰ ਭਸੌੜ, ਅਸ਼ੋਕ ਲੱਖਾ, ਜਸਬੀਰ ਸਿੰਘ ਸੇਖੋਂ, ਰਛਪਾਲ ਸਿੰਘ ਭੁੱਲਰ, ਰਣਯੋਧ ਸਿੰਘ ਤੇ ਅਮਰਜੋਤ ਕੌਰ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।ਤਰਸੇਮ ਸਿੰਘ ਖੇਤਲਾ ਦੇ ਢਾਡੀ ਜੱਥੇ ਵੱਲੋਂ ਵਾਰਾਂ ਵੀ ਪੇਸ਼ ਕੀਤੀਆਂ ਗਈਆਂ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ’ਵਰਸਿਟੀ ’ਚ ਦਿ ਓਰਿਜਨ ਥਿਊਰੀਜ਼ ਆਫ਼ ਪੰਜਾਬੀ ਲੈਂਗੁਏਜ ਵਿਸ਼ੇ ’ਤੇ ਭਾਸ਼ਣ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਅੰਗਰੇਜ਼ੀ ਵਿਭਾਗ ਵੱਲੋਂ ਦਿ ਓਰਿਜਨ ਥਿਊਰੀਜ਼ ਆਫ਼ ਪੰਜਾਬੀ ਲੈਂਗਵੇਜ ਵਿਸ਼ੇ ’ਤੇ ਵਿਸ਼ੇਸ਼ ਭਾਸ਼ਣ ਕਰਾਇਆ ਗਿਆ।ਇਹ ਭਾਸ਼ਣ ਹਾਈਬ੍ਰਿਡ ਢੰਗ ਨਾਲ ਕਰਾਇਆ ਗਿਆ, ਜਿਸ ’ਚ ਭਾਸ਼ਾ ਫੈਕਲਟੀ ਦੇ ਡੀਨ ਤੇ ਪੰਜਾਬੀ ਵਿਭਾਗ ਦੇ ਮੁਖੀ ਡਾ. ਸਿਕੰਦਰ ਸਿੰਘ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ।ਵਿਭਾਗ ਮੁਖੀ ਡਾ. ਅੰਕਦੀਪ ਕੌਰ ਅਟਵਾਲ ਨੇ ਡਾ. ਸਿਕੰਦਰ ਸਿੰਘ ਦਾ ਸਵਾਗਤ ਕਰਦਿਆਂ ਪੰਜਾਬੀ ਭਾਸ਼ਾ ਦੇ ਇਤਿਹਾਸ ਅਤੇ ਵਿਕਾਸ ਨੂੰ ਗੰਭੀਰਤਾ ਨਾਲ ਸਮਝਣ ਦੀ ਲੋੜ ’ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਭਾਸ਼ਾ ਤੇ ਸਾਹਿਤ ਦੇ ਇਤਿਹਾਸ ਨੂੰ ਸਮਝਣ ਨਾਲ ਵਿਦਿਆਰਥੀ ਪੰਜਾਬ ਨਾਲ ਜੁੜੇ ਸਮਾਜਕ ਤੇ ਸੱਭਿਆਚਾਰਕ ਮਸਲਿਆਂ ਨੂੰ ਵਧੇਰੇ ਡੂੰਘਾਈ ਨਾਲ ਸਮਝ ਸਕਦੇ ਹਨ ਅਤੇ ਸਾਹਿਤ ਇਨ੍ਹਾਂ ਮਸਲਿਆਂ ਪ੍ਰਤੀ ਚੇਤਨਾ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਵਿਭਾਗ ਦੇ ਲਗਭਗ 60 ਵਿਦਿਆਰਥੀਆਂ ਦੀ ਸਿੱਧੀ ਸ਼ਮੂਲੀਅਤ ਤੇ ਵੱਖ-ਵੱਖ ਵਿਦਿਅਕ ਅਦਾਰਿਆਂ ਤੋਂ 167 ਆਨਲਾਈਨ ਭਾਗੀਦਾਰਾਂ ਦੀ ਸ਼ਮੂਲੀਅਤ ’ਤੇ ਖ਼ੁਸ਼ੀ ਪ੍ਰਗਟ ਕੀਤੀ।ਭਾਸ਼ਣ ਵਿੱਚ ਡਾ. ਸਿਕੰਦਰ ਸਿੰਘ ਨੇ ਪੰਜਾਬੀ ਭਾਸ਼ਾ ਦੇ ਮੁੱਢ ਨਾਲ ਸਬੰਧਤ ਵੱਖ-ਵੱਖ ਸਿਧਾਂਤਾਂ ਤੇ ਇਸ ਦੇ ਇਤਿਹਾਸ ਨੂੰ ਸਮਝਣ ਦੇ ਵੱਖਰੇ ਨਜ਼ਰੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਪੰਜਾਬੀ ਭਾਸ਼ਾ ਦੇ ਇਤਿਹਾਸ ਦੀ ਪੇਸ਼ਕਾਰੀ ਵਿੱਚ ਰਹੇ ਇਕਪਾਸੜ ਨਜ਼ਰੀਏ ਵੱਲ ਧਿਆਨ ਦਿਵਾਉਂਦਿਆਂ ਵਿਸ਼ੇਸ਼ ਤੌਰ ’ਤੇ ਬਸਤੀਵਾਦੀ ਦੌਰ ਨਾਲ ਜੁੜੇ ਬਾਹਰੀ ਨਜ਼ਰੀਆਂ ਦੀ ਆਲੋਚਨਾਤਮਕ ਪੜਚੋਲ ਕੀਤੀ।ਉਨ੍ਹਾਂ ਵਿਦਿਆਰਥੀਆਂ ਨੂੰ ਭਾਸ਼ਾ ਦੇ ਮੁੱਢ ਤੇ ਵਿਕਾਸ ਬਾਰੇ ਪ੍ਰਚਲਿਤ ਧਾਰਨਾਵਾਂ ਨੂੰ ਬਿਨਾਂ ਪਰਖੇ ਸਵੀਕਾਰ ਕਰਨ ਦੀ ਥਾਂ ਇਨ੍ਹਾਂ ਨੂੰ ਭਾਸ਼ਾਈ ਤੇ ਇਤਿਹਾਸਕ ਸਬੂਤਾਂ ਦੇ ਆਧਾਰ ’ਤੇ ਸਮਝਣ ਲਈ ਪ੍ਰੇਰਿਤ ਕੀਤਾ।ਡਾ. ਸਿਕੰਦਰ ਸਿੰਘ ਨੇ ਪੰਜਾਬੀ ਨੂੰ ਕਿਸੇ ਇੱਕ ਭਾਸ਼ਾ ਜਾਂ ਪਰੰਪਰਾ ਨਾਲ ਜੋੜ ਕੇ ਦੇਖਣ ਦੀ ਥਾਂ ਇਸ ਦੇ ਵਿਕਾਸ ਨੂੰ ਪੰਜਾਬ ਦੇ ਇਤਿਹਾਸ, ਭੂਗੋਲ, ਲੋਕ ਜੀਵਨ ਤੇ ਸੱਭਿਆਚਾਰਕ ਸੰਦਰਭਾਂ ਨਾਲ ਜੋੜ ਕੇ ਸਮਝਣ ਦੀ ਲੋੜ ’ਤੇ ਜ਼ੋਰ ਦਿੱਤਾ। ਉਨ੍ਹਾਂ ਵੱਖ-ਵੱਖ ਭਾਸ਼ਾਈ ਧਾਰਨਾਵਾਂ ਤੇ ਪੰਜਾਬੀ ਦੀ ਪਛਾਣ ਨਾਲ ਜੁੜੇ ਸਵਾਲਾਂ ਨੂੰ ਵਿਦਿਆਰਥੀਆਂ ਸਾਹਮਣੇ ਰੱਖਦਿਆਂ ਉਨ੍ਹਾਂ ਨੂੰ ਇਨ੍ਹਾਂ ਬਾਰੇ ਆਪਣੇ ਤਰਕ ਤੇ ਸਮਝ ਵਿਕਸਤ ਕਰਨ ਲਈ ਉਤਸ਼ਾਹਤ ਕੀਤਾ।

## ਨਾਨਕਸਰ ਠਾਠ ਵਿਖੇ 61ਵਾਂ ਸਾਲਾਨਾ ਸੰਤ ਸਮਾਗਮ 11 ਤੋਂ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸੰਪੂਰਨਤਾ ਤੇ ਪ੍ਰਕਾਸ਼ ਦਿਵਸ ’ਤੇ ਨਾਨਕਸਰ ਸੰਪਰਦਾਇ ਦੇ ਬਾਨੀ ਬਾਬਾ ਨੰਦ ਸਿੰਘ ਜੀ, ਬਾਬਾ ਈਸ਼ਰ ਸਿੰਘ ਜੀ, ਬਾਬਾ ਹਰਨਾਮ ਸਿੰਘ ਦੀ ਨਿੱਘੀ ਮਿੱਠੀ ਯਾਦ ਨੂੰ ਸਮਰਪਿਤ 13ਵੇਂ ਠਾਠ ਨਾਨਕਸਰ ਵਿਖੇ 61ਵਾਂ ਸਾਲਾਨਾ ਸੰਤ ਸਮਾਗਮ 11 ਤੋਂ 17 ਸਤੰਬਰ ਤੱਕ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।ਮੁੱਖ ਸੇਵਾਦਾਰ ਸੰਤ ਬਾਬਾ ਕੇਹਰ ਸਿੰਘ ਨੇ ਦੱਸਿਆ ਕਿ 11 ਤੋਂ 15 ਸਤੰਬਰ ਤੱਕ ਰੋਜ਼ਾਨਾ ਸਵੇਰੇ 10 ਤੋਂ ਦੁਪਹਿਰ 1 ਵਜੇ ਤੱਕ ਰੂਹਾਨੀ ਦੀਵਾਨ ਸਜਣਗੇ, ਜਿਸ ਵਿੱਚ ਸੰਤ-ਮਹਾਂਪੁਰਸ਼ ਹਾਜ਼ਰੀ ਭਰਨਗੇ, ਜਦਕਿ 16 ਸਤੰਬਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ।17 ਸਤੰਬਰ ਨੂੰ ਸਵੇਰੇ 10 ਵਜੇ ਸ੍ਰੀ ਸੰਪਟ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਜਿਸ ਉਪਰੰਤ ਸਜਣ ਵਾਲੇ ਵਿਸ਼ਾਲ ਕੀਰਤਨ ਦਰਬਾਰ ਦੌਰਾਨ ਨਾਨਕਸਰ ਸੰਪਰਦਾਇ ਦੇ ਮਹਾਂਪੁਰਖ, ਉੱਘੇ ਰਾਗੀ ਜਥੇ ਅਤੇ ਸਿੱਖ ਕੌਮ ਦੇ ਪ੍ਰਚਾਰਕ ਸੰਗਤਾਂ ਨੂੰ ਗੁਰਬਾਣੀ ਕੀਰਤਨ ਤੇ ਕਥਾ-ਵਿਚਾਰਾਂ ਰਾਹੀਂ ਨਿਹਾਲ ਕਰਨਗੇ।

## ਆਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਹੋਈ ਮੀਟਿੰਗ



**ਸੰਗਰੂਰ (ਪ੍ਰਵੀਨ ਸਿੰਘ)**-ਆਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਸੁਰਿੰਦਰ ਬਾਲੀਆ ਦੀ ਪ੍ਰਧਾਨਗੀ ਹੇਠ ਡੀ ਸੀ ਦਫਤਰ ਕੰਪਲੈਕਸ ਵਿਖੇ ਹੋਈ, ਜਿਸ ਵਿਚ ਸਰਕਾਰ ਦੀਆਂ ਪੈਨਸ਼ਨਰਾਂ ਤੇ ਮੁਲਾਜ਼ਮ ਮਾਰੂ ਨੀਤੀਆਂ, ਅਤੇ ਮਤਰੇਈਆਂ ਵਾਲੇ ਵਿਵਹਾਰ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕੀਤੀ ਗਈ।ਸਰਕਾਰ ਦੇ ਇਸ ਹੱਠੀ ਅਤੇ ਗੈਰਸੰਵਿਧਾਨਕ ਰਵਈਏ ਨੂੰ ਟੱਕਰ ਲੈਣ ਲਈ ਸਤੰਬਰ ਤੇ ਅਕਤੂਬਰ ਮਹੀਨੇ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕਰਕੇ ਸਰਕਾਰ ਨੂੰ ਵਾਹਣੀ ਪਾਉਣ ਦਾ ਵਿਗਲ ਵਜਾ ਦਿੱਤਾ ਹੈ ।ਮੁਲਾਜ਼ਮ ਤੇ ਪੈਨਸ਼ਨਰਜ਼ ਪੰਜਾਬ ਦੇ ਸੱਦੇ ਉਪਰ 13 ਸਤੰਬਰ ਨੂੰ ਅਮਨ ਅਰੋੜਾ ਦੇ ਘਰ ਦਾ ਘਿਰਾਉ ਕਰਨ ਲਈ ਬਜ਼ੁਰਗ ਵੀ ਮੈਦਾਨ ਵਿੱਚ ਨਿਤਰਨਗੇ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸੁਰਿੰਦਰ ਬਾਲੀਆ, ਸਰਪ੍ਰਸਤ ਜਗਦੀਸ਼ ਸ਼ਰਮਾ, ਸਕੱਤਰ ਬਲਵੰਤ ਸਿੰਘ ਢਿੱਲੋਂ, ਬਿੱਕਰ ਸਿੰਘ ਸਿਬੀਆ ਤੇ ਮੇਲਾ ਸਿੰਘ ਪੁੰਨਾਂਵਾਲ ਨੇ ਜਿਥੇ ਭਗਵੰਤ ਮਾਨ ਸਰਕਾਰ ਦੀ ਆਲੋਚਨਾ ਕੀਤੀ, ਉਥੇ ਬਜ਼ੁਰਗ ਪੈਨਸ਼ਨਰਜ਼ ਦੇ ਹੌਸਲੇ ਦੀ ਦਾਦ ਵੀ ਦਿੱਤੀ।ਮੀਟਿੰਗ ਤੋਂ ਤੁਰੰਤ ਬਾਅਦ ਤਾਲਮੇਲ ਕਮੇਟੀ ਸੰਗਰੂਰ ਦੇ ਵੱਲੋਂ ਮਨਿਸਟਰੀਅਲ ਸਟਾਫ ਧਰਨੇ ਤੇ ਮਾਰਚ ਵਿੱਚ ਵੀ ਹਾਜ਼ਰ ਹੋਏ।

## ਲਿਖਾਰੀ ਸਭਾ ਵੱਲੋਂ ਗ਼ਜ਼ਲਗੋ ਕੋਹਾਰਵਾਲਾ ਨਾਲ ਰੂਬਰੂ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬੀ ਲਿਖਾਰੀ ਸਭਾ ਰਾਮਪੁਰ ਵਲੋਂ ਮਾਸਿਕ ਇਕੱਤਰਤਾ ਦੌਰਾਨ ਗ਼ਜ਼ਲਗੋ ਗੁਰਤੇਜ ਕੋਹਾਰਵਾਲਾ ਨਾਲ ਰੂਬਰੂ ਪ੍ਰੋਗ੍ਰਾਮ ਆਯੋਜਿਤ ਕੀਤਾ ਗਿਆ।ਸਮਾਗਮ ਦੀ ਪ੍ਰਧਾਨਗੀ ਢਾਹਾਂ ਪੁਰਸਕਾਰ ਨਾਲ ਸਨਮਾਨਤ ਕਹਾਣੀਕਾਰ ਬਲਵਿੰਦਰ ਗਰੇਵਾਲ ਨੇ ਕੀਤੀ।ਮੁੱਖ ਮਹਿਮਾਨ ਵਜੋਂ ਡਾ. ਸੁਖਵਿੰਦਰ ਵਿਰਕ ਸ਼ਾਮਲ ਹੋਏ।ਸਭ ਤੋਂ ਪਹਿਲਾਂ ਸਰਪ੍ਰਸਤ ਗੁਰਦਾਸ ਸਿੰਘ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ।ਚਿੰਤਕ ਸੁਖਜਿੰਦਰ ਨੇ ਗੁਰਤੇਜ ਕੋਹਾਰਵਾਲਾ ਤੇ ਉਨ੍ਹਾਂ ਦੀ ਸ਼ਾਇਰੀ ਬਾਰੇ ਆਪਣੇ ਅਨੁਭਵ ਸਾਂਝੇ ਕਰਦਿਆਂ ਕਿਹਾ ਕਿ ਗੁਰਤੇਜ ਦੀ ‘ਕਿਤਾਬ ਪਾਣੀ ਦਾ ਹਾਸ਼ੀਆ’ ਉੱਤੇ ਹਾਲੇ ਵੀ ਲੰਬੀ ਵਿਚਾਰ ਚਰਚਾ ਦੀ ਜ਼ਰੂਰਤ ਹੈ।ਗੁਰਤੇਜ ਕੋਹਾਰਵਾਲਾ ਨੇ ਰੂਬਰੂ ਦੌਰਾਨ ਕਿਹਾ ਕਿ ਪੰਜਾਬੀ ਲਿਖਾਰੀ ਸਭਾ ਰਾਮਪੁਰ ਵਿਚ ਆਉਣਾ ਉਨ੍ਹਾਂ ਲਈ ਆਪਣੇ ਦਿਲ ਦੀ ਜ਼ਿਆਰਤ ਕਰਨ ਵਰਗਾ ਅਹਿਸਾਸ ਹੈ। ਇਸ ਪਿੱਛੋਂ ਉਨ੍ਹਾਂ ਨੇ ਆਪਣੇ ਕਾਲਜ ਪੜ੍ਹਨ ਤੇ ਪੜ੍ਹਾਉਣ, ਜੀਵਨ ਅਨੁਭਵ ਅਤੇ ਪੰਜਾਬੀ ਸ਼ਾਇਰੀ ਬਾਰੇ ਵਿਚਾਰ ਹਾਜ਼ਰ ਲੇਖਕਾਂ ਨਾਲ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਕਵਿਤਾ ਲਿਖਣ ਲਈ ਕਵਿਤਾ ਵੱਲ ਮੂੰਹ ਹੋਣਾ ਚਾਹੀਦਾ ਹੈ।ਉਨ੍ਹਾਂ ਨੇ ਸਰੋਤਿਆਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਬੜੀ ਸਹਿਜਤਾ ਤੇ ਸਲੀਕੇ ਨਾਲ ਉੱਤਰ ਦਿੱਤੇ। ਡਾ. ਸੰਦੀਪ ਸ਼ਰਮਾ, ਡਾ. ਜਗਵਿੰਦਰ ਯੋਧਾ, ਦੀਪ ਜਗਦੀਪ ਤੇ ਡਾ ਸੁਖਵਿੰਦਰ ਵਿਰਕ ਵੀ ਕੋਹਾਰਵਾਲਾ ਦੀ ਸ਼ਾਇਰੀ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਅੰਤ ਵਿਚ ਪ੍ਰਧਾਨਗੀ ਭਾਸ਼ਣ ਬਲਵਿੰਦਰ ਗਰੇਵਾਲ ਨੇ ਕਿਹਾ ਕਿ ਪੰਜਾਬੀ ਸਾਹਿਤ ਨੂੰ ਮਾਣ ਹੈ ਕਿ ਉਸ ਕੋਲ਼ ਗੁਰਤੇਜ ਵਰਗੇ ਸ਼ਾਇਰ ਹਨ।ਇਸ ਦੌਰਾਨ ਗੁਰਤੇਜ ਕੋਹਾਰਵਾਲਾ ਦਾ ਸਨਮਾਨ ਲੇਖਕਾਂ ਨੇ ਮਿਲ ਕੇ ਕੀਤਾ।ਦੂਜੇ ਸੈਸ਼ਨ ਵਿੱਚ ਕਵੀ ਦਰਬਾਰ ਹੋਇਆ, ਜਿਸ ਵਿੱਚ ਹਾਜ਼ਰ ਕਵਿਆਂ ਨੇ ਆਪਣੇ ਕਲਾਮ ਪੇਸ਼ ਕੀਤੇ।ਅੰਤ ਵਿਚ ਲਿਖਾਰੀ ਸਭਾ ਰਾਮਪੁਰ ਦੇ ਪ੍ਰਧਾਨ ਅਮਰਿੰਦਰ ਸੋਹਲ ਨੇ ਆਏ ਸਾਰੇ ਲੇਖਕਾਂ ਦਾ ਧੰਨਵਾਦ ਕੀਤਾ।ਮੰਚ ਸੰਚਾਲਨ ਰਾਜਵਿੰਦਰ ਸਮਰਾਲਾ ਨੇ ਬਾਖੂਬੀ ਕੀਤਾ।

## ਗੋਬਿੰਦਪੁਰਾ ’ਚ ਦੋ ਰੋਜ਼ਾ ਕਬੱਡੀ ਟੂਰਨਾਮੈਂਟ 28 ਤੇ 29 ਨੂੰ

**ਬਰੇਟਾ (ਰੀਤਵਾਲ)**-ਪਿੰਡ ਗੋਬਿੰਦਪੁਰਾ ਵਿਖੇ 28 ਅਤੇ 29 ਸਤੰਬਰ ਨੂੰ 33 ਕਿਲੋ , 75 ਕਿਲੋ ਤੇ ਓਪਨ ਵਰਗ ਦਾ ਕਬੱਡੀ ਟੂਰਨਾਮੈਂਟ ਕਰਾਇਆ ਜਾ ਰਿਹਾ ਹੈ।ਟੂਰਨਾਮੈਂਟ ਨੂੰ ਲੈ ਕੇ ਪਿੰਡ ਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਖੇਡ ਪ੍ਰੇਮੀਆਂ ਵਿੱਚ ਭਾਰੀ ਉਤਸ਼ਾਹ ਵੇਖਿਆ ਜਾ ਰਿਹਾ ਹੈ।ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਟੂਰਨਾਮੈਂਟ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਨਾਮੀ ਕਬੱਡੀ ਟੀਮਾਂ ਭਾਗ ਲੈਣਗੀਆਂ।ਦੋਵੇਂ ਦਿਨ ਮੈਚਾਂ ਦਾ ਸਿਲਸਿਲਾ ਸਵੇਰ ਤੋਂ ਸ਼ੁਰੂ ਹੋ ਕੇ ਸ਼ਾਮ ਤੱਕ ਚੱਲੇਗਾ।ਪਿੰਡ ਦੇ ਸਰਪੰਚ ਰਾਜਿੰਦਰ ਸ਼ਰਮਾ ਨੇ ਦੱਸਿਆ ਕਿ ਪੂਰੇ ਪਿੰਡ ਦੇ ਸਹਿਯੋਗ ਨਾਲ ਇਸ ਟੂਰਨਾਮੈਂਟ ਦੀਆਂ ਤਿਆਰੀਆਂ ਪੂਰੇ ਜ਼ੋਰਾਂ-ਸ਼ੋਰਾਂ ਨਾਲ ਕੀਤੀਆਂ ਜਾ ਰਹੀਆਂ ਹਨ।ਪ੍ਰਬੰਧਕਾਂ ਨੇ ਦੱਸਿਆ ਕਿ ਜੇਤੂ ਤੇ ਉਪ ਜੇਤੂ ਟੀਮਾਂ ਨੂੰ ਨਕਦ ਇਨਾਮਾਂ ਅਤੇ ਟਰਾਫੀਆਂ ਨਾਲ ਸਨਮਾਨਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਖੇਡ ਦੇ ਮੈਦਾਨ ਵਿੱਚ ਦਰਸ਼ਕਾਂ ਲਈ ਬੈਠਣ, ਪਾਣੀ ਤੇ ਹੋਰ ਸਹੂਲਤਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।ਪਿੰਡ ਵਾਸੀਆਂ ਤੇ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਖੇਡ ਪ੍ਰੇਮੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਟੂਰਨਾਮੈਂਟ ਦਾ ਆਨੰਦ ਮਾਨਣ ।

## ਵਪਾਰ ਮੰਡਲ ਦਾ ਵਫਦ ਐੱਸ ਐੱਚ ਓ ਨੂੰ ਮਿਲਿਆ


**ਮਲੋਟ (ਰਜਿੰਦਰ ਜੁਨੇਜਾ)**-ਮਲੋਟ ਵਪਾਰ ਮੰਡਲ ਦੇ ਪ੍ਰਧਾਨ ਪ੍ਰਦੀਪ ਧੀਂਗੜਾ ਨਾਲ ਦੁਕਾਨਦਾਰਾਂ ਦਾ ਇੱਕ ਵਫ਼ਦ ਸਿਟੀ ਮਲੋਟ ਦੇ ਐੱਸ ਐੱਚ ਓ ਨੂੰ ਮਿਲਿਆ ਤੇ ਤਹਿਸੀਲ ਰੋਡ ’ਤੇ ਵਨ ਵੇ ਕੀਤੀ ਟ੍ਰੈਫਿਕ ਵਿਵਸਥਾ ਕਾਰਨ ਦੁਕਾਨਦਾਰਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਦਿੱਤੀ।ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਦੁਕਾਨਾਂ ਦੇ ਬਾਹਰ ਖੜ੍ਹੇ ਮੋਟਰਸਾਈਕਲਾਂ ਦੇ ਚਲਾਨ ਕੱਟੇ ਜਾ ਰਹੇ ਹਨ, ਇਸ ਲਈ ਅਪੀਲ ਕੀਤੀ ਕਿ ਛੋਟੀ ਗਲਤੀ ਲਈ ਇੱਕ ਵਾਰ ਚੇਤਾਵਨੀ ਜ਼ਰੂਰ ਦਿੱਤੀ ਜਾਵੇ।ਵਪਾਰ ਮੰਡਲ ਨੇ ਵਿਸ਼ਵਾਸ ਦਿਵਾਇਆ ਕਿ ਟ੍ਰੈਫਿਕ ਸਮੱਸਿਆ ਨੂੰ ਲੈ ਕੇ ਦੁਕਾਨਦਾਰਾਂ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ।ਥਾਣਾ ਸਿਟੀ ਐੱਸ.ਐੱਚ.ਓ. ਨੇ ਕਿਹਾ ਕਿ ਦੁਕਾਨਦਾਰਾਂ ਦੀਆਂ ਮੁਸ਼ਕਲਾਂ ਦਾ ਹੱਲ ਕੱਢਿਆ ਜਾਵੇਗਾ।ਇਸ ਦੌਰਾਨ ਐੱਸ.ਐੱਚ.ਓ. ਨੇ ਵੀ ਸਾਲਾਹ ਦਿੱਤੀ ਕਿ ਸਾਰੇ ਦੁਕਾਨਦਾਰ ਆਪਣੀ ਦੁਕਾਨ ਦੇ ਸੀ ਸੀ ਟੀ ਵੀ ਕੈਮਰਿਆਂ ਦਾ ਮੂੰਹ ਸੜਕ ਵੱਲ ਕਰਕੇ ਰੱਖਣ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਵਾਪਰਨ ’ਤੇ ਉਸ ਬਾਰੇ ਪਤਾ ਲੱਗ ਸਕੇ ਤੇ ਸ਼ਰਾਰਤੀ ਅਨਸਰਾਂ ’ਤੇ ਕਾਬੂ ਪਾਇਆ ਜਾ ਸਕੇ।ਇਸ ਮੌਕੇ ਵਪਾਰ ਮੰਡਲ ਪ੍ਰਧਾਨ ਪ੍ਰਦੀਪ ਧੀਂਗੜਾ, ਹੈਪੀ ਛਾਬੜਾ ਵਾਈਸ ਪ੍ਰਧਾਨ, ਗੀਤ ਸੇਠੀ ਪ੍ਰਧਾਨ ਮੋਬਾਈਲ ਯੂਨੀਅਨ, ਜਗਦੀਸ਼ ਕੁਮਾਰ, ਓਮ ਨਰੂਲਾ, ਜੱਜ ਤੇ ਬਬਲਾ ਹਾਜ਼ਰ ਸਨ।

## ਪੰਜਾਬ ਰੋਡਵੇਜ਼ ਪੈਨਸ਼ਨਰਜ਼ ਐਸੋਸੀਏਸ਼ਨ ਦੀ ਰਾਜ ਪੱਧਰੀ ਮੀਟਿੰਗ



**ਲੁਧਿਆਣਾ (ਸਤੀਸ਼ ਸਚਦੇਵਾ)**-ਪੰਜਾਬ ਰੋਡਵੇਜ਼ ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਦੀ ਰਾਜ ਪੱਧਰੀ ਮੀਟਿੰਗ ਪੈਨਸ਼ਨਰਜ਼ ਭਵਨ ਲੁਧਿਆਣਾ ਵਿਖੇ ਦਲਜੀਤ ਸਿੰਘ ਭੁੱਲਰ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਪੰਜਾਬ ਰੋਡਵੇਜ਼ ਦੇ ਵੱਖ ਵੱਖ ਡਿੱਪੂਆਂ ਵਿੱਚੋਂ ਰਿਟਾਇਰਡ ਅਧਿਕਾਰੀਆਂ ਤੇ ਪੈਨਸ਼ਨਰਜ਼ ਨੇ ਸ਼ਮੂਲੀਅਤ ਕੀਤੀ।ਪੰਜਾਬ ਰੋਡਵੇਜ਼ ਹੁਸ਼ਿਆਰਪੁਰ, ਨੰਗਲ, ਲੁਧਿਆਣਾ, ਚੰਡੀਗੜ੍ਹ, ਜਗਰਾਓਂ, ਮੋਗਾ, ਫਿਰੋਜ਼ਪੁਰ, ਸ੍ਰੀ ਮੁਕਤਸਰ ਸਾਹਿਬ, ਪੱਟੀ, ਜਲੰਧਰ ਤੋਂ ਪੈਨਸ਼ਨਰ ਨੇ ਪੰਜਾਬ ਸਰਕਾਰ ਵੱਲੋਂ ਸਮੂਹਕ ਛੁੱਟੀ ਕਰਕੇ ਹੜਤਾਲ ਕਰਦੇ ਕਰਮਚਾਰੀਆਂ ਖਿਲਾਫ ਕਾਰਵਾਈ ਕਰਨ ਦਾ ਪੱਤਰ ਜਾਰੀ ਕਰਨ ਦੀ ਪੁਰਜ਼ੋਰ ਨਿੰਦਾ ਕੀਤੀ।ਗਲਬਾਤ ਦੌਰਾਨ ਦਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਪੰਜਾਬ ਸਰਕਾਰ ਹੱਕੀ ਮੰਗਾਂ ਮੰਗਣ ’ਤੇ ਆਪਣੇ ਹੀ ਕਰਮਚਾਰੀਆਂ ਵਿਰੁੱਧ ਐਕਸ਼ਨ ਕਰ ਰਹੀ ਹੈ, ਜਦੋਂਕਿ ਸਰਕਾਰਾਂ ਦਾ ਫਰਜ਼ ਹੈ ਕਿ ਕਰਮਚਾਰੀਆਂ ਦੇ ਕਾਨੂੰਨੀ ਹੱਕ ਜਿਵੇਂ ਮਹਿੰਗਾਈ ਭੱਤੇ, ਪੈਨਸ਼ਨ ਬਹਾਲੀ ਸਬੰਧੀ ਮੰਗਾਂ ਗੱਲਬਾਤ ਰਾਹੀਂ ਹੱਲ ਕਰਨ।ਮੀਟਿੰਗ ਵਿੱਚ ਪੰਜਾਬ ਰਾਜ ਪੈਨਸ਼ਨਰਜ਼ ਮਹਾਸੰਘ ਦੇ ਪ੍ਰਧਾਨ ਡਾਕਟਰ ਐੱਨ ਕੇ ਕਲਸੀ ਦੀ ਗਵਰਨਰ ਪੰਜਾਬ ਨੂੰ ਲਿਖੀ ਚਿੱਠੀ ਦੀ ਸਰਾਹਣਾ ਹੋਈ।ਬੁਲਾਰਿਆਂ ਵਿੱਚ ਅਨਿਲ ਕੁਮਾਰ ਸਾਬਕਾ ਜਨਰਲ ਮੈਨੇਜਰ ਪੰਜਾਬ ਰੋਡਵੇਜ਼ ਅੰਮ੍ਰਿਤਸਰ, ਸੁਰਜੀਤ ਸਿੰਘ ਜਨਰਲ ਸਕੱਤਰ, ਪ੍ਰੀਤਮ ਸਿੰਘ ਚੋਟੀਆਂ ਸੀਨੀਅਰ ਮੀਤ ਪ੍ਰਧਾਨ, ਸੁਰਜੀਤ ਸਿੰਘ ਜੁਆਇੰਟ ਸਕੱਤਰ, ਗੁਰਬਖਸ਼ ਸਿੰਘ ਮਨਕੋਟੀਆ ਨੰਗਲ ਪ੍ਰਧਾਨ, ਰਜਿੰਦਰ ਸਿੰਘ ਲਲਤੋਂ ਪ੍ਰਧਾਨ ਪੰਜਾਬ ਰੋਡਵੇਜ਼ ਪੈਨਸ਼ਨਰਜ਼ ਵੈੱਲਫੇਅਰ ਲੁਧਿਆਣਾ, ਭੰਵਰ ਲਾਲ ਕਾਰਜਕਾਰੀ ਮੈਂਬਰ, ਸਵਰਨ ਸਿੰਘ ਤੇ ਨਰੇਸ਼ ਕੁਮਾਰ ਬ੍ਰਾਂਚ ਪ੍ਰਧਾਨ ਮੋਗਾ ਸ਼ਾਮਲ ਹੋਏ।ਉਚੇਚੇ ਤੌਰ ’ਤੇ ਪਹੁੰਚੇ ਸੁਸ਼ੀਲ ਕੁਮਾਰ ਚੇਅਰਮੈਨ ਪੈਨਸ਼ਨਰਜ਼ ਭਵਨ ਲੁਧਿਆਣਾ ਨੇ ਪੰਜਾਬ ਰਾਜ ਪੈਨਸ਼ਨਰਜ਼ ਮਹਾਂਸੰਘ ਦੇ ਪ੍ਰਧਾਨ ਦੀ ਕਾਰਗੁਜ਼ਾਰੀ ’ਤੇ ਤਸੱਲੀ ਪ੍ਰਗਟ ਕਰਦੇ ਹੋਏ ਦੱਸਿਆ ਕਿ ਪੈਨਸ਼ਨਰਾਂ ਦਾ ਭਰੋਸਾ ਐੱਨ ਕੇ ਕਲਸੀ ’ਤੇ ਅਟੁੱਟ ਹੈ ਤੇ ਜਲਦ ਹੀ ਪੈਨਸ਼ਨਰ ਦੀ ਝੋਲੀ ਵਿੱਚ 60% ਮਹਿੰਗਾਈ ਭੱਤੇ ਦੀ ਜਿੱਤ ਪਾਉਣਗੇ।ਮੀਟਿੰਗ ਦੀ ਕਾਰਵਾਈ ਰਸ਼ਪਾਲ ਸਿੰਘ ਮੌਜਗੜ੍ਹ ਜਨਰਲ ਸਕੱਤਰ ਪੰਜਾਬ ਨੇ ਨਿਭਾਈ।ਮੀਟਿੰਗ ਵਿੱਚ ਬਸੰਤ ਸਿੰਘ ਪੈਟਰਨ, ਜਗਜੀਤ ਸਿੰਘ ਚੇਅਰਮੈਨ, ਜਗਤਾਰ ਸਿੰਘ ਇੰਦਗੜ੍ਹ, ਜੋਗਿੰਦਰ ਸਿੰਘ ਸਮਾਘ ਸ੍ਰੀ ਮੁਕਤਸਰ ਸਾਹਿਬ ਡਿੱਪੂ ਦੇ ਜਨਰਲ ਸਕੱਤਰ, ਦਇਆ ਸਿੰਘ ਪੱਟੀ ਦੇ ਇੰਸਪੈਕਟਰ, ਜਸਬੀਰ ਸਿੰਘ ਬਟਾਲਾ ਕਾਰਜਕਾਰੀ ਮੈਂਬਰ, ਮੇਜਰ ਸਿੰਘ ਫਿਰੋਜ਼ਪੁਰ, ਸਤ ਪਾਲ ਲੁਧਿਆਣਾ, ਅਵਤਾਰ ਸਿੰਘ ਚੰਡੀਗੜ੍ਹ, ਦਲੀਪ ਸਿੰਘ ਸੁਪਰਵਾਈਜ਼ਰ, ਗੁਰਬਖਸ਼ ਸਿੰਘ ਮਨਕੋਟੀਆ,ਹੁਸਨ ਲਾਲ ਨੰਗਲ ਡਿੱਪੂ, ਹਾਕਮ ਸਿੰਘ ਘਾਲੀ, ਕਰਨੈਲ ਸਿੰਘ ਜਗਰਾਓਂ, ਨਾਹਰ ਸਿੰਘ ਮੋਗਾ, ਜੌਨ ਹੈਮਿਲਟਨ ਤੇ ਹੋਰ ਸ਼ਾਮਲ ਹੋਏ।

## ਰੇਲਵੇ ਲੈਵਲ ਕਰਾਸਿੰਗ ਲਈ ਡੀ ਸੀ ਨੂੰ ਤੁਰੰਤ ਦਖ਼ਲ ਦੀ ਅਪੀਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜਲਾਲਾਬਾਦ ਰੋਡ ਸਥਿਤ ਪੁਰਾਣੇ ਰੇਲਵੇ ਲੈਵਲ ਕਰਾਸਿੰਗ/ਫਾਟਕ ਬੀ-30 ਨੂੰ ਲੈ ਕੇ ਇਲਾਕੇ ਦੇ ਵਪਾਰੀਆਂ, ਦੁਕਾਨਦਾਰਾਂ ਤੇ ਆਮ ਲੋਕਾਂ ਵੱਲੋਂ ਲਗਾਤਾਰ ਰਸਤਾ ਮੁਹੱਈਆ ਕਰਾਉਣ ਦੀ ਮੰਗ ਕੀਤੀ ਜਾ ਰਹੀ ਹੈ।ਵਪਾਰੀਆਂ ਨੇ ਕਿਹਾ ਕਿ ਇਸ ਰਸਤੇ ਦੇ ਬੰਦ ਹੋਣ ਕਾਰਨ ਜਲਾਲਾਬਾਦ ਰੋਡ ਅਤੇ ਰੇਲਵੇ ਲਾਈਨ ਦੇ ਦੋਵੇਂ ਪਾਸਿਆਂ ਵਸਦੇ ਲੋਕਾਂ ਅਤੇ ਦੁਕਾਨਦਾਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਆਮ ਲੋਕਾਂ ਦੀ ਆਵਾਜਾਈ, ਵਪਾਰ ਅਤੇ ਐਮਰਜੈਂਸੀ ਸੇਵਾਵਾਂ ਵੀ ਪ੍ਰਭਾਵਿਤ ਹੋ ਰਹੀਆਂ ਹਨ।ਹੁਣ ਰੇਲਵੇ ਵੱਲੋਂ ਇਸ ਰਸਤੇ ਵਾਲੇ ਪਾਸੇ ਕੰਧ ਬਣਾਈ ਜਾ ਰਹੀ ਹੈ, ਜਿਸ ਕਾਰਨ ਵਪਾਰੀਆਂ ਅਤੇ ਇਲਾਕਾ ਨਿਵਾਸੀਆਂ ਵਿੱਚ ਹੋਰ ਵੀ ਚਿੰਤਾ ਪੈਦਾ ਹੋ ਗਈ ਹੈ।ਲੋਕਾਂ ਦਾ ਕਹਿਣਾ ਹੈ ਕਿ ਜੇਕਰ ਕੰਧ ਬਣਨ ਤੋਂ ਪਹਿਲਾਂ ਕੋਈ ਵਿਕਲਪਿਕ ਰਸਤਾ ਜਾਂ ਲੈਵਲ ਕਰਾਸਿੰਗ/ਪੈਦਲ ਅਤੇ ਵਾਹਨਾਂ ਲਈ ਯੋਗ ਰਸਤਾ ਤੈਅ ਨਾ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਸਮੱਸਿਆ ਹੋਰ ਗੰਭੀਰ ਹੋ ਸਕਦੀ ਹੈ।ਵਪਾਰੀਆਂ ਨੇ ਡਿਪਟੀ ਕਮਿਸ਼ਨਰ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਮਾਮਲੇ ਵਿੱਚ ਤੁਰੰਤ ਦਖ਼ਲ ਦੇਣ ਤੇ ਰੇਲਵੇ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਮੌਕੇ ਦਾ ਜਾਇਜ਼ਾ ਲੈਣ।ਜਲਾਲਾਬਾਦ ਰੋਡ ਬੀ-30 ਲੈਵਲ ਕਰਾਸਿੰਗ/ਪੁਰਾਣੇ ਰਸਤੇ ਦਾ ਮੌਕਾ ਦੇਖਿਆ ਜਾਵੇ।ਰੇਲਵੇ ਵੱਲੋਂ ਬਣਾਈ ਜਾ ਰਹੀ ਕੰਧ ਸਬੰਧੀ ਸਥਿਤੀ ਸਪੱਸ਼ਟ ਕੀਤੀ ਜਾਵੇ।ਲੋਕਾਂ ਦੀ ਆਵਾਜਾਈ ਲਈ ਸੁਰੱਖਿਅਤ ਤੇ ਪੱਕਾ ਵਿਕਲਪਿਕ ਰਸਤਾ ਮੁਹੱਈਆ ਕਰਾਇਆ ਜਾਵੇ।ਵਪਾਰੀਆਂ ਤੇ ਇਲਾਕਾ ਨਿਵਾਸੀਆਂ ਦੇ ਨੁਮਾਇੰਦਿਆਂ ਨੂੰ ਨਾਲ ਲੈ ਕੇ ਮੌਕੇ ’ਤੇ ਸਾਂਝਾ ਨਿਰੀਖਣ ਕੀਤਾ ਜਾਵੇ।ਜਦੋਂ ਤੱਕ ਲੋਕਾਂ ਲਈ ਯੋਗ ਵਿਕਲਪਿਕ ਰਸਤੇ ਦਾ ਹੱਲ ਨਹੀਂ ਹੁੰਦਾ, ਉਦੋਂ ਤੱਕ ਮੌਜੂਦਾ ਰਸਤੇ ਨੂੰ ਪੂਰੀ ਤਰ੍ਹਾਂ ਬੰਦ ਕਰਨ ਵਾਲੇ ਕਦਮਾਂ ’ਤੇ ਤੁਰੰਤ ਵਿਚਾਰ ਕੀਤਾ ਜਾਵੇ ਵਪਾਰੀਆਂ ਨੇ ਕਿਹਾ ਕਿ ਉਹ ਪ੍ਰਸ਼ਾਸਨ ਨਾਲ ਟਕਰਾਅ ਨਹੀਂ, ਸਗੋਂ ਗੱਲਬਾਤ ਤੇ ਸਹਿਮਤੀ ਨਾਲ ਲੋਕਾਂ ਦੀ ਸਮੱਸਿਆ ਦਾ ਸਥਾਈ ਹੱਲ ਚਾਹੁੰਦੇ ਹਨ।

## ਫਾਊਂਡਰੀ ਤੇ ਵਰਕਸ਼ਾਪ ਵਰਕਰ ਯੂਨੀਅਨ ਵੱਲੋਂ ਸਹਾਇਕ ਕਿਰਤ ਕਮਿਸ਼ਨਰ ਦੇ ਦਫ਼ਤਰ ਅੱਗੇ ਧਰਨਾ



ਬਟਾਲਾ (ਤਰਲੋਕ ਬੱਗਾ)-ਫਾਊਂਡਰੀ ਅਤੇ ਵਰਕਸ਼ਾਪ ਵਰਕਰ ਯੂਨੀਅਨ ਵੱਲੋਂ ਬਟਾਲੇ ਦੀਆਂ ਦਰਜਨਾਂ ਫਾਊਂਡਰੀਆਂ ਵਿੱਚ ਹੜਤਾਲ ਕਰਕੇ ਸਹਾਇਕ ਕਿਰਤ ਕਮਿਸ਼ਨਰ ਬਟਾਲਾ ਦੇ ਦਫਤਰ ਮੂਹਰੇ ਧਰਨਾ ਦਿੱਤਾ ਗਿਆ। ਇਸ ਸਮੇਂ ਵਰਕਰਾਂ ਨੂੰ ਸੰਬੋਧਨ ਕਰਦਿਆਂ ਏਟਕ ਦੇ ਸੂਬਾ ਸਕੱਤਰ ਗੁਲਸ਼ਨ ਸਿੰਘ ਭੁਲਣੀ, ਪ੍ਰੇਮ ਸੀ ਸੋਨਾ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਬਟਾਲੇ ਦੀਆਂ 99 ਫੀਸਦ ਫਾਊਂਡਰੀਆਂ ਵਿੱਚ ਕਿਰਤ ਕਾਨੂੰਨਾਂ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ, ਵਰਕਰਾਂ ਦੀ ਕੋਈ ਹਾਜ਼ਰੀ ਨਹੀਂ ਲਗਾਈ ਜਾਂਦੀ, ਈ ਐਸ ਆਈ ਕਾਰਡ, ਪ੍ਰੋਵੀਡੈਂਟ ਫੰਡ ਅਤੇ ਹਾਜ਼ਰੀ ਕਾਰਡ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ ਕਿਉਂਕਿ ਕਿਰਤ ਦਫਤਰ ਬਟਾਲਾ ਅਤੇ ਡਿਪਟੀ ਡਾਇਰੈਕਟਰ ਫੈਕਟਰੀਜ਼ ਦਫਤਰ ਵਲੋਂ ਮਜ਼ਦੂਰਾਂ ਦੇ ਹਿੱਤਾਂ ਦੀ ਰਾਖੀ ਲਈ ਫੈਕਟਰੀਆਂ ਵਿੱਚ ਚੈੱਕ ਨਹੀਂ ਮਾਰਦੇ, ਜੇਕਰ ਜਾਂਦੇ ਹਨ ਤਾਂ ਮਾਲਕਾਂ ਨੂੰ ਮਿਲ ਕੇ ਵਾਪਸ ਆ ਜਾਂਦੇ ਹਨ। ਆਗੂਆਂ ਕਿਹਾ ਕਿ ਜੇਕਰ ਵਰਕਰਾਂ ਦੇ ਹਿੱਤਾਂ ਲਈ ਬਣੇ ਨਿਆਂਪਾਲਕ ਅਦਾਰੇ ਸਹਾਇਕ ਕਿਰਤ ਅਫਸਰ ਨੂੰ ਕੇਸ ਦਿੱਤੇ ਜਾਂਦੇ ਹਨ ਤਾਂ ਉਹਨਾਂ ਕੇਸਾਂ ਨੂੰ ਇਹ ਕਹਿ ਕੇ ਖਾਰਜ ਕਰ ਦਿੱਤਾ ਜਾਂਦਾ ਹੈ ਕਿ ਮਾਲਕ ਕਹਿੰਦਾ ਹੈ ਕਿ ਇਹ ਮੇਰਾ ਵਰਕਰ ਹੀ ਨਹੀਂ ਹੈ। ਆਗੂਆਂ ਦੋਸ਼ ਲਾਇਆ ਕਿ ਕਿਰਤ ਦਫਤਰ ਬਟਾਲਾ ਅਤੇ ਡਿਪਟੀ ਡਾਇਰੈਕਟਰ ਫੈਕਟਰੀ ਗੁਰਦਾਸਪੁਰ ਦੇ ਦਫਤਰ ਵਿੱਚ ਵੱਡੇ ਪੱਧਰ 'ਤੇ ਭ੍ਰਿਸ਼ਟਾਚਾਰ ਚੱਲ ਰਿਹਾ ਹੈ ਜਿਸ ਕਾਰਨ ਵਰਕਰਾਂ ਨੂੰ ਕੋਈ ਨਿਆਂ ਨਹੀਂ ਮਿਲਦਾ, ਜਦੋਂ ਕਿ ਹਾਜ਼ਰੀ ਕਾਰਡ ਲਾਗੂ ਕਰਾਉਣਾ ਕਿਰਤ ਦਫਤਰ ਦੀ ਡਿਊਟੀ ਹੈ।ਆਗੂਆਂ ਨੇ ਧਰਨੇ ਵਿੱਚ ਮੰਗ ਕੀਤੀ ਕਿ ਡਿਪਟੀ ਡਾਇਰੈਕਟਰ ਫੈਕਟਰੀ ਦਾ ਦਫਤਰ ਗੁਰਦਾਸਪੁਰ ਤੋਂ ਬਟਾਲੇ ਵਿੱਚ ਬਦਲਿਆ ਜਾਵੇ ਕਿਉਂਕਿ ਬਟਾਲਾ ਸਨਅਤੀ ਸ਼ਹਿਰ ਹੈ ਅਤੇ ਅਕਸਰ ਹੀ ਇੱਥੇ ਵਰਕਰਾਂ ਨਾਲ ਅਕਸਰ ਹਾਦਸੇ ਹੁੰਦੇ ਰਹਿੰਦੇ ਹਨ।ਉਹਨਾਂ ਕਿਹਾ ਕਿ ਗੁਰਦਾਸਪੁਰ ਡਿਪਟੀ ਡਾਇਰੈਕਟਰ ਫੈਕਟਰੀਜ਼ ਦਾ ਦਫਤਰ ਰੱਖਣ ਦੀ ਕੋਈ ਤੁਕ ਨਹੀਂ ਹੈ ਕਿਉਂਕਿ ਗੁਰਦਾਸਪੁਰ ਦੇ ਵਿੱਚ ਕਿਸੇ ਤਰ੍ਹਾਂ ਦੀ ਵੀ ਕੋਈ ਫੈਕਟਰੀ ਨਹੀਂ ਹੈ। ਆਗੂਆਂ ਇਹ ਵੀ ਮੰਗ ਕੀਤੀ ਕਿ ਵਰਕਰਾਂ ਦੀ ਹਾਜ਼ਰੀ ਲਾਜ਼ਮੀ ਕੀਤੀ ਜਾਵੇ, ਪੂਰਾ ਪੂਰਾ ਫੰਡ ਅਤੇ ਛੁੱਟੀਆਂ ਦਿੱਤੀਆਂ ਜਾਣ, ਵਰਕਰਾਂ ਦੇ ਸਾਲ ਬਾਅਦ ਵਧਦੇ ਪੀਸ ਰੇਟ ਨੂੰ ਪ੍ਰਤੀਸ਼ਤ ਵਾਧੇ ਨਾਲ ਲਾਗੂ ਕਰਵਾਇਆ ਜਾਵੇ। ਆਗੂਆਂ ਕਿਹਾ ਕਿ ਵਰਕਰਾਂ ਦੀਆਂ ਇਹ ਵੀ ਸ਼ਿਕਾਇਤਾਂ ਮਿਲੀਆਂ ਹਨ ਕਿ ਵਰਕਰਾਂ ਨੂੰ ਕਈ ਮਾਲਕਾਂ ਵੱਲੋਂ ਘਰਾਂ 'ਤੋਂ ਪੱਖੇ ਲਿਆਉਣ ਲਈ ਮਜ਼ਬੂਰ ਕੀਤਾ ਜਾ ਰਿਹਾ ਹੈ ਅਤੇ ਕਈ ਫੈਕਟਰੀਆਂ ਵਿੱਚ ਕੰਮ ਕਰਨ ਵਾਲਾ ਕੰਮ ਕਰਕੇ ਜਾਵੇ ਤਾਂ ਵਰਕਰਾਂ ਨੂੰ ਸਾਬਣ ਵੀ ਨਹੀਂ ਦਿੱਤਾ ਜਾਂਦਾ ਉਨ੍ਹਾਂ ਕਿਹਾ ਕਿ ਕਿਰਤ ਦਫਤਰ ਵਿੱਚ ਭ੍ਰਿਸ਼ਟਾਚਾਰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਇਸ ਸਮੇਂ ਧਰਨੇ ਦੀ ਸਾਰੀ ਸਥਿਤੀ ਨੂੰ ਕਿਰਤ ਕਮਿਸ਼ਨ ਪੰਜਾਬ ਨੂੰ ਵੀ ਜਾਣੂ ਕਰਵਾਇਆ ਜਾਵੇ। ਅੱਜ ਦੇ ਧਰਨੇ ਨੂੰ ਨਰਿੰਦਰ ਪਾਲ, ਰਾਜੂ ਬਟਾਲਾ ਅਤੇ ਬਚਨ ਸਿੰਘ ਥੋਪਾ ਰਾਏ ਨੇ ਵੀ ਸੰਬੋਧਨ ਕੀਤਾ।

## ਪੀ ਐੱਸ ਐੱਮ ਐੱਸ ਯੂ ਵੱਲੋਂ ਹੜਤਾਲ ਕਰਕੇ ਦਫ਼ਤਰੀ ਕੰਮਕਾਜ ਰੱਖਿਆ ਠੱਪ



ਧਾਰੀਵਾਲ (ਮਨਦੀਪ ਵਿੱਕੀ) — ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ (ਪੀ.ਐਸ.ਐਮ.ਐਸ.ਯੂ.) ਵੱਲੋਂ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਲੈ ਕੇ ਹੜਤਾਲ ਕੀਤੀ ਗਈ, ਜਿਸ ਕਾਰਨ ਵੱਖ-ਵੱਖ ਸਰਕਾਰੀ ਦਫ਼ਤਰਾਂ ਦਾ ਕੰਮਕਾਜ ਪ੍ਰਭਾਵਿਤ ਰਿਹਾ ਅਤੇ ਇਸ ਮੌਕੇ ਜ਼ਿਲ੍ਹਾ ਤਾਲਮੇਲ ਕਮੇਟੀ,ਗੁਰਦਾਸਪੁਰ ਵੱਲੋਂ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਦਿਆਂ ਆਪਣੀਆਂ ਮੰਗਾਂ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਗਿਆ। ਪ੍ਰਦਰਸ਼ਨਕਾਰੀਆਂ ਨੇ ਪੰਜਾਬ ਸਰਕਾਰ ਤੋਂ 18 ਫ਼ੀਸਦੀ ਡੀ.ਏ. ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, 17/07/2020 ਵਾਲਾ ਪੱਤਰ ਰੱਦ ਕਰਨ, 15/01/2015 ਵਾਲਾ ਪੱਤਰ ਰੱਦ ਕਰਨ ਅਤੇ 4/9/14 ਦੀਆਂ ਤਰੱਕੀਆਂ ਬਹਾਲ ਕਰਨ ਦੀ ਮੰਗ ਕੀਤੀ। ਇਸ ਤੋਂ ਇਲਾਵਾ ਆਂਗਣਵਾੜੀ ਵਰਕਰਾਂ ਦੇ ਮਾਣ-ਭੱਤੇ ਵਿੱਚ ਵਾਧਾ ਕਰਨ ਅਤੇ ਪੈਨਸ਼ਨਰਾਂ ਨੂੰ 2.59 ਦੇ ਗੁਣਾਂਕ ਨਾਲ ਪੈਨਸ਼ਨ ਲਾਗੂ ਕਰਨ ਸਮੇਤ ਹੋਰ ਮੰਗਾਂ ਨੂੰ ਵੀ ਤੁਰੰਤ ਪੂਰਾ ਕਰਨ ਦੀ ਮੰਗ ਕੀਤੀ ਗਈ। ਆਗੂਆਂ ਨੇ ਕਿਹਾ ਕਿ ਮੁਲਾਜ਼ਮ ਆਪਣੀਆਂ ਜਾਇਜ਼ ਮੰਗਾਂ ਲਈ ਲੰਬੇ ਸਮੇਂ ਤੋਂ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਮੰਗਾਂ ਦਾ ਢੁੱਕਵਾਂ ਹੱਲ ਨਾ ਕੀਤੇ ਜਾਣ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਜਲਦ ਤੋਂ ਜਲਦ ਗੱਲਬਾਤ ਰਾਹੀਂ ਹੱਲ ਕੀਤਾ ਜਾਵੇ। ਇਸ ਮੌਕੇ ਸ. ਰਘਬੀਰ ਸਿੰਘ ਬਡਵਾਲ, ਸੂਬਾ ਚੇਅਰਮੈਨ ਪੀ.ਐਸ.ਐਮ.ਐਸ.ਯੂ., ਸਾਵਨ ਸਿੰਘ ਗਿੱਲ, ਸੁਖਵਿੰਦਰ ਸਿੰਘ ਬਾਗੋਵਾਣੀ, ਸਤਨਾਮ ਸਿੰਘ ਡੇਰੋਵਾਲ, ਲੱਖਵਿੰਦਰ ਸਿੰਘ ਰੰਗਾੜਿਆਂ, ਸੋਮ ਸਿੰਘ, ਕੁਲਦੀਪ ਸਿੰਘ ਪੁਰੋਵਾਲ, ਅਸ਼ਵਨੀ ਫਜੂਪੁਰ, ਲਵਪ੍ਰੀਤ ਸਿੰਘ ਰੋੜਾਂਵਾਲੀ, ਰਣਜੀਤ ਸਿੰਘ ਧਾਲੀਵਾਲ, ਹਰਜਿੰਦਰ ਸਿੰਘ, ਰਵਿੰਦਰਜੀਤ ਸਿੰਘ ਪੰਨੂ, ਗੁਰਪਿੰਦਰ ਸਿੰਘ, ਗੁਰਦਿਆਲ ਸਿੰਘ ਸੋਹਲ, ਮੱਖਣ ਸਿੰਘ ਕੋਹਾੜ,ਸਰਬਜੀਤ ਸਿੰਘ ਮੁਲਤਾਨੀ, ਅਮਨਦੀਪ ਸਿੰਘ, ਰਣਜੋਧ ਸਿੰਘ, ਦਲਵੀਰ ਭੰਗਲ, ਪ੍ਰਭਜੋਤ ਸਿੰਘ, ਦਵਿੰਦਰ ਸਿੰਘ ਬਾਜਵਾ, ਸੰਜੀਵ ਸ਼ਰਮਾ ਅਤੇ ਇਮਾਨੂੰਏਲ ਨਾਹਰ ਸਮੇਤ ਵੱਡੀ ਗਿਣਤੀ ਵਿੱਚ ਮੁਲਾਜ਼ਮ ਹਾਜ਼ਰ ਸਨ।

## ਕਾਂਗਰਸੀ ਆਗੂ ਸਿਰਸਾ 'ਤੇ ਮਾਮਲਾ ਦਰਜ ਕਰਨ ਦੇ ਵਿਰੋਧ 'ਚ ਲਾਇਆ ਧਰਨਾ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)- ਬੀਤੇ ਦਿਨੀਂ ਤਹਿਸੀਲ ਅਜਨਾਲਾ ਦੇ ਪਿੰਡ ਜਗਦੇਵ ਖੁਰਦ ਵਿਖੇ ਰਾਤ ਸਮੇਂ ਸਰਗਰਮ ਕਾਂਗਰਸੀ ਆਗੂ ਗੁਰਦੀਪ ਸਿੰਘ ਸਿਰਸਾ 'ਤੇ ਗੋਲ਼ੀ ਚਲਾਉਣ ਦੇ ਮਾਮਲੇ 'ਤੋਂ ਬਾਅਦ ਉਨ੍ਹਾਂ ਸਮੇਤ ਉਨ੍ਹਾਂ ਦੇ ਸਾਥੀਆਂ ਖ਼ਿਲਾਫ਼ ਦਰਜ ਕੀਤੇ ਗਏ ਮਾਮਲੇ ਦੇ ਵਿਰੋਧ ਵਿਚ ਕਾਂਗਰਸ ਪਾਰਟੀ ਵੱਲੋਂ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ ਦੀ ਅਗਵਾਈ ਹੇਠ ਥਾਣਾ ਅਜਨਾਲਾ ਮੂਹਰੇ ਧਰਨਾ ਦਿੱਤਾ ਗਿਆ।ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਸੁਖਬਿੰਦਰ ਸਿੰਘ ਸੁੱਖ ਸਰਕਾਰੀਆ ਦੇ ਭਤੀਜੇ ਦਿਲਰਾਜ ਸਿੰਘ ਸਰਕਾਰੀਆ ਵੀ ਵਿਸ਼ੇਸ਼ ਤੌਰ 'ਤੇ ਪੁੱਜੇ।ਇਸ ਦੌਰਾਨ ਕਾਂਗਰਸੀ ਆਗੂਆਂ ਤੇ ਵਰਕਰਾਂ ਵੱਲੋਂ ਅਜਨਾਲਾ-ਅੰਮ੍ਰਿਤਸਰ ਮੁੱਖ ਮਾਰਗ 'ਤੇ ਧਰਨਾ ਲਗਾ ਕੇ ਆਵਾਜਾਈ ਠੱਪ ਕੀਤੀ ਗਈ ਹੈ।ਧਰਨੇ ਨੂੰ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ ਤੇ ਹੋਰਨਾਂ ਕਾਂਗਰਸੀ ਆਗੂਆਂ ਨੇ ਪੁਲਿਸ ਪ੍ਰਸ਼ਾਸਨ ਖ਼ਿਲਾਫ਼ ਰੋਸ ਪ੍ਰਗਟ ਕਰਦਿਆਂ ਦੋਸ਼ ਲਗਾਇਆ ਕਿ ਗੁਰਦੀਪ ਸਿੰਘ ਸਿਰਸਾ 'ਤੇ ਗੋਲੀ ਚਲਾਉਣ ਵਾਲੇ ਕਥਿਤ ਮੁਲਜ਼ਮਾਂ ਨੂੰ ਅਜੇ ਤੱਕ ਗ੍ਰਿਫ਼ਤਾਰ ਨਹੀਂ ਕੀਤਾ ਗਿਆ, ਜਦਕਿ ਸਿਰਸਾ ਨਾਲ ਰਹਿਣ ਵਾਲੇ ਨੌਜਵਾਨ ਗੁਰਨਪ੍ਰੀਤ ਸਿੰਘ, ਸੁਖਜਿੰਦਰ ਸਿੰਘ, ਗੁਰਪ੍ਰਤਾਪ ਸਿੰਘ ਗੋਰਾ ਸਮੇਤ ਹੋਰਨਾਂ ਖ਼ਿਲਾਫ਼ ਸੋਨੇ ਦਾ ਕੜਾ ਅਤੇ ਪੈਸੇ ਲੈ ਜਾਣ ਦੇ ਦੋਸ਼ਾਂ ਤਹਿਤ ਨਜਾਇਜ਼ ਮਾਮਲਾ ਦਰਜ ਕਰ ਦਿੱਤਾ ਗਿਆ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਗੁਰਦੀਪ ਸਿੰਘ ਸਿਰਸਾ ਤੇ ਹੋਰਨਾਂ ਖ਼ਿਲਾਫ਼ ਵੀ ਅਜਨਾਲਾ ਪੁਲਸ ਵੱਲੋਂ ਕਰਾਸ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਾਂਗਰਸੀ ਆਗੂ ਸਿਰਸਾ ਅਤੇ ਉਨ੍ਹਾਂ ਦੇ ਸਾਥੀਆਂ ਖ਼ਿਲਾਫ਼ ਕਿਸੇ ਵੀ ਤਰ੍ਹਾਂ ਦੀ ਕਥਿਤ ਝੂਠੀ ਜਾਂ ਗਲਤ ਕਾਨੂੰਨੀ ਕਾਰਵਾਈ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਹਰਪ੍ਰਤਾਪ ਸਿੰਘ ਅਜਨਾਲਾ ਨੇ ਅੱਗੇ ਕਿਹਾ ਕਿ ਜੇਕਰ ਪੁਲਸ ਪ੍ਰਸ਼ਾਸਨ ਵੱਲੋਂ ਮਾਮਲੇ ਵਿਚ ਨਿਰਪੱਖ ਕਾਰਵਾਈ ਨਾ ਕੀਤੀ ਗਈ ਤਾਂ ਕਾਂਗਰਸ ਪਾਰਟੀ ਵੱਲੋਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਉਨ੍ਹਾਂ ਪੁਲਸ ਪ੍ਰਸ਼ਾਸਨ ਤੋਂ ਗੁਰਦੀਪ ਸਿੰਘ ਸਿਰਸਾ 'ਤੇ ਗੋਲ਼ੀ ਚਲਾਉਣ ਵਾਲੇ ਕਥਿਤ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਅਤੇ ਉਨ੍ਹਾਂ ਦੇ ਸਾਥੀਆਂ ਖ਼ਿਲਾਫ਼ ਦਰਜ ਮਾਮਲੇ ਦੀ ਨਿਰਪੱਖ ਜਾਂਚ ਕਰਨ ਦੀ ਮੰਗ ਕੀਤੀ। ਇਸ ਮੌਕੇ ਕਾਂਗਰਸ ਪਾਰਟੀ ਦੇ ਸ਼ਹਿਰੀ ਪ੍ਰਧਾਨ ਦਵਿੰਦਰ ਸਿੰਘ ਭੰਮ, ਨਗਰ ਪੰਚਾਇਤ ਅਜਨਾਲਾ ਦੇ ਸਾਬਕਾ ਪ੍ਰਧਾਨ ਦੀਪਕ ਅਰੋੜਾ, ਬਲਾਕ ਪ੍ਰਧਾਨ ਰਾਣਾ ਰਣਜੀਤ ਸਿੰਘ ਭੰਗੂ, ਸਾਬਕਾ ਬਲਾਕ ਪ੍ਰਧਾਨ ਰਾਜਬੀਰ ਸਿੰਘ ਮੱਦੂਛਾਂਗਾ, ਬਲਜੀਤ ਸਿੰਘ ਸਲੇਮਪੁਰ, ਸੁਖਦੇਵ ਸਰੀਨ, ਮੋਹਿਤ ਵਾਸਲ, ਅਮਰਬੀਰ ਸਿੰਘ ਬੱਲ, ਵਿਨੋਦ ਅਰੋੜਾ, ਗੁਰਪ੍ਰੀਤ ਸਿੰਘ ਸਿਰਸਾ, ਸ਼ੁਭਦੀਪ ਸਿੰਘ ਸਿਰਸਾ, ਲਲਜੀਤ ਸਿੰਘ ਖਤਰਾਏ ਕਲਾਂ, ਜੁਗਰਾਜ ਸਿੰਘ ਸੰਧੂ ਤੇੜੇ, ਠੇਕੇਦਾਰ ਨਰਿੰਦਰ ਸਿੰਘ ਰੋਖੇ ਆਦਿ ਹਾਜ਼ਰ ਸਨ।

## ਏ ਐੱਸ ਆਈ ਹਰਿੰਦਰ ਸਿੰਘ ਤੇ ਏ ਐੱਸ ਆਈ ਜਗਦੀਪ ਸਿੰਘ ਸਨਮਾਨਤ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)- ਆਈ.ਜੀ. ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਵੱਲੋਂ, ਐੱਸ.ਐੱਸ.ਪੀ. ਅੰਮ੍ਰਿਤਸਰ ਦਿਹਾਤੀ ਕੰਵਲਪ੍ਰੀਤ ਸਿੰਘ ਚਾਹਲ ਅਤੇ ਦਿਹਾਤ ਸਪੈਸ਼ਲ ਬ੍ਰਾਂਚ ਦੀ ਸਿਫਾਰਸ਼ 'ਤੇ ਚੰਗੀਆਂ ਸੇਵਾਵਾਂ ਨਿਭਾਉਣ ਵਾਲੇ ਏ.ਐੱਸ.ਆਈ. ਹਰਿੰਦਰ ਸਿੰਘ ਅਤੇ ਏ.ਐੱਸ.ਆਈ. ਜਗਦੀਪ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪੁਲਸ ਅਧਿਕਾਰੀਆਂ ਵੱਲੋਂ ਦੋਵਾਂ ਮੁਲਾਜ਼ਮਾਂ ਦੀ ਇਮਾਨਦਾਰੀ, ਮਿਹਨਤ ਅਤੇ ਆਪਣੀ ਡਿਊਟੀ ਪ੍ਰਤੀ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ। ਉਨ੍ਹਾਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਤਨਦੇਹੀ ਅਤੇ ਇਮਾਨਦਾਰੀ ਨਾਲ ਸੇਵਾਵਾਂ ਨਿਭਾਉਣ ਲਈ ਉਤਸ਼ਾਹਿਤ ਕੀਤਾ ਗਿਆ।

## ਦੇਸ਼ ਤੇ ਸਮਾਜ ਭਲਾਈ ਦੇ ਕੰਮਾਂ 'ਚ ਮੋਹਰੀ ਰਹਿਣ ਵਾਲਿਆਂ ਨੂੰ ਰੋਟਰੀ ਨਾਰਥ ਨੇ ਕੀਤਾ ਸਨਮਾਨਤ



ਅੰਮ੍ਰਿਤਸਰ (ਅਰੋੜਾ) - ਰੋਟਰੀ ਇੰਟਰਨੈਸ਼ਨਲ ਵੱਲੋਂ ਵਿਸ਼ਵ ਭਰ ਦੇ ਰੋਟਰੀ ਕਲੱਬਾਂ ਦੇ ਗਵਰਨਰਾਂ, ਸਹਾਇਕ ਗਵਰਨਰਾਂ ਅਤੇ ਹਰੇਕ ਰੋਟਰੀ ਪ੍ਰਧਾਨ ਨੂੰ ਆਪਣੇ-ਆਪਣੇ ਖੇਤਰ ਵਿੱਚ ਦੇਸ਼ ਅਤੇ ਸਮਾਜ ਭਲਾਈ ਕੰਮਾਂ ਵਿੱਚ ਸਦਾ ਮੋਹਰੀ ਰਹਿਣ ਵਾਲਿਆਂ ਨੂੰ ਸਨਮਾਨਤ ਕੀਤੇ ਜਾਣ ਦੀ ਪ੍ਰਥਾ ਪਿਛਲੇ ਕਈ ਸਾਲਾਂ ਤੋਂ ਚੱਲਦੀ ਆ ਰਹੀ ਹੈ। ਇਸੇ ਪ੍ਰਥਾ ਦੇ ਚੱਲਦਿਆਂ ਰੋਟਰੀ ਕਲੱਬ ਨਾਰਥ ਵੱਲੋਂ ਕਲੱਬ ਦੇ ਪ੍ਰਧਾਨ ਇੰਜੀ. ਪਰਮੀਤ ਸਿੰਘ ਖੇੜਾ, ਮਹਿਲਾ ਸਕੱਤਰ ਮਨਿੰਦਰ ਕੌਰ ਅਰੋੜਾ ਦੀ ਪ੍ਰਧਾਨਗੀ ਹੇਠ ਇੱਕ ਸਮਾਗਮ ਦਾ ਆਯੋਜਨ ਸਮਾਜ ਸੇਵੀ ਸੰਸਥਾ ਏ.ਆਈ.ਸੀ.ਈ. ਸੋਸਾਇਟੀ ਦੇ ਸਹਿਯੋਗ ਨਾਲ ਕੀਤਾ ਗਿਆ। ਇਸ ਸਾਦੇ ਸਮਾਗਮ ਵਿੱਚ ਰੋਟਰੀ ਦੇ ਸਹਾਇਕ ਗਵਰਨਰ ਕੇ.ਐਸ. ਚੱਠਾ ਮੁੱਖ ਮਹਿਮਾਨ, ਰੋਟਰੀ ਦੇ ਸਾਬਕਾ ਪ੍ਰਧਾਨ ਅਤੇ ਸੋਸਾਇਟੀ ਦੇ ਸੀਨੀਅਰ ਮੈਂਬਰ ਡਾ. ਅਮਰਜੀਤ ਸਿੰਘ ਸਚਦੇਵਾ, ਰੋਟਰੀ ਦੇ ਜ਼ਿਲ੍ਹਾ ਸਕੱਤਰ ਵਿਜੇ ਭਸੀਨ ਖਾਸ ਮਹਿਮਾਨ ਵਜੋਂ ਸ਼ਾਮਲ ਹੋਏ। ਏ.ਆਈ.ਸੀ.ਈ. ਸੋਸਾਇਟੀ ਦੇ ਪੈਟਰਨ ਰਜਨੀਤ ਸਿੰਘ ਖੇੜਾ, ਸੋਸਾਇਟੀ ਦੇ ਸਕੱਤਰ ਅਤੇ ਐਮ.ਓ.ਸੀ. ਆਰ.ਐਸ. ਚੱਠਾ ਨੇ ਸੋਸਾਇਟੀ ਨਾਲ ਮਿਲ ਕੇ ਕੰਮ ਕਰਨ ਵਾਲਿਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਰੋਟਰੀ ਦੇ ਸਾਬਕਾ ਸਹਾਇਕ ਗਵਰਨਰ ਸੰਜੇ ਮਲਿਕ ਨੇ ਕਿਹਾ ਕਿ ਏ.ਆਈ.ਸੀ.ਈ. ਸੋਸਾਇਟੀ ਇੱਕ ਅਜਿਹੀ ਸੰਸਥਾ ਹੈ ਜੋ ਲੋੜਵੰਦ ਪਰਵਾਰਾਂ ਦੇ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਮੁਫ਼ਤ ਕੰਪਿਊਟਰ ਸਿੱਖਿਆ, ਕਿਤਾਬਾਂ, ਬੈਗ ਅਤੇ ਹੋਰ ਸਟੇਸ਼ਨਰੀ ਦੇ ਨਾਲ-ਨਾਲ ਉਨ੍ਹਾਂ ਨੂੰ ਕੱਪੜੇ, ਗਰਮ ਸ਼ਾਲਾਂ ਅਤੇ ਹੋਰ ਖਾਣ-ਪੀਣ ਦਾ ਸਮਾਨ ਮੁਹੱਈਆ ਕਰਵਾਉਂਦੀ ਹੈ। ਉਨ੍ਹਾਂ ਨੇ ਰੋਟਰੀ ਨਾਰਥ ਦੇ ਪ੍ਰਧਾਨ ਪਰਮੀਤ ਸਿੰਘ ਖੇੜਾ ਦਾ ਇਸ ਸੋਸਾਇਟੀ ਦੇ ਸੰਪਰਕ ਵਿੱਚ ਆਉਣ 'ਤੇ ਭਰਪੂਰ ਸਵਾਗਤ ਕੀਤਾ।ਸੋਸਾਇਟੀ ਦੇ ਪੈਟਰਨ ਰਜਨੀਤ ਸਿੰਘ ਨੇ ਕਿਹਾ ਕਿ ਸੋਸਾਇਟੀ ਦੇ ਸਮੁੱਚੇ ਮੈਂਬਰ ਗੁਰੂ ਦੀ ਕਿਰਪਾ ਸਦਕਾ ਬਿਨਾਂ ਕਿਸੇ ਪ੍ਰਚਾਰ ਦੇ ਸਮਾਜ ਸੇਵਾ ਦਾ ਕੰਮ ਕਰਦੇ ਆ ਰਹੇ ਹਨ ਉਨ੍ਹਾਂ ਨੇ ਸੋਸਾਇਟੀ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਵਾਲੇ ਰੋਟੇਰੀਅਨ ਅੰਜ਼ੇਸ਼ ਭੱਲਾ, ਕੇ.ਐਸ. ਚੱਠਾ, ਰੋਟਰੀ ਦੇ ਸਾਬਕਾ ਪ੍ਰਧਾਨ ਰਮੇਸ਼ ਮਹਾਜਨ, ਆਰ.ਐਸ. ਚੱਠਾ, ਸੰਜੇ ਮਲਿਕ, ਮੁਕੇਸ਼ ਨੰਦਾ, ਐਡਵੋਕੇਟ ਆਰ.ਕੇ. ਉੱਪਲ, ਇੰਜੀਨੀਅਰ ਅਸ਼ੋਕ ਸ਼ਰਮਾ, ਪ੍ਰਿੰਸੀਪਲ ਰਾਜੇਸ਼ ਪ੍ਰਭਾਕਰ, ਡਾ. ਕੁਲਦੀਪ ਸਿੰਘ ਅਰੋੜਾ, ਡਾ. ਜਸਪ੍ਰੀਤ ਸਿੰਘ ਗ੍ਰੋਵਰ, ਡਾ. ਰਮਨ ਗੁਪਤਾ, ਡਾ. ਰਾਕੇਸ਼ ਅਰੋੜਾ, ਸੋਸਾਇਟੀ ਦੇ ਸੰਯੁਕਤ ਸਕੱਤਰ ਅੰਸ਼ੂ ਰਾਮਪਾਲ ਦਾ ਹਾਰਦਿਕ ਧੰਨਵਾਦ ਕੀਤਾ, ਜੋ ਸਦਾ ਦੇਸ਼ ਅਤੇ ਸਮਾਜ ਭਲਾਈ ਦੇ ਕੰਮਾਂ ਵਿੱਚ ਮੋਹਰੀ ਰਹਿੰਦੇ ਹਨ। ਰੋਟਰੀ ਨਾਰਥ ਅਤੇ ਸੋਸਾਇਟੀ ਵੱਲੋਂ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ।

## ਵਿਆਹ ਪੁਰਬ ਸਮਾਗਮ : ਵਧੀਕ ਡਿਪਟੀ ਕਮਿਸ਼ਨਰ (ਜ) ਨੇ ਤਿਆਰੀਆਂ ਦਾ ਲਿਆ ਜਾਇਜ਼ਾ



ਬਟਾਲਾ (ਡਾਕਟਰ ਮਲਵਿੰਦਰ ਸਿੰਘ) ਸ੍ਰੀ ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਵੱਲੋਂ 18 ਸਤੰਬਰ ਨੂੰ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਜਗਤ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਸਮਾਗਮ ਦੇ ਸਬੰਧ ਪੁਲਿਸ ਲਾਈਨ ਬਟਾਲਾ ਵਿਖੇ ਵਿੱਚ ਵੱਖ ਵੱਖ ਵਿਭਾਗਾਂ ਵਲੋਂ ਕੀਤੇ ਜਾ ਰਹੇ ਕੰਮਾਂ ਦਾ ਰੀਵਿਊ ਕੀਤਾ ਗਿਆ ਅਤੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਵਿਆਹ ਪੁਰਬ ਸਮਾਗਮ ਦੀਆਂ ਤਿਆਰੀਆਂ ਪੂਰੀ ਸ਼ਰਧਾ ਤੇ ਭਾਵਨਾ ਨਾਲ ਕਰਨ।ਇਸ ਮੌਕੇ ਸਾਰੰਗਪ੍ਰੀਤ ਸਿੰਘ ਐਸ ਡੀ ਐਮ ਬਟਾਲਾ, ਮੇਅਰ ਭੁਪਿੰਦਰ ਸਿੰਘ ਬਾਜਵਾ, ਚੇਅਰਮੈਨ ਚਰਨਜੀਤ ਸਿੰਘ ਪ੍ਰਵੇਸ਼, ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਅਤੇ ਜਥੇਦਾਰ ਗੁਰਨਾਮ ਸਿੰਘ ਜੱਸਲ (ਦੋਵੇਂ ਮੈਂਬਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ), ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ ਜਗਦੀਪ ਸਿੰਘ ਰੰਧਾਵਾ, ਤੇਜਿੰਦਰਪਾਲ ਸਿੰਘ ਡੀ ਐਸ ਪੀ (ਐਚ), ਸੁਖਦਿੰਦਰ ਸਿੰਘ ਡੀ.ਐਸ.ਪੀ (ਟ), ਅਰਜਨ ਸਿੰਘ ਗਰੇਵਾਲ ਤਹਿਸੀਲਦਾਰ, ਬਲਕਾਰ ਸਿੰਘ,ਵਿਜੇ ਕੁਮਾਰ ਸੁਪਰਡੈਂਟ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।ਇਸ ਮੌਕੇ ਉਨ੍ਹਾਂ ਵਲੋਂ ਗੁਰਦੁਆਰਾ ਸ੍ਰੀ ਕੰਧ ਸਾਹਿਬ ਜੀ ਦੇ ਪ੍ਰਬੰਧਕ ਕਮੇਟੀ ਮੈਂਬਰਾਂ ਨਾਲ 17 ਅਤੇ 18 ਸਤੰਬਰ ਨੂੰ ਨਗਰ ਕੀਰਤਨ ਦੇ ਸਮੁੱਚੇ ਰੂਟ ਸਮੇਟ ਵੱਖ-ਵੱਖ ਪਹਿਲੂਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ।ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵਿਆਹ ਪੁਰਬ ਸਮਾਗਮ ਪੂਰੇ ਉਤਸ਼ਾਹ ਨਾਲ ਮਨਾਏ ਜਾਣਗੇ, ਜਿਸ ਸਬੰਧੀ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਸੰਗਤਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਕੀਤੇ ਜਾ ਰਹੇ ਕੰਮਾਂ ਨੂੰ ਅੰਤਿਮ ਛੋਹਾਂ ਦਿੱਤੀਆਂ ਜਾ ਰਹੀਆਂ ਹਨ।ਮੀਟਿੰਗ ਦੌਰਾਨ ਉਨਾਂ ਪੁਲਿਸ, ਪੀ.ਡਬਲਿਊ.ਡੀ, ਮੰਡੀ ਬੋਰਡ, ਕਾਰਪੋਰੇਸ਼ਨ, ਜੰਗਲਾਤ, ਸਿਹਤ, ਪੁਲਿਸ, ਫਾਇਰ ਬ੍ਰਿਗੇਡ, ਵਾਟਰ ਸਪਲਾਈ ਤੇ ਸੈਨੀਟੇਸ਼ਨ, ਮਾਰਕਿਟ ਕਮੇਟੀ, ਪਾਵਰਕਾਮ, ਬੀਡੀਪੀਓ ਸਮੇਤ ਵੱਖ-ਵੱਖ ਵਿਭਾਗਾਂ ਨੂੰ ਕਿਹਾ ਕਿ ਵਿਆਹ ਪੁਰਬ ਸਮਾਗਮ ਦੀਆਂ ਤਿਆਰੀਆਂ ਨੂੰ ਮੁਕੰਮਲ ਕਰਨ ਵਿੱਚ ਕੋਈ ਢਿੱਲਮੱਠ ਨਾ ਵਰਤਣ, ਤਾਂ ਜੋ ਸੰਗਤਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਵਿਰਾਸਤ ਮਾਰਗ ਅਤੇ ਸ਼ਹਿਰ ਵਾਸੀ ਨਿਸ਼ਚਿਤ ਸਮੇਂ ਅੰਦਰ ਕੂੜੇ ਨੂੰ ਰੇਹੜੀਆਂ ਵਾਲਿਆਂ ਨੂੰ ਦੇਣ ਅਤੇ ਕੂੜੇ ਨੂੰ ਸੜਕਾਂ ਜਾਂ ਗਲੀਆਂ ਵਿੱਚ ਨਾ ਸੁੱਟਿਆ ਜਾਵੇ। ਉਨ੍ਹਾਂ ਦੁਕਾਨਦਾਰਾਂ ਨੂੰ ਵੀ ਬੇਨਤੀ ਕੀਤੀ ਕਿ ਉਹ ਕੂੜਾ ਡਸਟਬੀਨਾਂ ਵਿੱਚ ਪਾਉਣ ਤੇ ਜਦੋਂ ਕੂੜਾ ਚੁੱਕਣ ਵਾਲੀਆਂ ਰੇਹੜੀਆਂ ਆਉਣ ਤਾਂ ਕੂੜਾ ਉਨ੍ਹਾਂ ਵਿੱਚ ਸੁੱਟਿਆ ਜਾਵੇ।ਉਨ੍ਹਾਂ ਦੱਸਿਆ ਕਿ ਕਾਰਪੋਰੇਸ਼ਨ ਦਫਤਰ ਵਿਖੇ ਸੰਗਤਾਂ ਦੀ ਸਹੂਲਤ ਲਈ ਹੈਲਪ ਡੈਸਕ ਸਥਾਪਿਤ ਕੀਤਾ ਜਾਵੇਗਾ, ਜਿਸ ਲਈ ਕਰਮਚਾਰੀ ਦੀ ਸ਼ਿਫਟਵਾਈਜ਼ ਡਿਊਟੀ ਲਗਾਈ ਜਾਵੇਗੀ।ਇਸ ਮੌਕੇ ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਵਿਆਹ ਪੁਰਬ ਸਮਾਗਮ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਸੰਗਤਾਂ ਦੇ ਸਹਿਯੋਗ ਨਾਲ ਕੀਤਾ

## ਸੜਕ ਹਾਦਸੇ 'ਚ ਪਿਤਾ ਦੀ ਮੌਤ, ਧੀ ਗੰਭੀਰ ਜ਼ਖ਼ਮੀ



ਸਰਾਏ ਅਮਾਨਤ ਖਾਂ (ਮੱਖਣ ਮਨੋਜ) ਪਿੰਡ ਸੋਹਲ ਦੇ ਵਸਨੀਕ ਬਲਵਿੰਦਰ ਸਿੰਘ ਸੋਹਲ ਜੋ ਆਪਣੀ 18 ਸਾਲਾ ਬੇਟੀ ਨਾਲ ਐਕਟਿਵਾ 'ਤੇ ਸਵਾਰ ਹੋ ਕੇ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਮੱਥਾ ਟੇਕਣ ਜਾ ਰਹੇ ਸਨ, ਨੂੰ ਰਸਤੇ 'ਚ ਇੱਕ ਤੇਜ਼ ਰਫਤਾਰ ਕਾਰ ਨੇ ਟੱਕਰ ਮਾਰ ਦਿੱਤੀ।ਹਾਦਸਾ ਇੰਨਾ ਭਿਆਨਕ ਸੀ ਕਿ ਬਲਵਿੰਦਰ ਸਿੰਘ ਸੋਹਲ ਦੀ ਮੌਕੇ 'ਤੇ ਹੀ ਮੌਤ ਹੋ ਗਈ।ਉਨ੍ਹਾਂ ਦੀ 18 ਸਾਲਾ ਬੇਟੀ ਦੇ ਸਿਰ 'ਤੇ ਗੰਭੀਰ ਸੱਟਾਂ ਲੱਗੀਆਂ।ਉਸ ਨੂੰ ਤੁਰੰਤ ਇੱਕ ਪ੍ਰਾਈਵੇਟ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ, ਉਸਦੀ ਹਾਲਤ ਨਾਜ਼ੁਕ ਬਣੀ ਹੋਈ ਹੈ।ਇਸ ਘਟਨਾ ਤੋਂ ਬਾਅਦ ਪਿੰਡ ਸੋਹਲ ਅਤੇ ਇਲਾਕੇ 'ਚ ਸੋਗ ਦੀ ਲਹਿਰ ਹੈ।ਪਰਵਾਰ ਦਾ ਰੋ-ਰੋ ਕੇ ਬੁਰਾ ਹਾਲ ਹੈ।ਸੂਚਨਾ ਮਿਲਦਿਆਂ ਹੀ ਪੁਲਸ ਮੌਕੇ 'ਤੇ ਪਹੁੰਚੀ ਅਤੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਇੰਜੀ: ਹਰਜੀਤ ਸਿੰਘ ਨੇ ਬਤੌਰ ਜੇ ਈ ਅਹੁਦਾ ਸੰਭਾਲਿਆ



ਮਜੀਠਾ / ਕੱਥੂਨੰਗਲ (ਸੋਇਮ ਆਨੰਦ/ਪ੍ਰੀਤਮ ਸਿੰਘ)-ਪੰਜਾਬ ਰਾਜ ਪਾਵਰਕਾਮ ਵੱਲੋ ਕੀਤੇ ਗਏ ਇੰਜੀਨੀਅਰਾਂ ਦੇ ਤਬਾਦਲੇ ਅਧੀਨ ਇੰਜੀਨੀਅਰ ਹਰਜੀਤ ਸਿੰਘ ਮਜੀਠਾ ਦਾ ਤਬਾਦਲਾ ਅੰਮ੍ਰਿਤਸਰ ਤੋਂ ਉਪ ਮੰਡਲ ਮਜੀਠਾ ਵਿਚ ਕੀਤਾ ਗਿਆ। ਜਿਸ 'ਤੇ ਇੰਜੀਨੀਅਰ ਹਰਜੀਤ ਸਿੰਘ ਨੇ ਉਪ ਮੰਡਲ ਮਜੀਠਾ ਇੱਕ ਵਿਚ ਬਤੌਰ ਜੇ.ਈ ਆਪਣੇ ਅਹੁਦੇ ਦਾ ਕਾਰਜਭਾਰ ਸੰਭਾਲ ਲਿਆ। ਉਪ ਮੰਡਲ ਮਜੀਠਾ ਇੱਕ ਦੇ ਸਹਾਇਕ ਕਾਰਜਕਾਰੀ ਇੰਜੀਨੀਅਰ ਹਰਪਿੰਦਰ ਸਿੰਘ ਗੋਸਲ ਨੇ ਇੰਜੀ: ਹਰਜੀਤ ਸਿੰਘ ਦੀ ਜੁਆਇਨਿੰਗ ਕਰਾਈ। ਇਸ ਮੌਕੇ ਇੰਜੀ: ਹਰਪਿੰਦਰ ਸਿੰਘ ਗੋਸਲ ਨੇ ਇੰਜੀ: ਹਰਜੀਤ ਸਿੰਘ ਨੂੰ ਅਹੁਦਾ ਸੰਭਾਲਣ ਮੌਕੇ ਹਦਾਇਤਾਂ ਕੀਤੀਆਂ ਕਿ ਆਪਣਾ ਕੰਮ ਬਿਨਾਂ ਕਿਸੇ ਪੱਖਪਾਤ ਅਤੇ ਧੜੇਬਾਜ਼ੀ ਤੋਂ ਉਪਰ ਉਠ ਕੇ ਮਹਿਕਮੇ ਦੀਆਂ ਹਦਾਇਤਾਂ ਅਨੁਸਾਰ ਪਾਰਦਰਸ਼ੀ ਨਾਲ ਕੀਤਾ ਜਾਵੇ। ਖਪਤਕਾਰਾਂ ਦੀਆਂ ਮੁਸ਼ਕਲਾਂ ਦਾ ਹੱਲ ਮਹਿਕਮੇ ਦੀਆਂ ਹਦਾਇਤਾਂ ਅਨੁਸਾਰ ਫੌਰਨ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਬਿਜਲੀ ਦੀ ਸਪਲਾਈ ਵਿਭਾਗੀ ਹਦਾਇਤਾਂ ਅਨੁਸਾਰ ਬਿਨਾਂ ਵਿਘਨ ਦਿੱਤੀ ਜਾਵੇਗੀ। ਇਸ ਮੌਕੇ ਇੰਜੀ: ਹਰਜੀਤ ਸਿੰਘ ਨੇ ਕਿਹਾ ਕਿ ਉਹ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਮਹਿਕਮੇ ਦੀਆਂ ਹਦਾਇਤਾਂ ਅਨੁਸਾਰ ਕੰਮ ਕਰਨਗੇ। ਕਿਸੇ ਖਪਤਕਾਰ ਨੂੰ ਕੋਈ ਮੁਸ਼ਕਲ ਨਹੀ ਆਉਣ ਦਿੱਤੀ ਜਾਵੇਗੀ। ਮਹਿਕਮੇ ਦਾ ਕੰਮ ਬਿਨਾਂ ਕਿਸੇ ਪੱਖਪਾਤ ਕੀਤਾ ਜਾਵੇਗਾ। ਇਸ ਮੌਕੇ ਇੰਜੀਨੀਅਰ ਹਰਜੀਤ ਸਿੰਘ ਨੂੰ ਵਧਾਈ ਦੇਣ ਵਾਲਿਆਂ ਵਿਚ ਸਹਾਇਕ ਕਾਰਜਕਾਰੀ ਇੰਜੀਨੀਅਰ ਹਰਪਿੰਦਰ ਸਿੰਘ ਗੋਸਲ, ਚਰਨ ਸਿੰਘ ਮਜੀਠਾ, ਇੰਜੀ: ਨਵਦੀਪ ਸਿੰਘ, ਸੁਖਪਾਲ ਸਿੰਘ ਗਿੱਲ, ਕੁੰਦਨ ਲਾਲ, ਰਘਬੀਰ ਸਿੰਘ, ਰਣਜੋਤ ਸਿੰਘ, ਡਾ: ਹਰਜਿੰਦਰਪਾਲ ਸਿੰਘ, ਕਿਰਤਪਾਲ ਸਿੰਘ, ਗੁਰਪ੍ਰੀਤ ਸਿੰਘ, ਦੋਵੇ ਲਾਈਨਮੈਨ, ਸਾਰੇ ਜੇ.ਈ, ਲੇਖਾਕਾਰ ਸੰਦੀਪ ਸਿੰਘ ਆਦਿ ਹਾਜ਼ਰ ਸਨ।

## ਗਰੀਬ ਔਰਤ ਨਾਲ ਵੱਜੀ ਠੱਗੀ ਬਾਰੇ ਮਹਿਲਾ ਥਾਣਾ ਡਵੀਜ਼ਨ ਨਹੀਂ ਕਰ ਰਹੀ ਕੋਈ ਸੁਣਵਾਈ

*** ਜੇਕਰ 15 ਦਿਨਾਂ 'ਚ ਇਨਸਾਫ ਨਾ ਮਿਲਿਆ ਤਾਂ ਹੋਏਗਾ ਸੰਘਰਸ਼ : ਸੀ ਪੀ ਆਈ ਐਮ**



ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਜੋਤੀ ਚਾਵਲਾ ਪਤਨੀ ਨਿਤਨ ਚਾਵਲਾ ਨੇ ਆਰ ਟੀ ਆਈ ਰਾਹੀਂ ਸੂਚਨਾ ਪ੍ਰਾਪਤ ਕੀਤੀ। ਜਿਸ ਵਿੱਚ ਇਹਨਾਂ ਦੀਆਂ ਦਰਖਾਸਤਾਂ ਇਨਸਾਫ ਦਿਵਾਏ ਬਿਨਾਂ ਦਫਤਰ ਦਾਖਲ ਕਰ ਦਿੱਤੀਆਂ ਗਈਆਂ ਹਨ। ਬੁੱਧਵਾਰ ਦਫਤਰ ਸੀ ਪੀ ਆਈ ਐਮ ਦੇ ਪਹੁੰਚ ਜੋਤੀ ਚਾਵਲਾ ਨੇ ਆਪਣੀ ਹੱਡਬੀਤੀ ਦੱਸੀ ਅਤੇ ਸੀ ਪੀ ਆਈ ਐਮ ਨੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਜੋਤੀ ਚਾਵਲਾ ਨਾਲ ਤਕਰੀਬਨ 13, 14 ਲੱਖ ਰੁਪਏ ਦੀ ਠੱਗੀ ਮਾਰੀ ਗਈ ਹੈ। ਉਸ ਦੀ ਤੁਰੰਤ ਪੜਤਾਲ ਕਰਕੇ ਦੋਸ਼ੀ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਏ। ਜੇਕਰ ਪੁਲਸ ਅਧਿਕਾਰੀਆਂ ਵੱਲੋਂ ਕੋਈ ਕਾਰਵਾਈ ਨਾ ਕੀਤੀ ਗਈ ਤਾਂ ਪਾਰਟੀ ਪੁਲਸ ਅਧਿਕਾਰੀਆਂ ਨੂੰ 15 ਦਿਨ ਦਾ ਸਮਾਂ ਦਿੰਦੀ ਹੈ ਕਿ ਜੇਕਰ ਇਸ ਦੌਰਾਨ ਦੋਸ਼ੀਆਂ ਵਿਰੁੱਧ ਕਾਰਵਾਈ ਨਾ ਕੀਤੀ ਗਈ ਜਾਂ ਇਨਸਾਫ ਨਾ ਮਿਲਿਆ ਤਾਂ ਪਾਰਟੀ ਸੰਘਰਸ਼ ਕਰਨ ਲਈ ਮਜਬੂਰ ਹੋ ਜਾਵੇਗੀ। ਇਸ ਮੌਕੇ ਜ਼ਿਲ੍ਹਾ ਸਕੱਤਰ ਚਰਨਜੀਤ ਮਜੀਠਾ, ਵਿਜੇ ਕੁਮਾਰ, ਕਿਰਪਾ ਰਾਮ, ਸਵਿੰਦਰ ਸਿੰਘ ਮੀਰਾਂਕੋਟ, ਸੁੱਚਾ ਸਿੰਘ ਅਜਨਾਲਾ, ਸੋਨੀਆ, ਮਨੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਤੇ ਅਹੁਦੇਦਾਰਾਂ ਹਾਜ਼ਰ ਸਨ।

## ਖਾਲੜਾ 'ਚ ਅਣਅਧਿਕਾਰਤ ਆਟੋ ਰਿਕਸ਼ਿਆਂ ਖ਼ਿਲਾਫ਼ ਏ ਟੀ ਓ ਦੀ ਕਾਰਵਾਈ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ) ਸਰਹੱਦੀ ਕਸਬਾ ਖਾਲੜਾ ਵਿੱਚ ਅਣਅਧਿਕਾਰਤ ਤੌਰ 'ਤੇ ਚਲਾਏ ਜਾ ਰਹੇ ਆਟੋ ਰਿਕਸ਼ਿਆਂ ਖ਼ਿਲਾਫ਼ ਏ ਟੀ ਓ ਮਨਿੰਦਰ ਸਿੰਘ ਵੱਲੋਂ ਕਾਰਵਾਈ ਕੀਤੀ ਗਈ।ਇਸ ਦੌਰਾਨ ਵਿਭਾਗੀ ਟੀਮ ਨੇ ਕਰੀਬ ਸੱਤ ਆਟੋ ਰਿਕਸ਼ਿਆਂ ਦੇ ਚਲਾਨ ਕੱਟੇ।ਏ ਟੀ ਓ ਮਨਿੰਦਰ ਸਿੰਘ ਨੇ ਦੱਸਿਆ ਕਿ ਵਿਭਾਗ ਨੂੰ ਸੂਚਨਾ ਮਿਲੀ ਸੀ ਕਿ ਕੁਝ ਆਟੋ ਰਿਕਸ਼ਾ ਖਾਲੜਾ ਅਤੇ ਇਸ ਦੇ ਆਸ-ਪਾਸ ਦੇ ਇਲਾਕਿਆਂ ਵਿੱਚ ਅਣਅਧਿਕਾਰਤ ਤੌਰ 'ਤੇ ਚਲਾਏ ਜਾ ਰਹੇ ਹਨ।ਇਸ 'ਤੇ ਕਾਰਵਾਈ ਕਰਦਿਆਂ ਉਹ ਅਚਾਨਕ ਖਾਲੜਾ ਪਹੁੰਚੇ ਅਤੇ ਆਟੋ ਰਿਕਸ਼ਿਆਂ ਦੀ ਜਾਂਚ ਕੀਤੀ।ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਜਿਨ੍ਹਾਂ ਆਟੋ ਰਿਕਸ਼ਿਆਂ ਦੇ ਕਾਗਜ਼ਾਤ ਮੁਕੰਮਲ ਨਹੀਂ ਸਨ, ਉਨ੍ਹਾਂ ਦੇ ਚਲਾਨ ਕੀਤੇ ਗਏ। ਉਨ੍ਹਾਂ ਕਿਹਾ ਕਿ ਵਾਹਨ ਚਾਲਕਾਂ ਲਈ ਆਪਣੇ ਵਾਹਨ ਦੇ ਲੋੜੀਂਦੇ ਦਸਤਾਵੇਜ਼ ਪੂਰੇ ਰੱਖਣਾ ਅਤੇ ਨਿਰਧਾਰਤ ਅਧਿਕਾਰਤ ਖੇਤਰ ਵਿੱਚ ਹੀ ਵਾਹਨ ਚਲਾਉਣਾ ਲਾਜ਼ਮੀ ਹੈ।ਏ ਟੀ ਓ ਨੇ ਆਟੋ ਰਿਕਸ਼ਾ ਮਾਲਕਾਂ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ ਨਿਯਮਾਂ ਦੀ ਪਾਲਣਾ ਕਰਨ ਅਤੇ ਅਣਅਧਿਕਾਰਤ ਖੇਤਰ ਵਿੱਚ ਆਟੋ ਨਾ ਚਲਾਉਣ। ਉਨ੍ਹਾਂ ਕਿਹਾ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਵਿਭਾਗ ਵੱਲੋਂ ਅੱਗੇ ਵੀ ਕਾਰਵਾਈ ਜਾਰੀ ਰੱਖੀ ਜਾਵੇਗੀ।

## ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ੋਨ ਸ਼ਹੀਦ ਬੀਬੀ ਸੁੰਦਰੀ ਦੀ ਭਰਵੀਂ ਮੀਟਿੰਗ

*** 14 ਸਤੰਬਰ ਦੇ ਘਿਰਾਓ ਦੀਆਂ ਤਿਆਰੀਆਂ ਮੁਕੰਮਲ**




ਗੁਰਦਾਸਪੁਰ (ਜਨਕ ਮਹਾਜਨ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਜ਼ੋਨ ਸ਼ਹੀਦ ਬੀਬੀ ਸੁੰਦਰੀ ਦੀ ਇਕ ਭਰਵੀਂ ਮੀਟਿੰਗ ਹੋਈ। ਮੀਟਿੰਗ ਦੌਰਾਨ ਆਉਣ ਵਾਲੀ 14 ਸਤੰਬਰ ਨੂੰ ਪੰਜਾਬ ਦੇ ਮੰਤਰੀਆਂ ਦੇ ਘਰਾਂ ਦੇ ਘਿਰਾਓ ਸਬੰਧੀ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ ਅਤੇ ਆਗੂਆਂ ਵਲੋਂ ਤਿਆਰੀਆਂ ਮੁਕੰਮਲ ਹੋਣ ਦਾ ਦਾਅਵਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ੋਨ ਪ੍ਰਧਾਨ ਸੁਖਜਿੰਦਰ ਸਿੰਘ, ਸਕੱਤਰ ਰਣਜੀਤ ਸਿੰਘ ਅਤੇ ਕਿਸਾਨ ਆਗੂ ਡਾ. ਦਲਜੀਤ ਸਿੰਘ ਨੇ ਕਿਹਾ ਕਿ ਕਿਸਾਨਾਂ ਦੇ ਹੱਕਾਂ ਅਤੇ ਉਨ੍ਹਾਂ ਦੇ ਨੁਕਸਾਨ ਦੀ ਭਰਪਾਈ ਲਈ ਸੰਘਰਸ਼ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 14 ਸਤੰਬਰ ਦੇ ਪ੍ਰੋਗਰਾਮ ਵਿਚ ਵੱਡੀ ਗਿਣਤੀ ਵਿਚ ਕਿਸਾਨ ਅਤੇ ਮਜ਼ਦੂਰ ਸ਼ਮੂਲੀਅਤ ਕਰਨਗੇ। ਆਗੂਆਂ ਨੇ ਦੱਸਿਆ ਕਿ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਦੇ ਘਰ ਅੱਗੇ ਪੱਕਾ ਮੋਰਚਾ ਲਗਾਇਆ ਜਾਵੇਗਾ। ਇਸ ਮੌਕੇ ਮੁੱਖ ਤੌਰ 'ਤੇ ਸ਼ੰਭੂ ਬਾਰਡਰ ਅਤੇ ਖਨੌਰੀ ਬਾਰਡਰ 'ਤੇ ਕਿਸਾਨਾਂ ਦੇ ਸਾਮਾਨ ਦੇ ਹੋਏ ਨੁਕਸਾਨ ਦੀ ਪੰਜਾਬ ਸਰਕਾਰ ਵੱਲੋਂ ਭਰਪਾਈ ਕਰਵਾਉਣ ਦਾ ਮੁੱਦਾ ਉਠਾਇਆ ਜਾਵੇਗਾ। ਆਗੂਆਂ ਨੇ ਕਿਹਾ ਕਿ ਕਿਸਾਨਾਂ ਵਲੋਂ ਲੰਬੇ ਸਮੇਂ ਤੋਂ ਆਪਣੇ ਹੱਕਾਂ ਲਈ ਸੰਘਰਸ਼ ਕੀਤਾ ਜਾ ਰਿਹਾ ਹੈ ਅਤੇ ਸਰਕਾਰ ਨੂੰ ਕਿਸਾਨਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਨੁਕਸਾਨ ਦੀ ਪੂਰੀ ਭਰਪਾਈ ਕਰਨ ਲਈ ਠੋਸ ਕਦਮ ਚੁੱਕਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਜਦੋਂ ਤੱਕ ਮੰਗਾਂ ਸਬੰਧੀ ਢੁਕਵਾਂ ਹੱਲ ਨਹੀਂ ਕੀਤਾ ਜਾਂਦਾ, ਸੰਘਰਸ਼ ਨੂੰ ਜਾਰੀ ਰੱਖਿਆ ਜਾਵੇਗਾ। ਮੀਟਿੰਗ ਦੌਰਾਨ ਸਮੂਹ ਕਿਸਾਨਾਂ ਅਤੇ ਮਜ਼ਦੂਰਾਂ ਨੂੰ 14 ਸਤੰਬਰ ਦੇ ਪ੍ਰੋਗਰਾਮ ਵਿਚ ਵੱਧ ਤੋਂ ਵੱਧ ਗਿਣਤੀ ਵਿਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ। ਕਿਸਾਨ ਆਗੂ ਬਲਦੇਵ ਸਿੰਘ, ਸੁਖਵਿੰਦਰ ਸਿੰਘ, ਬਲਦੇਵ ਸਿੰਘ ਕੋਟਲੀ, ਕੈਪਟਨ ਪਰਮਜੀਤ ਸਿੰਘ, ਜਗੀਰ ਸਿੰਘ, ਕੈਪਟਨ ਦਿਲਬਾਗ ਸਿੰਘ, ਸਤਨਾਮ ਸਿੰਘ ਰੰਧਾਵਾ, ਮਾਸਟਰ ਸੋਹਣ ਸਿੰਘ, ਗੁਰਬਚਨ ਸਿੰਘ ਲਾਡੀ, ਬੀਬੀ ਜਸਵੀਰ ਕੌਰ ਤੇ ਹੋਰ ਕਿਸਾਨ ਵੀਰ, ਕਿਸਾਨ ਬੀਬੀਆਂ ਬਹੁਤ ਵੱਡੀ ਗਿਣਤੀ ਹਾਜ਼ਰ ਸਨ।

## ਬਾਬਾ ਬੁੱਢਾ ਕਾਲਜ ਬੀੜ ਸਾਹਿਬ ਵਿਖੇ ਅਖੰਡ ਪਾਠ ਸਾਹਿਬ ਕਰਵਾਇਆ



ਝਬਾਲ (ਹਰਜਿੰਦਰ ਸਿੰਘ ਸੋਨੀ)-ਸੰਤ ਬਾਬਾ ਖੜਕ ਸਿੰਘ ਜੀ ਤੇ ਸੰਤ ਬਾਬਾ ਦਰਸ਼ਨ ਸਿੰਘ ਜੀ ਦੁਆਰਾ ਸਥਾਪਿਤ ਤੇ ਮੌਜੂਦਾ ਸਰਪ੍ਰਸਤ ਬਾਬਾ ਸੰਤੋਖ ਸਿੰਘ ਜੀ ਦੀ ਰਹਿਨੁਮਾਈ ਹੇਠ ਚੱਲ ਰਹੀ ਵਿੱਦਿਅਕ ਸੰਸਥਾ ਬਾਬਾ ਬੁੱਢਾ ਕਾਲਜ ਬੀੜ ਸਾਹਿਬ ਵਿਖੇ ਕਾਲਜ ਦੇ ਪ੍ਰਿੰਸੀਪਲ ਅਤੇ ਸਟਾਫ ਵੱਲੋਂ ਸੰਤ ਬਾਬਾ ਖੜਕ ਸਿੰਘ ਜੀ ਦੇ ਸਥਾਨ ਅੰਗੀਠਾ ਸਾਹਿਬ ਤੇ ਅਖੰਡ ਪਾਠ ਕਰਵਾਇਆ ਗਿਆ ਹੈ।ਜਿਸ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।ਸਾਰੇ ਟੀਚਰਾਂ ਅਤੇ ਵਿਦਿਆਰਥੀਆਂ ਨੇ ਇਲਾਹੀ ਬਾਣੀ ਦਾ ਕੀਰਤਨ ਸਰਵਣ ਕੀਤਾ ਅਤੇ ਅਰਦਾਸ ਵਿੱਚ ਸ਼ਾਮਿਲ ਹੋ ਕੇ ਕਾਲਜ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਗਈ ਅਤੇ ਨਵੇਂ ਸੈਸ਼ਨ ਦੀ ਸ਼ੁਰੂਆਤ ਲਈ ਗੁਰੂ ਸਾਹਿਬ ਦਾ ਓਟ ਆਸਰਾ ਲਿਆ ਗਿਆ।ਗੁਰਦੁਆਰਾ ਅੰਗੀਠਾ ਸਾਹਿਬ ਦੇ ਪ੍ਰਬੰਧਕ ਬਾਬਾ ਭੋਲਾ ਜੀ ਨੇ ਪ੍ਰਿੰਸੀਪਲ ਡਾ:ਕਰਨਜੀਤ ਸਿੰਘ ਅਤੇ ਸੁਪਰੀਡੈਂਟ ਸ੍ਰ.ਤੇਜਿੰਦਰ ਸਿੰਘ,ਡਾ : ਅਮਰਬੀਰ ਸਿੰਘ ਨੂੰ ਸਰੋਪਾ ਦੀ ਬਖਸ਼ਿਸ਼ ਭੇਟ ਕੀਤੀ ਗਈ। ਇਸ ਮੌਕੇ ਮੌਜੂਦਾ ਸਟਾਫ ਪ੍ਰੋ.ਸੁਰਿੰਦਰ ਸਿੰਘ,ਪ੍ਰੋ.ਇੰਦਰਜੀਤ ਸਿੰਘ,ਪ੍ਰੋ. ਅੰਮ੍ਰਿਤ ਪਾਲ ਸਿੰਘ,ਸ੍ਰ. ਸੁਖਬੀਰ ਸਿੰਘ, ਪ੍ਰੋ.ਸੁਖਪਾਲ ਕੌਰ,ਪ੍ਰੋ.ਹਰਪ੍ਰੀਤ ਕੌਰ,ਪ੍ਰੋ. ਅਕਵਿੰਦਰ ਕੌਰ,ਪ੍ਰੋ ਪਲਵਿੰਦਰ ਕੌਰ ,ਪ੍ਰੋ.ਸਿਮਰਨਜੀਤ ਕੌਰ,ਪ੍ਰੋ.ਕਵਲਜੀਤ ਕੌਰ, ਪ੍ਰੋ.ਚੰਦਪ੍ਰੀਤ ਕੌਰ,ਪ੍ਰੋ.ਰਮਨਦੀਪ ਕੌਰ ਹਾਜ਼ਰ ਸਨ।

## ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਸੈਂਪਲ ਕੁਲੈਕਸ਼ਨ ਸੈਂਟਰ ਦਾ ਉਦਘਾਟਨ




ਬਿਆਸ (ਪਰਮਜੀਤ ਸਿੰਘ ਰੱਖੜਾ)-ਪੰਜੇ ਕੇ ਉਤਾੜ (ਫ਼ਿਰੋਜ਼ਪੁਰ) ਅਤੇ ਸਮੁੱਚੇ ਇਲਾਕਾ ਨਿਵਾਸੀਆਂ ਲਈ ਇੱਕ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਕਰਦਿਆਂ 'ਲਾਈਫ ਕੇਅਰ ਫਾਊਂਡੇਸ਼ਨ' ਵੱਲੋਂ ਹਨੂੰਮਾਨ ਮੰਦਰ (ਪੰਜੇ ਕੇ ਉਤਾੜ, ਜ਼ਿਲ੍ਹਾ ਫ਼ਿਰੋਜ਼ਪੁਰ) ਵਿਖੇ ਇੱਕ ਨਵਾਂ ਹਾਈ-ਟੈੱਕ ਬਲੱਡ ਕੁਲੈਕਸ਼ਨ ਸੈਂਟਰ ਲੋਕ ਅਰਪਣ ਕੀਤਾ ਗਿਆ। ਫਾਊਂਡੇਸ਼ਨ ਦੇ ਜਨਰਲ ਮੈਨੇਜਰ ਹਰਦੀਪ ਸਿੰਘ ਨੇ ਦੱਸਿਆ ਕਿ ਲੈਬ ਵਿੱਚ ਵਿਸ਼ਵ-ਪੱਧਰੀ ਆਟੋਮੈਟਿਕ ਮਸ਼ੀਨਾਂ ਰਾਹੀਂ ਹਰ ਤਰ੍ਹਾਂ ਦੇ ਖੂਨ ਟੈਸਟ ਬਿਨਾਂ ਕਿਸੇ ਤਰੁੱਟੀ ਦੇ ਪੂਰੀ ਸ਼ੁੱਧਤਾ ਅਤੇ ਬਰੀਕੀ ਨਾਲ ਕੀਤੇ ਜਾਂਦੇ ਹਨ। ਲੈਬ ਦੀਆਂ ਸਾਰੀਆਂ ਰਿਪੋਰਟਾਂ ਐੱਨ ਏ ਬੀ ਐੱਲ ਮਾਪਦੰਡਾਂ ਅਨੁਸਾਰ ਤਿਆਰ ਹੁੰਦੀਆਂ ਹਨ, ਜੋ ਕਿ ਚੰਡੀਗੜ੍ਹ ਪੀ ਜੀ ਆਈ ਸਮੇਤ ਦੇਸ਼ ਦੇ ਸਾਰੇ ਪ੍ਰਮੁੱਖ ਹਸਪਤਾਲਾਂ ਵਿੱਚ ਪੂਰੀ ਤਰ੍ਹਾਂ ਮਾਨਤਾ ਪ੍ਰਾਪਤ ਹਨ। ਉਹਨਾ ਕਿਹਾ ਕਿ ਮਹਿੰਗੇ ਮੈਡੀਕਲ ਖਰਚਿਆਂ ਤੋਂ ਛੁਟਕਾਰਾ ਦਿਵਾਉਣ ਲਈ ਸਮੁੱਚੇ ਲੈਬ ਟੈਸਟ ਆਮ ਬਾਜ਼ਾਰ ਨਾਲੋਂ ਪੂਰੇ 75 ਫੀਸਦੀ ਘੱਟ ਰੇਟਾਂ 'ਤੇ ਉਪਲੱਬਧ ਕਰਵਾਏ ਜਾ ਰਹੇ ਹਨ। ਮੰਦਰ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਅਤੇ ਸਮੂਹ ਇਲਾਕਾ ਨਿਵਾਸੀਆਂ ਦੇ ਭਰਪੂਰ ਸਹਿਯੋਗ ਲਈ ਅਸੀਂ ਤਹਿ ਦਿਲੋਂ ਧੰਨਵਾਦ ਕਰਦੇ ਹਾਂ। ਇਸ ਮੌਕੇ ਮੋਹਨ ਲਾਲ ਕਾਲੜਾ ਸਾਬਕਾ ਸਰਪੰਚ, ਭੀਮ ਕੰਬੋਜ , ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਪੰਜੇ ਕੇ, ਸੋਹਣ ਲਾਲ ਸੰਧਾ, ਰਾਜ ਚੁੱਘ, ਮੇਜਰ ਹਾਜੀ ਬੈਤੂ, ਸੁਖਦੇਵ ਸਿੰਘ ਪ੍ਰਧਾਨ ਕਿਸਾਨ ਯੂਨੀਅਨ, ਸੁੱਖਾ ਸਿੰਘ ਮੈਂਬਰ ਪੰਚਾਇਤ, ਪੰਡਤ ਮੋਨੂ ਸ਼ਰਮਾ ਹਨੂੰਮਾਨ ਮੰਦਰ, ਸੋਹਣ ਲਾਲ ਢੋਟ, ਦਰਬਾਰ ਚੰਦ ਢੋਟ, ਸੰਨੀ ਚੁੱਘ ਵਾਈਸ ਪ੍ਰਧਾਨ ਹਨੂੰਮਾਨ ਮੰਦਰ , ਵੰਸ਼ ਚੁੱਘ ਕਮੇਟੀ ਮੈਂਬਰ, ਸੁਮਨ ਕੁੱਕੜ, ਸਤਨਾਮ ਢੋਟ, ਹਰਨਾਮ ਢੋਟ, ਚੰਦਨ ਧਵਨ, ਕਰਿਸ਼ ਪਸਰੀਚਾ, ਨਿਹਾਲਾ ਚੁੱਘ, ਲਾਡੀ ਰਹੇਜਾ, ਰੁਦਰ ਵਰਮਾ, ਨੇਕ ਢੋਟ, ਸਾਜਨ ਮਿੱਢਾ, ਸਤੀਸ਼ ਤਨੇਜਾ, ਅਸ਼ਵਨੀ ਧਮੀਜਾ, ਵੰਸ਼ ਕਾਠਪਾਲ, ਮੰਗੂ ਰਾਮ, ਪ੍ਰਥਮ ਚੁੱਘ, ਬਚਿਤਰ ਚੌਹਾਨ, ਬਿੱਟੂ ਤਨੇਜਾ, ਪਰਵੀਨ ਕੰਬੋਜ, ਲਵਿਸ਼ ਨਾਗਪਾਲ, ਬਾਬਾ ਸਤਨਾਮ ਸਿੰਘ, ਰਮਨ ਬਹਿਲ, ਰਮਨ ਵਾਟਸ ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਮੈਰਿਜ ਪੈਲੇਸਾਂ 'ਚ ਹਥਿਆਰ ਲਿਜਾਣ ਤੇ ਫਾਇਰ ਕਰਨ 'ਤੇ ਪੂਰਨ ਮਨਾਹੀ ਦੇ ਹੁਕਮ

ਅੰਮ੍ਰਿਤਸਰ (ਜਸਬੀਰ ਪੱਟੀ)- ਵਧੀਕ ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਸ੍ਰੀਮਤੀਪੱਲਵੀਮਿਸ਼ਰਾਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ 163 ਬੀ.ਐਨ.ਐਸ.ਐਸ. ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਜਿਲ੍ਹੇ ਦੇ ਦਿਹਾਤੀ ਏਰੀਏ ਵਿੱਚ ਚੱਲ ਰਹੇ ਮੈਰਿਜ ਪੈਲੇਸਾਂ ਵਿਚ ਹਥਿਆਰ ਆਦਿ ਲੈ ਕੇ ਆਉਣ ਅਤੇ ਹਵਾਈ ਫਾਇਰ ਕਰਨ ਅਤੇ ਸੋਸ਼ਲ ਮੀਡੀਆ ਵਿੱਚ ਅਜਿਹੀ ਕਾਰਵਾਈ 'ਤੇ ਪੂਰਨ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਜਾਰੀ ਹੁਕਮ ਵਿਚ ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਹੈ ਕਿ ਸੀਨੀਅਰ ਪੁਲਸ ਕਪਤਾਨ, ਅੰਮ੍ਰਿਤਸਰ (ਦਿਹਾਤੀ) ਨੇ ਉਨ੍ਹਾਂ ਦੇ ਧਿਆਨ ਵਿਚ ਲਿਆਂਦਾ ਹੈ ਕਿ ਕਾਫੀ ਗਿਣਤੀ ਵਿਚ ਮੈਰਿਜ ਪੈਲੇਸਾਂ, ਧਾਰਮਿਕ ਸਥਾਨਾਂ ਵਿਚ ਹੁੰਦੇ ਸਮਾਰੋਹਾਂ ਦੌਰਾਨ ਕਈ ਲੋਕਾਂ ਵੱਲੋਂ ਹਥਿਆਰ ਨਾਲ ਲੈ ਕੇ ਜਾਣਾ ਅਤੇ ਹਵਾਈ ਫਾਇਰ ਕਰਨਾ ਇਕ ਰਵਾਇਤ ਜਿਹੀ ਬਣ ਗਈ ਹੈ ਅਤੇ ਸੋਸ਼ਲ ਮੀਡੀਆ ਤੇ ਵੀ ਹਥਿਆਰਾਂ ਦੀ ਨੁਮਾਇਸ਼ ਕੀਤੀ ਜਾਂਦੀ ਹੈ, ਜਿਸ ਨਾਲ ਕਈ ਵਾਰ ਅਮਨ ਕਾਨੂੰਨ ਦੀ ਸਥਿਤੀ ਵਿਗੜਨ ਦੀ ਸੰਭਾਵਨਾ ਬਣੀ ਰਹਿੰਦੀ ਹੈ।ਇਸ ਲਈ ਜ਼ਿਲ੍ਹਾ ਦਿਹਾਤੀ ਏਰੀਏ ਵਿਚ ਚੱਲ ਰਹੇ ਮੈਰਿਜ ਪੈਲੇਸਾਂ ਅੰਦਰ ਹਥਿਆਰ ਲੈ ਕੇ ਜਾਣ ਅਤੇ ਹਵਾਈ ਫਾਇਰ ਕਰਨ 'ਤੇ ਰੋਕ ਲਗਾਈ ਜਾਣੀ ਅਤਿ ਜ਼ਰੂਰੀ ਹੈ। ਇਹ ਪਾਬੰਦੀ ਦਾ ਹੁਕਮ 6 ਨਵੰਬਰ ਤੱਕ ਲਾਗੂ ਰਹੇਗਾ।

## 11 ਨੂੰ ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਪੰਜਾਬ ਦੇ ਮੰਤਰੀਆਂ ਦਾ ਸੂਬਾ ਪੱਧਰੀ ਹੋਵੇਗਾ ਘਿਰਾਓ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਅਕਾਲੀ ਦਲ ਵਾਰਿਸ ਪੰਜਾਬ ਨੇ ਐਲਾਨ ਕੀਤਾ ਹੈ ਕਿ ਪੰਜਾਬ ਦੇ ਲੋਕਾਂ ਨਾਲ ਜੁੜੇ ਗੰਭੀਰ ਮੁੱਦਿਆਂ 'ਤੇ ਪੰਜਾਬ ਸਰਕਾਰ ਨੂੰ ਜਵਾਬਦੇਹ ਬਣਾਉਣ ਲਈ 11 ਸਤੰਬਰ ਨੂੰ ਸੂਬਾ ਪੱਧਰ 'ਤੇ ਪੰਜਾਬ ਮੰਗਦਾ ਹੈ ਜਵਾਬ ਮੁਹਿੰਮ ਤਹਿਤ ਪੰਜਾਬ ਦੇ ਸਮੂਹ ਮੰਤਰੀਆਂ ਦਾ ਸ਼ਾਂਤਮਈ ਅਤੇ ਲੋਕਤੰਤਰਿਕ ਢੰਗ ਨਾਲ ਘਿਰਾਓ ਕੀਤਾ ਜਾਵੇਗਾ। ਇਹ ਪ੍ਰਗਟਾਵਾ ਹਲਕਾ ਜੰਡਿਆਲਾ ਗੁਰੂ ਦੇ ਆਗੂ ਬਿਕਰਮਜੀਤ ਸਿੰਘ ਕੋਟਲਾ ਮੈਂਬਰ ਸ਼੍ਰੋਮਣੀ ਕਮੇਟੀ ਨੇ ਇੱਥੇ ਜਾਰੀ ਇੱਕ ਬਿਆਨ ਵਿੱਚ ਕੀਤਾ। ਕੋਟਲਾ ਨੇ ਕਿਹਾ ਕਿ ਅੱਜ ਪੰਜਾਬ ਦਾ ਹਰ ਨਾਗਰਿਕ ਸਰਕਾਰ ਤੋਂ ਚਾਰ ਅਹਿਮ ਸਵਾਲਾਂ ਦੇ ਜਵਾਬ ਮੰਗ ਰਿਹਾ ਹੈ, ਪਰ ਸਰਕਾਰ ਚੁੱਪੀ ਧਾਰ ਕੇ ਲੋਕਾਂ ਦੇ ਭਰੋਸੇ ਨਾਲ ਖਿਲਵਾੜ ਕਰ ਰਹੀ ਹੈ। ਸਭ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਨਾਲ ਜੋੜ ਕੇ ਸਾਹਮਣੇ ਆਏ 5 ਕਰੋੜ ਦੇ ਕਥਿਤ ਰਿਸ਼ਵਤ ਮਾਮਲੇ ਵਿੱਚ ਸਰਕਾਰ ਨੂੰ ਨਿਰਪੱਖ ਜਾਂਚ ਕਰਵਾ ਕੇ ਸੱਚ ਲੋਕਾਂ ਸਾਹਮਣੇ ਲਿਆਉਣਾ ਚਾਹੀਦਾ ਹੈ ਅਤੇ ਜੇ ਜਾਂਚ ਦੌਰਾਨ ਕੋਈ ਦੋਸ਼ ਸਾਬਤ ਹੁੰਦਾ ਹੈ ਤਾਂ ਕਾਨੂੰਨ ਅਨੁਸਾਰ ਮਾਮਲਾ ਦਰਜ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇ। ਦੂਜੇ ਪਾਸੇ ਨਸ਼ਿਆਂ ਦੇ ਮੁੱਦੇ 'ਤੇ ਕਾਲਾ ਝੰਡਾ ਦਿਖਾ ਕੇ ਲੋਕਤੰਤਰਿਕ ਵਿਰੋਧ ਕਰਨ ਵਾਲੇ ਮੋਹਣਜੀਤ ਸਿੰਘ ਸ਼ੇਰੋਂ ਨਾਲ ਕਥਿਤ ਪੁਲਸ ਤਸ਼ੱਦਦ ਨੇ ਪੰਜਾਬ ਦੀ ਕਾਨੂੰਨ-ਵਿਵਸਥਾ 'ਤੇ ਵੱਡਾ ਸਵਾਲ ਖੜ੍ਹਾ ਕੀਤਾ ਹੈ ਅਤੇ ਇਸ ਮਾਮਲੇ ਵਿੱਚ ਜ਼ਿੰਮੇਵਾਰ ਪੁਲਸ ਅਧਿਕਾਰੀਆਂ ਨੂੰ ਬਰਖ਼ਾਸਤ ਕਰਕੇ ਉਨ੍ਹਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਪਾਰਟੀ ਆਗੂਆਂ ਦਾ ਫੈਸਲਾ ਹੈ ਕਿ ਮੰਤਰੀ ਅਮਨ ਅਰੋੜਾ ਨੂੰ ਇਸ ਪੂਰੇ ਮਾਮਲੇ 'ਤੇ ਆਪਣੀ ਸਿਆਸੀ ਅਤੇ ਪ੍ਰਸ਼ਾਸਨਿਕ ਜਵਾਬਦੇਹੀ ਸਪਸ਼ਟ ਦੇ ਅਸਤੀਫੇ ਦੀ ਮੰਗ ਕੀਤੀ ਜਾਵੇਗੀ। ਇਸੇ ਤਰ੍ਹਾਂ ਪਿੰਡ ਤੂਰ ਬੰਜਾਰਾ ਦੇ ਗੁਲਜ਼ਾਰ ਸਿੰਘ ਵੱਲੋਂ ਨਸ਼ਿਆਂ ਸਬੰਧੀ ਸਵਾਲ ਉਠਾਉਣ ਤੋਂ ਬਾਅਦ ਸਾਹਮਣੇ ਆਏ ਹਾਲਾਤ ਅਤੇ ਉਸ ਦੀ ਮੌਤ ਨੇ ਪੰਜਾਬ ਦੇ ਲੋਕਾਂ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਅਕਾਲੀ ਦਲ ਵਾਰਿਸ ਪੰਜਾਬ ਨੇ ਕਿਹਾ ਕਿ ਇਸ ਮਾਮਲੇ ਵਿੱਚ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੀ ਭੂਮਿਕਾ ਸਬੰਧੀ ਉੱਠ ਰਹੇ ਸਵਾਲਾਂ ਦੀ ਵੀ ਨਿਰਪੱਖ ਅਤੇ ਸਮਾਂਬੱਧ ਜਾਂਚ ਹੋਣੀ ਚਾਹੀਦੀ ਹੈ ਅਤੇ ਉਸ ਦੇ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਜਾਵੇ। ਪਾਰਟੀ ਨੇ ਹਰਪਾਲ ਸਿੰਘ ਚੀਮਾ ਦੇ ਅਸਤੀਫ਼ੇ ਦੀ ਵੀ ਮੰਗ ਕੀਤੀ ਜਾਵੇਗੀ। ਪਾਰਟੀ ਨੇ ਕਿਹਾ ਕਿ ਲੋਕਾਂ ਵੱਲੋਂ ਸਵਾਲ ਉਠਾਏ ਜਾਣ ਅਤੇ ਉਸ ਤੋਂ ਬਾਅਦ ਪੈਦਾ ਹੋਏ ਹਾਲਾਤ ਦੀ ਨੈਤਿਕ ਅਤੇ ਸਿਆਸੀ ਜਵਾਬਦੇਹੀ ਤੋਂ ਸਰਕਾਰ ਬਚ ਨਹੀਂ ਸਕਦੀ। ਪਾਰਟੀ ਨੇ ਕਿਹਾ ਕਿ 11 ਸਤੰਬਰ ਦਾ ਇਹ ਸੂਬਾ ਪੱਧਰੀ ਰੋਸ ਕਿਸੇ ਇੱਕ ਵਿਅਕਤੀ ਦੇ ਵਿਰੋਧ ਲਈ ਨਹੀਂ, ਸਗੋਂ ਪੰਜਾਬ ਦੇ ਨੌਜਵਾਨਾਂ, ਕਿਸਾਨਾਂ, ਆਮ ਲੋਕਾਂ ਅਤੇ ਲੋਕਤੰਤਰਿਕ ਹੱਕਾਂ ਦੀ ਆਵਾਜ਼ ਬਣ ਕੇ ਸਰਕਾਰ ਨੂੰ ਜਵਾਬਦੇਹ ਬਣਾਉਣ ਲਈ ਹੈ।

## ਸ਼ਿਵ ਕੁਮਾਰ ਬਟਾਲਵੀ ਆਡੀਟੋਰੀਅਮ ਵਿਖੇ ਨਾਟਕ 'ਹਮਾਰੇ ਰਾਮ' ਦਾ ਮੰਚਨ 11 ਨੂੰ



ਬਟਾਲਾ ( ਡਾਕਟਰ ਮਲਵਿੰਦਰ ਸਿੰਘ )-11 ਸਤੰਬਰ ਨੂੰ ਸਥਾਨਕ ਸ਼ਿਵ ਕੁਮਾਰ ਬਟਾਲਵੀ ਆਡੀਟੋਰੀਅਮ ਬਟਾਲਾ ਵਿਖੇ ਪ੍ਰਸਿੱਧ ਨਾਟਕ 'ਹਮਾਰੇ ਰਾਮ' ਦਾ ਮੰਚਨ ਕੀਤਾ ਜਾਵੇਗਾ। ਜਿਸ ਵਿੱਚ ਪ੍ਰਸਿੱਧ ਅਦਾਕਾਰ ਆਸ਼ੂਤੋਸ਼ ਰਾਣਾ ਆਪਣੀ ਪੂਰੀ ਟੀਮ ਸਮੇਤ ਭਗਵਾਨ ਰਾਮ ਦੇ ਜੀਵਨ, ਆਦਰਸ਼ਾਂ ਅਤੇ ਦਰਸ਼ਨ 'ਤੇ ਆਧਾਰਤ ਨਾਟਕ ਪੇਸ਼ ਕਰਨਗੇ।ਨਗਰ ਨਿਗਮ ਬਟਾਲਾ ਦੇ ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੇ ਯਤਨਾਂ ਸਦਕਾ ਪਹਿਲਾਂ ਵੀ 6 ਸਤੰਬਰ ਨੂੰ ਹਮਾਰੇ ਰਾਮ ਨਾਟਕ ਦੀ ਸ਼ਾਨਦਾਰ ਪੇਸ਼ਕਾਰੀ ਹੋਈ ਸੀ, ਜਿਸ ਵਿੱਚ ਬਟਾਲਾ ਅਤੇ ਆਸ ਪਾਸ ਦੇ ਖੇਤਰਾਂ ਵਿੱਚ ਲੋਕ ਆਪਣੇ ਪਰਵਾਰਾਂ ਨਾਲ ਪਹੁੰਚੇ ਸਨ। ਉਨ੍ਹਾਂ ਦੱਸਿਆ ਕਿ ਹੁਣ ਦੁਬਾਰਾ 11 ਸਤੰਬਰ ਨੂੰ ਸ਼ਿਵ ਕੁਮਾਰ ਬਟਾਲਵੀ ਆਡੀਟੋਰੀਅਮ ਵਿਖੇ ਪ੍ਰਸਿੱਧ ਨਾਟਕ 'ਹਮਾਰੇ ਰਾਮ' ਦਾ ਮੰਚਨ ਹੋਵੇਗਾ।

ਉਨ੍ਹਾਂ ਦੱਸਿਆ ਕਿ 11 ਸਤੰਬਰ ਨੂੰ ਦੋ ਸ਼ੋਅ ਕਰਵਾਏ ਜਾਣਗੇ। ਪਹਿਲਾ ਸ਼ੋਅ ਦੁਪਹਿਰ 2 ਵਜੇ ਅਤੇ ਦੂਜਾ ਸ਼ੋਅ ਸ਼ਾਮ 6.30 ਵਜੇ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਸ਼ੋਅ ਮੁਫ਼ਤ ਕਰਵਾਏ ਜਾ ਰਹੇ ਹਨ।

## ਪੰਜਾਬ ਸਰਕਾਰ ਟਕਰਾਅ ਵਾਲੀ ਨੀਤੀ ਛੱਡ ਕੇ ਮੁਲਾਜ਼ਮਾਂ ਦੀਆਂ ਮੰਗਾਂ ਦਾ ਨਿਪਟਾਰਾ ਤੁਰਤ ਕਰੇ : ਉਦੀਪੁਰ



ਗੁਰਦਾਸਪੁਰ (ਜਨਕ ਮਹਾਜਨ)- ਪਾਵਰਕਾਮ ਅਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਏਟਕ ਮੰਡਲ ਯੂਨਿਟ ਗੁਰਦਾਸਪੁਰ ਦੀ ਮਹੀਨਾਵਾਰ ਮੀਟਿੰਗ ਮੰਡਲ ਪ੍ਰਦਾਨ ਸਾਥੀ ਨਿਰਮਲ ਸਿੰਘ ਬਸਰਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਪੈਨਸ਼ਨਰਜ਼ ਸਾਥੀਆਂ ਦੀਆਂ ਮੰਗਾਂ 'ਤੇ ਗੰਭੀਰਤਾ ਨਾਲ ਵਿਚਾਰ ਚਰਚਾ ਕੀਤੀ ਗਈ ਅਤੇ ਸਰਕਾਰ ਵਲੋਂ ਅਪਣਾਈ ਜਾ ਰਹੀ ਟਕਰਾਅ ਵਾਲੀ ਨੀਤੀ ਦੀ ਸਖ਼ਤ ਨਿੰਦਾ ਕੀਤੀ ਗਈ। ਮੀਟਿੰਗ ਨੂੰ ਵਿਸ਼ੇਸ਼ ਤੌਰ 'ਤੇ ਟਰੇਡ ਯੂਨੀਅਨ ਦੇ ਆਗੂ ਅਤੇ ਪੈਨਸ਼ਨਰਜ਼ ਯੂਨੀਅਨ ਏਟਕ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਮੁੱਖ ਸਲਾਹਕਾਰ ਕਾਮਰੇਡ ਬਲਵਿੰਦਰ ਸਿੰਘ ਉਦੀਪੁਰ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਸਰਕਾਰ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਬਾਰੇ ਬੇਲੋੜਾ ਕੂੜ ਪ੍ਰਚਾਰ ਕੀਤਾ ਜਾ ਰਿਹਾ ਹੈ । ਪੰਜਾਬ ਦੇ ਮੁਲਾਜ਼ਮਾਂ ਨੂੰ ਵੱਧ ਤਨਖਾਹ ਲੈਣ ਵਾਲਾ ਸੂਬਾ ਦੱਸਿਆ ਜਾ ਰਿਹਾ ਹੈ ਜੋ ਕਿ ਸਚਾਈ ਤੋਂ ਕੋਹਾਂ ਦੂਰ ਹੈ। ਸਾਥੀ ਉਦੀਪੁਰ ਨੇ ਦੱਸਿਆ ਕਿ ਮੁਲਾਜ਼ਮ ਜਥੇਬੰਦੀਆਂ ਮੰਗ ਕਰ ਰਹੀਆਂ ਹਨ ਕਿ ਹਾਈਕੋਰਟ ਦੇ ਹੁਕਮਾਂ ਅਨੁਸਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾਂ ਮਹਿੰਗਾਈ ਭੱਤਾ 42 ਪ੍ਰਸੈਂਟ ਤੇ ਵਧਾ ਕੇ 60 ਪ੍ਰਸੈਂਟ ਕੀਤਾ ਜਾਵੇ ਜੋ ਕਿ ਕਰਮਚਾਰੀਆਂ ਦਾਂ ਹੱਕ ਹੈ, ਇਹ ਪਹਿਲੀ ਵਾਰ ਹੋਇਆ ਹੈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬਜ਼ੁਰਗ ਪੈਨਸ਼ਨਰਜ਼ ਨੂੰ ਕੋਰਟਾਂ ਵਿਚ ਖੱਜਲ ਖੁਆਰ ਕੀਤਾ ਹੈ। ਪੰਜਾਬ ਸਕੱਤਰੇਤ ਅਤੇ ਫੀਲਡ ਦਫ਼ਤਰਾਂ ਵਿਚ ਕੀਤੀ ਜਾ ਰਹੀ ਟੂਲ ਡਾਊਨ, ਪੈਨ ਡਾਊਨ ਹੜਤਾਲ ਕਰ ਰਹੇ ਕਰਮਚਾਰੀਆਂ ਨੂੰ ਪੂਰਨ ਸਮਰਥਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਟਕਰਾਅ ਵਾਲੀ ਨੀਤੀ ਛੱਡ ਕੇ ਮੁਲਾਜ਼ਮਾਂ ਦੀਆਂ ਮੰਗਾਂ ਦਾਂ ਨਿਪਟਾਰਾ ਕਰੇ ਅਤੇ ਟਰੇਡ ਯੂਨੀਅਨ ਆਗੂਆਂ ਦੀ ਵਿਕਟੇਮਾਈਜੇਸ਼ਨ ਰੱਦ ਕਰੇ। ਮੀਟਿੰਗ ਵਿਚ ਫੈਸਲਾ ਕੀਤਾ ਗਿਆ ਹੈ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਸਾਂਝੇ ਫਰੰਟ ਵਲੋਂ ਉਲੀਕੇ ਹਰ ਸੰਘਰਸ਼ ਵਿਚ ਪੈਨਸ਼ਨਰਜ਼ ਸਾਥੀ ਸ਼ਾਮਲ ਹੋਣਗੇ ਅਤੇ 13 ਜੁਲਾਈ ਨੂੰ ਮੰਤਰੀਆਂ ਦੇ ਘਰਾਂ ਦੇ ਅੱਗੇ ਕੀਤੇ ਜਾਂ ਰਹੇ ਪ੍ਰਦਰਸ਼ਨ ਵਿਚ ਸ਼ਮੂਲੀਅਤ ਕੀਤੀ ਜਾਵੇਗੀ ਅਤੇ ਮੰਗਾਂ ਦੀ ਪੂਰਤੀ ਤੱਕ ਸਰਕਾਰ ਵਿਰੁੱਧ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਇਸ ਮੌਕੇ 'ਤੇ ਰੂਪ ਲਾਲ, ਅਨੂਪ ਸਿੰਘ, ਇੰਜ. ਰਾਮ ਲਾਲ, ਅਸਵਨੀ ਕੁਮਾਰ, ਅਮਰੀਕ ਸਿੰਘ, ਰਕੇਸ਼ ਕੁਮਾਰ, ਗੁਰਮੀਤ ਸਿੰਘ, ਮੁਖਤਿਆਰ ਸਿੰਘ ਸੋਹਲ, ਰਣਜੀਤ ਸਿੰਘ ਦੋਰਾਂਗਲਾ, ਪਰਮਜੀਤ ਸਿੰਘ ਆਦਿ ਆਗੂ ਹਾਜ਼ਰ ਸਨ।

## ਟੀ ਸੀ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਖੇਡਾਂ 'ਚ ਲਹਿਰਾਇਆ ਪਰਚਮ



ਗੁਰਦਾਸਪੁਰ (ਦਿਨੇਸ਼ ਕੁਮਾਰ)- ਟੀ.ਸੀ. ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਰਾਹੀਂ ਸਕੂਲ ਅਤੇ ਖੇਤਰ ਦਾ ਨਾਮ ਰੌਸ਼ਨ ਕੀਤਾ ਹੈ। ਇਸ ਪ੍ਰਾਪਤੀ ਨੇ ਸਕੂਲ ਪ੍ਰਬੰਧਨ, ਅਧਿਆਪਕਾਂ ਅਤੇ ਮਾਪਿਆਂ ਵਿੱਚ ਖੁਸ਼ੀ ਦੀ ਲਹਿਰ ਫੈਲਾਅ ਦਿੱਤੀ ਹੈ।

9ਵੀਂ ਜਮਾਤ ਦੇ ਵਿਦਿਆਰਥੀ ਇਨਾਇਤ ਸਰਮਲ ਨੇ ਸੀ ਬੀ ਐਸ ਈ ਨੌਰਥ ਜ਼ੋਨ ਜੂਡੋ ਚੈਂਪੀਅਨਸ਼ਿਪ ਦੇ ਅੰਡਰ-17 ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਨਾਲ ਕਾਂਸੀ ਦਾ ਤਗਮਾ ਜਿੱਤਿਆ। ਇਨਾਇਤ ਦੀ ਪ੍ਰਾਪਤੀ ਨੇ ਸਕੂਲ ਨੂੰ ਮਾਣ ਦਿਵਾਇਆ ਹੈ। ਇਸ ਦੌਰਾਨ, 5ਵੀਂ ਜਮਾਤ ਦੇ ਵਿਦਿਆਰਥੀ ਨਾਇਰਾ ਨੇ ਅੰਡਰ-11 ਜ਼ਿਲ੍ਹਾ ਪੱਧਰੀ ਜਿਮਨਾਸਟਿਕ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਨਾਲ ਚਾਂਦੀ ਦਾ ਤਗਮਾ ਹਾਸਲ ਕੀਤਾ। ਨਾਇਰਾ ਨੇ ਸ਼ਾਨਦਾਰ ਪ੍ਰਤਿਭਾ, ਸਖ਼ਤ ਮਿਹਨਤ ਅਤੇ ਸਮਰਪਣ ਦਾ ਪ੍ਰਦਰਸ਼ਨ ਕੀਤਾ। ਦੋਵਾਂ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ 'ਤੇ ਵਧਾਈ ਦਿੰਦੇ ਹੋਏ ਸਕੂਲ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਲਈ ਇੱਕ ਮਹੱਤਵਪੂਰਨ ਮਾਧਿਅਮ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਅਕਾਦਮਿਕ ਦੇ ਨਾਲ-ਨਾਲ ਖੇਡਾਂ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਸ਼ਾਨਦਾਰ ਮੌਕੇ ਅਤੇ ਸਹੂਲਤਾਂ ਪ੍ਰਦਾਨ ਕਰਨ ਲਈ ਸਕੂਲ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਸਕੂਲ ਪ੍ਰਬੰਧਨ ਨੇ ਦੋਵਾਂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਉਨ੍ਹਾਂ ਦੇ ਖੇਡ ਕੋਚਾਂ ਨੂੰ ਵਧਾਈ ਦਿੱਤੀ, ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

## ਭਾਜਪਾ ਵਰਕਰਾਂ ਨੇ ਚੀਮਾ ਦਾ ਪੁਤਲਾ ਫੂਕਿਆ



ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲੀ)-ਭਾਰਤੀ ਜਨਤਾ ਪਾਰਟੀ ਦੀ ਹਾਈ ਕਮਾਂਡ ਵੱਲੋਂ ਦਿੱਤੇ ਪ੍ਰੋਗਰਾਮ ਤਹਿਤ ਜਿਲ੍ਹਾ ਪ੍ਰਧਾਨ ਸਤਨਾਮ ਸਿੰਘ ਭੁੱਲਰ ਦੇ ਨਿਰਦੇਸ਼ਾਂ ਅਨੁਸਾਰ ਅੱਜ ਗੋਇੰਦਵਾਲ ਸਾਹਿਬ ਵਿਖੇ ਭਾਜਪਾ ਦੇ ਸੀਨੀਅਰ ਆਗੂ ਰਮਨਦੀਪ ਸਿੰਘ ਭਰੋਵਾਲ ਦੀ ਅਗਵਾਈ ਹੇਠ ਭਾਜਪਾ ਵਰਕਰਾਂ ਵੱਲੋਂ ਗੁਲਜਾਰ ਸਿੰਘ ਦੀ ਮੌਤ ਦੇ ਵਿਰੋਧ ਵਿੱਚ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਭਾਜਪਾ ਵਰਕਰਾਂ ਨੇ ਥਾਣੇ ਵਾਲੇ ਚੌਕ ਵਿੱਚ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਪੁਤਲਾ ਫੂਕ ਕੇ ਪੰਜਾਬ ਸਰਕਾਰ ਖ਼ਿਲਾਫ਼ ਆਪਣਾ ਰੋਸ ਜ਼ਾਹਰ ਕੀਤਾ ਗਿਆ।ਇਸ ਮੌਕੇ ਭਾਜਪਾ ਆਗੂ ਰਮਨਦੀਪ ਸਿੰਘ ਭਰੋਵਾਲ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਦਿਨੋਂ-ਦਿਨ ਗੰਭੀਰ ਹੁੰਦੀ ਜਾ ਰਹੀ ਹੈ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਆਵਾਜ਼ ਉਠਾਉਣ ਵਾਲੇ ਹਰ ਵਿਅਕਤੀ ਦੀ ਗੱਲ ਸਰਕਾਰ ਨੂੰ ਗੰਭੀਰਤਾ ਨਾਲ ਸੁਣਨੀ ਚਾਹੀਦੀ ਹੈ। ਭਰੋਵਾਲ ਨੇ ਕਿਹਾ ਕਿ ਗੁਲਜਾਰ ਸਿੰਘ ਵੱਲੋਂ ਨਸ਼ਿਆਂ ਦੇ ਮੁੱਦੇ 'ਤੇ ਆਵਾਜ਼ ਉਠਾਉਣ ਅਤੇ ਇਸ ਮਾਮਲੇ ਨਾਲ ਜੁੜੇ ਘਟਨਾਕ੍ਰਮ ਤੋਂ ਬਾਅਦ ਉਸ ਦੀ ਮੌਤ ਨੇ ਸਮਾਜ ਨੂੰ ਝੰਜੋੜ ਕੇ ਰੱਖ ਦਿੱਤਾ ਹੈ।ਇਸ ਮੌਕੇ ਸਰਕਲ ਪ੍ਰਧਾਨ ਨਰਿੰਦਰ ਸਿੰਘ,ਭੁਪਿੰਦਰ ਸਿੰਘ ਚਤਰੱਥ, ਰਾਜਵਿੰਦਰ ਸਿੰਘ ਧੂੰਦਾ,ਤਰਸੇਮ ਸਿੰਘ ਛਾਪੜੀ ਸੁਖਵਿੰਦਰ ਸਿੰਘ ਠੇਕੇਦਾਰ, ਵਰਿੰਦਰਪਾਲ ਸਿੰਘ, ਬਲਵਿੰਦਰ ਸਿੰਘ, ਜਤਿੰਦਰ ਸਿੰਘ,ਲਵਪ੍ਰੀਤ ਸਿੰਘ, ਜਗਮੋਹਨ ਸਿੰਘ, ਦਿਲਬਾਗ ਸਿੰਘ, ਜਸਪਾਲ ਸਿੰਘ, ਰੂਪ ਸਿੰਘ, ਗੁਰਿੰਦਰ ਸਿੰਘ, ਅਰਸ਼ਦੀਪ ਸਿੰਘ, ਕਰਨਦੀਪ ਸਿੰਘ, ਗੁਰਜੰਟ ਸਿੰਘ, ਸੁਰਜੀਤ ਸਿੰਘ ਆਦਿ ਵਰਕਰ ਅਤੇ ਆਗੂ ਹਾਜ਼ਰ ਸਨ।

## ਹੈਰੋਇਨ ਸਮੇਤ ਨੌਜਵਾਨ ਕਾਬੂ



ਕਾਦੀਆਂ (ਯਾਦਵਿੰਦਰ ਸਿੰਘ ਮਲੋਹਤਰਾ)-ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਕਾਦੀਆਂ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਈ, ਜਦੋਂ ਪੁਲਸ ਨੇ ਇੱਕ ਨੌਜਵਾਨ ਨੂੰ 3 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ। ਇਹ ਕਾਰਵਾਈ ਐੱਸ.ਐੱਸ.ਪੀ. ਬਟਾਲਾ ਡਾ. ਮਹਿਤਾਬ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਡੀ.ਐੱਸ.ਪੀ. ਹਰਗੋਬਿੰਦਪੁਰ ਦੀ ਨਿਗਰਾਨੀ ਅਤੇ ਐੱਸ.ਐੱਚ.ਓ. ਕਾਦੀਆਂ ਪ੍ਰਭਜੋਤ ਸਿੰਘ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੌਰਾਨ ਕੀਤੀ ਗਈ। ਪੁਲਸ ਵੱਲੋਂ ਕਾਬੂ ਕੀਤੇ ਨੌਜਵਾਨ ਦੇ ਕਬਜ਼ੇ ਵਿੱਚੋਂ 3 ਗ੍ਰਾਮ ਹੈਰੋਇਨ ਬਰਾਮਦ ਹੋਣ ਉਪਰੰਤ ਉਸ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਇਸ ਮੌਕੇ ਥਾਣਾ ਮੁਖੀ ਪ੍ਰਭਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪੁਲਸ ਵਿਭਾਗ ਵੱਲੋਂ ਨਸ਼ਿਆਂ ਦੇ ਖ਼ਾਤਮੇ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਕਾਦੀਆਂ ਪੁਲਿਸ ਵੱਲੋਂ ਨਸ਼ਾ ਤਸਕਰਾਂ ਅਤੇ ਨਸ਼ਿਆਂ ਦੇ ਕਾਰੋਬਾਰ ਨਾਲ ਜੁੜੇ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਨਸ਼ਾ ਤਸਕਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਨਸ਼ਿਆਂ ਦੀ ਵਿਕਰੀ ਜਾਂ ਤਸਕਰੀ ਸਬੰਧੀ ਕੋਈ ਵੀ ਜਾਣਕਾਰੀ ਮਿਲਣ 'ਤੇ ਪੁਲਸ ਨੂੰ ਸੂਚਿਤ ਕਰਨ, ਤਾਂ ਜੋ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਲਤ ਤੋਂ ਬਚਾਉਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾ ਸਕਣ।

# ਜਿੰਦਵੜੀ ਢਾਹੇ 'ਚ 10 ਕਰੋੜ ਦੀ ਲਾਗਤ ਨਾਲ ਬਣੇਗਾ 66 ਕੇ ਵੀ ਪਾਵਰ ਗਰਿੱਡ

### 40 ਪਿੰਡਾਂ ਨੂੰ ਮਿਲੇਗੀ ਸੁਚਾਰੂ ਬਿਜਲੀ ਸਪਲਾਈ : ਬੈਂਸ

**ਨੰਗਲ (ਸੁਰਜੀਤ ਸਿੰਘ)**- ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਹੈ ਕਿ ਸੂਬੇ ਵਿੱਚ ਬਿਜਲੀ ਦੀ ਲਗਾਤਾਰ ਵੱਧ ਰਹੀ ਮੰਗ ਅਤੇ ਪਿੰਡਾਂ ਵਿੱਚ ਬਿਜਲੀ ਸਪਲਾਈ ਨੂੰ ਹੋਰ ਬਿਹਤਰ ਬਣਾਉਣ ਦੇ ਮਕਸਦ ਨਾਲ ਪੰਜਾਬ ਸਰਕਾਰ ਵੱਲੋਂ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਸੇ ਤਹਿਤ ਜਿੰਦਵੜੀ ਢਾਹੇ ਵਿਖੇ ਕਰੀਬ 10 ਕਰੋੜ ਰੁਪਏ ਦੀ ਲਾਗਤ ਨਾਲ 66 ਕੇ ਵੀ ਪਾਵਰ ਗਰਿੱਡ ਸਥਾਪਿਤ ਕੀਤਾ ਜਾਵੇਗਾ। ਇਸ ਗਰਿੱਡ ਦਾ ਕੰਮ ਤਕਰੀਬਨ ਦੋ ਸਾਲਾਂ ਵਿੱਚ ਮੁਕੰਮਲ ਹੋਣ ਦੀ ਉਮੀਦ ਹੈ। ਨਵੇਂ ਗਰਿੱਡ ਨਾਲ ਨੇੜਲੇ ਕਰੀਬ 40 ਪਿੰਡਾਂ ਨੂੰ ਬਿਜਲੀ ਦੀ ਵਧੇਰੇ ਸੁਚਾਰੂ ਅਤੇ ਭਰੋਸੇਮੰਦ ਸਪਲਾਈ ਮਿਲੇਗੀ। ਇਸ ਤੋਂ ਇਲਾਵਾ ਸ੍ਰੀ ਅਨੰਦਪੁਰ ਸਾਹਿਬ ਅਤੇ ਨੰਗਲ ਦੇ ਮੌਜੂਦਾ ਬਿਜਲੀ ਗਰਿੱਡਾਂ 'ਤੇ ਪੈ ਰਿਹਾ ਵਾਧੂ ਲੋਡ ਵੀ ਘਟੇਗਾ। ਜਿੰਦਵੜੀ ਢਾਹੇ ਵਿਖੇ 66 ਕੇਵੀ ਗਰਿੱਡ ਲਈ ਹੋਈ ਨਿਸ਼ਾਨਦੇਹੀ ਉਪਰੰਤ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਬਿਜਲੀ ਮਨੁੱਖੀ ਜੀਵਨ ਦੀ ਬੁਨਿਆਦੀ ਲੋੜ ਬਣ ਚੁੱਕੀ ਹੈ ਅਤੇ ਬਿਜਲੀ ਸਪਲਾਈ ਤੋਂ ਬਿਨਾਂ ਵਿਕਾਸ ਦੀ ਕਲਪਨਾ ਕਰਨਾ ਵੀ ਮੁਸ਼ਕਿਲ ਹੈ। ਉਨ੍ਹਾਂ ਕਿਹਾ ਕਿ ਆਧੁਨਿਕੀਕਰਨ ਦੇ ਨਾਲ ਘਰਾਂ, ਖੇਤੀਬਾੜੀ ਅਤੇ ਵਪਾਰਕ ਅਦਾਰਿਆਂ ਵਿੱਚ ਬਿਜਲੀ ਦੀ ਖਪਤ ਲਗਾਤਾਰ ਵੱਧ ਰਹੀ ਹੈ। ਇਸ ਲਈ ਭਵਿੱਖ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਨਵੇਂ ਗਰਿੱਡ ਸਥਾਪਿਤ ਕਰਨਾ ਅਤੇ ਮੌਜੂਦਾ ਬਿਜਲੀ ਪ੍ਰਣਾਲੀ ਨੂੰ ਅਪਗ੍ਰੇਡ ਕਰਨਾ ਸਮੇਂ ਦੀ ਲੋੜ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਉਨ੍ਹਾਂ ਵੱਲੋਂ ਦੋ ਸਾਲਾ ਤੋ ਕੋਸ਼ਿਸ਼ ਕੀਤੀਆਂ ਜਾ ਰਹੀਆਂ ਹਨ, ਪਰ ਰਾਜਨੀਤੀ ਦੀ ਭੇਟ ਚੜਨ ਕਾਰਨ ਇਹ ਕੋਸ਼ਿਸ਼ਾਂ ਸਫਲ ਨਹੀ ਹੋ ਰਹੀਆਂ ਸਨ, ਪ੍ਰੰਤੂ ਹੁਣ ਇਹ ਕੰਮ ਸ਼ੁਰੂ ਕਰਵਾ ਦਿੱਤਾ ਹੈ। ਉਨ੍ਹਾਂ ਨੇ ਦੱਸਿਆ ਕਿ 18 ਫੁੱਟ ਚੌੜੀਆਂ ਸੜਕਾਂ, ਕਮਿਊਨਿਟੀ ਸੈਂਟਰ, ਸਾਫ ਸੁਥਰੇ ਸਕੂਲ, ਇਲਾਕੇ ਦੇ ਵਿਕਾਸ ਦੀ ਮੂੰਹ ਬੋਲਦੀ ਤਸਵੀਰ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਜਿਨ੍ਹਾਂ ਖੇਤਰਾਂ ਵਿੱਚ ਬਿਜਲੀ ਦੀ ਮੰਗ ਵੱਧ ਰਹੀ ਹੈ, ਉੱਥੇ ਮੌਜੂਦਾ ਗਰਿੱਡਾਂ 'ਤੇ ਲੋਡ ਵੱਧ ਜਾਂਦਾ ਹੈ, ਜਿਸ ਕਾਰਨ ਸਪਲਾਈ ਪ੍ਰਬੰਧ ਪ੍ਰਭਾਵਿਤ ਹੋ ਸਕਦੇ ਹਨ। ਅਜਿਹੇ ਖੇਤਰਾਂ ਵਿੱਚ ਨਵੇਂ ਪਾਵਰ ਗਰਿੱਡ ਸਥਾਪਿਤ ਕਰਕੇ ਬਿਜਲੀ ਦਾ ਲੋਡ ਵੰਡਿਆ ਜਾਂਦਾ ਹੈ ਅਤੇ ਸਪਲਾਈ ਪ੍ਰਣਾਲੀ ਹੋਰ ਮਜ਼ਬੂਤ ਹੁੰਦੀ ਹੈ। ਇਸ ਮੌਕੇ ਡਾ.ਸੰਜੀਵ ਗੌਤਮ ਜਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਰੂਪਨਗਰ, ਡਾ.ਸੁਮਿਤ ਢਿੱਲੋਂ ਤਹਿਸੀਲਦਾਰ, ਦੀਪਕ ਸੋਨੀ ਚੇਅਰਮੈਨ ਖੱਤਰੀ/ਅਰੋੜਾ ਵੈਲਫੇਅਰ ਬੋਰਡ, ਸੁਖਦੇਵ ਖਾਨਪੁਰ ਸਰਪੰਚ, ਸਰਪੰਚ ਪੰਮੂ ਢਿੱਲੋ ਚੈਅਰਮੈਨ ਮਾਰਕੀਟ ਕਮੇਟੀ, ਸਰਪੰਚ ਸੈਣੀਮਾਜਰਾ ਜੀਤ ਰਾਮ ਰਿੰਕੂ, ਸੁਮਿਤ ਜਿੰਦਵੜੀ, ਵਿਕਰਮ ਐੱਸ ਡੀ ਓ, ਭੈਬਵ ਜੇ ਈ, ਸੁਮਿਤ ਜਿੰਦਵੜੀ, ਪਰਮਜੀਤ ਸਿੰਘ ਸਰਪੰਚ, ਰਾਮ ਲਾਲ ਪੰਚ, ਬਲਵੀਰ ਸਿੰਘ ਪੰਚ, ਮਨੂੰਪੁਰੀ ਪੰਚ, ਗੁਰਵਿੰਦਰ ਪੰਚ, ਪ੍ਰੀਤਮ ਸੋਨੀ, ਰੋਹਿਤ ਕੁਮਾਰ ਹਾਜ਼ਰ ਸਨ।

# ਓ ਐੱਸ ਡੀ ਵੱਲੋਂ ਨਗਰ ਕੌਂਸਲ ਦਾ ਦੌਰਾ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਅੰਡਰ ਟ੍ਰੇਨਿੰਗ ਆਈ ਏ ਐਸ ਕਮ ਡਿਪਟੀ ਕਮਿਸ਼ਨਰ ਦੇ ਓ ਐੱਸ ਡੀ ਮੈਡਮ ਲਿੰਧਿਆ ਵੱਲੋਂ ਜ਼ੀਰਕਪੁਰ ਦੌਰੇ ਦੌਰਾਨ ਡੰਪ ਦਾ ਨਿਰੀਖਣ ਕਰਨ ਤੋਂ ਬਾਅਦ ਨਗਰ ਕੌਂਸਲ ਦਫ਼ਤਰ ਪਹੁੰਚਣ ਮੌਕੇ ਮੀਡੀਆ ਨੂੰ ਉਨ੍ਹਾਂ ਤੋਂ ਦੂਰ ਰੱਖਣ ਦਾ

**● ਕਾਰਜਪ੍ਰਣਾਲੀ 'ਤੇ ਪਰਦਾ ਪਾਉਣ ਲਈ ਮੀਡੀਆ ਨੂੰ ਰੱਖਿਆ ਦੂਰ**



ਮਾਮਲਾ ਹੁਣ ਗੰਭੀਰ ਚਰਚਾ ਦਾ ਵਿਸ਼ਾ ਬਣ ਗਿਆ ਹੈ। ਦੋਸ਼ ਹੈ ਕਿ ਨਗਰ ਕੌਂਸਲ ਦੀ ਕਾਰਜਪ੍ਰਣਾਲੀ ਨਾਲ ਜੁੜੇ ਸਵਾਲ ਅਤੇ ਵਿਵਾਦ ਓ ਐੱਸ ਡੀ ਦੇ ਸਾਹਮਣੇ ਨਾ ਆ ਸਕਣ, ਇਸ ਲਈ ਕਾਰਜਸਾਧਕ ਅਫ਼ਸਰ ਪਰਵਿੰਦਰ ਭੱਟੀ ਵੱਲੋਂ ਮੀਡੀਆ ਅਤੇ ਓ ਐੱਸ ਡੀ ਵਿਚਕਾਰ ਜਾਣਬੁੱਝ ਕੇ ਦੂਰੀ ਬਣਾਈ ਗਈ। ਮੀਡੀਆ ਕਰਮੀਆਂ ਮੁਤਾਬਕ ਉਹ ਕਾਫ਼ੀ ਸਮਾਂ ਕੌਂਸਲ ਦਫ਼ਤਰ ਵਿੱਚ ਮੌਜੂਦ ਰਹੇ ਅਤੇ ਕਈ ਵਾਰ ਓ ਐੱਸ ਡੀ ਨਾਲ ਮੁਲਾਕਾਤ ਦੀ ਮੰਗ ਕੀਤੀ, ਪਰ ਇਸ ਦੇ ਬਾਵਜੂਦ ਉਨ੍ਹਾਂ ਨੂੰ ਮਿਲਣ ਨਹੀਂ ਦਿੱਤਾ ਗਿਆ। ਸਵਾਲ ਇਹ ਹੈ ਕਿ ਜੇਕਰ ਨਗਰ ਕੌਂਸਲ ਦੇ ਕੰਮਕਾਜ ਵਿੱਚ ਸਭ ਕੁਝ ਪਾਰਦਰਸ਼ੀ ਹੈ ਤਾਂ ਮੀਡੀਆ ਨੂੰ ਓ ਐੱਸ ਡੀ ਨਾਲ ਮਿਲਣ ਤੋਂ ਰੋਕਣ ਦੀ ਲੋੜ ਕਿਉਂ ਪਈ। ਹੋਰ ਵੀ ਗੰਭੀਰ ਗੱਲ ਇਹ ਹੈ ਕਿ ਓ ਐੱਸ ਡੀ ਦਾ ਇਹ ਦੌਰਾ ਕੌਂਸਲ ਦੀ ਕਾਰਗੁਜ਼ਾਰੀ, ਸ਼ਹਿਰ ਦੀ ਸਫ਼ਾਈ, ਡੰਪ ਅਤੇ ਹੋਰ ਪ੍ਰਬੰਧਾਂ ਦੀ ਹਕੀਕਤ ਜਾਣਨ ਨਾਲ ਜੁੜਿਆ ਹੋਇਆ ਸੀ, ਪਰ ਇਸੇ ਮੌਕੇ ਉਹ ਮੀਡੀਆ, ਜੋ ਲਗਾਤਾਰ ਸ਼ਹਿਰ ਦੀਆਂ ਸਮੱਸਿਆਵਾਂ ਅਤੇ ਕੌਂਸਲ ਦੇ ਕੰਮਕਾਜ ਨੂੰ ਸਾਹਮਣੇ ਲਿਆ ਰਿਹਾ ਹੈ, ਉਸ ਨੂੰ ਹੀ ਅਧਿਕਾਰੀ ਤੱਕ ਪਹੁੰਚਣ ਤੋਂ ਰੋਕ ਦਿੱਤਾ ਗਿਆ। ਪਿਛਲੇ ਸਮੇਂ ਦੌਰਾਨ ਨਗਰ ਕੌਂਸਲ ਵੱਖ-ਵੱਖ ਮਸਲਿਆਂ ਅਤੇ ਆਪਣੀ ਕਾਰਜਪ੍ਰਣਾਲੀ ਨੂੰ ਲੈ ਕੇ ਪਹਿਲਾਂ ਹੀ ਸਵਾਲਾਂ ਦੇ ਘੇਰੇ ਵਿੱਚ ਰਹੀ ਹੈ। ਅਜਿਹੇ ਹਾਲਾਤ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਨਾਲ ਜੁੜੀ ਅਧਿਕਾਰੀ ਦੇ ਦੌਰੇ ਮੌਕੇ ਮੀਡੀਆ ਨੂੰ ਦੂਰ ਰੱਖਣਾ ਪਾਰਦਰਸ਼ਤਾ ਦੀ ਬਜਾਏ ਪਰਦਾ ਪਾਉਣ ਵਾਲੀ ਕਾਰਵਾਈ ਵਜੋਂ ਵੇਖਿਆ ਜਾ ਰਿਹਾ ਹੈ।

# ਕੌਮੀ ਲੋਕ ਅਦਾਲਤ 12 ਨੂੰ

**ਬਲਾਚੌਰ (ਜਸਵਿੰਦਰ ਬੈਂਸ)**- ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਮਾਣਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ ਏ ਐੱਸ ਨਗਰ ਦੇ ਪ੍ਰਾਪਤ ਹੁਕਮਾਂ ਤਹਿਤ ਜ਼ਿਲ੍ਹਾ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਜਤਿੰਦਰ ਪਾਲ ਸਿੰਘ ਖੁਰਮੀ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹੇ ਵਿੱਚ 12 ਸਤੰਬਰ ਨੂੰ ਕੌਮੀ ਲੋਕ ਅਦਾਲਤ ਲਗਾਈ ਜਾਵੇਗੀ।ਜ਼ਿਲ੍ਹਾ ਅਤੇ ਸੈਸ਼ਨ ਜੱਜ ਸ਼ਹੀਦ ਭਗਤ ਸਿੰਘ ਨਗਰ ਜਤਿੰਦਰ ਪਾਲ ਸਿੰਘ ਖੁਰਮੀ ਵੱਲੋਂ ਦੱਸਿਆ ਕਿ ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਨਿਰਦੇਸ਼ਾਂ ਅਨੁਸਾਰ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ ਏ ਐਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਦਾਲਤੀ ਤੇ ਪ੍ਰੀ-ਲਿਟੀਗੇਟਿਵ ਪੜਾਅ ਤੇ ਆਏ ਰਾਜੀਨਾਮਾ ਹੋਣ ਯੋਗ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਨ ਲਈ ਜ਼ਿਲ੍ਹੇ ਵਿੱਚ 12 ਅਕਤੂਬਰ ਨੂੰ ਕੌਮੀ ਲੋਕ ਅਦਾਲਤ ਲਗਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ ਪੈਨਸ਼ਨ ਕੇਸ ਸਮੇਤ ਸੇਵਾਵਾਂ ਦੇ ਕੇਸ, ਜਮੀਨ ਗ੍ਰਹਿਣ ਦੇ ਕੇਸ, ਰੈਵਿਨਿਊ ਦੇ ਕੇਸ, ਬੀ.ਐਸ.ਐਨ.ਐਲ ਦੇ ਕੇਸ, ਬੀਮਾ ਕੰਪਨੀ ਦੇ ਨਾਲ ਸਬੰਧਤ ਕੇਸ, ਵਿੱਤੀ ਫਾਂਈਨਾਸ ਦੇ ਕੇਸ, ਧਾਰਾ 138 ਅਧੀਨ ਐਨਆਈ ਐਕਟ ਕੇਸ, ਪੈਸੇ ਦੀ ਵਸੂਲੀ ਦੇ ਕੇਸ, ਬੈਂਕ ਲੋਨ ਨਾਲ ਸਬੰਧਤ ਕੇਸ, ਪਾਣੀ ਦੇ ਬਿੱਲ, ਕ੍ਰਿਮੀਨਲ ਕਪਾਊਂਡੇਬਲ ਕੇਸ, ਚੈੱਕ ਬਾਊਂਸ ਨਾਲ ਸਬੰਧਿਤ ਕੇਸ, ਮੋਟਰ ਐਕਸੀਡੈਂਟ ਕਲੇਮ ਕੇਸ, ਟ੍ਰਿਬਿਊਨਲ ਨਾਲ ਸਬੰਧਿਤ ਕੇਸ, ਵਿਵਾਹਿਤ ਝਗੜੇ, ਟ੍ਰੈਫਿਕ ਚਲਾਨ, ਲੇਬਰ ਵਿਵਾਦ ਦੇ ਕੇਸ, ਜਨਤਕ ਉਪਯੋਗਤਾ ਸੇਵਾਵਾਂ ਨਾਲ ਸਬੰਧਤ ਵਿਵਾਦ ਜਿਵੇਂ ਕਿ ਬਿਜਲੀ ਅਤੇ ਪਾਣੀ ਦੇ ਬਿੱਲਾਂ ਦੇ ਕੇਸ ਅਤੇ ਹੋਰ ਰਾਜੀਨਾਮਾ ਯੋਗ ਕੇਸਾਂ ਦੀ ਸੁਣਵਾਈ ਕੀਤੀ ਜਾਵੇਗੀ।



# ਡੇਰਾ ਬੱਲਾਂ ਨਜ਼ਦੀਕ ਨਹਿਰੀ ਖਾਲ 'ਚ ਪਿਆ ਡੂੰਘਾ ਪਾੜ, ਹੋ ਸਕਦਾ ਹੈ ਵੱਡਾ ਹਾਦਸਾ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਬਿਸਤ ਦੁਆਬ ਨਹਿਰ ਜੋ ਕਿਸ਼ਨਗੜ੍ਹ ਤੋਂ ਡੇਰਾ ਸੰਤ ਸਰਵਣ ਦਾਸ ਜੀ ਸੱਚਖੰਡ ਬੱਲਾਂ ਵੱਲ ਨੂੰ ਜਾਂਦੀ ਹੈ ਉਸ ਦੇ ਰਾਹ ਵਿੱਚ ਨਹਿਰੀ ਵਿਭਾਗ ਵੱਲੋਂ ਇਲਾਕੇ ਦੇ ਕਿਸਾਨਾਂ ਦੇ ਖੇਤਾਂ ਨੂੰ ਸਿੰਚਾਈ ਲਈ ਸੜਕ ਦੇ ਵਿਚਕਾਰ ਦੀ ਇੱਕ ਪਾਇਪ ਲਾਈਨ ਪਾਈ ਗਈ ਹੈ। ਪਾਇਪ ਲਾਈਨ ਸੜਕ ਦੇ ਵਿੱਚੋਂ ਕਈ ਦਿਨਾਂ ਤੋਂ ਵੱਡੀਆਂ ਵੱਡੀਆਂ ਗੱਡੀਆਂ ਜੋ ਕਿ ਇਸ ਨਹਿਰ ਕਿਨਾਰੇ ਪੈਂਦੀਆਂ ਫੈਕਟਰੀਆਂ ਨੂੰ ਮਾਲ ਨਾਲ ਲੱਦ ਕੇ ਜਾਂਦੀਆਂ ਹਨਸ ਉਹਨਾਂ ਦੇ ਭਾਰ ਨਾਲ ਥੱਲੇ ਬਹਿ ਗਈ ਹੈ ਅਤੇ ਨਾਲ ਹੀ ਇੱਕ ਬਹੁਤ ਵੱਡਾ ਟੋਆ ਤੇ ਪਾੜ ਪੈ ਗਿਆ ਹੈ। ਇਸ ਪਾੜ ਵਾਲੀ ਜਗ੍ਹਾ ਤੇ ਕਿਸੇ ਸੱਜਣ ਵਲੋਂ ਰਾਹਗੀਰਾਂ ਦੀ ਸੁਰੱਖਿਆ ਲਈ ਇੱਕ ਡੰਡੇ ਵਿੱਚ ਕਈ ਦਿਨਾਂ ਤੋਂ ਲਾਲ ਕੱਪੜਾ ਬੰਨਿਆ ਹੋਇਆ। ਇਸ ਰਸਤੇ ਆਪਣੀਆਂ ਗੱਡੀਆਂ ਅਤੇ ਦੋ ਪਹੀਆ ਵਾਹਨ ਤੇ ਆ ਰਹੇ ਰਾਹਗੀਰ ਦਿਨ ਵੇਲੇ ਤਾਂ ਦੇਖ ਸਕਦੇ ਹਨ, ਪਰੰਤੂ ਰਾਤ ਵੇਲੇ ਹਨੇਰੇ ਵਿੱਚ ਕੁਝ ਵੀ ਦਿਖਾਈ ਨਹੀਂ ਦਿੰਦਾ ਜਿਸ ਕਾਰਨ ਕਦੀ ਵੀ ਇਸ ਵਿੱਚ ਛੋਟੇ ਵਾਹਨ ਚਾਲਕ ਸਕੂਟਰ ਮੋਟਰਸਾਈਕਲਾਂ ਵਾਲੇ ਡਿੱਗ ਸਕਦੇ ਗਏ ਹਨ। ਪਰੰਤੂ ਨਹਿਰੀ ਵਿਭਾਗ ਜਾਂ ਜਿਨ੍ਹਾਂ ਕਿਸਾਨਾਂ ਦੇ ਖੇਤਾਂ ਨੂੰ ਇਹ ਪਾਈਪ ਲਾਈਨ ਜਾਂਦੀ ਹੈ ਉਹ ਕੁੰਭਕਰਨੀ ਨੀਂਦ ਸੁੱਤੇ ਹੋਏ ਹਨ। ਨਹਿਰੀ ਰਸਤੇ ਵੱਖ ਵੱਖ ਪਿੰਡਾਂ ਅਤੇ ਜਲੰਧਰ ਨੂੰ ਜਾਣ ਵਾਲੇ ਆਮ ਲੋਕਾਂ ਦੀ ਨਹਿਰੀ ਵਿਭਾਗ ਅਪੀਲ ਹੈ ਕਿ ਇਸ ਡੂੰਘੇ ਪਏ ਹੋਏ ਪਾੜ ਦੀ ਤੁਰੰਤ ਮੁਰੰਮਤ ਕੀਤਾ ਜਾਵੇ।



# ਛਿੰਝ ਮੇਲਾ 17 ਤੋਂ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਲੱਖਾਂ ਦੇ ਦਾਤੇ ਦੀ ਯਾਦ ਵਿੱਚ ਨੂਰਮਹਿਲ ਦਾ 122ਵਾਂ ਛਿੰਝ ਮੇਲਾ 17,18 ਅਤੇ 19 ਸਤੰਬਰ ਨੂੰ ਛਿੰਝ ਕਮੇਟੀ ਨੂਰਮਹਿਲ ਵਲੋਂ ਬੜੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ ਜਿਸ ਵਿੱਚ ਦੇਸ਼ ਵਿਦੇਸ਼ ਤੋਂ ਪਹਿਲਵਾਨ ਕੁਸ਼ਤੀਆਂ ਦੇ ਜੌਹਰ ਦਿਖਾਉਣਗੇ।17 ਸਤੰਬਰ ਨੂੰ ਪਿੜ ਵਿੱਚ ਝੰਡਾ ਟੋਕਣ ਦੀ ਰਸਮ ਸਾਈਂ ਸੱਚੀ ਬਾਦ ਜੀ ਅਦਾ ਕਰਨਗੇ। ਇਸ ਤੋਂ ਉਪਰੰਤ ਬੱਚਿਆਂ ਦੀ ਕਬੱਡੀ ਦਾ ਸ਼ੋਅ ਮੈਚ ਕਰਵਾਇਆ ਜਾਵੇਗਾ ਜਿਸ ਦੇ ਸਪਾਂਸਰ ਰੋਹਿਤ ਖੋਸਲਾ ਅਤੇ ਸੰਜੇ ਖੋਸਲਾ ਵਲੋਂ ਆਪਣੇ ਪਿਤਾ ਗੋਰਾ ਕ੍ਰਿਸ਼ਨ ਖੋਸਲਾ ਦੀ ਯਾਦ ਵਿੱਚ 21000 ਦਾ ਇਨਾਮ ਦਿੱਤਾ ਜਾਵੇਗਾ। 17 ਅਤੇ 18 ਸਤੰਬਰ ਨੂੰ ਕੁਸ਼ਤੀਆਂ ਦੇ ਮੁਕਾਬਲੇ ਹੋਣਗੇ।19 ਸਤੰਬਰ ਨੂੰ ਜੁਗਾੜੂ ਟਰੈਕਟਰ ਅਤੇ ਤਵੀਆਂ ਦੇ ਮੁਕਾਬਲੇ ਉਂਕਾਰ ਟਰੈਕਟਰ ਅਤੇ ਮੰਗਤ ਗੰਗਰ ਟਰਲੇ ਵੱਲ ਨੂਰਮਹਿਲ ਦੇ ਜਸਕੀਰਤ ਸਿੰਘ ਦੇ ਦੇਖ ਰੇਖ ਹੇਠ ਹੋਣਗੇ ਜਿਸ ਵਿੱਚ ਮਨਜੀਤ ਸਿੰਘ ਤੇ ਜਤਿੰਦਰ ਸਿੰਘ ਸਪੁੱਤਰ ਬਲਦੇਵ ਸਿੰਘ ਵਲੋਂ ਸੀਟਾਂ ਵਾਲੀ ਮੋਡੀਫਾਈ ਟਰਾਲੀ ਅਤੇ ਪ੍ਰਮੋਦ ਕੁਮਾਰ ਜਿਊਲਰ ਵਲੋਂ ਮੋਟਰਸਾਈਕਲ ਇਨਾਮ ਵਜੋਂ ਦਿੱਤੇ ਜਾਣਗੇ। ਇਸ ਛਿੰਝ ਮੇਲੇ ਦੇ ਮੁੱਖ ਮਹਿਮਾਨ ਹਲਕਾ ਵਿਧਾਇਕਾ ਇੰਦਰਜੀਤ ਕੌਰ ਮਾਨ ਨਕੋਦਰ, ਸਾਬਕਾ ਮੁੱਖ ਮੰਤਰੀ ਪੰਜਾਬ ਚਰਨਜੀਤ ਸਿੰਘ ਚੰਨੀ, ਸਾਬਕਾ ਵਿਧਾਇਕ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਹਲਕਾ ਇੰਚਾਰਜ ਨਕੋਦਰ ਡਾਕਟਰ ਨਵਜੋਤ ਸਿੰਘ ਦਾਹੀਆ ਹੋਣਗੇ।ਇਸ ਛਿੰਝ ਦਾ ਪਹਿਲਾ ਇਨਾਮ ਕਾਰ ਮੁੱਖਣ ਸਿੰਘ ਪਹਿਲਵਾਨ ਦੇ ਪਰਿਵਾਰ ਵਲੋਂ, ਦੂਜਾ 51 ਹਜ਼ਾਰ ਰੁਪਏ ਦਾ ਇਨਾਮ ਜਗਜੀਤ ਸਿੰਘ ਸਰਪੰਚ ਅਤੇ ਜਸਪਾਲ ਸਿੰਘ ਕਾਲਾ ਰਾਮੇਵਾਲ, ਤੀਸਰਾ 51 ਹਜ਼ਾਰ ਰੁਪਏ ਦਾ ਇਨਾਮ ਹਰਿਦਰਪਾਲ ਸਿੰਘ ਮੱਲ੍ਹੀ, ਚੋਥਾ 51 ਹਜ਼ਾਰ ਰੁਪਏ ਦਾ ਇਨਾਮ ਲਵਪ੍ਰੀਤ ਕਾਹਲੋਂ ਯੂ ਕੇ, ਪੰਜਵਾਂ 51 ਹਜ਼ਾਰ ਰੁਪਏ ਦਾ ਇਨਾਮ ਗੈਵੀ ਉੱਪਲ, ਮੁਨੀਸ਼ ਕੁਮਾਰ ਸਰਪੰਚ ਵਲੋਂ ਦਿੱਤਾ ਜਾਵੇਗਾ।ਛੇਵਾਂ 35 ਹਜ਼ਾਰ ਰੁਪਏ ਦਾ ਇਨਾਮ ਬੰਸੀ ਲਾਲ ਕਾਲੀਆ, ਕਾਲੀਆ ਸਵੀਟ ਸ਼ਾਪ ਵਲੋਂ ਦਿੱਤਾ ਜਾਵੇਗਾ। ਇਸ ਤੋਂ ਇਲਾਵਾ 31-31,21-21 ਹਜ਼ਾਰ ਰੁਪਏ ਦੇ ਇਨਾਮ ਵੀ ਹੋਣਗੇ।

# ਵਿਦਿਆਰਥੀਆਂ ਨੂੰ ਵੰਡੀਆਂ ਮੁਫ਼ਤ ਐਨਕਾਂ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਚਲਾਏ ਜਾ ਰਹੇ 'ਰਾਸ਼ਟਰੀ ਅੰਧਤਾ ਅਤੇ ਦ੍ਰਿਸ਼ਟੀਹੀਨਤਾ ਨਿਯੰਤਰਣ ਪ੍ਰੋਗਰਾਮ' ਅਧੀਨ ਬਲਾਕ ਹਾਰਟਾ ਬਡਲਾ ਦੇ ਵੱਖ-ਵੱਖ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਪੜ੍ਹ ਰਹੇ ਡਾ.ਮਨਪ੍ਰੀਤ ਸਿੰਘ ਬੈਂਸ ਦੀਆਂ ਹਦਾਇਤਾਂ ਅੁਸਾਰ ਰਾਸ਼ਟਰੀ ਬਾਲ ਸਵਾਸਥ ਕਾਰਿਆਕ੍ਰਮ ਦੀਆਂ ਮੋਬਾਈਲ ਹੈਲਥ ਟੀਮਾਂ ਅਤੇ ਆਪਥੈਲਮਿਕ ਅਫ਼ਸਰਾਂ ਵੱਲੋਂ ਪਿਛਲੇ ਦਿਨੀਂ ਬਲਾਕ ਦੇ ਵੱਖ-ਵੱਖ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਵਿਸ਼ੇਸ਼ ਜਾਂਚ ਕੈਂਪ ਲਗਾਏ ਗਏ ਸਨ। ਇਸ ਜਾਂਚ ਦੌਰਾਨ ਜਿਨ੍ਹਾਂ ਵਿਦਿਆਰਥੀਆਂ ਦੀ ਨਜ਼ਰ ਕਮਜ਼ੋਰ ਪਾਈ ਗਈ ਸੀ, ਉਨ੍ਹਾਂ ਦੀਆਂ ਅੱਖਾਂ ਦੀ ਪੂਰੀ ਜਾਂਚ ਕਰਨ ਤੋਂ ਬਾਅਦ ਉਨ੍ਹਾਂ ਦੇ ਨੰਬਰ ਅਨੁਸਾਰ ਤਿਆਰ ਕੀਤੀਆਂ ਗਈਆਂ ਉਚ ਮਿਆਰ ਦੀਆਂ ਐਨਕਾਂ ਮੁਫ਼ਤ ਵੰਡੀਆਂ ਗਈਆਂ ਹਨ। ਕਮਜ਼ੋਰ ਨਜ਼ਰ ਕਾਰਨ ਵਿਦਿਆਰਥੀਆਂ ਨੂੰ ਕਲਾਸ ਵਿੱਚ ਬਲੈਕਬੋਰਡ ਦੇਖਣ, ਕਿਤਾਬ ਪੜ੍ਹਨ ਅਤੇ ਲਿਖਣ ਵਿੱਚ ਮੁਸ਼ਕਲ ਆ ਸਕਦੀ ਹੈ।ਇਸ ਮੌਕੇ ਮੁਫ਼ਤ ਐਨਕਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਿਹਤ ਵਿਭਾਗ ਦੀ ਟੀਮ ਵੱਲੋਂ ਐਨਕਾਂ ਦੀ ਸਹੀ ਵਰਤੋਂ ਅਤੇ ਸੰਭਾਲ ਸਬੰਧੀ ਵੀ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੂੰ ਸਮਝਾਇਆ ਗਿਆ ਕਿ ਨਜ਼ਰ ਨਾਲ ਸਬੰਧਤ ਕਿਸੇ ਵੀ ਸਮੱਸਿਆ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ ਅਤੇ ਸਮੇਂ-ਸਮੇਂ 'ਤੇ ਅੱਖਾਂ ਦੀ ਜਾਂਚ ਕਰਵਾਉਣੀ ਚਾਹੀਦੀ ਹੈ।



ਵਿਦਿਆਰਥੀਆਂ ਨੂੰ ਮੁਫ਼ਤ ਐਨਕਾਂ ਦੀ ਵੰਡ ਕੀਤੀ ਗਈ। ਇਸ ਵਿਸ਼ੇਸ਼ ਮੁਹਿੰਮ ਦਾ ਮੁੱਖ ਮਕਸਦ ਸਕੂਲੀ ਵਿਦਿਆਰਥੀਆਂ ਵਿੱਚ ਅੱਖਾਂ ਦੀਆਂ ਬਿਮਾਰੀਆਂ ਅਤੇ ਨਜ਼ਰ ਦੀ ਕਮਜ਼ੋਰੀ ਦੀ ਸਮੇਂ ਸਿਰ ਪਛਾਣ ਕਰਕੇ ਉਨ੍ਹਾਂ ਨੂੰ ਬਿਹਤਰ ਸਿੱਖਿਆ ਅਤੇ ਸਿਹਤ ਸੁਵਿਧਾਵਾਂ ਪ੍ਰਦਾਨ ਕਰਨਾ ਹੈ। ਇਸ ਪ੍ਰੋਗਰਾਮ ਸਬੰਧੀ ਜਾਣਕਾਰੀ ਦਿੰਦਿਆਂ ਆਪਥੈਲਮਿਕ ਅਫ਼ਸਰ ਸ਼੍ਰੀ ਤਰਸੇਮ ਲਾਲ ਨੇ ਦੱਸਿਆ ਕਿ ਸਿਵਲ ਸਰਜਨ ਹੁਸ਼ਿਆਰਪੁਰ ਡਾ.ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ

# ਚਿਲਡਰਨ ਸਾਇੰਸ ਕਾਂਗਰਸ ਵਰਕਸ਼ਾਪ ਕਰਵਾਈ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਟੇਟ ਕੋਆਰਡੀਨੇਟਰ ਮੈਡਮ ਮਨਦਾਕਨੀ ਦੀ ਅਗਵਾਈ ਹੇਠ 32ਵੀਂ ਨੈਸ਼ਨਲ ਚਿਲਡਰਨ ਸਾਇੰਸ ਕਾਂਗਰਸ 2026 ਦੀ ਵਰਕਸ਼ਾਪ



ਜ਼ਿਲ੍ਹਾ ਪੱਧਰ 'ਤੇ ਸਰਕਾਰੀ ਹਾਈ ਸਕੂਲ ਮੱਲੀ ਵੈਦਵਾਨ ਵਿਖੇ ਕਰਵਾਈ ਗਈ। ਇਸ ਦੇ ਦਿਸ਼ਾ-ਨਿਰਦੇਸ਼ ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਗਿਨੀ ਦੁਗਲ ਅਤੇ ਡਿਪਟੀ ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਰਿਤੂ ਬਾਲਾ ਦੀ ਅਗਵਾਈ ਹੇਠ ਜ਼ਿਲ੍ਹਾ ਕੋਆਰਡੀਨੇਟਰ ਮੈਡਮ ਨਰੇਸ਼ ਗੁਪਤਾ, ਲੈਕਚਰਾਰ ਕੈਮਿਸਟਰੀ ਐਸ ਓ ਈ ਬਨੂੜ, ਜ਼ਿਲਾ ਅਕੈਡਮਿਕ ਕੋਆਰਡੀਨੇਟਰ ਮੈਡਮ ਈਸ਼ਾ ਗਰਗ ਨੇ ਕਰਵਾਈ। ਇਸ ਵਰਕਸ਼ਾਪ ਵਿੱਚ ਰਿਸੋਰਸ ਪਰਸਨ ਦੀ ਭੂਮਿਕਾ ਮੈਡਮ ਆਕ੍ਰਿਤੀ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕਡਰੀ ਸਕੂਲ ਕੁਰੜੀ ਅਤੇ ਸਾਇੰਸ ਮਿਸਟ੍ਰੈਸ ਮੈਡਮ ਪ੍ਰਿਆ ਗਰਗ ਅਤੇ ਅੰਕਿਤਤਾ ਨੇ ਨਿਭਾਈ। ਇਸ ਪ੍ਰੋਗਰਾਮ ਵਿੱਚ 151 ਵੱਖ-ਵੱਖ ਸਕੂਲਾਂ ਦੇ ਸਾਇੰਸ ਅਧਿਆਪਕਾਂ ਨੇ ਭਾਗ ਲਿਆ। ਇਸ ਸਾਲ ਦੇ 32ਵੀਂ ਚਿਲਡਰਨ ਸਾਇੰਸ ਕਾਂਗਰਸ ਦੇ ਫੋਕਲ ਥੀਮ 'ਸਾਇੰਸ ਐਂਡ ਇਨੋਵੇਸ਼ਨ ਫੋਰ ਸਟੇਨੇਬਿਲਟੀ' ਅਧੀਨ ਪੰਜ ਸਬ ਥੀਮਾਂ ਦੀ ਵਿਸਥਾਰ ਵਿੱਚ ਜਾਣਕਾਰੀ ਮੈਡਮ ਨਰੇਸ਼ ਗੁਪਤਾ ਜ਼ਿਲਾ ਕੋਆਰਡੀਨੇਟਰ ਨੇ ਦਿੱਤੀ। ਮੁੱਢਲੀ ਜਾਣਕਾਰੀ ਰਿਸੋਰਸ ਪਰਸਨ ਮੈਡਮ ਆਕ੍ਰਿਤੀ ਸ਼ਰਮਾ ਨੇ ਦਿੱਤੀ ਅਤੇ ਪੰਜ ਸਬ ਥੀਮਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਰਿਸੋਰਸ ਪਰਸਨ ਮੈਡਮ ਪ੍ਰਿਆ ਅਤੇ ਅੰਕਿਤਾ ਨੇ ਜਾਣਕਾਰੀ ਦਿੱਤੀ। ਸਕੂਲ ਦੇ ਹੈੱਡਮਾਸਟਰ ਸੰਜੀਵ ਕੁਮਾਰ ਨੇ ਇਸ ਵਰਕਸ਼ਾਪ ਨੂੰ ਪੂਰਾ ਕਰਵਾਉਣ ਵਿੱਚ ਆਪਣਾ ਭਰਪੂਰ ਸਹਿਯੋਗ ਦਿੱਤਾ। ਜਸਵਿੰਦਰ ਸਿੰਘ, ਰਣਜੀਤ ਕੌਰ, ਨਵਨੀਤ ਕੌਰ, ਨੀਰੂ ਬਾਲਾ, ਰਾਗਨੀ, ਅਸ਼ੀਸ਼ ਸ਼ਰਮਾ ਅਤੇ ਸਮੁੱਚੀ ਟੀਮ ਵੱਲੋਂ ਉਨਾਂ ਦੇ ਸਮੂਹ ਸਟਾਫ ਅਤੇ ਹੈੱਡਮਾਸਟਰ ਸਾਹਿਬ ਦਾ ਧੰਨਵਾਦ ਕੀਤਾ ਗਿਆ।

# ਨੰਬਰਦਾਰਾਂ ਵੱਲੋਂ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ 5 ਅਕਤੂਬਰ ਨੂੰ

**ਨਕੋਦਰ (ਮਨਜੀਤ ਮਾਨ)**- ਸਰਕਾਰ ਵੱਲੋਂ ਨੰਬਰਦਾਰਾਂ ਨਾਲ ਕੀਤੇ ਵਾਅਦੇ ਪੂਰੇ ਨਾ ਕਰਨ ਤੇ ਪੰਜਾਬ ਦੇ ਨੰਬਰਦਾਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਹ ਵਿਚਾਰ ਸਰਦਾਰ ਹਰਕੰਵਲ ਸਿੰਘ ਮੁੰਧ ਸੀਨੀਅਰ ਮੀਤ ਪ੍ਰਧਾਨ ਪੰਜਾਬ ਅਤੇ ਸਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ ਨੇ ਪੱਤਰਕਾਰਾਂ ਨਾਲ ਸਾਂਝੇ ਕੀਤੇ। ਉਹਨਾਂ ਕਿਹਾ ਕਿ ਸਾਢੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਵੀ ਸਰਕਾਰ ਨੇ ਨੰਬਰਦਾਰ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ। ਉਹਨਾਂ ਆਖਿਆ ਕਿ ਆਪਣੀਆਂ ਮੰਗਾਂ ਮਨਾਉਣ ਲਈ ਪੰਜ ਅਕਤੂਬਰ ਨੂੰ ਸੰਗਰੂਰ ਵਿਖੇ ਭਗਵੰਤ ਮਾਨ ਦੀ ਕੋਠੀ ਵਿਖੇ



ਵੱਡੇ ਪੱਧਰ ਤੇ ਘੇਰਾਉ ਕਰਕੇ ਰੋਸ ਮਾਰਚ ਕੀਤਾ ਜਾਵੇਗਾ। ਇਸ ਲਈ ਜਲੰਧਰ ਜ਼ਿਲ੍ਹੇ ਦੀਆਂ ਸਾਰੀਆਂ ਤਹਿਸੀਲਾਂ ਵਿੱਚ ਮੀਟਿੰਗ ਕਰਕੇ ਤਹਿਸੀਲ ਪ੍ਰਧਾਨਾਂ ਦੀਆਂ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ ਤਾਂ ਜੋ ਇਸ ਰੋਸ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਇਆ ਜਾ ਸਕੇ। ਇਸ ਸਬੰਧੀ ਨੰਬਰਦਾਰ ਯੂਨੀਅਨ ਤਹਿਸੀਲ ਨਕੋਦਰ ਦੀ ਇੱਕ ਵਿਸ਼ਾਲ ਮੀਟਿੰਗ 18 ਸਤੰਬਰ ਦਿਨ ਸ਼ੁਕਰਵਾਰ ਨੂੰ ਯੂਨੀਅਨ ਦੇ ਮੁੱਖ ਦਫ਼ਤਰ ਵਿਖੇ ਬੁਲਾਈ ਗਈ ਹੈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਲੋਹੀਆਂ ਸ਼ਾਹਕੋਟ ਅਤੇ ਮਹਿਤਪੁਰ ਦੇ ਨੰਬਰਦਾਰਾਂ ਨੂੰ ਵੀ ਅਪੀਲ ਕੀਤੀ ਗਈ ਹੈ ਕਿ ਉਹ ਵੀ ਜ਼ਰੂਰ ਪਹੁੰਚਣ ਤਾਂ ਜੋ ਪੰਜ ਅਕਤੂਬਰ ਦੀ ਰੈਲੀ ਕਾਮਯਾਬ ਕਰਨ ਲਈ ਵਿਚਾਰ ਵਟਾਂਦਰਾ ਕੀਤਾ ਜਾ ਸਕੇ। ਇਸ ਮੌਕੇ ਰਾਜ ਕੁਮਾਰ ਮਹਿਮੀ ਜ਼ਿਲ੍ਹਾ ਜਨਰਲ ਸਕੱਤਰ ਜਸਵਿੰਦਰ ਹਰਿਹਾਣੀ, ਰਤਨ ਰਾਏ ਨਕੋਦਰ, ਗੁਰਸਿਮਰ ਸਿੰਘ ਕੈਂਥ, ਵਿਨੋਦ ਕੁਮਾਰ ਨਕੋਦਰ, ਬਲਜੀਤ ਸਿੰਘ ਸਿੱਤਰਾ, ਸੁਖਦੇਵ ਸਿੰਘ ਦਰਗਾਹਾਬਾਦ, ਜੁਗਰਾਜ ਸਿੰਘ ਮੀਰਾਪੁਰ ਆਦਿ ਆਗੂ ਹਾਜ਼ਰ ਸਨ।

## ਪ੍ਰਕਾਸ਼ ਪੁਰਬ ਸਮਾਗਮਾਂ ਨੂੰ ਵੱਡੇ ਪੱਧਰ 'ਤੇ ਮਨਾ ਰਹੀ ਪੰਜਾਬ ਸਰਕਾਰ : ਇੰਦਰਜੀਤ ਕੌਰ

**ਜਲੰਧਰ (ਸੁਰਿੰਦਰ ਕੁਮਾਰ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਨਕੋਦਰ ਵਿਖੇ ਗੁਰੂ ਜੀ ਦੇ ਜੀਵਨ, ਫਲਸਫੇ ਅਤੇ ਸਿੱਖਿਆਵਾਂ 'ਤੇ ਆਧਾਰਿਤ ਡ੍ਰੋਨ ਸ਼ੋਅ ਕਰਵਾਇਆ ਗਿਆ। ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ ਨਵੀਂ ਅਨਾਜ ਮੰਡੀ ਵਿਖੇ ਕਰਵਾਏ ਗਏ ਡ੍ਰੋਨ ਸ਼ੋਅ ਦੌਰਾਨ



ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਅਤੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਵੱਲੋਂ ਸ਼ਿਰਕਤ ਕੀਤੀ ਗਈ। ਡ੍ਰੋਨ ਸ਼ੋਅ ਵਿੱਚ ਸ਼ਾਮਲ ਵੱਡੀ ਗਿਣਤੀ ਸੰਗਤ ਨੂੰ ਆਧੁਨਿਕ ਤਕਨੀਕ, ਅਧਿਆਤਮਕਤਾ ਅਤੇ ਬਿਰਤਾਂਤ ਵਰਣਨ ਦਾ ਸ਼ਾਨਦਾਰ ਸੁਮੇਲ ਦੇਖਣ ਨੂੰ ਮਿਲਿਆ। ਸ਼ੋਅ ਦੌਰਾਨ 500 ਡ੍ਰੋਨਾਂ ਰਾਹੀਂ ਆਸਮਾਨ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਅਤੇ ਉਨ੍ਹਾਂ ਦੇ ਸਮਾਜਿਕ ਬਰਾਬਰੀ, ਦਇਆ, ਸਮਾਜਿਕ ਨਿਆਂ, ਮਨੁੱਖਤਾ ਅਤੇ ਆਪਸੀ ਸਾਂਝ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 650ਵਾਂ ਪ੍ਰਕਾਸ਼ ਪੁਰਬ ਮਨਾਉਣ ਲਈ ਵੱਡੇ ਪੱਧਰ 'ਤੇ ਸਮਾਗਮ ਕਰਵਾਏ ਜਾ ਰਹੇ ਹਨ।

# ਵਿਸ਼ਵ ਫਿਜ਼ਿਓਥੈਰੇਪੀ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- ਆਧੁਨਿਕ ਸਿਹਤ ਸੇਵਾਵਾਂ ਵਿੱਚ ਫਿਜ਼ਿਓਥੈਰੇਪੀ ਦੀ ਵੱਧ ਰਹੀ ਮਹੱਤਤਾ, ਦਰਦ ਤੋਂ ਰਾਹਤ, ਬਿਹਤਰ ਗਤੀਸ਼ੀਲਤਾ ਅਤੇ ਸਿਹਤਮੰਦ ਜੀਵਨਸ਼ੈਲੀ



ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਸੀ ਟੀ ਇੰਸਟੀਚਿਊਟ ਆਫ਼ ਹਾਇਰ ਸਟਡੀਜ਼, ਸ਼ਾਹਪੁਰ ਕੈਂਪਸ, ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵੱਲੋਂ ਵਿਸ਼ਵ ਫਿਜ਼ਿਓਥੈਰੇਪੀ ਦਿਵਸ 2026 ਮਨਾਇਆ ਗਿਆ। ਇਸ ਮੌਕੇ ਹੱਡੀਆਂ ਅਤੇ ਜੋੜਾਂ ਦੇ ਇਲਾਜ, ਪੋਸ਼ਣ ਅਤੇ ਰੀੜ੍ਹ ਦੀ ਹੱਡੀ ਦੇ ਪੁਨਰਵਾਸ ਖੇਤਰ ਦੇ ਮਾਹਿਰਾਂ ਵੱਲੋਂ ਵਿਦਿਆਰਥੀਆਂ ਨਾਲ ਆਪਣੇ ਤਜਰਬੇ ਸਾਂਝੇ ਕੀਤੇ ਗਏ। ਇਸ ਦੇ ਨਾਲ ਆਧੁਨਿਕ ਪੁਨਰਵਾਸ ਤਕਨਾਲੋਜੀ ਦਾ ਲਾਈਵ ਪ੍ਰਦਰਸ਼ਨ ਵੀ ਕਰਵਾਇਆ ਗਿਆ।ਪ੍ਰੋਗਰਾਮ ਦੌਰਾਨ ਡਾ. ਨਿਤਿਸ਼ ਕਪਿਲ, ਮਾਹਿਰ ਆਰਥੋਪੀਡਿਕਸ ਫੋਰਟਿਸ ਹਸਪਤਾਲ ਜਲੰਧਰ ਨੇ ਦਰਦ ਤੋਂ ਬਿਨਾਂ ਗਤੀਸ਼ੀਲਤਾ: ਆਧੁਨਿਕ ਆਰਥੋਪੀਡਿਕ ਤਰੀਕਿਆਂ ਰਾਹੀਂ ਗਤੀ, ਕਾਰਜਸ਼ੀਲਤਾ ਅਤੇ ਸਿਹਤਯਾਬੀ ਵਿਸ਼ੇ 'ਤੇ ਵਿਚਾਰ ਸਾਂਝੇ ਕਰਦਿਆਂ ਦਰਦ ਰਹਿਤ ਗਤੀਸ਼ੀਲਤਾ, ਕਾਰਜਸ਼ੀਲਤਾ ਅਤੇ ਆਧੁਨਿਕ ਆਰਥੋਪੀਡਿਕ ਇਲਾਜ ਪੱਧਤੀਆਂ ਬਾਰੇ ਜਾਣਕਾਰੀ ਦਿੱਤੀ।ਡਾਇਟੀਸ਼ੀਅਨ ਸਾਕਸ਼ੀ, ਮੁਖੀ, ਪੋਸ਼ਣ ਅਤੇ ਖੁਰਾਕ ਵਿਗਿਆਨ ਵਿਭਾਗ, ਫੋਰਟਿਸ ਹਸਪਤਾਲ ਨੇ ਆਪਣੇ ਸਰੀਰ ਨੂੰ ਪੋਸ਼ਣ ਦਿਓ, ਆਪਣੀ ਸਿਹਤ ਬਣਾਓ ਵਿਸ਼ੇ ਰਾਹੀਂ ਹੱਡੀਆਂ ਅਤੇ ਮਾਸਪੇਸ਼ੀਆਂ ਦੀ ਸਿਹਤ, ਸਿਹਤਯਾਬੀ ਅਤੇ ਸਮੁੱਚੀ ਤੰਦਰੁਸਤੀ ਵਿੱਚ ਸੰਤੁਲਿਤ ਪੋਸ਼ਣ ਦੀ ਭੂਮਿਕਾ ਬਾਰੇ ਦੱਸਿਆ। ਇਸੇ ਤਰ੍ਹਾਂ ਗੁਰਵਿੰਦਰ, ਸੰਸਥਾਪਕ, ਗੁਰਜੋਤ ਸਪਾਈਨਲ ਰਿਹੈਬ ਸੈਂਟਰ ਨੇ ਰੀੜ੍ਹ ਦੀ ਹੱਡੀ ਦੇ ਪੁਨਰਵਾਸ ਅਤੇ ਸਿਹਤਯਾਬੀ ਨਾਲ ਸਬੰਧਤ ਅਹਿਮ ਪੱਖਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਇਸ ਪ੍ਰੋਗਰਾਮ ਨੇ ਵਿਦਿਆਰਥੀਆਂ ਨੂੰ ਮਰੀਜ਼ਾਂ ਦੀ ਬਿਹਤਰ ਦੇਖਭਾਲ ਲਈ ਆਰਥੋਪੀਡਿਕਸ, ਪੋਸ਼ਣ, ਪੁਨਰਵਾਸ ਅਤੇ ਤਕਨਾਲੋਜੀ ਦੇ ਸਾਂਝੇ ਉਪਯੋਗ ਦੀ ਮਹੱਤਤਾ ਨੂੰ ਸਮਝਣ ਵਿੱਚ ਵੀ ਸਹਾਇਤਾ ਕੀਤੀ।ਪ੍ਰੋਗਰਾਮ ਦੀ ਸ਼ੁਰੂਆਤ ਹਰਿਆਵਲੀ ਸਵਾਗਤ ਅਤੇ ਰਵਾਇਤੀ ਦੀਪ ਪ੍ਰਜਵਲਨ ਸਮਾਰੋਹ ਨਾਲ ਹੋਈ। ਇਸ ਮੌਕੇ ਡਾ. ਜਯਾਸ਼ੀਸ਼ ਸੇਠੀ, ਕੈਂਪਸ ਨਿਰਦੇਸ਼ਕ, ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਸ਼ਾਹਪੁਰ ਕੈਂਪਸ; ਡਾ. ਸੀਮਾ ਅਰੋੜਾ, ਪ੍ਰਿੰਸੀਪਲ, ਸੀ ਟੀ ਇੰਸਟੀਚਿਊਟ ਆਫ਼ ਹਾਇਰ ਸਟਡੀਜ਼ ਅਤੇ ਡਾ. ਅਰੁਣ, ਮੁਖੀ, ਫਿਜ਼ਿਓਥੈਰੇਪੀ ਵਿਭਾਗ, ਸਮੇਤ ਫੈਕਲਟੀ ਮੈਂਬਰ ਮੌਜੂਦ ਰਹੇ।

# ਲਾਇਨਜ਼ ਕਲੱਬ ਵੱਲੋਂ ਤਾਜਪੋਸ਼ੀ ਸਮਾਗਮ

**ਬੰਗਾ (ਅਵਤਾਰ ਕਲੇਰ)**- ਲਾਇੰਨਜ਼ ਕਲੱਬ ਬੰਗਾ ਸਿਮਰਨ ਸੈਵਨ ਸਟਾਰ ਵੱਲੋ ਕਲੱਬ ਐਡਮਿਨਿਸਟਰ ਧੀਰਜ ਕੁਮਾਰ ਮੱਕੜ ਯੂ ਐਸ ਏ ਦੇ ਦਿਸ਼ਾ ਨਿਰਦੇਸ਼ ਤੇ ਪ੍ਰਧਾਨ



ਵਨੀਤਾ ਕੁਮਾਰੀ ਦੀ ਅਗਵਾਈ ਹੇਠ ਲਾਇੰਨਜ਼ ਕਲੱਬ ਬੰਗਾ ਸਿਮਰਨ ਵੱਲੋ ਬੰਗਾ ਵਿਖੇ ਲਾਇੰਨਜ਼ ਕਲੱਬ ਬੰਗਾ ਸਿਮਰਨ ਦੇ ਪ੍ਰਧਾਨ ਡਾ. ਵਨੀਤਾ ਕੁਮਾਰੀ ਤੇ ਲਾਇੰਨਜ਼ ਕਲੱਬ ਲੀਓ ਗੁਰਸਿਮਰਨ ਦੇ ਪ੍ਰਧਾਨ ਲੀਓ ਅਹਿਮ ਦੀ ਤਾਜਪੋਸ਼ੀ ਸਬੰਧੀ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਇਸ ਤਾਜਪੋਸ਼ੀ ਸਮਾਗਮ ਵਿੱਚ ਲਾਇੰਨਜ਼ ਕਲੱਬ ਬੰਗਾ ਸਿਮਰਨ ਦੇ ਪ੍ਰਧਾਨ ਵਨੀਤਾ ਕੁਮਾਰੀ ਤੇ ਲੀਓ ਕਲੱਬ ਬੰਗਾ ਗੁਰਸਿਮਰਨ ਦੇ ਪ੍ਰਧਾਨ ਲੀਓ ਅਹਿਮ ਦੀ ਤਾਜਪੋਸ਼ੀ ਕੀਤੀ ਗਈ। ਤਾਜਪੋਸ਼ੀ ਸਮਾਗਮ ਵਿੱਚ ਹਲਕਾ ਵਿਧਾਇਕ ਬੰਗਾ ਡਾ ਸੁਖਵਿੰਦਰ ਕੁਮਾਰ ਸੁੱਖੀ, ਸੰਗਠਨ ਇੰਚਾਰਜ ਪਵਨਜੀਤ ਸਿੱਧੂ ਵਿਸ਼ੇਸ਼ ਤੌਰ ਤੇ ਪਹੁੰਚੇ ਉਹਨਾਂ ਤੋਂ ਇਲਾਵਾ ਸਟਾਰ ਗੈਸਟ ਦੇ ਤੌਰ ਤੇ ਪਾਲ ਸਿੰਘ ਬੰਗਾ ਪਹੁੰਚੇ। ਉਨ੍ਹਾਂ ਨਾਲ ਪਾਸਟ ਗਵਰਨਰ ਪਰਮਜੀਤ ਸਿੰਘ ਚਾਵਲਾ, ਐਸਪੀ ਸੋਧੀ, ਸਵਰਨ ਸਿੰਘ ਖਾਲਸਾ, ਹਰੀਸ਼ ਬੰਗਾ, ਸ਼ਿਵ ਸੇਖੜੀ, ਗੁਰਦੀਪ ਸਿੰਘ ਮੱਕੜ, ਸਤੀਸ਼ ਮਹਿੰਦਰੂ, ਵਿਨੋਦ ਮਹਾਜਨ, ਰਜਨੀ ਬੰਗਾ, ਰੀਜਨ ਚੇਅਰਮੈਨ ਸੰਜੀਵ ਸੂਰੀ, ਜੋਨ ਚੇਅਰਪਰਸਨ ਮੀਨੂੰ ਭੁੱਟਾ,ਜੋਨ ਚੇਅਰਮੇਨ ਰਾਜੀਵ ਕੁਮਾਰ ਸ਼ਰਮਾ,ਜੋਨ ਚੇਅਰਮੇਨ ਜਸਪਾਲ ਸਿੰਘ,ਰੀਜਨ ਚੇਅਰਮੈਨ ਪਠਾਨਕੋਟ ਰਾਕੇਸ਼ ਸ਼ਰਮਾ, ਅਮਿਤ ਸ਼ਰਮਾ, ਗੁਰਦੀਪ ਕੰਗ, ਕੁਲਵਿੰਦਰ ਸਿੱਧੂ, ਚਰਨਜੀਤ ਲਾਇਲਪੁਰ ਨੇ ਸ਼ਿਰਕਤ ਕੀਤੀ। ਤਾਜਪੋਸ਼ੀ ਸਮਾਗਮ ਵਿੱਚ ਲਾਇੰਨਜ਼ ਕਲੱਬ ਬੰਗਾ ਸਿਟੀ ਸਮਾਈਲ,ਬੰਗਾ ਨਿਸ਼ਚੇ, ਮੁਕੰਦਪੁਰ ਕਲੱਬ, ਨਵਾਂਸ਼ਹਿਰ ਗੋਲਡ ਬੰਦਗੀ,ਗੜਸ਼ੰਕਰ ਸਟਾਰ,ਆਨੰਦਪੁਰ ਸਾਹਿਬ ਕਲੱਬਾ ਦੇ ਅਹੁਦੇਦਾਰ ਪਹੁੰਚੇ 9 ਵੱਖ-ਵੱਖ ਬੁਲਾਰਿਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਲਾਇੰਨਜ਼ ਕਲੱਬ ਬੰਗਾ ਸਿਮਰਨ ਨੇ ਥੋੜੇ ਹੀ ਸਮੇਂ ਅੰਦਰ ਡਿਸਟਰਿਕਟ 321 ਡੀ ਅੰਦਰ ਆਪਣੀ ਵੱਖਰੀ ਪਛਾਣ ਬਣਾ ਲਈ ਹੈ। ਲਾਇੰਨਜ਼ ਕਲੱਬ ਬੰਗਾ ਸਿਮਰਨ ਦੇ ਸਾਰੇ ਅਹੁਦੇਦਾਰਾਂ ਵੱਲੋਂ ਆਏ ਹੋਏ ਮੁੱਖ ਮਹਿਮਾਨਾਂ ਦੀ ਹਾਜ਼ਰੀ ਵਿੱਚ ਸਾਰੇ ਪਹੁੰਚੇ ਕਲੱਬਾਂ ਦੇ ਅਹੁਦੇਦਾਰਾਂ ਮੁੱਖ ਮਹਿਮਾਨਾਂ ਤੇ ਪੱਤਰਕਾਰਾ ਦਾ ਵਿਸ਼ੇਸ ਸਨਮਾਨ ਕੀਤਾ ਗਿਆ।

ਸਮਾਗਮ ਦੌਰਾਨ ਕਲੱਬ ਦੇ ਐਡਮਨਿਸਟਰ ਧੀਰਜ ਕੁਮਾਰ ਮੱਕੜ ਯੂ ਐਸ ਏ ਵੱਲੋਂ ਵੀ ਸਮਾਜ ਸੇਵੀ ਕਾਰਜਾਂ ਦੀ ਸੇਵਾ ਲਈ ਆਨਲਾਈਨ ਸਹੁੰ ਚੁੱਕੀ ਗਈ। ਇਸ ਮੌਕੇ ਮੀਨੂੰ ਭੁੱਟਾ, ਡਾ.ਵਨੀਤਾ ਕੁਮਾਰੀ, ਡਾ.ਗੁਰਮੀਤ ਸਿੰਘ , ਸੁਖਜਿੰਦਰ ਸਿੰਘ, ਰੋਹਿਤ ਚੋਪੜਾ, ਪਰਮਜੀਤ ਕੌਰ, ਪ੍ਰਿਆ ਚੋਪੜਾ, ਵਿਕਾਸ ਚੋਪੜਾ, ਹਰਨੇਕ ਸਿੰਘ ਦੁਸਾਂਝ, ਹਰਮਨ ਮਾਨ, ਨਿੱਧੀ ਕਪੂਰ, ਪ੍ਰਿਯੰਕਾ ਕਲਸੀ, ਸੰਦੀਪ ਕੁਮਾਰ, ਆਰਤੀ ਚੋਪੜਾ ਆਦਿ ਹਾਜ਼ਰ ਸਨ।

# ਆਸ਼ਾ ਵਰਕਰਾਂ ਵੱਲੋਂ ਰੋਸ ਰੈਲੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੂਬਾ ਕਮੇਟੀ ਦੇ ਸੱਦੇ 'ਤੇ ਆਸ਼ਾ ਵਰਕਰ ਤੇ ਫੈਸਿਲੀਟੇਟਰ ਯੂਨੀਅਨ ਹਾਜੀਪੁਰ ਵੱਲੋਂ 8 ਸਤੰਬਰ ਤੋਂ 18 ਸਤੰਬਰ ਤੱਕ ਸਰਕਾਰੀ ਕੰਮਾਂ ਦਾ ਮੁਕੰਮਲ ਬਾਈਕਾਟ ਕਰ ਦਿੱਤਾ ਗਿਆ ਹੈ। ਇਸ ਸਬੰਧ ਵਿੱਚ ਯੂਨੀਅਨ ਦੀ ਪ੍ਰਧਾਨ ਸੁਸ਼ਮਾ ਦੇਵੀ ਦੀ ਅਗਵਾਈ ਹੇਠ ਹਾਜੀਪੁਰ ਹਸਪਤਾਲ ਵਿਖੇ ਰੋਸ ਰੈਲੀ ਕੀਤੀ ਗਈ। ਰੈਲੀ ਵਿੱਚ ਵੱਡੀ ਗਿਣਤੀ ਵਿੱਚ ਆਸ਼ਾ ਵਰਕਰਾਂ ਨੇ ਸ਼ਮੂਲੀਅਤ ਕੀਤੀ। ਰੈਲੀ ਨੂੰ ਸੰਬੋਧਨ ਕਰਦਿਆਂ ਸੰਜੋਗਤਾ ਦੇਵੀ, ਮੀਰਾ ਦੇਵੀ ਤੇ ਸੁਨੀਤਾ ਰਾਣੀ ਨੇ ਕਿਹਾ ਕਿ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਆਸ਼ਾ ਵਰਕਰਾਂ ਨਾਲ ਘੱਟੋ-ਘੱਟ ਉਜਰਤ ਲਾਗੂ ਕਰਨ ਦਾ ਵਾਅਦਾ ਕੀਤਾ ਸੀ, ਪਰ ਸਰਕਾਰ ਬਣੇ ਨੂੰ ਚਾਰ ਸਾਲ ਹੋਣ ਦੇ ਬਾਵਜੂਦ ਅਜੇ ਤੱਕ ਕੋਈ ਵੀ ਮੰਗ ਪੂਰੀ ਨਹੀਂ ਕੀਤੀ ਗਈ। ਉਲਟਾ ਪਿਛਲੇ ਤਿੰਨ ਮਹੀਨਿਆਂ ਤੋਂ ਤਨਖਾਹਾਂ ਰੋਕ ਲਈਆਂ ਗਈਆਂ ਹਨ, ਜਿਸ ਨਾਲ ਇਸ ਮਹਿੰਗਾਈ ਦੇ ਦੌਰ ਵਿੱਚ ਗੁਜ਼ਾਰਾ ਕਰਨਾ ਔਖਾ ਹੋ ਗਿਆ ਹੈ। ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਰੁਕੀਆਂ ਹੋਈਆਂ ਤਨਖਾਹਾਂ ਤੁਰੰਤ ਜਾਰੀ ਕੀਤੀਆਂ ਜਾਣ ਅਤੇ ਘੱਟੋ-ਘੱਟ ਉਜਰਤ ਲਾਗੂ ਕਰਕੇ ਸਾਰੀਆਂ ਮੰਗਾਂ ਪੂਰੀਆਂ ਕੀਤੀਆਂ ਜਾਣ। ਇਸ ਮੌਕੇ ਐੱਸ ਐੱਮ ਓ ਡਾ. ਰਜਿੰਦਰ ਕੌਰ ਰਾਹੀਂ ਸੀ ਐੱਮ ਓ ਹੁਸ਼ਿਆਰਪੁਰ ਨੂੰ ਮੰਗ-ਪੱਤਰ ਵੀ ਭੇਜਿਆ ਗਿਆ।



# ਐੱਨ ਸੀ ਸੀ ਕੈਡਿਟਾਂ ਨੇ 'ਜੀਵਨ ਸ਼ੈਲੀ ਦਿਵਸ' 'ਤੇ ਗਤੀਵਿਧੀ ਕਰਵਾਈ




**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਐੱਨ ਸੀ ਸੀ ਇਕਾਈ ਵੱਲੋਂ 'ਚੰਗਾ ਖਾਓ, ਚੰਗਾ ਜੀਵਨ ਜੀਓ' ਥੀਮ ਹੇਠ ਇੱਕ 'ਜੀਵਨ ਸ਼ੈਲੀ ਦਿਵਸ' ਗਤੀਵਿਧੀ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਐੱਨ ਸੀ ਸੀ ਕੈਡੇਟਾਂ ਵਿੱਚ ਸਿਹਤਮੰਦ ਪੋਸ਼ਣ, ਸਰੀਰਕ ਫਿਟਨੈਸ ਅਤੇ ਸਰਗਰਮ ਜੀਵਨ ਸ਼ੈਲੀ ਦੇ ਮਹੱਤਵ ਬਾਰੇ ਜਾਗਰੂਕਤਾ ਫੈਲਾਉਣਾ ਸੀ।ਇਸ ਗਤੀਵਿਧੀ ਵਿੱਚ ਲਗਭਗ 100 ਐਨ ਸੀ ਸੀ ਕੈਡੇਟਾਂ ਨੇ ਉਤਸ਼ਾਹਪੂਰਵਕ ਭਾਗ ਲਿਆ। ਕੈਡੇਟਾਂ ਨੂੰ ਸੰਤੁਲਿਤ ਖੁਰਾਕ, ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ, ਨਿਯਮਤ ਕਸਰਤ, ਖੇਡਾਂ, ਪੂਰੀ ਮਾਤਰਾ ਵਿੱਚ ਪਾਣੀ ਪੀਣ ਅਤੇ ਯੋਗ ਆਰਾਮ ਦੇ ਮਹੱਤਵ ਬਾਰੇ ਜਾਗਰੂਕ ਕੀਤਾ ਗਿਆ। ਕੈਡੇਟਾਂ ਨੂੰ ਆਪਣੀ ਰੋਜ਼ਾਨਾ ਰੁਟੀਨ ਵਿੱਚ ਫਿਟਨੈਸ ਨੂੰ ਸ਼ਾਮਲ ਕਰਨ ਲਈ ਪ੍ਰੇਰਿਤ ਕਰਨ ਵਾਸਤੇ ਵੱਖ-ਵੱਖ ਖੇਡ ਉਪਕਰਨਾਂ ਅਤੇ ਸਰੀਰਕ ਗਤੀਵਿਧੀਆਂ ਦੀ ਵਰਤੋਂ ਕੀਤੀ ਗਈ।ਪ੍ਰੋਗਰਾਮ ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਸਿਹਤਮੰਦ ਸਰੀਰ, ਅਰੋਗ ਮਨ ਅਤੇ ਅਨੁਸ਼ਾਸਿਤ ਜੀਵਨ ਸ਼ੈਲੀ ਨੂੰ ਬਣਾਏ ਰੱਖਣ ਲਈ ਪੋਸ਼ਟਿਕ ਭੋਜਨ ਅਤੇ ਨਿਯਮਤ ਸਰੀਰਕ ਗਤੀਵਿਧੀਆਂ ਬਹੁਤ ਜ਼ਰੂਰੀ ਹਨ। ਕੈਡੇਟਾਂ ਨੇ ਸਿਹਤਮੰਦ ਆਦਤਾਂ ਅਪਣਾਉਣ ਅਤੇ ਹੋਰਨਾਂ ਨੂੰ ਵੀ 'ਚੰਗਾ ਖਾਓ, ਚੰਗਾ ਜੀਵਨ ਜੀਓ' ਦਾ ਸੰਦੇਸ਼ ਅਪਣਾਉਣ ਲਈ ਪ੍ਰੇਰਿਤ ਕਰਨ ਦਾ ਪ੍ਰਣ ਲਿਆ।ਇਹ ਗਤੀਵਿਧੀ ਐੱਨ ਸੀ ਸੀ ਸੀ ਟੀ ਓ.ਡਾ. ਮੋਹਨ ਲਾਲ ਦੀ ਦੇਖ ਰੇਖ ਹੇਠ ਕਰਵਾਈ ਗਈ। ਪ੍ਰੋਗਰਾਮ ਦੀ ਸਮਾਪਤੀ ਕੈਡੇਟਾਂ ਨੂੰ ਫਿਟਨੈਸ ਅਤੇ ਸਿਹਤਮੰਦ ਜੀਵਨ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਅਟੁੱਟ ਹਿੱਸਾ ਬਣਾਉਣ ਦੇ ਸੱਦੇ ਨਾਲ ਹੋਈ।

# ਐਡਵੋਕੇਟ ਸੁਖਬੀਰ ਸਿੰਘ ਨੂੰ ਹਲਕਾ ਹੁਸ਼ਿਆਰਪੁਰ ਲੀਗਲ ਵਿੰਗ ਦੀ ਕਮਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸ਼੍ਰੋਮਣੀ ਅਕਾਲੀ ਦਲ ਹਲਕਾ ਹੁਸ਼ਿਆਰਪੁਰ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਪਾਰਟੀ ਦੇ ਕੰਮਕਾਜ ਨੂੰ ਨਵੀਂ ਗਤੀ ਦੇਣ ਲਈ ਹਲਕਾ ਇੰਚਾਰਜ ਅਤੇ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਸ਼ਹਿਰੀ ਸੰਜੀਵ ਤਲਵਾੜ ਵੱਲੋਂ ਅਹਿਮ ਨਿਯੁਕਤੀ ਕਰਦਿਆਂ ਐਡਵੋਕੇਟ ਸੁਖਬੀਰ ਸਿੰਘ ਨੂੰ ਹਲਕਾ ਹੁਸ਼ਿਆਰਪੁਰ ਲੀਗਲ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਐਡਵੋਕੇਟ ਸੁਖਬੀਰ ਸਿੰਘ ਦੀ ਪਾਰਟੀ ਪ੍ਰਤੀ ਲਗਨ, ਮਿਹਨਤ ਅਤੇ ਸਮਰਪਣ ਨੂੰ ਦੇਖਦਿਆਂ ਉਨ੍ਹਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ਨਿਯੁਕਤੀ ਮੌਕੇ ਸੰਜੀਵ ਤਲਵਾੜ ਨੇ ਕਿਹਾ ਕਿ ਪਾਰਟੀ ਨੂੰ ਮਜ਼ਬੂਤ ਕਰਨ ਵਿੱਚ ਮਿਹਨਤੀ ਅਤੇ ਸਮਰਪਿਤ ਆਗੂਆਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ।ਸੰਜੀਵ ਤਲਵਾੜ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਲਕਾ ਹੁਸ਼ਿਆਰਪੁਰ ਵਿੱਚ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕਰ ਰਿਹਾ ਹੈ। ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਐਡਵੋਕੇਟ ਸੁਖਬੀਰ ਸਿੰਘ ਨੇ ਸੰਜੀਵ ਤਲਵਾੜ ਅਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਤਨਦੇਹੀ ਅਤੇ ਸਮਰਪਣ ਨਾਲ ਨਿਭਾਉਣਗੇ।



# ਸਾਲਾਨਾ ਛਿੰਝ ਮੇਲਾ ਕਰਵਾਇਆ

**ਮਾਹਿਲਪੁਰ (ਸ.ਫਰੀ)**- ਜ਼ਿਲ੍ਹਾ ਹੁਸ਼ਿਆਰਪੁਰ ਅਧੀਨ ਪੈਂਦੇ ਪਿੰਡ ਭੂੰਨੋ ਛਿੰਝ ਕਮੇਟੀ ਵੱਲੋਂ ਬਾਬਾ ਚਰਨਜੀਤ ਸਿੰਘ ਦੀ ਅਗਵਾਈ ਵਿੱਚ ਪਿੰਡ ਵਾਸੀਆਂ ਅਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਗੁੱਗਾ ਜਾਹਿਰ ਪੀਰ ਦੀ ਯਾਦ ਨੂੰ ਸਮਰਪਿਤ ਸਾਲਾਨਾ ਛਿੰਝ ਮੇਲਾ ਕਰਵਾਇਆ ਗਿਆ ਜਿਸ ਵਿੱਚ 150 ਦੇ ਕਰੀਬ ਨਾਮਵਰ ਪਹਿਲਵਾਨਾਂ ਨੇ ਹਿੱਸਾ ਲਿਆ। ਇਸ ਮੌਕੇ ਵਿਧਾਇਕ ਡਾਕਟਰ ਇਸ਼ਾਂਕ ਕੁਮਾਰ ਚੱਬੇਵਾਲ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਉਹਨਾਂ ਕਿਹਾ ਕਿ ਖੇਡ ਮੇਲਿਆਂ ਨਾਲ ਜਿੱਥੇ ਆਪਸੀ ਭਾਈਚਾਰਕ ਸਾਂਝ ਵੱਧਦੀ ਹੈ ਉੱਥੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੁਨੇਹਾ ਵੀ ਦਿੱਤਾ ਜਾਂਦਾ ਹੈ। ਇਸ ਮੌਕੇ ਵੱਡੀ ਰੁਮਾਲੀ ਦੀ ਕੁਸ਼ਤੀ ਦਾ ਮੁਕਾਬਲਾ ਮੋਨੂ ਦਿੱਲੀ ਅਤੇ ਪੁਸ਼ਪਿੰਦਰ ਆਲਮਗੀਰ ਵਿਚਕਾਰ ਹੋਇਆ ਜਿਸ ਵਿੱਚ ਦੋਨੋਂ ਪਹਿਲਵਾਨ ਨਿਰਧਾਰਤ ਸਮੇਂ ਵਿੱਚ ਇੱਕ ਦੂਸਰੇ ਨੂੰ ਹਰਾਉਣ ਵਿੱਚ ਕਾਮਯਾਬ ਨਹੀਂ ਹੋ ਸਕੇ ਅਖੀਰ ਕਮੇਟੀ ਦੇ ਫੈਸਲੇ ਮੁਤਾਬਕ ਮੋਨੂ ਦਿੱਲੀ ਨੇ ਪੁਸ਼ਪਿੰਦਰ ਆਲਮਗੀਰ ਨੂੰ ਪੁਆਇੰਟ ਦੇ ਅਧਾਰ ਤੇ ਹਰਾ ਕੇ ਬੁਲਟ ਮੋਟਰਸਾਈਕਲ ਤੇ ਕਬਜ਼ਾ ਕੀਤਾ। ਦੂਜੇ ਨੰਬਰ ਦੀ 51000 ਰੁਪਏ ਇਨਾਮ ਦੀ ਕੁਸ਼ਤੀ ਦਾ ਮੁਕਾਬਲਾ ਪੰਮਾ ਡੇਰਾ ਬਾਬਾ ਨਾਨਕ ਗਨੀ ਚੱਬੇਵਾਲ ਵਿਚਕਾਰ ਹੋਇਆ ਜਿਸ ਵਿੱਚ ਦੋਨੋਂ ਪਹਿਲਵਾਨ ਇੱਕ ਦੂਜੇ ਨੂੰ ਹਰਾਉਣ ਵਿੱਚ ਸਫਲ ਨਹੀਂ ਹੋ ਸਕੇ ਅਖੀਰ ਕਮੇਟੀ ਵੱਲੋਂ ਇਸ ਮੁਕਾਬਲੇ ਨੂੰ ਬਰਾਬਰ ਕਰਾਰ ਦਿੱਤਾ ਗਿਆ। ਤੀਸਰੇ ਨੰਬਰ ਦੀ ਕੁਸ਼ਤੀ ਮੁਕਾਬਲਾ ਚੱਬੇਵਾਲ ਅਤੇ ਸਨੀ ਰਾਮੇਵਾਲ ਵਿਚਕਾਰ ਹੋਇਆ ਜਿਸ ਵਿੱਚ



ਪਹਿਲਵਾਨ ਰਜਾਕ ਚੱਬੇਵਾਲ ਨੇ ਪੁਆਇੰਟ ਦੇ ਅਧਾਰ ਤੇ ਜਿੱਤ ਪ੍ਰਾਪਤ ਕੀਤੀ। ਇਸ ਮੌਕੇ ਸਰਪੰਚ ਦਲਜੀਤ ਸਿੰਘ, ਕੈਪਟਨ ਰੇਸ਼ਮ ਚੰਦ, ਨੰਬਰਦਾਰ ਕਰਨੈਲ ਸਿੰਘ, ਨੰਬਰਦਾਰ ਪਰਮਜੀਤ ਸਿੰਘ, ਦਰਸ਼ਨ ਸਿੰਘ ਸਾਬਕਾ ਸਰਪੰਚ, ਰਵਿੰਦਰ ਸਿੰਘ ਪੰਚ ਹਰਜਿੰਦਰ ਪਾਲ ਪੰਚ ਮਹਿੰਦਰ ਸਿੰਘ ਪੰਚ ਬਲਵਿੰਦਰ ਕੌਰ ਪੰਚ, ਨੀਤੂ ਬਾਲਾ ਪੰਚ, ਰਾਜ ਰਾਣੀ ਪੰਚ, ਬਲਵੀਰ ਸਿੰਘ, ਕਾਕਾ ਸਰੋਤਾ, ਰਾਮ, ਮਨਜੀਤ ਸਿੰਘ, ਦਵਿੰਦਰ ਸਿੰਘ ਸਮਤੀ ਮੈਂਬਰ, ਠੇਕੇਦਾਰ ਗੁਰਪ੍ਰੀਤ ਸਿੰਘ, ਪਰਮਿੰਦਰ ਸਿੰਘ ਪਿੰਦਾ ਸੋਨਾਲੀਕਾ, ਬਲਵੰਤ ਸਿੰਘ ਬਰਿਆਣਾ, ਸੁਰਜੀਤ ਸਿੰਘ ਬਰਿਆਣਾ, ਦਵਿੰਦਰ ਸਿੰਘ, ਸੂਬੇਦਾਰ ਐਚ ਪੀ ਸਿੰਘ, ਸੂਬੇਦਾਰ ਦਾ ਕਿਸ਼ਨ ਸਿੰਘ, ਮਨਦੀਪ ਸਿੰਘ ਆਦ ਸਮੇਤ ਭਾਰੀ ਗਿਣਤੀ ਵਿੱਚ ਆਸ ਪਾਸ ਪਿੰਡਾਂ ਦੇ ਸਰਪੰਚ ਪੰਚ ਅਤੇ ਕੁਸ਼ਤੀ ਪ੍ਰੇਮੀ ਹਾਜ਼ਰ ਸਨ।

# ਰਣਵੀਰ ਸਿੰਘ, ਅਨੂ ਭਾਰਦਵਾਜ, ਨਰਿੰਦਰ ਸਿੰਘ ਤੇ ਪਰਮਿੰਦਰ ਸਿੰਘ ਨੂੰ ਜਨਰਲ ਕੌਂਸਲ ਮੈਂਬਰ ਬਣਾਉਣ 'ਤੇ ਸੰਜੀਵ ਤਲਵਾੜ ਨੇ ਦਿੱਤੀ ਵਧਾਈ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਲਏ ਜਾ ਰਹੇ ਫੈਸਲਿਆਂ ਤਹਿਤ ਹਲਕਾ ਹੁਸ਼ਿਆਰਪੁਰ ਨਾਲ ਸੰਬੰਧਤ ਰਾਣਾ ਰਣਵੀਰ ਸਿੰਘ ਹੁਸ਼ਿਆਰਪੁਰ, ਅਨੂ ਭਾਰਦਵਾਜ ਅੱਜੋਵਾਲ, ਨਰਿੰਦਰ ਸਿੰਘ ਸਾਬਕਾ ਕੌਂਸਲਰ ਹੁਸ਼ਿਆਰਪੁਰ ਅਤੇ ਪਰਮਿੰਦਰ ਸਿੰਘ ਢੋਲਣਵਾਲ ਨੂੰ ਪਾਰਟੀ ਦੀ ਜਨਰਲ ਕੌਂਸਲ ਦਾ ਮੈਂਬਰ ਬਣਾਏ ਜਾਣ 'ਤੇ ਹਲਕਾ ਹੁਸ਼ਿਆਰਪੁਰ ਦੇ ਇੰਚਾਰਜ ਅਤੇ ਜ਼ਿਲ੍ਹਾ ਪ੍ਰਧਾਨ ਸੰਜੀਵ ਤਲਵਾੜ ਨੇ ਸਮੂਹ ਆਗੂਆਂ ਨੂੰ ਦਿਲੋਂ ਮੁਬਾਰਕਬਾਦ ਦਿੱਤੀ ਹੈ। ਸੰਜੀਵ ਤਲਵਾੜ ਨੇ ਕਿਹਾ ਕਿ ਪਾਰਟੀ ਪ੍ਰਤੀ ਲੰਮੇ ਸਮੇਂ ਤੋਂ ਸਮਰਪਿਤ ਭਾਵਨਾ ਨਾਲ ਕੰਮ ਕਰ ਰਹੇ ਆਗੂਆਂ ਨੂੰ ਜ਼ਿੰਮੇਵਾਰੀ ਸੌਂਪਣਾ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤ ਜਥੇਬੰਦਕ ਪਰੰਪਰਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਰਾਣਾ ਰਣਵੀਰ ਸਿੰਘ, ਅਨੂ ਭਾਰਦਵਾਜ, ਨਰਿੰਦਰ ਸਿੰਘ ਅਤੇ ਪਰਮਿੰਦਰ ਸਿੰਘ ਨੇ ਹਮੇਸ਼ਾ ਪਾਰਟੀ ਦੀ ਮਜ਼ਬੂਤੀ ਅਤੇ ਚੜ੍ਹਦੀ ਕਲਾ ਲਈ ਸਰਗਰਮੀ ਨਾਲ ਕੰਮ ਕੀਤਾ ਹੈ ਅਤੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਪਾਰਟੀ ਵੱਲੋਂ ਮਾਨਤਾ ਮਿਲਣਾ ਸਮੁੱਚੇ ਵਰਕਰਾਂ ਲਈ ਵੀ ਹੌਸਲੇ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਨਵੀਂ ਜ਼ਿੰਮੇਵਾਰੀ ਮਿਲਣ ਨਾਲ ਇਨ੍ਹਾਂ ਆਗੂਆਂ ਦੇ ਤਜਰਬੇ ਅਤੇ ਸਰਗਰਮ ਭੂਮਿਕਾ ਦਾ ਲਾਭ ਪਾਰਟੀ ਨੂੰ ਹੋਰ ਵੱਡੇ ਪੱਧਰ 'ਤੇ ਮਿਲੇਗਾ। ਸੰਜੀਵ ਤਲਵਾੜ ਨੇ ਵਿਸ਼ਵਾਸ ਪ੍ਰਗਟਾਇਆ ਕਿ ਨਵੇਂ ਜਨਰਲ ਕੌਂਸਲ ਮੈਂਬਰ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਵਰਕਰਾਂ ਨੂੰ ਇਕਜੁੱਟ ਕਰਕੇ ਹਲਕਾ ਹੁਸ਼ਿਆਰਪੁਰ ਵਿੱਚ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਅਹਿਮ ਭੂਮਿਕਾ ਨਿਭਾਉਣਗੇ।



# ਪੰਜਾਬ 'ਵਰਸਿਟੀ ਦੇ ਮੀਤ ਪ੍ਰਧਾਨ ਬਣਨ 'ਤੇ ਭਿੰਡਰ ਦਾ ਸਨਮਾਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਮੀਤ ਪ੍ਰਧਾਨ ਦੀ ਚੋਣ ਵਿੱਚ ਇਤਿਹਾਸਕ ਜਿੱਤ ਹਾਸਲ ਕਰਨ ਵਾਲੇ ਨੌਜਵਾਨ ਆਗੂ ਅਰਮਾਨ ਸਿੰਘ ਭਿੰਡਰ ਦਾ ਸਿੰਘ ਸਾਹਿਬ ਗਿਆਨੀ ਕੁਲਦੀਪ



ਸਿੰਘ ਗੜਗੱਜ, ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ ਇਲਾਕੇ ਦੇ ਨੌਜਵਾਨਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਅਰਮਾਨ ਸਿੰਘ ਭਿੰਡਰ ਨੂੰ ਪੰਜਾਬ ਯੂਨੀਵਰਸਿਟੀ ਵਿੱਚ ਮੀਤ ਪ੍ਰਧਾਨ ਚੁਣੇ ਜਾਣ 'ਤੇ ਵਧਾਈ ਦਿੰਦਿਆਂ ਕਿਹਾ ਕਿ ਗੁਰਸਿੱਖ ਨੌਜਵਾਨਾਂ ਨੂੰ ਸਮਾਜ ਅਤੇ ਕੌਮ ਦੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਨੌਜਵਾਨਾਂ ਨੂੰ ਚੋਣਾਂ ਵਿੱਚ ਸਰਗਰਮੀ ਨਾਲ ਹਿੱਸਾ ਲੈ ਕੇ ਵਿਦਿਆਰਥੀਆਂ, ਸਮਾਜ, ਕੌਮ ਅਤੇ ਪੰਜਾਬ ਦੀ ਸੇਵਾ ਲਈ ਆਪਣੀ ਭੂਮਿਕਾ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਵਰਗ ਕਿਸੇ ਵੀ ਸਮਾਜ ਦੀ ਤਾਕਤ ਹੁੰਦਾ ਹੈ ਅਤੇ ਪੜ੍ਹੇ-ਲਿਖੇ, ਮਿਹਨਤੀ ਤੇ ਸੂਝਵਾਨ ਨੌਜਵਾਨ ਜੇਕਰ ਲੋਕਤੰਤਰੀ ਪ੍ਰਕਿਰਿਆ ਵਿੱਚ ਅੱਗੇ ਆਉਣ ਤਾਂ ਉਹ ਸਮਾਜ ਨੂੰ ਨਵੀਂ ਦਿਸ਼ਾ ਦੇ ਸਕਦੇ ਹਨ। ਉਨ੍ਹਾਂ ਅਰਮਾਨ ਸਿੰਘ ਭਿੰਡਰ ਦੇ ਉਜਵਲ ਭਵਿੱਖ ਦੀ ਕਾਮਨਾ ਵੀ ਕੀਤੀ। ਇਸ ਮੌਕੇ ਸ੍ਰੀ ਅਨੰਦਪੁਰ ਸਾਹਿਬ ਇਲਾਕੇ ਦੇ ਨੌਜਵਾਨਾਂ ਵੱਲੋਂ ਵੀ ਅਰਮਾਨ ਸਿੰਘ ਭਿੰਡਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਦੌਰਾਨ ਇਲਾਕੇ ਦੇ ਨੌਜਵਾਨ ਆਗੂਆਂ ਅਤੇ ਵਿਦਿਆਰਥੀ ਆਗੂਆਂ ਨੇ ਅਰਮਾਨ ਸਿੰਘ ਭਿੰਡਰ ਦੀ ਜਿੱਤ ਨੂੰ ਇਲਾਕੇ ਲਈ ਮਾਣ ਵਾਲੀ ਗੱਲ ਦੱਸਦਿਆਂ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਨੰਬਰਦਾਰ ਸੰਦੀਪ ਸਿੰਘ ਕਲੋਤਾ, ਦਲਜੀਤ ਸਿੰਘ ਭਿੰਡਰ, ਮੈਂਬਰ ਐੱਸ ਜੀ ਪੀ ਸੀ, ਦਵਿੰਦਰ ਸਿੰਘ ਢਿੱਲੋਂ, ਰਘਵੀਰ ਸਿੰਘ ਹਰੀਵਾਲ, ਜੋਗਾ ਸਿੰਘ ਚੰਦਪੁਰ, ਇਕਬਾਲ ਸਿੰਘ ਅਗੰਮਪੁਰ, ਨਵੀ ਡੱਬਰੀ, ਸ਼ੇਰ ਸਿੰਘ ਬੁਰਜ, ਧਰਮ ਸਿੰਘ ਨਿੱਕੂਵਾਲ, ਬਲਕਾਰ ਸਿੰਘ ਚੰਦਪੁਰ, ਦੀਪ ਮਟੌਰ, ਅਰਸ਼ ਸੇਠੀ, ਜੋਗੋ, ਮਨਿੰਦਰ ਝੱਜ, ਭੁਪਿੰਦਰ ਸਿੰਘ ਬੀਕਾਪੁਰ, ਹਰਪ੍ਰੀਤ ਸਿੰਘ ਗਾਈਡ, ਭਿੰਦਾ ਅਤੇ ਕਲਮਾ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਨੌਜਵਾਨ ਆਗੂ ਅਤੇ ਵਿਦਿਆਰਥੀ ਆਗੂ ਹਾਜ਼ਰ ਸਨ।

# ਬਾਬਾ ਸ੍ਰੀ ਚੰਦ ਦੇ ਜਨਮ ਦਿਹਾੜੇ ਨੂੰ ਸਮਰਪਤ ਸਮਾਗਮ ਸੰਬੰਧੀ ਤਿਆਰੀਆਂ ਆਰੰਭ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਗੁਰਦੁਆਰਾ ਗੁਰੂ ਨਾਨਕ ਦਰਬਾਰ ਅਸਥਾਨ ਬਾਬਾ ਸ੍ਰੀ ਚੰਦ ਜੀ ਟਾਂਡਾ ਸ੍ਰੀ ਹਰਗੋਬਿੰਦਪੁਰ ਰੋਡ ਨੇੜੇ ਪਿੰਡ ਗਿੱਲ ਕੋਟਲੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਨੂੰ ਕਰਵਾਏ ਜਾ ਰਹੇ ਸੂਬਾ ਪੱਧਰੀ ਸਮਾਗਮ ਦੇ ਤਿਆਰੀਆਂ ਦੀ ਆਰੰਭਤਾ ਕਰ ਦਿੱਤੀ ਗਈ।ਅਸਥਾਨ ਦੇ ਮੁੱਖ ਸੇਵਾਦਾਰ ਬਾਬਾ ਸੁਖਦੇਵ ਸਿੰਘ ਜੀ ਬੇਦੀ 16ਵੀਂ ਸੰਤਾਨ ਸ੍ਰੀ ਗੁਰੂ ਨਾਨਕ ਦੇਵ ਜੀ ਅੰਸ ਵੰਸ ਦਰਬਾਰ ਸ੍ਰੀ ਚੋਲਾ ਸਿੰਘ ਡੇਰਾ ਬਾਬਾ ਨਾਨਕ ਵਾਲਿਆਂ ਨੇ ਇਸ ਦੇ ਸਬੰਧ ਵਿੱਚ ਇੱਕ ਵਿਸ਼ੇਸ਼ ਮੀਟਿੰਗ ਹਲਕਾ ਟਾਂਡਾ ਦੇ ਸੀਨੀਅਰ ਅਕਾਲੀ ਆਗੂ ਤੇ ਉੱਘੇ ਸਮਾਜਸੇਵੀ ਸਤਪਾਲ ਸਿੰਘ ਮੁਲਤਾਨੀ ਨਾਲ ਪਿੰਡ ਘੋੜੇ ਸ਼ਾਹ ਅਵਾਨ ਵਿਖੇ ਕੀਤੀ। ਇਸ ਮੌਕੇ ਬਾਬਾ ਸੁਖਦੇਵ ਸਿੰਘ ਜੀ ਬੇਦੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਦੇਸ਼ ਵਿਦੇਸ਼ ਦੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਪੂਰਨਮਾਸ਼ੀ ਦੇ ਦਿਹਾੜੇ ਤੇ 26 ਸਤੰਬਰ ਨੂੰ ਗੁਰਦੁਆਰਾ ਗੁਰੂ ਨਾਨਕ ਦਰਬਾਰ ਟਾਂਡਾ ਵਿੱਚ ਮਹਾਨ ਸਾਲਾਨਾ ਸਮਾਗਮ ਅਤੇ ਸਰਬ ਧਰਮ ਸੰਮੇਲਨ ਕਰਵਾਇਆ ਜਾਵੇਗਾ। ਉਨਾਂ ਨੇ ਹੋਰ ਦੱਸਿਆ ਕਿ ਇਹਨਾਂ ਸਮਾਗਮਾਂ ਨੂੰ ਲੈ ਕੇ ਗੁਰਦੁਆਰਾ ਸਾਹਿਬ ਵਿਖੇ ਤਿਆਰੀਆਂ ਦੀ ਆਰੰਭਤਾ ਕਰ ਦਿੱਤੀ ਗਈ ਹੈ। ਬਾਬਾ ਬੇਦੀ ਨੇ ਹੋਰ ਦੱਸਿਆ ਕਿ ਸਮਾਗਮ ਦੌਰਾਨ ਸ੍ਰੀ ਸਹਿਜ ਪਾਠ ਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀਆਂ ਲੜੀਆਂ ਆਰੰਭ ਕੀਤੀਆਂ ਜਾਣਗੀਆਂ ਅਤੇ ਸਮਾਗਮ ਵਿੱਚ ਵੱਖ-ਵਖ ਸੰਪਰਦਾਵਾਂ ਦੇ ਸਾਧੂ ਸੰਤ, ਜਥੇਬੰਦੀਆਂ ਦੇ ਮੁਖੀਆਂ, ਪੰਥਕ ਸ਼ਖਸ਼ੀਅਤਾਂ ਤੋਂ ਇਲਾਵਾ ਰਾਗੀ ਢਾਡੀ ਜਥੇ ਪਹੁੰਚ ਕੇ ਸਮੂਹ ਸੰਗਤ ਨੂੰ ਗੁਰਮਤਿ ਵਿਚਾਰਾਂ, ਗੁਰਬਾਣੀ ਕੀਰਤਨ, ਕਥਾ ਕੀਰਤਨ ਦੁਆਰਾ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਦੇ ਨਾਲ ਜੋੜਨਗੇ। ਬਾਬਾ ਬੇਦੀ ਨੇ ਇਸ ਮੌਕੇ ਸਤਪਾਲ ਸਿੰਘ ਮੁਲਤਾਨੀ ਅਤੇ ਹੋਰਨਾਂ ਸੰਗਤਾਂ ਸਮਾਗਮ ਵਿੱਚ ਸ਼ਾਮਿਲ ਹੋਣ ਲਈ ਸੱਦਾ ਪੱਤਰ ਦਿੰਦੇ ਹੋਏ ਦੱਸਿਆ ਕਿ ਸਮਾਗਮ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਇਤਿਹਾਸ ਨਾਲ ਸੰਬੰਧਿਤ ਪ੍ਰਦਰਸ਼ਨੀ, ਮੁਫਤ ਮੈਡੀਕਲ ਚੈਕ ਅਪ ਕੈਂਪ, ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਵੀ ਕਰਵਾਏ ਜਾਣਗੇ। ਇਸ ਮੌਕੇ ਸਮਾਜ ਸੇਵੀ ਸਤਪਾਲ ਸਿੰਘ ਮੁਲਤਾਨੀ ਨੇ ਮਹਾਨ ਸਮਾਗਮ ਦੀ ਮੁਬਾਰਕਬਾਦ ਦਿੰਦੇ ਹੋਏ ਬਾਬਾ ਸੁਖਦੇਵ ਸਿੰਘ ਬੇਦੀ ਤੇ ਹੋਰਨਾਂ ਸੇਵਾਦਾਰਾਂ ਦਾ ਸਨਮਾਨ ਕੀਤਾ। ਇਸ ਮੌਕੇ ਪ੍ਰਬੰਧਕ ਸੇਵਾਦਾਰ ਬਾਬਾ ਸੁਖਵਿੰਦਰ ਸਿੰਘ ਬੇਦੀ, ਡਾ. ਜਸ਼ਨ ਜੋਤ ਸਿੰਘ ਬੇਦੀ, ਕਮੇਟੀ ਪ੍ਰਧਾਨ ਨਾਜਰ ਸਿੰਘ, ਬਾਬਾ ਰਸ਼ਪਾਲ ਸਿੰਘ, ਸੁਖਵਿੰਦਰ ਸਿੰਘ ਮੁਲਤਾਨੀ, ਲਖਬੀਰ ਸਿੰਘ ਗਿੱਲਾਂ ਅਤੇ ਹੋਰ ਸੇਵਾਦਾਰ ਤੇ ਹੋਰ ਸੇਵਾਦਾਰ ਵੀ ਮੌਜੂਦ ਸਨ।



# ਜ਼ਰੂਰਤਮੰਦ ਮਰੀਜ਼ਾਂ ਲਈ ਮੁਫ਼ਤ ਲੈਂਸ ਦੀ ਸਹੂਲਤ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਪੀਰਮੁੱਛਲਾ ਸਥਿਤ ਸ਼ਿਆਮ ਸਹਾਰਾ ਕਨਿਕਾ ਫਾਊਂਡੇਸ਼ਨ ਵੱਲੋਂ ਜ਼ਰੂਰਤਮੰਦ ਲੋਕਾਂ ਲਈ ਸਿਹਤ ਸੇਵਾਵਾਂ ਦੀ ਸ਼ਲਾਘਾਯੋਗ ਪਹਿਲ ਕੀਤੀ ਜਾ ਰਹੀ ਹੈ। ਹਰ ਮੰਗਲਵਾਰ ਨੂੰ ਚਿੱਟੇ ਮੋਤੀਆ ਤੋਂ ਪੀੜਤ ਜ਼ਰੂਰਤਮੰਦ ਮਰੀਜ਼ਾਂ ਦੀਆਂ ਅੱਖਾਂ ਵਿੱਚ ਲੈਂਸ ਮੁਫ਼ਤ ਪਾਏ ਜਾਂਦੇ ਹਨ। ਫਾਊਂਡੇਸ਼ਨ ਵੱਲੋਂ ਅਪੀਲ ਕੀਤੀ ਗਈ ਹੈ ਕਿ ਜੇਕਰ ਤੁਹਾਡੇ ਆਸ-ਪਾਸ ਝੁੱਗੀਆਂ-ਝੌਂਪੜੀਆਂ ਵਿੱਚ ਰਹਿਣ ਵਾਲੇ, ਘਰਾਂ ਵਿੱਚ ਕੰਮ ਕਰਨ ਵਾਲੇ ਜਾਂ ਆਰਥਿਕ ਤੌਰ 'ਤੇ ਕਮਜ਼ੋਰ ਕਿਸੇ ਭਰਾ-ਭੈਣ ਨੂੰ ਚਿੱਟੇ ਮੋਤੀਆ ਦੀ ਸਮੱਸਿਆ ਹੈ ਤਾਂ ਉਨ੍ਹਾਂ ਨੂੰ ਇਸ ਹਸਪਤਾਲ ਤੱਕ ਪਹੁੰਚਾਉਣ ਵਿੱਚ ਸਹਿਯੋਗ ਕਰੋ, ਤਾਂ ਜੋ ਉਨ੍ਹਾਂ ਦਾ ਇਲਾਜ ਕਰਵਾਇਆ ਜਾ ਸਕੇ। ਇਸ ਮੌਕੇ ਅਨੁਜ ਅਗਰਵਾਲ, ਅਜੈ ਸ਼ਰਮਾ, ਮਨੋਜ ਗਰਗ, ਕ੍ਰਿਸ਼ਨ ਬਾਂਸਲ , ਵਿਨੋਦ ਜਿੰਦਲ, ਸੁਨੀਲ ਸਿੰਗਲਾ, ਦਿਨੇਸ਼ ਜਿੰਦਲ, ਵਿਜੈ ਗਰਗ, ਉਦਿਤ ਮਿੱਤਲ ਅਤੇ ਰਾਜੇਸ਼ ਗੁਪਤਾ ਦਾ ਵਿਸ਼ੇਸ਼ ਸਹਿਯੋਗ ਅਤੇ ਹਾਜ਼ਰੀ ਰਹੀ। ਜ਼ਰੂਰਤਮੰਦ ਮਰੀਜ਼ਾਂ ਲਈ ਇੱਥੇ ਡਾਕਟਰ ਨੂੰ ਦਿਖਾਉਣ ਦੀ ਫੀਸ ਸਿਰਫ਼ 11 ਰੁਪਏ ਰੱਖੀ ਗਈ ਹੈ। ਇਸ ਤੋਂ ਇਲਾਵਾ ਇੱਕ ਦਿਨ ਦੀ ਦਵਾਈ ਦਾ ਖਰਚਾ ਵੀ ਸਿਰਫ਼ 11 ਰੁਪਏ ਹੈ, ਤਾਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਨੂੰ ਇਲਾਜ ਕਰਵਾਉਣ ਵਿੱਚ ਸਹੂਲਤ ਮਿਲ ਸਕੇ। ਸ਼ਿਆਮ ਸਹਾਰਾ ਕਨਿਕਾ ਫਾਊਂਡੇਸ਼ਨ ਵੱਲੋਂ ਚਲਾਏ ਜਾ ਰਹੇ ਹਸਪਤਾਲ ਵਿੱਚ ਵੱਖ-ਵੱਖ ਮਾਹਿਰ ਡਾਕਟਰੀ ਸੇਵਾਵਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ।

